ਸ਼ਨੀਵਾਰ, 4 ਜੁਲਾਈ, 2026
20 ਹਾੜ੍ਹ { ਨਾਨਕਸ਼ਾਹੀ 558 / ਬਿਕਰਮੀ 2083 }
ਜਿਲਦ/VOL. : 75
ਅੰਕ/NO. : 33

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • SATURDAY, 4 JULY, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

You Tube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12

## ਚੜ੍ਹਾਵਾ ਚੋਰੀ ਤਾਂ ਹੋਇਆ ਪਰ ਹਿੰਦੂ ਸਬਰ ਰੱਖਣ : ਸੰਘ

### ਜੁਆਬ ਮੰਗਣ ਵਾਲੇ ਰਾਸ਼ਟਰ ਵਿਰੋਧੀ ਤੇ ਸਨਾਤਨ ਵਿਰੋਧੀ ਕਰਾਰ !

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)**
ਰਾਸ਼ਟਰੀ ਸਵੈਮ ਸੇਵਕ ਸੰਘ (ਆਰ ਐੱਸ ਐੱਸ) ਨੇ ਰਾਮ ਮੰਦਰ ਦੇ ਦਾਨ ਚੋਰੀ ਮਾਮਲੇ ਸੰਬੰਧੀ ਸ਼ੁੱਕਰਵਾਰ ਆਪਣੇ ਪਹਿਲੇ ਬਿਆਨ ਵਿੱਚ ਇਸਨੂੰ ਅਸਾਧਾਰਨ ਅਤੇ ਬਹੁਤ ਹੀ ਨਿੰਦਣਯੋਗ ਦੱਸਦਿਆਂ ਹਿੰਦੂ ਭਾਈਚਾਰੇ ਨੂੰ ਇਸ ਮੁਸ਼ਕਲ ਸਮੇਂ ਦੌਰਾਨ ਸਬਰ ਤੇ ਸੰਜਮ ਵਰਤਣ ਦੀ ਅਪੀਲ ਕੀਤੀ।

ਸੰਘ ਦੇ ਜਨਰਲ ਸਕੱਤਰ ਦੱਤਾਤ੍ਰੇਯ ਹੋਸਾਬਲੇ ਨੇ ਕਿਹਾ ਕਿ ਸ੍ਰੀ ਰਾਮ ਜਨਮ ਭੂਮੀ 'ਤੇ ਬਣਿਆ ਸ਼ਾਨਦਾਰ ਮੰਦਰ ਪੀੜ੍ਹੀਆਂ ਦੇ ਸੰਘਰਸ਼ ਤੇ ਲੱਖਾਂ ਰਾਮ ਭਗਤਾਂ ਦੇ ਸਮਰਪਣ, ਬਲੀਦਾਨ ਅਤੇ ਸ਼ਰਧਾ ਕਾਰਨ ਪੂਰੇ ਹਿੰਦੂ ਭਾਈਚਾਰੇ ਲਈ ਸ਼ਰਧਾ ਤੇ ਵਿਸ਼ਵਾਸ ਦਾ ਕੇਂਦਰ ਬਣ ਗਿਆ ਹੈ। ਅਯੁੱਧਿਆ ਦੇ ਸ੍ਰੀ ਰਾਮ ਲੱਲਾ ਮੰਦਰ ਵਿੱਚ ਦਾਨ ਬਕਸੇ ਚੋਰੀ ਹੋਣ ਦੀ ਮੰਦਭਾਗੀ ਘਟਨਾ ਨੇ ਪੂਰੇ ਸਮਾਜ ਤੇ ਰਾਮ ਭਗਤਾਂ ਦੀਆਂ ਭਾਵਨਾਵਾਂ ਤੇ ਵਿਸ਼ਵਾਸ ਨੂੰ ਠੇਸ ਪਹੁੰਚਾਈ ਹੈ, ਅਤੇ ਅਸੀਂ ਸਾਰੇ ਇਸ ਘਟਨਾ ਤੋਂ ਦੁਖੀ ਹਾਂ। ਉਨ੍ਹਾ ਕਿਹਾ ਕਿ ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਦੀ ਪੁਰਜ਼ੋਰ ਬੇਨਤੀ 'ਤੇ ਯੂ ਪੀ ਸਰਕਾਰ ਨੇ ਇੱਕ ਵਿਸ਼ੇਸ਼ ਜਾਂਚ ਟੀਮ (ਸਿੱਟ) ਬਣਾਈ ਹੈ ਅਤੇ ਉਸ ਦੀਆਂ ਸਿਫਾਰਸ਼ਾਂ ਦੇ ਆਧਾਰ 'ਤੇ ਕਾਨੂੰਨੀ ਪ੍ਰਕਿਰਿਆ ਸ਼ੁਰੂ ਕੀਤੀ ਹੈ। ਇਹ ਯਕੀਨੀ ਬਣਾਉਣਾ ਜ਼ਰੂਰੀ ਹੈ ਕਿ ਜਾਂਚ ਵਿੱਚ ਦੋਸ਼ੀ ਪਾਏ ਜਾਣ ਵਾਲਿਆਂ ਨੂੰ ਸਖਤ ਸਜ਼ਾ ਮਿਲੇ। ਹੋਸਾਬਲੇ ਨੇ ਕਿਹਾ, "ਭੰਬਲਭੂਸੇ ਅਤੇ ਅਸਪੱਸ਼ਟਤਾ ਦੀ ਮੌਜੂਦਾ ਸਥਿਤੀ ਖਤਮ ਹੋਣੀ ਚਾਹੀਦੀ ਹੈ। ਇਸ ਸੰਬੰਧ ਵਿੱਚ, ਅਸੀਂ ਉਮੀਦ ਕਰਦੇ ਹਾਂ ਕਿ ਮੰਦਰ ਪ੍ਰਬੰਧਨ ਅਤੇ ਸਰਕਾਰ ਵੱਲੋਂ ਬਣਾਈ ਗਈ ਵਿਸ਼ੇਸ਼ ਜਾਂਚ ਟੀਮ ਵੱਲੋਂ ਸਾਰੇ ਜ਼ਰੂਰੀ ਕਦਮ ਚੁੱਕੇ ਜਾਣਗੇ। ਸਾਡਾ ਮੰਨਣਾ ਹੈ ਕਿ ਸਹੀ ਵਿੱਤੀ ਪ੍ਰਬੰਧਨ, ਸੁਚਾਰੂ ਕੰਮਕਾਜ ਲਈ ਨਿਰਦੋਸ਼ ਪਾਰਦਰਸ਼ੀ ਪ੍ਰਣਾਲੀਆਂ ਅਤੇ ਸ਼ੁੱਧਤਾ, ਪਵਿੱਤਰਤਾ ਤੇ ਧਾਰਮਕ ਭਾਵਨਾਵਾਂ ਨਾਲ ਭਰੇ ਵਾਤਾਵਰਣ ਰਾਹੀਂ, ਸ੍ਰੀ ਰਾਮ ਜਨਮ ਭੂਮੀ ਤੀਰਥ ਖੇਤਰ ਟਰੱਸਟ ਹਿੰਦੂ ਸਮਾਜ ਦੀ ਆਸਥਾ ਤੇ ਵਿਸ਼ਵਾਸ ਨੂੰ ਮਜ਼ਬੂਤ ਕਰਦਾ ਰਹੇਗਾ। ਰਾਸ਼ਟਰੀ ਸਵੈਮ ਸੇਵਕ ਸੰਘ ਸਮੁੱਚੇ ਹਿੰਦੂ ਸਮਾਜ ਨੂੰ ਵੀ ਅਪੀਲ ਕਰਦਾ ਹੈ ਕਿ ਉਹ ਇਸ ਮੁਸ਼ਕਲ ਘੜੀ ਵਿੱਚ ਜ਼ਰੂਰੀ ਸੰਜਮ ਦਿਖਾਵੇ ਅਤੇ ਇਸ ਮੰਦਭਾਗੀ ਘਟਨਾ ਦਾ ਫਾਇਦਾ ਉਠਾ ਕੇ ਹਿੰਦੂ ਧਰਮ ਤੇ ਸਮਾਜ ਨੂੰ ਬਦਨਾਮ ਕਰਨ ਦੀਆਂ ਹਿੰਦੂ-ਵਿਰੋਧੀ, ਸਨਾਤਨ-ਵਿਰੋਧੀ ਤੇ ਰਾਸ਼ਟਰ-ਵਿਰੋਧੀ ਤਾਕਤਾਂ ਦੀਆਂ ਸਾਜ਼ਿਸ਼ਾਂ ਨੂੰ ਨਾਕਾਮ ਕਰੇ।"

## ਡੀ ਐੱਸ ਪੀ ਕੋਲੋਂ 200 ਕਰੋੜ ਦਾ ਖਜ਼ਾਨਾ ਬਰਾਮਦ

**ਨਵੀਂ ਦਿੱਲੀ :** ਤੇਲੰਗਾਨਾ 'ਚ ਇੱਕ ਡੀ ਐੱਸ ਪੀ ਕੋਲੋਂ 200 ਕਰੋੜ ਰੁਪਏ ਦਾ ਖਜ਼ਾਨਾ ਬਰਾਮਦ ਹੋਣ ਦੀ ਖ਼ਬਰ ਹੈ। ਤੇਲੰਗਾਨਾ ਭ੍ਰਿਸ਼ਟਾਚਾਰ ਵਿਰੋਧੀ ਬਿਊਰੋ (ਏ ਸੀ ਬੀ) ਨੇ ਡੀ ਐੱਸ ਪੀ ਸੰਕੀਰੈਡੀ ਭੀਮ ਰੈਡੀ ਦੇ 16 ਟਿਕਾਣਿਆਂ 'ਤੇ ਛਾਪੇਮਾਰੀ ਕੀਤੀ, ਜਿਸ ਦੌਰਾਨ ਸੋਨੇ-ਚਾਂਦੀ ਦੇ ਗਹਿਣੇ, ਨਕਦੀ ਅਤੇ ਹੋਰ ਵੱਖ-ਵੱਖ ਸਰੋਤਾਂ ਤੋਂ ਇਕੱਠੀ ਕੀਤੀ ਜਾਇਦਾਦ ਮਿਲੀ ਹੈ, ਜੋ ਗ਼ੈਰ-ਕਾਨੂੰਨੀ ਢੰਗਾਂ ਅਤੇ ਭ੍ਰਿਸ਼ਟਾਚਾਰ ਕਰਕੇ ਇਕੱਠੀ ਕੀਤੀ ਹੈ। ਤਲਾਸ਼ੀ ਦੌਰਾਨ ਅਧਿਕਾਰੀਆਂ ਨੇ ਤੇਲੰਗਾਨਾ ਅਤੇ ਕਰਨਾਟਕ ਵਿੱਚ ਫੈਲੀਆਂ ਅਚੱਲ ਜਾਇਦਾਦਾਂ ਦੀ ਇੱਕ ਵਿਸ਼ਾਲ ਸ਼੍ਰੇਣੀ ਨਾਲ ਸੰਬੰਧਤ ਦਸਤਾਵੇਜ਼ ਬਰਾਮਦ ਕੀਤੇ। ਇਨ੍ਹਾਂ ਵਿੱਚ ਇਬਰਾਹਿਮਬਾਗ ਵਿੱਚ ਵੈਸੇਲਾ ਮੀਡੋਜ਼ ਵਿਖੇ ਇੱਕ ਵਿਲਾ, ਟੈਲੀਕਾਮ ਨਗਰ ਵਿੱਚ ਇੱਕ ਪੈਂਟਹਾਊਸ ਅਤੇ ਇੱਕ ਫਲੈਟ ਵਾਲਾ ਇੱਕ ਰਿਹਾਇਸ਼ੀ ਘਰ, ਗਾਚੀਬੋਵਲੀ ਵਿੱਚ ਇੱਕ ਹੋਰ ਫਲੈਟ,

• ਬਾਕੀ ਸਫਾ 2 'ਤੇ

## ਕਾਂਗਰਸੀਆਂ 'ਚ ਚੱਲੀ ਗੱਲ, ਚੰਨੀ ਹੀ ਸਾਡਾ ਮੱਲ



**ਮੋਰਿੰਡਾ (ਨਿਹਾਲ ਸਿੰਘ ਕਲਸੀ)**
ਪੰਜਾਬ ਕਾਂਗਰਸ ਵਿੱਚ ਵੱਡਾ ਸਿਆਸੀ ਘਮਸਾਨ ਛਿੜਿਆ ਹੋਇਆ ਹੈ। ਕਾਂਗਰਸ ਹਾਈ ਕਮਾਂਡ ਵਲੋਂ ਜਾਰੀ ਕੀਤੇ ਗਏ ਨਵੇਂ ਪੰਜਾਬ ਫਾਰਮੂਲੇ ਖਿਲਾਫ ਪਾਰਟੀ ਅੰਦਰ ਨਰਾਜ਼ਗੀ ਖੁਲ੍ਹ ਕੇ ਸਾਹਮਣੇ ਆ ਗਈ ਹੈ। ਇਸ ਬਗਾਵਤ ਦਾ ਕੇਂਦਰ ਬਿੰਦੂ ਬਣੇ ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਮੈਂਬਰ ਪਾਰਲੀਮੈਂਟ ਦੀ ਮੋਰਿੰਡਾ ਸਥਿਤ ਰਿਹਾਇਸ਼ ਵਿਖੇ 60 ਦੇ ਕਰੀਬ ਵਿਧਾਇਕਾਂ, ਸਾਬਕਾ ਵਿਧਾਇਕਾਂ ਅਤੇ ਸਾਬਕਾ ਮੰਤਰੀਆਂ ਤੋਂ ਇਲਾਵਾ ਬਹੁਤ ਸਾਰੇ ਹਲਕਾ ਇੰਚਾਰਜ ਪਹੁੰਚੇ ਅਤੇ ਬੰਦ ਕਮਰਾ ਮੀਟਿੰਗ ਕੀਤੀ ਜਿਸ ਵਿਚ ਬੀਤੇ ਦਿਨੀਂ ਕਾਂਗਰਸ ਹਾਈ ਕਮਾਂਡ ਵਲੋਂ ਪੰਜਾਬ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਜੋ ਕਾਂਗਰਸੀ ਆਗੂਆਂ ਦੀਆਂ ਵੱਖ ਵੱਖ ਚਾਰ ਕਮੇਟੀਆਂ ਬਣਾਈਆਂ ਗਈਆਂ ਸਨ, ਬਾਰੇ ਵਿਚਾਰ ਚਰਚਾ ਕੀਤੀ ਗਈ।ਸਮੂਹ ਹਾਜ਼ਰ ਆਗੂਆਂ ਨੇ ਮਹਿਸੂਸ ਕੀਤਾ ਕਿ ਹਾਈ ਕਮਾਂਡ ਦਾ ਇਹ ਫੈਸਲਾ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਅਤੇ ਪੰਜਾਬ ਦੇ ਮੌਜੂਦਾ ਹਾਲਾਤ ਨੂੰ ਮੁੱਖ ਰੱਖਕੇ ਨਹੀਂ ਲਿਆ ਗਿਆ ਹੈ।ਇਸ ਨਾਲ ਪੰਜਾਬ ਦੇ ਸਮੂਹ ਕਾਂਗਰਸੀ ਵਰਕਰਾਂ ਅਤੇ ਪੰਜਾਬ ਵਾਸੀਆਂ ਵਿੱਚ ਨਿਰਾਸ਼ਾ ਆਈ ਹੈ।ਉਹਨਾਂ ਕਾਂਗਰਸ ਹਾਈ ਕਮਾਂਡ ਨੂੰ ਅਪੀਲ ਕੀਤੀ ਕਿ ਪੰਜਾਬ ਦੇ ਲੋਕਾਂ ਦੀਆਂ ਭਾਵਨਾਵਾਂ ਨੂੰ ਮੁੱਖ ਰੱਖਦਿਆਂ ਪੰਜਾਬ ਸਬੰਧੀ ਲਏ ਫੈਸਲਿਆਂ 'ਤੇ ਮੁੜ ਵਿਚਾਰ ਕੀਤਾ ਜਾਵੇ ਤਾਂ ਜੋ ਪੰਜਾਬ ਅੰਦਰ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਸਹਾਈ ਸਿੱਧ ਹੋ ਸਕੇ।

ਇਸ ਮੌਕੇ ਪੱਤਰਕਾਰਾਂ ਨਾਲ ਗਲਬਾਤ ਕਰਦਿਆਂ ਸਾਬਕਾ ਮੰਤਰੀਆਂ ਰਾਣਾ ਗੁਰਜੀਤ, ਵਿਧਾਇਕ ਤ੍ਰਿਪਤ ਰਜਿੰਦਰ ਸਿੰਘ ਬਾਜਵਾ, ਗੁਰਪ੍ਰੀਤ ਸਿੰਘ ਕਾਂਗੜ, ਦਰਸ਼ਨ ਸਿੰਘ , ਐਨ ਐਸ ਯੂ ਆਈ ਦੇ ਪ੍ਰਧਾਨ ਈਸ਼ਰਪ੍ਰੀਤ ਸਿੰਘ ਸਿੱਧੂ ਤੇ ਬਰਿੰਦਰ ਸਿੰਘ ਢਿੱਲੋਂ ਸਾਬਕਾ ਪ੍ਰਧਾਨ ਪੰਜਾਬ ਯੂਥ ਕਾਂਗਰਸ ਨੇ ਕਿਹਾ ਕਿ ਪੰਜਾਬ ਦੇ ਲੋਕ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਪਸੰਦ ਕਰਦੇ ਹਨ ਅਤੇ ਉਹਨਾਂ ਨੂੰ ਦੁਬਾਰਾ ਪੰਜਾਬ ਦਾ ਮੁੱਖ ਮੰਤਰੀ ਦੇਖਣਾ ਚਾਹੁੰਦੇ ਹਨ।ਇਸ ਲਈ ਉਹਨਾਂ ਕਾਂਗਰਸ ਹਾਈ ਕਮਾਂਡ ਨੂੰ ਅਪਣੇ ਫੈਸਲੇ 'ਤੇ ਮੁੜ ਵਿਚਾਰ ਕਰਨ ਦੀ ਅਪੀਲ ਕੀਤੀ ਹੈ ।ਇਸ ਮੌਕੇ ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਰਾਣਾ ਗੁਰਜੀਤ ਸਿੰਘ, ਤ੍ਰਿਪਤ ਰਜਿੰਦਰ ਸਿੰਘ ਬਾਜਵਾ ਤੋਂ ਇਲਾਵਾ ਸੁਖਵਿੰਦਰ ਸਿੰਘ ਸੁੱਖ ਸਰਕਾਰੀਆ, ਵਿਧਾਇਕ ਹਰਦੇਵ ਸਿੰਘ ਲਾਡੀ ਸ਼ੇਰੂਵਾਲੀਆ, ਵਿਧਾਇਕ ਕੁਲਦੀਪ ਸਿੰਘ ਕਾਲਾ ਢਿੱਲੋ, ਈਸ਼ਰਪ੍ਰੀਤ ਸਿੰਘ ਸਿੱਧੂ ਪ੍ਰਧਾਨ ਐਨ.ਐਸ.ਯੂ.ਆਈ,

• ਬਾਕੀ ਸਫਾ 2 'ਤੇ

## ਚੀਫ ਜਸਟਿਸ ਨੂੰ ਮੋਦੀ-ਸ਼ਾਹ ਤੋਂ ਚੋਣ ਲੋਕਤੰਤਰ ਬਚਾਉਣ ਦੀ ਅਪੀਲ

**ਨਵੀਂ ਦਿੱਲੀ (ਨ ਜ਼ ਸ)**
ਤੇਈ ਅਪੋਜ਼ੀਸ਼ਨ ਪਾਰਟੀਆਂ ਨੇ ਸੁਪਰੀਮ ਕੋਰਟ ਦੇ ਚੀਫ ਜਸਟਿਸ ਸੂਰੀਆ ਕਾਂਤ ਤੇ ਹੋਰਨਾਂ ਜੱਜਾਂ ਨੂੰ ਪੱਤਰ ਲਿਖ ਕੇ ਵੋਟਰ ਸੂਚੀਆਂ ਦੀ ਡੂੰਘੀ ਸੁਧਾਈ (ਐੱਸ ਆਈ ਆਰ) ਦੀ ਪ੍ਰਕਿਰਿਆ ਤੇ ਚੋਣ ਕਮਿਸ਼ਨ ਦੀ ਪੱਖਪਾਤੀ ਭੂਮਿਕਾ 'ਤੇ ਸਵਾਲ ਉਠਾਏ ਹਨ। ਉਨ੍ਹਾ ਐੱਸ ਆਈ ਆਰ ਦੀ ਨਿਆਂਇਕ ਜਾਂਚ ਅਤੇ ਚੋਣ ਕਮਿਸ਼ਨ ਦੇ ਕੰਮਕਾਜ ਦੀ ਸਮੀਖਿਆ ਦੀ ਮੰਗ ਕੀਤੀ ਹੈ। ਕਾਂਗਰਸ ਨੇਤਾ ਕੇ ਸੀ ਵੇਣੂਗੋਪਾਲ ਨੇ ਕਿਹਾ ਕਿ ਚੋਣ ਲੋਕਤੰਤਰ ਦੀ ਰੱਖਿਆ ਲਈ ਸੁਪਰੀਮ ਕੋਰਟ ਦਾ ਦਖਲ ਜ਼ਰੂਰੀ ਹੈ। ਵੇਣੂਗੋਪਾਲ ਨੇ 28 ਜੂਨ ਨੂੰ ਲਿਖਿਆ ਪੱਤਰ ਮੀਡੀਆ ਨਾਲ ਸਾਂਝਾ ਕਰਦਿਆਂ ਕਿਹਾ, "ਭਾਰਤ ਦੇ ਚੋਣ ਲੋਕਤੰਤਰ ਲਈ ਸਭ ਤੋਂ ਵੱਡਾ ਖਤਰਾ ਮੋਦੀ ਅਤੇ ਸ਼ਾਹ ਤੋਂ ਹੈ।" ਉਨ੍ਹਾ ਕਿਹਾ ਕਿ ਨਿਆਂਪਾਲਿਕਾ ਦੀ ਸੰਵਿਧਾਨਕ ਜ਼ਿੰਮੇਵਾਰੀ ਹੈ ਕਿ ਉਹ ਲੋਕਤੰਤਰ ਦੀ ਰੱਖਿਆ ਕਰੇ, ਖਾਸ ਕਰਕੇ ਜਦੋਂ ਕਾਰਜਪਾਲਿਕਾ 'ਤੇ ਸੰਵਿਧਾਨ ਦੇ ਮੂਲ ਢਾਂਚੇ ਨੂੰ ਕਮਜ਼ੋਰ ਕਰਨ ਦੇ ਦੋਸ਼ ਲੱਗ ਰਹੇ ਹਨ। ਉਨ੍ਹਾ ਕਿਹਾ, "ਸਾਡੇ ਲੋਕਤੰਤਰ ਵਿੱਚ, ਸੁਪਰੀਮ ਕੋਰਟ ਦੀ ਇਹ ਯਕੀਨੀ ਬਣਾਉਣ ਦੀ ਮਹੱਤਵਪੂਰਨ ਜ਼ਿੰਮੇਵਾਰੀ ਹੈ ਕਿ ਬੇਇਨਸਾਫੀ ਨਾ ਹੋਵੇ। ਇਹ ਯਕੀਨੀ ਬਣਾਉਣ ਵਿੱਚ ਨਿਆਂਪਾਲਿਕਾ ਦੀ ਮਹੱਤਵਪੂਰਨ ਭੂਮਿਕਾ ਹੈ ਕਿ ਚੋਣਾਂ ਸੁਤੰਤਰ ਅਤੇ ਨਿਰਪੱਖ ਦਿਖਾਈ ਦੇਣ। ਨਹੀਂ ਤਾਂ, ਹਰ ਰੋਜ਼ 1.4 ਅਰਬ ਵੋਟਰਾਂ ਨਾਲ ਬੇਇਨਸਾਫੀ ਹੁੰਦੀ ਰਹੇਗੀ।" ਵੇਣੂਗੋਪਾਲ ਨੇ ਕਿਹਾ, "ਅਸੀਂ ਪਾਰਦਰਸ਼ਤਾ ਦੇ ਹਿੱਤ ਵਿੱਚ ਇਹ ਪੱਤਰ ਜਾਰੀ ਕਰ ਰਹੇ ਹਾਂ। ਇਹ ਇਸ ਉਮੀਦ ਨਾਲ ਵੀ ਹੈ ਕਿ ਸੁਪਰੀਮ ਕੋਰਟ ਚੋਣ ਪ੍ਰਕਿਰਿਆ ਵਿੱਚ ਲੱਖਾਂ ਲੋਕਾਂ ਦੇ ਵਿਸ਼ਵਾਸ ਨੂੰ ਬਹਾਲ ਕਰਨ ਲਈ ਜ਼ਰੂਰੀ ਤੇ ਮਜ਼ਬੂਤ ਕਦਮ ਚੁੱਕੇਗੀ।"

ਇਸ ਪੱਤਰ 'ਤੇ ਕਾਂਗਰਸ ਪ੍ਰਧਾਨ ਮੱਲਿਕਾਰਜੁਨ ਖੜਗੇ, ਲੋਕ ਸਭਾ ਵਿੱਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਸਮਾਜਵਾਦੀ ਪਾਰਟੀ ਦੇ ਪ੍ਰਧਾਨ ਅਖਿਲੇਸ਼ ਯਾਦਵ, ਟੀ ਐੱਮ ਸੀ ਮੁਖੀ ਮਮਤਾ ਬੈਨਰਜੀ ਅਤੇ ਡੀ ਐੱਮ ਕੇ ਦੇ ਤਿਰੂਚੀ ਸਿਵਾ ਨੇ ਵੀ ਦਸਤਖਤ ਕੀਤੇ ਹਨ। ਪੱਤਰ ਵਿੱਚ ਕਿਹਾ ਗਿਆ ਹੈ ਕਿ ਦੇਸ਼ ਦਾ ਚੋਣ ਲੋਕਤੰਤਰ ਗੰਭੀਰ ਸੰਕਟ ਵਿੱਚ ਹੈ। ਬਹੁਤ ਸਾਰੇ ਸੰਵਿਧਾਨਕ ਅਦਾਰੇ ਨਿਰਪੱਖ ਰਹਿਣਾ ਛੱਡ ਚੁੱਕੇ ਹਨ ਅ ਤੇ

• ਬਾਕੀ ਸਫਾ 2 'ਤੇ

## ਰੰਧਾਵਾ ਦੀ ਸ਼ਾਹ ਨਾਲ ਮੀਟਿੰਗ

**ਨਵੀਂ ਦਿੱਲੀ :** ਪੰਜਾਬ ਕਾਂਗਰਸ ਵਿੱਚ ਚੱਲ ਰਹੇ ਅੰਦਰੂਨੀ ਕਲੇਸ਼ ਦਰਮਿਆਨ ਸੂਬੇ ਦੀ ਸਿਆਸਤ ਵਿੱਚ ਵੱਡੀ ਹਲਚਲ ਦੇਖਣ ਨੂੰ ਮਿਲੀ ਹੈ।

ਇੱਕ ਪਾਸੇ ਜਿੱਥੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਆਪਣੇ ਸਮਰਥਕਾਂ ਨਾਲ ਚਮਕੌਰ ਸਾਹਿਬ ਵਿਖੇ ਮੀਟਿੰਗ ਕਰਕੇ ਆਪਣੀ ਤਾਕਤ ਦਿਖਾਈ ਜਾ ਰਹੀ ਹੈ, ਉੱਥੇ ਹੀ ਦੂਜੇ ਪਾਸੇ ਸੀਨੀਅਰ ਕਾਂਗਰਸੀ ਆਗੂ ਅਤੇ ਸਾਬਕਾ ਉਪ ਮੁੱਖ ਮੰਤਰੀ ਸੁਖਜਿੰਦਰ ਸਿੰਘ ਰੰਧਾਵਾ ਨੇ ਨਵੀਂ ਦਿੱਲੀ ਵਿਖੇ ਕੇਂਦਰੀ ਗ੍ਰਹਿ ਮੰਤਰੀ ਅਮਿਤ ਸ਼ਾਹ ਨਾਲ ਮੁਲਾਕਾਤ ਕਰਕੇ ਸਿਆਸੀ ਗਲਿਆਰਿਆਂ ਵਿੱਚ ਚਰਚਾ ਛੇੜ ਦਿੱਤੀ ਹੈ। ਹਾਲਾਂਕਿ ਇਹ ਮੁਲਾਕਾਤ ਪਹਿਲਾਂ ਹੀ ਤੈਅ ਸਮੇਂ 'ਤੇ ਹੋਈ ਹੈ। ਮੀਟਿੰਗ ਤੋਂ ਬਾਅਦ ਮੀਡੀਆ ਨਾਲ ਗੱਲਬਾਤ ਕਰਦਿਆਂ ਸੁਖਜਿੰਦਰ ਰੰਧਾਵਾ ਨੇ ਸਪੱਸ਼ਟ ਕੀਤਾ ਕਿ ਇਹ ਮੁਲਾਕਾਤ ਪੰਜਾਬ ਵਿੱਚ ਵਧ ਰਹੇ ਗੈਂਗਸਟਰਵਾਦ ਅਤੇ ਵਿਗੜਦੀ ਕਾਨੂੰਨ ਵਿਵਸਥਾ ਨੂੰ ਲੈ ਕੇ ਹੋਈ ਹੈ। ਉਨ੍ਹਾ ਦੱਸਿਆ ਕਿ ਉਹ ਪਹਿਲਾਂ ਵੀ ਇਸ ਗੰਭੀਰ ਮਾਮਲੇ ਬਾਰੇ ਗ੍ਰਹਿ ਮੰਤਰਾਲੇ ਨੂੰ ਪੱਤਰ ਲਿਖ ਚੁੱਕੇ ਹਨ ਅਤੇ ਅੱਜ ਉਸੇ ਸੰਬੰਧ ਵਿੱਚ ਵਿਸਥਾਰਪੂਰਵਕ ਚਰਚਾ ਕੀਤੀ ਗਈ ਹੈ।

## ਗਿਆਨ ਚੰਦ ਨਮਿਤ ਅੰਤਮ ਅਰਦਾਸ ਅੱਜ



**ਜਲੰਧਰ :** ਰੋਜ਼ਾਨਾ 'ਨਵਾਂ ਜ਼ਮਾਨਾ' ਪਰਵਾਰ ਦੇ ਸੀਨੀਅਰ ਮੈਂਬਰ ਪਿਛਲੇ 25-26 ਸਾਲ ਤੋਂ ਕੰਪਿਊਟਰ ਅਪਰੇਟਰ ਵਜੋਂ ਸੇਵਾਵਾਂ ਨਿਭਾਅ ਰਹੇ ਗਿਆਨ ਚੰਦ (53) ਬੀਤੇ ਦਿਨੀਂ ਸਦੀਵੀ ਵਿਛੋੜਾ ਦੇ ਗਏ ਸਨ। ਉਨ੍ਹਾ ਨਮਿਤ ਸ੍ਰੀ ਸੁਖਮਨੀ ਸਾਹਿਬ ਦਾ ਪਾਠ ਤੇ ਅੰਤਮ ਅਰਦਾਸ ਅੱਜ 4 ਜੁਲਾਈ ਦਿਨ ਸ਼ਨੀਵਾਰ ਉਨ੍ਹਾਂ ਦੇ ਜੱਦੀ ਪਿੰਡ ਮੰਡ ਮੌੜ ਵਿਖੇ ਸ੍ਰੀ ਗੁਰੂ ਰਵਿਦਾਸ ਗੁਰਦੁਆਰਾ ਸਾਹਿਬ 'ਚ 12 ਤੋਂ 1 ਵਜੇ ਤੱਕ ਹੋਵੇਗੀ। ਪਿੰਡ ਮੰਡ ਮੌੜ ਕਰਤਾਰਪੁਰ-ਕਿਸ਼ਨਗੜ੍ਹ ਰੋਡ 'ਤੇ ਪੈਂਦਾ ਹੈ।

## ਅੱਜ-ਨਾਮਾ

ਕਾਂਗਰਸ ਵਿੱਚ ਮਾਹੌਲ ਹੈ ਗਰਮ ਦਿੱਸਦਾ,
ਹੋ ਗਏ ਆਗੂ ਕਈ ਬਹੁਤ ਨਾਰਾਜ਼ ਬੇਲੀ।
ਪ੍ਰਧਾਨਗੀ ਪੰਜਾਬ ਦੀ ਜਦੋਂ ਹੈ ਬਣੀ ਮੁੱਦਾ,
ਹਰ ਕੋਈ ਲੀਡਰ ਸੀ ਭਾਲਦਾ ਤਾਜ ਬੇਲੀ।
ਪੁੱਛਣੀ ਰਾਏ ਫਿਰ ਕੇਂਦਰ ਨੇ ਸ਼ੁਰੂ ਕੀਤੀ,
ਹਰ ਕੋਈ ਦੇਂਦਾ ਸੀ ਨਵੀਂ ਆਵਾਜ਼ ਬੇਲੀ।
ਕਰਦੇ ਸੀ ਆਸ ਕਿ ਸਹਿਮਤੀ ਹੋਣ ਪਿੱਛੋਂ,
ਚੋਣ ਦੇ ਚੱਕਰ ਲਈ ਹੋਊ ਆਗਾਜ਼ ਬੇਲੀ।
ਜਦ ਫਿਰ ਆਇਆ ਐਲਾਨ ਪ੍ਰਧਾਨਗੀ ਦਾ,
ਕਿਸੇ ਲਈ ਸ਼ਹਿ ਤੇ ਕਿਸੇ ਦੀ ਮਾਤ ਬੇਲੀ।
ਕੀਤੀ ਕੁਝ ਆਸ ਸੀ ਹਾਲਤ ਸੁਧਾਰਨੇ ਦੀ,
ਵਿਗੜ ਗਏ ਅੱਗੇ ਤੋਂ ਵੱਧ ਹਾਲਾਤ ਬੇਲੀ।

-ਤੀਸ ਮਾਰ ਖਾਂ


भारतीय विमानपत्तन प्राधिकरण
AIRPORTS AUTHORITY OF INDIA
नागर विमानन मंत्रालय
भारत सरकार

ਜੋਧਪੁਰ ਹਵਾਈ ਅੱਡੇ ਦਾ ਵਿਸਤਾਰ
ਰਾਜਸਥਾਨ 'ਚ ਖੋਲ੍ਹੇ ਸੰਭਾਵਨਾਵਾਂ ਦੇ ਨਵੇਂ ਦੁਆਰ



ਸ੍ਰੀ ਨਰਿੰਦਰ ਮੋਦੀ
ਮਾਣਯੋਗ ਪ੍ਰਧਾਨ ਮੰਤਰੀ




ਜੋਧਪੁਰ ਹਵਾਈ ਅੱਡੇ ਦੇ ਨਵੇਂ ਟਰਮੀਨਲ ਭਵਨ
ਦਾ ਉਦਘਾਟਨ
ਸ੍ਰੀ ਨਰਿੰਦਰ ਮੋਦੀ
ਮਾਣਯੋਗ ਪ੍ਰਧਾਨ ਮੰਤਰੀ
ਦੁਆਰ ਕੀਤਾ ਜਾਵੇਗਾ

ਸ਼ਨੀਵਾਰ 04 ਜੁਲਾਈ 2026 | 10:45 ਵਜੇ | ਜੋਧਪੁਰ ਹਵਾਈ ਅੱਡਾ, ਜੋਧਪੁਰ

ਪਰਿਯੋਜਨਾ ਦੇ ਲਾਭ
- ਚਾਰ ਗੁਣਾ ਅਧਿਕ ਖੇਤਰਫਲ (23,342 ਵਰਗ ਮੀਟਰ) ਵਾਲੇ ਅਤਿ ਆਧੁਨਿਕ ਟਰਮੀਨਲ ਭਵਨ ਤੋਂ ਸੁਵਿਧਾਜਨਕ ਹਵਾਈ ਯਾਤਰਾ
- ਜੋਧਪੁਰ ਅਤੇ ਆਸ-ਪਾਸ ਦੇ ਖੇਤਰਾਂ ਦੇ ਸੈਰ ਸਪਾਟਾ ਉਦਯੋਗ ਨੂੰ ਬੜ੍ਹਾਵਾ
- ਖੇਤਰ ਦੇ ਆਰਥਿਕ ਵਿਕਾਸ ਅਤੇ ਰੁਜ਼ਗਾਰ ਦੇ ਨਵੇਂ ਮੌਕਿਆਂ ਦੀ ਸਿਰਜਣਾ
- ਸਥਾਨਕ ਉਤਪਾਦਾਂ ਦੇ ਨਿਰਯਾਤ ਅਤੇ ਵਪਾਰ ਦੀਆਂ ਸੰਭਾਵਨਾਵਾਂ 'ਚ ਵਾਧਾ

ਪਰਿਯੋਜਨਾ ਦੀਆਂ ਪ੍ਰਮੁੱਖ ਵਿਸ਼ੇਸ਼ਤਾਵਾਂ
- ਰੁਪਏ 480 ਕਰੋੜ ਦੀ ਲਾਗਤ ਨਾਲ ਮਾਰਵਾੜ ਦੀ ਸ਼ਾਹੀ ਵਾਸਤੁਕਲਾ ਤੋਂ ਪ੍ਰੇਰਿਤ ਹੰਢਣਸਾਰ ਵਿਸ਼ੇਸ਼ਤਾਵਾਂ ਵਾਲਾ ਆਧੁਨਿਕ ਟਰਮੀਨਲ ਭਵਨ
- ਵਿਅਸਥ ਸਮੇਂ ਵਿੱਚ ਪ੍ਰਤੀ ਘੰਟੇ ਯਾਤਰੀ ਸੇਵਾ ਸਮਰੱਥਾ 200 ਤੋਂ ਵੱਧ ਕੇ 1500; ਸਾਲਾਨਾ ਯਾਤਰੀ ਸੇਵਾ ਸਮਰੱਥਾ 20 ਲੱਖ
- 20 ਚੈੱਕ-ਇਨ ਕਾਊਂਟਰ, 03 ਕਨਵੇਅਰ ਬੈਲਟ, 06 ਐਕਸ-ਰੇ ਬੈਗੇਜ਼ ਸਕੈਨਰ ਅਤੇ 06 ਪਸੰਜਰ ਬੋਰਡਿੰਗ ਬ੍ਰਿਜ
- ਜਹਾਜ਼ ਪਾਰਕਿੰਗ ਸਮਰੱਥਾ 04 ਤੋਂ ਵਧ ਕੇ 12 (ਏ-320 ਕਿਸਮ ਦੇ ਜਹਾਜ਼)

ਗਰਿਮਾਮਈ ਹਾਜ਼ਰੀ
ਸ੍ਰੀ ਹਰੀਭਾਊ ਕਿਸਨਰਾਵ ਬਾਗੜੇ — ਰਾਜਪਾਲ, ਰਾਜਸਥਾਨ
ਸ੍ਰੀ ਭਜਨ ਲਾਲ ਸ਼ਰਮਾ — ਮੁੱਖ ਮੰਤਰੀ, ਰਾਜਸਥਾਨ
ਸ੍ਰੀ ਕਿੰਜਰਾਪੂ ਰਾਮਮੋਹਨ ਨਾਇਡੂ — ਕੇਂਦਰੀ ਸ਼ਹਿਰੀ ਹਵਾਬਾਜ਼ੀ ਮੰਤਰੀ
ਸ੍ਰੀ ਗਜੇਂਦਰ ਸਿੰਘ ਸ਼ੇਖਾਵਤ — ਕੇਂਦਰੀ ਸੰਸਕ੍ਰਿਤੀ ਅਤੇ ਸੈਰ ਸਪਾਟਾ ਮੰਤਰੀ
ਸ੍ਰੀ ਮੁਰਲੀਧਰ ਮੋਹੋਲ — ਕੇਂਦਰੀ ਸ਼ਹਿਰੀ ਹਵਾਬਾਜ਼ੀ ਅਤੇ ਸਹਿਕਾਰਤਾ ਰਾਜ ਮੰਤਰੀ
ਸ੍ਰੀ ਰਾਜੇਂਦਰ ਗਹਿਲੋਤ — ਸੰਸਦ ਮੈਂਬਰ ਰਾਜ ਸਭਾ

@AAI_Official @AirportsAuthorityOfIndiaOfficial @aaiofficial @AirportsAuthorityofIndia @airportsauthorityofindia
ਡੀ ਡੀ ਨਿਊਜ਼ 'ਤੇ ਸਿੱਧਾ ਪ੍ਰਸਾਰਨ ਦੇਖੋ
CBC 03111/13/0004/2627

## ਮਨਿਆਰੀ ਯੂਨੀਅਨ ਦੇ ਨਵ-ਨਿਯੁਕਤ ਅਹੁਦੇਦਾਰਾਂ ਦਾ ਸਨਮਾਨ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਗਿਆਨੀ ਜ਼ੈਲ ਸਿੰਘ ਮਾਰਕੀਟ ਦੇ ਸਮੂਹ ਦੁਕਾਨਦਾਰਾਂ ਤੇ ਵਪਾਰੀਆਂ ਵੱਲੋਂ ਮਨਿਆਰੀ ਯੂਨੀਅਨ ਦੇ ਨਵ-ਨਿਯੁਕਤ ਅਹੁਦੇਦਾਰਾਂ ਦੇ ਸਨਮਾਨ ਵਿੱਚ ਇੱਕ ਵਿਸ਼ੇਸ਼ ਸਮਾਗਮ ਦਾ ਆਯੋਜਨ ਕੀਤਾ ਗਿਆ।ਮਨਿਆਰੀ ਯੂਨੀਅਨ ਦੇ ਨਵ-ਨਿਯੁਕਤ ਪ੍ਰਧਾਨ ਵਿਨੋਦ ਗੁੰਬਰ, ਸਾਬਕਾ ਪ੍ਰਧਾਨ ਸ਼ਸ਼ੀ ਗਰਗ, ਕੈਸ਼ੀਅਰ ਅਜੇ ਗੁੰਬਰ ਅਤੇ ਸਕੱਤਰ ਪ੍ਰਦੀਪ ਨਰੰਗ ਨੂੰ ਫੁੱਲਾਂ ਦੇ ਹਾਰ ਪਾ ਕੇ ਅਤੇ ਸਨਮਾਨ ਚਿੰਨ੍ਹ ਭੇਟ ਕਰਕੇ ਨਿੱਘਾ ਸਨਮਾਨ ਦਿੱਤਾ ਗਿਆ। ਸਮਾਗਮ ਦੌਰਾਨ ਮਾਰਕੀਟ ਦੇ ਵਪਾਰੀਆਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ ਤੇ ਆਪਸੀ ਭਾਈਚਾਰੇ ਤੇ ਏਕਤਾ ਦੀ ਭਾਵਨਾ ਸਪੱਸ਼ਟ ਨਜ਼ਰ ਆਈ।ਸਮਾਗਮ ਨੂੰ ਸੰਬੋਧਨ ਕਰਦਿਆਂ ਵਪਾਰੀਆਂ ਨੇ ਕਿਹਾ ਕਿ ਮਨਿਆਰੀ ਯੂਨੀਅਨ ਹਮੇਸ਼ਾ ਵਪਾਰੀਆਂ ਦੀਆਂ ਸਮੱਸਿਆਵਾਂ ਦੇ ਹੱਲ ਲਈ ਅਹਿਮ ਭੂਮਿਕਾ ਨਿਭਾਉਂਦੀ ਆ ਰਹੀ ਹੈ।ਉਨ੍ਹਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਨਵੀਂ ਟੀਮ ਆਪਣੇ ਤਜ਼ਰਬੇ, ਇਮਾਨਦਾਰੀ ਤੇ ਸਮਰਪਣ ਨਾਲ ਯੂਨੀਅਨ ਨੂੰ ਹੋਰ ਮਜ਼ਬੂਤ ਬਣਾਏਗੀ।ਨਵ-ਨਿਯੁਕਤ ਪ੍ਰਧਾਨ ਵਿਨੋਦ ਗੁੰਬਰ ਨੇ ਗਿਆਨੀ ਜ਼ੈਲ ਸਿੰਘ ਮਾਰਕੀਟ ਦੇ ਸਮੂਹ ਵਪਾਰੀਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਨੂੰ ਦਿੱਤਾ ਗਿਆ। ਇਹ ਸਨਮਾਨ ਉਨ੍ਹਾਂ ਲਈ ਮਾਣ ਤੇ ਜ਼ਿੰਮੇਵਾਰੀ ਦੋਵੇਂ ਹੈ।ਸਮਾਗਮ ਦੌਰਾਨ ਨਵੀਂ ਟੀਮ ਦੇ ਉਜਵਲ ਭਵਿੱਖ ਤੇ ਸਫ਼ਲ ਕਾਰਜਕਾਲ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ ਗਈਆਂ।ਇਸ ਸਨਮਾਨ ਸਮਾਰੋਹ ਵਿੱਚ ਬੌਬੀ ਗਰਗ, ਗੁਰਪ੍ਰੀਤ, ਵਿਜੇ, ਰਾਜੀਵ ਅਨੇਜਾ, ਸੂਰਜ ਗੁੰਬਰ, ਭੁਪਿੰਦਰ ਪ੍ਰਧਾਨ ਗਿਆਨੀ ਮਾਰਕੀਟ, ਰਾਮ ਤੀਰਥ ਗੁੰਬਰ, ਅਸ਼ੋਕ ਸ਼ਰਮਾ, ਦਰਸ਼ਨ ਗੋਇਲ, ਆਸ਼ੂ ਅਰੋੜਾ, ਵਿਨੋਦ ਸਾਈਂ, ਰਾਕੇਸ਼ ਬਾਂਸਲ, ਰਾਣਾ, ਗੋਰਾ ਤੇ ਹੋਰ ਵੱਡੀ ਗਿਣਤੀ ਵਿਚ ਵਪਾਰੀ ਅਤੇ ਪਤਵੰਤੇ ਸੱਜਣ ਹਾਜ਼ਰ ਸਨ।

# ਮੋਦੀ ਸਰਕਾਰ ਲਈ ਪੂਰਾ ਦੇਸ਼ ਪ੍ਰਯੋਗਸ਼ਾਲਾ : ਕੇਜਰੀਵਾਲ

### ਲੋਕਾਂ 'ਤੇ ਜ਼ਬਰਦਸਤੀ ਮੜ੍ਹ ਰਹੀ 20 ਫੀਸਦੀ ਇਥੇਨੌਲ ਮਿਸ਼ਰਤ ਪੈਟਰੋਲ

**ਨਵੀਂ ਦਿੱਲੀ (ਨ ਜ਼ ਸ)**

ਆਮ ਆਦਮੀ ਪਾਰਟੀ ਦੇ ਕੌਮੀ ਕਨਵੀਨਰ ਅਰਵਿੰਦ ਕੇਜਰੀਵਾਲ ਨੇ ਲੋਕਾਂ 'ਤੇ ਜ਼ਬਰਦਸਤੀ ਈ-20 ਪੈਟਰੋਲ ਮੜ੍ਹਨ 'ਤੇ ਸਖ਼ਤ ਇਤਰਾਜ਼ ਜਤਾਇਆ ਹੈ। ਉਨ੍ਹਾਂ ਕਿਹਾ ਕਿ ਮੋਦੀ ਸਰਕਾਰ ਲਈ ਪੂਰਾ ਦੇਸ਼ ਇੱਕ ਪ੍ਰਯੋਗਸ਼ਾਲਾ ਹੈ। ਹੁਣ ਸਰਕਾਰ ਲੋਕਾਂ 'ਤੇ ਜ਼ਬਰਦਸਤੀ 20 ਫੀਸਦੀ ਇਥੇਨੌਲ ਮਿਸ਼ਰਤ ਪੈਟਰੋਲ ਮੜ੍ਹ ਰਹੀ ਹੈ, ਜਦਕਿ ਇਥੇਨੌਲ ਕਾਰਨ ਗੱਡੀਆਂ ਬੰਦ ਹੋ ਰਹੀਆਂ ਹਨ, ਪਾਰਟਸ ਖ਼ਰਾਬ ਹੋ ਰਹੇ ਹਨ ਅਤੇ ਮਾਈਲੇਜ ਵੀ 30 ਫੀਸਦੀ ਘਟ ਰਹੀ ਹੈ।ਇਸ ਨਾਲ ਦੇਸ਼ ਭਰ ਦੇ ਲੋਕਾਂ ਵਿੱਚ ਭਾਰੀ ਗੁੱਸਾ ਹੈ।ਜਦੋਂ ਗੱਡੀਆਂ ਦੀ ਮਾਈਲੇਜ 30 ਫੀਸਦੀ ਘੱਟ ਰਹੀ ਹੈ, ਤਾਂ ਇਥੇਨੌਲ ਮਿਸ਼ਰਿਤ ਪੈਟਰੋਲ ਵੀ 30 ਫੀਸਦੀ ਸਸਤਾ ਹੋਣਾ ਚਾਹੀਦਾ ਹੈ।

ਕੇਜਰੀਵਾਲ ਨੇ ਸੁਪਰੀਮ ਕੋਰਟ ਵਿੱਚ ਅਟਾਰਨੀ ਜਨਰਲ ਵੱਲੋਂ ਦਿੱਤੀ ਗਈ ਦਲੀਲ ਦੀ ਵੀਡੀਓ ਕਲਿੱਪ ਸਾਂਝੀ ਕਰਦਿਆਂ ਕਿਹਾ ਕਿ ਪਹਿਲਾਂ ਕੇਂਦਰ ਸਰਕਾਰ ਦੇ ਅਟਾਰਨੀ ਜਨਰਲ ਨੇ ਸੁਪਰੀਮ ਕੋਰਟ ਵਿੱਚ ਕਿਹਾ ਸੀ ਕਿ ਇਹ ਸਿਰਫ਼ ਇੱਕ ਪ੍ਰਯੋਗ ਹੈ, ਪਰ ਬਾਅਦ ਵਿੱਚ ਕੇਂਦਰ ਸਰਕਾਰ ਮੁੱਕਰ ਗਈ ਕਿ ਉਸ ਨੇ ਅਜਿਹਾ ਕੁਝ ਨਹੀਂ ਕਿਹਾ ਹੈ।ਉਨ੍ਹਾ ਕਿਹਾ ਕਿ ਪ੍ਰਯੋਗ ਤਾਂ ਕੁਝ ਹਜ਼ਾਰ ਗੱਡੀਆਂ 'ਤੇ ਕੀਤਾ ਜਾਣਾ ਚਾਹੀਦਾ ਹੈ ਅਤੇ ਨਤੀਜਿਆਂ ਦੇ ਅਧਾਰ 'ਤੇ ਪੂਰੇ ਦੇਸ਼ ਵਿੱਚ ਲਾਗੂ ਕਰਨਾ ਚਾਹੀਦਾ ਹੈ। ਮੈਂ ਈ-20 ਪੈਟਰੋਲ ਨੂੰ ਲੈ ਕੇ ਜਲਦ ਹੀ ਪ੍ਰਧਾਨ ਮੰਤਰੀ ਨੂੰ ਪੱਤਰ ਲਿਖਾਂਗਾ।ਮੈਨੂੰ ਪੱਤਰ ਵਿੱਚ ਕੀ ਲਿਖਣਾ ਹੈ, ਦੇਸ਼ਵਾਸੀ ਕੁਮੈਂਟ ਜਾਂ ਡੀ ਐੱਮ ਕਰਕੇ ਦੱਸਣ।

ਕੇਜਰੀਵਾਲ ਨੇ ਕਿਹਾ ਕਿ 20 ਫੀਸਦੀ ਇਥੇਨੌਲ ਬਲੈਂਡਡ ਪੈਟਰੋਲ ਨੂੰ ਲੈ ਕੇ ਜਨਤਾ ਵਿੱਚ ਭਾਰੀ ਗੁੱਸਾ ਹੈ।30 ਜੂਨ ਨੂੰ ਕੇਂਦਰ ਸਰਕਾਰ ਨੇ ਅਟਾਰਨੀ ਜਨਰਲ ਰਾਹੀਂ ਸੁਪਰੀਮ ਕੋਰਟ ਵਿੱਚ ਇਹ ਕਿਹਾ ਸੀ ਕਿ ਇਹ ਸਿਰਫ਼ ਇੱਕ ਪ੍ਰਯੋਗ ਹੈ ਅਤੇ ਇਸ ਦੇ ਨਤੀਜਿਆਂ 'ਤੇ ਅਗਲੀ ਕਾਰਵਾਈ ਨਿਰਭਰ ਕਰੇਗੀ।ਜਦੋਂ ਇਹ ਖ਼ਬਰ ਅਗਲੇ ਦਿਨ ਮੀਡੀਆ ਵਿੱਚ ਆਈ, ਤਾਂ ਕੇਂਦਰ ਸਰਕਾਰ ਬਿਲਕੁਲ ਮੁੱਕਰ



ਗਈ।ਕੇਂਦਰ ਸਰਕਾਰ ਨੇ ਬਿਆਨ ਜਾਰੀ ਕਰਕੇ ਕਿਹਾ ਕਿ ਉਨ੍ਹਾਂ ਨੇ ਅਜਿਹਾ ਕੁਝ ਨਹੀਂ ਬੋਲਿਆ, ਇਹ ਝੂਠ ਹੈ।

ਕੇਜਰੀਵਾਲ ਨੇ ਅੱਗੇ ਇੱਕ ਵੀਡੀਓ ਕਲਿੱਪ ਦਿਖਾਈ, ਜਿਸ ਵਿੱਚ ਸੁਪਰੀਮ ਕੋਰਟ ਵਿੱਚ ਕੇਂਦਰ ਸਰਕਾਰ ਨੇ ਕਿਹਾ ਕਿ ਪੈਟਰੋਲ ਵਿੱਚ 20 ਫੀਸਦੀ ਇਥੇਨੌਲ ਮਿਲਾਉਣਾ ਇੱਕ ਅਜਿਹਾ ਐਕਸਪੈਰੀਮੈਂਟ ਹੈ ਜਿਸ ਨੂੰ ਸਰਕਾਰ ਹੁਣ ਅਜ਼ਮਾਉਣ ਦੀ ਕੋਸ਼ਿਸ਼ ਕਰ ਰਹੀ ਹੈ।ਉਨ੍ਹਾਂ ਪੁੱਛਿਆ ਕਿ ਇਹ ਕਿਹੋ ਜਿਹਾ ਐਕਸਪੈਰੀਮੈਂਟ ਹੈ? ਐਕਸਪੈਰੀਮੈਂਟ ਉਦੋਂ ਹੁੰਦਾ ਹੈ ਜਦੋਂ ਕਿਸੇ ਚੀਜ਼ ਨੂੰ 50, 100, 500 ਜਾਂ 1000 ਗੱਡੀਆਂ 'ਤੇ ਕਰ ਲਿਆ ਜਾਂਦਾ ਅਤੇ ਉਸ ਐਕਸਪੈਰੀਮੈਂਟ ਦੇ ਅਧਾਰ 'ਤੇ ਜੋ ਨਤੀਜੇ ਆਉਂਦੇ, ਉਨ੍ਹਾਂ ਦੇ ਅਧਾਰ 'ਤੇ ਇਹ ਤੈਅ ਕੀਤਾ ਜਾਂਦਾ ਕਿ ਇਸ ਨੂੰ ਪੂਰੇ ਦੇਸ਼ ਵਿੱਚ ਲਾਗੂ ਕਰਨਾ ਹੈ ਜਾਂ ਨਹੀਂ। ਪੂਰੇ ਦੇਸ਼ ਦੀ 140 ਕਰੋੜ ਆਬਾਦੀ ਦੀਆਂ ਸਾਰੀਆਂ ਗੱਡੀਆਂ 'ਤੇ ਉਨ੍ਹਾਂ ਨੇ ਇਥੇਨੌਲ ਬਲੈਂਡਡ ਪੈਟਰੋਲ ਲਾਜ਼ਮੀ ਕਰ ਦਿੱਤਾ ਹੈ ਅਤੇ ਹੁਣ ਉਹ ਕਹਿ ਰਹੇ ਹਨ ਕਿ ਉਹ ਐਕਸਪੈਰੀਮੈਂਟ ਕਰ ਰਹੇ ਹਨ। ਜਿਨ੍ਹਾਂ ਲੋਕਾਂ ਦੀਆਂ ਗੱਡੀਆਂ ਖ਼ਰਾਬ ਹੋ ਰਹੀਆਂ ਹਨ, ਕੀ ਉਹ ਉਨ੍ਹਾਂ ਨੂੰ ਮੁਆਵਜ਼ਾ ਦੇਣਗੇ?

ਕੇਜਰੀਵਾਲ ਨੇ ਕਿਹਾ ਕਿ ਲੋਕ ਬਹੁਤ ਵੱਡੇ ਪੱਧਰ 'ਤੇ ਇਸ ਦਾ ਵਿਰੋਧ ਕਰ ਰਹੇ ਹਨ। ਲੋਕ ਕਹਿ ਰਹੇ ਹਨ ਕਿ 30 ਫੀਸਦੀ ਘੱਟ ਐਵਰੇਜ ਆ ਰਹੀ ਹੈ, ਪਰ ਸਰਕਾਰ ਇਸ ਨੂੰ ਪੂਰੀ ਤਰ੍ਹਾਂ ਨਕਾਰ ਰਹੀ ਹੈ।ਜਦਕਿ ਖ਼ੁਦ ਕੇਂਦਰ ਸਰਕਾਰ ਦੇ ਹੀ ਐਕਸਪਰਟ, ਭਾਰਤ ਪੈਟਰੋਲੀਅਮ ਕੈਮੀਕਲ ਲਿਮਟਿਡ ਦੇ ਐਗਜ਼ੀਕਿਊਟਿਵ ਡਾਇਰੈਕਟਰ ਅਨੁਰਾਗ ਦਾ ਇਹ ਬਿਆਨ ਹੈ ਕਿ ਜ਼ਾਹਿਰ ਹੈ, ਇਥੇਨੌਲ ਦੀ ਮਾਈਲੇਜ ਘੱਟ ਹੁੰਦੀ ਹੈ, ਇਸ ਲਈ ਇਸ ਦੇ ਰਸਾਇਣਕ ਰੂਪ ਦੇ ਕਾਰਨ ਇਸ ਦੀ ਮਾਈਲੇਜ 30 ਫੀਸਦੀ ਘੱਟ ਹੋ ਜਾਂਦੀ ਹੈ। ਅਨੁਰਾਗ ਸਾਫ਼ ਕਹਿ ਰਹੇ ਹਨ ਕਿ 30 ਫੀਸਦੀ ਦੀ ਐਵਰੇਜ ਘੱਟ ਆ ਰਹੀ ਹੈ।ਜੇ 30 ਫੀਸਦੀ ਦੀ ਐਵਰੇਜ ਘੱਟ ਆ ਰਹੀ ਹੈ ਤਾਂ ਬਲੈਂਡਡ ਪੈਟਰੋਲ ਦੇ ਭਾਅ ਵੀ 30 ਫੀਸਦੀ ਘੱਟ ਹੋਣੇ ਚਾਹੀਦੇ ਹਨ? ਸਰਕਾਰ ਭਾਅ ਓਨੇ ਹੀ ਲੈ ਰਹੀ ਹੈ ਅਤੇ ਲੋਕਾਂ ਦੀ ਐਵਰੇਜ ਘੱਟ ਆ ਰਹੀ ਹੈ, ਇਸ ਨਾਲ ਲੋਕਾਂ ਦਾ ਖ਼ਰਚਾ ਤਾਂ ਬਹੁਤ ਜ਼ਿਆਦਾ ਵਧ ਗਿਆ ਹੈ।

ਕੇਜਰੀਵਾਲ ਨੇ ਅੱਗੇ ਦੱਸਿਆ ਕਿ ਬਹੁਤ ਸਾਰੇ ਲੋਕਾਂ ਦਾ ਦੋਸ਼ ਹੈ ਕਿ ਉਨ੍ਹਾਂ ਦੀ ਗੱਡੀ ਦੇ ਪਾਰਟਸ ਅਤੇ ਇੰਜਣ ਖ਼ਰਾਬ ਹੋ ਰਹੇ ਹਨ ਅਤੇ ਇੰਜਣ ਨੂੰ ਜੰਗਾਲ ਲੱਗ ਰਿਹਾ ਹੈ।ਜੇ ਲੋਕ ਇਸ ਦਾ ਵਿਰੋਧ ਕਰ ਰਹੇ ਹਨ ਤਾਂ ਸਰਕਾਰ ਲੋਕਾਂ ਨਾਲ ਜ਼ਬਰਦਸਤੀ ਕਿਉਂ ਕਰ ਰਹੀ ਹੈ? ਉਹ ਇਸ ਨੂੰ ਵਾਪਸ ਕਿਉਂ ਨਹੀਂ ਲੈ ਰਹੀ? ਲੋਕਾਂ ਨੇ ਹੀ ਉਸ ਨੂੰ ਵੋਟ ਦੇ ਕੇ ਚੁਣਿਆ ਹੈ। ਸਰਕਾਰ ਦਾ ਫ਼ਰਜ਼ ਹੈ ਕਿ ਉਹ ਲੋਕਾਂ ਦੀ ਵੋਟ ਦੀ ਇੱਜ਼ਤ ਕਰੇ, ਲੋਕਾਂ ਦੀ ਗੱਲ ਸੁਣੇ ਅਤੇ ਉਨ੍ਹਾਂ ਦੇ ਹਿਸਾਬ ਨਾਲ ਚੱਲੇ।

## ਨਸ਼ਾ ਮੁਕਤ ਤੇ ਖੁਸ਼ਹਾਲ ਪੰਜਾਬ ਸਿਰਜਣ ਲਈ ਹਰ ਨਾਗਰਿਕ ਇੱਕਜੁੱਟ ਹੋਵੇ : ਨਾਰੰਗ



**ਕੋਟਕਪੂਰਾ (ਰਛਪਾਲ ਭੁੱਲਰ)**-ਭਾਰਤੀ ਜਨਤਾ ਪਾਰਟੀ ਫ਼ਰੀਦਕੋਟ ਦੇ ਜ਼ਿਲ੍ਹਾ ਮੀਤ ਪ੍ਰਧਾਨ ਰਾਜਨ ਨਾਰੰਗ ਨੇ ਇੱਥੇ ਕੁਝ ਚੋਣਵੇਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਪੰਜਾਬ ਨੂੰ ਨਸ਼ਾ ਮੁਕਤ ਤੇ ਤੰਦਰੁਸਤ ਬਣਾਉਣ ਲਈ ਇੱਕ ਵੱਡੀ ਮੁਹਿੰਮ ਦਾ ਸੱਦਾ ਦਿੱਤਾ।ਉਨ੍ਹਾਂ ਕਿਹਾ ਕਿ ਚਲੋ ਮਿਲ ਕੇ ਬਣਾਈਏ ਨਸ਼ਾ ਮੁਕਤ ਪੰਜਾਬ ਦੇ ਨਾਅਰੇ ਹੇਠ ਸਾਨੂੰ ਸਾਰਿਆਂ ਨੂੰ ਸੂਬੇ ਦੇ ਹੱਕ ਵਿੱਚ ਖੜ੍ਹੇ ਹੋਣ ਦੀ ਲੋੜ ਹੈ, ਤਾਂ ਜੋ ਪੰਜਾਬ ਦੇ ਨੌਜਵਾਨਾਂ ਨੂੰ ਤੰਦਰੁਸਤ ਬਣਾ ਕੇ ਇੱਕ ਖੁਸ਼ਹਾਲ ਸੂਬੇ ਦੀ ਸਿਰਜਣਾ ਕੀਤੀ ਜਾ ਸਕੇ।ਰਾਜਨ ਨਾਰੰਗ ਨੇ ਪੱਤਰਕਾਰਾਂ ਨਾਲ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਅੱਜ ਸਮਾਂ ਆ ਗਿਆ ਹੈ, ਜਦੋਂ ਸਾਨੂੰ ਨਸ਼ਿਆਂ ਵਿਰੁੱਧ ਇੱਕਜੁੱਟ ਹੋ ਕੇ ਆਪਣੇ ਰੰਗਲੇ ਪੰਜਾਬ ਨੂੰ ਬਚਾਉਣਾ ਪਵੇਗਾ।ਉਨ੍ਹਾਂ ਨੌਜਵਾਨੀ ਨੂੰ ਅਪੀਲ ਕੀਤੀ ਕਿ 'ਨਸ਼ੇ ਛੱਡੋ-ਜ਼ਿੰਦਗੀ ਜੋੜੋ' ਦੇ ਸਿਧਾਂਤ ਨੂੰ ਅਪਣਾਉਣ, ਕਿਉਂਕਿ ਨਸ਼ਿਆਂ ਤੋਂ ਬਚਾਅ ਹੀ ਇੱਕ ਸੁਰੱਖਿਅਤ ਪਰਿਵਾਰ ਦੀ ਨੀਂਹ ਹੈ।ਉਨ੍ਹਾਂ ਜ਼ੋਰ ਦੇ ਕੇ ਕਿਹਾ ਕਿ ਸਿਹਤਮੰਦ ਨੌਜਵਾਨ ਹੀ ਇੱਕ ਸਮਰੱਥ ਪੰਜਾਬ ਦਾ ਨਿਰਮਾਣ ਕਰ ਸਕਦੇ ਹਨ।ਰਾਜਨ ਨਾਰੰਗ ਨੇ ਆਖਿਆ ਕਿ ਨਸ਼ਿਆਂ ਦੇ ਮੁਕੰਮਲ ਖਾਤਮੇ ਲਈ ਸਿੱਖਿਆ, ਖੇਡਾਂ ਤੇ ਰੁਜ਼ਗਾਰ ਸਾਡੇ ਮੁੱਖ ਹਥਿਆਰ ਹਨ, ਕਿਉਂਕਿ ਜੇਕਰ ਨੌਜਵਾਨਾਂ ਨੂੰ ਚੰਗੀ ਸਿੱਖਿਆ, ਖੇਡ ਮੈਦਾਨ ਤੇ ਰੁਜ਼ਗਾਰ ਦੇ ਬਿਹਤਰ ਮੌਕੇ ਮਿਲਣਗੇ, ਤਾਂ ਉਹ ਆਪਣੇ-ਆਪ ਨਸ਼ਿਆਂ ਦੇ ਕੋਹੜ ਤੋਂ ਦੂਰ ਹੋ ਜਾਣਗੇ।ਉਨ੍ਹਾਂ ਕਿਹਾ ਕਿ ਸਾਡਾ ਮੁੱਖ ਟੀਚਾ ਹਰ ਪਿੰਡ ਤੇ ਹਰ ਸ਼ਹਿਰ ਨੂੰ ਨਸ਼ਾ ਮੁਕਤ ਕਰਨਾ ਹੈ।

## ਸ਼ਕਤੀ ਪਬਲਿਕ ਸਕੂਲ ਦੇ ਵਿਦਿਆਰਥੀ ਸਿੱਖਿਆ ਮੰਤਰੀ ਵੱਲੋਂ ਸਨਮਾਨਤ



**ਦੋਰਾਹਾ (ਹਰਮਿੰਦਰ ਸੇਠ)**-ਇਲਾਕੇ ਦੀ ਪ੍ਰਸਿੱਧ ਸਿੱਖਿਆ ਸੰਸਥਾ ਸ਼ਕਤੀ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਦੋਰਾਹਾ ਦੇ 2 ਹੋਣਹਾਰ ਵਿਦਿਆਰਥੀਆਂ ਵੱਲੋਂ ਬਾਰਵੀਂ ਜਮਾਤ (ਬੋਰਡ) ਵਿੱਚੋਂ ਚੰਗੇ ਅੰਕ ਪ੍ਰਾਪਤ ਕਰਕੇ ਆਪਣਾ, ਆਪਣੇ ਸਕੂਲ, ਸਕੂਲ ਅਧਿਆਪਕਾਂ ਤੇ ਮਾਪਿਆਂ ਦਾ ਨਾਮ ਰੋਸ਼ਨ ਕੀਤਾ ਸੀ, ਜਿਸ ਵਿੱਚ ਸਾਇੰਸ ਗਰੁੱਪ ਦੇ ਵਿਦਿਆਰਥੀਆਂ ਪਾਰਥ ਰਤਨ ਪੁੱਤਰ ਰਾਜੀਵ ਰਤਨ 488/500 ਅੰਕ ਪ੍ਰਾਪਤ ਕੀਤੇ ਸਨ, ਜਦਕਿ ਆਰਟਸ ਗਰੁੱਪ ਦੇ ਵਿਦਿਆਰਥੀਆਂ ਪਰਮਰਾਜ ਸਿੰਘ ਝੱਜ ਪੁੱਤਰ ਅਮਰਜੀਤ ਸਿੰਘ ਝੱਜ (ਜੋ ਕਿ ਚੇਅਰਮੈਨ ਬੰਤ ਸਿੰਘ ਦੋਬੁਰਜੀ ਦੇ ਭਰਾ ਜੋਗਿੰਦਰ ਸਿੰਘ ਦੋਬੁਰਜੀ ਦਾ ਪੋਤਰਾ ਹੈ) ਨੇ 478/500 ਅੰਕ ਪ੍ਰਾਪਤ ਕੀਤੇ ਸਨ।ਸਕੂਲ ਪ੍ਰਿੰਸੀਪਲ ਜਤਿੰਦਰ ਸ਼ਰਮਾ ਨੇ ਖੁਸ਼ੀ ਦੇ ਪਲ ਸਾਂਝੇ ਕਰਦਿਆਂ ਪ੍ਰੈੱਸ ਨੂੰ ਜਾਣਕਾਰੀ ਦਿੱਤੀ ਕਿ ਉਨ੍ਹਾਂ ਦੇ ਸਕੂਲ ਦੋਵੇਂ ਵਿਦਿਆਰਥੀਆਂ ਨੂੰ ਬਾਰਵੀਂ ਬੋਰਡ ਦੀ ਜਮਾਤ ਵਿੱਚੋਂ ਕੀਤੀਆਂ ਸ਼ਾਨਦਾਰ ਪ੍ਰਾਪਤੀਆਂ ਦੇ ਮੱਦੇਨਜ਼ਰ ਸਿੱਖਿਆ ਮੰਤਰੀ ਪੰਜਾਬ ਹਰਜੋਤ ਸਿੰਘ ਬੈਂਸ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ ਅਤੇ ਉਨ੍ਹਾਂ ਪੰਜਾਬ ਸਰਕਾਰ ਵੱਲੋਂ ਪ੍ਰਸੰਸਾ ਪੱਤਰ ਤਕਸੀਮ ਕੀਤੇ ਗਏ।ਸਕੂਲ ਪ੍ਰਿੰਸੀਪਲ ਜਤਿੰਦਰ ਸ਼ਰਮਾ ਤੇ ਵਾਇਸ ਪ੍ਰਿੰਸੀਪਲ ਨੀਰਜ ਸ਼ਰਮਾ ਨੇ ਵਿਦਿਆਰਥੀਆਂ ਨੂੰ ਵਧਾਈ ਦਿੰਦਿਆਂ ਉਨ੍ਹਾਂ ਦੇ ਉੱਜਵਲ ਭਵਿੱਖ ਲਈ ਸ਼ੁੱਭ-ਕਾਮਨਾਵਾਂ ਦਿੱਤੀਆਂ ਤੇ ਆਸ ਪ੍ਰਗਟਾਈ ਕਿ ਉਹ ਭਵਿੱਖ ਵਿੱਚ ਵੀ ਇਸੇ ਤਰ੍ਹਾਂ ਸਫਲਤਾਂ ਦੇ ਨਵੇਂ ਕੀਰਤੀਮਾਨ ਸਥਾਪਤ ਕਰਨਗੇ।

# ਮਜ਼ਦੂਰ ਜਥੇਬੰਦੀਆਂ ਵੱਲੋਂ ਰੈਲੀ ਤੇ ਮੁਜ਼ਾਹਰਾ 5 ਅਗਸਤ ਨੂੰ

**ਚੰਡੀਗੜ੍ਹ (ਗਿਆਨ ਸੈਦਪੁਰੀ)**



ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਨੇ ਐਲਾਨ ਕੀਤਾ ਹੈ ਕਿ ਬੇਜ਼ਮੀਨੇ ਮਜ਼ਦੂਰਾਂ ਦੀਆਂ ਹੱਕੀ ਮੰਗਾਂ ਨੂੰ ਪੰਜਾਬ ਸਰਕਾਰ ਵੱਲੋਂ ਲਗਾਤਾਰ ਅਣਗੌਲਿਆ ਕਰਨ ਵਿਰੁੱਧ 5 ਅਗਸਤ ਨੂੰ ਦੇਸ਼ ਭਗਤ ਯਾਦਗਾਰ ਹਾਲ ਜਲੰਧਰ ਵਿਖੇ ਸੂਬਾ ਪੱਧਰੀ ਵਿਸ਼ਾਲ ਰੈਲੀ ਕਰਕੇ ਮੁੱਖ ਮੰਤਰੀ ਦੀ ਜਲੰਧਰ ਸਥਿਤ ਰਿਹਾਇਸ਼ ਵੱਲ ਮਾਰਚ ਕੀਤਾ ਜਾਵੇਗਾ।ਪੇਂਡੂ ਤੇ ਖੇਤ ਮਜ਼ਦੂਰ ਜਥੇਬੰਦੀਆਂ ਦੇ ਸਾਂਝੇ ਮੋਰਚੇ ਦੇ ਆਗੂ ਅਤੇ ਪੰਜਾਬ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਵਿੱਤ ਸਕੱਤਰ ਹਰਮੇਸ਼ ਮਾਲੜੀ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਇੱਥੇ ਭਾਰਤੀ ਖੇਤ ਮਜ਼ਦੂਰ ਯੂਨੀਅਨ ਦੇ ਕੌਮੀ ਜਨਰਲ ਸਕੱਤਰ ਸਾਥੀ ਗੁਲਜ਼ਾਰ ਗੋਰੀਆ ਦੀ ਪ੍ਰਧਾਨਗੀ ਹੇਠ ਹੋਈ ਮੀਟਿੰਗ ਵਿੱਚ ਉਕਤ ਐਲਾਨ ਕਰਦਿਆਂ ਸੂਬਾਈ ਮਜ਼ਦੂਰ ਆਗੂਆਂ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਬਣਨ ਵੇਲੇ ਤੋਂ ਲੈ ਕੇ ਮਜ਼ਦੂਰ ਜਥੇਬੰਦੀਆਂ ਲਗਾਤਾਰ ਸੰਘਰਸ਼ ਕਰਦੀਆਂ ਆ ਰਹੀਆਂ ਹਨ, ਪਰ ਲਾਰਿਆਂ ਅਤੇ ਫੋਕੇ ਵਾਅਦਿਆਂ ਤੋਂ ਬਿਨਾਂ ਕੁਝ ਵੀ ਪੱਲੇ ਨਹੀਂ ਪਿਆ। ਉਨ੍ਹਾਂ ਕਿਹਾ ਕਿ ਪੰਜ ਵਾਰ ਮੁੱਖ ਮੰਤਰੀ ਪੰਜਾਬ ਮੀਟਿੰਗ ਦਾ ਸੱਦਾ ਦੇ ਕੇ ਮੁੱਕਰ ਜਾਂਦੇ ਰਹੇ ਅਤੇ ਕੈਬਨਿਟ ਸਬ ਕਮੇਟੀ ਵੱਲੋਂ ਮੀਟਿੰਗਾਂ ਵਿੱਚ ਮੰਨੀਆਂ ਹੋਈਆਂ ਮੰਗਾਂ ਨੂੰ ਵੀ ਲਾਗੂ ਨਹੀਂ ਕੀਤਾ ਗਿਆ, ਜਿਸ ਦਾ ਮਜ਼ਦੂਰਾਂ ਦੇ ਮਨਾਂ ਅੰਦਰ ਭਾਰੀ ਰੋਸ ਹੈ।ਮੀਟਿੰਗ 'ਚ ਸੂਬਾਈ ਆਗੂਆਂ ਦੇਵੀ ਕੁਮਾਰੀ ਸਰਹਾਲੀ ਕਲਾਂ ਜਨਰਲ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ, ਸਰਵਸਾਥੀ ਗੁਰਨਾਮ ਸਿੰਘ ਦਾਊਦ (ਜਨਰਲ ਸਕੱਤਰ ਦਿਹਾਤੀ ਮਜ਼ਦੂਰ ਸਭਾ), ਜ਼ੋਰਾ ਸਿੰਘ ਨਸਰਾਲੀ (ਸੂਬਾ ਪ੍ਰਧਾਨ ਪੰਜਾਬ ਖੇਤ ਮਜ਼ਦੂਰ ਯੂਨੀਅਨ), ਗੋਬਿੰਦ ਸਿੰਘ ਛਾਜਲੀ (ਸੂਬਾ ਪ੍ਰਧਾਨ ਮਜ਼ਦੂਰ ਮੁਕਤੀ ਮੋਰਚਾ ਪੰਜਾਬ), ਪ੍ਰਗਟ ਸਿੰਘ ਕਾਲਾਝਾੜ (ਸੂਬਾ ਆਗੂ ਕ੍ਰਾਂਤੀਕਾਰੀ ਪੇਂਡੂ ਮਜ਼ਦੂਰ ਯੂਨੀਅਨ ਪੰਜਾਬ) ਨੇ ਕਿਹਾ ਕਿ ਮਜ਼ਦੂਰਾਂ ਲਈ ਸਾਲ ਭਰ ਦੇ ਪੱਕੇ ਰੁਜ਼ਗਾਰ ਦਾ ਪ੍ਰਬੰਧ ਕਰਨ, ਨਵੇਂ ਜੀ ਰਾਮ ਜੀ ਕਾਨੂੰਨ ਨੂੰ ਰੱਦ ਕਰਕੇ ਮਨਰੇਗਾ ਕਾਨੂੰਨ ਨੂੰ ਬਹਾਲ ਕਰਕੇ ਬਾਲਗ ਜੀਆਂ ਨੂੰ ਪ੍ਰਤੀ ਦਿਨ 700 ਰੁਪਏ ਦਿਹਾੜੀ ਦੇਣ, ਵਿਧਵਾ, ਬੁਢਾਪਾ, ਅੰਗਹੀਣ ਪੈਨਸ਼ਨ 5000 ਰੁਪਏ ਮਹੀਨਾ ਕਰਨ, ਔਰਤਾਂ ਦੇ ਖਾਤੇ ਵਿੱਚ ਪਿਛਲੇ ਸਾਢੇ ਚਾਰ ਸਾਲਾਂ ਦਾ ਬਕਾਇਆ ਪਾਉਣ, ਲੋੜਵੰਦ ਪਰਵਾਰਾਂ ਨੂੰ ਰਿਹਾਇਸ਼ੀ ਪਲਾਟ ਦੇਣ ਅਤੇ ਮਕਾਨ ਉਸਾਰੀ ਲਈ ਗਰਾਂਟ ਦੇਣ, ਪੰਚਾਇਤੀ ਜ਼ਮੀਨਾਂ 'ਚੋਂ ਰਾਖਵੇਂ ਹਿੱਸੇ ਦੀ ਜ਼ਮੀਨ ਮਜ਼ਦੂਰਾਂ ਨੂੰ ਦੇਣ ਅਤੇ ਜ਼ਮੀਨ ਹੱਦਬੰਦੀ ਕਾਨੂੰਨ ਲਾਗੂ ਕਰਕੇ ਵਾਧੂ ਨਿਕਲਦੀਆਂ ਜ਼ਮੀਨਾਂ ਬੇਜ਼ਮੀਨੇ ਮਜ਼ਦੂਰਾਂ ਅਤੇ ਥੁੜ ਜ਼ਮੀਨੇ ਕਿਸਾਨਾਂ 'ਚ ਵੰਡਣ, ਮਜ਼ਦੂਰਾਂ ਸਿਰ ਚੜ੍ਹੇ ਸਮੁੱਚੇ ਕਰਜ਼ੇ ਮਾਫ਼ ਕਰਨ ਅਤੇ ਕਿਰਤ ਕਾਨੂੰਨਾਂ ਨੂੰ ਮੁੜ ਬਹਾਲ ਕਰਨ ਅਤੇ ਨਵੇਂ ਚਾਰ ਲੇਬਰ ਕਾਨੂੰਨ ਰੱਦ ਕਰਨ ਵਰਗੀਆਂ ਮੰਗਾਂ ਲਈ ਮਜ਼ਦੂਰ ਲੰਮੇ ਸਮੇਂ ਤੋਂ ਸੰਘਰਸ਼ ਕਰ ਰਹੇ ਹਨ, ਪਰ ਪਹਿਲੀਆਂ ਸਰਕਾਰਾਂ ਵਾਂਗ ਹੀ ਮੌਜੂਦਾ ਸਰਕਾਰ ਵੀ ਮਜ਼ਦੂਰ ਮੰਗਾਂ ਨੂੰ ਦਰਕਿਨਾਰ ਕਰਕੇ ਮਜ਼ਦੂਰਾਂ ਨਾਲ ਵਿਤਕਰਾ ਕਰ ਰਹੀ ਹੈ।ਮਜ਼ਦੂਰ ਆਗੂਆਂ ਨੇ ਕਿਹਾ ਕਿ ਸਦੀਆਂ ਤੋਂ ਜਾਤੀ-ਪਾਤੀ ਵਿਤਕਰੇ, ਸਰਕਾਰੀ ਤੇ ਜਾਗੀਰੂ ਜਬਰ ਦੇ ਸਤਾਏ ਬੇਜ਼ਮੀਨੇ ਮਜ਼ਦੂਰ ਅੱਜ ਵੀ ਅੱਤ ਦੀ ਮਹਿੰਗਾਈ, ਇਲਾਜ ਕਰਵਾਉਣ ਤੋਂ ਅਸਮਰੱਥ, ਬੱਚਿਆਂ ਨੂੰ ਉੱਚ ਸਿੱਖਿਆ ਦਿਵਾਉਣ ਅਤੇ ਰੋਜ਼ਾਨਾ ਜੀਵਨ ਲੋੜਾਂ ਪੂਰੀਆਂ ਕਰਨ ਤੋਂ ਅਸਮਰਥ ਹਨ ਅਤੇ ਕਰਜ਼ੇ ਹੇਠ ਦੱਬੇ ਹੋਏ ਹਨ, ਪਰ ਸਰਕਾਰਾਂ ਫੋਕੇ ਦਾਅਵੇ ਕਰਕੇ ਵਿਕਾਸ ਦੇ ਦਮਗਜੇ ਮਾਰ ਕੇ ਮਜ਼ਦੂਰਾਂ ਦੀਆਂ ਵੋਟਾਂ ਬਟੋਰਨ ਦੇ ਆਹਰ ਵਿੱਚ ਲੱਗੀਆਂ ਹੋਈਆਂ ਹਨ।ਉਹਨਾਂ ਕਿਹਾ ਕਿ 5 ਅਗਸਤ ਨੂੰ ਪੰਜਾਬ ਭਰ 'ਚੋਂ ਮਜ਼ਦੂਰ ਆਪਣੇ ਪਰਵਾਰਾਂ ਸਮੇਤ ਰੈਲੀ ਅਤੇ ਮੁਜ਼ਾਹਰੇ ਵਿੱਚ ਸ਼ਾਮਲ ਹੋਣਗੇ।ਮੀਟਿੰਗ ਦੌਰਾਨ ਮੋਦੀ ਸਰਕਾਰ ਵੱਲੋਂ ਭਗਵੇਂਕਰਨ ਤਹਿਤ ਐੱਨ ਸੀ ਈ ਆਰ ਟੀ ਦੇ ਸਿਲੇਬਸ 'ਚ ਰੂਸੀ ਅਤੇ ਫਰਾਂਸੀਸੀ ਕ੍ਰਾਂਤੀ ਦੇ ਅਧਿਆਏ ਹਟਾ ਕੇ ਮਨੂ ਸਿਮਰਤੀ ਨੂੰ ਸ਼ਾਮਲ ਕਰਨ ਦੀ ਜ਼ੋਰਦਾਰ ਨਿੰਦਾ ਕੀਤੀ।ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਸਾਥੀ ਦਰਸ਼ਨ ਨਾਹਰ ਸੂਬਾ ਪ੍ਰਧਾਨ ਦਿਹਾਤੀ ਮਜ਼ਦੂਰ ਸਭਾ, ਬਲਦੇਵ ਨੂਰਪੁਰੀ ਸੂਬਾ ਪ੍ਰੈੱਸ ਸਕੱਤਰ ਦਿਹਾਤੀ ਮਜ਼ਦੂਰ ਸਭਾ ਅਤੇ ਗਿਆਨ ਸੈਦਪੁਰੀ ਸੂਬਾ ਪ੍ਰੈੱਸ ਸਕੱਤਰ ਪੰਜਾਬ ਖੇਤ ਮਜ਼ਦੂਰ ਸਭਾ ਵੀ ਹਾਜ਼ਰ ਸਨ, ਜਦ ਕਿ ਕਿਸੇ ਕਾਰਨ ਮੀਟਿੰਗ 'ਚੋਂ ਗੈਰਹਾਜ਼ਰ ਰਹੇ ਕੁਲ ਹਿੰਦ ਖੇਤ ਮਜ਼ਦੂਰ ਯੂਨੀਅਨ ਦੇ ਸੂਬਾ ਪ੍ਰਧਾਨ ਸਤਪਾਲ ਬਨੂੜ ਅਤੇ ਭੂਪਚੰਦ ਚੰਨੋ ਨੇ ਉਲੀਕੇ ਗਏ ਪ੍ਰੋਗਰਾਮ ਨਾਲ ਸਹਿਮਤੀ ਪ੍ਰਗਟ ਕਰਦਿਆਂ ਜਲੰਧਰ ਰੈਲੀ ਵਿਚ ਭਰਵੀਂ ਸ਼ਮੂਲੀਅਤ ਕਰਨ ਦੀ ਸਹਿਮਤੀ ਦਿੱਤੀ ਹੈ।

## ਇੱਕ ਇੰਚ ਵੀ ਜ਼ਮੀਨ ਜਬਰੀ ਨਹੀਂ ਲੈਣ ਦਿਆਂਗੇ : ਸੰਯੁਕਤ ਕਿਸਾਨ ਮੋਰਚਾ

**ਚੰਡੀਗੜ੍ਹ** : ਸੰਯੁਕਤ ਕਿਸਾਨ ਮੋਰਚਾ ਨੇ ਪੰਜਾਬ ਸਰਕਾਰ ਦੀ ਸੋਧੀ ਹੋਈ ਲੈਂਡ ਪੂਲਿੰਗ ਨੀਤੀ ਖ਼ਿਲਾਫ਼ ਆਰ-ਪਾਰ ਦੀ ਲੜਾਈ ਦਾ ਐਲਾਨ ਕੀਤਾ ਹੈ। ਆਗਾਮੀ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਨਵੀਆਂ ਸੋਧਾਂ ਮਗਰੋਂ ਆਈ ਲੈਂਡ ਪੂਲਿੰਗ ਨੀਤੀ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਚੌਕਸ ਹੋ ਗਈਆਂ ਹਨ। ਸੰਯੁਕਤ ਕਿਸਾਨ ਮੋਰਚਾ ਨੇ 'ਆਪ' ਸਰਕਾਰ ਨੂੰ ਸਖ਼ਤ ਲਹਿਜ਼ੇ 'ਚ ਆਖਿਆ ਕਿ ਪੰਜਾਬ ਦੇ ਕਿਸਾਨ ਦੀ ਮਰਜ਼ੀ ਤੋਂ ਬਿਨਾਂ ਇੱਕ ਇੰਚ ਵੀ ਜ਼ਮੀਨ ਜਬਰੀ ਐਕੁਵਾਇਰ ਨਹੀਂ ਹੋਣ ਦਿਆਂਗੇ। ਮੋਰਚੇ ਨੇ ਕਿਹਾ ਕਿ ਲੈਂਡ ਪੂਲਿੰਗ ਨੀਤੀ 'ਚ ਸੋਧਾਂ ਦੇ ਨਾਂਅ ਹੇਠ ਕਿਸਾਨਾਂ ਨੂੰ ਭਰਮ ਜਾਲ 'ਚ ਫਸਾਉਣ ਦੀ ਕੋਸ਼ਿਸ਼ ਹੋ ਰਹੀ ਹੈ। ਸੰਯੁਕਤ ਕਿਸਾਨ ਮੋਰਚਾ ਤਰਫ਼ੋਂ ਜੋਗਿੰਦਰ ਸਿੰਘ ਉਗਰਾਹਾਂ ਨੇ ਸ਼ੁੱਕਰਵਾਰ ਨੂੰ ਬਿਆਨ ਜਾਰੀ ਕਰਕੇ ਕਿਹਾ ਕਿ ਉਹ ਕਿਸਾਨਾਂ ਦੇ ਪੁਰਖਿਆਂ ਦੀਆਂ ਜ਼ਮੀਨਾਂ ਕਿਸੇ ਵੀ ਕੀਮਤ 'ਤੇ ਕਾਰਪੋਰੇਟ ਘਰਾਣਿਆਂ ਦੇ ਹਵਾਲੇ ਨਹੀਂ ਕਰਨ ਦੇਣਗੇ। ਇਹ ਜ਼ਮੀਨਾਂ ਨਹੀਂ, ਬਲਕਿ ਕਿਸਾਨਾਂ ਦਾ ਖ਼ੂਨ-ਪਸੀਨਾ ਹੈ ਤੇ ਪੁਰਖਿਆਂ ਦੀ ਨਿਸ਼ਾਨੀ ਹੈ। ਮੋਰਚੇ ਨੇ ਕਿਹਾ ਕਿ ਪੰਜਾਬ ਸਰਕਾਰ ਹੁਣ ਕਿਸਾਨਾਂ ਦੀਆਂ ਅੱਖਾਂ 'ਚ ਘੱਟਾ ਪਾਉਣ ਦੀ ਕੋਸ਼ਿਸ਼ ਵਿੱਚ ਹੈ। ਸੋਧਾਂ ਦੇ ਨਾਂਅ ਹੇਠ ਜ਼ਮੀਨ ਬਦਲੇ ਮਿਲਣ ਵਾਲੇ ਰਿਹਾਇਸ਼ੀ ਅਤੇ ਵਪਾਰਕ ਪਲਾਟਾਂ ਦੇ ਖੇਤਰ ਵਿੱਚ ਮਾਮੂਲੀ ਬਦਲਾਅ ਕੀਤੇ ਗਏ ਹਨ।

ਮੋਰਚੇ ਦਾ ਕਹਿਣਾ ਹੈ ਕਿ ਪਹਿਲਾਂ ਕਿਸਾਨਾਂ ਦੇ ਵਿਰੋਧ ਵਜੋਂ ਪੰਜਾਬ ਸਰਕਾਰ ਨੂੰ ਲੈਂਡ ਪੂਲਿੰਗ ਨੀਤੀ ਵਾਪਸ ਲੈਣ ਲਈ ਮਜਬੂਰ ਹੋਣਾ ਪਿਆ ਸੀ। ਹੁਣ ਸਰਕਾਰ ਮੁੜ ਕੁਝ ਵਰਗ ਗਜ਼ਾਂ ਦਾ ਟੁਕੜਾ ਸੁੱਟ ਕੇ ਕਿਸਾਨਾਂ ਦੀਆਂ ਕੀਮਤੀ ਜ਼ਮੀਨਾਂ 'ਤੇ ਕਬਜ਼ਾ ਕਰਨਾ ਚਾਹੁੰਦੀ ਹੈ। ਉਨ੍ਹਾ ਕਿਹਾ ਕਿ ਕਿਸਾਨਾਂ ਦੀਆਂ ਜ਼ਮੀਨਾਂ ਖੋਹਣ ਦੀ ਕਾਰਵਾਈ ਨੂੰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕੀਤਾ ਜਾਵੇਗਾ। ਉਗਰਾਹਾਂ ਨੇ ਕਿਹਾ ਕਿ ਸਰਕਾਰਾਂ ਕਾਰਪੋਰੇਟਾਂ ਦੀਆਂ ਕਠਪੁਤਲੀਆਂ ਹਨ। ਉਨ੍ਹਾ ਕਿਹਾ ਕਿ ਕਾਰਪੋਰੇਟ ਘਰਾਣਿਆਂ ਦੀ ਨਜ਼ਰ ਹੁਣ ਖੇਤੀ ਸੈਕਟਰ 'ਤੇ ਹੈ ਕਿਉਂਕਿ ਇਹ ਘਰਾਣੇ ਖੇਤੀ 'ਚੋਂ ਕਿਸਾਨ ਨੂੰ ਬਾਹਰ ਕਰਕੇ ਸਮੁੱਚਾ ਖੇਤੀ ਸਿਸਟਮ ਦਾ ਕੰਟਰੋਲ ਆਪਣੇ ਹੱਥਾਂ 'ਚ ਲੈਣਾ ਚਾਹੁੰਦੇ ਹਨ। ਉਨ੍ਹਾਂ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਕਾਰਪੋਰੇਟ ਘਰਾਣਿਆਂ ਦੀ ਮਨਸ਼ਾ ਨੂੰ ਪੰਜਾਬ ਦਾ ਕਿਸਾਨ ਕਦੇ ਪੂਰਾ ਨਹੀਂ ਹੋਣ ਦੇਵੇਗਾ। ਉਗਰਾਹਾਂ ਨੇ ਕਿਹਾ ਕਿ ਜ਼ਮੀਨਾਂ ਦੀ ਲੁੱਟ ਖ਼ਿਲਾਫ਼ ਕਿਸਾਨ ਵੱਡਾ ਅੰਦੋਲਨ ਵਿੱਢਣ ਲਈ ਪੂਰੀ ਤਰ੍ਹਾਂ ਤਿਆਰ ਹੈ।

## ਏਕਮ ਢਿੱਲੋਂ ਕਤਲ ਮਾਮਲੇ ਵਿਚ ਪਤਨੀ ਸੀਰਤ ਕੌਰ ਨੂੰ ਉਮਰ ਕੈਦ

**ਚੰਡੀਗੜ੍ਹ** : ਮੁਹਾਲੀ ਵਿਚ 9 ਸਾਲ ਪਹਿਲਾਂ ਬਹੁ ਚਰਚਿਤ ਇਕ ਪਤਨੀ ਵਲੋਂ ਪਤੀ ਦੀ ਹੱਤਿਆ ਕੀਤੇ ਜਾਣ ਦੇ ਮਾਮਲੇ ਵਿਚ ਅਦਾਲਤ ਨੇ ਸ਼ੁੱਕਰਵਾਰ ਫੈਸਲਾ ਸੁਣਾਉਂਦਿਆਂ ਏਕਮ ਢਿੱਲੋਂ ਦੀ ਪਤਨੀ ਸੀਰਤ ਕੌਰ ਨੂੰ ਉਮਰ ਕੈਦ ਦੀ ਸਜ਼ਾ ਸੁਣਾਈ ਹੈ।

ਪੁਲਸ ਨੇ ਦੋਸ਼ ਲਾਇਆ ਸੀ ਕਿ ਸੀਰਤ ਨੇ ਆਪਣੇ ਪਤੀ ਏਕਮ ਢਿੱਲੋਂ ਦੀ ਗੋਲੀ ਮਾਰ ਕੇ ਹੱਤਿਆ ਕਰ ਦਿੱਤੀ ਸੀ। ਘਟਨਾ ਤੋਂ ਬਾਅਦ ਉਸ ਨੇ ਸਬੂਤਾਂ ਨੂੰ ਮਿਟਾਉਣ ਦੀ ਕੋਸ਼ਿਸ਼ ਕੀਤੀ। ਇਹ ਮਾਮਲਾ ਉਸ ਵੇਲੇ ਸਾਹਮਣੇ ਆਇਆ ਜਦੋਂ ਇਕ ਆਟੋ ਰਿਕਸ਼ਾ ਚਾਲਕ ਨੇ ਖੁਲਾਸਾ ਕੀਤਾ ਕਿ ਸੀਰਤ ਕੌਰ ਨੇ ਉਸ ਕੋਲੋਂ ਵੱਡਾ ਸੂਟਕੇਸ ਹੇਠਾਂ ਲਿਜਾਣ ਵਿਚ ਮਦਦ ਮੰਗੀ ਸੀ।

ਏਕਮ ਸਿੰਘ ਢਿੱਲੋਂ ਦੀ ਲਾਸ਼ ਉਸ ਦੀ ਬੀ ਐਮ ਡਬਲਿਊ ਕਾਰ ਦੀ ਪਿਛਲੀ ਸੀਟ 'ਤੇ ਪਏ ਇੱਕ ਸੂਟਕੇਸ ਵਿੱਚੋਂ ਮਿਲੀ ਸੀ।

## ਮਜ਼ਦੂਰੀ ਦੇ ਮਿਆਰ ਤੋਂ ਉੱਪਰ ਹੈ ਘਰੇਲੂ ਔਰਤ ਦਾ ਯੋਗਦਾਨ : ਹਾਈ ਕੋਰਟ

**ਚੰਡੀਗੜ੍ਹ (ਨ ਜ਼ ਸ)**

ਇਹ ਨਿਰੀਖਣ ਕਰਦੇ ਹੋਏ ਕਿ ਮੋਟਰ ਦੁਰਘਟਨਾ ਦੇ ਮੁਆਵਜ਼ੇ ਦੇ ਮਾਮਲਿਆਂ ਵਿੱਚ ਇੱਕ ਘਰੇਲੂ ਔਰਤ ਦੀ ਕਾਲਪਨਿਕ ਆਮਦਨ ਵਿੱਚ ਉਸ ਵੱਲੋਂ ਪਰਵਾਰ ਲਈ ਕੀਤੀਆਂ ਗਈਆਂ ਕਈ ਤਰ੍ਹਾਂ ਦੀਆਂ ਸੇਵਾਵਾਂ ਨੂੰ ਧਿਆਨ ਵਿੱਚ ਰੱਖਣਾ ਚਾਹੀਦਾ ਹੈ, ਪੰਜਾਬ ਅਤੇ ਹਰਿਆਣਾ ਹਾਈ ਕੋਰਟ ਨੇ ਫੈਸਲਾ ਦਿੱਤਾ ਹੈ ਕਿ ਇਸ ਦਾ ਮੁਲਾਂਕਣ ਸਿਰਫ਼ ਇੱਕ ਅਣਸਿੱਖਿਅਤ ਮਜ਼ਦੂਰ ਨੂੰ ਦਿੱਤੀ ਜਾਣ ਵਾਲੀ ਘੱਟੋ-ਘੱਟ ਉਜਰਤ ਦੇ ਆਧਾਰ 'ਤੇ ਨਹੀਂ ਕੀਤਾ ਜਾ ਸਕਦਾ। ਅਦਾਲਤ ਨੇ ਕਿਹਾ ਕਿ ਮੁਲਾਂਕਣ ਵਿੱਚ ਇੱਕ ਘਰੇਲੂ ਔਰਤ ਦੁਆਰਾ ਕੀਤੀਆਂ ਸੇਵਾਵਾਂ ਨਾਲ ਹੋਣ ਵਾਲੀ ਬੱਚਤ ਅਤੇ ਉਸ ਦੁਆਰਾ ਆਪਣੇ ਪਰਵਾਰ ਨੂੰ ਦਿੱਤੇ ਜਾਣ ਵਾਲੇ ਅਨਮੋਲ ਭਾਵਨਾਤਮਕ ਸਮਰਥਨ ਨੂੰ ਵੀ ਸ਼ਾਮਲ ਕਰਨਾ ਚਾਹੀਦਾ ਹੈ। ਜਸਟਿਸ ਹਰਕੇਸ਼ ਮਨੂਜਾ ਨੇ 11 ਅਪਰੈਲ, 2022 ਨੂੰ ਕਰਨਾਲ ਵਿੱਚ ਵਾਪਰੇ ਮੋਟਰ ਵਾਹਨ ਹਾਦਸੇ ਤੋਂ ਪੈਦਾ ਹੋਈਆਂ ਅਪੀਲਾਂ ਦੇ ਇੱਕ ਸਮੂਹ ਨੂੰ ਪ੍ਰਵਾਨ ਕਰਦੇ ਹੋਏ ਇਹ ਟਿੱਪਣੀਆਂ ਕੀਤੀਆਂ ਕਿਉਂਕਿ ਅਦਾਲਤ ਦੇ ਸਾਹਮਣੇ ਇੱਕੋ-ਇੱਕ ਮੁੱਦਾ ਮੋਟਰ ਐਕਸੀਡੈਂਟ ਕਲੇਮ ਟ੍ਰਿਬਿਊਨਲ ਦੁਆਰਾ ਦਿੱਤੇ ਗਏ ਮੁਆਵਜ਼ੇ ਦੀ ਰਕਮ ਤੱਕ ਸੀਮਤ ਸੀ, ਹਾਈ ਕੋਰਟ ਨੇ ਵਧਾਈ ਗਈ ਰਕਮ ਨੂੰ 14,79,284 ਰੁਪਏ ਵਜੋਂ ਦੁਬਾਰਾ ਮੁਲਾਂਕਣ ਕੀਤਾ। ਹਾਈ ਕੋਰਟ ਦੇ ਸਾਹਮਣੇ ਅਪੀਲਕਰਤਾਵਾਂ ਦੇ ਵਕੀਲ ਨੇ ਦਲੀਲ ਦਿੱਤੀ ਕਿ ਟ੍ਰਿਬਿਊਨਲ ਨੇ ਪੀੜਤ ਦੀ ਆਮਦਨ ਦਾ ਮੁਲਾਂਕਣ ਇੱਕ ਅਣਸਿੱਖਿਅਤ ਮਜ਼ਦੂਰ 'ਤੇ ਲਾਗੂ ਘੱਟੋ-ਘੱਟ ਉਜਰਤਾਂ ਦੇ ਆਧਾਰ 'ਤੇ ਕੀਤਾ ਸੀ, ਭਾਵੇਂ ਕਿ ਇਸ ਗੱਲ ਦੇ ਅਟੱਲ ਸਬੂਤ ਸਨ ਕਿ ਸੰਬੰਧਤ ਪੀੜਤ ਅਤੇ ਇੱਕ ਹੋਰ ਵਿਅਕਤੀ ਲਾਭਕਾਰੀ ਕਿੱਤਿਆਂ ਵਿੱਚ ਰੁੱਝੇ ਹੋਏ ਸਨ। ਇਹ ਪੇਸ਼ ਕੀਤਾ ਗਿਆ ਕਿ ਪੀੜਤ ਇੱਕ ਦੁੱਧ ਦੀ ਡੇਅਰੀ ਚਲਾਉਣ ਤੋਂ ਇਲਾਵਾ ਦਰਜ਼ੀ ਦਾ ਕੰਮ ਕਰਕੇ 40,000 ਰੁਪਏ ਪ੍ਰਤੀ ਮਹੀਨਾ ਕਮਾ ਰਹੀ ਸੀ। ਜਸਟਿਸ ਮਨੂਜਾ ਨੇ ਨੋਟ ਕੀਤਾ ਕਿ ਟ੍ਰਿਬਿਊਨਲ ਨੇ ਦਸਤਾਵੇਜ਼ੀ ਸਬੂਤਾਂ ਦੀ ਅਣਹੋਂਦ ਵਿੱਚ ਮ੍ਰਿਤਕ ਦੀ ਆਮਦਨ ਦਾ ਮੁਲਾਂਕਣ ਕਾਲਪਨਿਕ ਆਧਾਰ 'ਤੇ 9,803 ਰੁਪਏ ਪ੍ਰਤੀ ਮਹੀਨਾ ਕੀਤਾ ਸੀ। ਦਾਅਵੇਦਾਰਾਂ ਨੇ ਦਲੀਲ ਦਿੱਤੀ ਸੀ ਕਿ ਪੀੜਤ 40,000 ਰੁਪਏ ਪ੍ਰਤੀ ਮਹੀਨਾ ਕਮਾ ਰਹੀ ਸੀ, ਪਰ ਦਾਅਵੇ ਨੂੰ ਸਾਬਤ ਕਰਨ ਲਈ ਕੋਈ ਦਸਤਾਵੇਜ਼ੀ ਸਬੂਤ ਜਿਵੇਂ ਕਿ ਲੇਜ਼ਰ ਖਾਤੇ ਜਾਂ ਆਮਦਨ ਟੈਕਸ ਰਿਕਾਰਡ 'ਤੇ ਨਹੀਂ ਰੱਖੇ ਗਏ ਸਨ। ਇਸ ਤਰ੍ਹਾਂ ਦਾਅਵਾ ਕੀਤੀ ਗਈ ਆਮਦਨ ਨੂੰ ਇਸ ਦੇ ਅਸਲੀ ਮੁੱਲ 'ਤੇ ਸਵੀਕਾਰ ਨਹੀਂ ਕੀਤਾ ਜਾ ਸਕਦਾ ਸੀ। ਇਸ ਦੇ ਨਾਲ ਹੀ, ਜਸਟਿਸ ਮਨੂਜਾ ਨੇ ਕਿਹਾ ਕਿ ਇੱਕ ਘਰੇਲੂ ਔਰਤ ਦੀ ਕਾਲਪਨਿਕ ਆਮਦਨ ਉਸ ਦੁਆਰਾ ਕੀਤੀਆਂ ਗਈਆਂ ਕਈ ਤਰ੍ਹਾਂ ਦੀਆਂ ਸੇਵਾਵਾਂ ਨੂੰ ਧਿਆਨ ਵਿੱਚ ਰੱਖਦੇ ਹੋਏ ਵਿਚਾਰਿਆ ਜਾਣਾ ਚਾਹੀਦਾ ਹੈ; ਰਸੋਈਏ ਦੀ ਸੇਵਾ, ਨੌਕਰਾਣੀ ਦੀ ਸੇਵਾ, ਘਰ ਦੀ ਦੇਖਭਾਲ ਦੇ ਖਰਚੇ ਅਤੇ ਇਹਨਾਂ ਸਾਰੀਆਂ ਸੇਵਾਵਾਂ ਕਾਰਨ ਹੋਣ ਵਾਲੀ ਬੱਚਤ ਨੂੰ ਧਿਆਨ ਵਿੱਚ ਰੱਖਦੇ ਹੋਏ। ਬੈਂਚ ਨੇ ਅੱਗੇ ਕਿਹਾ ਕਿ ਇੱਕ ਘਰੇਲੂ ਔਰਤ ਦੁਆਰਾ ਆਪਣੇ ਪਤੀ, ਬੱਚਿਆਂ ਅਤੇ ਸਹੁਰਿਆਂ ਨੂੰ ਦਿੱਤਾ ਗਿਆ ਅਨਮੋਲ ਭਾਵਨਾਤਮਕ ਸਮਰਥਨ ਅਤੇ ਯੋਗਦਾਨ ਦਾ ਮੁਲਾਂਕਣ ਪੈਸੇ ਦੇ ਰੂਪ ਵਿੱਚ ਨਹੀਂ ਕੀਤਾ ਜਾ ਸਕਦਾ। ਮ੍ਰਿਤਕ ਦੀ ਇੱਕ ਘਰੇਲੂ ਔਰਤ-ਸਹਿ-ਦਰਜ਼ੀ ਵਜੋਂ ਕਾਲਪਨਿਕ ਆਮਦਨ ਨੂੰ 15,000 ਰੁਪਏ ਪ੍ਰਤੀ ਮਹੀਨਾ ਤੋਂ ਘੱਟ ਨਹੀਂ ਮੰਨਿਆ ਜਾ ਸਕਦਾ।

## ਸਮਾਰਟ ਫੋਨ ਐਪ ਨਾਲ ਈ-ਰਿਕਸ਼ਾ ਬੰਦ



**ਨਵੀਂ ਦਿੱਲੀ** : ਆਨਲਾਈਨ ਘੁੰਮ ਰਹੇ ਵੀਡੀਓਜ਼ ਵਿੱਚ ਦਿਖਾਇਆ ਗਿਆ ਹੈ ਕਿ ਲੋਕ ਸਮਾਰਟ ਫੋਨ ਐਪ ਰਾਹੀਂ ਨੇੜਲੇ ਈ-ਰਿਕਸ਼ਾ ਨੂੰ ਬੰਦ ਕਰ ਦਿੰਦੇ ਹਨ ਜਿਸ ਨਾਲ ਡਰਾਈਵਰ ਅਤੇ ਯਾਤਰੀਆਂ ਦੀ ਪ੍ਰੇਸ਼ਾਨੀ ਦਾ ਕੋਈ ਅੰਤ ਨਹੀਂ ਰਹਿੰਦਾ। ਡਰਾਈਵਰ ਬੇਵੱਸ ਹੋ ਜਾਂਦਾ ਹੈ ਜਦ ਕਿ ਇਸ ਦਾ ਮਕੈਨੀਕਲ ਅਸਫਲਤਾ ਨਾਲ ਕੋਈ ਲੈਣਾ-ਦੇਣਾ ਨਹੀਂ ਹੈ। ਐਪ ਬੀ ਏ ਟੀ-ਬੀ ਐਮ ਐਸ ਮਕੈਨਿਕਾਂ ਨੂੰ ਲਿਥੀਅਮ ਬੈਟਰੀ ਸਿਹਤ ਦੀ ਨਿਗਰਾਨੀ ਕਰਨ ਵਿੱਚ ਮਦਦ ਕਰਨ ਲਈ ਤਿਆਰ ਕੀਤਾ ਗਿਆ ਸੀ। ਇਸ ਵਿੱਚ ਇੱਕ ਬਲੂਟੁੱਥ ਵਿਸ਼ੇਸ਼ਤਾ ਵੀ ਸ਼ਾਮਲ ਹੈ ਜੋ ਬੈਟਰੀ ਦੇ ਡਿਸਚਾਰਜ ਨੂੰ ਦੂਰ ਤੋਂ ਕੱਟ ਸਕਦੀ ਹੈ। ਭਾਰਤ ਵਿੱਚ ਬਹੁਤ ਸਾਰੇ ਈ-ਰਿਕਸ਼ਾ ਅਤੇ ਸਕੂਟਰ ਪਾਸਵਰਡ ਸੁਰੱਖਿਆ ਤੋਂ ਬਿਨਾਂ ਇਹਨਾਂ ਬੈਟਰੀਆਂ ਦੀ ਵਰਤੋਂ ਕਰਦੇ ਹਨ, ਜਿਸ ਨਾਲ 10 ਤੋਂ 15 ਮੀਟਰ ਦੇ ਅੰਦਰ ਕੋਈ ਵੀ ਵਿਅਕਤੀ ਸਵਿੱਚ ਨੂੰ ਬੰਦ ਕਰ ਸਕਦਾ ਹੈ ਜਿਸ ਨਾਲ ਵਾਹਨ ਤੁਰੰਤ ਰੁਕ ਜਾਂਦਾ ਹੈ। ਪ੍ਰੇਸ਼ਾਨੀ ਦੇ ਆਲਮ ਵਿਚ ਡਰਾਈਵਰ ਈ ਰਿਕਸ਼ਾ ਨੂੰ ਮਕੈਨਿਕ ਕੋਲ ਲੈ ਕੇ ਜਾਂਦਾ ਹੈ। ਅਜੇ ਕੋਈ ਅਧਿਕਾਰਤ ਅੰਦਾਜ਼ਾ ਨਹੀਂ ਹੈ ਕਿ ਕਿੰਨੇ ਡਰਾਈਵਰ ਪ੍ਰਭਾਵਿਤ ਹੋਏ ਹਨ ਅਤੇ ਵਾਇਰਲ ਵੀਡੀਓਜ਼ ਨੂੰ ਸੁਤੰਤਰ ਤੌਰ 'ਤੇ ਪ੍ਰਮਾਣਿਤ ਨਹੀਂ ਕੀਤਾ ਗਿਆ ਹੈ।

## ਅਗਾਮੀ ਚੋਣਾਂ 'ਚ ਕਾਂਗਰਸ ਬਹੁਮਤ ਨਾਲ ਸਰਕਾਰ ਬਣਾਏਗੀ : ਸਮਸ਼ਪੁਰ



**ਸਨੌਰ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਜਿਵੇਂ ਜਿਵੇਂ ਵਿਧਾਨ ਸਭਾ ਦੀਆਂ ਚੋਣਾਂ ਨੇੜੇ ਆ ਰਹੀਆਂ ਹਨ, ਸਾਰੀਆਂ ਰਾਜਨੀਤਕ ਪਾਰਟੀਆਂ ਦੇ ਆਗੂਆਂ ਵੱਲੋਂ ਆਪਣੀਆਂ ਚੋਣ ਸਰਗਰਮੀਆਂ ਤੇਜ਼ ਕਰ ਦਿੱਤੀਆਂ ਗਈਆਂ ਹਨ। ਪੰਜਾਬ 'ਚ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੀਆਂ ਉਮੀਦਾਂ 'ਤੇ ਖਰੀ ਨਹੀਂ ਉੱਤਰ ਰਹੀ।ਨਸ਼ਿਆਂ, ਬੇਰੋਜ਼ਗਾਰੀ ਤੇ ਮਹਿੰਗਾਈ ਵਰਗੇ ਮੁੱਦਿਆਂ 'ਤੇ ਸਰਕਾਰ ਪੂਰੀ ਤਰ੍ਹਾਂ ਫੇਲ ਸਾਬਿਤ ਹੋਈ ਹੈ।ਕਿਸਾਨ, ਮੁਲਾਜ਼ਮ, ਵਪਾਰੀ ਤੇ ਹਰ ਵਰਗ ਸਰਕਾਰ ਦੀਆਂ ਨੀਤੀਆਂ ਤੋਂ ਦੁਖੀ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਜ਼ਿਲ੍ਹਾ ਮੀਤ ਪ੍ਰਧਾਨ ਤੇ ਪੰਜਾਬ ਸਟੇਟ ਕੋਆਪ੍ਰੇਟਿਵ ਬੈਂਕ ਲਿਮਟਿਡ ਦੇ ਡਾਇਰੈਕਟਰ ਬਲਿਹਾਰ ਸਿੰਘ ਸਮਸ਼ਪੁਰ ਨੇ ਸਨੌਰ ਹਲਕੇ ਦੇ ਪਿੰਡ ਸ਼ੇਖਪੁਰ ਜਗੀਰ, ਤਾਜਲਪੁਰ, ਸਿਕੱਪੜਾ ਸਮੇਤ ਹਲਕਾ ਸਨੌਰ ਦੇ ਵੱਖ-ਵੱਖ ਪਿੰਡਾਂ ਦਾ ਦੌਰਾ ਕਰਨ ਸਮੇਂ ਕਾਂਗਰਸੀ ਵਰਕਰਾਂ ਨਾਲ ਗੱਲਬਾਤ ਕਰਦਿਆਂ ਕੀਤਾ।ਉਨ੍ਹਾਂ ਕਿਹਾ ਕਿ 2027 'ਚ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਪਾਰਟੀ ਸਪੱਸ਼ਟ ਬਹੁਮਤ ਨਾਲ ਪੰਜਾਬ 'ਚ ਸਰਕਾਰ ਬਣਾਏਗੀ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਹੁਣ ਕਾਂਗਰਸ ਪਾਰਟੀ ਵੱਲ ਉਮੀਦ ਭਰੀਆਂ ਨਜ਼ਰਾਂ ਨਾਲ ਦੇਖ ਰਹੇ ਹਨ।ਸਮਸ਼ਪੁਰ ਨੇ ਵਰਕਰਾਂ ਨੂੰ ਸੱਦਾ ਦਿੰਦਿਆਂ ਕਿਹਾ ਕਿ ਹੁਣ ਸਮਾਂ ਆ ਗਿਆ ਹੈ ਕਿ ਘਰ-ਘਰ ਜਾ ਕੇ ਕਾਂਗਰਸ ਦੀਆਂ ਨੀਤੀਆਂ ਤੇ ਕੀਤੇ ਕੰਮਾਂ ਨੂੰ ਲੋਕਾਂ ਤੱਕ ਪਹੁੰਚਾਇਆ ਜਾਵੇ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਪੰਜਾਬ ਦੀ ਜਨਤਾ 2027 ਦੀਆਂ ਚੋਣਾਂ 'ਚ ਕਾਂਗਰਸ ਨੂੰ ਵੱਡਾ ਫ਼ਤਵਾ ਦੇ ਕੇ ਸੇਵਾ ਦਾ ਮੌਕਾ ਜ਼ਰੂਰ ਦੇਵੇਗੀ।ਇਸ ਮੌਕੇ ਵੱਡੀ ਗਿਣਤੀ 'ਚ ਕਾਂਗਰਸ ਪਾਰਟੀ ਦੇ ਵਰਕਰ ਤੇ ਆਗੂ ਹਾਜ਼ਰ ਸਨ।

## ਛੀਨੀਵਾਲ ਕਲਾਂ ਵਿਖੇ ਗੁਰਬਾਣੀ ਸ਼ੁੱਧ ਪਾਠ ਬੋਧ ਸਮਾਗਮ ਕਰਵਾਇਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਗੁਰਦੁਆਰਾ ਜੰਡਸਰ ਸਾਹਿਬ ਛੀਨੀਵਾਲ ਕਲਾਂ ਵਿਖੇ ਧਾਰਮਿਕ ਸ਼ਖਸੀਅਤ ਗਿਆਨੀ ਹਰਭਜਨ ਸਿੰਘ ਢੁੱਡੀਕੇ ਵਾਲਿਆਂ ਦੀ ਪ੍ਰੇਰਨਾ ਸਦਕਾ ਭਾਈ ਪ੍ਰਗਟ ਸਿੰਘ ਮਨੀਲਾ ਵਾਲਿਆਂ ਦੀ ਅਗਵਾਈ ਹੇਠ ਗੁਰਬਾਣੀ ਸ਼ੁੱਧ ਉਚਾਰਨ ਸਮਾਗਮ ਗੁਰਦੁਆਰਾ ਜੰਡਸਰ ਸਾਹਿਬ ਛੀਨੀਵਾਲ ਕਲਾਂ ਵਿਖੇ ਸੰਪੂਰਨ ਹੋਇਆ।ਇਸ ਮੌਕੇ ਸੰਤ ਗਿਆਨੀ ਹਰਭਜਨ ਸਿੰਘ, ਸੰਤ ਬਾਬਾ ਭਗਵਾਨ ਸਿੰਘ ਟੱਲੇਵਾਲ, ਗਿਆਨੀ ਜੱਸਾ ਸਿੰਘ ਕੁੰਡਲ, ਗਿਆਨੀ ਜਗਦੀਪ ਸਿੰਘ, ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਗਿਆਨੀ ਹਰਦੀਪ ਸਿੰਘ, ਬਾਬਾ ਭੁਪਿੰਦਰ ਸਿੰਘ ਟੱਲੇਵਾਲ, ਸੰਤ ਬਾਬਾ ਪ੍ਰਦੀਪ ਸਿੰਘ ਗਊਸ਼ਾਲਾ ਬੱਧਨੀ ਨੇ ਸਮੂਹ ਸੰਗਤਾਂ ਨੂੰ ਗੁਰੂ ਸਾਹਿਬਾਨ ਦੀ ਸਿੱਖਿਆ ਅਨੁਸਾਰ ਸ੍ਰੀ ਗੁਰੂ ਗਰੰਥ ਸਾਹਿਬ ਜੀ ਨਾਲ ਜੁੜਨ ਦੀ ਅਪੀਲ ਕਰਦਿਆਂ ਕਿਹਾ ਕਿ ਅੱਜ ਦੇ ਦੌਰ ਵਿੱਚ ਨੌਜਵਾਨ ਵਰਗ ਨੂੰ ਗੁਰਮਤਿ ਨਾਲ ਜੋੜਨਾ ਸਮੇਂ ਦੀ ਮੁੱਖ ਲੋੜ ਹੈ।ਉਨ੍ਹਾਂ ਸੰਗਤਾਂ ਨੂੰ ਆਪਣੇ ਨਿੱਕੀ ਉਮਰ ਦੇ ਬੱਚਿਆਂ ਤੇ ਪਰਵਾਰਾਂ ਸਮੇਤ ਅੰਮ੍ਰਿਤਪਾਨ ਕਰਕੇ ਗੁਰਸਿੱਖੀ ਜੀਵਨ ਧਾਰਨ ਕਰਨ ਦੀ ਅਪੀਲ ਕੀਤੀ।ਇਸ ਮੌਕੇ ਜਥੇਦਾਰ ਗੁਰਮੇਲ ਸਿੰਘ ਛੀਨੀਵਾਲ, ਭਾਈ ਬਲੌਰ ਸਿੰਘ ਛੀਨੀਵਾਲ, ਗ੍ਰੰਥੀ ਚਮਕੌਰ ਸਿੰਘ, ਗ੍ਰੰਥੀ ਹਰਭਜਨ ਸਿੰਘ, ਗ੍ਰੰਥੀ ਸਰਬਜੀਤ ਸਿੰਘ, ਗ੍ਰੰਥੀ ਮਨਜੀਤ ਸਿੰਘ, ਬਾਬਾ ਪਿਆਰਾ ਸਿੰਘ ਬਰਨਾਲਾ, ਬਾਬਾ ਸੰਤ ਸਿੰਘ ਛੀਨੀਵਾਲ, ਬਾਬਾ ਦਰਸ਼ਨ ਦਾਸ, ਭਾਈ ਹਰਦੇਵ ਸਿੰਘ ਮੀਰੀ ਪੀਰੀ ਗਤਕਾ ਅਖਾੜਾ, ਗਿਆਨੀ ਸੁਖਵਿੰਦਰ ਸਿੰਘ ਸਹਿਜੜਾ ਆਦਿ ਹਾਜ਼ਰ ਸਨ।ਇਸ ਮੌਕੇ ਤਖ਼ਤ ਸ੍ਰੀ ਦਮਦਮਾ ਸਾਹਿਬ ਤੋਂ ਵਿਸ਼ੇਸ਼ ਤੌਰ 'ਤੇ ਪਹੁੰਚੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਅੰਮ੍ਰਿਤ ਸੰਚਾਰ ਕਰਵਾਇਆ ਗਿਆ। ਕਮੇਟੀ ਪ੍ਰਧਾਨ ਬਲਦੇਵ ਸਿੰਘ, ਖਜ਼ਾਨਚੀ ਬਲਵੰਤ ਸਿੰਘ, ਜਸਵੰਤ ਸਿੰਘ, ਜੱਗਾ ਸਿੰਘ, ਹੈੱਡ ਗਰੰਥੀ ਬਾਬਾ ਪ੍ਰੀਤਮ ਸਿੰਘ ਛੀਨੀਵਾਲ ਦੀ ਅਗਵਾਈ ਹੇਠ ਪੰਜ ਪਿਆਰੇ ਸਾਹਿਬਾਨ, ਸੰਤ ਮਹਾਂਪੁਰਸ਼ਾਂ, ਵੱਖ-ਵੱਖ ਸ਼ਖਸੀਅਤਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।

## ਸਫਾ 1 ਦੇ ਬਾਕੀ...

### ਡੀ ਐੱਸ ਪੀ ਕੋਲੋਂ 200...

ਤੇਲਾਪੁਰ ਵਿੱਚ ਦੋ ਰਿਹਾਇਸ਼ੀ ਫਲੈਟ, ਨਾਗੋਲੇ, ਪਤਨਚੇਰੂ ਅਤੇ ਪ੍ਰਗਤੀ ਰਿਜ਼ੋਰਟ ਵਿੱਚ ਕਈ ਖੁੱਲ੍ਹੇ ਪਲਾਟ, ਮਨੀਕੋਂਡਾ ਵਿੱਚ ਵਪਾਰਕ ਜਾਇਦਾਦਾਂ, ਸੰਗਾਰੇਡੀ, ਵਿਕਾਰਾਬਾਦ ਤੇ ਕਰਨਾਟਕ ਵਿੱਚ ਖੇਤੀਬਾੜੀ ਜ਼ਮੀਨ ਅਤੇ ਇੱਕ ਰੇਤ ਮਾਈਨਿੰਗ ਕੰਪਨੀ ਵਿੱਚ 75 ਲੱਖ ਦਾ ਨਿਵੇਸ਼ ਸ਼ਾਮਲ ਹੈ। ਏ ਸੀ ਬੀ ਦੇ ਅਨੁਸਾਰ ਤਲਾਸ਼ੀ ਦੌਰਾਨ ਅਧਿਕਾਰੀ ਦੇ ਘਰ ਤੋਂ ਲੱਗਭੱਗ 3.6 ਲੱਖ ਅਤੇ ਉਸ ਦੇ ਕਥਿਤ ਬੇਨਾਮੀਦਾਰ ਦੇ ਘਰ ਤੋਂ 40 ਲੱਖ ਦੀ ਨਕਦੀ ਵੀ ਬਰਾਮਦ ਹੋਈ। ਅਧਿਕਾਰੀਆਂ ਨੇ ਲੱਗਭੱਗ ਦੋ ਕਿਲੋ ਸੋਨੇ ਦੇ ਗਹਿਣੇ, ਲੱਗਭੱਗ 20 ਕਿਲੋ ਚਾਂਦੀ ਦੇ ਸਾਮਾਨ ਅਤੇ ਕੁੱਲ ਲੱਗਭੱਗ 19.91 ਲੱਖ ਦੇ ਬੈਂਕ ਬੈਲੇਂਸ ਵੀ ਜ਼ਬਤ ਕੀਤੇ। ਏ ਸੀ ਬੀ ਨੇ ਕਿਹਾ ਕਿ ਅਚੱਲ ਜਾਇਦਾਦਾਂ ਦਾ ਬਾਜ਼ਾਰ ਮੁੱਲ ਉਨ੍ਹਾਂ ਦੇ ਦਸਤਾਵੇਜ਼ੀ ਮੁੱਲ ਨਾਲੋਂ ਕਾਫ਼ੀ ਜ਼ਿਆਦਾ ਹੋਣ ਦੀ ਸੰਭਾਵਨਾ ਹੈ। ਘਰ ਦੀ ਤਲਾਸ਼ੀ ਦੌਰਾਨ 23 ਵਿਦੇਸ਼ੀ ਸ਼ਰਾਬ ਦੀਆਂ ਬੋਤਲਾਂ ਵੀ ਮਿਲੀਆਂ।

### ਕਾਂਗਰਸੀਆਂ 'ਚ ...

ਵਿਧਾਇਕ ਭਾਰਤ ਭੂਸ਼ਣ ਆਸ਼ੂ ਸਾਬਕਾ ਮੰਤਰੀ, ਗੁਰਪ੍ਰੀਤ ਸਿੰਘ ਕਾਂਗੜ ਸਾਬਕਾ ਮੰਤਰੀ, ਓ ਪੀ ਸੋਨੀ ਸਾਬਕਾ ਡਿਪਟੀ ਮੁੱਖ ਮੰਤਰੀ, ਗੁਰਕੀਰਤ ਸਿੰਘ ਕੋਟਲੀ ਸਾਬਕਾ ਮੰਤਰੀ, ਸਾਬਕਾ ਵਿਧਾਇਕ ਪਾਇਲ ਲਖਬੀਰ ਸਿੰਘ ਲੱਖਾ, ਸਾਬਕਾ ਵਿਧਾਇਕ ਕੁਸ਼ਲਦੀਪ ਸਿੰਘ ਢਿੱਲੋਂ, ਸਾਬਕਾ ਵਿਧਾਇਕ ਅਜੀਤ ਇੰਦਰ ਸਿੰਘ ਮੋਫਰ, ਸਾਬਕਾ ਵਿਧਾਇਕ ਇੰਦਰਵੀਰ ਸਿੰਘ ਬੁਲਾਰੀਆ ਸਾਬਕਾ ਵਿਧਾਇਕ ਮਦਨ ਲਾਲ ਜਲਾਲਪੁਰ, ਸਾਬਕਾ ਵਿਧਾਇਕ ਰਮਨਜੀਤ ਸਿੰਘ ਸਿੱਕੀ, ਸਾਬਕਾ ਵਿਧਾਇਕ ਸੁਖਪਾਲ ਸਿੰਘ ਭੁੱਲਰ, ਸਾਬਕਾ ਵਿਧਾਇਕ ਹਰਮਿੰਦਰ ਸਿੰਘ ਗਿੱਲ, ਸਾਬਕਾ ਵਿਧਾਇਕ ਦਵਿੰਦਰ ਸਿੰਘ, ਸਾਬਕਾ ਵਿਧਾਇਕ ਪਿਰਮਲ ਸਿੰਘ ਧੌਲਾ, ਸਾਬਕਾ ਵਿਧਾਇਕ ਨਾਜਰ ਸਿੰਘ ਮਾਨਸਾਹੀਆ, ਸਾਬਕਾ ਵਿਧਾਇਕ ਹਰਪ੍ਰਤਾਪ ਸਿੰਘ ਅਜਨਾਲਾ, ਸਾਬਕਾ ਵਿਧਾਇਕ ਤਰਸੇਮ ਸਿੰਘ ਡੀ ਸੀ, ਸਾਬਕਾ ਵਿਧਾਇਕ ਦਰਸ਼ਨ ਸਿੰਘ ਬਰਾੜ, ਸਾਬਕਾ ਵਿਧਾਇਕ ਜੋਗਿੰਦਰ ਪਾਲ ਸਿੰਘ, ਸਾਬਕਾ ਵਿਧਾਇਕ ਧੂਰੀ ਦਲਵੀਰ ਸਿੰਘ ਗੋਲਡੀ, ਸਾਬਕਾ ਲੋਕ ਸਭਾ ਮੈਂਬਰ ਮੁਹੰਮਦ ਸਦੀਕ, ਸਾਬਕਾ ਵਿਧਾਇਕ ਅੰਗਤ ਸੈਣੀ, ਸਾਬਕਾ ਵਿਧਾਇਕ ਜਸਵਿੰਦਰ ਧੀਮਾਨ ਸਪੁੱਤਰ ਸੁਰਜੀਤ ਧੀਮਾਨ ਸਾਬਕਾ ਵਿਧਾਇਕ, ਐਨ ਐਸ ਯੂ ਆਈ ਪੰਜਾਬ ਦੇ ਪ੍ਰਧਾਨ ਈਸ਼ਰਪ੍ਰੀਤ ਸਿੰਘ ਸਿੱਧੂ, ਸੁਰਿੰਦਰ ਸਿੰਘ ਕਰਤਾਰਪੁਰ, ਹਲਕਾ ਇੰਚਾਰਜ ਦਰਸ਼ਨ ਸਿੰਘ ਜੇਤੋਂ, ਭਗਵੰਤ ਪਾਲ, ਸੁਮਿਤ ਸਿੰਘ ਹਲਕਾ ਇੰਚਾਰਜ ਅਮਰਗੜ੍ਹ , ਨਵਜੋਤ ਸਿੰਘ ਹਲਕਾ ਇੰਚਾਰਜ ਨਕੋਦਰ, ਸੁਰਿੰਦਰ ਸਿੰਘ ਇੰਚਾਰਜ ਕਰਤਾਰਪੁਰ ,ਬਲਕੌਰ ਸਿੰਘ ਸਿੱਧੂ ਮੂਸੇ ਵਾਲਾ, ਵਿਕਰਮ ਬਾਜਵਾ ਹਲਕਾ ਇੰਚਾਰਜ ਸਾਹਨੇਵਾਲ, ਵਰਿੰਦਰ ਸਿੰਘ ਢਿੱਲੋਂ ਸਾਬਕਾ ਪ੍ਰਧਾਨ ਪੰਜਾਬ ਯੂਥ ਕਾਂਗਰਸ, ਰਾਹੁਲ ਇੰਦਰ ਸਿੰਘ ਸਪੁੱਤਰ ਸਾਬਕਾ ਮੁੱਖ ਮੰਤਰੀ ਰਜਿੰਦਰ ਕੌਰ ਭੱਠਲ ਸਹਿਤ ਵੱਡੀ ਗਿਣਤੀ ਵਿੱਚ ਕਾਂਗਰਸ ਪਾਰਟੀ ਦੇ ਆਗੂਆਂ ਨੇ ਸ਼ਮੂਲੀਅਤ ਕੀਤੀ। ਹੋਰਨਾਂ ਤੋਂ ਇਲਾਵਾ ਪੰਨਗ੍ਰੇਨ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਜ਼ਿਲ੍ਹਾ ਕਾਂਗਰਸ ਕਮੇਟੀ ਰੂਪਨਗਰ ਦੇ ਮੀਤ ਪ੍ਰਧਾਨ ਹਰਮਿੰਦਰ ਸਿੰਘ ਲੱਕੀ, ਜ਼ਿਲ੍ਹਾ ਪ੍ਰੀਸ਼ਦ ਰੂਪਨਗਰ ਦੇ ਮੈਂਬਰ ਨਰਿੰਦਰ ਸਿੰਘ ਮਾਵੀ ਅਤੇ ਗੁਰਵਿੰਦਰ ਸਿੰਘ ਕਕਰਾਲੀ, ਨਗਰ ਕੌਂਸਲ ਮੋਰਿੰਡਾ ਦੇ ਪ੍ਰਧਾਨ ਬਲਵਿੰਦਰ ਸਿੰਘ ਬਾਜਵਾ, ਕੌਂਸਲਰ ਹਰਜੀਤ ਸਿੰਘ ਸੋਢੀ, ਰਾਹੁਲ ਸ਼ਰਮਾ, ਸੰਗਤ ਸਿੰਘ ਭਾਮੀਆਂ, ਸੀਨੀਅਰ ਆਗੂ ਜਗਦੀਪ ਸਿੰਘ ਢੀਂਡਸਾ, ਸਾਬਕਾ ਸਰਪੰਚ ਨਰਿੰਦਰ ਸਿੰਘ ਗਾਂਧੀ, ਹਰਜੋਤ ਸਿੰਘ ਢੰਗਰਾਲੀ, ਜਗਰੂਪ ਸਿੰਘ ਅਰਨੋਲੀ ਆਦਿ ਸੀਨੀਅਰ ਆਗੂ ਵੀ ਹਾਜ਼ਰ ਸਨ

### ਚੀਫ ਜਸਟਿਸ ਨੂੰ ...

ਕਾਰਜਪਾਲਿਕਾ ਦੇ ਪ੍ਰਭਾਵ ਹੇਠ ਕੰਮ ਕਰ ਰਹੇ ਹਨ। ਅਜਿਹੀ ਸਥਿਤੀ ਵਿੱਚ, ਨਿਆਂਪਾਲਿਕਾ ਲੋਕਤੰਤਰ ਲਈ ਆਖਰੀ ਉਮੀਦ ਹੈ। ਚੋਣ ਕਮਿਸ਼ਨ ਹਾਲ ਹੀ ਦੇ ਸਾਲਾਂ ਵਿੱਚ ਇੱਕ ਸੁਤੰਤਰ ਅਤੇ ਨਿਰਪੱਖ ਸੰਸਥਾ ਵਜੋਂ ਕੰਮ ਨਹੀਂ ਕਰ ਰਿਹਾ ਹੈ। ਕਮਿਸ਼ਨ ਦੇ ਬਹੁਤ ਸਾਰੇ ਫੈਸਲੇ ਸੱਤਾਧਾਰੀ ਪਾਰਟੀ ਦੇ ਪੱਖ ਵਿੱਚ ਜਾਪਦੇ ਹਨ। ਇਹ ਕਮਿਸ਼ਨ ਦੀ ਨਿਯੁਕਤੀ ਪ੍ਰਕਿਰਿਆ 'ਤੇ ਵੀ ਸਵਾਲ ਉਠਾਉਂਦਾ ਹੈ। ਬਿਹਾਰ ਵਿੱਚ ਜਲਦਬਾਜ਼ੀ ਵਿੱਚ ਐੱਸ ਆਈ ਆਰ ਕਰਕੇ ਵੱਡੀ ਗਿਣਤੀ ਵਿੱਚ ਵੋਟਰਾਂ ਦੇ ਨਾਂਅ ਕੱਟ ਦਿੱਤੇ ਗਏ। ਪੱਛਮੀ ਬੰਗਾਲ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਸੈਂਕੜੇ ਅਧਿਕਾਰੀਆਂ ਦੇ ਤਬਾਦਲੇ ਕੀਤੇ ਗਏ ਅਤੇ ਵੋਟਰ ਸੂਚੀਆਂ ਤੋਂ ਨਾਂਅ ਮਨਮਾਨੇ ਢੰਗ ਨਾਲ ਹਟਾ ਦਿੱਤੇ ਗਏ। ਪੂਰੀ ਪ੍ਰਕਿਰਿਆ ਪਾਰਦਰਸ਼ੀ ਨਹੀਂ ਸੀ।

## ਸੈਕਰਡ ਸਕੂਲ 'ਚ 21ਵੀਂ ਸਦੀ ਦੇ ਹੁਨਰਾਂ ਸਬੰਧੀ ਪ੍ਰੇਰਣਾਦਾਇਕ ਵਰਕਸ਼ਾਪ

**ਸੁਨਾਮ/ਸੰਗਰੂਰ (ਅਸ਼ੋਕ ਬਾਂਸਲ, ਹਾਕਮ ਭੱਟੀ/ਪ੍ਰਵੀਨ ਸਿੰਘ)**



ਸੈਕਰਡ ਹਾਰਟ ਇੰਟਰਨੈਸ਼ਨਲ ਸਕੂਲ ਦੀਵਾਨਗੜ੍ਹ ਕੈਂਮਪੁਰ ਵਿਖੇ ਅਧਿਆਪਕਾਂ ਲਈ 21ਵੀਂ ਸਦੀ ਦੇ ਹੁਨਰਾਂ ਵਿਸ਼ੇ 'ਤੇ ਇੱਕ ਗਿਆਨਵਰਧਕ ਤੇ ਪ੍ਰੇਰਣਾਦਾਇਕ ਵਰਕਸ਼ਾਪ ਦਾ ਆਯੋਜਨ ਕੀਤਾ ਗਿਆ।ਇਸ ਵਰਕਸ਼ਾਪ ਦੀ ਅਗਵਾਈ ਪ੍ਰਸਿੱਧ ਸਿੱਖਿਆ ਮਾਹਰ ਸ੍ਰੀਮਤੀ ਜੋਆਨਾ ਫਰਨਾਂਡਿਸ ਨੇ ਕੀਤੀ।ਉਨ੍ਹਾਂ ਆਧੁਨਿਕ ਪੜ੍ਹਾਉਣ ਦੀਆਂ ਵਿਧੀਆਂ ਤੇ ਵਿਦਿਆਰਥੀਆਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਵਾਸਤੇ ਲੋੜੀਂਦੇ ਹੁਨਰਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ।ਵਰਕਸ਼ਾਪ ਦੌਰਾਨ ਸੁਤੰਤਰ ਸੋਚ, ਸਿਰਜਣਾਤਮਕਤਾ, ਪ੍ਰਭਾਵਸ਼ਾਲੀ ਸੰਚਾਰ, ਆਪਸੀ ਸਹਿਯੋਗ, ਸਮੱਸਿਆਵਾਂ ਦੇ ਹੱਲ ਦੀ ਯੋਗਤਾ, ਡਿਜੀਟਲ ਸਾਖਰਤਾ ਤੇ ਨਵੀਨਤਾਕਾਰੀ ਅਧਿਆਪਨ ਵਿਧੀਆਂ ਵਰਗੇ ਮਹੱਤਵਪੂਰਨ ਵਿਸ਼ਿਆਂ ਉੱਤੇ ਚਰਚਾ ਕੀਤੀ ਗਈ।ਵੱਖ-ਵੱਖ ਗਤੀਵਿਧੀਆਂ, ਵਿਚਾਰ-ਵਟਾਂਦਰੇ ਤੇ ਵਿਹਾਰਕ ਉਦਾਹਰਣਾਂ ਰਾਹੀਂ ਸ੍ਰੀਮਤੀ ਫਰਨਾਂਡਿਸ ਨੇ ਅਧਿਆਪਕਾਂ ਨੂੰ ਵਿਦਿਆਰਥੀ-ਕੇਂਦਰਿਤ ਸਿੱਖਿਆ ਪ੍ਰਣਾਲੀ ਅਪਣਾਉਣ ਲਈ ਪ੍ਰੇਰਿਤ ਕੀਤਾ, ਤਾਂ ਜੋ ਵਿਦਿਆਰਥੀਆਂ ਵਿੱਚ ਜਿਗਿਆਸਾ, ਆਤਮ-ਵਿਸ਼ਵਾਸ ਤੇ ਨਿਰੰਤਰ ਸਿੱਖਣ ਦੀ ਭਾਵਨਾ ਵਿਕਸਿਤ ਹੋ ਸਕੇ। ਇਹ ਵਰਕਸ਼ਾਪ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਸੋਨਿਕਾ ਗੁਪਤਾ ਦੀ ਹਾਜ਼ਰੀ ਵਿੱਚ ਕਰਵਾਈ ਗਈ।ਆਪਣੇ ਸੰਬੋਧਨ ਵਿੱਚ ਉਨ੍ਹਾਂ ਕਿਹਾ ਕਿ ਸਮੇਂ ਦੇ ਨਾਲ-ਨਾਲ ਅਧਿਆਪਕਾਂ ਦਾ ਨਿਰੰਤਰ ਗਿਆਨ ਤੇ ਹੁਨਰਾਂ ਵਿੱਚ ਵਾਧਾ ਹੀ ਗੁਣਵੱਤਾ ਭਰਪੂਰ ਸਿੱਖਿਆ ਦੀ ਨੀਂਹ ਹੈ।ਉਨ੍ਹਾਂ ਅਧਿਆਪਕਾਂ ਨੂੰ ਅਪੀਲ ਕੀਤੀ ਕਿ ਵਰਕਸ਼ਾਪ ਤੋਂ ਪ੍ਰਾਪਤ ਨਵੇਂ ਵਿਚਾਰਾਂ ਤੇ ਤਰੀਕਿਆਂ ਨੂੰ ਆਪਣੀਆਂ ਜਮਾਤਾਂ ਵਿੱਚ ਅਮਲ ਵਿੱਚ ਲਿਆ ਕੇ ਵਿਦਿਆਰਥੀਆਂ ਨੂੰ ਆਤਮ-ਵਿਸ਼ਵਾਸੀ, ਸਮਰੱਥ ਤੇ ਭਵਿੱਖ ਲਈ ਤਿਆਰ ਬਣਾਇਆ ਜਾਵੇ।ਇਸ ਮੌਕੇ ਸਕੂਲ ਦੇ ਪ੍ਰਬੰਧਕ ਨਿਰਦੇਸ਼ਕ ਰਾਜੇਸ਼ ਕਾਂਸਲ ਤੇ ਪ੍ਰਿੰਸ ਸਿੰਗਲਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

ਉਨ੍ਹਾਂ ਅਧਿਆਪਕਾਂ ਦੇ ਸਿੱਖਣ ਪ੍ਰਤੀ ਉਤਸ਼ਾਹ ਦੀ ਭਰਪੂਰ ਸ਼ਲਾਘਾ ਕੀਤੀ ਤੇ ਭਰੋਸਾ ਦਿੱਤਾ ਕਿ ਸਕੂਲ ਵੱਲੋਂ ਅਧਿਆਪਕਾਂ ਦੇ ਨਿਰੰਤਰ ਪੇਸ਼ੇਵਰ ਵਿਕਾਸ ਲਈ ਅਜਿਹੇ ਉਪਰਾਲੇ ਭਵਿੱਖ ਵਿੱਚ ਵੀ ਜਾਰੀ ਰਹਿਣਗੇ। ਵਰਕਸ਼ਾਪ ਵਿੱਚ ਸਮੂਹ ਅਧਿਆਪਕਾਂ ਨੇ ਪੂਰੇ ਉਤਸ਼ਾਹ ਨਾਲ ਭਾਗ ਲਿਆ ਤੇ ਪੇਸ਼ ਕੀਤੇ ਗਏ ਨਵੇਂ ਵਿਚਾਰਾਂ ਤੇ ਵਿਹਾਰਕ ਤਰੀਕਿਆਂ ਦੀ ਖੁੱਲ੍ਹ ਕੇ ਪ੍ਰਸੰਸਾ ਕੀਤੀ।

## ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਜਗਰਾਓਂ ਦੀ ਮਹੀਨਾਵਾਰੀ ਮੀਟਿੰਗ



**ਜਗਰਾਓਂ (ਅਮਿਤ ਖੰਨਾ)**-ਬਿਲਡਿੰਗ ਠੇਕੇਦਾਰ ਐਸੋਸੀਏਸ਼ਨ ਰਜਿ: 133 ਜਗਰਾਓਂ ਦੀ ਮਹੀਨਾਵਾਰੀ ਮੀਟਿੰਗ ਪ੍ਰਧਾਨ ਜਿੰਦਰ ਪਾਲ ਧੀਮਾਨ ਦੀ ਪ੍ਰਧਾਨਗੀ ਹੇਠ ਗੁਰਦੁਆਰਾ ਰਾਮਗੜ੍ਹੀਆ ਘਰ ਜਗਰਾਓਂ ਵਿੱਚ ਹੋਈ।ਪ੍ਰਧਾਨ ਜਿੰਦਰ ਪਾਲ ਧੀਮਾਨ ਨੇ ਕਿਹਾ ਕਿ ਠੇਕੇਦਾਰਾਂ ਨੂੰ ਆ ਰਹੀਆਂ ਮੁਸ਼ਕਲਾਂ ਦਾ ਹੱਲ ਕਰਨਾ ਹੁੰਦਾ ਹੈ ਤੇ ਮੀਟਿੰਗ ਵਿੱਚ ਸੰਸਥਾ ਵੱਲੋਂ ਭਵਿੱਖ ਵਿੱਚ ਲਗਾਏ ਜਾਣ ਵਾਲੇ ਸਮਾਜ ਸੇਵੀ ਪ੍ਰੋਜੈਕਟਾਂ ਬਾਰੇ ਵੀ ਵਿਚਾਰ ਕੀਤਾ ਗਿਆ ਤੇ ਜਗਰਾਓ ਨਿਵਾਸੀਆਂ ਨੂੰ ਵਾਤਾਵਰਣ ਸ਼ੁੱਧ ਰੱਖਣ ਲਈ ਵੱਧ ਤੋਂ ਵੱਧ ਰੁੱਖ ਲਗਾਉਣ ਦੀ ਅਪੀਲ ਕੀਤੀ ਗਈ।ਇਸ ਮੌਕੇ ਨਗਰ ਕੌਂਸਲ ਆਮ ਆਦਮੀ ਪਾਰਟੀ ਦੇ ਕੰਵਰਪਾਲ ਸਿੰਘ ਦੂਜੀ ਵਾਰ ਬਣੇ ਨਗਰ ਕੌਂਸਲ ਦੇ ਪ੍ਰਧਾਨ ਤੇ ਬੀਜੇਪੀ ਦੇ ਸੀਨੀਅਰ ਮੀਤ ਪ੍ਰਧਾਨ ਸਤੀਸ਼ ਕੁਮਾਰ ਪੱਪੂ ਅਤੇ ਕਾਂਗਰਸ ਪਾਰਟੀ ਦੇ ਮੀਤ ਪ੍ਰਧਾਨ ਸ੍. ਵਰਿੰਦਰ ਸਿੰਘ ਕਲੇਰ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਸ਼ਹਿਰ ਦੀਆਂ ਸਮੱਸਿਆ ਨੂੰ ਪਹਿਲ ਦੇ ਅਧਾਰ 'ਤੇ ਕਰਾਉਣਗੇ। ਇਸ ਮੌਕੇ ਠੇਕੇਦਾਰ ਕਸ਼ਮੀਰੀ ਲਾਲ, ਠੇਕੇਦਾਰ ਦਾਰ ਗੁਰਮੇਲ ਸਿੰਘ ਢੁੱਡੀਕੇ, ਪ੍ਰਿਤਪਾਲ ਸਿੰਘ ਮਣਕੂ, ਪ੍ਰਧਾਨ ਜਿੰਦਰਪਾਲ ਸਿੰਘ ਧੀਮਾਨ, ਸੀਨੀਅਰ ਮੀਤ ਪ੍ਰਧਾਨ ਠੇਕੇਦਾਰ ਮੰਗਲ ਸਿੰਘ ਸਿੱਧੂ, ਖਜ਼ਾਨਚੀ ਜਗਰੂਪ ਸਿੰਘ, ਠੇਕੇਦਾਰ ਸੁਖਦੇਵ ਸਿੰਘ ਘਟੌੜੇ, ਨਿਰਮਲ ਸਿੰਘ ਨਿਮਾ, ਧਰਮ ਸਿੰਘ ਰਾਜੂ, ਬਲਜੀਤ ਸਿੰਘ ਮਠਾੜੂ, ਵਿਸ਼ਾਲ, ਅਮਨਦੀਪ ਸਿੰਘ ਮਠਾੜੂ, ਦਿੱਤ ਸਿੰਘ, ਸੁਰਿੰਦਰ ਸਿੰਘ ਮਠਾੜੂ, ਹਰਜਿੰਦਰ ਸਿੰਘ, ਜਗਦੀਸ਼ ਸਿੰਘ ਦੀਸ਼ਾ, ਹਰਪ੍ਰੀਤ ਸਿੰਘ ਆਦਿ ਹਾਜ਼ਰ ਸਨ।

ਨਵਾਂ ਜ਼ਮਾਨਾ
ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.
ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖ਼ਬਰਾਂ ਦੀ ਚੋਣ ਲਈ ਜ਼ਿੰਮੇਵਾਰ।
ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

# 'ਮਾਵਾਂ ਧੀਆਂ ਸਤਿਕਾਰ ਯੋਜਨਾ' ਔਰਤਾਂ ਦੇ ਸਸ਼ਕਤੀਕਰਨ ਵੱਲ ਇੱਕ ਕ੍ਰਾਂਤੀਕਾਰੀ ਕਦਮ : ਰੰਧਾਵਾ



**ਗੁਰਦਾਸਪੁਰ, (ਜਨਕ ਮਹਾਜਨ)**- ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਵਲੋਂ 'ਮਾਵਾਂ ਧੀਆਂ ਸਤਿਕਾਰ ਯੋਜਨਾ' ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਗੱਲ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਦੱਸਿਆ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਮਾਵਾਂ-ਧੀਆਂ ਦਾ ਸਤਿਕਾਰ ਕਰਦਿਆਂ ਅਤੇ ਆਪਣੇ ਕੀਤੇ ਹਰ ਵਾਅਦੇ ਨੂੰ ਪੂਰਾ ਕਰਦਿਆਂ ਮੁੱਖ ਮੰਤਰੀ ਮਾਨ ਵੱਲੋਂ ਪੰਜਾਬ ਦੀਆਂ ਯੋਗ ਮਹਿਲਾਵਾਂ ਦੇ ਖਾਤਿਆਂ ਵਿੱਚ 3000 ਰੁਪਏ ਤੇ 4500 ਰੁਪਏ ਦੀ ਰਾਸ਼ੀ ਦੀ ਸ਼ੁਰੂਆਤ ਕੀਤੀ ਗਈ ਹੈ। ਇਸ ਯੋਜਨਾ ਦੇ ਤਹਿਤ ਮਾਵਾਂ-ਭੈਣਾਂ ਦੇ ਖਾਤਿਆਂ 'ਚ 3 ਮਹੀਨਿਆਂ ਦੇ ਪੈਸੇ ਆਉਣੇ ਸ਼ੁਰੂ ਹੋ ਗਏ ਹਨ ਜੋ ਕਿ ਜਨਰਲ ਵਰਗ ਦੀਆਂ ਮਹਿਲਾਵਾਂ ਦੇ 3 ਹਜ਼ਾਰ ਅਤੇ ਐੱਸ. ਸੀ. ਵਰਗ ਨਾਲ ਸਬੰਧਿਤ ਮਹਿਲਾਵਾਂ ਦੇ 45 ਹਜ਼ਾਰ ਰੁਪਏ ਬਣਦੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਮਾਵਾਂ ਧੀਆਂ ਸਤਕਾਰ ਯੋਜਨਾ' ਪੰਜਾਬ ਦੀ ਹਰ ਮਾਂ, ਧੀਆਂ ਅਤੇ ਭੈਣ ਦਾ ਸਨਮਾਨ ਅਤੇ ਸਸ਼ਕਤੀਕਰਨ ਵੱਲ ਇਕ ਇਤਿਹਾਸਕ ਕਦਮ ਹੈ।

ਉਨ੍ਹਾਂ ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਵਲੋਂ ਸ਼ੁਰੂ ਕੀਤੀ ਗਈ ਇਸ ਯੋਜਨਾ ਲਈ ਉਨ੍ਹਾਂ ਦਾ ਧੰਨਵਾਦ ਵੀ ਕੀਤਾ ਤੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਚੋਣਾਂ ਦੌਰਾਨ ਕੀਤੇ ਹਰ ਵਾਅਦੇ ਨੂੰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਕਿਹਾ ਕਿ ਇਹ ਪਹਿਲੀ ਸਰਕਾਰ ਹੈ ਜੋ ਹਰ ਵਰਗ ਦੀ ਭਲਾਈ ਲਈ ਯਤਨਸ਼ੀਲ ਹੈ ਤੇ ਸਰਕਾਰ ਵਲੋਂ ਸੂਬੇ ਅੰਦਰ ਵਿਕਾਸ ਕਾਰਜਾਂ ਦੀ ਰਫਤਾਰ ਤੇਜ਼ ਕੀਤੀ ਗਈ ਹੈ। ਇਸ ਮੌਕੇ ਕਰਵਾਏ ਸਮਾਗਮ ਦੌਰਾਨ ਵੱਡੀ ਗਿਣਤੀ ਵਿਚ ਪਹੁੰਚੀਆਂ ਮਹਿਲਾਵਾਂ ਨੇ ਮੁੱਖ ਮੰਤਰੀ ਮਾਨ ਅਤੇ ਵਿਧਾਇਕ ਰੰਧਾਵਾ ਦਾ ਧੰਨਵਾਦ ਕੀਤਾ।

# ਸਿਆਸੀ ਆਧਾਰ 'ਤੇ ਕੀਤੀ ਬਦਲੀ ਦੇ ਵਿਰੁੱਧ ਬਿਜਲੀ ਘਰ ਵਿਖੇ ਰੋਸ ਰੈਲੀ

**ਚੇਤਨਪੁਰਾ (ਸੁਖਵੰਤ ਚੇਤਨਪੁਰੀ)**- ਬਿਜਲੀ ਬੋਰਡ ਦੀਆਂ ਸਮੂਹ ਜਥੇਬੰਦੀਆਂ ਦੀ ਸਾਂਝੀ ਮੀਟਿੰਗ ਦਿਲਬਾਗ ਸਿੰਘ ਜੇ. ਈ. ਦੀ ਸਿਆਸੀ ਆਧਾਰ 'ਤੇ ਹੋਈ ਬਦਲੀ ਦੇ ਸਬੰਧ ਵਿੱਚ ਬਿਜਲੀ ਘਰ ਮਜੀਠਾ ਵਿਖੇ ਹੋਈ।ਮੀਟਿੰਗ ਸਮੇਂ ਸਮੂਹ ਜਥੇਬੰਦੀਆਂ ਨੇ ਸਿਆਸੀ ਆਧਾਰ ਤੇ ਕੀਤੀ ਬਦਲੀ ਦੀ ਕਰੜੇ ਸ਼ਬਦਾਂ ਵਿੱਚ ਨਿਖੇਧੀ ਕੀਤੀ ਅਤੇ ਇਸ ਬਦਲੀ ਨੂੰ ਰੱਦ ਕਰਾਉਣ ਲਈ ਸਾਂਝੇ ਤੌਰ 'ਤੇ ਸੰਘਰਸ਼ ਲੜਨ ਦਾ ਫੈਸਲਾ ਕੀਤਾ।ਆਗੂਆਂ ਨੇ ਬੋਲਿਦਆਂ ਕਿਹਾ ਕਿ ਇਹ ਕੋਈ ਸਿਆਸੀ ਅਧਾਰ 'ਤੇ ਹੋਈ ਪਹਿਲੀ ਬਦਲੀ ਨਹੀਂ, ਇਸ ਤੋਂ ਪਹਿਲਾਂ ਜਿੰਨੀਆਂ ਵੀ ਸਰਕਾਰਾਂ ਰਹੀਆਂ ਹਨ, ਉਹ ਵੀ ਬਿਜਲੀ ਮੁਲਾਜ਼ਮਾਂ ਦੀਆਂ ਜਬਰੀ ਬਦਲੀਆਂ ਕਰ ਕੇ ਉਨ੍ਹਾਂ ਨਾਲ ਇਸੇ ਤਰ੍ਹਾਂ ਧੱਕੇਸ਼ਾਹੀ ਕਰਦੀਆਂ ਰਹੀਆਂ ਹਨ।ਉਨ੍ਹਾਂ ਕਿਹਾ ਕਿ ਬਦਲਾਅ ਦਾ ਨਾਅਰਾ ਦੇ ਕੇ ਬਣੀ ਆਮ ਆਦਮੀ ਪਾਰਟੀ ਦੀ ਸਰਕਾਰ ਵੀ ਪਹਿਲੀਆਂ ਸਰਕਾਰਾਂ ਵਾਂਗ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਕਹਿਰ ਦੀ ਗਰਮੀ ਵਿੱਚ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦੇ ਰਹੇ ਮੁਲਾਜ਼ਮਾਂ ਦੀਆਂ ਬਦਲੀਆਂ ਕਰਕੇ ਉਨ੍ਹਾਂ ਨੂੰ ਤੰਗ ਪਰੇਸ਼ਾਨ ਕਰਕੇ ਲੜਨ ਵਾਸਤੇ ਮਜਬੂਰ ਕੀਤਾ ਜਾ ਰਿਹਾ ਹੈ।ਆਗੂਆਂ ਨੇ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇਹ ਸਿਆਸੀ ਆਧਾਰ 'ਤੇ ਕੀਤੀ ਬਦਲੀ



ਫੌਰੀ ਰੱਦ ਨਾ ਕੀਤੀ ਗਈ ਤਾਂ ਸੰਘਰਸ਼ ਨੂੰ ਤਿੱਖਾ ਕੀਤਾ ਜਾਵੇਗਾ, ਜਿਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਅਤੇ ਪਾਵਰਕਾਮ ਮੈਨੇਜਮੈਂਟ ਦੀ ਹੋਵੇਗੀ।ਮੀਟਿੰਗ ਵਿੱਚ ਗੁਰਮੀਤ ਸਿੰਘ ਕੋਟਲਾ, ਦਿਲਬਾਗ ਸਿੰਘ ਜੇ. ਈ., ਰਕੇਸ਼ ਕੁਮਾਰ ਤਰਗੜ੍ਹ, ਗੁਲਜਿੰਦਰ ਸਿੰਘ, ਅਮਰੀਕ ਸਿੰਘ ਲੁਹਾਰਕਾ, ਜਸਪਾਲ ਸਿੰਘ, ਸੁਖਪਾਲ ਸਿੰਘ ਮਜੀਠਾ, ਕ੍ਰਿਸ਼ਨ ਸਿੰਘ ਔਲਖ, ਕੁੰਦਨ ਲਾਲ ਹਰੀਆਂ ਅਤੇ ਬਹੁਤ ਸਾਰੇ ਵਰਕਰ ਹਾਜ਼ਰ ਸਨ।

# ਕਾਂਗਰਸ 'ਚ ਧੜੇਬੰਦੀ ਤੇਜ਼ : ਜ਼ਿਲ੍ਹਾ ਵਾਈਸ ਪ੍ਰਧਾਨ ਗੁਰਪਾਲ ਸਿੰਘ ਚੰਨੀ ਦੇ ਹੱਕ 'ਚ; ਰਾਜਾ ਵੜਿੰਗ ਦਾ ਖੁੱਲ੍ਹਾ ਵਿਰੋਧ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਪੰਜਾਬ ਕਾਂਗਰਸ ਦੀ ਅੰਦਰੂਨੀ ਖਿੱਚੋਤਾਨ ਇਕ ਵਾਰ ਫਿਰ ਸਾਹਮਣੇ ਆ ਗਈ ਹੈ।ਜ਼ਿਲ੍ਹਾ ਕਾਂਗਰਸ ਤਰਨਤਾਰਨ ਦੇ ਵਾਇਸ ਪ੍ਰਧਾਨ ਤੇ ਸਾਬਕਾ ਬਲਾਕ ਪ੍ਰਧਾਨ ਗੁਰਪਾਲ ਸਿੰਘ ਜਗਤਪੁਰ ਨੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਹੱਕ 'ਚ ਬੋਲਦਿਆਂ ਪੰਜਾਬ ਕਾਂਗਰਸ ਪ੍ਰਧਾਨ ਅਮਰਿੰਦਰ ਸਿੰਘ ਰਾਜਾ ਵੜਿੰਗ ਦੀ ਕਾਰਜਸ਼ੈਲੀ 'ਤੇ ਤਿੱਖੇ ਸਵਾਲ ਚੁੱਕੇ ਹਨ।ਜਗਤਪੁਰ ਵਿਖੇ ਵਰਕਰਾਂ ਨਾਲ ਮੀਟਿੰਗ ਦੌਰਾਨ ਗੁਰਪਾਲ ਸਿੰਘ ਨੇ ਕਿਹਾ ਕਿ ਚੰਨੀ ਸਰਕਾਰ ਦੇ ਕਾਰਜਕਾਲ ਦੌਰਾਨ ਆਮ ਲੋਕਾਂ ਤੇ ਦਲਿਤ ਭਾਈਚਾਰੇ ਲਈ ਇਤਿਹਾਸਕ ਫੈਸਲੇ ਲਏ ਗਏ ਸਨ।ਉਨ੍ਹਾਂ ਦੋਸ਼ ਲਾਇਆ ਕਿ ਮੌਜੂਦਾ ਸੂਬਾ ਲੀਡਰਸ਼ਿਪ ਜਾਣਬੁੱਝ ਕੇ ਚੰਨੀ ਦੇ ਯੋਗਦਾਨ ਨੂੰ ਅੱਖੋਂ ਪਰੋਖੇ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਚਰਨਜੀਤ ਚੰਨੀ ਨੇ ਮੁੱਖ ਮੰਤਰੀ ਹੁੰਦਿਆਂ ਜ਼ਮੀਨੀ ਪੱਧਰ ਦੇ ਵਰਕਰਾਂ ਨੂੰ ਮਾਣ-ਸਨਮਾਨ ਦਿੱਤਾ।ਪਾਰਟੀ ਨੂੰ ਮਜ਼ਬੂਤ ਕਰਨ ਲਈ ਉਨ੍ਹਾਂ ਵਰਗੇ ਲੀਡਰ ਦੀ ਲੋੜ ਹੈ ਨਾ ਕਿ ਉਨ੍ਹਾਂ ਲੋਕਾਂ ਦੀ ਜੋ ਦਿੱਲੀ ਬੈਠ ਕੇ ਫੈਸਲੇ ਥੋਪਦੇ ਹਨ। ਉਨ੍ਹਾਂ ਰਾਜਾ ਵੜਿੰਗ ਤੇ ਦੋਸ਼ ਲਾਇਆ ਕਿ ਪੁਰਾਣੇ ਤੇ ਵਫ਼ਾਦਾਰ ਵਰਕਰਾਂ ਨੂੰ ਅਣਡਿੱਠਾ ਕਰਕੇ ਸਿਰਫ਼ ਆਪਣੇ ਚਹੇਤਿਆਂ ਨੂੰ ਅੱਗੇ



ਵਧਾਇਆ ਜਾ ਰਿਹਾ ਹੈ।ਗੁਰਪਾਲ ਸਿੰਘ ਨੇ ਚੇਤਾਵਨੀ ਦਿੱਤੀ ਕਿ ਜੇ ਪਾਰਟੀ ਹਾਈਕਮਾਂਡ ਨੇ ਸਮੇਂ ਸਿਰ ਦਖ਼ਲ ਨਾ ਦਿੱਤਾ ਤਾਂ 2027 ਦੀਆਂ ਵਿਧਾਨ ਸਭਾ ਚੋਣਾਂ 'ਚ ਕਾਂਗਰਸ ਨੂੰ ਵੱਡਾ ਖਮਿਆਜ਼ਾ ਭੁਗਤਣਾ ਪੈ ਸਕਦਾ ਹੈ।ਸੂਤਰਾਂ ਅਨੁਸਾਰ ਗੁਰਪਾਲ ਸਿੰਘ ਲੰਬੇ ਸਮੇਂ ਤੋਂ ਵੜਿੰਗ ਧੜੇ ਤੋਂ ਨਾਰਾਜ਼ ਚੱਲ ਰਹੇ ਹਨ। ਜ਼ਿਲ੍ਹੇ 'ਚ ਉਨ੍ਹਾਂ ਦੀ ਮਜ਼ਬੂਤ ਪਕੜ ਮੰਨੀ ਜਾਂਦੀ ਹੈ।ਉਨ੍ਹਾਂ ਦੇ ਇਸ ਬਿਆਨ ਤੋਂ ਬਾਅਦ ਤਰਨਤਾਰਨ ਜ਼ਿਲ੍ਹਾ ਕਾਂਗਰਸ 'ਚ ਦੋਫਾੜ ਦੇ ਆਸਾਰ ਵਧ ਗਏ ਹਨ।ਕਿਆਸ ਲਾਏ ਜਾ ਰਹੇ ਹਨ ਕਿ ਚੰਨੀ ਧੜੇ ਨਾਲ ਜੁੜੇ ਕਈ ਹੋਰ ਸਥਾਨਕ ਆਗੂ ਵੀ ਜਲਦ ਗੁਰਪਾਲ ਸਿੰਘ ਦੇ ਸਮਰਥਨ 'ਚ ਸਾਹਮਣੇ ਆ ਸਕਦੇ ਹਨ।ਦੂਜੇ ਪਾਸੇ ਰਾਜਾ ਵੜਿੰਗ ਦੇ ਸਮਰਥਕ ਆਗੂਆਂ ਨੇ ਗੁਰਪਾਲ ਸਿੰਘ ਦੇ ਬਿਆਨ ਨੂੰ ਨਿੱਜੀ ਸੁਆਰਥ ਕਰਾਰ ਦਿੱਤਾ ਹੈ।ਉਨ੍ਹਾਂ ਦਾ ਦਾਅਵਾ ਹੈ ਕਿ ਪਾਰਟੀ ਪ੍ਰਧਾਨ ਸਾਰੇ ਵਰਕਰਾਂ ਨੂੰ ਬਰਾਬਰ ਮਹੱਤਵ ਦੇ ਰਹੇ ਹਨ।ਫਿਲਹਾਲ ਸੂਬਾ ਕਾਂਗਰਸ ਲੀਡਰਸ਼ਿਪ ਵੱਲੋਂ ਇਸ ਮੁੱਦੇ ਤੇ ਕੋਈ ਅਧਿਕਾਰਤ ਪ੍ਰਤੀਕਿਰਿਆ ਨਹੀਂ ਆਈ ਹੈ।ਸਿਆਸੀ ਮਾਹਿਰਾਂ ਮੁਤਾਬਕ ਲੋਕ ਸਭਾ ਚੋਣਾਂ 'ਚ ਮਿਲੀ ਹਾਰ ਤੋਂ ਬਾਅਦ ਪੰਜਾਬ ਕਾਂਗਰਸ 'ਚ ਲੀਡਰਸ਼ਿਪ ਨੂੰ ਲੈ ਕੇ ਚੱਲ ਰਹੀ ਰੱਸਾਕਸ਼ੀ ਹੁਣ ਖੁੱਲ੍ਹ ਕੇ ਸਾਹਮਣੇ ਆ ਰਹੀ ਹੈ।

# ਰੰਧਾਵਾ ਵੱਲੋਂ ਪਿੰਡ ਡੇਹਰੀਵਾਲ ਕਿਰਨ ਤੇ ਰੂੜਾ ਵਿਖੇ ਨਵੇਂ ਜਿਮ ਦਾ ਉਦਘਾਟਨ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪਿੰਡਾਂ ਨੂੰ ਮਾਡਲ ਪਿੰਡ ਬਣਾਉਣ ਦੇ ਉਦੇਸ਼ ਸਦਕਾ ਸਰਬਪੱਖੀ ਵਿਕਾਸ ਨੂੰ ਤਰਜੀਹ ਦਿੱਤੀ ਜਾ ਰਹੀ ਹੈ।ਵਿਕਾਸ ਪ੍ਰੋਜੈਕਟਾਂ ਦੀ ਲੜੀ ਤਹਿਤ ਵਿਧਾਇਕ ਡੇਰਾ ਬਾਬਾ ਨਾਨਕ ਗੁਰਦੀਪ ਸਿੰਘ ਨੇ ਹਲਕੇ ਦੇ ਪਿੰਡ ਡੇਹਰੀਵਾਲ ਕਿਰਨ ਅਤੇ ਰੂੜਾ ਵਿਖੇ ਨਵੇਂ ਜਿਮ ਦਾ ਉਦਘਾਟਨ ਕੀਤਾ ਗਿਆ।ਉਨ੍ਹਾਂ ਕਿਹਾ ਕਿ ਓਪਨ ਜਿਮ ਨਾਲ ਹਰੇਕ ਨੌਜਵਾਨ ਬਿਨਾਂ ਕਿਸੇ ਭੇਦਭਾਵ ਦੇ ਕਸਰਤ ਕਰ ਸਕੇਗਾ ਤੇ ਤੰਦਰੁਸਤ ਬਣੇਗਾ।ਉਨ੍ਹਾਂ ਕਿਹਾ ਕਿ ਨੌਜਵਾਨਾਂ ਨੂੰ ਮਾੜੀਆਂ ਕੁਰੀਤੀਆਂ ਤੋਂ ਦੂਰ ਰੱਖਣ ਦੇ ਮੰਤਵ ਤਹਿਤ ਓਪਨ ਜਿਮ ਦੀ ਉਸਾਰੀ ਕਰਨਾ ਸ਼ਲਾਘਾਯੋਗ ਉਪਰਾਲਾ ਸਾਬਿਤ ਹੋਵੇਗਾ।ਉਨ੍ਹਾਂ ਕਿਹਾ ਕਿ ਜਿੰਮ ਦੀ ਵਰਤੋਂ ਕਰਦਿਆਂ ਨੌਜਵਾਨ ਜਿਥੇ ਸਰੀਰਕ ਪੱਖੋਂ ਤੰਦਰੁਸਤ ਹੋਵੇਗਾ ਉਥੇ ਨਾਕਾਰਾਤਮਕ ਗਤੀਵਿਧੀਆਂ ਤੋਂ ਦੂਰ ਰਹੇਗਾ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਨੌਜਵਾਨਾਂ ਨੂੰ ਤੰਦਰੁਸਤੀ ਅਤੇ ਨਸ਼ਾ-ਮੁਕਤ ਜੀਵਨ ਵੱਲ ਪ੍ਰੇਰਿਤ ਕਰਨ ਲਈ ਇਹ ਇੱਕ ਸ਼ਲਾਘਾਯੋਗ ਉਪਰਾਲਾ ਹੈ।ਉਨ੍ਹਾਂ ਸਮੂਹ ਪਿੰਡ ਵਾਸੀਆਂ ਨੂੰ ਮੁਬਾਰਕਬਾਦ ਦਿੱਤੀ ਅਤੇ ਪਿੰਡ ਦੇ ਨੌਜਵਾਨਾਂ ਨੂੰ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਲੈਣ ਲਈ ਸ਼ੁਭਕਾਮਨਾਵਾਂ ਦਿੱਤੀਆਂ।ਇਸ ਮੌਕੇ ਪਿੰਡ ਦੇ ਸਰਪੰਚ ਅਤੇ ਆਮ ਆਦਮੀ ਪਾਰਟੀ ਦੀ ਸੀਨੀਅਰ ਲੀਡਰਸ਼ਿਪ ਮੌਜੂਦ ਸੀ।



# ਸੇਂਟ ਕਬੀਰ ਪਬਲਿਕ ਸਕੂਲ 'ਚ ਦੋ ਰੋਜ਼ਾ ਅਧਿਆਪਕ ਸੈਮੀਨਾਰ ਆਯੋਜਿਤ

**ਧਾਰੀਵਾਲ, (ਮਨਦੀਪ ਵਿੱਕੀ)**- ਸੇਂਟ ਕਬੀਰ ਸਕੂਲ ਸੁਲਤਾਨਪੁਰ ਗੁਰਦਾਸਪੁਰ ਵਿੱਚ ਪ੍ਰਿੰਸੀਪਲ ਐੱਸ. ਬੀ. ਨਾਯਰ ਦੀ ਸਰਪ੍ਰਸਤੀ ਅਧੀਨ ਦੋ ਰੋਜ਼ਾ ਅਧਿਆਪਕ ਸੈਮੀਨਾਰ ਲਗਾਇਆ ਗਿਆ।ਇਸ ਮੌਕੇ ਸੀ. ਬੀ. ਐੱਸ. ਈ. ਬੋਰਡ ਵੱਲੋਂ ਪ੍ਰਮੁੱਖ ਸਲਾਹਕਾਰ (ਸਰੋਤ ਅਧਿਕਾਰੀਆਂ) ਡਾ. ਸ਼ਿਵਾਨੀ ਸਿੰਘ (ਪ੍ਰਿੰਸੀ. ਗੁਰੂ ਗੋਬਿੰਦ ਸਿੰਘ ਪਬਲਿਕ ਸਕੂਲ, ਗੁਰਦਾਸਪੁਰ ), ਮਿਸਟਰ ਮਾਧਵ ਗੁਪਤਾ (ਟੀ. ਜੀ. ਟੀ ਹਰਕ੍ਰਿਸ਼ਨ ਪਬਲਿਕ ਸਕੂਲ, ਅਜਨਾਲਾ ) ਅਤੇ ਡਾ. ਆਮਿਰ ਬਸ਼ੀਰ (ਟੀਚਰ ਟ੍ਰੇਨਰ ਅਤੇ ਅਸਿਸਟੈਂਟ ਪ੍ਰੋਫੈਸਰ ਸੈਂਟਰਲ ਯੂਨੀਵਰਸਿਟੀ ਆਫ ਕਸ਼ਮੀਰ) ਦੁਆਰਾ ਅਧਿਆਪਕਾਂ ਦੀ ਸਮਰੱਥਾ ਨਿਰਮਾਣ ਪ੍ਰੋਗਰਾਮ ਅਧੀਨ ਵਿਦਿਆਰਥੀਆਂ ਨੂੰ ਲਿੰਗ ਸੰਵੇਦਨਸ਼ੀਲਤਾ ਅਤੇ ਕੇ. ਜੀ. ਵਿਦਿਆਰਥੀ ਦੀ ਬੁਨਿਆਦੀ ਤੇ ਮੁੱਢਲੀ ਤਿਆਰੀ ਸਮੇਂ ਸਿੱਖਣ ਦੀ ਨੀਂਹ ਮਜ਼ਬੂਤ ਕਰਨ ਅਤੇ ਜਮਾਤ ਪ੍ਰਬੰਧਨ ਬਾਰੇ ਆਮ ਤੋਂ ਲੈ ਕੇ ਗੰਭੀਰ ਸਮੱਸਿਆਵਾਂ ਬਾਰੇ ਜਾਣਕਾਰੀ ਦਿੱਤੀ ਗਈ।ਦੋ ਰੋਜ਼ਾ ਸੈਮੀਨਾਰ ਦੇ ਪਹਿਲੇ ਦਿਨ ਲਿੰਗ ਪੱਖ-ਪਾਤ ਨੂੰ ਹਟਾਉਣ ਅਤੇ ਜੈਂਡਰ ਸੈਂਸੀਟੀਵਿਟੀ ਦੇ ਵਿਚਾਰ ਅਨੁਸਾਰ ਸਮਾਨਤਾ ਦਰਸਾਉਣ ਬਾਰੇ ਵਿਚਾਰ ਪੇਸ਼ ਕੀਤੇ ਗਏ।ਸੈਮੀਨਾਰ ਦੇ ਦੂਜੇ ਦਿਨ ਡਾਕਟਰ ਆਮਿਰ ਬਸ਼ੀਰ ਦੁਆਰਾ ਸਕੂਲ ਵਿੱਚ ਛੋਟੇ ਵਿਦਿਆਰਥੀਆਂ ਦੀਆਂ ਬੁਨਿਆਦੀ ਲੋੜਾਂ, ਉਨ੍ਹਾਂ ਦੀ ਤਿਆਰੀ ਪੜਾਅ ਵਿੱਚ ਸਿੱਖਣ ਦੀ ਨੀਂਹ ਦੀ ਮਹੱਤਤਾ, ਛੋਟੇ ਵਿਦਿਆਰਥੀਆਂ ਨੂੰ ਪਿਆਰ ਨਾਲ, ਅਨੁਸ਼ਾਸਨ ਤੇ ਆਮ ਰੁਚੀਆਂ ਅਤੇ ਗਤੀਵਿਧੀਆਂ ਨੂੰ ਸੁਰੱਖਿਅਤ ਮਾਹੌਲ ਦੇ ਰੂਪ ਵਿੱਚ ਸਿਖਾਉਣ ਦੇ ਬਾਰੇ ਅਤੇ ਸਿੱਖਣ ਦੀ ਨੀਂਹ ਕਿਵੇਂ ਮਜ਼ਬੂਤ ਬਣਾਈ ਜਾਵੇ, 'ਤੇ ਜ਼ੋਰ ਦਿੱਤਾ। ਇਹਨਾਂ ਸਭ ਗਤੀਵਿਧੀਆਂ ਨੂੰ ਬਹੁਤ ਹੀ ਮਨੋਰੰਜਨ ਵਿਧੀਆਂ ਦੇ ਰੂਪ ਵਿੱਚ ਅਧਿਆਪਕਾਂ ਨਾਲ ਸਾਂਝਾ ਕੀਤਾ ਗਿਆ ਜਿਸ ਵਿੱਚ ਸਾਰੇ ਹੀ ਅਧਿਆਪਕਾਂ ਨੇ ਸ਼ਿਰਕਤ ਕਰਕੇ ਵਿਦਿਆਰਥੀਆਂ ਦੀਆਂ ਮੁਸ਼ਕਲਾਂ ਨੂੰ ਨੇੜੇ ਹੋ ਕੇ ਜਾਣਿਆ ਤੇ ਹਲ ਕੱਢਣ ਦੇ ਯਤਨ ਵੀ ਕੀਤੇ।ਸਮੁੱਚੇ ਤੌਰ ਤੇ ਸੀ. ਬੀ. ਐੱਸ. ਈ ਬੋਰਡ ਅਧੀਨ ਕਰਵਾਏ ਇਸ ਅਧਿਆਪਨ ਸਮਰੱਥਾ ਨਿਰਮਾਣ ਪ੍ਰੋਗਰਾਮ ਦਾ ਸਾਰੇ ਅਧਿਆਪਕਾਂ ਨੇ ਚੋਖਾ ਲਾਭ ਉਠਾਇਆ ਅਤੇ ਆਪਣੇ ਵਿਦਿਆਰਥੀਆਂ ਲਈ ਇਨ੍ਹਾਂ ਅਧਿਆਪਨ ਤਰੀਕਿਆਂ ਨੂੰ ਅਪਨਾਉਣ ਦਾ ਵਾਅਦਾ ਵੀ ਕੀਤਾ।ਇਸ ਸਫ਼ਲ ਸੈਮੀਨਾਰ ਦੇ ਅੰਤਿਮ ਪੜਾਅ ਤੇ ਮੈਨੇਜਮੈਂਟ ਮੈਂਬਰਾਂ ਮੈਡਮ ਨਵਦੀਪ ਕੌਰ ਅਤੇ ਕੁਲਦੀਪ ਕੌਰ ਦੁਆਰਾ ਆਏ ਹੋਏ ਰਿਸੋਰਸ ਅਧਿਕਾਰੀਆਂ ਦਾ ਤਹਿ-ਦਿਲੋਂ ਧੰਨਵਾਦ ਕੀਤਾ ਤੇ ਅੱਗੇ ਤੋਂ ਵੀ ਇਸੇ ਤਰੀਕੇ ਦੇ ਸੈਮੀਨਾਰ ਲਗਾ ਕੇ ਅਧਿਆਪਕ-ਵਿਦਿਆਰਥੀ ਦੇ ਰਿਸ਼ਤੇ ਨੂੰ ਹੋਰ ਮਜ਼ਬੂਤ ਕਰਨ ਦਾ ਪ੍ਰਣ ਕੀਤਾ ।ਇਸ ਮੌਕੇ ਕੋਆਰਡੀਨੇਟਰ ਵਿਸ਼ਾਲ ਸਿੰਘ, ਅਮਨਪ੍ਰੀਤ ਕੌਰ, ਟੇਨ ਸਿੰਘ, ਨੇਹਾ ਸਲਾਰੀਆ, ਜਸਵਿੰਦਰ ਕੌਰ, ਨਿਸ਼ਾ ਸੱਗੜ ਸਮੇਤ ਸਮੂਹ ਸਕੂਲੀ ਸਟਾਫ਼ ਮੈਂਬਰ ਹਾਜ਼ਰ ਸਨ।




# ਗਿਆਨ ਚੰਦ ਦੇ ਦਿਹਾਂਤ 'ਤੇ ਦੁੱਖ ਪ੍ਰਗਟ

**ਛੇਹਰਟਾ, (ਪੱਤਰ ਪ੍ਰੇਰਕ)** : ਰੋਜ਼ਾਨਾ 'ਨਵਾਂ ਜ਼ਮਾਨਾ' ਦੇ ਕੰਪਿਊਟਰ ਅਪ੍ਰੇਟਰ ਗਿਆਨ ਚੰਦ ਦੇ ਦਿਹਾਂਤ 'ਤੇ ਚੰਡੀਗੜ੍ਹ-ਪੰਜਾਬ ਜਰਨਲਿਸਟਸ ਐਸੋਸੀਏਸ਼ਨ ਨੇ ਡੂੰਘਾ ਦੁੱਖ ਪ੍ਰਗਟ ਕੀਤਾ ਹੈ। ਇੰਡੀਅਨ ਜਰਨਲਿਸਟਸ ਯੂਨੀਅਨ ਦੇ ਮੀਤ ਪ੍ਰਧਾਨ ਤੇ ਚੰਡੀਗੜ੍ਹ-ਪੰਜਾਬ ਜਰਨਲਿਸਟਸ ਐਸੋਸੀਏਸ਼ਨ ਦੇ ਪ੍ਰਧਾਨ ਜਸਬੀਰ ਸਿੰਘ ਪੱਟੀ ਨੇ ਕਿਹਾ ਕਿ ਗਿਆਨ ਚੰਦ ਬਹੁਤ ਹੀ ਵਧੀਆ ਇਨਸਾਨ ਸਨ। ਉਨ੍ਹਾਂ ਕਿਹਾ ਕਿ ਜਦੋਂ ਵੀ ਕੋਈ ਪੱਤਰਕਾਰ ਉਨ੍ਹਾਂ ਨੂੰ ਫੋਨ ਕਰਕੇ ਆਪਣੀ ਖ਼ਬਰ ਬਾਰੇ ਪੁੱਛਦਾ ਜਾਂ ਭੇਜੀ ਹੋਈ ਖ਼ਬਰ ਵਿਚ ਰਹਿ ਗਈ ਊਣਤਾਈ ਨੂੰ ਦਰੁਸਤ ਕਰਨ ਲਈ ਕਹਿੰਦਾ ਤਾਂ ਉਹ ਬਹੁਤ ਹੀ ਪਿਆਰ ਤੇ ਸਲੀਕੇ ਨਾਲ ਗੱਲ ਕਰਦੇ ਸਨ। ਕੰਮ ਦਾ ਬੋਝ ਜਿੰਨਾ ਮਰਜ਼ੀ ਹੋਵੇ, ਉਹ ਕਦੇ ਕਾਹਲੇ ਨਹੀਂ ਸਨ ਪੈਂਦੇ ਤੇ ਬੜੇ ਠਰ੍ਹੰਮੇ ਨਾਲ ਪੇਸ਼ ਆਉਂਦੇ ਸਨ। ਉਹ ਬਹੁਤ ਮਿਹਨਤੀ ਇਨਸਾਨ ਸਨ ਤੇ ਲੰਬੇ ਸਮੇਂ ਤੋਂ 'ਨਵਾਂ ਜ਼ਮਾਨਾ' ਨਾਲ ਜੁੜੇ ਹੋਏ ਸਨ। ਉਨ੍ਹਾਂ ਕਿਹਾ ਕਿ ਉਨ੍ਹਾਂ ਦੇ ਵਿਛੋੜੇ ਨਾਲ ਦੁਖੀ ਪਰਿਵਾਰ ਦੇ ਨਾਲ-ਨਾਲ 'ਨਵਾਂ ਜ਼ਮਾਨਾ' ਅਦਾਰੇ ਨੂੰ ਵੀ ਨਾ ਪੂਰਾ ਹੋਣ ਵਾਲਾ ਘਾਟਾ ਪਿਆ ਹੈ। ਉਨ੍ਹਾਂ ਨੇ ਦੁਖੀ ਪਰਿਵਾਰ ਨਾਲ ਵੀ ਹਮਦਰਦੀ ਪ੍ਰਗਟ ਕੀਤੀ। ਗਿਆਨ ਚੰਦ ਦੇ ਦਿਹਾਂਤ 'ਤੇ ਚੰਡੀਗੜ੍ਹ-ਪੰਜਾਬ ਜਰਨਲਿਸਟਸ ਐਸੋਸੀਏਸ਼ਨ ਦੇ ਜ਼ਿਲ੍ਹਾ ਅੰਮ੍ਰਿਤਸਰ ਦੇ ਪ੍ਰਧਾਨ ਰਾਜੇਸ਼ ਕੁਮਾਰ ਸ਼ਰਮਾ, ਕਾਰਜਕਾਰਨੀ ਦੇ ਮੈਂਬਰ ਕੰਵਲਜੀਤ ਸਿੰਘ, ਮਹਿਲਾ ਵਿੰਗ ਦੀ ਪ੍ਰਧਾਨ ਮਮਤਾ ਦੇਵਗਨ, ਪੱਤਰਕਾਰ ਮਨੋਜ ਕੁਮਾਰ, ਸ਼ਸ਼ਪਾਲ ਸਿੰਘ ਤੇ ਸੰਨੀ ਗਿੱਲ ਨੇ ਡੂੰਘਾ ਦੁੱਖ ਪ੍ਰਗਟ ਕਰਦਿਆਂ ਪਰਿਵਾਰ ਨਾਲ ਹਮਦਰਦੀ ਦਾ ਇਜ਼ਹਾਰ ਕੀਤਾ ਹੈ।



# ਨਿੱਕੀ ਜ਼ੋਇਆ ਤੇ ਏਕਮਜੋਤ ਸਿੰਘ ਦੀ ਕਲਾਤਮਕ ਏਸ਼ੀਅਨ ਯੋਗਾ ਟੀਮ ਚੈਂਪੀਅਨਸ਼ਿਪ ਲਈ ਚੋਣ

**ਬਟਾਲਾ (ਡਾ. ਮਲਵਿੰਦਰ ਸਿੰਘ)**- ਪਹਿਲੀ ਓਪਨ ਏਸ਼ੀਅਨ ਯੋਗਾ ਟੀਮ ਚੈਂਪੀਅਨਸ਼ਿਪ 2026 21 ਅਤੇ 22 ਜੂਨ ਨੂੰ ਦਿੱਲੀ ਯੂਨੀਵਰਸਿਟੀ, ਦਿੱਲੀ ਦੇ ਸ਼੍ਰੀ ਗੁਰੂ ਗੋਬਿੰਦ ਸਿੰਘ ਕਾਲਜ ਆਫ਼ ਕਾਮਰਸ ਵਿਖੇ ਆਯੋਜਿਤ ਕੀਤੀ ਗਈ।ਭਾਰਤ ਦੇ ਨਾਲ-ਨਾਲ ਥਾਈਲੈਂਡ, ਸ਼੍ਰੀਲੰਕਾ, ਵੀਅਤਨਾਮ ਅਤੇ ਸਿੰਗਾਪੁਰ ਦੇ ਖਿਡਾਰੀਆਂ ਨੇ ਮੁਕਾਬਲੇ ਵਿੱਚ ਹਿੱਸਾ ਲਿਆ। ਭਾਰਤ ਦੀ ਸਭ ਤੋਂ ਛੋਟੀ ਉਮਰ ਦੀ ਯੋਗਾ ਐਥਲੀਟ, ਜ਼ੋਇਆ ਜੋ ਕਿ ਆਰ. ਡੀ. ਖੋਸਲਾ ਡੀ. ਏ. ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੀ ਦੂਜੀ ਜਮਾਤ ਦੀ ਵਿਦਿਆਰਥਣ ਹੈ, ਨੇ ਕਲਾਤਮਕ ਯੋਗਾ ਅਤੇ ਐਥਲੈਟਿਕਸ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ। ਸਕੂਲ ਦੇ 8ਵੀਂ ਜਮਾਤ ਦੇ ਵਿਦਿਆਰਥੀ ਏਕਮਜੋਤ ਸਿੰਘ ਨੇ ਕਲਾਤਮਕ ਯੋਗਾ ਵਿੱਚ ਦੂਜਾ ਸਥਾਨ ਅਤੇ ਅਥਲੈਟਿਕਸ ਵਿੱਚ ਤੀਜਾ ਸਥਾਨ ਪ੍ਰਾਪਤ ਕੀਤਾ ਅਤੇ ਅਕਤੂਬਰ 2026 ਵਿੱਚ ਥਾਈਲੈਂਡ ਵਿੱਚ ਹੋਣ ਵਾਲੀ ਕਲਾਤਮਕ ਏਸ਼ੀਅਨ ਯੋਗਾ ਟੀਮ ਚੈਂਪੀਅਨਸ਼ਿਪ ਲਈ ਚੁਣਿਆ ਗਿਆ।ਸਕੂਲ ਦੇ ਚੇਅਰਮੈਨ ਅਰਵਿੰਦ ਖੋਸਲਾ, ਪ੍ਰਧਾਨ ਅਜੈ ਖੋਸਲਾ, ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਊਸ਼ਾ ਕਿਰਨ ਨੂੰ ਦਿਲੋਂ ਵਧਾਈਆਂ ਅਤੇ ਸ਼ੁਭਕਾਮਨਾਵਾਂ ਦਿੱਤੀਆਂ ਤੇ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ। ਵਿਦਿਆਰਥੀਆਂ ਨੂੰ ਅਜਿਹੇ ਮੁਕਾਬਲਿਆਂ ਵਿੱਚ ਉਤਸ਼ਾਹ ਨਾਲ ਹਿੱਸਾ ਲੈਣ ਲਈ ਉਤਸ਼ਾਹਿਤ ਕਰਦੇ ਹੋਏ ਉਨ੍ਹਾਂ ਜ਼ੋਰ ਦਿੱਤਾ ਕਿ ਯੋਗਾ ਸਰੀਰਕ ਅਤੇ ਮਾਨਸਿਕ ਸਿਹਤ ਪ੍ਰਦਾਨ ਕਰਦਾ ਹੈ, ਜੋ ਬੱਚਿਆਂ ਦੇ ਸਰਬਪੱਖੀ ਵਿਕਾਸ ਵਿੱਚ ਯੋਗਦਾਨ ਪਾਉਂਦਾ ਹੈ।




# ਵਿਦਿਆਰਥੀਆਂ ਨੂੰ ਹੁਨਰਮੰਦ ਬਣਾਉਣ ਲਈ ਸਰਕਾਰੀ ਕਾਲਜ 'ਚ ਪੰਦਰਾਂ ਰੋਜ਼ਾ ਵਿਸ਼ੇਸ਼ ਸਿਖਲਾਈ ਕੈਂਪ ਸ਼ੁਰੂ

**ਗੁਰਦਾਸਪੁਰ, (ਜਨਕ ਮਹਾਜਨ)**- ਸਰਕਾਰੀ ਕਾਲਜ ਗੁਰਦਾਸਪੁਰ ਦੇ ਵਿਦਿਆਰਥੀਆਂ ਨੂੰ ਹੁਨਰਮੰਦ, ਰੁਜ਼ਗਾਰ-ਯੋਗ ਅਤੇ ਉਦਮੀ ਬਣਾਉਣ ਦੇ ਉਦੇਸ਼ ਨਾਲ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਰੀਜਨਲ ਸੈਂਟਰ ਗੁਰਦਾਸਪੁਰ ਵਿਖੇ 15 ਦਿਨਾ ਵਿਸ਼ੇਸ਼ ਸਿਖਲਾਈ ਕੈਂਪ ਦਾ ਸ਼ੁਭ ਆਰੰਭ ਕੀਤਾ ਗਿਆ। ਇਸ ਸਿਖਲਾਈ ਕੈਂਪ ਦਾ ਉਦਘਾਟਨ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਰਿਜਨਲ ਸੈਂਟਰ ਗੁਰਦਾਸਪੁਰ ਦੇ ਡਾਇਰੈਕਟਰ ਐੱਚ. ਐੱਸ. ਰੰਧਾਵਾ ਅਤੇ ਸਰਕਾਰੀ ਕਾਲਜ ਗੁਰਦਾਸਪੁਰ ਦੇ ਪ੍ਰਿੰਸੀਪਲ ਪ੍ਰੋ. (ਡਾ.) ਅਸ਼ਵਨੀ ਕੁਮਾਰ ਭੱਲਾ ਨੇ ਸਾਂਝੇ ਤੌਰ 'ਤੇ ਕੀਤਾ। ਇਸ ਮੌਕੇ 'ਤੇ ਡਾ. ਹਰਪ੍ਰੀਤ ਸਿੰਘ, ਪ੍ਰੋਫੈਸਰ ਅਤੇ ਮਾਹਿਰ ਅਤੇ ਡਾ. ਜੋਹਰ ਸਿੰਘ, ਪ੍ਰਿੰਸੀਪਲ ਸਾਇੰਟਿਸਟ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸਮਾਗਮ ਨੂੰ ਸੰਬੋਧਨ ਕਰਦਿਆਂ ਡਾਇਰੈਕਟਰ ਐੱਚ. ਐੱਸ. ਰੰਧਾਵਾ ਨੇ ਕਿਹਾ ਕਿ ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦਾ ਰੀਜਨਲ ਸੈਂਟਰ ਗੁਰਦਾਸਪੁਰ 1910 ਵਿਚ ਸਥਾਪਿਤ ਕੀਤਾ ਗਿਆ ਸੀ ਅਤੇ ਇਹ ਕੇਂਦਰ ਲੰਮੇ ਸਮੇਂ ਤੋਂ ਕਿਸਾਨਾਂ ਦੀ ਅਗਵਾਈ, ਖੇਤੀਬਾੜੀ ਦੇ ਵਿਕਾਸ ਅਤੇ ਵਿਦਿਆਰਥੀਆਂ ਤੇ ਆਮ ਲੋਕਾਂ ਨੂੰ ਸਿਖਲਾਈ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਿਹਾ ਹੈ। ਉਨ੍ਹਾਂ ਕਿਹਾ ਕਿ 15 ਦਿਨਾਂ ਦੇ ਇਸ ਵਿਸ਼ੇਸ਼ ਸਿਖਲਾਈ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਵੱਖ-ਵੱਖ ਖੇਤਰਾਂ ਵਿੱਚ ਵਿਹਾਰਕ ਅਤੇ ਤਕਨੀਕੀ ਸਿਖਲਾਈ ਦਿੱਤੀ ਜਾਵੇਗੀ, ਜਿਸ ਨਾਲ ਉਹ ਹੁਨਰਮੰਦ ਨਾਗਰਿਕ ਬਣਨਗੇ ਅਤੇ ਆਪਣੇ ਜੀਵਨ ਵਿੱਚ ਰੁਜ਼ਗਾਰ ਅਤੇ ਸਵੈ-ਰੁਜ਼ਗਾਰ ਦੇ ਬਿਹਤਰ ਮੌਕੇ ਸਿਰਜ ਸਕਣਗੇ। ਡਾ. ਜੌਹਰ ਸਿੰਘ ਨੇ ਆਪਣੇ ਸੰਬੋਧਨ ਵਿੱਚ ਕਿਹਾ ਕਿ ਇਸ ਸਿਖਲਾਈ ਕੈਂਪ ਦੌਰਾਨ ਵਿਦਿਆਰਥੀਆਂ ਨੂੰ ਅਨੁਸ਼ਾਸਨ, ਵਿਗਿਆਨਕ ਸੋਚ ਅਤੇ ਕਰੀਅਰ ਮਾਰਗਦਰਸ਼ਨ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ ਜਾਵੇਗੀ।



# ਸ਼ੈਰੀ ਕਲਸੀ ਨੇ ਪਾਰਕਾਂ, ਵਾਟਰ ਸਪਲਾਈ, ਸੀਵਰੇਜ ਤੇ ਸੜਕਾਂ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ

**ਬਟਾਲਾ, (ਡਾ. ਮਲਵਿੰਦਰ ਸਿੰਘ)**- ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਸ਼ਹਿਰ ਅੰਦਰ ਲੋਕਹਿਤ ਵਿੱਚ ਕੀਤੇ ਜਾ ਰਹੇ ਵਿਕਾਸ ਕਾਰਜਾਂ ਨੂੰ ਅੱਗੇ ਵਧਾਉਂਦਿਆਂ ਨਗਰ ਸੁਧਾਰ ਟਰੱਸਟ ਬਟਾਲਾ ਵੱਲੋਂ 8.64 ਏਕੜ ਵਿੱਚ ਪੈਂਦੇ ਪਾਰਕਾਂ, ਵਾਟਰ ਸਪਲਾਈ ਤੇ ਸੀਵਰਜ ਅਤੇ ਸੜਕਾਂ ਦੇ ਵਿਕਾਸ ਕਾਰਜਾਂ ਦਾ ਨੀਂਹ ਪੱਥਰ ਰੱਖਿਆ ਗਿਆ। ਇਸ ਮੌਕੇ ਚੇਅਰਮੈਨ ਯਸ਼ਪਾਲ ਚੌਹਾਨ, ਸੀਨੀਅਰ ਆਗੂ ਮੈਨੇਜਰ ਅਤਰ ਸਿੰਘ, ਪ੍ਰਧਾਨ ਵਿਜੇ ਸੋਨੀ, ਪ੍ਰਧਾਨ ਵੀਨੂੰ ਕਾਹਲੋਂ, ਮਨਜੀਤ ਸਿੰਘ ਬੁਮਰਾਹ, ਅਮਰੀਕ ਸਿੰਘ ਲੰਬੜਦਾਰ, ਜਗਜੀਤ ਸਿੰਘ, ਸੂਬੇਦਾਰ ਬਲਜਿੰਦਰ ਸਿੰਘ ਸਮੇਤ ਸ਼ਹਿਰ ਵਾਸੀ ਮੌਜੂਦ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਪਿਛਲੇ ਕਰੀਬ ਛੇ ਸਾਲਾਂ ਤੋਂ ਬਟਾਲਾ ਸ਼ਹਿਰ ਦੇ ਚਹੁਪੱਖੀ ਵਿਕਾਸ ਲਈ ਯਤਨਸ਼ੀਲ ਹਨ ਅਤੇ ਲਗਾਤਾਰ ਬਟਾਲਾ ਵਾਸੀਆਂ ਦੇ ਹਿੱਤ ਲਈ ਵਿਕਾਸ ਕਾਰਜ ਕਰਵਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਹਮੇਸ਼ਾ ਕੋਸ਼ਿਸ਼ ਹੁੰਦੀ ਹੈ ਕਿ ਬਟਾਲਾ ਵਾਸੀਆਂ ਦੇ ਲੋਕ ਹਿੱਤ ਵਿੱਚ ਵੱਧ ਤੋਂ ਵੱਧ ਕੰਮ ਕੀਤੇ ਜਾਣ ਜਿਸ ਦੇ ਚੱਲਦਿਆਂ ਬਟਾਲਾ ਸ਼ਹਿਰ ਖਾਸਕਰਕੇ ਗਾਂਧੀ ਚੌਂਕ ਅਤੇ ਕਾਦੀਆਂ ਚੁੰਗੀ 'ਤੇ ਆਵਾਜਾਈ ਨੂੰ ਸੁਖਾਲੀ ਕਰਨ ਲਈ ਟਰੈਫਿਕ ਲਾਈਟਾਂ ਲਗਾਉਣ ਦੇ ਪਾਇਲਟ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਜਾ ਚੁੱਕੀ ਹੈ ਤਾਂ ਜੋ ਲੋਕਾਂ ਨੂੰ ਆਵਾਜਾਈ ਦੌਰਾਨ ਕੋਈ ਦਿੱਕਤ ਪੇਸ਼ ਨਾ ਆਵੇ।ਉਨ੍ਹਾਂ ਕਿਹਾ ਟਰੈਫਿਕ ਲਾਈਟਾਂ ਦੇ ਨਾਲ ਇਨ੍ਹਾਂ ਚੌਕਾਂ ਵਿੱਚ ਆਵਾਜਾਈ ਨਿਯਮਾਂ ਦੀ ਪਾਲਣਾ ਕਰਵਾਉਣ ਲਈ ਸੀਸੀਟੀਵੀ ਕੈਮਰੇ ਵੀ ਲਗਾਏ ਗਏ ਹਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਬਟਾਲਾ ਸ਼ਹਿਰ ਨੂੰ ਸਾਫ ਸੁਥਰਾ ਰੱਖਣ ਅਤੇ ਖੂਬਸੂਰਤ ਬਨਾਉਣ ਲਈ ਉਹ ਵਚਨਬੱਧ ਹਨ ਅਤੇ ਨਗਰ ਨਿਗਮ ਬਟਾਲਾ ਦੇ ਹਾਊਸ ਦੀ ਪਹਿਲੀ ਮੀਟਿੰਗ ਵਿੱਚ ਹੀ ਸ਼ਹਿਰ ਵਿਚੋਂ ਕੂੜੇ ਦੀ ਸਮੱਸਿਆ ਦੇ ਹੱਲ ਲਈ ਮਤਾ ਪਾਇਆ ਜਾਵੇਗਾ। ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਬਟਾਲਾ ਸ਼ਹਿਰ ਅੰਦਰ ਨਿਰੰਤਰ ਵਿਕਾਸ ਕੰਮ ਜਾਰੀ ਹਨ ਅਤੇ ਸ਼ਹਿਰ ਦੀ ਹਰ ਵਾਰਡ ਵਿੱਚ ਲੋਕਾਂ ਦੀ ਸਹੂਲਤ ਲਈ ਵਿਕਾਸ ਕੰਮ ਕਰਵਾਏ ਜਾਣਗੇ।ਉਨ੍ਹਾਂ ਕਿਹਾ ਕਿ ਨਵ ਨਿਯੁਕਤ ਕੌਂਸਲਰਾਂ ਵੱਲੋਂ ਵਾਰਡਾਂ ਵਿੱਚ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣ ਕੇ ਹੱਲ ਕੀਤੀਆਂ ਜਾ ਰਹੀਆਂ ਹਨ।



# 'ਸੀ ਐੱਮ ਦੀ ਯੋਗਸ਼ਾਲਾ ਸਿਹਤ ਜਾਗਰੂਕਤਾ ਵਧਾਉਣ 'ਚ ਨਿਭਾ ਰਹੀ ਹੈ ਅਹਿਮ ਭੂਮਿਕਾ'

**ਗੁਰਦਾਸਪੁਰ, (ਜਨਕ ਮਹਾਜਨ)**- ਮੁੱਖ ਮੰਤਰੀ ਮਾਨ ਦੀ ਲੋਕ-ਪੱਖੀ ਪਹਿਲਕਦਮੀ ਸੀ ਐੱਮ ਦੀ ਯੋਗਸ਼ਾਲਾ ਦੇ ਤਹਿਤ ਗੁਰਦਾਸਪੁਰ ਜ਼ਿਲ੍ਹੇ ਵਿੱਚ ਸਿਹਤ, ਯੋਗਾ ਅਤੇ ਸਾਕਾਰਾਤਮਕ ਜੀਵਨ ਸ਼ੈਲੀ ਬਾਰੇ ਜਾਗਰੂਕਤਾ ਲਗਾਤਾਰ ਵਧ ਰਹੀ ਹੈ। ਪੰਜਾਬ ਸਰਕਾਰ ਦੁਆਰਾ ਸ਼ੁਰੂ ਕੀਤੀ ਗਈ ਇਹ ਵਿਸ਼ੇਸ਼ ਪਹਿਲਕਦਮੀ ਹਜ਼ਾਰਾਂ ਲੋਕਾਂ ਨੂੰ ਯੋਗ ਨਾਲ ਜੋੜ ਕੇ ਇੱਕ ਸਿਹਤਮੰਦ ਅਤੇ ਖੁਸ਼ਹਾਲ ਪੰਜਾਬ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾ ਰਹੀ ਹੈ। ਸੀ ਐੱਮ ਯੋਗਸ਼ਾਲਾ ਦੇ ਜ਼ਿਲ੍ਹਾ ਕੁਆਰਡੀਨੇਟਰ ਗੁਰਪ੍ਰੀਤ ਸਿੰਘ ਨੇ ਦੱਸਿਆ ਕਿ ਗੁਰਦਾਸਪੁਰ ਜ਼ਿਲ੍ਹੇ ਦੇ ਵੱਖ-ਵੱਖ ਪਿੰਡਾਂ, ਵਾਰਡਾਂ, ਪਾਰਕਾਂ ਅਤੇ ਕਮਿਊਨਿਟੀ ਥਾਵਾਂ 'ਤੇ ਨਿਯਮਤ ਯੋਗਾ ਕਲਾਸਾਂ ਲਗਾਈਆਂ ਜਾ ਰਹੀਆਂ ਹਨ। ਇਸ ਵੇਲੇ ਜ਼ਿਲ੍ਹੇ ਵਿੱਚ ਕੁੱਲ 696 ਯੋਗਾ ਕਲਾਸਾਂ ਚਲਾਈਆਂ ਜਾ ਰਹੀਆਂ ਹਨ, ਜਿਨ੍ਹਾਂ ਵਿੱਚ ਵੱਡੀ ਗਿਣਤੀ ਵਿੱਚ ਔਰਤਾਂ, ਨੌਜਵਾਨ, ਬਜ਼ੁਰਗ ਅਤੇ ਵਿਦਿਆਰਥੀ ਰੋਜ਼ਾਨਾ ਯੋਗ ਆਸਣ, ਪ੍ਰਾਣਾਯਾਮ ਅਤੇ ਧਿਆਨ ਦਾ ਅਭਿਆਸ ਕਰਨ ਲਈ ਹਿੱਸਾ ਲੈ ਰਹੇ ਹਨ। ਸਿਖਲਾਈ ਪ੍ਰਾਪਤ ਯੋਗਾ ਇੰਸਟਰਕਟਰ ਯੋਗਾ, ਇੱਕ ਸਿਹਤਮੰਦ ਜੀਵਨ ਸ਼ੈਲੀ, ਤਣਾਅ ਪ੍ਰਬੰਧਨ ਅਤੇ ਰੋਜ਼ਾਨਾ ਸਿਹਤ ਬਾਰੇ ਜ਼ਰੂਰੀ ਜਾਣਕਾਰੀ ਪ੍ਰਦਾਨ ਕਰ ਰਹੇ ਹਨ। ਮਾਹਿਰਾਂ ਦੇ ਅਨੁਸਾਰ, ਨਿਯਮਤ ਯੋਗਾ ਅਭਿਆਸ ਮਾਨਸਿਕ ਤਣਾਅ ਨੂੰ ਘਟਾਉਂਦਾ ਹੈ, ਸਰੀਰ ਦੀ ਪ੍ਰਤੀਰੋਧਕ ਸ਼ਕਤੀ ਨੂੰ ਬਿਹਤਰ ਬਣਾਉਂਦਾ ਹੈ ਅਤੇ ਸਰੀਰਕ ਅਤੇ ਮਾਨਸਿਕ ਤੰਦਰੁਸਤੀ ਨੂੰ ਉਤਸ਼ਾਹਿਤ ਕਰਦਾ ਹੈ। ਉਨ੍ਹਾਂ ਕਿਹਾ ਕਿ 'ਮੁੱਖ ਮੰਤਰੀ ਭਗਵੰਤ ਮਾਨ ਦੁਆਰਾ ਸ਼ੁਰੂ ਕੀਤੀ ਗਈ' ਸੀ. ਐਮ. ਦੀ ਯੋਗਸ਼ਾਲਾ' ਪਹਿਲ ਇੱਕ ਸਿਹਤਮੰਦ ਅਤੇ ਜਾਗਰੂਕ ਸਮਾਜ ਦੀ ਸਿਰਜਣਾ ਵੱਲ ਇਕ ਸ਼ਲਾਘਾਯੋਗ ਉਪਰਾਲਾ ਹੈ। ਜ਼ਿਲ੍ਹੇ ਵਿੱਚ ਨਾਗਰਿਕਾਂ ਦੀ ਵੱਧ ਰਹੀ ਭਾਗੀਦਾਰੀ ਦਰਸਾਉਂਦੀ ਹੈ ਕਿ ਲੋਕ ਯੋਗਾ ਪ੍ਰਤੀ ਵਧੇਰੇ ਜਾਗਰੂਕ ਹੋ ਰਹੇ ਹਨ।

ਅਸੀਂ ਸਾਰੇ ਨਾਗਰਿਕਾਂ ਨੂੰ ਅਪੀਲ ਕਰਦੇ ਹਾਂ ਕਿ ਉਹ ਆਪਣੇ ਨੇੜਲੇ ਯੋਗਾ ਕੇਂਦਰ ਵਿੱਚ ਸ਼ਾਮਲ ਹੋਣ ਅਤੇ ਨਿਯਮਿਤ ਤੌਰ 'ਤੇ ਯੋਗਾ ਕਰਨ, ਇੱਕ ਸਿਹਤਮੰਦ ਅਤੇ ਜੀਵੰਤ ਪੰਜਾਬ ਦੀ ਸਿਰਜਣਾ ਵਿੱਚ ਯੋਗਦਾਨ ਪਾਉਣ।



# ਕਟਾਰੂਚੱਕ ਨੇ 1.84 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਚਾਰ ਸੜਕਾਂ ਦੇ ਨਿਰਮਾਣ ਕਾਰਜ ਸ਼ੁਰੂ ਕਰਵਾਏ

**ਪਠਾਨਕੋਟ, (ਦਵਿੰਦਰ ਸਿੰਘ)**- ਕੈਬਨਿਟ ਮੰਤਰੀ ਲਾਲ ਚੰਦ ਕਟਾਰੂਚੱਕ ਨੇ ਵਿਧਾਨ ਸਭਾ ਹਲਕਾ ਭੋਆ ਦੇ ਅਧੀਨ ਕਰੀਬ 1.84 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੀਆਂ ਚਾਰ ਮਹੱਤਵਪੂਰਨ ਸੜਕਾਂ ਦੇ ਨਿਰਮਾਣ ਕਾਰਜਾਂ ਦੀ ਸ਼ੁਰੂਆਤ ਕਰਵਾਈ।ਉਨ੍ਹਾਂ ਦੱਸਿਆ ਕਿ ਇਨ੍ਹਾਂ ਸੜਕਾਂ ਦੇ ਨਿਰਮਾਣ 'ਤੇ ਕੁੱਲ 1 ਕਰੋੜ 84 ਲੱਖ ਰੁਪਏ ਖਰਚ ਕੀਤੇ ਜਾਣਗੇ ਅਤੇ ਲਗਭਗ ਚਾਰ ਕਿਲੋਮੀਟਰ ਲੰਬੀਆਂ ਸੜਕਾਂ ਦਾ ਨਿਰਮਾਣ ਕੀਤਾ ਜਾਵੇਗਾ, ਜਿਸ ਨਾਲ ਇਲਾਕੇ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਮਿਲਣਗੀਆਂ।ਇਸ ਮੌਕੇ ਸੰਬੋਧਨ ਕਰਦਿਆਂ ਕਟਾਰੂਚੱਕ ਨੇ ਦੱਸਿਆ ਕਿ ਮਿਆਣੀ ਰੋਡ 'ਤੇ ਕਰੀਬ 52.90 ਲੱਖ ਰੁਪਏ, ਕੋਠੇ ਪ੍ਰੇਮ ਸਿੰਘ ਰੋਡ ਤੇ 53.22 ਲੱਖ ਰੁਪਏ, ਸਾਹਿਬ ਚੱਕ ਰੋਡ ਤੇ 45.56 ਲੱਖ ਰੁਪਏ ਅਤੇ ਜੈਨੀ ਚੱਕ ਰੋਡ 'ਤੇ 33.02 ਲੱਖ ਰੁਪਏ ਦੀ ਲਾਗਤ ਨਾਲ ਨਿਰਮਾਣ ਕਾਰਜ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਕੰਮ ਮੁਕੰਮਲ ਹੋਣ ਉਪਰੰਤ ਇਹ ਸੜਕਾਂ ਲੋਕਾਂ ਨੂੰ ਸਮਰਪਿਤ ਕਰ ਦਿੱਤੀਆਂ ਜਾਣਗੀਆਂ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਭੋਆ ਹਲਕੇ ਦੇ ਵਿਕਾਸ ਲਈ ਖੁੱਲ੍ਹੇ ਦਿਲ ਨਾਲ ਫੰਡ ਮੁਹੱਈਆ ਕਰਵਾਏ ਜਾ ਰਹੇ ਹਨ।ਇਨ੍ਹਾਂ ਫੰਡਾਂ ਨਾਲ ਸੜਕਾਂ ਦਾ ਮਜ਼ਬੂਤ ਨੈੱਟਵਰਕ ਤਿਆਰ ਹੋ ਰਿਹਾ ਹੈ, ਜਿਸ ਨਾਲ ਪਿੰਡਾਂ ਦੀ ਆਪਸੀ ਕਨੈਕਟੀਵਿਟੀ ਮਜ਼ਬੂਤ ਹੋਈ ਹੈ ਅਤੇ ਲੋਕਾਂ ਦੀ ਆਵਾਜਾਈ ਪਹਿਲਾਂ ਨਾਲੋਂ ਕਾਫ਼ੀ ਸੁਖਾਲੀ ਬਣੀ ਹੈ।ਕੈਬਨਿਟ ਮੰਤਰੀ ਨੇ ਦੱਸਿਆ ਕਿ ਇਸ ਵੇਲੇ ਵੀ ਹਲਕੇ ਵਿੱਚ ਕਰੀਬ 20 ਕਿਲੋਮੀਟਰ ਸੜਕਾਂ ਦੇ ਨਿਰਮਾਣ ਕਾਰਜ ਜਾਰੀ ਹਨ, ਜਦਕਿ ਹੁਣ ਤੱਕ ਵਿਧਾਨ ਸਭਾ ਹਲਕਾ ਭੋਆ ਵਿੱਚ ਲਗਭਗ 421 ਕਰੋੜ ਰੁਪਏ ਦੀ ਲਾਗਤ ਨਾਲ ਸੜਕਾਂ ਦੇ ਵਿਕਾਸ ਕਾਰਜ ਕਰਵਾਏ ਜਾ ਚੁੱਕੇ ਹਨ। ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਵਿਕਾਸ ਦੀ ਇਹ ਲੜੀ ਇਸੇ ਤਰ੍ਹਾਂ ਜਾਰੀ ਰਹੇਗੀ।ਇਸ ਮੌਕੇ ਨਰੇਸ਼ ਸੈਣੀ (ਮਾਝਾ ਜ਼ੋਨ ਬੀ. ਸੀ. ਵਿੰਗ ਇੰਚਾਰਜ), ਸਰਪੰਚ ਸੁਰਿੰਦਰ ਸ਼ਾਹ (ਬਲਾਕ ਪ੍ਰਧਾਨ), ਲੈਂਡ ਮਾਰਟਗੇਜ ਬੈਂਕ ਪਠਾਨਕੋਟ ਦੇ ਚੇਅਰਮੈਨ ਖੁਸ਼ਵੀਰ ਕਾਟਲ, ਬਲਾਕ ਪ੍ਰਧਾਨ ਕੁਲਦੀਪ ਰਕਵਾਲ, ਤਰਸੇਮ ਸਿਹੌੜਾ (ਨਸ਼ਾ ਮੁਕਤੀ ਮੋਰਚਾ ਹਲਕਾ ਭੋਆ ਕੋਆਰਡੀਨੇਟਰ), ਪ੍ਰੇਮ ਸਿੰਘ ਸਿਹੌੜਾ, ਸਰਪੰਚ ਕਮਲੇਸ਼ (ਸਾਹਿਬ ਚੱਕ), ਸਰਪੰਚ ਚਮਨ ਲਾਲ (ਜੈਨੀ ਚੱਕ), ਸਰਪੰਚ ਪ੍ਰਵੀਨ ਕੁਮਾਰੀ (ਮਿਆਣੀ), ਸੰਤੋਖ ਸਿੰਘ, ਸਰਪੰਚ ਅਮਨਿੰਦਰ (ਕੋਠੇ ਪ੍ਰੇਮ ਸਿੰਘ), ਤਰਸੇਮ ਸਿੰਘ, ਰਵਿੰਦਰ ਕਸ਼ਯਪ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਆਗੂ ਅਤੇ ਇਲਾਕਾ ਨਿਵਾਸੀ ਹਾਜ਼ਰ ਸਨ।




# ਔਚ ਵਨ 2026 'ਚ ਸਕੋਡਾ ਆਟੋ ਇੰਡੀਆ ਵੱਲੋਂ ਰਿਕਾਰਡ ਵਿਕਰੀ, 38,894 ਵਾਹਨਾਂ ਦੀ ਡਿਲਿਵਰੀ

**ਅੰਮ੍ਰਿਤਸਰ**- ਸਕੋਡਾ ਆਟੋ ਇੰਡੀਆ ਨੇ 81 2026 ਦੌਰਾਨ ਆਪਣੇ ਇਤਿਹਾਸ ਦੀ ਸਭ ਤੋਂ ਵੱਧ ਅੱਧੇ ਸਾਲ ਦੀ ਵਿਕਰੀ ਦਰਜ ਕੀਤੀ ਹੈ। ਕੰਪਨੀ ਨੇ ਇਸ ਮਿਆਦ ਵਿੱਚ 38,894 ਵਾਹਨਾਂ ਦੀ ਵਿਕਰੀ ਕੀਤੀ, ਜੋ ਪਿਛਲੇ ਸਾਲ ਦੀ ਇਸੇ ਮਿਆਦ ਨਾਲੋਂ 7.5 ਫੀਸਦੀ ਵੱਧ ਹੈ। ਲਗਾਤਾਰ ਦੂਜੇ ਸਾਲ ਕੰਪਨੀ ਨੇ ਰਿਕਾਰਡ ਅੱਧੇ ਸਾਲ ਦੀ ਵਿਕਰੀ ਹਾਸਲ ਕੀਤੀ ਹੈ। ਬ੍ਰਾਂਡ ਡਾਇਰੈਕਟਰ ਆਸ਼ੀਸ਼ ਗੁਪਤਾ ਨੇ ਕਿਹਾ ਕਿ ਇਹ ਸਫਲਤਾ ਗਾਹਕਾਂ ਦੇ ਵਧਦੇ ਭਰੋਸੇ ਦਾ ਨਤੀਜਾ ਹੈ। ਉਨ੍ਹਾਂ ਅਨੁਸਾਰ ਨਵੀਂ ਕੁਸ਼ਾਕ, ਅਪਡੇਟ ਕੀਤੀ ਕੋਡਿਆਕ, ਨਵੀਂ ਕੋਡਿਆਕ ਆਰ ਐਸ, ਕਾਇਲੈਕ ਅਤੇ ਸਲਾਵੀਆ ਨੂੰ ਗਾਹਕਾਂ ਵੱਲੋਂ ਚੰਗਾ ਹੁੰਗਾਰਾ ਮਿਲਿਆ ਹੈ।

ਕੋਡਿਆਕ ਆਰ ਐਸ ਦੀ ਪਹਿਲੀ ਖੇਪ ਕੁਝ ਮਿੰਟਾਂ ਵਿੱਚ ਹੀ ਪੂਰੀ ਤਰ੍ਹਾਂ ਬੁੱਕ ਹੋ ਗਈ। ਕੰਪਨੀ ਨੇ ਦੇਸ਼ ਭਰ ਵਿੱਚ ਆਪਣੇ 340 ਤੋਂ ਵੱਧ ਟੱਚ ਪੌਇੰਟ ਬਣਾਏ ਹਨ ਅਤੇ ਸਕੋਡਾ ਐਕਸਪ੍ਰੈੱਸ ਕੇਅਰ ਸੇਵਾ ਵੀ ਸ਼ੁਰੂ ਕੀਤੀ ਹੈ, ਜਿਸ ਨਾਲ ਗਾਹਕਾਂ ਨੂੰ ਬਿਹਤਰ ਸੇਵਾ ਮਿਲੇਗੀ। ਮੋਟਰਸਪੋਰਟ ਖੇਤਰ ਵਿੱਚ ਵੀ ਕੰਪਨੀ ਨੇ ਇੰਡੀਆ ਬੁੱਕ ਆਫ਼ ਰਿਕਾਰਡਜ਼ ਅਤੇ ਏਸ਼ੀਆ ਬੁੱਕ ਆਫ਼ ਰਿਕਾਰਡਜ਼ ਵਿੱਚ ਆਪਣੀ ਥਾਂ ਬਣਾਈ ਹੈ।

ਕੰਪਨੀ ਨੇ ਕਿਹਾ ਕਿ ਉਹ ਆਉਣ ਵਾਲੇ ਸਮੇਂ ਵਿੱਚ ਵੀ ਗਾਹਕ-ਕੇਂਦਰਿਤ ਸੇਵਾਵਾਂ ਅਤੇ ਨਵੇਂ ਉਤਪਾਦਾਂ ਰਾਹੀਂ ਵਿਕਾਸ ਦੀ ਰਫ਼ਤਾਰ ਜਾਰੀ ਰੱਖੇਗੀ।

# ਰੇਲਵੇ ਸਟੇਸ਼ਨ ਬੁਟਾਰੀ ਦੇ ਗੁਦਾਮਾਂ 'ਚ ਸੁਸਰੀ ਦਾ ਵਧਿਆ ਪ੍ਰਕੋਪ ਚਿੰਤਾ ਦਾ ਵਿਸ਼ਾ : ਨਰਿੰਦਰ ਕੌਰ ਕੰਗ

**ਬਿਆਸ (ਪਰਮਜੀਤ ਸਿੰਘ ਰੱਖੜਾ)**- ਪਿੰਡ ਬੁਟਾਰੀ ਦੇ ਸਰਪੰਚ ਨਰਿੰਦਰ ਕੌਰ ਅਤੇ ਇਲਾਕੇ ਦੇ ਮੋਹਤਬਰ ਸੱਜਣਾਂ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਰੇਲਵੇ ਸਟੇਸ਼ਨ ਦੇ ਨਜ਼ਦੀਕ ਸਥਿਤ ਰਿਹਾਇਸ਼ੀ ਇਲਾਕੇ ਦੇ ਵਸਨੀਕਾਂ ਨੇ ਇਲਾਕੇ ਵਿੱਚ ਸੁਸਰੀ ਦੇ ਲਗਾਤਾਰ ਵੱਧ ਰਹੇ ਪ੍ਰਕੋਪ ਨੂੰ ਲੈ ਕੇ ਗੰਭੀਰ ਚਿੰਤਾ ਜਤਾਈ ਹੈ।ਇਲਾਕਾ ਨਿਵਾਸੀਆਂ ਦਾ ਕਹਿਣਾ ਹੈ ਕਿ ਰੇਲਵੇ ਸਟੇਸ਼ਨ ਨੇੜੇ ਸਥਿਤ ਗੁਦਾਮਾਂ ਵਿੱਚ ਸਫ਼ਾਈ ਅਤੇ ਰੱਖ-ਰਖਾਵ ਦੀ ਕਮੀ ਕਾਰਨ ਸੁਸਰੀ ਦੀ ਗਿਣਤੀ ਵਿੱਚ ਬਹੁਤ ਵਾਧਾ ਹੋ ਗਿਆ ਹੈ।ਸੁਸਰੀ ਘਰਾਂ ਅੰਦਰ ਤੱਕ ਪਹੁੰਚ ਰਹੀ ਹੈ, ਜਿਸ ਕਾਰਨ ਬੱਚਿਆਂ, ਬਜ਼ੁਰਗਾਂ ਅਤੇ ਹੋਰ ਪਰਿਵਾਰਕ ਮੈਂਬਰਾਂ ਨੂੰ ਚਮੜੀ ਸੰਬੰਧੀ ਰੋਗਾਂ ਅਤੇ ਹੋਰ ਸਿਹਤ ਸਮੱਸਿਆਵਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਲੋਕਾਂ ਦਾ ਕਹਿਣਾ ਹੈ ਕਿ ਇਸ ਸਮੱਸਿਆ ਕਾਰਨ ਉਨ੍ਹਾਂ ਦੀ ਰੋਜ਼ਾਨਾ ਜ਼ਿੰਦਗੀ ਪ੍ਰਭਾਵਿਤ ਹੋ ਰਹੀ ਹੈ ਅਤੇ ਉਹ ਡਰ ਦੇ ਮਾਹੌਲ ਵਿੱਚ ਰਹਿਣ ਲਈ ਮਜਬੂਰ ਹਨ।ਇਲਾਕਾ ਨਿਵਾਸੀਆਂ ਨੇ ਰੇਲਵੇ ਪ੍ਰਸ਼ਾਸਨ, ਸਥਾਨਕ ਪ੍ਰਸ਼ਾਸਨ ਅਤੇ ਸਿਹਤ ਵਿਭਾਗ ਤੋਂ ਮੰਗ ਕੀਤੀ ਹੈ ਕਿ ਇਸ ਸਮੱਸਿਆ ਦਾ ਤੁਰੰਤ ਨੋਟਿਸ ਲੈਂਦਿਆਂ ਗੁਦਾਮਾਂ ਅਤੇ ਆਸ-ਪਾਸ ਦੇ ਇਲਾਕੇ ਵਿੱਚ ਵਿਸ਼ੇਸ਼ ਸਫ਼ਾਈ ਮੁਹਿੰਮ ਚਲਾਈ ਜਾਵੇ, ਕੀਟਨਾਸ਼ਕ ਦਵਾਈਆਂ ਦਾ ਛਿੜਕਾਅ ਕਰਵਾਇਆ ਜਾਵੇ ਅਤੇ ਸੁਸਰੀ ਦੇ ਪ੍ਰਕੋਪ ਨੂੰ ਜਲਦ ਤੋਂ ਜਲਦ ਕਾਬੂ ਕੀਤਾ ਜਾਵੇ ਤਾਂ ਜੋ ਲੋਕਾਂ ਨੂੰ ਇਸ ਗੰਭੀਰ ਸਮੱਸਿਆ ਤੋਂ ਰਾਹਤ ਮਿਲ ਸਕੇ।ਇਲਾਕਾ ਵਾਸੀਆਂ ਨੇ ਚਿਤਾਵਨੀ ਦਿੱਤੀ ਹੈ ਕਿ ਜੇਕਰ ਸਮੇਂ ਸਿਰ ਇਸ ਸਮੱਸਿਆ ਦਾ ਹੱਲ ਨਾ ਕੀਤਾ ਗਿਆ ਤਾਂ ਉਹ ਸੰਘਰਸ਼ ਕਰਨ ਲਈ ਮਜਬੂਰ ਹੋਣਗੇ।ਇਸ ਮੌਕੇ ਸੁਰਿੰਦਰ ਸਿੰਘ ਕੰਗ, ਮੈਂਬਰ ਜਸਦੀਪ ਸਿੰਘ, ਮਨਜੀਤ ਸਿੰਘ, ਮਾਸਟਰ ਰਮਨਦੀਪ ਸਿੰਘ, ਮਨਦੀਪ ਸਿੰਘ (ਮੰਨਾ), ਪਵਨ ਕੁਮਾਰ, ਵਿੱਕੀ, ਹਰਪ੍ਰੀਤ ਸਿੰਘ (ਬੱਬੂ) ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



# ਕੈਮੀਕਲ ਰਲੇ ਗੰਦੇ ਪਾਣੀ ਦੇ ਗੈਰ-ਕਾਨੂੰਨੀ ਨਿਕਾਸ ਖ਼ਿਲਾਫ਼ ਨਗਰ ਨਿਗਮ ਵੱਲੋਂ ਸਖ਼ਤ ਕਾਰਵਾਈ; ਸੀਵਰੇਜ ਕੁਨੈਕਸ਼ਨ ਕੱਟਿਆ

**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**- ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਨਗਰ ਨਿਗਮ ਅੰਮ੍ਰਿਤਸਰ (ਐਮਸੀਏ) ਨੇ ਵਾਰਡ ਨੰਬਰ 35 ਦੇ ਵਸਨੀਕਾਂ ਵੱਲੋਂ ਮਿਲੀਆਂ ਸ਼ਿਕਾਇਤਾਂ ਨੂੰ ਧਿਆਨ ਵਿੱਚ ਰੱਖਦਿਆਂ ਪੀਣ ਵਾਲੇ ਪਾਣੀ ਦੇ ਦੂਸ਼ਿਤ ਹੋਣ ਦੇ ਮਾਮਲੇ ਵਿੱਚ ਤੁਰੰਤ ਅਤੇ ਸਖ਼ਤ ਕਾਰਵਾਈ ਕੀਤੀ ਹੈ। ਨਗਰ ਨਿਗਮ ਦੀ ਫੀਲਡ ਟੀਮ ਵੱਲੋਂ ਐਮਰਜੈਂਸੀ ਜਾਂਚ ਦੌਰਾਨ ਪਾਇਆ ਗਿਆ ਕਿ ਐੱਮ/ਐੱਸ ਅਮਰ ਕਲਰ ਕੈਮੀਕਲਜ਼ ਵੱਲੋਂ ਕਥਿਤ ਤੌਰ 'ਤੇ ਬਿਨਾਂ ਸ਼ੁੱਧ ਕੀਤਾ ਰਸਾਇਣਕ ਗੰਦਾ ਪਾਣੀ ਸਿੱਧਾ ਨਗਰ ਨਿਗਮ ਦੀ ਸੀਵਰੇਜ ਲਾਈਨ ਵਿੱਚ ਛੱਡਿਆ ਜਾ ਰਿਹਾ ਸੀ। ਇਸ ਗੈਰ-ਕਾਨੂੰਨੀ ਕਾਰਵਾਈ ਕਾਰਨ ਨੇੜਲੇ ਇਲਾਕੇ ਦੀ ਪੀਣ ਵਾਲੇ ਪਾਣੀ ਦੀ ਸਪਲਾਈ ਦੂਸ਼ਿਤ ਹੋ ਗਈ, ਜਿਸ ਨਾਲ ਲੋਕਾਂ ਦੀ ਸਿਹਤ ਲਈ ਗੰਭੀਰ ਖ਼ਤਰਾ ਪੈਦਾ ਹੋ ਗਿਆ? ਸਥਿਤੀ ਨੂੰ ਗੰਭੀਰਤਾ ਨਾਲ ਲੈਂਦਿਆਂ ਨਗਰ ਨਿਗਮ ਨੇ ਪ੍ਰਭਾਵਿਤ ਇਲਾਕੇ ਦੀਆਂ ਪਾਣੀ ਦੀਆਂ ਪਾਈਪ ਲਾਈਨਾਂ ਦੀ ਸਫ਼ਾਈ ਅਤੇ ਫਲਸ਼ਿੰਗ ਦਾ ਕੰਮ ਸ਼ੁਰੂ ਕਰ ਦਿੱਤਾ ਹੈ ਤਾਂ ਜੋ ਦੂਸ਼ਿਤ ਪਾਣੀ ਨੂੰ ਬਾਹਰ ਕੱਢ ਕੇ ਸੁਰੱਖਿਅਤ ਪੀਣ ਵਾਲੇ ਪਾਣੀ ਦੀ ਸਪਲਾਈ ਮੁੜ ਬਹਾਲ ਕੀਤੀ ਜਾ ਸਕੇ। ਪ੍ਰਭਾਵਿਤ ਇਲਾਕੇ ਦੇ ਘਰਾਂ ਦੇ ਪਾਣੀ ਦੇ ਕੁਨੈਕਸ਼ਨਾਂ ਦੀ ਜਾਂਚ ਵੀ ਕੀਤੀ ਜਾ ਰਹੀ ਹੈ। ਇਸ ਤੋਂ ਇਲਾਵਾ ਪਾਣੀ ਦੀ ਆਮ ਸਪਲਾਈ ਪੂਰੀ ਤਰ੍ਹਾਂ ਬਹਾਲ ਹੋਣ ਤੱਕ ਲੋਕਾਂ ਦੀ ਸੁਵਿਧਾ ਲਈ ਪਾਣੀ ਦੇ ਟੈਂਕਰ ਵੀ ਤਾਇਨਾਤ ਕੀਤੇ ਗਏ ਹਨ। ਸਖ਼ਤ ਐਨਫੋਰਸਮੈਂਟ ਕਾਰਵਾਈ ਤਹਿਤ ਸੁਪਰਿੰਟੈਂਡਿੰਗ ਇੰਜੀਨੀਅਰ ਹਰਪ੍ਰੀਤ ਸਿੰਘ ਦੀ ਨਿਗਰਾਨੀ ਹੇਠ ਸੰਬੰਧਿਤ ਫੈਕਟਰੀ ਦਾ ਸੀਵਰੇਜ ਕੁਨੈਕਸ਼ਨ ਕੱਟ ਦਿੱਤਾ ਗਿਆ। ਇਹ ਕਾਰਵਾਈ ਐੱਸਡੀਓ ਰਾਜੇਸ਼ ਕੁਮਾਰ ਅਤੇ ਜੇਈ ਗੁਰਜੀਤ ਸਿੰਘ ਵੱਲੋਂ ਐੱਸਐੱਚਓ ਮਕਬੂਲਪੁਰਾ ਅਮਨਦੀਪ ਕੌਰ ਅਤੇ ਪੁਲਿਸ ਟੀਮ ਦੀ ਮੌਜੂਦਗੀ ਵਿੱਚ ਕੀਤੀ ਗਈ। ਨਗਰ ਨਿਗਮ ਨੇ ਇਸ ਮਾਮਲੇ ਨੂੰ ਪੰਜਾਬ ਪ੍ਰਦੂਸ਼ਣ ਕੰਟਰੋਲ ਬੋਰਡ (ਪੀਪੀਸੀਬੀ) ਕੋਲ ਭੇਜ ਦਿੱਤਾ ਹੈ ਤਾਂ ਜੋ ਵਾਟਰ (ਪ੍ਰਿਵੈਂਸ਼ਨ ਐਂਡ ਕੰਟਰੋਲ ਆਫ਼ ਪਲਿਊਸ਼ਨ) ਐਕਟ, 1974 ਅਤੇ ਇਨਵਾਇਰਨਮੈਂਟ (ਪ੍ਰੋਟੈਕਸ਼ਨ) ਐਕਟ, 1986 ਦੇ ਤਹਿਤ ਕਾਨੂੰਨੀ ਕਾਰਵਾਈ ਕੀਤੀ ਜਾ ਸਕੇ। ਇਸ ਤੋਂ ਇਲਾਵਾ, ਨਗਰ ਨਿਗਮ ਅੰਮ੍ਰਿਤਸਰ ਵੱਲੋਂ ਐੱਮ/ਐੱਸ ਅਮਰ ਕਲਰ ਕੈਮੀਕਲਜ਼ ਖ਼ਿਲਾਫ਼ ਬਿਨਾਂ ਸ਼ੁੱਧ ਕੀਤਾ ਉਦਯੋਗਿਕ ਗੰਦਾ ਪਾਣੀ ਨਗਰ ਨਿਗਮ ਦੀ ਸੀਵਰੇਜ ਪ੍ਰਣਾਲੀ ਵਿੱਚ ਛੱਡਣ ਅਤੇ ਲੋਕਾਂ ਦੀ ਸਿਹਤ ਨੂੰ ਖ਼ਤਰੇ ਵਿੱਚ ਪਾਉਣ ਦੇ ਦੋਸ਼ ਹੇਠ ਐੱਫ਼ਆਈਆਰ ਦਰਜ ਕਰਵਾਉਣ ਦੀ ਕਾਰਵਾਈ ਵੀ ਸ਼ੁਰੂ ਕਰ ਦਿੱਤੀ ਗਈ ਹੈ। ਨਗਰ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਨੇ ਕਿਹਾ ਕਿ ਨਗਰ ਨਿਗਮ ਸ਼ਹਿਰ ਦੀ ਸੀਵਰੇਜ ਅਤੇ ਪੀਣ ਵਾਲੇ ਪਾਣੀ ਦੀ ਪ੍ਰਣਾਲੀ ਨੂੰ ਪ੍ਰਦੂਸ਼ਿਤ ਕਰਨ ਵਾਲੇ ਕਿਸੇ ਵੀ ਵਿਅਕਤੀ ਜਾਂ ਉਦਯੋਗਿਕ ਇਕਾਈ ਪ੍ਰਤੀ ਜ਼ੀਰੋ ਟੋਲਰੈਂਸ ਨੀਤੀ ਅਪਣਾ ਰਿਹਾ ਹੈ। ਉਨ੍ਹਾਂ ਕਿਹਾ ਕਿ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ ਅਤੇ ਪ੍ਰਭਾਵਿਤ ਇਲਾਕੇ ਵਿੱਚ ਸੁਰੱਖਿਅਤ ਅਤੇ ਸਾਫ਼ ਪੀਣ ਵਾਲੇ ਪਾਣੀ ਦੀ ਸਪਲਾਈ ਜਲਦ ਤੋਂ ਜਲਦ ਬਹਾਲ ਕਰਨ ਲਈ ਸਥਿਤੀ 'ਤੇ ਲਗਾਤਾਰ ਤਰਜੀਹ ਦੇ ਆਧਾਰ 'ਤੇ ਨਿਗਰਾਨੀ ਰੱਖੀ ਜਾ ਰਹੀ ਹੈ। ਨਗਰ ਨਿਗਮ ਨੇ ਸ਼ਹਿਰ ਵਾਸੀਆਂ ਨੂੰ ਵੀ ਅਪੀਲ ਕੀਤੀ ਹੈ ਕਿ ਜੇਕਰ ਕਿਤੇ ਵੀ ਪੀਣ ਵਾਲੇ ਪਾਣੀ ਦੇ ਦੂਸ਼ਿਤ ਹੋਣ ਜਾਂ ਕਿਸੇ ਉਦਯੋਗਿਕ ਇਕਾਈ ਵੱਲੋਂ ਗੈਰ-ਕਾਨੂੰਨੀ ਤੌਰ 'ਤੇ ਰਸਾਇਣਕ ਗੰਦਾ ਪਾਣੀ ਛੱਡੇ ਜਾਣ ਦੀ ਜਾਣਕਾਰੀ ਮਿਲੇ ਤਾਂ ਇਸ ਦੀ ਤੁਰੰਤ ਸੂਚਨਾ ਨਗਰ ਨਿਗਮ ਨੂੰ ਦਿੱਤੀ ਜਾਵੇ, ਤਾਂ ਜੋ ਲੋਕਾਂ ਦੀ ਸਿਹਤ ਅਤੇ ਵਾਤਾਵਰਣ ਦੀ ਸੁਰੱਖਿਆ ਲਈ ਫੌਰੀ ਕਾਰਵਾਈ ਕੀਤੀ ਜਾ ਸਕੇ।



# ਨਵੇਂ ਆਏ ਐੱਸ ਐੱਚ ਓ ਅਮਰ ਸਿੰਘ ਦਾ ਸਰਪੰਚ ਬੂਟਾ ਮਸੀਹ ਤੇ ਸੁਮਤ ਗਿੱਲ ਵੱਲੋਂ ਸਨਮਾਨ



**ਕਾਦੀਆਂ (ਯਾਦਵਿੰਦਰ ਸਿੰਘ ਮਲਹੋਤਰਾ)**- ਥਾਣਾ ਸੇਖਵਾਂ ਵਿਖੇ ਨਵੇਂ ਆਏ ਐੱਸ ਐੱਚ ਓ ਅਮਰ ਸਿੰਘ ਦਾ ਕ੍ਰਿਸਚੀਅਨ ਪੱਤੀ ਪਿੰਡ ਠੀਕਰੀਵਾਲ ਦੇ ਸਰਪੰਚ ਸੁਖਵਿੰਦਰ ਮਸੀਹ ਉਰਫ ਬੂਟਾ ਮਸੀਹ ਦੇ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ। ਅਤੇ ਨਾਲ ਹੀ ਉਨ੍ਹਾਂ ਨੇ ਪਿੰਡ ਸਬੰਧੀ ਅਤੇ ਇਲਾਕੇ ਸੰਬੰਧੀ ਵੱਖ-ਵੱਖ ਮੁੱਦਿਆਂ ਤੇ ਵਿਚਾਰਾਂ ਕੀਤੀਆਂ। ਇਸ ਮੌਕੇ ਐੱਸ ਐੱਚ ਓ ਅਮਰ ਸਿੰਘ ਨੇ ਸਰਪੰਚ ਬੂਟਾ ਮਸੀਹ ਦਾ ਧੰਨਵਾਦ ਕਰਦਿਆਂ ਕਿਹਾ ਕਿ ਲੋਕ ਪੁਲਸ ਦਾ ਬੇਖੌਫ ਹੋ ਕੇ ਸਾਥ ਦੇਣ ਅਤੇ ਜੇਕਰ ਕੋਈ ਵੀ ਇਲਾਕੇ ਵਿੱਚ ਕਿਸੇ ਨੂੰ ਕੋਈ ਪਰੇਸ਼ਾਨੀ ਆਉਂਦੀ ਹੈ ਤਾਂ ਉਹ ਸਿੱਧਾ ਆਨ ਕੇ ਉਨ੍ਹਾਂ ਦੇ ਨਾਲ ਰਾਬਤਾ ਕਾਇਮ ਕਰ ਸਕਦੇ ਹਨ।ਉਨ੍ਹਾਂ ਕਿਹਾ ਕਿ ਥਾਣੇ ਵਿੱਚ ਆਉਣ ਵਾਲੇ ਹਰੇਕ ਵਿਅਕਤੀ ਦਾ ਪੂਰਾ ਮਾਣਾਂ ਸਨਮਾਨ ਕੀਤਾ ਜਾਵੇਗਾ।ਇਸ ਮੌਕੇ ਐੱਸ ਐੱਚ ਓ ਅਮਰ ਸਿੰਘ ਨੇ ਕਿਹਾ ਕਿ ਇਲਾਕੇ ਵਿੱਚ ਨਸ਼ਾ ਤਸਕਰਾਂ ਨੂੰ ਕਿਸੇ ਵੀ ਕੀਮਤ 'ਤੇ ਬਖਸ਼ਿਆ ਨਹੀਂ ਜਾਵੇਗਾ। ਲੋਕ ਪੁਲਸ ਨੂੰ ਸੱਚੀ ਇਤਲਾਹ ਦੇਣ ਅਤੇ ਇਤਲਾਹ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ।

# ਇਹ ਕੀ ਹੋ ਰਿਹੈ ?

ਹਾਲਾਂਕਿ ਵੱਡੀਆਂ ਅਦਾਲਤਾਂ ਦੇ ਕਈ ਫੈਸਲਿਆਂ ਨੇ ਕਾਫੀ ਲੋਕਾਂ ਨੂੰ ਲਗਾਤਾਰ ਨਿਰਾਸ਼ ਕੀਤਾ ਹੈ, ਕੁਝ ਜੱਜ ਅਜੇ ਵੀ ਸਰਕਾਰਾਂ ਨੂੰ ਸ਼ੀਸ਼ੇ ਦਿਖਾ ਰਹੇ ਹਨ। ਬੰਬੇ ਹਾਈ ਕੋਰਟ ਦੇ ਜਸਟਿਸ ਮਾਧਵ ਜਾਮਦਾਰ ਵੱਲੋਂ ਵੀਰਵਾਰ ਮੁੰਬਈ ਪੁਲਸ ਦੀ ਕੀਤੀ ਗਈ ਖਿਚਾਈ ਇਸ ਦੀ ਤਾਜ਼ਾ ਮਿਸਾਲ ਹੈ। ਉਨ੍ਹਾ ਪੁਲਸ ਤੋਂ ਇਹ ਜਾਣਨ ਦੀ ਕੋਸ਼ਿਸ਼ ਕੀਤੀ ਕਿ 'ਭਾਜਪਾ ਸਰਕਾਰ ਮੁਰਦਾਬਾਦ', 'ਅਮਿਤ ਸ਼ਾਹ ਮੁਰਦਾਬਾਦ' ਵਰਗੇ ਨਾਅਰੇ ਲਗਾਉਣ 'ਤੇ ਕਿਸੇ ਨੂੰ ਕਿਵੇਂ ਇਲਾਕਾ-ਬਦਰ (ਤੜੀਪਾਰ) ਕੀਤਾ ਜਾ ਸਕਦਾ ਹੈ। ਉਨ੍ਹਾ ਕਿਹਾ ਕਿ ਪੁਲਸ ਸਿਰਫ ਇਸ ਲਈ ਕਿਸੇ ਨੂੰ ਤੜੀਪਾਰ ਨਹੀਂ ਕਰ ਸਕਦੀ ਕਿ ਉਹ ਨਾਗਰਿਕ ਕੇਂਦਰ ਸਰਕਾਰ ਦੇ ਕੁਝ ਫੈਸਲਿਆਂ ਵਿਰੁੱਧ ਪ੍ਰੋਟੈਸਟ ਕਰ ਰਿਹਾ ਹੈ ਅਤੇ ਨਾਅਰੇਬਾਜ਼ੀ ਕਰ ਰਿਹਾ ਹੈ। ਸੋਸ਼ਲਿਸਟ ਡੈਮੋਕ੍ਰੇਟਿਕ ਪਾਰਟੀ ਆਫ ਇੰਡੀਆ ਦੇ ਜਨਰਲ ਸਕੱਤਰ ਸਈਦ ਅਹਿਮਦ ਅਬਦੁਲ ਵਾਹਿਦ ਚੌਧਰੀ, ਜੋ ਨਾਗਰਿਕਤਾ ਸੋਧ ਕਾਨੂੰਨ ਤੋਂ ਲੈ ਕੇ ਗਿਆਨਵਾਪੀ ਮਸਜਿਦ ਵਿਵਾਦ ਤੱਕ ਕੇਂਦਰ ਸਰਕਾਰ ਦੇ ਵੱਖ-ਵੱਖ ਫੈਸਲਿਆਂ ਵਿਰੁੱਧ ਪ੍ਰੋਟੈਸਟ ਕਰਦੇ ਅਤੇ ਧਰਨੇ ਲਾਉਂਦੇ ਰਹੇ ਸਨ, ਨੂੰ ਪੁਲਸ ਨੇ ਤੜੀਪਾਰ ਕਰ ਦਿੱਤਾ ਸੀ। ਫਾਜ਼ਲ ਜੱਜ ਨੇ ਪੁਲਸ ਨੂੰ ਪੁੱਛਿਆ ਕਿ ਕੇਂਦਰ ਸਰਕਾਰ ਵਿਰੁੱਧ ਪ੍ਰੋਟੈਸਟ ਦੇ ਸੰਬੰਧ ਵਿੱਚ ਦਰਜ ਪੰਜ ਐੱਫ ਆਈ ਆਰਜ਼ ਦੇ ਆਧਾਰ 'ਤੇ ਸਈਦ ਨੂੰ ਇੱਕ ਸਾਲ ਲਈ ਤੜੀਪਾਰ ਕਰਨ ਦਾ ਹੁਕਮ ਕਿਉਂ ਜਾਰੀ ਕੀਤਾ ਗਿਆ? ਉਨ੍ਹਾ ਜ਼ੁਬਾਨੀ ਟਿੱਪਣੀ ਕੀਤੀ, "ਇਹ ਕੀ ਹੈ? ਸਾਰੇ ਨਾਗਰਿਕਾਂ ਨੂੰ ਭਾਰਤ ਸਰਕਾਰ ਦਾ ਗੁਲਾਮ ਬਣਾਇਆ ਜਾ ਰਿਹਾ ਹੈ... ਉਹ ਪ੍ਰੋਟੈਸਟ ਨਹੀਂ ਕਰ ਸਕਦੇ? ਅੰਦੋਲਨ ਨਹੀਂ ਕਰ ਸਕਦੇ—ਇਹ ਸਭ ਕੀ ਹੈ? ਹੁਣ ਏਨੇ ਪੇਪਰ ਲੀਕ ਹੋ ਰਹੇ ਹਨ। ਲੋਕ ਪ੍ਰੋਟੈਸਟ ਕਰਨਗੇ ਤਾਂ ਤੁਸੀਂ ਕੇਸ ਦਰਜ ਕਰੋਗੇ... ਇਹ ਕੀ ਹੈ? ਪ੍ਰੋਟੈਸਟ ਕਰਨਾ ਨਾਗਰਿਕਾਂ ਦਾ ਅਧਿਕਾਰ ਹੈ... ਪਟੀਸ਼ਨਕਰਤਾ ਨੇ ਸਿਰਫ 'ਭਾਜਪਾ ਸਰਕਾਰ ਮੁਰਦਾਬਾਦ', 'ਅਮਿਤ ਸ਼ਾਹ ਮੁਰਦਾਬਾਦ' ਵਰਗੇ ਨਾਅਰੇ ਲਗਾਏ ਹਨ... ਨਾਗਰਿਕ ਅਜਿਹੇ ਨਾਅਰੇ ਕਿਉਂ ਨਹੀਂ ਲਗਾ ਸਕਦੇ? ਸਰਕਾਰੀ ਫੈਸਲਿਆਂ ਦਾ ਵਿਰੋਧ ਕਰਨ 'ਤੇ ਲੋਕਾਂ ਨੂੰ ਤੜੀਪਾਰ ਨਹੀਂ ਕੀਤਾ ਜਾ ਸਕਦਾ। ਪੁਲਸ ਲੋਕਾਂ ਦੀ ਸੇਵਕ ਹੈ, ਮੁੱਖ ਮੰਤਰੀ ਜਾਂ ਪ੍ਰਧਾਨ ਮੰਤਰੀ ਦੀ ਨਹੀਂ... ਮੈਂ ਤੁਹਾਡੇ ਅਧਿਕਾਰੀਆਂ 'ਤੇ ਭਾਰੀ ਜੁਰਮਾਨਾ ਲਗਾ ਸਕਦਾ ਹਾਂ।"

ਫਾਜ਼ਲ ਜੱਜ ਨੇ ਮਹਾਰਾਸ਼ਟਰ ਵਿੱਚ ਸਾਂਸਦਾਂ/ਵਿਧਾਇਕਾਂ ਦੀ ਖਰੀਦੋ-ਫਰੋਖਤ 'ਤੇ ਵੀ ਟਿੱਪਣੀ ਕੀਤੀ। ਉਨ੍ਹਾ ਹਲਕੇ ਜਿਹੇ ਲਹਿਜੇ ਵਿੱਚ ਕਿਹਾ, "ਪਰਸੋਂ, ਇੱਕ ਦਸ ਸਾਲ ਦੇ ਬੱਚੇ ਦੀ ਇੱਕ ਹਾਦਸੇ ਵਿੱਚ ਮੌਤ ਹੋ ਗਈ, ਅਤੇ ਵਿਧਾਨ ਸਭਾ ਵਿੱਚ ਕੀ ਚਰਚਾ ਹੋ ਰਹੀ ਸੀ-ਇੱਕ ਪ੍ਰੀਜ਼ਾਈਡਿੰਗ ਅਫਸਰ ਕਿਵੇਂ ਚੁਣਿਆ ਗਿਆ ਅਤੇ ਉਹ ਇੱਕ ਪਾਰਟੀ ਤੋਂ ਦੂਜੀ ਪਾਰਟੀ ਵਿੱਚ ਕਿਵੇਂ ਚਲੇ ਗਿਆ... ਇਹ ਕੀ ਹੈ? ਤੁਸੀਂ (ਸਈਦ) ਵੀ ਪਾਲਾ ਬਦਲ ਲਓ... ਉਂਜ ਵੀ ਪੂਰੇ ਮਹਾਰਾਸ਼ਟਰ ਵਿੱਚ ਖਰੀਦੋ-ਫਰੋਖਤ ਚੱਲ ਰਹੀ ਹੈ। ਤੁਹਾਡੇ (ਸਈਦ) ਵਿਰੁੱਧ ਕੁਝ ਐੱਫ ਆਈ ਆਰ ਹਨ... ਕੇਸ ਨਿਪਟਾ ਲਓ... ਵਾਸ਼ਿੰਗ ਮਸ਼ੀਨ ਹੈ ਹੀ।" ਜਸਟਿਸ ਜਾਮਦਾਰ ਨੇ ਕਿਹਾ ਕਿ ਸਿਰਫ ਸਰਕਾਰ ਦੇ ਫੈਸਲਿਆਂ ਦਾ ਵਿਰੋਧ ਕਰਨਾ ਕਿਸੇ ਨੂੰ ਤੜੀਪਾਰ ਕਰਨ ਦਾ ਆਧਾਰ ਨਹੀਂ ਹੋ ਸਕਦਾ ਅਤੇ ਜੇ ਅਜਿਹਾ ਕੀਤਾ ਜਾਂਦਾ ਹੈ ਤਾਂ ਇਹ ਉਸ ਦੇ ਪ੍ਰਗਟਾਵੇ ਅਤੇ ਸਨਮਾਨ ਦੇ ਬੁਨਿਆਦੀ ਅਧਿਕਾਰਾਂ ਦੀ ਉਲੰਘਣਾ ਹੋਵੇਗੀ। ਪਟੀਸ਼ਨਕਰਤਾ ਨੇ ਭਾਰਤ ਸਰਕਾਰ ਦੇ ਕੁਝ ਫੈਸਲਿਆਂ ਵਿਰੁੱਧ ਪ੍ਰੋਟੈਸਟ ਕੀਤਾ। ਇਹ ਮਹਾਰਾਸ਼ਟਰ ਪੁਲਸ ਐਕਟ ਦੇ ਤਹਿਤ ਉਸ ਨੂੰ ਤੜੀਪਾਰ ਕਰਨ ਦਾ ਆਧਾਰ ਨਹੀਂ ਹੋ ਸਕਦਾ। ਕੀਤੀ ਗਈ ਕਾਰਵਾਈ ਗਲਤ ਹੈ। ਭਾਰਤੀ ਸੰਵਿਧਾਨ ਦੇ ਅਨੁਛੇਦ 19 ਅਤੇ 21 ਦੇ ਤਹਿਤ ਨਾਗਰਿਕਾਂ ਨੂੰ ਆਪਣੇ ਵਿਚਾਰ ਪ੍ਰਗਟ ਕਰਨ ਅਤੇ ਸਨਮਾਨ ਨਾਲ ਰਹਿਣ ਦਾ ਅਧਿਕਾਰ ਹੈ। ਇਸ ਦੇ ਨਾਲ ਅਦਾਲਤ ਨੇ ਡਿਪਟੀ ਕਮਿਸ਼ਨਰ ਆਫ ਪੁਲਸ (ਜ਼ੋਨ 6) ਅਤੇ ਡਵੀਜ਼ਨਲ ਕਮਿਸ਼ਨਰ, ਕੋਂਕਣ ਡਵੀਜ਼ਨ ਦੇ 3 ਦਸੰਬਰ, 2025 ਅਤੇ 27 ਮਾਰਚ, 2026 ਦੇ ਹੁਕਮਾਂ ਨੂੰ ਰੱਦ ਕਰ ਦਿੱਤਾ, ਜਿਸ ਨਾਲ ਸਈਦ ਨੂੰ ਇੱਕ ਸਾਲ ਲਈ ਤੜੀਪਾਰ ਕਰ ਦਿੱਤਾ ਗਿਆ ਸੀ।

ਫਾਜ਼ਲ ਜੱਜ ਜਾਮਦਾਰ ਦੀਆਂ ਟਿੱਪਣੀਆਂ ਦੇਸ਼ ਵਿੱਚ ਚੱਲ ਰਹੇ ਹਾਲਾਤ 'ਤੇ ਕਰਾਰੀ ਚੋਟ ਹਨ। ਉਨ੍ਹਾ ਤੋਂ ਪਹਿਲਾਂ ਵੀ ਕਈ ਜੱਜ ਅਜਿਹੀਆਂ ਟਿੱਪਣੀਆਂ ਕਰ ਚੁੱਕੇ ਹਨ, ਪਰ ਉਨ੍ਹਾਂ ਨੂੰ ਕਈ ਵਾਰ ਉਤਲੀ ਅਦਾਲਤ ਨੇ ਅਧਿਕਾਰ ਖੇਤਰ ਤੋਂ ਬਾਹਰ ਜਾ ਕੇ ਕੀਤੀਆਂ ਟਿੱਪਣੀਆਂ ਕਰਾਰ ਦੇ ਕੇ ਰੱਦ ਵੀ ਕਰ ਦਿੱਤਾ ਹੈ। ਜੇ ਜਸਟਿਸ ਜਾਮਦਾਰ ਦੀ ਟਿੱਪਣੀ ਵੀ ਰੱਦ ਹੋ ਗਈ ਤਾਂ ਹੈਰਾਨੀ ਨਹੀਂ ਹੋਵੇਗੀ, ਪਰ ਉਨ੍ਹਾ ਸ਼ੀਸ਼ਾ ਤਾਂ ਦਿਖਾ ਹੀ ਦਿੱਤਾ ਹੈ।

# ਪੰਜ-ਆਬ ਤੇ ਫਲੱਡ ਦਾ ਸੰਕਟ



ਗੁਰਪ੍ਰੀਤ

ਗੁਜ਼ਰਿਆ ਸਾਲ 2025 ਪੰਜਾਬ ਲਈ ਦਹਾਕਿਆਂ ਦੀ ਸਭ ਤੋਂ ਵੱਡੀ ਤਬਾਹੀ ਲੈ ਕੇ ਆਇਆ। ਅੰਕੜੇ ਦੱਸਦੇ ਹਨ ਕਿ 2023-2025 ਦੇ ਹੜ੍ਹਾਂ ਦੌਰਾਨ 80 ਤੋਂ ਵੱਧ ਕੀਮਤੀ ਜਾਨਾਂ ਚਲੀਆਂ ਗਈਆਂ ਅਤੇ ਲਗਭਗ 3 ਲੱਖ ਤੋਂ ਜ਼ਿਆਦਾ ਪਸ਼ੂ ਮਾਰੇ ਗਏ। ਸਭ ਤੋਂ ਵੱਧ ਮਾਰ ਕਿਸਾਨੀ 'ਤੇ ਪਈ, ਜਿੱਥੇ ਲੱਖਾਂ ਏਕੜ ਉਪਜਾਊ ਜ਼ਮੀਨ ਹੜ੍ਹ ਦੇ ਪਾਣੀ ਅਤੇ ਰੇਤ ਕਾਰਨ ਬਰਬਾਦ ਹੋ ਗਈ। ਹੈਰਾਨੀ ਦੀ ਗੱਲ ਇਹ ਹੈ ਕਿ ਏਨੀ ਵੱਡੀ ਤਬਾਹੀ ਦੇ ਬਾਵਜੂਦ ਪ੍ਰਸ਼ਾਸਨਿਕ ਪੱਧਰ ਤੇ ਅਜੇ ਤੱਕ ਕੋਈ ਠੋਸ ਸਬਕ ਨਹੀਂ ਲਿਆ ਗਿਆ। ਅਗਲੇ ਹੜ੍ਹ ਦੇ ਸੀਜ਼ਨ ਵਿੱਚ ਹੁਣ ਸਿਰਫ਼ 4 ਮਹੀਨੇ ਬਾਕੀ ਹਨ, ਪਰ ਤਿਆਰੀਆਂ ਅਜੇ ਵੀ ਕਾਗਜ਼ੀ ਜਾਪਦੀਆਂ ਹਨ।

ਪੰਜਾਬ ਦੇ ਜਲ ਪ੍ਰਬੰਧਨ ਦਾ ਸਭ ਤੋਂ ਕਮਜ਼ੋਰ ਪੱਖ ਸਾਡੇ ਡੈਮਾਂ ਵਿੱਚ ਜਮ੍ਹਾਂ ਹੋ ਰਹੀ ਗਾਰ ਹੈ। ਭਾਖੜਾ ਡੈਮ ਅਤੇ ਗੋਬਿੰਦ ਸਾਗਰ ਝੀਲ ਦੀ ਮੌਜੂਦਾ ਸਥਿਤੀ ਅਤਿ ਚਿੰਤਾਜਨਕ ਹੈ।ਇੱਕ ਰਿਪੋਰਟ ਦੇ ਮੁਤਾਬਕ ਭਾਖੜਾ ਡੈਮ ਦੀ 9 ਬਿਲੀਅਨ ਕਿਊਬਿਕ ਮੀਟਰ ਸਮਰੱਥਾ ਵਿੱਚੋਂ ਲਗਭਗ 2 ਬਿਲੀਅਨ ਕਿਊਬਿਕ ਮੀਟਰ ਹਿੱਸਾ ਗਾਰ ਨਾਲ ਭਰ ਚੁੱਕਾ ਹੈ। ਇਸ ਡੈਮ ਵਿੱਚ 100 ਤੋਂ 200 ਫੁੱਟ ਤੱਕ ਗਾਰ ਜਮ੍ਹਾਂ ਹੋ ਗਈ ਹੈ, ਜਿਸ ਕਾਰਨ ਪਾਣੀ ਸਟੋਰ ਕਰਨ ਦੀ ਜਗ੍ਹਾ ਲਗਾਤਾਰ ਘਟ ਰਹੀ ਹੈ। ਜੇਕਰ ਤੁਰੰਤ ਡੀਸਿਲਟਿੰਗ (ਗਾਰ ਦੀ ਸਫ਼ਾਈ) ਨਾ ਕੀਤੀ ਗਈ, ਤਾਂ ਮਾਮੂਲੀ ਬਾਰਿਸ਼ ਹੋਣ 'ਤੇ ਵੀ ਡੈਮਾਂ ਦੇ ਫਲੱਡ ਗੇਟ ਖੋਲ੍ਹਣੇ ਪੈਣਗੇ, ਜੋ ਸਿੱਧੇ ਤੌਰ 'ਤੇ ਹੇਠਲੇ ਇਲਾਕਿਆਂ ਵਿੱਚ ਹੜ੍ਹ ਦਾ ਕਾਰਨ ਬਣਨਗੇ।

ਦੂਜੇ ਪਾਸੇ, ਦਰਿਆਵਾਂ ਤੇ ਹੋਰਨਾਂ ਵੱਡੀਆਂ ਨਦੀਆਂ ਦੇ ਕੁਦਰਤੀ ਰਸਤੇ ਵਿੱਚ ਮਨੁੱਖੀ ਦਖਲਅੰਦਾਜ਼ੀ ਹੜ੍ਹਾਂ ਦੀ ਸਥਿਤੀ ਨੂੰ ਹੋਰ ਗੰਭੀਰ ਬਣਾ ਰਹੀ ਹੈ। ਨਦੀਆਂ ਦੇ ਕਿਨਾਰਿਆਂ 'ਤੇ ਹੋ ਰਹੇ ਨਾਜਾਇਜ਼ ਕਬਜ਼ੇ ਅਤੇ ਗੈਰ-ਕਾਨੂੰਨੀ ਮਾਈਨਿੰਗ ਨੇ ਦਰਿਆਵਾਂ ਦੀ ਬਣਤਰ ਬਦਲ ਦਿੱਤੀ ਹੈ। ਪਾਣੀ ਨੂੰ ਆਪਣਾ ਰਸਤਾ ਨਾ ਮਿਲਣ ਕਾਰਨ ਇਹ ਬੰਨ੍ਹ ਤੋੜ ਕੇ ਪਿੰਡਾਂ ਅਤੇ ਖੇਤਾਂ ਵਿੱਚ ਦਾਖ਼ਲ ਹੋ ਜਾਂਦਾ ਹੈ। ਨਦੀਆਂ ਦੇ ਕਿਨਾਰਿਆਂ ਨੂੰ ਆਰ ਸੀ ਸੀ ਲਾਈਨਿੰਗ ਜਾਂ ਹੈਵੀ ਸ਼ੀਟ ਪ੍ਰੋਟੈਕਸ਼ਨ ਰਾਹੀਂ ਮਜ਼ਬੂਤ ਕਰਨਾ ਹੁਣ ਸਮੇਂ ਦੀ ਮੁੱਖ ਲੋੜ ਬਣ ਗਿਆ ਹੈ।

ਅਜੋਕੇ ਯੁੱਗ ਵਿੱਚ ਹੜ੍ਹ ਰੋਕਣ ਲਈ ਸਿਰਫ਼ ਬੰਨ੍ਹ ਮਜ਼ਬੂਤ ਕਰਨਾ ਕਾਫ਼ੀ ਨਹੀਂ । ਇਸ ਲਈ ਆਧੁਨਿਕ ਤਕਨੀਕ ਦਾ ਸਹਾਰਾ ਲੈਣਾ ਪਵੇਗਾ। ਬਾਰਿਸ਼ ਅਤੇ ਪਾਣੀ ਦੇ ਵਹਾਅ ਦੀ ਅਗਾਊਂ ਭਵਿੱਖਬਾਣੀ ਲਈ ਆਰਟੀਫੀਸ਼ੀਅਲ ਇੰਟੈਲੀਜੈਂਸ ਅਤੇ ਸੈਟੇਲਾਈਟ ਡਾਟਾ ਦੀ ਵਰਤੋਂ ਹੋਣੀ ਚਾਹੀਦੀ ਹੈ। ਹਰ ਨਾਗਰਿਕ ਤੱਕ ਹੜ੍ਹ ਦੀ ਸੂਚਨਾ ਸਮੇਂ ਸਿਰ ਪਹੁੰਚਾਉਣ ਲਈ ਇੱਕ ਮਜ਼ਬੂਤ ਡਿਜੀਟਲ ਸਿਸਟਮ ਹੋਣਾ ਚਾਹੀਦਾ ਹੈ। ਦਰਿਆਵਾਂ ਦੇ ਅਕਾਰ ਦੇ ਨਾਲ-ਨਾਲ, ਦਰਿਆਵਾਂ ਦੀ ਸਥਿਤੀ ਅਤੇ ਪਾਣੀ ਦੀ ਗੁਣਵੱਤਾ ਦੀ ਜਾਂਚ ਲਈ ਇੱਕ ਪਾਰਦਰਸ਼ੀ ਇੰਡੈਕਸ ਹੋਣਾ ਚਾਹੀਦਾ ਹੈ, ਜਿਸ ਦੀ ਰਿਪੋਰਟ ਹਰ ਤਿੰਨ ਮਹੀਨਿਆਂ ਬਾਅਦ ਜਨਤਕ ਕੀਤੀ ਜਾਵੇ।



ਪੰਜਾਬ ਨੂੰ ਇਸ ਸੰਕਟ ਵਿੱਚੋਂ ਕੱਢਣ ਲਈ ਕੇਂਦਰ ਸਰਕਾਰ ਨੂੰ ਕੰਪਰੀਹੈਂਸਿਵ ਪੰਜਾਬ ਫਲੱਡ ਰੈਜ਼ੀਲੀਐਂਸ ਐਂਡ ਵਾਟਰ ਸਕਿਉਰਟੀ ਪਲਾਨ ਲਾਗੂ ਕਰਨ ਦੀ ਅਪੀਲ ਕੀਤੀ ਗਈ ਹੈ। ਇਸ ਯੋਜਨਾ ਤਹਿਤ ਹੜ੍ਹ ਰੋਕੂ ਡੈਮਾਂ ਅਤੇ ਛੋਟੇ ਰਿਟੈਂਸ਼ਨ ਰਿਜ਼ਰਵਾਇਰਾਂ ਦਾ ਨਿਰਮਾਣ ਕੀਤਾ ਜਾਵੇ। ਵੈੱਟਲੈਂਡਜ਼ (ਨਮੀ ਵਾਲੀਆਂ ਥਾਵਾਂ) ਨੂੰ ਕੁਦਰਤੀ ਬਫ਼ਰ ਵਜੋਂ ਦੁਬਾਰਾ ਸੁਰਜੀਤ ਕੀਤਾ ਜਾਵੇ, ਤਾਂ ਜੋ ਉਹ ਵਾਧੂ ਪਾਣੀ ਨੂੰ ਸੋਖ ਸਕਣ।

ਜੇਕਰ ਅਗਲੇ 1-2 ਮਹੀਨਿਆਂ ਵਿੱਚ ਡੈਮਾਂ ਦੀ ਸਫ਼ਾਈ ਅਤੇ ਬੰਨ੍ਹਾਂ ਦੀ ਮਜ਼ਬੂਤੀ ਵੱਲ ਧਿਆਨ ਨਾ ਦਿੱਤਾ, ਤਾਂ ਪੰਜਾਬ ਇੱਕ ਅਜਿਹੀ ਤਬਾਹੀ ਵੱਲ ਵਧੇਗਾ, ਜਿਸ ਦਾ ਹਰਜਾਨਾ ਆਉਣ ਵਾਲੀਆਂ ਨਸਲਾਂ ਨੂੰ ਭੁਗਤਣਾ ਪਵੇਗਾ। ਕੇਂਦਰ ਅਤੇ ਸੂਬਾ ਸਰਕਾਰ ਨੂੰ ਮਿਲ ਕੇ ਇਸ ਪ੍ਰੀਡਿਕਟਿਵ ਡਿਜ਼ਾਸਟਰ ਨੂੰ ਰੋਕਣ ਲਈ ਜੰਗੀ ਪੱਧਰ 'ਤੇ ਕੰਮ ਕਰਨ ਦੀ ਲੋੜ ਹੈ।

ਵੇਖਿਆ ਜਾਵੇ ਤਾਂ ਇਸ ਵੇਲੇ ਡੈਮਾਂ ਵਿੱਚ ਫਿਰ ਤੋਂ ਪਾਣੀ ਦਾ ਪੱਧਰ ਵਧਣਾ ਸ਼ੁਰੂ ਹੋ ਗਿਆ ਹੈ, ਪਰ ਜਿਸ ਤਰੀਕੇ ਦੇ ਨਾਲ ਸਰਕਾਰਾਂ ਦੀ ਚੁੱਪੀ ਹੈ, ਇਸ ਤੋਂ ਤਾਂ ਇਹੋ ਸਪੱਸ਼ਟ ਹੁੰਦਾ ਹੈ ਕਿ ਇਸ ਸਾਲ ਫਿਰ ਤੋਂ ਪੰਜਾਬ ਨੂੰ ਡੋਬਣ ਦੀ ਤਿਆਰੀ ਕੀਤੀ ਜਾ ਰਹੀ ਹੈ। 12-13 ਜੂਨ ਦੀਆਂ ਮੀਡੀਆ ਰਿਪੋਰਟਾਂ ਮੁਤਾਬਕ ਪੰਜਾਬ ਅਤੇ ਆਲੇ-ਦੁਆਲੇ ਦੇ ਗੁਆਂਢੀ ਸੂਬਿਆਂ ਲਈ ਜੀਵਨ ਰੇਖਾ ਮੰਨੇ ਜਾਣ ਵਾਲੇ ਭਾਖੜਾ ਡੈਮ ਦਾ ਪਾਣੀ ਦਾ ਪੱਧਰ ਲਗਾਤਾਰ ਚਰਚਾ ਦਾ ਵਿਸ਼ਾ ਬਣਿਆ ਹੋਇਆ ਹੈ। ਗੋਬਿੰਦ ਸਾਗਰ ਝੀਲ ਵਿੱਚ ਪਾਣੀ ਦਾ ਪੱਧਰ 1575.80 ਫੁੱਟ ਦਰਜ ਕੀਤਾ ਗਿਆ, ਜੋ ਕਿ ਪਿਛਲੇ ਸਾਲ ਦੇ ਮੁਕਾਬਲੇ ਕਰੀਬ 20 ਫੁੱਟ ਜ਼ਿਆਦਾ ਹੈ।

ਹਾਲਾਂਕਿ ਪਾਣੀ ਦੇ ਪੱਧਰ ਵਿੱਚ ਹੋਏ ਇਸ ਵਾਧੇ ਦੇ ਬਾਵਜੂਦ ਫਿਲਹਾਲ ਘਬਰਾਉਣ ਦੀ ਕੋਈ ਲੋੜ ਨਹੀਂ, ਪਰ ਮਾਨਸੂਨ ਦੀ ਆਮਦ ਤੋਂ ਪਹਿਲਾਂ ਪ੍ਰਸ਼ਾਸਨ ਪੂਰੀ ਤਰ੍ਹਾਂ ਅਲਰਟ ਹੋ ਗਿਆ ਹੈ। 13 ਜੂਨ ਦੀ ਇੱਕ ਰਿਪੋਰਟ ਦੱਸਦੀ ਹੈ ਕਿ ਡੈਮ ਵਿੱਚ ਪਾਣੀ ਦੇ ਪੱਧਰ ਨੂੰ ਕੰਟਰੋਲ ਰੱਖਣ ਲਈ ਨੰਗਲ ਡੈਮ ਤੋਂ ਲਗਾਤਾਰ ਨਿਯਮਿਤ ਰੂਪ ਵਿੱਚ ਪਾਣੀ ਛੱਡਿਆ ਜਾ ਰਿਹਾ ਹੈ। ਪ੍ਰਾਪਤ ਅੰਕੜਿਆਂ ਅਨੁਸਾਰ ਨੰਗਲ ਹਾਈਡਲ ਨਹਿਰ ਵਿੱਚ 12,350 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ। ਅਨੰਦਪੁਰ ਸਾਹਿਬ ਹਾਈਡਲ ਨਹਿਰ ਵਿੱਚ 10,150 ਕਿਊਸਿਕ ਪਾਣੀ ਛੱਡਿਆ ਜਾ ਰਿਹਾ ਹੈ। ਸਤਲੁਜ ਦਰਿਆ ਵਿੱਚ 650 ਕਿਊਸਿਕ ਪਾਣੀ ਛੱਡੇ ਜਾਣ ਦੀ ਸੂਚਨਾ ਹੈ।

ਰਾਹਤ ਦੀ ਗੱਲ ਇਹ ਹੈ ਕਿ ਫਿਲਹਾਲ ਭਾਖੜਾ ਡੈਮ ਕਾਰਨ ਹੜ੍ਹ ਵਰਗੀ ਕੋਈ ਸਥਿਤੀ ਨਹੀਂ ਬਣੀ। ਹਾਲਾਂਕਿ, ਜੇਕਰ ਹਿਮਾਚਲ ਪ੍ਰਦੇਸ਼ ਦੇ ਪਹਾੜੀ ਖੇਤਰਾਂ ਵਿੱਚ ਮਾਨਸੂਨ ਦੀ ਬਾਰਸ਼ ਤੇਜ਼ ਹੁੰਦੀ ਹੈ, ਤਾਂ ਪਾਣੀ ਦਾ ਪੱਧਰ ਬਹੁਤ ਤੇਜ਼ੀ ਨਾਲ ਵਧ ਸਕਦਾ ਹੈ।

ਦੱਸਣਾ ਬਣਦਾ ਹੈ ਕਿ ਹਾਲ ਹੀ ਵਿੱਚ ਭਾਖੜਾ ਬਿਆਸ ਪ੍ਰਬੰਧਨ ਬੋਰਡ (ਬੀ ਬੀ ਐੱਮ ਬੀ) ਨੇ ਵੀ ਪੰਜਾਬ, ਹਰਿਆਣਾ ਅਤੇ ਰਾਜਸਥਾਨ ਨੂੰ ਮਾਨਸੂਨ ਤੋਂ ਪਹਿਲਾਂ ਵੱਧ ਪਾਣੀ ਕੱਢਣ ਦੀ ਸਲਾਹ ਦਿੱਤੀ ਹੈ। ਬੀ ਬੀ ਐੱਮ ਬੀ ਖੁਦ ਮੰਨ ਚੁੱਕਾ ਹੈ ਕਿ ਦੋਵਾਂ ਡੈਮਾਂ ਵਿੱਚ ਪਾਣੀ ਦਾ ਪੱਧਰ ਆਮ ਨਾਲੋਂ ਵੱਧ ਹੈ ਅਤੇ ਮਾਨਸੂਨ ਤੇ ਹਿਮਾਲਿਆਈ ਖੇਤਰਾਂ ਵਿੱਚ ਬਰਫ਼ ਪਿਘਲਣ ਨਾਲ ਇਹ ਹੋਰ ਤੇਜ਼ੀ ਨਾਲ ਵਧ ਸਕਦਾ ਹੈ।

# ਸੰਪਰਕ : 95698-20314

**ਬਰਸੀ 'ਤੇ ਵਿਸ਼ੇਸ਼**

# ਗੁੰਮਨਾਮ ਦੇਸ਼-ਭਗਤ ਯੋਧੇ ਸੰਤ ਬਾਬਾ ਮੇਹਰ ਸਿੰਘ ਅਲੀਪੁਰ

**ਜਸਦੇਵ ਸਿੰਘ ਲਲਤੋਂ**

ਦੇਸ਼ ਅੰਦਰ ਖਰੀ ਆਜ਼ਾਦੀ ਦਾ ਸੁੱਚਾ ਪਰਚਮ ਲਹਿਰਾਉਣ ਤੇ ਨਵਾਂ ਕੌਮੀ ਜਮਹੂਰੀ ਰਾਜ ਪ੍ਰਬੰਧ ਸਿਰਜਣ ਲਈ ਰਣ-ਤੱਤੇ ਵਿੱਚ ਜੂਝਣ ਵਾਲੀਆਂ ਦੇਸ਼ ਭਗਤ ਲੋਕ ਲਹਿਰਾਂ ਅੰਦਰ ਏਨੀ ਖਿੱਚਣ-ਸ਼ਕਤੀ ਹੁੰਦੀ ਹੈ ਕਿ ਉਹ ਕਹਿਣੀ, ਕਰਨੀ ਦੇ ਪੂਰੇ ਸੰਤਾਂ-ਮਹਾਤਮਾ ਨੂੰ ਵੀ ਆਪਣੇ ਵਿੱਚ ਆਤਮ-ਸਾਤ ਕਰ ਲੈਂਦੀਆ ਹਨ। ਅਜਿਹੇ ਮਹਾਂ-ਪੁਰਸ਼ ਸਨ ਸੰਤ ਬਾਬਾ ਮੇਹਰ ਸਿੰਘ ਅਲੀਪੁਰ ।

ਮੇਹਰ ਸਿੰਘ ਦਾ ਜਨਮ ਸੰਨ 1885 'ਚ ਮਾਤਾ ਚੰਦ ਕੌਰ ਜੀ ਦੀ ਕੁੱਖੋਂ, ਪਿਤਾ ਗੁਲਾਬ ਸਿੰਘ ਦੇ ਘਰ ਪਿੰਡ ਬ੍ਰਹਮਪੁਰਾ, ਤਹਿ-ਪੱਟੀ ਜਿਲ੍ਹਾ ਅੰਮ੍ਰਿਤਸਰ (ਹੁਣ ਜ਼ਿਲ੍ਹਾ ਤਰਨ ਤਾਰਨ) ਵਿਖੇ ਹੋਇਆ । ਆਪ ਜੀ ਬਚਪਨ ਵਿੱਚ ਹੀ ਅਲੀਪੁਰ ਚਲੇ ਗਏ ਤੇ ਉਥੇ ਹੀ ਪੱਕੇ ਤੌਰ 'ਤੇ ਵਸ ਗਏ । ਆਪ ਦੇ ਦੂਜੇ ਭਰਾ ਵਧਾਵਾ ਸਿੰਘ ਵੀ ਧਾਰਮਿਕ ਵਿਚਾਰਧਾਰਾ 'ਚ ਪਰਪੱਕ ਤੇ ਗੁਰੂ ਘਰ ਦੇ ਨਾਮਵਰ ਗਰੰਥੀ ਅਤੇ ਤਿਆਗੀ ਸੱਜਣ ਸਨ । ਮੇਹਰ ਸਿੰਘ ਭਾਵੇਂ ਘੱਟ-ਪੜ੍ਹੇ ਲਿਖੇ ਸਨ, ਪਰ ਗੁਰੂ ਘਰਾਂ 'ਚੋਂ ਹਾਸਲ ਸਿੱਖਿਆ ਰਾਹੀਂ ਪੰਜਾਬੀ ਪੜ੍ਹਨ ਲਿਖਣ ਦੇ ਸਮਰੱਥ ਬਣ ਗਏ। ਆਪ ਭਜਨ-ਬੰਦਗੀ ਦੇ ਨਾਲ-ਨਾਲ ਜੜੀ-ਬੂਟੀਆਂ ਤੋਂ ਦਵਾਈਆਂ ਤਿਆਰ ਕਰਨੀਆਂ ਵੀ ਸਿੱਖ ਲਏ । ਸੋ ਵੈਦਗੀ ਰਾਹੀਂ ਆਮ ਜਨਤਾ ਦੀਆਂ ਬਿਮਾਰੀਆਂ ਦਾ ਸੇਵਾ-ਭਾਵਨਾ ਨਾਲ ਇਲਾਜ ਕਰਨ 'ਚ ਵੀ ਚੰਗੀ ਮਹਾਰਤ ਹਾਸਲ ਕਰਦੇ ਗਏ । ਆਪ ਜੀ ਪਾਸ ਗਦਰੀ ਯੋਧਿਆ ਦਾ ਗੁਪਤ ਰੂਪ 'ਚ ਆਉਣ- ਜਾਣ ਬਣਿਆ ਹੋਇਆ ਸੀ । ਜਿਥੇ ਦਿਨ ਵੇਲੇ ਆਪ ਗਊਆਂ ਦੀ ਸੇਵਾ-ਸੰਭਾਲ ਕਰਦੇ ਤੇ ਮਰੀਜ਼ਾਂ ਨੂੰ ਦਵਾਈਆ ਦਿੰਦੇ, ਉਥੇ ਰਾਤ ਨੂੰ ਗਦਰੀਆਂ ਲਈ ਰੋਟੀ-ਪਾਣੀ ਤੇ ਰਹਿਣ -ਸਹਿਣ ਦਾ ਪ੍ਰਬੰਧ ਕਰਦੇ ।

ਗਦਰ ਲਹਿਰ ਤੋਂ ਪ੍ਰਭਾਵਤ ਹੋ ਕੇ ਆਪ 13 ਅਪ੍ਰੈਲ 1919 ਦੀ ਵਿਸਾਖੀ ਮੌਕੇ ਜਲ੍ਹਿਆਂਵਾਲਾ ਬਾਗ ਅੰਮ੍ਰਿਤਸਰ ਵਿਖੇ ਹੋਣ ਵਾਲੇ ਇਤਿਹਾਸਕ ਤੇ ਸਾਂਝੇ ਇਕੱਠ ਵਿੱਚ ਸ਼ਾਮਲ ਹੋਣ ਵਾਲੀਆਂ ਸੰਗਤਾਂ ਲਈ ਗੁੜ ਤੇ ਛੋਲੇ ਲੈ ਕੇ 8 ਦਿਨ ਪਹਿਲਾਂ ਹੀ ਪੈਦਲ ਯਾਤਰਾ 'ਤੇ ਚੱਲ ਪਏ। ਗਵਰਨਰ ਜਨਰਲ ਉਡਵਾਇਰ ਦੇ ਹੁਕਮਾਂ 'ਤੇ ਜਨਰਲ ਡਾਇਰ ਦੀ ਸਿੱਧੀ ਕਮਾਨ ਹੇਠ ਜ਼ਾਲਮ ਅੰਗਰੇਜ਼ੀ ਫੌਜਾਂ ਨੇ ਗੋਲੀਆਂ ਦਾ ਮੀਂਹ ਵਰ੍ਹਾਇਆ, ਜਿਸ ਵਿੱਚ ਹਜ਼ਾਰਾਂ ਦੀ ਗਿਣਤੀ 'ਚ ਭਾਰਤੀ ਸ਼ਹੀਦ ਤੇ ਬੁਰੀ ਤਰ੍ਹਾਂ ਫੱਟੜ ਹੋਏ । ਅਨੇਕਾਂ ਲੋਕਾਂ ਨੇ ਜਾਨਾਂ ਬਚਾਉਣ ਲਈ ਖੂਹ 'ਚ ਛਾਲਾਂ ਮਾਰੀਆਂ । ਮੇਹਰ ਸਿੰਘ ਦੀ ਸੱਜੀ ਵੱਖੀ ਨੂੰ ਛੂਹ ਕੇ ਗੋਲੀ ਲੰਘ ਗਈ, ਫੱਟੜ ਹੋਏ, ਪ੍ਰੰਤੂ ਬਚ ਗਏ ।

ਉਨ੍ਹਾ ਦੀ ਬੇਟੀ ਬੀਬੀ ਪ੍ਰਕਾਸ਼ ਕੌਰ ਦੱਸਦੇ ਸਨ ਕਿ ਜਦੋਂ ਉਹ ਜਲ੍ਹਿਆਂਵਾਲੇ ਬਾਗ ਦੇ ਸਾਕੇ ਦਾ ਅੱਖੀਂ ਡਿੱਠਾ ਹਾਲ ਸੁਣਾਉਂਦੇ, ਤਾਂ ਸਰੋਤਿਆਂ ਦੀਆਂ ਅੱਖਾਂ ਵਿੱਚੋਂ ਅੱਥਰੂ ਵਹਿ ਤੁਰਦੇ ਸਨ । 1920-25 ਦੌਰਾਨ ਗੁਰਦੁਆਰਿਆਂ ਨੂੰ ਅੰਗਰੇਜ਼ ਦੇ ਝੋਲੀਚੁੱਕ ਤੇ ਭ੍ਰਿਸ਼ਟ ਮਸੰਦਾਂ ਤੋਂ ਮੁਕਤ ਕਰਵਾਉਣ ਲਈ ਗੁਰਦੁਆਰਾ ਸੁਧਾਰ ਲਹਿਰ ਜ਼ੋਰਾਂ 'ਤੇ ਚੱਲੀ । ਲਹੌਰ ਨੇੜੇ ਭਾਈ ਫੇਰੂ ਦਾ ਮੋਰਚਾ ਲੱਗਿਆ, ਜਿਸ ਵਿੱਚ ਹਿੱਸਾ ਲੈਣ ਕਰਕੇ ਸੰਤ ਮੇਹਰ ਸਿੰਘ ਨੂੰ 19 ਜਨਵਰੀ 1924 ਨੂੰ ਗ੍ਰਿਫਤਾਰ ਕਰ ਲਿਆ ਗਿਆ। ਸੰਖੇਪ ਮੁਕੱਦਮੇ ਪਿਛੋਂ ਆਪ ਨੂੰ 2 ਸਾਲ ਦੀ ਕੈਦ ਤੇ 500 ਰੁਪਏ ਜੁਰਮਾਨਾ ਹੋਇਆ । ਜੁਰਮਾਨਾ ਨਾ ਭਰ ਸਕਣ ਕਰਕੇ ਮੁਲਤਾਨ ਜੇਲ ਵਿੱਚ 2-1/2 ਸਾਲ ਕੈਦ ਕੱਟੀ । ਵਰਨਣਯੋਗ ਹੈ ਕਿ ਇਸ ਜੇਲ੍ਹ ਵਿੱਚ ਕੈਦੀਆਂ ਨੂੰ ਕੱਚ ਤੇ ਰੋੜ ਪੀਸ ਕੇ ਕੈਦੀਆਂ ਦੀਆ ਰੋਟੀਆਂ 'ਚ ਪਾਇਆ ਜਾਂਦਾ ਸੀ, ਜਿਸ ਦੇ ਸਿੱਟੇ ਵਜੋਂ ਕਈ ਕੈਦੀ ਸ਼ਹੀਦ ਹੋਏ ਤੇ ਅਨੇਕਾਂ ਬਿਮਾਰ ਹੋਣ ਲੱਗੇ ।

ਸ਼ਹੀਦ ਭਗਤ ਸਿੰਘ ਤੇ ਸਾਥੀਆਂ ਦੀ ਰਿਹਾਈ ਲਈ ਉਭਰੀ ਵਿਸ਼ਾਲ ਕੌਮੀ ਲਹਿਰ ਵੇਲੇ 1930 'ਚ ਆਪ 'ਤੇ ਪਿਸਤੌਲ ਦਾ ਮੁਕੱਦਮਾ ਪਾ ਕੇ 1-1/2 ਸਾਲ ਰਾਵਲਪਿੰਡੀ ਤੇ ਕਸੂਰ ਜੇਲਾਂ ਅੰਦਰ ਡੱਕੀ ਰੱਖਿਆ । 1940 'ਚ ਆਪ ਦੇਸ਼ ਦੀ ਆਜ਼ਾਦੀ ਦੀ ਲਹਿਰ ਦੇ ਕਾਰਜਾਂ ਹਿੱਤ ਮੈਕਾਲਿਸਟਰ ਰੋਡ, ਜਾਰਜ ਟਾਊਨ ਮਲੇਸ਼ੀਆ ਤੇ ਇਸ ਤੋਂ ਉਪਰੰਤ ਸਿੰਘਾਪੁਰ ਵੀ ਗਏ । 1942 'ਚ 'ਭਾਰਤ ਛੱਡੋ ਅੰਦੋਲਨ' 'ਚ 6 ਮਹੀਨੇ ਕੈਦ ਕੱਟੀ । 1965 ਦੀ ਹਿੰਦ-ਪਾਕਿ ਜੰਗ ਮੌਕੇ ਆਪ ਬਿਰਧ ਹੋਣ ਦੇ ਬਾਵਜੂਦ ਪਿੰਡ ਮਹਿਮੂਦਪੁਰਾ (ਨੇੜੇ ਅਮਰਕੋਟ) ਵਿਖੇ ਵਰ੍ਹਦੀਆਂ ਗੋਲੀਆਂ ਦੌਰਾਨ 8 ਦਿਨ ਖੂਹ ਗੇੜ ਕੇ ਫੌਜੀਆਂ ਲਈ ਪਾਣੀ ਦੀ ਸੇਵਾ ਕਰਦੇ ਰਹੇ । 3 ਜੁਲਾਈ 1974 ਨੂੰ ਦੇਸ਼ ਵਾਸੀਆਂ ਨੂੰ ਸੰਤ ਮੇਹਰ ਸਿੰਘ ਜੀ ਸਦੀਵੀ ਵਿਛੋੜਾ ਦੇ ਗਏ । ਉਨ੍ਹਾ ਦੀ ਸਤਿਕਾਰਯੋਗ ਧਰਮ-ਪਤਨੀ ਮਾਤਾ ਖੇਮ ਕੌਰ 7 ਮਾਰਚ 1982 ਨੂੰ ਗੁਜਰ ਗਏ । ਆਪ ਜੀ ਦੇ ਸਪੁੱਤਰ ਬਾਬਾ ਗੁਰਨਾਮ ਸਿੰਘ, ਸਪੁੱਤਰੀ ਬੀਬੀ ਬਚਨ ਕੌਰ ਕਾਲਜ ਰੋਡ ਪੱਟੀ ਰਹਿੰਦੇ ਹਨ। ਦੂਜੀ ਸਪੁੱਤਰੀ ਬੀਬੀ ਪ੍ਰਕਾਸ਼ ਕੌਰ ਮਿੱਡਾ (ਮੁਕਤਸਰ) 30 ਅਪ੍ਰੈਲ 2018 ਨੂੰ ਸਦੀਵੀ ਵਿਛੋੜਾ ਦੇ ਗਏ, ਜਿਨ੍ਹਾ ਦੇ ਬੇਟੇ ਰਾਮ ਸਿੰਘ ਮਿੱਡਾ ਦੇਸ਼ ਭਗਤਾਂ ਦੀ ਵਿਰਾਸਤ ਸਾਂਭਣ ਤੇ ਪ੍ਰਚਾਰਨ ਲਈ ਸਰਗਰਮ ਹਨ ।

ਆਪ ਜੀ ਦੀ ਯਾਦ 'ਚ ਬਣੀ ਸਮਾਧ ਗੁਰਦੁਆਰਾ ਰੋੜੀਵਾਲਾ ਸਾਹਿਬ ਅਲੀਪੁਰ ਵਿਖੇ ਸੁਸ਼ੋਭਿਤ ਹੈ । ਆਪ ਜੀ ਬਰਸੀ ਹਰ ਸਾਲ 20 ਹਾੜ (ਇਸ ਵਾਰ 4 ਜੁਲਾਈ) ਨੂੰ ਪ੍ਰਵਾਰ, ਨਗਰ ਤੇ ਇਲਾਕਾ ਨਿਵਾਸੀਆ ਅਤੇ ਦੇਸ਼-ਪ੍ਰੇਮੀਆਂ ਵੱਲੋਂ ਸ਼ਰਧਾ ਤੇ ਉਤਸ਼ਾਹ ਨਾਲ ਮਨਾਈ ਜਾਂਦੀ ਹੈ । ਦੇਸ਼ ਭਗਤ ਯੋਧੇ ਸੰਤ ਮੇਹਰ ਸਿੰਘ ਦੇਸ਼ ਤੇ ਦੇਸ਼ ਵਾਸੀਆਂ ਲਈ ਕੀਤੇ ਵੱਡੇ ਤਿਆਗ ਤੇ ਕੁਰਬਾਨੀਆ ਸਦਕਾ ਸਦਾ ਲਈ ਅਮਰ ਰਹਿਣਗੇ ।

# ਸੰਪਰਕ : 96464-02470

# ਔਰਤ ਦੀ ਸਭ ਤੋਂ ਵੱਡੀ ਤਾਕਤ ਸਿੱਖਿਆ

**ਐਡਵੋਕੇਟ ਰਵਿੰਦਰ ਸਿੰਘ ਧਾਲੀਵਾਲ**

ਪੁਰਾਣੇ ਜ਼ਮਾਨੇ ਵਿੱਚ ਔਰਤ ਨੂੰ ਕਮਜ਼ੋਰ ਸਮਝਦੇ ਸਨ । ਫੈਸਲੇ ਘਰ ਦੇ ਮਰਦ ਕਰਦੇ ਅਤੇ ਉਸ ਦੀ ਪੜਾਈ 'ਤੇ ਪਬੰਧੀਆਂ ਸਨ, ਪਰ ਸਮੇਂ ਦੇ ਨਾਲ-ਨਾਲ ਸਮਾਜਿਕ ਸੋਚ ਵਿੱਚ ਬਦਲਾਅ ਆਇਆ। ਸਿੱਖਿਆ ਅਤੇ ਕਾਨੂੰਨੀ ਸੁਧਾਰਾਂ ਨੇ ਨਾਰੀ ਨੂੰ ਅੱਗੇ ਵਧਣ ਦੇ ਮੌਕੇ ਦਿੱਤੇ। ਉਹ ਘਰ ਦੀ ਚਾਰਦੀਵਾਰੀ ਤੱਕ ਸੀਮਿਤ ਨਹੀਂ ਰਹੀ, ਅੱਜ ਔਰਤ ਸਮਾਜ ਦਾ ਮੁੱਖ ਧੁਰਾ ਹੈ। ਹਰ ਖੇਤਰ ਵਿੱਚ ਆਪਣੀ ਕਾਬਲੀਅਤ ਸਾਬਤ ਕਰ ਰਹੀ ਹੈ । ਉਸ ਨੇ ਸਿੱਖਿਆ, ਰਾਜਨੀਤੀ, ਵਿਗਿਆਨ, ਖੇਡਾਂ, ਫੌਜ, ਵਪਾਰ ਅਤੇ ਕਲਾ ਦੇ ਖੇਤਰਾਂ ਵਿੱਚ ਆਪਣੀ ਵਿਲੱਖਣ ਪਹਿਚਾਣ ਬਣਾਈ ਹੈ। ਇਸੇ ਕਾਰਨ ਡਿਜੀਟਲ ਦੇ ਇਸ ਯੁੱਗ ਨੂੰ ਵਿਗਿਆਨ, ਤਕਨਾਲੋਜੀ ਅਤੇ ਸੋਚ ਬਦਲਣ ਦਾ ਯੁੱਗ ਕਿਹਾ ਜਾਦਾ ਹੈ । ਇਸ ਨਾਲ ਸਭ ਤੋਂ ਵੱਡੀ ਤਬਦੀਲੀ ਔਰਤ ਦੀ ਭੂਮਿਕਾ ਵਿੱਚ ਨਜ਼ਰਆਉਂਦੀ ਹੈ। ਸਿੱਖਿਆ ਔਰਤ ਦੀ ਸਭ ਤੋਂ ਵੱਡੀ ਤਾਕਤ ਹੈ । ਪੜ੍ਹੀ-ਲਿਖੀ ਔਰਤ ਆਪਣੇ ਪਰਵਾਰ ਨੂੰ ਸਹੀ ਦਿਸ਼ਾ ਦੇ ਕੇ ਸਮਾਜ ਦੇ ਵਿਕਾਸ ਵਿੱਚ ਹਿੱਸਾ ਪਾ ਰਹੀ ਹੈ।ਇਹ ਡਾਕਟਰ, ਇੰਜੀਨੀਅਰ, ਅਧਿਆਪਕ, ਵਿਗਿਆਨੀ, ਵਕੀਲ ਅਤੇ ਪ੍ਰਸ਼ਾਸਨਿਕ ਅਧਿਕਾਰੀ ਬਣ ਕੇ ਦੇਸ਼ ਨੂੰ ਤਰੱਕੀ ਦੇ ਰਾਹਾਂ 'ਤੇ ਪਾਇਆ ।ਅੱਜ ਹਰ ਖੇਤਰ ਵਿੱਚ ਪੁਰਸ਼ਾਂ ਦੇ ਬਰਾਬਰ ਕੰਮ ਕਰ ਰਹੀਆਂ ਹਨ। ਅਜੋਕੇ ਸਮੇ ਨੇ ਔਰਤ ਨੂੰ ਆਰਥਿਕ ਤੌਰ 'ਤੇ ਸਵੈ-ਨਿਰਭਰ ਬਣਾ ਦਿੱਤਾ। ਨੌਕਰੀ ਅਤੇ ਬਿਜ਼ਨਸ ਨਾਲ ਆਪਣੇ ਪੈਰਾਂ 'ਤੇ ਖੜ੍ਹੀ ਹੈ। ਇਸ ਨਾਲ ਸਵੈ- ਭਰੋਸੇ ਵਿੱਚ ਵਾਧਾ ਹੋਇਆ ਅਤੇ ਪਰਵਾਰ ਵਿੱਚ ਉਸ ਦੀ ਗੱਲ ਨੂੰ ਤਵੱਜੋ ਮਿਲਣ ਲੱਗੀ । ਆਪਣੇ ਅਤੇ ਆਪਣੇ ਬੱਚਿਆਂ ਦੇ ਭਵਿੱਖ ਨੂੰ ਸੁਰੱਖਿਅਤ ਬਣਾ ਲਿਆ। ਪਹਿਲਾ ਉਸ ਨੂੰ ਸਿੱਖਿਆ, ਨੌਕਰੀ ਅਤੇ ਭਵਿੱਖਮਈ ਫ਼ੈਸਲਾ ਕਰਨ ਦੇ ਅਧਿਕਾਰ ਨਹੀ ਸਨ। ਸਮਾਜ ਦੀ ਬਦਲੀ ਸੋਚ ਅਤੇ ਹੱਕਾਂ ਪ੍ਰਤੀ ਜਾਗਰੂਕਤਾ ਨੇ ਫ਼ੈਸਲੇ ਲੈਣ ਲ਼ਈ ਸਮਰੱਥ ਬਣਾ ਦਿੱਤਾ ।ਔਰਤਾ ਰਾਜਨੀਤੀ ਵਿੱਚ ਵੀ ਸਰਗਰਮ ਭੂਮਿਕਾ ਨਿਭਾ ਰਹੀਆਂ ਹਨ । ਪੰਚਾਇਤਾਂ ਤੋਂ ਲੈ ਕੇ ਸੰਸਦ ਤੱਕ ਆਪਣੀ ਹਾਜ਼ਰੀ ਦਰਜ ਕਰਵਾਈ ਹੈ । ਭਾਰਤੀ ਸੰਵਿਧਾਨ ਦਾ ਅਨੁਛੇਦ 2434 ਚੋਣਾਂ ਵਿੱਚ ਔਰਤਾਂ ਲਈ ਰਾਖਵੇਂਕਰਨ ਪ੍ਰਦਾਨ ਕਰਦਾ ਹੈ । ਭਾਵੇ ਦੇਸ਼ ਵਿੱਚ ਇਹ 33 ਪ੍ਰਤੀਸ਼ਤ ਹੈ, ਪਰ ਬਿਹਾਰ, ਕੇਰਲਾ ਤੇ ਮਹਾਰਾਸ਼ਟਰ ਨੇ ਇਹ ਵਧਾ ਕੇ 50 ਪ੍ਰਤੀਸ਼ਤ ਕਰ ਦਿੱਤਾ ਹੈ ।

ਜਿਸ ਕਰਕੇ ਔਰਤਾਂ ਨੀਤੀਆਂ ਬਣਾਉਣ, ਸਮਾਜਿਕ ਸਮੱਸਿਆਵਾਂ ਨੂੰ ਉਠਾਉਣ ਅਤੇ ਲੋਕਾਂ ਦੀ ਆਵਾਜ਼ ਬਣਨ ਵਿੱਚ ਅੱਗੇ ਆ ਰਹੀਆਂ ਹਨ । ਇਸ ਨਾਲ ਲੋਕਤੰਤਰ ਮਜ਼ਬੂਤ ਹੋ ਰਿਹਾ ਹੈ ਅਤੇ ਔਰਤਾਂ ਦੀਆ ਮੁਸ਼ਕਲਾਂ ਨੂੰ ਸਰਕਾਰਾ ਅੱਗੇ ਰੱਖਿਆ ।ਇਹ ਸਿਰਫ਼ ਕੈਰੀਅਰ-ਕੇਂਦਰਤ ਹੀ ਨਹੀਂ, ਸਗੋਂ ਉਹ ਪਰਿਵਾਰਕ ਜ਼ਿੰਮੇਵਾਰੀਆਂ ਨੂੰ ਵੀ ਨਿਭਾ ਰਹੀ ਹੈ। ਇੱਕ ਪਾਸੇ ਮਾਂ, ਧੀ, ਪਤਨੀ ਦੇ ਫਰਜ਼ ਨਿਭਾਉਂਦੀ ਹੈ ਅਤੇ ਦੂਜੇ ਪਾਸੇ ਸਮਾਜ ਅਤੇ ਦੇਸ਼ ਦੇ ਵਿਕਾਸ ਵਿੱਚ ਯੋਗਦਾਨ ਪਾਉਂਦੀ ਹੈ। ਬਹੁਤ ਸਾਰੀਆਂ ਔਰਤਾਂ ਘਰੋਂ ਕੰਮ ਕਰਕੇ, ਸਵੈ-ਰੋਜ਼ਗਾਰ ਰਾਹੀਂ ਜਾਂ ਸਟਾਰਟਅਪ ਸ਼ੁਰੂ ਕਰਕੇ ਕੰਪਨੀਆ ਚਲਾ ਰਹੀਆਂ ਹਨ । ਭਾਵੇਂ ਘਰ, ਕੰਮ ਅਤੇ ਪਰਵਾਰ ਵਿਚ ਸੰਤੁਲਨ ਬਣਾਉਣਾ ਆਸਾਨ ਨਹੀਂ, ਪਰ ਸੰਤੁਲਨ ਬਣਾਉਣ ਦੀ ਕਲਾ ਬਖ਼ੂਬੀ ਜਾਣਦੀ ਹੈ । ਏਨੀ ਤਰੱਕੀ ਦੇ ਬਾਵਜੂਦ ਔਰਤ ਨੂੰ ਅਨੇਕਾ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ। ਲਿੰਗ ਭੇਦਭਾਵ, ਘਰੇਲੂ ਹਿੰਸਾ, ਦਾਜ ਪ੍ਰਥਾ ਅਤੇ ਸਮਾਜਕ ਬੇੜੀਆਂ ਦੀ ਜਕੜ ਅਜੇ ਵੀ ਖਤਮ ਨਹੀ ਹੋਈ, ਜਦੋਂ ਕਿ ਧਾਰਾ 16 ਜਨਤਕ ਰੁਜ਼ਗਾਰ ਵਿੱਚ ਸਮਾਨਤਾ ਦੇ ਮੌਕੇ ਅਤੇ ਧਾਰਾ 15 ਧਰਮ, ਨਸਲ, ਜਾਤ, ਲਿੰਗ ਜਾਂ ਜਨਮ ਦੇ ਆਧਾਰ 'ਤੇ ਕਿਸੇ ਵੀ ਨਾਗਰਿਕ ਨਾਲ ਵਿਤਕਰੇ ਦੀ ਮਨਾਹੀ ਕਰਦੀ ਹੈ। ਸੰਯੁਕਤ ਰਾਸ਼ਟਰ ਦੇ ਸਾਬਕਾ ਸਕੱਤਰ ਕੋਫੀ ਅੰਨਾਨ ਨੇ ਕਿਹਾ ਸੀ-ਲਿੰਗ ਸਮਾਨਤਾ ਨੂੰ ਉਤਸ਼ਾਹਿਤ ਕਰਨਾ ਸਿਰਫ਼ ਔਰਤਾਂ ਦੀ ਜ਼ਿੰਮੇਵਾਰੀ ਨਹੀਂ, ਇਹ ਸਾਡੇ ਸਾਰਿਆਂ ਦੀ ਜ਼ਿੰਮੇਵਾਰੀ ਹੈ, ਇਸੇ ਲਈ ਜਾਗਰੂਕਤਾ, ਕਾਨੂੰਨੀ ਸਹਾਇਤਾ ਅਤੇ ਸਿੱਖਿਆ ਦੇ ਨਾਲ ਔਰਤ ਇਨ੍ਹਾਂ ਸਮੱਸਿਆਵਾਂ ਖ਼ਿਲਾਫ਼ ਖੜ੍ਹੀ ਹੋ ਰਹੀ ਹੈ। ਉਹ ਹੁਣ ਚੁੱਪ ਨਹੀਂ ਰਹਿੰਦੀ, ਸਗੋਂ ਆਪਣੇ ਹੱਕਾਂ ਲਈ ਆਵਾਜ਼ ਉਠਾਉਂਦੀ ਹੈ । ਮੀਡੀਆ ਅਤੇ ਤਕਨਾਲੋਜੀ ਨੇ ਵੀ ਔਰਤ ਨੂੰ ਨਵੀਂ ਪਛਾਣ ਦਿੱਤੀ ਹੈ। ਸੋਸ਼ਲ ਮੀਡੀਆ ਰਾਹੀਂ ਔਰਤ ਆਪਣੀਆਂ ਗੱਲਾਂ, ਪ੍ਰਤਿਭਾਵਾਂ ਅਤੇ ਵਿਚਾਰਾਂ ਨੂੰ ਦੁਨੀਆ ਸਾਹਮਣੇ ਰੱਖ ਰਹੀ ਹੈ । ਇਸ ਨਾਲ ਉਸ ਦੇ ਵਿਚਾਰ ਦੂਰ-ਦੂਰ ਤੱਕ ਪਹੁੰਚਾਉਂਦੇ ਹਨ । ਉਹ ਸਮਾਜ ਦੀ ਰੀੜ੍ਹ ਦੀ ਹੱਡੀ ਹੈ।

ਸਾਨੂੰ ਚਾਹੀਦਾ ਹੈ ਕਿ ਔਰਤਾਂ ਨੂੰ ਸਮਾਨ ਅਧਿਕਾਰ, ਸਿੱਖਿਆ ਅਤੇ ਬਰਾਬਰ ਦੇ ਮੌਕੇ ਦੇ ਕੇ ਇੱਕ ਨਿਰਭਉ ਅਤੇ ਸੁਤੰਤਰ ਸਮਾਜ ਦੀ ਰਚਨਾ ਕਰੀਏ, ਜੋ ਸਮਾਜ ਦੀਆ ਰਚਣਹਾਰੀਆ ਹਨ । ਅਸੀਂ ਤਾਂ ਕੀ ਇਹਨਾਂ ਦੇ ਹੱਕਾਂ ਦੀ ਗਵਾਹੀ ਤਾਂ ਗੁਰੂਆਂ ਪੀਰਾਂ ਨੇ ਵੀ ਸਾਡੇ ਧਾਰਮਿਕ ਗ੍ਰੰਥ ਵਿੱਚ ਵੀ ਦਰਜ ਕਰਵਾਈ ਹੈ । ਗੁਰੂ ਨਾਨਕ ਸਾਹਿਬ ਪਹਿਲੇ ਕ੍ਰਾਤੀਕਾਰੀ ਗੁਰੂ ਸਨ, ਜਿਨ੍ਹਾਂ ਨੇ ਇਸਤਰੀ ਆਜ਼ਾਦੀ ਲਈ ਆਵਾਜ਼ ਉਠਾਈ । ਗੁਰੂ ਨਾਨਕ ਸਾਹਿਬ ਨੇ ਔਰਤਾਂ ਲਈ ਸ਼ਬਦ ਉਚਾਰੇ: ਸੋ ਕਿਉ ਮੰਦਾ ਆਖੀਐ ਜਿਤੁ ਜੰਮਹਿ ਰਾਜਾਨ॥' ਔਰਤਾ ਨੇ ਰਾਜਿਆਂ, ਯੋਧਿਆਂ, ਸੰਤਾਂ ਨੂੰ ਜਨਮ ਦਿੱਤਾ ਹੈ, ਉਹਨੂੰ ਅਪਮਾਨਿਤ ਨਹੀ ਕੀਤਾ ਜਾ ਸਕਦਾ। ਨਵੇਂ ਯੁੱਗ ਦੀ ਔਰਤ ਸਵੈ-ਵਿਸ਼ਵਾਸ ਦੇ ਚਲਦਿਆ ਸਮਾਨਤਾ ਦੀ ਹੱਕਦਾਰ ਹੈ। ਜੇਕਰ ਔਰਤ ਅੱਗੇ ਵਧੇਗੀ ਤਾਂ ਪਰਿਵਾਰ, ਸਮਾਜ ਅਤੇ ਦੇਸ਼ ਆਪੇ ਹੀ ਤਰੱਕੀ ਕਰੇਗਾ।

# ਸੰਪਰਕ : 78374-90309

# ਪਾਠਕ-ਸੱਥ

## ਸਿਹਤ ਸੰਬੰਧੀ ਖਿਲਵਾੜ ਲਈ ਬਣੇ ਕਾਨੂੰਨ

ਤਕਨੀਕ ਦਾ ਏਨਾ ਪਸਾਰਾ ਹੋ ਗਿਆ ਹੈ ਕਿ ਸਾਰੀ ਦੁਨੀਆਂ ਸਿਮਟ ਕੇ ਆਦਮੀ ਦੀਆਂ ਉਂਗਲਾਂ ਦੇ ਪੋਟਿਆਂ 'ਤੇ ਨੱਚਦੀ ਨਜ਼ਰ ਆ ਰਹੀ ਹੈ। ਮੋਬਾਇਲ ਨਾਲ ਚਿੰਬੜ ਕੇ ਰਹਿਣ ਦੀ ਬੀਮਾਰੀ ਸਾਨੂੰ ਸਭ ਨੂੰ ਲੱਗ ਚੁੱਕੀ ਹੈ। ਹੁਣ ਲੱਗਦਾ ਹੈ ਕਿ ਹਰ ਮਸਲੇ ਦਾ ਹੱਲ ਸਾਨੂੰ ਇਹ ਹੀ ਦੇਵੇਗਾ। ਹੱਦ ਤਾਂ ਉਦੋਂ ਹੋ ਜਾਂਦੀ ਹੈ, ਜਦੋਂ ਕਿਸੇ ਮਾਹਰ ਡਾਕਟਰ ਕੋਲ਼ ਜਾਂ ਹਸਪਤਾਲ ਜਾਣ ਦੀ ਬਜਾਇ ਅਸੀਂ ਬੀਮਾਰੀਆਂ ਦਾ ਇਲਾਜ ਬਿਨਾਂ ਕਿਸੇ ਡਿਗਰੀ ਤੋਂ ਜਾਂ ਅਪ੍ਰਮਾਣਿਤ ਵਿਅਕਤੀ ਦੁਆਰਾ ਪਾਈਆਂ ਵੀਡੀਓਜ਼ ਤੋਂ ਲੱਭਣ ਲੱਗਦੇ ਹਾਂ ਅਤੇ ਬਹੁਤੀ ਵਾਰ ਇਨ੍ਹਾਂ ਦੇ ਆਧਾਰ 'ਤੇ ਵਰਤਿਆ ਟੋਟਕਾ ਉਲਟਾ ਸਰੀਰ ਨੂੰ ਨੁਕਸਾਨ ਪਹੁੰਚਾ ਦਿੰਦਾ ਹੈ। ਇਨ੍ਹਾਂ ਸਿਹਤ ਨਾਲ਼ ਸੰਬੰਧਿਤ ਬਿਨਾਂ ਕਿਸੇ ਪ੍ਰਮਾਣਿਤ ਨਤੀਜਿਆਂ ਤੋਂ ਆਪਣੇ ਆਪ ਨੂੰ ਵੱਡੇ ਵੈਦ ਕਹਾਉਣ ਵਾਲ਼ੇ ਲੋਕਾਂ ਦਾ ਸੋਸ਼ਲ ਮੀਡੀਆ 'ਤੇ ਇੱਕ ਤਰ੍ਹਾਂ ਦਾ ਹੜ੍ਹ ਆਇਆ ਹੋਇਆ ਹੈ, ਜਿਨ੍ਹਾਂ ਦਾ ਮਕਸਦ ਸਿਰਫ ਵਿਊਜ਼ ਵਧਾਉਣ ਤੇ ਪੈਸਾ ਕਮਾਉਣਾ ਹੈ।

ਸਿਹਤ ਨਾਲ਼ ਖਿਲਵਾੜ ਰੋਕਣ ਲਈ ਸਾਡੇ ਗੁਆਂਢੀ ਮੁਲਕ ਚੀਨ ਨੇ ਇੱਕ ਕਾਨੂੰਨ ਹੀ ਬਣਾ ਦਿੱਤਾ ਹੈ ਕਿ ਬਿਨਾਂ ਕਿਸੇ ਪ੍ਰਮਾਣਿਤ ਡਿਗਰੀ ਤੋਂ ਕੋਈ ਵੀ ਸਿਹਤ ਨਾਲ਼ ਸੰਬੰਧਿਤ ਵੀਡੀਓ ਸੋਸ਼ਲ ਮੀਡੀਆ 'ਤੇ ਅਪਲੋਡ ਨਹੀਂ ਕਰ ਸਕੇਗਾ। ਇਹ ਬਹੁਤ ਹੀ ਵਧੀਆ ਤੇ ਸ਼ਲਾਘਾਯੋਗ ਕਦਮ ਹੈ, ਜੋ ਕਰਨਾ ਬਣਦਾ ਸੀ। ਸਾਡੇ ਮੁਲਕ ਦੇ ਹਾਕਮਾਂ ਨੂੰ ਵੀ ਇਸ ਤਰ੍ਹਾਂ ਦੇ ਚੰਗੇ ਉੱਦਮ ਦੀ ਨਕਲ ਕਰ ਲੈਣੀ ਚਾਹੀਦੀ ਹੈ ਅਤੇ ਕਾਨੂੰਨ ਬਣਾ ਕੇ ਇਸ ਨੂੰ ਸਖ਼ਤੀ ਨਾਲ਼ ਲਾਗੂ ਕਰਨ ਵਿੱਚ ਦੇਰੀ ਨਹੀਂ ਕਰਨੀ ਚਾਹੀਦੀ ਤਾਂ ਕਿ ਲੋਕਾਂ ਦੇ ਸਮੇਂ, ਪੈਸੇ ਤੇ ਸਿਹਤ ਨਾਲ ਕੋਈ ਅਖੌਤੀ ਤੇ ਲਾਲਚੀ ਕਿਸਮ ਦੇ ਵਿਅਕਤੀ ਖਿਲਵਾੜ ਨਾ ਕਰ ਸਕਣ।

-ਲਾਭ ਸਿੰਘ ਸ਼ੇਰਗਿੱਲ, ਅੱਧੀ ਟਿੱਬੀ ਬਡਰੁੱਖਾਂ (ਸੰਗਰੂਰ)

## ਸਰਕਾਰੀ ਸਕੂਲਾਂ ਦਾ ਡਿੱਗਦਾ ਮਿਆਰ ਚਿੰਤਾਜਨਕ

ਉਪਰੋਕਤ ਲੇਖ ਦੇ ਸਿਰਲੇਖ ਨਾਲ ਹੋ ਸਕਦਾ ਹੈ ਕੁਝ ਵਿਅਕਤੀ ਜਾਂ ਵਿਦਵਾਨ ਨਾ ਸਹਿਮਤ ਹੋਣ, ਪ੍ਰੰਤੂ ਤੱਥ ਇਹ ਦਰਸਾਉਂਦੇ ਹਨ ਕਿ ਸਰਕਾਰੀ ਸਕੂਲਾਂ ਦੀ ਹਾਲਤ ਚਿੰਤਾਜਨਕ ਹੈ । ਸਮੇਂ-ਸਮੇਂ ਤੇ ਸਰਕਾਰੀ ਸਕੂਲਾਂ ਦੀ ਹਾਲਤ ਨੂੰ ਸੁਧਾਰਨ ਅਤੇ ਵਿਦਿਆਰਥੀਆਂ ਦੀ ਪੜ੍ਹਾਈ ਦਾ ਪੱਧਰ ਉੱਪਰ ਚੁੱਕਦੇ ਹੋਏ ਉਹਨਾਂ ਨੂੰ ਸਮੇਂ ਦੇ ਹਾਣੀ ਬਣਾਉਣ ਲਈ ਸਮਾਰਟ ਸਕੂਲ, ਮੈਰੀਟੋਰੀਅਸ ਸਕੂਲ ਅਤੇ ਸਕੂਲ ਆਫ਼ ਐਮੀਨੈਂਸ ਵਰਗੇ ਸਕੂਲ ਸਥਾਪਤ ਕੀਤੇ ਗਏ ਜਾਂ ਕਹਿ ਲਓ ਵੀ ਪੁਰਾਣੇ ਸਕੂਲਾਂ ਨੂੰ ਨਵਾਂ ਨਾਂਅ ਦੇ ਦਿੱਤਾ ਗਿਆ, ਇਹਨਾਂ ਚੰਦ ਸਕੂਲਾਂ ਦੇ ਬੱਚਿਆਂ ਨੇ ਇੰਜੀਨੀਅਰਿੰਗ ਅਤੇ ਮੈਡੀਕਲ ਸਿੱਖਿਆ ਲਈ ਹੋਣ ਵਾਲੀ ਦਾਖ਼ਲਾ ਪ੍ਰੀਖਿਆ ਵਿੱਚ ਮੱਲਾਂ ਮਾਰੀਆਂ,ਇਹ ਵਧੀਆ ਗੱਲ ਹੈ ਪਰੰਤੂ ਬਾਕੀ ਸਕੂਲਾਂ ਦੀ ਖ਼ਸਤਾ ਹਾਲਤ ਦੇਖ ਮਨ ਡੂੰਘੀ ਚਿੰਤਾ ਵਿੱਚ ਡੁੱਬ ਜਾਂਦਾ ਹੈ। ਪਿਛਲੇ ਹੀ ਦਿਨੀਂ ਲੁਧਿਆਣਾ ਦੇ ਇੱਕ ਸਕੂਲ ਦੀ ਖ਼ਬਰ ਸਰਕਾਰੀ ਸਕੂਲਾਂ ਦੀ ਤਰੱਕੀ ਦੇ ਰਾਜ਼ ਖੋਲ੍ਹਦੀ ਹੈ, ਜਿਥੇ ਬੱਚੇ ਖੁੱਲ੍ਹੇ ਵਿੱਚ ਪੜ੍ਹਨ ਲਈ ਮਜਬੂਰ ਹਨ,ਇਹ ਇੱਕ ਸਕੂਲ ਦੇ ਹਾਲਾਤ ਨਹੀਂ, ਬਹੁਤਿਆਂ ਦੀ ਦਸ਼ਾ ਇਹੀ ਹੈ। ਕਿਸੇ ਸਕੂਲ ਨੂੰ ਜਾਣ ਵਾਲਾ ਰਸਤਾ ਖ਼ਸਤਾ ਹੈ, ਜਿਥੇ ਮੀਂਹ ਅਤੇ ਨਾਲੀਆਂ ਦਾ ਖੜ੍ਹਿਆ ਪਾਣੀ ਬੋਅ ਮਾਰਦਾ ਹੋਇਆ ਬਿਮਾਰੀਆਂ ਨੂੰ ਸੱਦਾ ਦਿੰਦਾ ਹੈ। ਕਿਸੇ ਸਕੂਲ ਵਿੱਚ ਪਖਾਨੇ ਨਹੀਂ ਹਨ। ਬੱਚਿਆਂ ਦਾ ਸੈਸ਼ਨ ਸ਼ੁਰੂ ਹੋ ਚੁੱਕਿਆ ਹੈ, ਅਜੇ ਤੱਕ ਪੂਰੀਆਂ ਕਿਤਾਬਾਂ ਸਕੂਲਾਂ ਤੱਕ ਨਹੀਂ ਪਹੁੰਚੀਆਂ। ਗਿਆਰਵੀਂ ਜਮਾਤ ਦੀ ਇਤਿਹਾਸ ਦੀ ਕਿਤਾਬ ਨਾ ਤਾਂ ਪਿਛਲੇ ਸਾਲ ਬਹੁਤੇ ਵਿਦਿਆਰਥੀਆਂ ਨੂੰ ਪ੍ਰਾਪਤ ਹੋਈ। ਅਧਿਆਪਕਾਂ ਨੇ ਬੱਚਿਆਂ ਨੂੰ ਪੰਜਾਬ ਸਕੂਲ ਸਿੱਖਿਆ ਬੋਰਡ ਦੀ ਐਪ ਅਤੇ ਹੋਰ ਸੋਰਸ ਜਿਵੇਂ ਗਾਈਡ ਵਗੈਰਾ ਲੈ ਕੇ ਪੜ੍ਹਨ ਲਈ ਪ੍ਰੇਰਿਤ ਕੀਤਾ,ਉਹੀ ਹਾਲਤ ਹੁਣ ਹੈ, ਇਸ ਵਾਰ ਵੀ ਬੱਚਿਆਂ ਨੂੰ ਇਤਿਹਾਸ ਦੀ ਕਿਤਾਬ ਪ੍ਰਾਪਤ ਨਹੀਂ ਹੋਈ। ਬੱਚਿਆਂ ਨੂੰ ਕਿਤਾਬਾਂ ਨਹੀਂ ਵੰਡੀਆਂ ਜਾ ਰਹੀਆਂ, ਕਾਰਨ ਹੈ ਅਧਿਆਪਕਾਂ ਦਾ ਗੈਰ ਵਿੱਦਿਅਕ ਕੰਮਾਂ ਵਿੱਚ ਲੱਗਿਆ ਹੋਣਾ। ਪਿਛਲੇ ਦਿਨੀਂ ਪੰਜਾਬ ਦੇ ਇੱਕ ਅਖ਼ਬਾਰ ਵਿੱਚ ਇੱਕ ਖ਼ਬਰ ਦੀ ਹੈੱਡਲਾਈਨ ਪੜ੍ਹੀ,ਐੱਸ ਡੀ ਐਮ ਕਹਿੰਦਾ-ਚੋਣ ਡਿਊਟੀ ਕਰੋ,ਡੀ ਈ ਓ ਕਹਿੰਦਾ ਬੱਚਿਆਂ ਨੂੰ ਪੜ੍ਹਾਉ ।ਹੁਣ ਅਧਿਆਪਕ ਤਾਂ ਦੁਚਿੱਤੀ ਵਿੱਚ ਫ਼ਸ ਗਿਆ ਵੀ ਕਿੱਧਰ ਜਾਵੇ? ਉਸ ਲਈ ਅੱਗੇ ਖੂਹ ਤੇ ਪਿੱਛੇ ਖਾਈ ਵਾਲੀ ਗੱਲ ਹੋ ਗਈ।ਇੱਕ ਅਧਿਆਪਕ ਦੋਵੇਂ ਡਿਊਟੀਆਂ ਇਕੱਠੀਆਂ ਕਰ ਨਹੀਂ ਸਕਦਾ,ਹੁਣ ਉਹ ਵਿਚਾਰਾ ਕੀ ਕਰੇ? ਸਰਕਾਰ ਜੇਕਰ ਸੱਚਮੁੱਚ ਹੀ ਸਰਕਾਰੀ ਸਕੂਲਾਂ ਦੇ ਬੱਚਿਆਂ ਨੂੰ ਸਮੇਂ ਦੇ ਹਾਣੀ ਬਣਾਉਣਾ ਚਾਹੁੰਦੀ ਹੈ ਤਾਂ ਸਭ ਤੋਂ ਪਹਿਲਾਂ ਉਸ ਨੂੰ ਆਪਣੀ ਸਿੱਖਿਆ ਨੀਤੀ ਦੀ ਘੋਖ ਕਰਨੀ ਹੋਵੇਗੀ। ਅਧਿਆਪਕਾਂ ਨੂੰ ਗੈਰ ਵਿੱਦਿਅਕ ਕੰਮਾਂ ਤੋਂ ਛੋਟ ਦੇ ਕੇ ਕੇਵਲ ਪੜ੍ਹਾਉਣ ਦਾ ਕੰਮ ਦਿੱਤਾ ਜਾਵੇ। ਜ਼ਿਲ੍ਹਾ ਸਿੱਖਿਆ ਅਧਿਕਾਰੀ ਤੋਂ ਸਕੂਲਾਂ ਦੀ ਰਿਪੋਰਟ ਮੰਗੀ ਜਾਵੇ, ਸਕੂਲਾਂ ਵਿੱਚ ਮੁਢਲੀਆਂ ਸਹੂਲਤਾਂ ਪੂਰੀਆਂ ਕੀਤੀਆਂ ਜਾਣ। ਮੁੰਡੇ ਕੁੜੀਆਂ ਦਾ ਅਲੱਗ-ਅਲੱਗ ਬਾਥਰੂਮ ਹੋਣ ਦੇ ਨਾਲ ਪੀਣ ਵਾਲੇ ਦਾ ਸੁਚੱਜਾ ਪ੍ਰਬੰਧ ਕੀਤਾ ਜਾਵੇ।ਉਹਨ ਨੂੰ ਪੜ੍ਹਣ ਲਈ ਵਧੀਆ ਕਮਰੇ ਅਤੇ ਸਮੇਂ ਦੇ ਹਾਣੀ ਲੈਬ ਦਿੱਤੇ ਜਾਣ।

-ਰਜਵਿੰਦਰ ਪਾਲ ਸ਼ਰਮਾ, 70873-67969

# ਲੈਕਚਰਾਰਾਂ ਦੀ ਭਰਤੀ 'ਚ ਰਿਜ਼ਰਵੇਸ਼ਨ ਖਤਮ ਕਰਨ 'ਤੇ ਬਸਪਾ ਵੱਲੋਂ ਰੋਸ ਪ੍ਰਦਰਸ਼ਨ



ਮੋਗਾ (ਇਕਬਾਲ ਸਿੰਘ ਖਹਿਰਾ)

ਪੰਜਾਬ ਅੰਦਰ ਜਦੋਂ ਤੋਂ ਮੌਜੂਦਾ ਆਮ ਆਦਮੀ ਪਾਰਟੀ ਦੀ ਸਰਕਾਰ ਬਣੀ ਹੈ, ਇਸ ਵੱਲੋਂ ਹਰ ਵਿਸ਼ੇ 'ਤੇ ਘੱਟ ਗਿਣਤੀਆਂ, ਅਨੁਸੂਚਿਤ ਜਾਤੀਆਂ ਤੇ ਹੋਰ ਪੱਛੜੀਆਂ ਸ਼੍ਰੇਣੀਆਂ ਨਾਲ ਹਰ ਫਰੰਟ 'ਤੇ ਜ਼ਿਆਦਤੀਆਂ ਕੀਤੀਆਂ ਜਾ ਰਹੀਆਂ ਹਨ।ਇਸ ਦਾ ਖਮਿਆਜ਼ਾ ਇਸ ਵਰਗ ਨੂੰ ਬਹੁਤ ਵੱਡੇ ਪੱਧਰ 'ਤੇ ਨੁਕਸਾਨ ਉਠਾ ਕੇ ਝੱਲਣਾ ਪੈ ਰਿਹਾ ਹੈ।ਇਸ ਵਿੱਚ ਨੀਤੀਗਤ ਫੈਸਲੇ, ਪ੍ਰਸ਼ਾਸਨਕ ਜ਼ਿਆਦਤੀਆਂ, ਸੰਵਿਧਾਨਕ ਹੱਕਾਂ ਨੂੰ ਅੱਖੋਂ ਪਰੋਖੇ ਕਰਨਾ ਤੇ ਸਰਕਾਰੀ ਨੌਕਰੀਆਂ ਵਿੱਚ ਰਾਖਵਾਂਕਰਨ ਦੀ ਨੀਤੀ ਨਾਲ ਹਰ ਪੱਧਰ 'ਤੇ ਖਿਲਵਾੜ ਕਰਕੇ ਪ੍ਰਤੀਨਿਧਤਾ ਨੂੰ ਬੇਅਸਰ ਕਰਨ ਵਰਗੇ ਹੱਥਕੰਡੇ ਅਪਣਾਏ ਜਾ ਰਹੇ ਹਨ।ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸੂਬਾ ਜਰਨਲ ਸਕੱਤਰ ਸੰਤ ਰਾਮ ਮੱਲੀਆਂ ਵੱਲੋਂ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ ਗਿਆ।ਉਨ੍ਹਾਂ ਕਿਹਾ ਕਿ ਇਨ੍ਹਾਂ ਮਸਲਿਆਂ ਨੂੰ ਪਹਿਲਾਂ ਵੀ ਬਹੁਜਨ ਸਮਾਜ ਪਾਰਟੀ ਵੱਲੋਂ ਵੱਖ-ਵੱਖ ਸਮਿਆਂ 'ਤੇ ਤੱਥਾਂ ਸਹਿਤ ਪੰਜਾਬ ਸਰਕਾਰ ਤੇ ਸਿੱਖਿਆ ਡਾਇਰੈਕਟਰ ਦੇ ਧਿਆਨ ਵਿੱਚ ਲਿਆਂਦਾ ਜਾ ਚੁੱਕਾ ਹੈ।ਮੱਲੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਦੇ ਸਿੱਖਿਆ ਡਾਇਰੈਕਟੋਰੇਟ ਵੱਲੋਂ ਵੱਖ-ਵੱਖ ਵਿਸ਼ਿਆਂ ਦੇ ਮਾਹਰ ਲੈਕਚਰਾਰਾਂ ਦੀਆਂ ਲਗਭਗ 1000 ਦੇ ਕਰੀਬ ਅਸਾਮੀਆਂ, ਬੜੇ ਲੰਬੇ ਸਮੇਂ ਦੀ ਉਡੀਕ ਤੋਂ ਬਾਅਦ, ਵਿਭਾਗ ਵੱਲੋਂ ਇਸ਼ਤਿਹਾਰ ਰਾਹੀਂ ਪੰਜਾਬੀ, ਇਤਿਹਾਸ, ਰਾਜਨੀਤੀ ਸ਼ਾਸਤਰ, ਗਣਿਤ, ਅਰਥ ਸ਼ਾਸਤਰ, ਕਾਮਰਸ, ਜੀਵ ਵਿਗਿਆਨ, ਰਸਾਇਣ ਵਿਗਿਆਨ, ਭੌਤਿਕ ਵਿਗਿਆਨ ਤੇ ਭੂਗੋਲ ਦੇ ਲੈਕਚਰਾਰਾਂ ਦੀਆਂ ਅਸਾਮੀਆਂ ਲਈ ਯੋਗ ਉਮੀਦਵਾਰਾਂ ਪਾਸੋਂ ਅਰਜ਼ੀਆਂ ਦੀ ਮੰਗ ਕੀਤੀ ਗਈ ਹੈ।ਇਨ੍ਹਾਂ ਭਰਤੀ ਇਸ਼ਤਿਹਾਰਾਂ ਨੂੰ ਸਰਸਰੀ ਦੇਖਣ ਤੋਂ ਸਾਹਮਣੇ ਆਇਆ ਹੈ ਕਿ ਇਨ੍ਹਾਂ ਅਸਾਮੀਆਂ ਦੇ ਇਸ਼ਤਿਹਾਰਾਂ ਵਿੱਚ ਅਨੁਸੂਚਿਤ ਜਾਤੀਆਂ ਅਤੇ ਪੱਛੜੀਆਂ ਸ਼੍ਰੇਣੀਆਂ ਦੇ ਉਮੀਦਵਾਰਾਂ ਲਈ ਲੋੜੀਂਦੀਆਂ ਅਸਾਮੀਆਂ ਹੀ ਰਾਖਵੀਆਂ ਨਹੀਂ ਰੱਖੀਆਂ ਗਈਆਂ ਹਨ।ਸਰਕਾਰੀ ਤੌਰ 'ਤੇ ਨੌਕਰੀਆਂ ਵਿੱਚ ਅਨੁਸੂਚਿਤ ਜਾਤੀਆਂ ਤੇ ਪੱਛੜੀਆਂ ਸ਼੍ਰੇਣੀਆਂ ਲਈ ਸੰਵਿਧਾਨਕ ਤੌਰ 'ਤੇ ਇਹ ਹੱਕ ਪ੍ਰਦਾਨ ਕੀਤਾ ਹੋਇਆ ਹੈ।ਇਸ ਲਈ ਇਨ੍ਹਾਂ ਸ਼੍ਰੇਣੀਆਂ ਨੂੰ ਬਾਹਰ ਰੱਖਣਾ ਸੰਵਿਧਾਨਕ ਤੌਰ 'ਤੇ ਰਿਜ਼ਰਵੇਸ਼ਨ ਨੀਤੀ ਤੇ ਸੂਬੇ ਦੇ ਕਾਨੂੰਨੀ ਨਿਯਮਾਂ ਦੀ ਘੋਰ ਉਲੰਘਣਾ ਹੈ। ਪੂਰੇ ਦੇਸ਼ ਅੰਦਰ ਪੰਜਾਬ ਸਭ ਤੋਂ ਵੱਧ ਅਨੁਸੂਚਿਤ ਜਾਤੀ ਆਬਾਦੀ ਵਾਲਾ ਸੂਬਾ ਹੈ ਤੇ ਪੰਜਾਬ ਸਰਕਾਰ ਵੱਲੋਂ ਇਸ ਆਬਾਦੀ ਦੇ ਨੌਜਵਾਨਾਂ ਦੇ ਸੰਵਿਧਾਨਕ ਹੱਕਾਂ ਤੋਂ ਮੁਨਕਰ ਹੋਣਾ ਇਨ੍ਹਾਂ ਦੇ ਸੰਵਿਧਾਨਕ ਹੱਕਾਂ 'ਤੇ ਦਿਨ-ਦਿਹਾੜੇ ਡਾਕਾ ਮਾਰਨ ਦੇ ਤੁੱਲ ਹੋਵੇਗਾ।ਇਸ ਲਈ ਬਹੁਜਨ ਸਮਾਜ ਪਾਰਟੀ, ਪੰਜਾਬ ਇਸ ਗੈਰ-ਸੰਵਿਧਾਨਕ ਪ੍ਰਕਿਰਿਆ ਦੇ ਵਿਰੁੱਧ ਸਰਕਾਰ ਨੂੰ ਤੁਰੰਤ ਦਖਲ ਦੇਣ ਦੀ ਮੰਗ ਕਰਦੀ ਹੈ।

ਆਗੂਆਂ ਨੇ ਕਿਹਾ ਕਿ ਸੰਵਿਧਾਨਕ ਕਦਰਾਂ-ਕੀਮਤਾਂ ਦੀ ਰੱਖਿਆ ਕਰਦੇ ਹੋਏ ਪੰਜਾਬ ਸਰਕਾਰ ਇਸ ਗੰਭੀਰ ਮੁੱਦੇ 'ਤੇ ਸੋਚ-ਵਿਚਾਰ ਕਰਕੇ ਇਸ ਵਿਸ਼ੇਸ਼ ਵਰਗ ਦੇ ਪੜ੍ਹੇ-ਲਿਖੇ ਨੌਜਵਾਨਾਂ ਦੇ ਹਿੱਤਾਂ ਦੀ ਰਾਖੀ ਕਰਨ ਹਿੱਤ ਆਪਣੇ ਪ੍ਰਭਾਵ ਦੀ ਵਰਤੋਂ ਕਰਦੇ ਹੋਏ ਇਸ ਮਸਲੇ ਨੂੰ ਸੁਲਝਾਉਣ ਲਈ ਢੁੱਕਵੇਂ ਦਿਸ਼ਾ- ਨਿਰਦੇਸ਼ ਜਾਰੀ ਕਰੇ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਗਤਾਰ ਸਿੰਘ ਚੜਿੱਕ ਜ਼ਿਲ੍ਹਾ ਜਨਰਲ ਸਕੱਤਰ ਗੁਰਪ੍ਰੀਤ ਸਿੰਘ ਸਹੋਤਾ, ਜ਼ਿਲ੍ਹਾ ਮੀਡੀਆ ਇੰਚਾਰਜ ਜਸਵੰਤ ਸਿੰਘ ਘਾਲੀ, ਹਲਕਾ ਇੰਚਾਰਜ ਜਗਤਾਰ ਸਿੰਘ ਲੰਗੀਵਿੰਡ, ਹਲਕਾ ਇੰਚਾਰਜ ਬਲਵਿੰਦਰ ਸਿੰਘ ਅਟਵਾਲ, ਹਲਕਾ ਇੰਚਾਰਜ ਕੇਵਲ ਸਿੰਘ ਸੈਦੋਕੇ, ਹਲਕਾ ਪ੍ਰਧਾਨ ਦੇਵ ਸਿੰਘ ਘਾਲੀ ਹਲਕਾ, ਪ੍ਰਧਾਨ ਪਿਰਥੀ ਸਿੰਘ ਰੋਲੀ, ਹਲਕਾ ਪ੍ਰਧਾਨ ਭਰਪੂਰ ਸਿੰਘ ਖੋਟੇ, ਸਾਬਕਾ ਜ਼ਿਲ੍ਹਾ ਸਕੱਤਰ ਇੰਦਰਜੀਤ ਸਿੰਘ ਸੇਖਾ, ਜ਼ਿਲ੍ਹਾ ਲੇਡੀਜ਼ ਵਿੰਗ ਪ੍ਰਧਾਨ ਕੁਲਵਿੰਦਰ ਕੌਰ ਚੀਮਾ, ਮਿਸ਼ਨਰੀ ਕਲਾਕਾਰ ਮਨਦੀਪ ਮਨੀ, ਜ਼ਿਲ੍ਹਾ ਪ੍ਰਧਾਨ ਯੂਥ ਵਿੰਗ ਸ਼ਿੰਦਾ ਸਿੰਘ, ਯੂਥ ਆਗੂ ਬਲਜੀਤ ਸਿੰਘ ਕੋਟ ਈਸੇ ਖਾਂ, ਹਲਕਾ ਸਕੱਤਰ ਬਲਵਿੰਦਰ ਸਿੰਘ ਬੱਬੂ ਤੇ ਹੋਰ ਸਾਥੀ ਹਾਜ਼ਰ ਸਨ।

# ਕੈਬਨਿਟ ਮੰਤਰੀ ਖੁੱਡੀਆਂ ਵੱਲੋਂ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਸੰਗਰੂਰ ਦਾ ਦੌਰਾ

ਸੰਗਰੂਰ (ਪ੍ਰਵੀਨ ਸਿੰਘ)-ਪੰਜਾਬ ਦੇ ਕੈਬਨਿਟ ਮੰਤਰੀ ਸ੍. ਗੁਰਮੀਤ ਸਿੰਘ ਖੁੱਡੀਆਂ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਸੰਗਰੂਰ ਪੁੱਜੇ, ਜਿੱਥੇ ਜ਼ਿਲ੍ਹਾ ਪ੍ਰੀਸ਼ਦ ਦੇ ਚੇਅਰਮੈਨ ਸ੍. ਰਛਪਾਲ ਸਿੰਘ ਭੁੱਲਰ, ਬਲਾਕ ਸੰਮਤੀਆਂ ਦੇ ਚੇਅਰਮੈਨਾਂ, ਜ਼ਿਲ੍ਹਾ ਪ੍ਰੀਸ਼ਦ ਮੈਂਬਰਾਂ, ਸਰਪੰਚਾਂ ਤੇ ਹੋਰ ਆਗੂਆਂ ਵੱਲੋਂ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਗਿਆ।ਇਸ ਮੌਕੇ ਕੈਬਨਿਟ ਮੰਤਰੀ ਨੇ ਕਿਹਾ ਕਿ ਕੁਝ ਦਿਨ ਪਹਿਲਾਂ ਚੇਅਰਮੈਨ ਰਛਪਾਲ ਸਿੰਘ ਭੁੱਲਰ ਨੇ ਉਨ੍ਹਾਂ ਨੂੰ ਜ਼ਿਲ੍ਹਾ ਪ੍ਰੀਸ਼ਦ ਦਫ਼ਤਰ ਆ ਕੇ ਸਮੂਹ ਮੈਂਬਰਾਂ ਨਾਲ ਮੁਲਾਕਾਤ ਕਰਨ ਦਾ ਸੱਦਾ ਦਿੱਤਾ ਸੀ।ਉਸੇ ਸੱਦੇ ਨੂੰ ਸਵੀਕਾਰ ਕਰਦਿਆਂ ਉਹ ਅੱਜ ਸਾਰੇ ਨੁਮਾਇੰਦਿਆਂ ਨਾਲ ਰੂਬਰੂ ਹੋਏ ਤੇ ਪੰਜਾਬ ਸਰਕਾਰ ਵੱਲੋਂ ਕੀਤੇ ਜਾ ਰਹੇ ਲੋਕ ਭਲਾਈ ਕਾਰਜਾਂ, ਪੇਂਡੂ ਵਿਕਾਸ ਤੇ ਭਵਿੱਖ ਦੀਆਂ ਯੋਜਨਾਵਾਂ ਬਾਰੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ।ਪੱਤਰਕਾਰਾਂ ਵੱਲੋਂ ਪੁੱਛੇ ਸਵਾਲ ਦਾ ਜਵਾਬ ਦਿੰਦਿਆਂ ਕੈਬਨਿਟ ਮੰਤਰੀ ਗੁਰਮੀਤ ਸਿੰਘ ਖੁੱਡੀਆਂ ਨੇ ਕਿਹਾ ਕਿ ਪੰਜਾਬ ਸਰਕਾਰ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਮੁਹੱਈਆ ਕਰਵਾਉਣ ਲਈ ਪੂਰੀ ਤਰ੍ਹਾਂ ਵਚਨਬੱਧ ਹੈ।ਉਨ੍ਹਾਂ ਕਿਹਾ ਕਿ ਪਿਛਲੇ ਚਾਰ ਸਾਲਾਂ ਦੌਰਾਨ ਕਿਸਾਨਾਂ ਨੂੰ ਬਿਜਲੀ ਦੇ ਮਾਮਲੇ ਵਿੱਚ ਕੋਈ ਦਿੱਕਤ ਨਹੀਂ ਆਉਣ ਦਿੱਤੀ ਗਈ ਤੇ ਇਸ ਵਾਰ ਵੀ ਸਰਕਾਰ ਨੇ ਪੂਰੇ ਪ੍ਰਬੰਧ ਕੀਤੇ ਹਨ।ਜਿੱਥੇ ਕਿਤੇ ਤਕਨੀਕੀ ਖਰਾਬੀ ਆਈ ਹੈ, ਉੱਥੇ ਵਿਭਾਗ ਦੀਆਂ ਟੀਮਾਂ ਤੁਰੰਤ ਮੁਰੰਮਤ ਕਰਕੇ ਸਪਲਾਈ ਬਹਾਲ ਕਰਨ ਵਿੱਚ ਜੁਟੀਆਂ ਹੋਈਆਂ ਹਨ।ਉਨ੍ਹਾਂ ਭਰੋਸਾ ਦਿੱਤਾ ਕਿ ਸਰਕਾਰ ਹਰ ਸਮੱਸਿਆ ਦਾ ਹੱਲ ਕਰ ਰਹੀ ਹੈ ਤੇ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਲਈ ਹਰ ਸੰਭਵ ਕਦਮ ਚੁੱਕੇ ਜਾ ਰਹੇ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਖੇਤੀਬਾੜੀ ਪੰਜਾਬ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਹੈ ਤੇ ਮੁੱਖ ਮੰਤਰੀ ਸ੍. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਕਿਸਾਨਾਂ ਦੀ ਹਰ ਲੋੜ ਤੇ ਸਮੱਸਿਆ ਪ੍ਰਤੀ ਗੰਭੀਰ ਹੈ।ਇਸ ਮੌਕੇ ਚੇਅਰਮੈਨ ਰਛਪਾਲ ਸਿੰਘ ਭੁੱਲਰ ਨੇ ਕੈਬਨਿਟ ਮੰਤਰੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੀ ਇਸ ਫੇਰੀ ਨਾਲ ਜ਼ਿਲ੍ਹਾ ਪ੍ਰੀਸ਼ਦ ਦੇ ਚੁਣੇ ਹੋਏ ਨੁਮਾਇੰਦਿਆਂ ਨੂੰ ਸਰਕਾਰ ਦੀਆਂ ਨੀਤੀਆਂ ਤੇ ਵਿਕਾਸ ਯੋਜਨਾਵਾਂ ਬਾਰੇ ਸਿੱਧੀ ਜਾਣਕਾਰੀ ਪ੍ਰਾਪਤ ਹੋਈ ਹੈ।ਇਸ ਮੌਕੇ ਚੇਅਰਮੈਨ ਬਲਾਕ ਸੰਮਤੀ ਧੂਰੀ ਰਣਜੋਧ ਸਿੰਘ, ਮੈਂਬਰ ਜਸਪਾਲ ਸਿੰਘ ਸ਼ੇਰੋਂ, ਅਮਿਸ਼ਾ, ਅੰਮ੍ਰਿਤਪਾਲ ਘਨੌਰੀ, ਹਰਵਿੰਦਰ ਸਿੰਘ ਸੇਖੋਂ, ਰੂਬਲ ਬਾਜਵਾ ਤੇ ਗਗਨ ਜਵੰਧਾ ਸਮੇਤ ਹੋਰ ਆਗੂ ਹਾਜ਼ਰ ਸਨ।

# ਭਾਜਪਾ ਆਗੂ ਨਾਜ਼ੀਆ ਇਲਾਹੀ ਖ਼ਾਨ ਖ਼ਿਲਾਫ਼ ਰੋਸ ਪ੍ਰਦਰਸ਼ਨ

## ਮੁਸਲਿਮ ਭਾਈਚਾਰੇ ਨੇ ਰਾਸ਼ਟਰਪਤੀ ਦੇ ਨਾਂ ਏ.ਡੀ.ਸੀ. ਨੂੰ ਸੌਂਪਿਆ ਮੰਗ ਪੱਤਰ



ਮਾਲੇਰਕੋਟਲਾ (ਅਸਗਰ ਪਰਿਹਾਰ)-ਭਾਜਪਾ ਘੱਟ ਗਿਣਤੀ ਮੋਰਚਾ ਦੀ ਆਗੂ ਨਾਜ਼ੀਆ ਇਲਾਹੀ ਖ਼ਾਨ ਵੱਲੋਂ ਇੱਕ ਪੌਡਕਾਸਟ ਦੌਰਾਨ ਇਸਲਾਮ ਦੇ ਪੈਗੰਬਰ ਹਜ਼ਰਤ ਮੁਹੰਮਦ ਮੁਸਤਫ਼ਾ (ਸੱਲੱਲਾਹੁ ਅਲੈਹਿ ਵਸੱਲਮ) ਤੇ ਉਨ੍ਹਾਂ ਦੀ ਪਵਿੱਤਰ ਪਤਨੀ ਹਜ਼ਰਤ ਆਇਸ਼ਾ ਸਿੱਦੀਕਾ (ਰਜ਼ੀਅੱਲਾਹੁ ਅਨਹਾ) ਦੀ ਸ਼ਾਨ ਵਿੱਚ ਕੀਤੀਆਂ ਗਈਆਂ ਬਹੁਤ ਹੀ ਇਤਰਾਜ਼ਯੋਗ, ਅਪਮਾਨਜਨਕ ਤੇ ਭੜਕਾਊ ਟਿੱਪਣੀਆਂ ਦੇ ਖਿਲਾਫ ਅੱਜ ਮਾਲੇਰਕੋਟਲਾ ਦੇ ਸਮੂਹ ਮੁਸਲਿਮ ਭਾਈਚਾਰੇ ਵੱਲੋਂ ਗਹਿਰੇ ਦੁੱਖ ਤੇ ਰੋਸ ਦਾ ਪ੍ਰਗਟਾਵਾ ਕੀਤਾ ਗਿਆ।ਇਸ ਸੰਵੇਦਨਸ਼ੀਲ ਮਾਮਲੇ ਨੂੰ ਲੈ ਕੇ ਅੱਜ ਜੁਮੇ ਦੀ ਨਮਾਜ਼ ਤੋਂ ਬਾਅਦ ਡਿਪਟੀ ਕਮਿਸ਼ਨਰ ਦਫ਼ਤਰ ਅੱਗੇ ਇੱਕ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਭਾਰਤ ਦੇ ਮਾਣਯੋਗ ਰਾਸ਼ਟਰਪਤੀ ਦੇ ਨਾਂ ਵਧੀਕ ਡਿਪਟੀ ਕਮਿਸ਼ਨਰ ਮਲੇਰਕੋਟਲਾ ਨੂੰ ਮੰਗ ਪੱਤਰ ਸੌਂਪ ਕੇ ਤੁਰੰਤ ਸਖ਼ਤ ਕਾਰਵਾਈ ਦੀ ਮੰਗ ਕੀਤੀ ਗਈ।ਮੁਸਲਿਮ ਭਾਈਚਾਰੇ ਦੇ ਨੁਮਾਇੰਦਿਆਂ ਮੁਫਤੀ ਇਰਤਕਾ ਉਲ ਹਸਨ ਕਾਂਧਲਵੀ (ਮੁਫਤੀ ਏ ਆਜ਼ਮ, ਪੰਜਾਬ), ਮੁਫਤੀ ਮੁਹੰਮਦ ਦਿਲਸ਼ਾਦ ਕਾਸਮੀ, ਮੌਲਾਨਾ ਆਜ਼ਮ ਰਿਜ਼ਵੀ, ਮੌਲਾਨਾ ਅਬਦੁਲ ਸੱਤਾਰ ਤੇ ਮੁਫਤੀ ਅਬਦੁਲ ਮਲਿਕ ਨੇ ਦੱਸਿਆ ਕਿ ਪੱਛਮੀ ਬੰਗਾਲ ਦੀ ਰਹਿਣ ਵਾਲੀ ਉਕਤ ਆਗੂ ਦੀਆਂ ਟਿੱਪਣੀਆਂ ਵਾਲੀ ਵੀਡੀਓ ਸੋਸ਼ਲ ਮੀਡੀਆ 'ਤੇ ਵਿਆਪਕ ਤੌਰ 'ਤੇ ਵਾਇਰਲ ਹੋ ਚੁੱਕੀ ਹੈ, ਜਿਸ ਨਾਲ ਦੇਸ਼ ਤੇ ਵਿਦੇਸ਼ ਵਿੱਚ ਵਸਦੇ ਕਰੋੜਾਂ ਮੁਸਲਮਾਨਾਂ ਦੀਆਂ ਧਾਰਮਿਕ ਭਾਵਨਾਵਾਂ ਨੂੰ ਗੰਭੀਰ ਠੇਸ ਪਹੁੰਚੀ ਹੈ।ਉਨ੍ਹਾਂ ਕਿਹਾ ਕਿ ਇਹ ਮਾਮਲਾ ਕੇਵਲ ਧਾਰਮਿਕ ਭਾਵਨਾਵਾਂ ਤੱਕ ਹੀ ਸੀਮਤ ਨਹੀਂ ਹੈ, ਸਗੋਂ ਇਸ ਨਾਲ ਸਮਾਜਿਕ ਸਦਭਾਵਨਾ, ਭਾਈਚਾਰਕ ਸਾਂਝ ਅਤੇ ਜਨਤਕ ਸ਼ਾਂਤੀ ਨੂੰ ਵੀ ਵੱਡਾ ਖ਼ਤਰਾ ਪੈਦਾ ਹੋਇਆ ਹੈ।ਭਾਰਤ ਦਾ ਸੰਵਿਧਾਨ ਹਰੇਕ ਨਾਗਰਿਕ ਨੂੰ ਧਾਰਮਿਕ ਆਜ਼ਾਦੀ ਦਿੰਦਾ ਹੈ, ਪਰ ਨਾਲ ਹੀ ਇਹ ਫ਼ਰਜ਼ ਵੀ ਤੈਅ ਕਰਦਾ ਹੈ ਕਿ ਕਿਸੇ ਵੀ ਧਰਮ, ਉਸ ਦੀਆਂ ਪੂਜਨੀਕ ਸ਼ਖ਼ਸੀਅਤਾਂ ਜਾਂ ਧਾਰਮਿਕ ਵਿਸ਼ਵਾਸਾਂ ਦਾ ਅਪਮਾਨ ਨਾ ਕੀਤਾ ਜਾਵੇ।ਉਕਤ ਆਗੂਆਂ ਨੇ ਸਖ਼ਤ ਲਹਿਜੇ ਵਿੱਚ ਚੇਤਾਵਨੀ ਦਿੰਦਿਆਂ ਕਿਹਾ ਕਿ ਨਾਜ਼ੀਆ ਇਲਾਹੀ ਨੂੰ ਭਵਿੱਖ ਵਿੱਚ ਅਜਿਹੀ ਬਿਆਨਬਾਜ਼ੀ ਕਰਨ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਤੇ ਆਪਣੀ ਜ਼ੁਬਾਨ ਨੂੰ ਲਗਾਮ ਦੇਣੀ ਚਾਹੀਦੀ ਹੈ, ਕਿਉਂਕਿ ਪੈਗੰਬਰ-ਏ-ਇਸਲਾਮ ਦੀ ਬੇਅਦਬੀ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀ ਜਾਵੇਗੀ। ਉਕਤ ਆਗੂਆਂ ਨੇ ਸੰਬੋਧਨ ਕਰਦਿਆਂ ਦੱਸਿਆ ਕਿ ਨਾਜ਼ੀਆ ਇਲਾਹੀ ਖਾਨ ਵਿਰੁੱਧ ਮਹਾਰਾਸ਼ਟਰ ਰਾਜ ਦੇ ਵੱਖ-ਵੱਖ ਪੁਲਿਸ ਥਾਣਿਆਂ ਵਿੱਚ ਪਹਿਲਾਂ ਹੀ ਕਈ ਮੁਕੱਦਮੇ ਦਰਜ ਕੀਤੇ ਜਾ ਚੁੱਕੇ ਹਨ। ਜਿਨ੍ਹਾਂ ਵਿੱਚ ਠਾਣੇ ਸ਼ਹਿਰ ਦੇ ਸ਼ਾਂਤੀ ਨਗਰ ਪੁਲਿਸ ਸਟੇਸ਼ਨ ਵਿਖੇ ਐਫ.ਆਈ.ਆਰ. ਨੰਬਰ 0648/2026, ਮਿਤੀ 22/06/2026 ਅਧੀਨ ਧਾਰਾ 299 ਤੇ ਆਈ.ਟੀ. ਐਕਟ ਦੀ ਧਾਰਾ 67, ਅਤੇ ਦੂਜਾ ਮਾਮਲਾ ਮੁੰਬਈ ਦੇ ਪਾਯਧੁਨੀ ਥਾਣੇ ਵਿਖੇ ਐਫ.ਆਈ.ਆਰ. ਨੰਬਰ 0 (005) ਮਿਤੀ 22/06/2026 ਅ/ਧ 299 ਬੀ.ਐਨ.ਐਸ. ਸ਼ਾਮਲ ਹਨ। ਉਨ੍ਹਾਂ ਦਰਜ ਹੋਈਆਂ ਐੱਫ.ਆਈ.ਆਰਜ਼ ਦੇ ਮੱਦੇਨਜ਼ਰ ਨਾਜ਼ੀਆ ਇਲਾਹੀ ਖਾਨ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕੀਤਾ ਜਾਵੇ। ਇਸ ਮੌਕੇ ਡਿਪਟੀ ਕਮਿਸ਼ਨਰ ਵੱਲੋਂ ਮੰਗ ਪੱਤਰ ਲੈਣ ਲਈ ਪ੍ਰਦਰਸ਼ਨ ਵਾਲੀ ਜਗ੍ਹਾ 'ਤੇ ਨਾ ਆਉਣ ਕਾਰਨ ਪ੍ਰਦਰਸ਼ਨਕਾਰੀਆਂ ਵਿੱਚ ਭਾਰੀ ਰੋਸ ਦੇਖਣ ਨੂੰ ਮਿਲਿਆ।ਪ੍ਰਦਰਸ਼ਨਕਾਰੀਆਂ ਵੱਲੋਂ ਡਿਪਟੀ ਕਮਿਸ਼ਨਰ ਖਿਲਾਫ਼ ਜ਼ਬਰਦਸਤ ਨਾਅਰੇਬਾਜ਼ੀ ਕੀਤੀ ਗਈ ਤੇ ਅਜਿਹੀ ਮਾੜੀ ਸੋਚ ਵਾਲੇ ਅਫ਼ਸਰ ਦਾ ਇੱਥੋਂ ਤੁਰੰਤ ਤਬਾਦਲਾ ਕਰਨ ਦੀ ਮੰਗ ਵੀ ਚੁੱਕੀ ਗਈ। ਲੋਕਾਂ ਦੇ ਇਸ ਜ਼ਬਰਦਸਤ ਅਤੇ ਭਾਰੀ ਇਕੱਠ ਦੇ ਦਰਮਿਆਨ ਆ ਕੇ ਆਖਰਕਾਰ ਏ.ਡੀ.ਸੀ. ਵੱਲੋਂ ਮੰਗ ਪੱਤਰ ਲਿਆ ਗਿਆ।

## ਕਾਤਰਾਂ

### ਮਾਵਾਂ-ਧੀਆਂ ਸਤਿਕਾਰ ਯੋਜਨਾ ਦੇਸ਼ ਦੀ ਸਭ ਤੋਂ ਵੱਡੀ ਸਤਿਕਾਰ ਯੋਜਨਾ : ਚੱਠਾ



ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)-ਆਮ ਆਦਮੀ ਪਾਰਟੀ ਦੇ ਸੀਨੀਅਰ ਸੂਬਾਈ ਆਗੂ ਸਤਿੰਦਰ ਸਿੰਘ ਚੱਠਾ ਨੇ ਗੱਲਬਾਤ ਕਰਦਿਆਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਦੇਸ਼ ਦੀ ਸਭ ਤੋਂ ਵੱਡੀ ਸਤਿਕਾਰ ਯੋਜਨਾ ਹੈ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਨੇ 2022 ਦੀਆਂ ਵਿਧਾਨ ਸਭਾ ਚੋਣਾਂ ਵੇਲੇ ਪੰਜਾਬ ਦੇ ਲੋਕਾਂ ਨਾਲ, ਜੋ ਵਾਅਦੇ ਕੀਤੇ ਸਨ, ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਉਨ੍ਹਾਂ ਨੂੰ ਇੱਕ-ਇੱਕ ਕਰਕੇ ਪੂਰਾ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਸਿਰਫ਼ ਵਿੱਤੀ ਸਹਾਇਤਾ ਨਹੀਂ, ਸਗੋਂ ਸੂਬੇ ਦੀਆਂ ਮਹਿਲਾਵਾਂ ਦੇ ਸਨਮਾਨ, ਸਵੈ-ਨਿਰਭਰਤਾ ਤੇ ਆਰਥਿਕ ਸਸ਼ਕਤੀਕਰਨ ਵੱਲ ਇੱਕ ਇਤਿਹਾਸਕ ਕਦਮ ਹੈ।ਉਨ੍ਹਾਂ ਕਿਹਾ ਕਿ ਜੇਕਰ ਕਿਸੇ ਪਰਵਾਰ ਵਿੱਚ ਇੱਕ ਤੋਂ ਵੱਧ ਯੋਗ ਮਹਿਲਾਵਾਂ ਹਨ ਤਾਂ ਹਰੇਕ ਯੋਗ ਮਹਿਲਾ ਨੂੰ ਇਸ ਯੋਜਨਾ ਦਾ ਲਾਭ ਮਿਲੇਗਾ।ਇਸ ਤੋਂ ਇਲਾਵਾ ਜਿਨ੍ਹਾਂ ਮਹਿਲਾਵਾਂ ਨੇ ਅਜੇ ਤੱਕ ਰਜਿਸਟ੍ਰੇਸ਼ਨ ਨਹੀਂ ਕਰਵਾਈ, ਉਹ ਵੀ ਸਰਕਾਰ ਵੱਲੋਂ ਨਿਰਧਾਰਤ ਕੇਂਦਰਾਂ 'ਤੇ ਮੁਫ਼ਤ ਰਜਿਸਟ੍ਰੇਸ਼ਨ ਕਰਵਾ ਸਕਦੀਆਂ ਹਨ ਤੇ ਸਫਲ ਤਸਦੀਕ ਉਪਰੰਤ ਉਨ੍ਹਾਂ ਨੂੰ ਵੀ ਪਹਿਲੀ ਜੁਲਾਈ ਤੋਂ ਬਣਦੀ ਸਤਿਕਾਰ ਰਾਸ਼ੀ ਦਿੱਤੀ ਜਾਵੇਗੀ।

### ਘਰ 'ਚੋਂ ਚੋਰੀ ਕਰਨ 'ਤੇ ਅਣਪਛਾਤੇ ਵਿਰੁੱਧ ਕੇਸ ਦਰਜ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ ਛੋਟਾ ਟਿਵਾਣਾ ਵਿਖੇ ਇਕ ਘਰ ਵਿਚੋਂ ਚੋਰੀ ਹੋਣ ਦੇ ਸਬੰਧ ਵਿੱਚ ਅਣਪਛਾਤੇ ਵਿਅਕਤੀਆਂ ਵਿਰੁੱਧ ਮੁਕੱਦਮਾ ਦਰਜ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐੱਚ.ਸੀ. ਸਤਪਾਲ ਸਿੰਘ ਨੇ ਦੱਸਿਆ ਕਿ ਸ਼ਿਕਾਇਤਕਰਤਾ ਪਰਮਜੀਤ ਸਿੰਘ ਪੁਤਰ ਸੂਰਤ ਸਿੰਘ ਵਾਸੀ ਪਿੰਡ ਛੋਟਾ ਟਿਵਾਣਾ ਦੁਆਰਾ ਪੁਲਸ ਕੋਲ ਬਿਆਨ ਦਰਜ ਕਰਵਾਇਆ ਹੈ ਕਿ ਬੀਤੇ ਦਿਨ 26 ਤੇ 27 ਜੂਨ 2026 ਦੀ ਦਰਮਿਆਨੀ ਰਾਤ ਨੂੰ ਅਣਪਛਾਤੇ ਚੋਰ ਉਸ ਦੇ ਘਰ ਦੇ ਮੈਨ ਗੇਟ ਦੀ ਜਾਲੀ ਤੋੜ ਕੇ ਘਰ ਦੇ ਅੰਦਰ ਆਏ ਤੇ ਉਨ੍ਹਾਂ ਨੇ ਇਕ ਏ.ਸੀ. ਕੰਪਲੀਟ, ਇਕ ਇਨਵਰਟਰ, ਬੈਟਰਾਂ, ਇਕ ਗੈਸ ਸਿਲੰਡਰ ਭਰਿਆ ਹੋਇਆ, ਪਿੱਤਲ ਦੇ ਬਰਤਨ, 2 ਪਰਾਤਾਂ, ਇਕ ਕੜਾਹੀ, ਇਕ ਪ੍ਰੈੱਸ, ਇਕ ਹੇਅਰ ਡਰੈਲ, ਇਕ ਮੋਬਾਇਲ ਫੋਨ, ਡੇਢ ਤੋਲਾ ਸੋਨਾ ਤੇ 50 ਹਜ਼ਾਰ ਰੁਪਏ ਨਗਦੀ ਤੇ ਕੁਝ ਹੋਰ ਜ਼ਰੂਰੀ ਸਾਮਾਨ ਉਸ ਦੇ ਘਰ ਵਿੱਚੋਂ ਚੋਰੀ ਕੀਤਾ ਹੈ। ਪੁਲਸ ਵੱਲੋਂ ਸ਼ਿਕਾਇਤਕਰਤਾ ਪਰਮਜੀਤ ਸਿੰਘ ਦੇ ਬਿਆਨਾਂ ਦੇ ਅਧਾਰ 'ਤੇ ਅਣਪਛਾਤੇ ਵਿਅਕਤੀਆਂ ਵਿਰੁੱਧ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਨੰਬਰ 116 ਮਿਤੀ 2 ਜੁਲਾਈ 2026 ਨੂੰ ਦਰਜ ਕੀਤਾ ਗਿਆ ਹੈ।

### ਨਸ਼ੀਲੀਆਂ ਗੋਲੀਆਂ ਸਣੇ ਕਾਬੂ

ਜਲਾਲਾਬਾਦ (ਜੀਤ ਕੁਮਾਰ)-ਥਾਣਾ ਸਿਟੀ ਜਲਾਲਾਬਾਦ ਦੀ ਪੁਲਸ ਵੱਲੋਂ 50 ਨਸ਼ੀਲੀਆਂ ਗੋਲੀਆਂ ਸਣੇ ਇੱਕ ਵਿਅਕਤੀ ਨੂੰ ਗ੍ਰਿਫਤਾਰ ਕੀਤਾ ਗਿਆ ਹੈ। ਜਾਂਚ ਅਧਿਕਾਰੀ ਐੱਚ.ਸੀ. ਬਲਜੀਤ ਸਿੰਘ ਨੇ ਦੱਸਿਆ ਕਿ ਉਹ ਸਮੇਤ ਪੁਲਸ ਪਾਰਟੀ ਗਸ਼ਤ ਕਰਦੇ ਹੋਏ ਦਾਣਾ ਮੰਡੀ ਜਲਾਲਾਬਾਦ ਪੁੱਜੇ ਤੇ ਇਥੇ ਜਗਮੀਤ ਸਿੰਘ ਉਰਫ ਮੀਤਾ ਪੁੱਤਰ ਜਰਨੈਲ ਸਿੰਘ ਵਾਸੀ ਭਗਵਾਨਪੁਰਾ ਬਸਤੀ ਜਲਾਲਾਬਾਦ ਨੂੰ 50 ਨਸ਼ੀਲੀਆਂ ਗੋਲੀਆਂ ਬਰਾਮਦ ਹੋਣ 'ਤੇ ਕਾਬੂ ਕੀਤਾ ਗਿਆ ਹੈ। ਕਤ ਮੁਲਜ਼ਮ ਖਿਲਾਫ ਥਾਣਾ ਸਿਟੀ ਜਲਾਲਾਬਾਦ ਵਿਖੇ ਮੁਕੱਦਮਾ ਦਰਜ ਕੀਤਾ ਗਿਆ ਹੈ।

# ਸੀ ਸੀ ਐੱਲ ਪੀ ਪ੍ਰੋਗਰਾਮ ਦਾ ਆਗਾਜ਼ ਸ਼ਲਾਘਾਯੋਗ ਕਦਮ : ਡਾ. ਗੁਰਿੰਦਰ ਜੀਤ ਸਿੰਘ



ਮੋਗਾ (ਇਕਬਾਲ ਸਿੰਘ ਖਹਿਰਾ)-ਸਿੱਖਾਂ ਦੀ ਸਿਰਮੌਰ ਸੰਸਥਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਦਾ ਭਾਵੇਂ ਮੁੱਖ ਟੀਚਾ ਸਿੱਖ ਧਰਮ, ਨੈਤਿਕ ਕਦਰਾਂ ਕੀਮਤਾਂ ਤੇ ਸਿੱਖ ਵਿਰਾਸਤ ਨੂੰ ਸੰਸਾਰ ਪੱਧਰ 'ਤੇ ਸੰਭਾਲਣਾ, ਪ੍ਰਚਾਰਨਾ ਤੇ ਪ੍ਰਸਾਰਨਾ ਹੈ, ਪਰ ਇਸ ਤੋਂ ਇਲਾਵਾ ਸ਼੍ਰੋਮਣੀ ਕਮੇਟੀ ਅਨੇਕਾਂ ਅਜਿਹੇ ਕਾਰਜ ਕਰਦੀ ਹੈ ਜਿਸ ਨਾਲ ਮਨੁੱਖਤਾ ਤੇ ਸਮਾਜ ਦੀ ਨੀਂਹ ਹੋਰ ਮਜ਼ਬੂਤ ਹੋ ਸਕੇ।ਇਸੇ ਲਈ ਸ਼੍ਰੋਮਣੀ ਕਮੇਟੀ ਨੇ ਸਕੂਲ, ਕਾਲਜ, ਲਾਇਬ੍ਰੇਰੀਆਂ, ਹਸਪਤਾਲ ਆਦਿ ਸੰਸਥਾਵਾਂ ਸਥਾਪਤ ਕੀਤੀਆਂ ਹਨ।ਇਸੇ ਦੂਰ ਦ੍ਰਿਸ਼ਟੀ ਮੁਤਾਬਕ ਐਸ.ਜੀ.ਪੀ.ਸੀ. ਵੱਲੋਂ ਨਿਸਚੈ ਸਿਵਲ ਸਰਵਿਸਿਜ਼ ਕੋਚਿੰਗ ਅਕੈਡਮੀ ਸੈਕਟਰ 27-ਬੀ, ਚੰਡੀਗੜ੍ਹ ਵਿੱਚ ਸਥਾਪਤ ਕੀਤਾ, ਜਿਸ ਦਾ ਮੁੱਖ ਮਕਸਦ ਸਿੱਖ ਕੌਮ ਅੰਦਰ ਯੋਗ ਤੇ ਮਿਹਨਤੀ ਵਿਦਿਆਰਥੀ ਕਿਸੇ ਵੀ ਆਰਥਿਕ ਮਜਬੂਰੀ ਕਾਰਨ ਪ੍ਰਤੀਯੋਗੀ ਮੁਕਾਬਲਿਆਂ ਤੋਂ ਵਾਂਝੇ ਨਾ ਰਹਿ ਜਾਣ ਸਗੋਂ ਐਸ.ਜੀ. ਪੀ.ਸੀ. ਯੋਗ ਅਤੇ ਮਿਹਨਤੀ ਵਿਦਿਆਰਥੀ ਸੰਪੂਰਨ ਮਾਰਗ ਦਰਸ਼ਨ ਕਰਨ ਲਈ ਵਚਨਬੱਧ ਹੈ।ਐੱਸ.ਜੀ.ਪੀ.ਸੀ. ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਤੇ ਸਕੱਤਰ (ਵਿੱਦਿਆ) ਸੁਖਮਿੰਦਰ ਸਿੰਘ ਦੀ ਦੂਰਅੰਦੇਸ਼ੀ ਸਦਕਾ ਇੱਕ ਹੋਰ ਸ਼ਲਾਘਾਯੋਗ ਕਦਮ ਚੁੱਕਿਆ ਗਿਆ ਹੈ।ਐਸ.ਜੀ.ਪੀ.ਸੀ. ਦੇ ਅਧੀਨ ਚੱਲਦੇ ਸਾਰੇ ਕਾਲਜਾਂ ਅੰਦਰ ਵਿਆਪਕ ਪ੍ਰਤੀਯੋਗੀ ਸਿਖਲਾਈ ਪ੍ਰੋਗਰਾਮ ਸੀ.ਸੀ.ਐੱਲ.ਪੀ. ਦੇ ਅਧੀਨ ਵਿਦਿਆਰਥੀਆਂ ਨੂੰ ਸਿੱਖਿਆ ਦਿੱਤੀ ਜਾਵੇਗੀ।ਇਸ ਪ੍ਰੋਗਰਾਮ ਦੇ ਡਾਇਰੈਕਟਰ ਡਾ. ਰਜਿੰਦਰ ਕੌਰ ਹਨ ਤੇ ਇਸ ਪ੍ਰੋਗਰਾਮ ਲਈ ਆਪਣੇ ਖੇਤਰ ਦੀਆਂ ਮਾਹਰ ਸ਼ਖ਼ਸੀਅਤਾਂ ਜਿਵੇਂ ਕਿ ਮੈਂਬਰ ਬੀਬੀ ਹਰਜਿੰਦਰ ਕੌਰ, ਕਾਹਨ ਸਿੰਘ ਪੰਨੂ, ਡਾ. ਹਰਭਜਨ ਸਿੰਘ, ਡਾ. ਕੇਹਰ ਸਿੰਘ, ਕੈਪਟਨ ਕਰਨੈਲ ਸਿੰਘ, ਡਾ. ਪ੍ਰੀਤਪਾਲ ਸਿੰਘ, ਲੈਫ. ਜਨਰਲ ਜੇ. ਸਿੰਘ ਢਿੱਲੋਂ ਦੀਆਂ ਸੇਵਾਵਾਂ ਲਈਆਂ ਜਾ ਰਹੀਆਂ ਹਨ।

ਸੀ.ਸੀ.ਐੱਲ.ਪੀ. ਦੀ ਸ਼ੁਰੂਆਤ ਕਰਨ ਦਾ ਮੁੱਖ ਮਕਸਦ ਸਾਡੀ ਨੌਜਵਾਨ ਪੀੜ੍ਹੀ ਨੂੰ ਇਸ ਕਾਬਲ ਬਣਾਇਆ ਜਾਵੇ ਤੇ ਉਹ ਵਿਸ਼ਵ ਪੱਧਰ ਦੀਆਂ ਚੁਣੌਤੀਆਂ ਤੇ ਮੌਕਿਆਂ ਲਈ ਤਿਆਰ ਹੋਣਗੇ।ਨੌਜਵਾਨ ਪੀੜ੍ਹੀ ਤੇ ਪ੍ਰਤੀਯੋਗੀ ਪ੍ਰੀਖਿਆਵਾਂ ਲਈ ਜਾਗਰੂਕ ਕਰਨਾ ਤੇ ਉਨ੍ਹਾਂ ਲਈ ਗਰਾਊਂਡ ਪੱਧਰ ਭਾਂਵ ਕਾਲਜ ਵਿੱਚ ਹੀ ਭਾਵ ਬੀ.ਏ. ਦੇ ਪਹਿਲੇ ਸਾਲ ਦੇ ਵਿਦਿਆਰਥੀਆਂ ਲਈ ਸੀ.ਸੀ.ਐੱਲ.ਪੀ. ਰਾਹੀਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਦੀ ਮੁਫ਼ਤ ਕੋਚਿੰਗ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ, ਜੋ ਵਿਦਿਆਰਥੀਆਂ ਦੇ ਕਰੀਅਰ ਲਈ ਬੇਹੱਦ ਲਾਹੇਵੰਦ ਸਾਬਿਤ ਹੋਵੇਗਾ।



ਗੁਰੂ ਨਾਨਕ ਕਾਲਜ ਮੋਗਾ ਦੇ ਪ੍ਰਿੰਸੀਪਲ ਡਾ. ਗੁਰਿੰਦਰ ਜੀਤ ਸਿੰਘ ਭੁੱਲਰ ਨੇ ਐੱਸ.ਜੀ.ਪੀ.ਸੀ. ਦੀ ਇਸ ਪਹਿਲ ਕਦਮੀ 'ਤੇ ਮਾਣ ਮਹਿਸੂਸ ਕਰਦੇ ਹੋਏ ਕਿਹਾ ਕਿ ਸਾਡੇ ਕਾਲਜਾਂ ਵਿੱਚ ਪੜ੍ਹ ਰਹੇ ਆਮ ਪਰਿਵਾਰਾਂ ਦੇ ਵਿਦਿਆਰਥੀ ਪ੍ਰਸ਼ਾਸਨ, ਸਿੱਖਿਆ ਤੇ ਰਾਸ਼ਟਰੀ ਸੇਵਾਵਾਂ ਦੇ ਲਈ ਤਿਆਰ ਹੋਣਗੇ ਤੇ ਸਿੱਖ ਕੌਮ ਦਾ ਸਿਰ ਮਾਣ ਨਾਲ ਉੱਚਾ ਕਰਨਗੇ।ਉਨ੍ਹਾਂ ਦਾ ਮੰਨਣਾ ਹੈ ਕਿ ਵਿਆਪਕ ਪ੍ਰਤੀਯੋਗੀ ਸਿਖਲਾਈ ਪ੍ਰੋਗਰਾਮ, ਐੱਸ.ਜੀ.ਪੀ.ਸੀ. ਸੰਸਥਾਵਾਂ ਦੇ ਵਿੱਦਿਅਕ ਇਤਿਹਾਸ ਵਿੱਚ ਮਿਸਾਲ ਬਣੇਗਾ।ਇਸ ਪਹਿਲਕਦਮੀ ਕਰਨ ਜੋ ਵਿਦਿਆਰਥੀ ਸਫ਼ਲਤਾ ਨਾਲ ਮੰਜ਼ਿਲਾਂ ਸਰ ਕਰਨਗੇ, ਉਹ ਸੰਸਾਰ ਪੱਧਰ 'ਤੇ ਮਨੁੱਖਤਾ ਦੀ ਭਲਾਈ ਲਈ ਯੋਗ ਫੈਸਲੇ ਲੈਣਗੇ।

ਸੀ.ਸੀ.ਐੱਲ.ਪੀ. ਪ੍ਰੋਗਰਾਮ ਵਿੱਚ ਬਹੁਤ ਹੀ ਤਰਤੀਬ ਬੱਧ ਤਰੀਕੇ ਨਾਲ ਵਿਦਿਆਰਥੀਆਂ ਨੂੰ ਅਲੱਗ-ਅਲੱਗ ਵਿਸ਼ੇ ਜਿਵੇਂ ਇਤਿਹਾਸ, ਵਾਤਾਵਰਣ, ਸਾਇੰਸ, ਭੂਗੋਲ, ਅਰਥਸ਼ਾਸਤਰ, ਗਣਿਤ ਦੀ ਜਾਣ-ਪਛਾਣ ਕਰਾ ਦਿੱਤੀ ਜਾਂਦੀ ਹੈ ਤਾਂ ਜੋ ਉਨ੍ਹਾਂ ਨੂੰ ਮੁਕਾਬਲੇ ਦੇ ਇਮਤਿਹਾਨ ਲਈ ਉਨ੍ਹਾਂ ਨੂੰ ਤਿਆਰ ਕੀਤਾ ਜਾ ਸਕੇ ਤਾਂ ਜੋ ਜਿਹੜਾ ਪ੍ਰਤੀਯੋਗਤਾ ਦਾ ਪੇਪਰ ਉਨ੍ਹਾਂ ਨੇ ਗੈ੍ਜੂਏਸ਼ਨ ਪੂਰੀ ਹੋਣ ਤੋਂ ਬਾਅਦ ਦੇਣਾ ਹੈ।ਕਾਲਜ ਦੇ ਐਡੀਸ਼ਨਲ ਸਕੱਤਰ, ਸੰਜੀਤ ਸਿੰਘ ਗਿੱਲ ਨੇ ਇਸ ਸ਼ੁੱਭ ਕਾਰਜ ਲਈ ਐੱਸ.ਜੀ.ਪੀ.ਸੀ. ਦੇ ਪ੍ਰਧਾਨ ਤੇ ਡਾਇਰੈਕਟੋਰੇਟ ਆਫ਼ ਐਜੂਕੇਸ਼ਨ ਦੀ ਸਮੁੱਚੀ ਟੀਮ ਨੂੰ ਵਧਾਈ ਦਿੱਤੀ।

# ਆਪ ਕੌਂਸਲਰ ਦੇ ਪਤੀ ਦੀ ਸਰੇ ਬਾਜ਼ਾਰ ਕੁੱਟਮਾਰ

## ਪੁਲਸ ਵੱਲੋਂ ਮੁਲਜ਼ਮਾਂ ਨੂੰ ਜਲਦ ਕਾਬੂ ਕਰਨ ਦਾ ਦਾਅਵਾ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਪਿਛਲੇ ਮਹੀਨੇ ਹੋਈਆਂ ਨਗਰ ਕੌਂਸਲ ਚੋਣਾਂ ਦੀ ਨਾਮਜ਼ਦਗੀ ਪੱਤਰਾਂ ਦੇ ਦਾਖਲੇ ਸਮੇਂ ਸਬ ਡਵੀਜ਼ਨ ਕੰਪਲੈਕਸ ਵਿਖੇ ਦੋ ਧਿਰਾਂ ਦਰਮਿਆਨ ਹੋਏ ਝਗੜੇ ਨੇ ਅੱਜ ਉਸ ਸਮੇਂ ਭਿਆਨਕ ਰੂਪ ਧਾਰਨ ਕਰ ਲਿਆ, ਜਦੋਂ ਸ਼ਹਿਰ ਦੇ ਵਾਰਡ ਨੰਬਰ ਪੰਜ ਤੋਂ ਆਮ ਆਦਮੀ ਪਾਰਟੀ ਦੇ ਜਿੱਤੇ ਕੌਂਸਲਰ ਪਰਮਜੀਤ ਕੌਰ ਦੇ ਪਤੀ ਤੇ ਆਪ ਦੇ ਸੀਨੀਅਰ ਆਗੂ ਅਤੇ ਉੱਤਰੀ ਭਾਰਤ ਵਿੱਚ ਪੁਰਾਣੀਆਂ ਘਰਾਂ ਦੀ ਵੇਚ ਖਰੀਦ ਲਈ ਪ੍ਰਸਿੱਧ ਪਾਤੜਾਂ ਦੇ ਕਾਰ ਬਾਜ਼ਾਰ ਦੇ ਡੀਲਰਾਂ ਦੀ ਜਥੇਬੰਦੀ ਕਾਰ ਡੀਲਰਜ਼ ਐਸੋਸੀਏਸ਼ਨ ਪਾਤੜਾਂ ਦੇ ਪ੍ਰਧਾਨ ਕੁਲਦੀਪ ਸਿੰਘ ਬਿੱਟੂ ਬੰਦੇਸ਼ਾਂ ਉੱਤੇ ਅਣਪਛਾਤੇ ਵਿਅਕਤੀਆਂ ਨੇ ਕਥਿਤ ਤੌਰ 'ਤੇ ਜਾਨਲੇਵਾ ਹਮਲਾ ਕਰਕੇ ਉਨ੍ਹਾਂ ਨੂੰ ਗੰਭੀਰ ਰੂਪ ਵਿੱਚ ਜ਼ਖ਼ਮੀ ਕਰ ਦਿੱਤਾ।ਘਟਨਾ ਦਾ ਪਤਾ ਲੱਗਦਿਆਂ ਪੁਲਸ ਨੇ ਮੌਕੇ ਉੱਤੇ ਪਹੁੰਚ ਕੇ ਮਾਮਲੇ ਦੀ ਪੜਤਾਲ ਸ਼ੁਰੂ ਕਰ ਜਲਦੀ ਕਥਿਤ ਦੋਸ਼ੀਆਂ ਨੂੰ ਕਾਬੂ ਕਰ ਲਏ ਜਾਣ ਦਾ ਦਾਅਵਾ ਕੀਤਾ ਹੈ।ਸ਼ਹਿਰ ਦੇ ਮੁੱਖ ਚੌਕ ਵਿੱਚ ਦਿਨ ਦਿਹਾੜੇ ਵਾਪਰੀ ਇਸ ਘਟਨਾ ਦੀਆਂ ਸੋਸ਼ਲ ਮੀਡੀਆ ਉੱਤੇ ਵਾਇਰਲ ਹੋਈਆਂ ਵੀਡੀਓ ਸਾਰਾ ਦਿਨ ਸ਼ਹਿਰ ਵਿੱਚ ਚਰਚਾ ਦਾ ਵਿਸ਼ਾ ਬਣੀਆਂ ਰਹੀਆਂ।ਜਾਣਕਾਰੀ ਅਨੁਸਾਰ ਆਪ ਆਗੂ ਕੁਲਦੀਪ ਸਿੰਘ ਬਿੱਟੂ ਬੰਦੇਸ਼ਾਂ ਸ਼ਹਿਰ ਦੇ ਪਟਿਆਲਾ ਰੋਡ ਉੱਤੇ ਹੇਅਰ ਡਰੈਸਰ ਦੀ ਦੁਕਾਨ ਉਤੋਂ ਨਿਕਲ ਕੇ ਜਦੋਂ ਆਪਣੇ ਘਰ ਨੂੰ ਜਾ ਰਹੇ ਸਨ ਤਾਂ ਦਿੱਲੀ ਸੰਗਰੂਰ ਕੌਮੀ ਮੁੱਖ ਮਾਰਗ ਉੱਤੇ ਸ਼ਹਿਰ ਦੇ ਸ਼ਹੀਦ ਉਧਮ ਸਿੰਘ ਚੌਂਕ ਸੰਗਰੂਰ ਰੋਡ ਕੈਂਚੀਆਂ ਵਿਖੇ ਪਿੱਛੋਂ ਇੱਕ ਤੇਜ਼ ਰਫਤਾਰ ਗੱਡੀ ਨੇ ਉਨ੍ਹਾਂ ਦੇ ਮੋਟਰਸਾਈਕਲ ਨੂੰ ਟੱਕਰ ਮਾਰੀ।ਇਸ ਦੌਰਾਨ ਉਹ ਮੋਟਰਸਾਈਕਲ ਸਮੇਤ ਡਿੱਗ ਗਏ ਗੱਡੀ ਵਿੱਚ ਸਵਾਰ ਅਣਪਛਾਤੇ ਵਿਅਕਤੀਆਂ ਨੇ ਡਾਂਗਾਂ ਸੋਟਿਆਂ ਨਾਲ ਉਸ ਦੀ ਕੁੱਟਮਾਰ ਕਰਨੀ ਸ਼ੁਰੂ ਕਰ ਦਿੱਤੀ।ਘਟਨਾ ਸਮੇਂ ਉੱਥੇ ਭਾਰੀ ਭੀੜ ਜੁੜ ਗਈ, ਪਰ ਕਿਸੇ ਵੀ ਵਿਅਕਤੀ ਨੇ ਡਰ ਦੇ ਮਾਹੌਲ ਵਿੱਚ ਹਮਲਾਵਰਾਂ ਨੂੰ ਰੋਕਣ ਦੀ ਕੋਸ਼ਿਸ਼ ਨਹੀਂ ਕੀਤੀ।ਹਮਲਾਵਾਰ ਬਿੱਟੂ ਬੰਦੇਸ਼ਾਂ ਦੀ ਕੁੱਟਮਾਰ ਕਰਕੇ ਮੌਕੇ ਉੱਤੋਂ ਫਰਾਰ ਹੋ ਗਏ, ਜਿਸ ਮਗਰੋਂ ਰਾਹਗੀਰਾਂ ਨੇ ਕੌਂਸਲਰ ਦੇ ਪਤੀ ਬਿੱਟੂ ਬੰਦੇਸ਼ਾ ਨੂੰ ਹਸਪਤਾਲ ਭਰਤੀ ਕਰਾਇਆ ਜਿੱਥੋਂ ਡਾਕਟਰਾਂ ਨੇ ਉਸ ਦੀ ਗੰਭੀਰ ਹਾਲਤ ਨੂੰ ਵੇਖਦਿਆਂ ਹੋਇਆ ਉਸ ਨੂੰ ਸਿਵਲ ਹਸਪਤਾਲ ਸਮਾਣਾ ਰੈਫਰ ਕਰ ਦਿੱਤਾ।ਘਟਨਾ ਸਬੰਧੀ ਜਾਣਕਾਰੀ ਦਿੰਦਿਆਂ ਥਾਣਾ ਮੁਖੀ ਪਾਤੜਾਂ ਇੰਸਪੈਕਟਰ ਜਸਵਿੰਦਰ ਸਿੰਘ ਖੋਖਰ ਨੇ ਦੱਸਿਆ ਕਿ ਘਟਨਾ ਨਿੱਜੀ ਰੰਜਿਸ਼ ਦੇ ਚੱਲਦਿਆਂ ਵਾਪਰੀ ਲੱਗਦੀ ਹੈ।ਕੁੱਟਮਾਰ ਦਾ ਸ਼ਿਕਾਰ ਹੋਏ ਕੁਲਦੀਪ ਸਿੰਘ ਬਿੱਟੂ ਬੰਦੇਸ਼ਾ ਦੇ ਬਿਆਨਾਂ ਦੇ ਆਧਾਰ ਉੱਤੇ ਮਾਮਲੇ ਦੀ ਡੂੰਘਾਈ ਨਾਲ ਪੜਤਾਲ ਕੀਤੀ ਜਾ ਰਹੀ।ਪੁਲਸ ਵੱਲੋਂ ਸਿਕੰਦਰ ਸਿੰਘ ਵਾਸੀ ਦੁਤਾਲ ਸਮੇਤ ਸੱਤ ਵਿਅਕਤੀਆਂ ਖਿਲਾਫ ਮਾਮਲਾ ਦਰਜ ਕੀਤਾ ਜਾ ਰਿਹਾ ਹੈ।

# ਏਜੰਸੀ ਵੱਲੋਂ ਹਲਵਾਈਆਂ, ਰੈਸਟੋਰੈਂਟ ਤੇ ਫਾਸਟ ਫੂਡ ਦੁਕਾਨਾਂ 'ਤੇ ਬਲੈਕ 'ਚ ਵੇਚੇ ਜਾ ਰਹੇ ਸਿਲੰਡਰ !

## ਕਾਰਡਧਾਰਕ ਗੈਸ ਸਿਲੰਡਰ ਲੈਣ ਲਈ ਹੋ ਰਹੇ ਨੇ ਖੱਜਲ-ਖੁਆਰ



ਜ਼ੀਰਾ (ਨਰਿੰਦਰ ਅਨੇਜਾ)-ਈਰਾਨ ਤੇ ਅਮਰੀਕਾ ਦੀ ਲੜਾਈ ਨੂੰ ਬੰਦ ਹੋਈ ਨੂੰ ਕਾਫੀ ਦਿਨ ਹੋ ਗਏ ਹਨ ਤੇ ਹੋਰਮੂਜ਼ ਵੀ ਖੁੱਲ੍ਹ ਗਿਆ ਹੈ, ਪਰ ਗੈਸ ਸਿਲੰਡਰ ਦੀ ਹਾਲੇ ਵੀ ਪੂਰੀ ਤਰ੍ਹਾਂ ਸਪਲਾਈ ਨਹੀਂ ਹੋ ਰਹੀ ਤੇ ਕਾਰਡ ਧਾਰਕ ਖੱਜਲ ਖਵਾਰ ਹੋ ਰਹੇ ਹਨ।ਪਹਿਲਾਂ ਕਾਰਡਧਾਰਕ ਆਪਣੇ ਮੋਬਾਇਲ ਤੋਂ ਹੀ ਬੁਕਿੰਗ ਕਰਵਾ ਦਿੰਦੇ ਸੀ ਤੇ ਨਾਲ ਹੀ ਡੀ.ਏ.ਸੀ. ਨੰਬਰ ਆ ਜਾਂਦਾ ਸੀ ਜਾਂ ਕੁਝ ਘੰਟਿਆਂ ਬਾਅਦ ਆ ਜਾਂਦਾ ਸੀ, ਹੁਣ ਗੈਸ ਏਜੰਸੀਆਂ ਨੇ ਕੋਈ ਆਪਣੇ ਕੋਲੋਂ ਸਿਸਟਮ ਲਗਾ ਦਿੱਤਾ ਹੈ।ਉਹਨੂੰ ਮੋਬਾਇਲ ਉੱਪਰ ਡੀਏਸੀ ਨੰਬਰ ਹੀ ਨਹੀਂ ਆ ਰਿਹਾ ਤੇ ਉਨ੍ਹਾਂ ਨੂੰ ਗੈਸ ਏਜੰਸੀ ਜਾਣਾ ਪੈਂਦਾ ਹੈ ਤੇ ਉਹ ਹਫਤੇ ਦਾ ਟਾਈਮ ਦੇ ਦਿੰਦੇ ਹਨ।ਫਿਰ ਕਹਿ ਦਿੰਦੇ ਹਨ ਕਿ ਗੁਦਾਮ ਵਿੱਚੋਂ ਸਿਲੰਡਰ ਲੈ ਆਓ, ਕਈ ਤਾਂ ਲੰਮੀ ਲਾਈਨ ਵੇਖ ਕੇ ਹੀ ਘਬਰਾ ਜਾਂਦੇ ਹਨ, ਕਿਉਂਕਿ ਉਨ੍ਹਾਂ ਨੇ ਦੁਕਾਨ ਉੱਪਰ ਜਾਣਾ ਹੁੰਦਾ ਹੈ, ਕਈ ਤਾਂ ਕਾਪੀਧਾਰਕ ਲਾਈਨ ਲੱਗਣ ਦੀ ਬਜਾਏ ਬਲੈਕ ਵਿੱਚ ਹੀ ਸਿਲੰਡਰ ਲੈ ਲੈਂਦੇ ਹਨ। ਲੋਕਾਂ ਦਾ ਕਹਿਣਾ ਹੈ ਕਿ ਇਹ ਈਰਾਨ ਤੇ ਅਮਰੀਕਾ ਦੀ ਲੜਾਈ ਤੋਂ ਬਾਅਦ ਬਾਕੀ ਸੂਬਿਆਂ ਵਿੱਚ ਗੈਸ ਸਿਲੰਡਰ ਦੀ ਬਹਾਲੀ ਆਮ ਵਰਗੀ ਹੋ ਗਈ ਹੈ। ਲੋਕਾਂ ਦਾ ਇਹ ਵੀ ਕਹਿਣਾ ਹੈ ਕਿ ਸਪਲਾਈ ਨੂੰ ਜਾਣ-ਬੁੱਝ ਕੇ ਢਿੱਲੀ ਰਫਤਾਰ ਦਿੱਤੀ ਜਾ ਰਹੀ ਹੈ ਤਾਂ ਜੋ ਸਿਲੰਡਰ ਦੀ ਬਲੈਕ ਚਲਦੀ ਰਹੇ। ਦੂਜੇ ਪਾਸੇ ਜ਼ੀਰਾ ਸ਼ਹਿਰ ਵਿੱਚ ਹਲਵਾਈਆਂ, ਰੈਸਟੋਰੈਂਟ ਤੇ ਫਾਸਟ ਫੂਡ ਦੀਆਂ ਦੁਕਾਨਾਂ 'ਤੇ ਸ਼ਰੇਆਮ ਦੋ-ਦੋ ਸਿਲੰਡਰ ਪਏ ਹੋਏ ਹਨ ਤੇ ਉਹ ਨਿਧੜਕ ਹੋ ਕੇ ਘਰੇਲੂ ਗੈਸ ਸਿਲੰਡਰ 1500 ਦਾ ਲੈ ਕੇ ਵਰਤ ਰਹੇ ਹਨ। ਇਹ ਸਭ ਕੁਝ ਪ੍ਰਸ਼ਾਸਨ ਦੀਆਂ ਅੱਖਾਂ ਸਾਹਮਣੇ ਹੋ ਰਿਹਾ ਹੈ। ਲੋਕਾਂ ਦੀ ਮੰਗ ਹੈ ਕਿ ਸਰਕਾਰ ਗੈਸ ਦੀ ਬਹਾਲੀ ਆਮ ਵਾਂਗੂ ਕਰੇ, ਜੋ ਗੈਸ ਏਜੰਸੀਆਂ ਸ਼ਰੇਆਮ 1500 ਦਾ ਸਿਲੰਡਰ ਵੇਚ ਰਹੀਆਂ ਹਨ, ਉਨ੍ਹਾਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕਰੇ। ਜਦੋਂ ਇਸ ਬਾਬਤ ਐੱਸ ਡੀ ਐੱਮ ਜ਼ੀਰਾ ਦਾ ਪੱਖ ਜਾਨਣਾ ਚਾਹਿਆ ਤਾਂ ਉਨ੍ਹਾਂ ਨੇ ਫੋਨ ਨਹੀਂ ਚੱਕਿਆ। ਫਿਰ ਉਨ੍ਹਾਂ ਦੇ ਵਟਸਐਪ ਨੰਬਰ 'ਤੇ ਮੈਸੇਜ ਵੀ ਕੀਤਾ ਤੇ ਹਲਵਾਈ ਸ਼ਰੇਆਮ ਘਰੇਲੂ ਗੈਸ ਸਿਲੰਡਰ ਦੀ ਵਰਤੋਂ ਕਰਦੇ ਦੀ ਵੀਡੀਓ ਵੀ ਭੇਜੀ, ਪਰ ਉਨ੍ਹਾਂ ਦਾ ਫਿਰ ਵੀ ਕੋਈ ਜਵਾਬ ਨਹੀਂ ਆਇਆ।

# ਬੱਧਨੀ ਕਲਾਂ-ਲੋਪੋਂ ਕੱਟ 'ਤੇ ਪੁਲ ਦੀ ਉਸਾਰੀ ਸਬੰਧੀ ਏ ਡੀ ਸੀ ਨੂੰ ਸੌਂਪਿਆ ਮੰਗ ਪੱਤਰ



ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)-ਬੱਧਨੀ ਕਲਾਂ-ਲੋਪੋਂ ਕੱਟ 'ਤੇ ਪੁਲ ਦੀ ਉਸਾਰੀ ਤੇ ਇਲਾਕੇ ਨਾਲ ਸਬੰਧਤ ਹੋਰ ਅਹਿਮ ਮੰਗਾਂ ਨੂੰ ਲੈ ਕੇ ਇਲਾਕਾ ਵਾਸੀਆਂ ਤੇ ਕਿਸਾਨ ਆਗੂਆਂ ਦੇ ਵਫ਼ਦ ਵੱਲੋਂ ਏ.ਡੀ.ਸੀ. ਨੂੰ ਮੰਗ ਪੱਤਰ ਸੌਂਪਿਆ ਗਿਆ।ਵਫ਼ਦ ਨੇ ਕਿਹਾ ਕਿ ਕੱਟ 'ਤੇ ਪੁਲ ਨਾ ਹੋਣ ਕਾਰਨ ਹਰ ਰੋਜ਼ ਹਜ਼ਾਰਾਂ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈਂਦਾ ਹੈ, ਜਦਕਿ ਹਾਦਸਿਆਂ ਦਾ ਖ਼ਤਰਾ ਵੀ ਲਗਾਤਾਰ ਬਣਿਆ ਰਹਿੰਦਾ ਹੈ।ਆਗੂਆਂ ਨੇ ਪ੍ਰਸ਼ਾਸਨ ਤੋਂ ਮੰਗ ਕੀਤੀ ਕਿ ਬੱਧਨੀ ਕਲਾਂ-ਲੋਪੋਂ ਕੱਟ 'ਤੇ ਪੁਲ ਦੀ ਉਸਾਰੀ ਦਾ ਕੰਮ ਜਲਦ ਸ਼ੁਰੂ ਕੀਤਾ ਜਾਵੇ ਤੇ ਇਲਾਕੇ ਨਾਲ ਜੁੜੀਆਂ ਹੋਰ ਮੰਗਾਂ ਨੂੰ ਵੀ ਪਹਿਲ ਦੇ ਆਧਾਰ 'ਤੇ ਹੱਲ ਕੀਤਾ ਜਾਵੇ।ਉਨ੍ਹਾਂ ਕਿਹਾ ਕਿ ਜੇਕਰ ਮੰਗਾਂ ਦਾ ਜਲਦੀ ਨਿਪਟਾਰਾ ਨਾ ਕੀਤਾ ਗਿਆ ਤਾਂ ਸੰਘਰਸ਼ ਨੂੰ ਹੋਰ ਤੇਜ਼ ਕੀਤਾ ਜਾਵੇਗਾ, ਜਿਸ ਦੀ ਜ਼ਿੰਮੇਵਾਰੀ ਪ੍ਰਸ਼ਾਸਨ ਤੇ ਸਰਕਾਰ ਦੀ ਹੋਵੇਗੀ।ਇਸ ਮੌਕੇ ਜਥੇਦਾਰ ਸੁਖਦੇਵ ਸਿੰਘ ਲੋਪੋਂ, ਪ੍ਰਧਾਨ ਕੁਲਦੀਪ ਸਿੰਘ, ਸਰਪੰਚ ਹਰਪਾਲ ਕੌਰ, ਸਾਬਕਾ ਮੈਂਬਰ ਮੱਘਰ ਸਿੰਘ, ਮਨਦੀਪ ਕੌਰ ਤੇ ਹੋਰ ਪਿੰਡ ਵਾਸੀ ਹਾਜ਼ਰ ਸਨ।

# ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਨੇ ਵਿਧਾਇਕਾਂ ਨੂੰ ਸੌਂਪੇ ਚਿਤਾਵਨੀ/ਮੰਗ ਪੱਤਰ

## 17 ਨੂੰ ਮੋਹਾਲੀ 'ਚ ਹੋਵੇਗੀ ਸੂਬਾ ਪੱਧਰੀ ਮਹਾਂ ਰੈਲੀ



ਮਾਨਸਾ (ਆਤਮਾ ਸਿੰਘ ਪਮਾਰ)-ਮੁਲਾਜ਼ਮ ਤੇ ਪੈਨਸ਼ਨਰਜ਼ ਸਾਂਝਾ ਫਰੰਟ ਵੱਲੋਂ ਮਾਨਸਾ ਵੱਲੋਂ ਸੂਬਾਈ ਸੱਦੇ ਤਹਿਤ ਪੰਜਾਬ ਸਰਕਾਰ ਵੱਲੋਂ ਮੁਲਾਜ਼ਮ ਤੇ ਪੈਨਸ਼ਨਰਾਂ ਦੀਆਂ ਹੱਕੀ ਜਾਇਜ਼ ਮੰਗਾਂ ਲਈ ਅਪਣਾਈ ਜਾ ਰਹੀ ਟਾਲ-ਮਟੋਲ ਦੀ ਨੀਤੀ ਖ਼ਿਲਾਫ਼ ਹਲਕਾ ਵਿਧਾਇਕ ਮਾਨਸਾ ਡਾ. ਵਿਜੇ ਸਿੰਗਲਾ ਤੇ ਸਰਦੂਲਗੜ੍ਹ ਦੇ ਵਿਧਾਇਕ ਗੁਰਪ੍ਰੀਤ ਸਿੰਘ ਬਣਾਂਵਾਲੀ ਨੂੰ ਉਨ੍ਹਾਂ ਦੀਆਂ ਰਿਹਾਇਸ਼ਾਂ 'ਤੇ ਜਾ ਕੇ ਚਿਤਾਵਨੀ/ਮੰਗ ਪੱਤਰ ਸੌਂਪੇ ਗਏ।ਮੰਗ ਪੱਤਰ ਸੌਂਪਣ ਤੋਂ ਪਹਿਲਾਂ ਇਕੱਤਰ ਹੋਏ ਮੁਲਾਜ਼ਮਾਂ ਤੇ ਪੈਨਸ਼ਨਰਜ਼ ਨੂੰ ਸਾਂਝੇ ਫਰੰਟ ਦੇ ਆਗੂਆਂ ਵੱਲੋਂ ਸੰਬੋਧਨ ਕਰਦਿਆਂ ਪੰਜਾਬ ਸਰਕਾਰ ਵੱਲੋਂ ਦੀਆਂ ਮੰਗਾਂ ਪ੍ਰਤੀ ਧਾਰਨ ਕੀਤੇ ਅੜੀਅਲ ਵਤੀਰੇ ਦੀ ਸਖ਼ਤ ਆਲੋਚਨਾ ਕੀਤੀ।ਇਸ ਸਮੇਂ ਮੁਲਾਜ਼ਮਾਂ ਤੇ ਪੈਨਸ਼ਨਰਾਂ 'ਚ ਸਰਕਾਰ ਪ੍ਰਤੀ ਭਾਰੀ ਰੋਸ ਤੇ ਰੋਹ ਦੇਖਣ ਨੂੰ ਮਿਲਿਆ।ਇਸ ਮੌਕੇ ਮੁਲਾਜ਼ਮਾਂ ਵੱਲੋਂ ਸਰਕਾਰ ਖ਼ਿਲਾਫ਼ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।ਮੰਗ ਪੱਤਰ ਸੌਂਪਣ ਸਮੇਂ ਜ਼ਿਲ੍ਹਾ ਮਾਨਸਾ ਦੇ ਕਨਵੀਨਰਾਂ ਤੋਂ ਇਲਾਵਾ ਵੱਡੀ ਗਿਣਤੀ 'ਚ ਮੁਲਾਜ਼ਮ, ਪੈਨਸ਼ਨਰ ਤੇ ਭਰਾਤਰੀ ਜਥੇਬੰਦੀਆਂ ਦੇ ਆਗੂ ਤੇ ਵਰਕਰਜ਼ ਨੇ ਵੀ ਸਮਰਥਨ 'ਚ ਭਰਵੀਂ ਸ਼ਮੂਲੀਅਤ ਕੀਤੀ।ਮੰਗ ਪੱਤਰ ਦੇਣ ਸਮੇਂ ਆਗੂਆਂ ਨੇ ਗੱਲਬਾਤ ਦੌਰਾਨ ਦੱਸਿਆ ਕਿ 17 ਜੁਲਾਈ ਨੂੰ ਮੁਹਾਲੀ ਵਿਖੇ ਪ੍ਰਸਤਾਵਿਤ ਮਹਾਂ ਰੈਲੀ ਕੀਤੀ ਜਾਵੇਗੀ।ਇਸ ਸਮੁੱਚੇ ਪ੍ਰੋਗਰਾਮ ਦੀ ਅਗਵਾਈ ਪੀ.ਐੱਸ.ਐੱਮ.ਐੱਸ.ਯੂ. ਦੇ ਜ਼ਿਲ੍ਹਾ ਪ੍ਰਧਾਨ ਪ੍ਰਤਾਪ ਸਿੰਘ ਖੁਡਾਲ ਤੇ ਪੈਨਸ਼ਨਰਜ਼ ਐਸੋਸੀਏਸ਼ਨ ਦੇ ਪ੍ਰਧਾਨ ਸਿਕੰਦਰ ਸਿੰਘ ਘਰਾਂਗਣਾ ਵੱਲੋਂ ਕੀਤੀ ਗਈ।ਇਸ ਮੌਕੇ ਵੱਖ-ਵੱਖ ਜਥੇਬੰਦੀਆਂ ਦੇ ਪ੍ਰਮੁੱਖ ਆਗੂਆਂ ਜਸਵੰਤ ਸਿੰਘ ਮੌਜੋ (ਚੇਅਰਮੈਨ, ਪੀ.ਐੱਸ.ਐੱਮ.ਐੱਸ.ਯੂ.), ਹਰਪ੍ਰੀਤ ਸਿੰਘ (ਪ੍ਰਧਾਨ, ਡੀ.ਸੀ. ਦਫ਼ਤਰ), ਰਾਜਕੁਮਾਰ ਰੰਗਾ (ਪ੍ਰਧਾਨ, ਪੰਜਾਬ ਸਬਾਰਡੀਨੇਟ ਫੈਡਰੇਸ਼ਨ), ਜਗਸੀਰ ਸਿੰਘ (ਪ੍ਰਧਾਨ, ਦਰਜਾ ਚਾਰ ਯੂਨੀਅਨ ਡੀ.ਸੀ. ਦਫ਼ਤਰ), ਲਖਨ ਲਾਲ ਮੌੜ, ਆਸ਼ਾ ਵਰਕਰਜ਼ ਯੂਨੀਅਨ ਪ੍ਰਧਾਨ ਸੁਖਵਿੰਦਰ ਕੌਰ ਸੁੱਖੀ, ਦਰਸ਼ਨ ਸਿੰਘ ਅਲੀਸ਼ੇਰ, ਸੁੱਖੀ, ਦਰਸ਼ਨ ਕੁਮਾਰ, ਜੱਗਾ ਸਿੰਘ ਅਲੀਸ਼ੇਰ, ਬਿੱਕਰ ਸਿੰਘ ਮਾਖਾ, ਦਰਸ਼ਨ ਸਿੰਘ ਜੋਗਾ, ਦਰਸ਼ਨ ਸਿੰਘ ਨੰਗਲ, ਦਰਸ਼ਨ ਸਿੰਘ ਅਲੀਸ਼ੇਰ, ਜੱਗਾ ਸਿੰਘ ਅਲੀਸ਼ੇਰ, ਮੁਲਾਜ਼ਮ ਆਗੂ ਆਤਮਾ ਸਿੰਘ ਪਮਾਰ, ਸੀਨੀਅਰ ਆਗੂ ਬਿੱਕਰ ਸਿੰਘ ਮੰਘਾਣੀਆਂ, ਬਾਬੂ ਸਿੰਘ ਫਤਿਹਪੁਰ, ਸੰਦੀਪ ਸਿੰਘ ਵਾਲੀਆ, ਅਭਿਸ਼ੇਕ, ਲਵਲੀ ਗੋਇਲ, ਹਿੰਮਤ ਸਿੰਘ ਦੂਲੋਵਾਲ, ਸੀਤਲ ਉੱਡਤ, ਸੇਠੀ ਸਿੰਘ ਸਰਾਂ, ਗੁਰਜੰਟ ਖਾਲਸਾ, ਜੀਤ ਸਿੰਘ ਭੁੱਲਰ, ਅਜੈਬ ਸਿੰਘ ਅਲੀਸ਼ੇਰ, ਜਗਸੀਰ ਸਿੰਘ ਢਿੱਲੋਂ, ਸਵਿੰਦਰ ਸਿੰਘ ਜੇ ਈ, ਜਗਰਾਜ ਸਿੰਘ ਰੱਲਾ, ਗੋਰਾ ਲਾਲ ਆਦਿ ਮੰਗ ਪੱਤਰ ਦੇਣ ਸਮੇਂ ਹਾਜ਼ਰ ਸਨ।

# ਮੈਡੀਕਲ ਪ੍ਰੈਕਟੀਸ਼ਨਰਾਂ ਨੂੰ ਦਰਪੇਸ਼ ਮੁਸ਼ਕਲਾਂ ਬਾਰੇ ਵਿਚਾਰ-ਵਟਾਂਦਰਾ



ਜ਼ੀਰਾ (ਨਰਿੰਦਰ ਅਨੇਜਾ)

ਮੈਡੀਕਲ ਪ੍ਰੈਕਟੀਸ਼ਨਰਜ਼ ਐਸੋਸੀਏਸ਼ਨ ਪੰਜਾਬ ਰਜਿ. 295 ਦੇ ਸੂਬਾ ਪ੍ਰਧਾਨ ਵੈਦ ਧੰਨਾ ਮੱਲ ਗੋਇਲ ਤੇ ਜ਼ਿਲ੍ਹਾ ਫਿਰੋਜ਼ਪੁਰ ਦੇ ਪ੍ਰਧਾਨ ਡਾਕਟਰ ਹਰਭਜਨ ਕੰਬੋਜ ਦੀ ਯੋਗ ਅਗਵਾਈ ਹੇਠ ਚੱਲ ਰਹੀ ਜਥੇਬੰਦੀ ਦੇ ਬਲਾਕ ਜ਼ੀਰਾ ਦੀ ਮਹੀਨਾਵਾਰ ਮੀਟਿੰਗ ਪ੍ਰਧਾਨ ਆਤਮਾ ਸਿੰਘ ਦੀ ਪ੍ਰਧਾਨਗੀ ਹੇਠ ਸ਼ਗੁਨ ਰੈਸਟੋਰੈਂਟ ਜ਼ੀਰਾ ਵਿੱਚ ਹੋਈ, ਜਿਸ ਜ਼ਿਲ੍ਹਾ ਸਕੱਤਰ ਸੰਤੋਖ ਸਿੰਘ, ਜ਼ਿਲ੍ਹਾ ਸਹਾਇਕ ਸਟੇਜ ਸਕੱਤਰ ਡਾਕਟਰ ਧਰਮਿੰਦਰ ਸਿੰਘ ਤੇ ਬਲਾਕ ਮੱਖੂ ਦੇ ਕਾਰਜਕਾਰੀ ਚੇਅਰਮੈਨ ਡਾਕਟਰ ਲਵਪ੍ਰੀਤ ਸਿੰਘ ਵਿਸ਼ੇਸ਼ ਤੌਰ 'ਤੇ ਪਹੁੰਚੇ।ਮੀਟਿੰਗ ਵਿੱਚ ਪ੍ਰੈਕਟੀਸ਼ਨਰਾਂ ਨੂੰ ਪ੍ਰੈਕਟਿਸ ਕਰਦੇ ਹੋਏ ਆ ਰਹੀਆਂ ਸਮੱਸਿਆਵਾਂ 'ਤੇ ਵਿਚਾਰ ਵਟਾਂਦਰਾ ਕੀਤਾ ਗਿਆ।ਇਕੱਤਰਤਾ ਵਿੱਚ ਵੱਡੀ ਗਿਣਤੀ ਵਿੱਚ ਹਾਜ਼ਰ ਜ਼ੀਰਾ ਤੇ ਆਸ-ਪਾਸ ਦੇ ਪਿੰਡਾਂ ਵਿੱਚ ਕੰਮ ਕਰਦੇ ਪ੍ਰੈਕਟੀਸ਼ਨਰਾਂ ਨੂੰ ਸੰਬੋਧਨ ਕਰਦਿਆਂ ਜ਼ਿਲ੍ਹੇ ਤੇ ਬਲਾਕ ਦੇ ਸੀਨੀਅਰ ਆਗੂਆਂ ਨੇ ਕਿਹਾ ਕਿ ਪ੍ਰਸ਼ਾਸਨਕ ਤੇ ਸਮਾਜਿਕ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਜਥੇਬੰਦੀ ਨੂੰ ਹੋਰ ਮਜ਼ਬੂਤ ਕਰਨ ਲਈ ਉਪਰਾਲੇ ਕੀਤੇ ਜਾਣ ਤਾਂ ਕਿ ਕਿਸੇ ਵੀ ਤਰ੍ਹਾਂ ਦੀਆਂ ਪ੍ਰਸਥਿਤੀਆਂ ਦਾ ਸਾਹਮਣਾ ਇਕੱਠੇ ਹੋ ਮਜ਼ਬੂਤੀ ਨਾਲ ਕੀਤਾ ਜਾ ਸਕੇ।ਪਿਛਲੇ ਸਮੇਂ ਦੌਰਾਨ ਜਥੇਬੰਦੀ ਨੂੰ ਮਜ਼ਬੂਤ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਵੀ ਜ਼ਿਕਰ ਕੀਤਾ ਗਿਆ।ਮੌਜੂਦਾ ਚੱਲ ਰਹੀਆਂ ਗਤੀਵਿਧੀਆਂ ਦੇ ਬਾਰੇ ਵੀ ਜਾਣਕਾਰੀ ਸਾਂਝੀ ਕੀਤੀ ਗਈ।ਇਸ ਮੀਟਿੰਗ ਵਿੱਚ ਜ਼ੀਰਾ ਮੈਡੀਸਿਟੀ ਹਸਪਤਾਲ ਜ਼ੀਰਾ ਦੇ ਓਨਰ ਆਕਾਸ਼, ਸੁਖਵੰਤ ਸਿੰਘ ਤੇ ਉਨ੍ਹਾਂ ਨਾਲ ਡਾਕਟਰ ਸਾਹਿਬਾਨ ਦੀ ਟੀਮ ਵੀ ਵਿਸ਼ੇਸ਼ ਤੌਰ 'ਤੇ ਪਹੁੰਚ ਕੇ ਆਪਣੇ ਹਸਪਤਾਲ ਵਿੱਚ ਚੱਲ ਰਹੀਆਂ ਇਲਾਜ ਪ੍ਰਣਾਲੀਆਂ ਤੇ ਸਹੂਲਤਾਂ ਬਾਰੇ ਜਾਣਕਾਰੀ ਦਿੱਤੀ।ਅਖ਼ੀਰ 'ਤੇ ਪ੍ਰਧਾਨ ਡਾਕਟਰ ਆਤਮਾ ਸਿੰਘ ਵੱਲੋਂ ਸਾਰੇ ਮੈਂਬਰਾਂ, ਮੱਖੂ ਬਲਾਕ ਦੇ ਸੀਨੀਅਰ ਆਗੂਆਂ ਤੇ ਮੈਡੀਸਿਟੀ ਹਸਪਤਾਲ ਦੀ ਟੀਮ ਦਾ ਧੰਨਵਾਦ ਕੀਤਾ ਗਿਆ।ਪ੍ਰਧਾਨ ਆਤਮਾ ਸਿੰਘ ਤੇ ਉਪਰੋਕਤ ਸੀਨੀਅਰ ਆਗੂਆਂ ਤੋਂ ਇਲਾਵਾ ਇਸ ਵਿਸ਼ੇਸ਼ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਪ੍ਰੈਕਟੀਸ਼ਨਰ ਬਲਾਕ ਮੱਖੂ ਦੇ ਜਸਕਰਨ ਸਿੰਘ, ਵਿਕਾਸ ਕੁਮਾਰ, ਲਖਵਿੰਦਰ ਬਲਾਕ ਜ਼ੀਰਾ ਦੇ ਜਰਨੈਲ ਸਿੰਘ, ਸੁਰਜੀਤ ਸਿੰਘ, ਗੁਰਪ੍ਰੀਤ ਸਿੰਘ, ਸੁਖਦੀਪ ਸਿੰਘ, ਬੋਹੜ ਸਿੰਘ, ਜਸਵਿੰਦਰ ਸਿੰਘ ਸੁੱਖੇਵਾਲਾ, ਅਜਮੇਰ ਸਿੰਘ ਢੇਰੂ, ਸਲਵਿੰਦਰ ਸਿੰਘ, ਲਵਲੀ ਸਿੰਘ, ਮਨਪ੍ਰੀਤ ਸਿੰਘ, ਜਗਮੀਤ ਸਿੰਘ, ਗੁਰਜੀਤ ਸਿੰਘ ਪੰਡੋਰੀ, ਪੂਰਨ ਸਿੰਘ, ਜਸਵਿੰਦਰ ਸਿੰਘ ਸੋਢੀਵਾਲਾ, ਕੁਲਵੀਰ ਸਿੰਘ, ਹਰਬੰਸ ਸਿੰਘ, ਸ਼ਮਸ਼ੇਰ ਸਿੰਘ, ਸ਼ਿੰਦਰਪਾਲ ਸਿੰਘ, ਗੁਰਭੇਜ ਸਿੰਘ, ਗੁਰਪਰਸਨ ਸਿੰਘ, ਹਰਪ੍ਰੀਤ ਸਿੰਘ, ਤਰਸੇਮ ਸਿੰਘ, ਗੁਰਮੀਤ ਸਿੰਘ, ਮਨਪ੍ਰੀਤ ਸਿੰਘ ਚੂਚਕ ਵਿੰਡ, ਕੁਲਵੰਤ ਸਿੰਘ, ਵਿਜੇ ਕੁਮਾਰ, ਪਵਨਵੀਰ, ਗੁਰਵਿੰਦਰ ਸਿੰਘ ਲਹੁੱਕੇ ਖੁਰਦ, ਲਖਵਿੰਦਰ ਸਿੰਘ, ਪਰਮਜੀਤ ਸਿੰਘ, ਸੰਦੀਪ ਸਿੰਘ, ਗੁਰਪ੍ਰੀਤ ਸਿੰਘ ਮਸਤੇ ਵਾਲਾ, ਬਲਵਿੰਦਰ ਸਿੰਘ ਦਲੇਰ ਸਿੰਘ, ਸਾਹਿਲ, ਜੋਗਿੰਦਰ ਸਿੰਘ, ਰਾਜਵਿੰਦਰ ਸਿੰਘ, ਗੁਰਜੀਤ ਸਿੰਘ ਮਰਖਾਈ, ਇੰਦਰ ਸਿੰਘ ਗਗਨ ਗਰੋਵਰ, ਗਗਨਦੀਪ, ਸਰਬਜੀਤ ਆਦਿ ਸ਼ਾਮਲ ਹੋਏ।

# ਪੰਚਾਇਤ ਵਿਭਾਗ ਵੱਲੋਂ ਛੀਨੀਵਾਲ ਕਲਾਂ ਦੀ ਸਰਪੰਚ ਮੁਅੱਤਲ



ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)-ਡਾਇਰੈਕਟੋਰੇਟ ਪੇਂਡੂ ਵਿਕਾਸ ਤੇ ਪੰਚਾਇਤ ਵਿਭਾਗ ਪੰਜਾਬ ਵੱਲੋਂ ਇੱਕ ਵੱਡੀ ਪ੍ਰਸ਼ਾਸਨਕ ਕਾਰਵਾਈ ਕਰਦਿਆਂ ਬਲਾਕ ਮਹਿਲ ਕਲਾਂ ਅਧੀਨ ਆਉਂਦੇ ਪਿੰਡ ਛੀਨੀਵਾਲ ਕਲਾਂ ਦੀ ਸਰਪੰਚ ਸੁਖਦੀਪ ਕੌਰ ਪਤਨੀ ਨਿਰਭੈ ਸਿੰਘ ਨੂੰ ਤੁਰੰਤ ਪ੍ਰਭਾਵ ਤੋਂ ਮੁਅੱਤਲ ਕਰ ਦਿੱਤਾ ਗਿਆ ਹੈ।ਇਹ ਕਾਰਵਾਈ ਪੰਜਾਬ ਪੰਚਾਇਤੀ ਰਾਜ ਐਕਟ, 1994 ਦੀ ਧਾਰਾ 20(4) ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਵਿਭਾਗ ਦੇ ਡਾਇਰੈਕਟਰ ਉਮਾ ਸ਼ੰਕਰ ਗੁਪਤਾ (ਆਈ.ਏ.ਐੱਸ.) ਵੱਲੋਂ ਜਾਰੀ ਹੁਕਮਾਂ ਤਹਿਤ ਕੀਤੀ ਗਈ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਜ਼ਿਲ੍ਹਾ ਵਿਕਾਸ ਤੇ ਪੰਚਾਇਤ ਅਫ਼ਸਰ ਬਰਨਾਲਾ ਅਤੇ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਮਹਿਲ ਕਲਾਂ ਵੱਲੋਂ ਭੇਜੀਆਂ ਗਈਆਂ ਜਾਂਚ ਰਿਪੋਰਟਾਂ ਵਿੱਚ ਇਹ ਸਾਹਮਣੇ ਆਇਆ ਸੀ ਕਿ ਸਰਪੰਚ ਸੁਖਦੀਪ ਕੌਰ ਵੱਲੋਂ ਪਿੰਡ ਛੀਨੀਵਾਲ ਕਲਾਂ ਵਿਖੇ ਪਿਸ਼ੌਰਾ ਸਿੰਘ ਦੇ ਘਰ ਤੋਂ ਲੈ ਕੇ ਜਸਪਾਲ ਸਿੰਘ ਦੇ ਘਰ ਤੱਕ ਗਲੀ-ਨਾਲੀ ਬਣਾਉਣ ਦਾ ਕੰਮ ਬਿਨਾਂ ਕਿਸੇ ਤਕਨੀਕੀ ਜਾਂ ਪ੍ਰਸ਼ਾਸਨਕ ਮਨਜ਼ੂਰੀ ਦੇ ਸ਼ੁਰੂ ਕਰਵਾ ਦਿੱਤਾ ਗਿਆ ਸੀ। ਇਸ ਤੋਂ ਇਲਾਵਾ, ਸਰਪੰਚ ਵੱਲੋਂ ਗ੍ਰਾਮ ਪੰਚਾਇਤ ਦੀ ਪ੍ਰਾਪਰਟੀ ਦੀ ਸਾਂਭ-ਸੰਭਾਲ ਤੇ ਆਪਣੇ ਸੰਵਿਧਾਨਕ ਅਹੁਦੇ ਦੀਆਂ ਜ਼ਿੰਮੇਵਾਰੀਆਂ ਨਿਭਾਉਣ ਵਿੱਚ ਘੋਰ ਲਾਪ੍ਰਵਾਹੀ ਵਰਤੀ ਗਈ। ਵਿਭਾਗ ਵੱਲੋਂ ਸਰਪੰਚ ਨੂੰ ਆਪਣਾ ਪੱਖ ਰੱਖਣ ਲਈ 15 ਦਿਨਾਂ ਦੇ ਅੰਦਰ-ਅੰਦਰ ਸਪੱਸ਼ਟੀਕਰਨ ਦੇਣ ਲਈ ਨੋਟਿਸ ਜਾਰੀ ਕੀਤਾ ਗਿਆ ਸੀ, ਪਰ ਸਰਪੰਚ ਵੱਲੋਂ ਇਸ ਨੋਟਿਸ ਦਾ ਕੋਈ ਜਵਾਬ ਨਹੀਂ ਦਿੱਤਾ ਗਿਆ ਅਤੇ ਪੰਚਾਇਤ ਸਕੱਤਰ ਵੱਲੋਂ ਤਾਮੀਲ ਕਰਵਾਏ ਗਏ ਪੱਤਰ ਨੂੰ ਲੈਣ ਉਪਰੰਤ ਦਸਤਖਤ ਕਰਨ ਤੋਂ ਵੀ ਇਨਕਾਰ ਕਰ ਦਿੱਤਾ ਗਿਆ।ਵਿਭਾਗ ਨੇ ਸਰਪੰਚ ਦੇ ਇਸ ਰਵੱਈਏ ਨੂੰ ਸਰਕਾਰੀ ਹੁਕਮਾਂ ਦੀ ਉਲੰਘਣਾ ਤੇ ਅਹੁਦੇ ਦੀ ਦੁਰਵਰਤੋਂ ਮੰਨਦਿਆਂ ਇਹ ਸਖ਼ਤ ਕਾਰਵਾਈ ਕੀਤੀ ਹੈ।ਹੁਕਮਾਂ ਅਨੁਸਾਰ, ਮੁਅੱਤਲੀ ਦੇ ਸਮੇਂ ਦੌਰਾਨ ਸਰਪੰਚ ਸੁਖਦੀਪ ਕੌਰ ਪੰਚਾਇਤ ਦੀ ਕਿਸੇ ਵੀ ਕਾਰਵਾਈ ਵਿੱਚ ਭਾਗ ਨਹੀਂ ਲੈ ਸਕਣਗੇ ਤੇ ਪੰਚਾਇਤ ਦਾ ਰਿਕਾਰਡ, ਫੰਡ ਤੇ ਹੋਰ ਜਾਇਦਾਦ ਦਾ ਚਾਰਜ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਵੱਲੋਂ ਨਾਮਜ਼ਦ ਕੀਤੇ ਜਾਣ ਵਾਲੇ ਪੰਚ ਨੂੰ ਸੌਂਪਿਆ ਜਾਵੇਗਾ।ਇਸ ਦੇ ਨਾਲ ਹੀ ਵਿਭਾਗ ਨੇ ਬੈਂਕਾਂ ਨੂੰ ਵੀ ਹਦਾਇਤ ਕੀਤੀ ਹੈ ਕਿ ਸਰਪੰਚ ਦੇ ਨਾਂ 'ਤੇ ਚੱਲਦੇ ਗ੍ਰਾਮ ਪੰਚਾਇਤ ਦੇ ਖਾਤੇ ਤੁਰੰਤ ਸੀਲ ਕੀਤੇ ਜਾਣ ਅਤੇ ਕਿਸੇ ਵੀ ਕਿਸਮ ਦੀ ਅਦਾਇਗੀ ਰੋਕ ਦਿੱਤੀ ਜਾਵੇ।ਇਸ ਸਬੰਧੀ ਸਰਪੰਚ ਬੀਬੀ ਸੁਖਦੀਪ ਕੌਰ ਦਾ ਪੱਖ ਜਾਣਨ ਲਈ ਵਾਰ-ਵਾਰ ਸੰਪਰਕ ਕਰਨ 'ਤੇ ਵੀ ਉਨ੍ਹਾਂ ਫੋਨ ਨਹੀਂ ਚੁੱਕਿਆ।

# ਮਸਾਜ ਸੈਂਟਰਾਂ ਦੀ ਆੜ 'ਚ ਦੇਹ ਵਪਾਰ ਦੇ ਅੱਡਿਆਂ 'ਤੇ ਛਾਪੇਮਾਰੀ, ਤਿੰਨ ਗ੍ਰਿਫ਼ਤਾਰ



ਪਾਤੜਾਂ (ਨਿਸ਼ਾਨ ਸਿੰਘ ਬਣਵਾਲਾ)

ਇਲਾਕੇ ਵਿੱਚ ਮਸਾਜ ਸੈਂਟਰਾਂ ਤੇ ਕੁਝ ਹੋਰ ਧੰਦਿਆਂ ਦੀ ਆੜ ਵਿੱਚ ਬਹੁਤ ਸਾਰੇ ਲੋਕਾਂ ਵੱਲੋਂ ਦੇਹ ਵਪਾਰ ਦੇ ਅੱਡੇ ਚਲਾਏ ਜਾਣ ਦੇ ਦੋਸ਼ ਲੋਕਾਂ ਵੱਲੋਂ ਲਾਏ ਜਾ ਰਹੇ ਸਨ। ਇਨ੍ਹਾਂ ਧੰਦਿਆਂ ਨੂੰ ਕਰਨ ਵਾਲਿਆਂ ਖ਼ਿਲਾਫ਼ ਹਰਕਤ ਵਿੱਚ ਆਉਂਦਿਆਂ ਪਾਤੜਾਂ ਪੁਲਸ ਵੱਲੋਂ ਕਈ ਅਜਿਹੇ ਦੇਹ ਵਪਾਰ ਦੇ ਅੱਡਿਆਂ 'ਤੇ ਛਾਪੇਮਾਰੀ ਕੀਤੀ ਗਈ।ਇਸ ਕਾਰਵਾਈ ਦੇ ਡਰੋਂ ਬਹੁਤ ਸਾਰੇ ਅਜਿਹਾ ਧੰਦਾ ਕਰਨ ਵਾਲੇ ਆਪਣਾ ਧੰਦਾ ਬੰਦ ਕਰਕੇ ਫ਼ਰਾਰ ਹੋ ਗਏ, ਜਦਕਿ ਇੱਕ ਮਸਾਜ ਸੈਂਟਰ ਤੋਂ ਦੋ ਔਰਤਾਂ ਤੇ ਇੱਕ ਵਿਅਕਤੀ ਨੂੰ ਪੁਲਸ ਨੇ ਗ੍ਰਿਫ਼ਤਾਰ ਕਰ ਲਿਆ।

ਇਸ ਹੋਈ ਕਾਰਵਾਈ ਦੀ ਪ੍ਰਸ਼ੰਸਾ ਕਰਦਿਆਂ ਇਲਾਕੇ ਦੇ ਲੋਕਾਂ ਨੇ ਨੌਜਵਾਨੀ ਨੂੰ ਕੁਰਾਹੇ ਪਾਉਣ ਵਾਲੇ ਅਜਿਹੇ ਲੋਕਾਂ ਦੇ ਖ਼ਿਲਾਫ਼ ਕਾਰਵਾਈ ਜਾਰੀ ਰੱਖੇ ਜਾਣ ਦੀ ਮੰਗ ਕੀਤੀ ਹੈ।ਜਾਣਕਾਰੀ ਦਿੰਦਿਆਂ ਜਸਵਿੰਦਰ ਸਿੰਘ, ਥਾਣਾ ਮੁਖੀ ਪਾਤੜਾਂ ਨੇ ਦੱਸਿਆ ਕਿ ਜ਼ਿਲ੍ਹਾ ਪੁਲਸ ਮੁਖੀ ਵਰੁਣ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਤੇ ਡੀਐੱਸਪੀ ਪਾਤੜਾਂ ਗੁਰਦੀਪ ਸਿੰਘ ਸੰਧੂ ਦੀ ਅਗਵਾਈ ਹੇਠ ਸਮਾਜ ਵਿਰੋਧੀ ਅਨਸਰਾਂ ਦੇ ਖ਼ਿਲਾਫ਼ ਕਾਰਵਾਈ ਜਾਰੀ ਹੈ।ਉਨ੍ਹਾਂ ਦੱਸਿਆ ਕਿ ਸਾਨੂੰ ਇਤਲਾਹ ਮਿਲੀ ਸੀ ਕਿ ਕੁਝ ਲੋਕ ਮਸਾਜ ਸੈਂਟਰਾਂ ਦੀ ਆੜ ਵਿੱਚ ਦੇਹ ਵਪਾਰ ਦਾ ਧੰਦਾ ਚਲਾ ਰਹੇ ਹਨ।

ਇਸ ਸੂਚਨਾ ਦੇ ਆਧਾਰ 'ਤੇ ਛਾਪੇਮਾਰੀ ਕਰਕੇ ਮਸਾਜ ਸੈਂਟਰ ਦੀ ਸੰਚਾਲਕ ਲਵਪ੍ਰੀਤ ਕੌਰ ਉਰਫ਼ ਲਵੂ, ਨਵਦੀਪ ਕੌਰ ਤੇ ਕਾਕਾ ਸਿੰਘ ਨੂੰ ਗ੍ਰਿਫ਼ਤਾਰ ਕੀਤਾ ਗਿਆ।ਉਨ੍ਹਾਂ ਤੋਂ ਹੋਰ ਪੁੱਛਗਿੱਛ ਲਈ ਅਦਾਲਤ ਵਿੱਚ ਪੇਸ਼ ਕਰਕੇ ਰਿਮਾਂਡ ਹਾਸਲ ਕੀਤਾ ਜਾ ਰਿਹਾ ਹੈ।ਪਾਤੜਾਂ ਇਲਾਕੇ ਦੇ ਲੋਕਾਂ ਨੇ ਪੁਲਸ ਵੱਲੋਂ ਕੀਤੀ ਗਈ ਇਸ ਕਾਰਵਾਈ ਦੀ ਪ੍ਰਸ਼ੰਸਾ ਕੀਤੀ ਹੈ।ਇੱਕ 70 ਸਾਲਾ ਬਜ਼ੁਰਗ ਨੇ ਦਾਅਵਾ ਕੀਤਾ ਕਿ ਪਾਤੜਾਂ ਵਿਖੇ ਸਥਿਤ ਇੱਕ ਪ੍ਰਸਿੱਧ ਧਾਰਮਿਕ ਸਥਾਨ ਦੇ ਨੇੜੇ ਵੀ ਅਜਿਹਾ ਅੱਡਾ ਖੋਲ੍ਹਿਆ ਜਾ ਚੁੱਕਾ ਹੈ ਤੇ ਇਨ੍ਹਾਂ ਲੋਕਾਂ ਨੂੰ ਕੁਝ ਰਾਜਨੀਤਕ ਲੋਕਾਂ ਦੀ ਸ਼ਹਿ ਵੀ ਹਾਸਲ ਹੈ।ਲੋਕਾਂ ਨੇ ਮੰਗ ਕੀਤੀ ਹੈ ਕਿ ਹੋਰ ਧੰਦਿਆਂ ਦੀ ਆੜ ਵਿੱਚ ਪਾਤੜਾਂ ਇਲਾਕੇ ਵਿੱਚ ਚੱਲ ਰਹੇ ਵੱਡੇ ਪੱਧਰ 'ਤੇ ਦੇਹ ਵਪਾਰ ਦਾ ਧੰਦਾ ਕਰਨ ਵਾਲਿਆਂ ਖ਼ਿਲਾਫ਼ ਇਸੇ ਤਰ੍ਹਾਂ ਕਾਰਵਾਈ ਜਾਰੀ ਰਹੇ ਤੇ ਅਜਿਹੇ ਧੰਦੇ ਮੁਕੰਮਲ ਤੌਰ 'ਤੇ ਬੰਦ ਕਰਵਾਏ ਜਾਣ।ਡੀਐੱਸਪੀ ਗੁਰਦੀਪ ਸਿੰਘ ਸੰਧੂ ਨੇ ਲੋਕਾਂ ਨੂੰ ਅਪੀਲ ਕਰਦਿਆਂ ਕਿਹਾ ਕਿ ਦੇਹ ਵਪਾਰ ਜਾਂ ਨਸ਼ਾ ਤਸਕਰੀ ਕਰਨ ਵਾਲਿਆਂ ਦੀ ਸੂਚਨਾ ਪੁਲਸ ਨੂੰ ਦਿੱਤੀ ਜਾਵੇ।ਸੂਚਨਾ ਦੇਣ ਵਾਲੇ ਦਾ ਨਾਮ ਗੁਪਤ ਰੱਖਿਆ ਜਾਵੇਗਾ ਤੇ ਸਮਾਜ ਵਿਰੋਧੀ ਅਨਸਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇਗੀ।

## ਕਈ ਪਰਵਾਰ ਭਾਜਪਾ 'ਚ ਹੋਏ ਸ਼ਾਮਲ



**ਬਾਘਾ ਪੁਰਾਣਾ (ਮਨੀ ਸਿੰਗਲਾ)**-ਭਾਰਤੀ ਜਨਤਾ ਪਾਰਟੀ ਦੇ ਸੰਗਠਨ ਨੂੰ ਉਸ ਸਮੇਂ ਹੋਰ ਮਜ਼ਬੂਤੀ ਮਿਲੀ, ਜਦੋਂ ਜ਼ਿਲ੍ਹਾ ਪ੍ਰਧਾਨ ਸ੍ਰੀ ਹਰਜੋਤ ਕਮਲ ਤੇ ਸਾਬਕਾ ਜ਼ਿਲ੍ਹਾ ਪ੍ਰਧਾਨ ਸ੍ਰੀ ਵਿਜੇ ਸ਼ਰਮਾ ਦੀ ਅਗਵਾਈ ਹੇਠ ਐਡਵੋਕੇਟ ਅਮਿਤ ਅਗਰਵਾਲ ਦੇ ਯਤਨਾਂ ਸਦਕਾ ਇਲਾਕੇ ਦੇ ਕਈ ਪਰਿਵਾਰਾਂ ਨੇ ਭਾਰਤੀ ਜਨਤਾ ਪਾਰਟੀ ਦਾ ਝੰਡਾ ਫੜ ਲਿਆ।ਸਮਾਗਮ ਦੌਰਾਨ ਨਵੇਂ ਮੈਂਬਰਾਂ ਦਾ ਪਾਰਟੀ ਦਾ ਸਿਰੋਪਾ ਪਾ ਕੇ ਨਿੱਘਾ ਸਵਾਗਤ ਕੀਤਾ ਗਿਆ। ਸਮਾਗਮ ਦੌਰਾਨ ਪਾਰਟੀ ਵਰਕਰਾਂ ਤੇ ਸਮਰਥਕਾਂ ਵਿਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸਮਾਗਮ ਨੂੰ ਸੰਬੋਧਨ ਕਰਦਿਆਂ ਐਡਵੋਕੇਟ ਅਮਿਤ ਅਗਰਵਾਲ ਨੇ ਕਿਹਾ ਕਿ ਭਾਰਤੀ ਜਨਤਾ ਪਾਰਟੀ ਅੱਜ ਦੇਸ਼ ਦੀ ਸਭ ਤੋਂ ਵੱਡੀ ਤੇ ਸਭ ਤੋਂ ਮਜ਼ਬੂਤ ਰਾਜਨੀਤਕ ਪਾਰਟੀ ਹੈ, ਜਿਸ ਦੀਆਂ ਲੋਕ-ਪੱਖੀ ਨੀਤੀਆਂ ਅਤੇ ਵਿਕਾਸਮੁਖੀ ਸੋਚ ਕਾਰਨ ਹਰ ਵਰਗ ਦੇ ਲੋਕ ਇਸ ਨਾਲ ਜੁੜ ਰਹੇ ਹਨ।ਉਨ੍ਹਾਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ-ਭਲਾਈ ਯੋਜਨਾਵਾਂ ਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਤ ਹੋ ਕੇ ਲੋਕ ਭਾਜਪਾ 'ਤੇ ਆਪਣਾ ਵਿਸ਼ਵਾਸ ਪ੍ਰਗਟ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਵੀ ਅਜਿਹੇ ਮੈਂਬਰਸ਼ਿਪ ਅਭਿਆਨ ਜਾਰੀ ਰਹਿਣਗੇ ਤਾਂ ਜੋ ਵੱਧ ਤੋਂ ਵੱਧ ਲੋਕਾਂ ਨੂੰ ਪਾਰਟੀ ਨਾਲ ਜੋੜਿਆ ਜਾ ਸਕੇ।ਸਮਾਗਮ ਦੇ ਅੰਤ ਵਿੱਚ ਨਵੇਂ ਮੈਂਬਰਾਂ ਦਾ ਦੁਬਾਰਾ ਸਨਮਾਨ ਕੀਤਾ ਗਿਆ ਤੇ ਪਾਰਟੀ ਦੀ ਮਜ਼ਬੂਤੀ ਲਈ ਮਿਲ ਕੇ ਕੰਮ ਕਰਨ ਦਾ ਸੰਕਲਪ ਲਿਆ ਗਿਆ।

## ਸੇਵਾ ਮੁਕਤੀ ਤੇ ਨਿੱਘੀ ਵਿਦਾਇਗੀ ਪਾਰਟੀ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਸਿਹਤ ਵਿਭਾਗ ਫਿਰੋਜ਼ਪੁਰ ਵਿੱਚ ਕੰਮ ਕਰਦੇ ਸ ਸਵਰਨ ਸਿੰਘ ਧਵਨ ਡਰਾਈਵਰ 32 ਸਾਲ ਦੀ ਸੇਵਾ ਪੂਰੀ ਕਰਨ ਉਪਰੰਤ ਸੇਵਾ ਮੁਕਤ ਹੋ ਗਏ। ਸਿਹਤ ਵਿਭਾਗ ਫਿਰੋਜ਼ਪੁਰ ਦੀਆਂ ਵੱਖ- ਵੱਖ ਬਰਾਂਚਾਂ ਦੇ ਮੁਲਾਜ਼ਮ ਤੇ ਅਧਿਕਾਰੀਆਂ ਵੱਲੋਂ ਉਹਨਾਂ ਨੂੰ ਸਨਮਾਨਿਤ ਕੀਤਾ ਗਿਆ। ਇਸ ਸਬੰਧ ਵਿੱਚ ਸਟੇਟ ਕਰਮਚਾਰੀ ਦਲ ਜਿਲਾ ਫਿਰੋਜ਼ਪੁਰ ਵੱਲੋਂ ਜਿਲਾ ਪ੍ਰਬੰਧਕੀ ਕੰਪਲੈਕਸ ਫਿਰੋਸਪੁਰ ਵਿਖੇ ਯੂਨੀਅਨ ਦਫਤਰ ਵਿੱਚ ਉਹਨਾਂ ਦੇ ਸਨਮਾਨ ਵਿੱਚ ਇਕ ਸਾਦਾ ਤੇ ਪ੍ਰਭਾਵਸ਼ਾਲੀ ਸਮਾਗਮ ਕਰਾਇਆ ਗਿਆ। ਇਸ ਸਮਾਗਮ ਵਿੱਚ ਵੱਖ-ਵੱਖ ਵਿਭਾਗਾਂ ਦੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀਆਂ ਜੱਥੇਬੰਦੀਆ ਦੇ ਆਗੂ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ। ਇਸ ਸਮੇਂ ਸਟੇਟ ਆਗੂ ਬਲਵੀਰ ਸਿੰਘ ਕੰਬੋਜ,ਜਿਲਾ ਪ੍ਰਧਾਨ ਤਰਸੇਮ ਬੇਦੀ, ਪੈਨਸ਼ਨਰ ਆਗੂ ਕਿਸ਼ਨ ਚੰਦ ਜਾਗੋਵਾਲੀਆਂ ਵੱਲੋਂ ਉਹਨਾਂ ਵੱਲੋਂ ਇਮਾਨਦਾਰੀ ਨਾਲ ਕੀਤੀ ਸੇਵਾ ਦੀ ਭਰਪੂਰ ਸ਼ਲਾਘਾ ਕੀਤੀ। ਇਸ ਮੌਕੇ ਵੱਖ -ਵੱਖ ਜੱਥੇਬੰਦੀਆਂ ਦੇ ਆਗੂਆਂ ਵੱਲੋਂ ਸ ਸਵਰਨ ਸਿੰਘ ਧਵਨ ਨੂੰ ਮੋਮੈਂਟੋ ਤੇ ਤੋਹਫੇ ਦੇ ਕੇ ਸਨਮਾਨਿਤ ਕੀਤਾ। ਇਸ ਸਮੇਂ ਜੋਗਿੰਦਰ ਸਿੰਘ, ਰਣਬੀਰ ਸਿੰਘ ਕੁੱਕੂ ,ਬਲਵੀਰ ਸਿੰਘ ਗੋਖੀਵਾਲਾ, ਖਜਾਨ ਸਿੰਘ, ਚੰਨਣ ਸਿੰਘ, ਰੁਲੀਆ ਸਿੰਘ, ਗੁਲਜ਼ਾਰ ਸਿੰਘ, ਗੁਰਮੇਜ ਸਿੰਘ ,ਸੂਚਾ ਰਾਮ ,ਅਜੀਤ ਸਿੰਘ, ਸੁਖਦੇਵ ਸਿੰਘ, ਜਸਪਾਲ ਸਿੰਘ ਆਦਿ ਹਾਜਰ ਸਨ।

## ਚੰਨੀ ਤੇ ਡਾ ਅਮਰ ਸਿੰਘ ਨੂੰ ਵੱਡੀ ਜ਼ਿੰਮੇਵਾਰੀ ਮਿਲਣ 'ਤੇ ਵੰਡੇ ਲੱਡੂ



**ਸਮਰਾਲਾ (ਸੁਰਜੀਤ ਸਿੰਘ)**-ਆਲ ਇੰਡੀਆ ਕਾਂਗਰਸ ਹਾਈ ਕਮਾਂਡ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਨੂੰ ਮਜਬੂਤ ਕਰਨ ਲਈ ਨਵੀਆਂ ਨਿਯੁਕਤੀਆਂ ਤਹਿਤ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੂੰ ਚੋਣ ਪ੍ਰਚਾਰ ਕਮੇਟੀ ਦਾ ਚੇਅਰਮੈਨ ਲੱਗਣ ਅਤੇ ਲੋਕ ਸਭਾ ਹਲਕਾ ਸ੍ਰੀ ਫਤਿਹਗੜ੍ਹ ਸਾਹਿਬ ਤੋਂ ਮੈਂਬਰ ਪਾਰਲੀਮੈਂਟ ਡਾਕਟਰ ਅਮਰ ਸਿੰਘ ਨੂੰ ਚੋਣ ਮੈਨੀਫੈਸਟੋ ਕਮੇਟੀ ਦਾ ਚੇਅਰਮੈਨ ਬਣਨ ਦੀ ਖੁਸ਼ੀ ਵਿੱਚ ਪਿੰਡ ਭੌਰਲਾ ਵਿਖੇ ਕਾਂਗਰਸ ਪਾਰਟੀ ਦੇ ਵਰਕਰਾਂ ਵੱਲੋਂ ਬਲਵਿੰਦਰ ਸਿੰਘ ਬੰਬ ਚੇਅਰਮੈਨ ਐਸ ਸੀ ਵਿੰਗ ਜ਼ਿਲ੍ਹਾ ਕਾਂਗਰਸ ਕਮੇਟੀ ਖੰਨਾ ਅਤੇ ਗੁਰਜੀਤ ਸਿੰਘ ਭੌਰਲਾ ਚੇਅਰਮੈਨ ਬਲਾਕ ਕਾਂਗਰਸ ਐਸ ਸੀ ਵਿੰਗ ਸਮਰਾਲਾ ਦੀ ਅਗਵਾਈ ਹੇਠ ਲੱਡੂ ਵੰਡੇ ਗਏ ਅਤੇ ਮੁਬਾਰਕਬਾਦ ਦਿੱਤੀ। ਇਸ ਮੌਕੇ ਜਿਲਾ ਚੇਅਰਮੈਨ ਬਲਵਿੰਦਰ ਸਿੰਘ ਬੰਬ ਤੇ ਬਲਾਕ ਚੇਅਰਮੈਨ ਗੁਰਜੀਤ ਸਿੰਘ ਭੌਰਲਾ ਨੇ ਕਿਹਾ ਕਿ ਪੰਜਾਬ ਦੇ ਲੋਕ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੀ ਅਗਵਾਈ ਹੇਠ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ 2027 ਦੀ ਬੇਸਬਰੀ ਨਾਲ ਉਡੀਕ ਕਰ ਰਹੇ ਹਨ।ਇਸ ਮੌਕੇ ਹੋਰਨਾਂ ਤੋਂ ਇਲਾਵਾ ਯਾਦਵਿੰਦਰ ਸਿੰਘ ਕਾਲਾ, ਜਗਜੀਤ ਸਿੰਘ ਜੱਗਾ, ਬਾਬਾ ਪਰਮਜੀਤ ਸਿੰਘ, ਅਨੋਖ ਸਿੰਘ ਖ਼ਾਲਸਾ, ਸੱਤਪਾਲ ਸਿੰਘ ਖ਼ਾਲਸਾ, ਮੰਗਾ ਸਿੰਘ ਪ੍ਰਧਾਨ, ਮੱਖਣ ਸਿੰਘ, ਦਰਸ਼ਨ ਸਿੰਘ, ਚਰਨਜੀਤ ਸਿੰਘ, ਵਿੰਦਰ ਸਿੰਘ, ਪਿਸ਼ੌਰ ਸਿੰਘ, ਕੁਲਵੰਤ ਸਿੰਘ, ਹਰਮਨ ਸਿੰਘ, ਪਵਨ, ਸੁਹੇਲ, ਹਰਪਾਲ ਸਿੰਘ ਪਾਲੀ, ਠਾਕਰ ਸਿੰਘ ਅਜੇ ਕੁਮਾਰ ਆਦਿ ਹਾਜ਼ਰ ਸਨ।

## ਸਰਵਹਿੱਤਕਾਰੀ ਵਿਦਿਆ ਮੰਦਰ ਦੇ ਐੱਨ ਸੀ ਸੀ ਕੈਡਿਟਾਂ ਨੇ ਗੱਡੇ ਸ.ਫਲਤਾ ਦੇ ਝੰਡੇ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਸਰਵਹਿੱਤਕਾਰੀ ਵਿਦਿਆ ਮੰਦਰ, ਮਾਲੇਰਕੋਟਲਾ ਦੇ ਐਨ.ਸੀ.ਸੀ. ਕੈਡਿਟਾਂ ਨੇ ਐਨ.ਸੀ.ਸੀ. ਅਕੈਡਮੀ, ਰੋਪੜ ਵਿਖੇ ਲਗਾਏ ਗਏ 10 ਰੋਜ਼ਾ ਕੈਟਸ-94 ਸਾਲਾਨਾ ਸਿਖਲਾਈ ਕੈਂਪ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਕੇ ਇਲਾਕੇ ਅਤੇ ਸਕੂਲ ਦਾ ਨਾਂ ਰੌਸ਼ਨ ਕੀਤਾ ਹੈ।ਇਸ ਵਿਸ਼ੇਸ਼ ਸਿਖਲਾਈ ਕੈਂਪ ਦੌਰਾਨ ਕੈਡਿਟਾਂ ਨੂੰ ਮੈਪ ਰੀਡਿੰਗ, ਫੀਲਡ ਕਰਾਫਟ, ਬੈਟਲ ਕਰਾਫਟ, ਹਥਿਆਰਾਂ ਦੀ ਸਿਖਲਾਈ (ਵੈਪਨ ਟ੍ਰੇਨਿੰਗ) ਅਤੇ ਫਾਇਰਿੰਗ ਦੇ ਗੁਰ ਸਿਖਾਏ ਗਏ।ਇਸ ਤੋਂ ਇਲਾਵਾ ਸ਼ਖ਼ਸੀਅਤ ਦੇ ਵਿਕਾਸ, ਰਾਸ਼ਟਰੀ ਏਕਤਾ ਅਤੇ ਆਫ਼ਤ ਪ੍ਰਬੰਧਨ ਵਰਗੇ ਮਹੱਤਵਪੂਰਨ ਵਿਸ਼ਿਆਂ 'ਤੇ ਵਿਹਾਰਕ ਅਤੇ ਸਿਧਾਂਤਕ ਟ੍ਰੇਨਿੰਗ ਵੀ ਦਿੱਤੀ ਗਈ।ਕੈਂਪ ਦੌਰਾਨ ਕਰਵਾਏ ਗਏ ਵੱਖ-ਵੱਖ ਮੁਕਾਬਲਿਆਂ ਵਿੱਚ ਸਕੂਲ ਦੇ ਹੋਣਹਾਰ ਕੈਡਿਟਾਂ ਨੇ ਮੋਹਰੀ ਪੁਜ਼ੀਸ਼ਨਾਂ ਹਾਸਲ ਕੀਤੀਆਂ।ਇਹਨਾਂ ਮੁਕਾਬਲਿਆਂ ਵਿੱਚੋਂ ਫਾਇਰਿੰਗ ਮੁਕਾਬਲੇ ਵਿੱਚ ਕੈਡਿਟ ਸੁਖਦੀਪ ਸਿੰਘ ਨੇ ਪਹਿਲਾ ਸਥਾਨ ਪ੍ਰਾਪਤ ਕਰਕੇ ਆਪਣੀ ਨਿਸ਼ਾਨੇਬਾਜ਼ੀ ਦਾ ਲੋਹਾ ਮਨਵਾਇਆ।ਭਾਸ਼ਣ (ਡੈਕਲਾਮੇਸ਼ਨ) ਮੁਕਾਬਲੇ ਵਿੱਚ ਸ਼ਿਵਮ ਕੁਮਾਰ ਨੇ ਦੂਜਾ ਅਤੇ ਪੋਸਟਰ ਮੇਕਿੰਗ ਮੁਕਾਬਲੇ ਵਿੱਚ ਅਕਸ਼ਿਤਾ ਜੈਨ ਨੇ ਦੂਜਾ ਸਥਾਨ ਹਾਸਲ ਕਰਕੇ ਸਕੂਲ ਦਾ ਮਾਣ ਵਧਾਇਆ।ਸਕੂਲ ਦੇ ਮਾਰਗਦਰਸ਼ਕ ਮਨੋਹਰ ਲਾਲ ਭਟੇਜਾ, ਪ੍ਰਧਾਨ ਕਮਲਨੇਤਰ ਵਧਾਵਨ ਅਤੇ ਪ੍ਰਿੰਸੀਪਲ ਜਾਨਕੀ ਪਾਂਡੇ ਨੇ ਸਾਰੇ ਜੇਤੂ ਅਤੇ ਭਾਗ ਲੈਣ ਵਾਲੇ ਕੈਡਿਟਾਂ ਨੂੰ ਹਾਰਦਿਕ ਵਧਾਈ ਦਿੱਤੀ ਅਤੇ ਉਹਨਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ।ਇਸ ਮੌਕੇ ਪ੍ਰਬੰਧਕੀ ਕਮੇਟੀ ਦੇ ਸੀਨੀਅਰ ਮੀਤ ਪ੍ਰਧਾਨ ਪ੍ਰੋ.ਅਨਿਲ ਭਾਰਤੀ, ਮੈਨੇਜਰ ਬਾਲ ਕ੍ਰਿਸ਼ਨ ਗੋਇਲ ਅਤੇ ਸਰਵਹਿੱਤਕਾਰੀ ਪੰਜਾਬ ਦੀ ਸਟੇਟ ਕੋਰ ਕਮੇਟੀ ਦੇ ਮੈਂਬਰ ਰਵਿੰਦਰ ਵਧਾਵਨ ਨੇ ਵੀ ਕੈਡਿਟਾਂ ਨੂੰ ਆਪਣਾ ਸ਼ੁਭ-ਆਸ਼ੀਰਵਾਦ ਦਿੱਤਾ ਅਤੇ ਭਵਿੱਖ ਵਿੱਚ ਹੋਰ ਵੀ ਬੁਲੰਦੀਆਂ ਛੂਹਣ ਲਈ ਪ੍ਰੇਰਿਤ ਕੀਤਾ।

## ਰਣਜੋਧ ਹਡਾਣਾ ਦੀ ਅਗਵਾਈ 'ਚ ਸ਼ਰਧਾਲੂਆਂ ਦੀ ਬੱਸ ਰਵਾਨਾ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਸੂਬੇ ਦੇ ਲੋਕਾਂ ਨੂੰ ਪਵਿੱਤਰ ਗੁਰਧਾਮਾਂ ਦੇ ਦਰਸ਼ਨ ਮੁਫ਼ਤ ਕਰਵਾਉਣ ਲਈ ਸ਼ੁਰੂ ਕੀਤੀ ਗਈ ਇਤਿਹਾਸਕ 'ਮੁੱਖ ਮੰਤਰੀ ਮੁਫ਼ਤ ਤੀਰਥ ਯਾਤਰਾ ਯੋਜਨਾ' ਤਹਿਤ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਅਗਵਾਈ ਵਿੱਚ ਹਲਕਾ ਸਨੌਰ ਦੇ ਅਧੀਨ ਆਉਂਦੇ ਪਿੰਡ ਚੌਰਾ, ਰਿਸ਼ੀ ਕਲੋਨੀ ਤੇ ਨਾਲ ਲੱਗਦੀਆਂ ਕਲੋਨੀਆਂ ਦੇ ਸ਼ਰਧਾਲੂਆਂ ਦਾ ਇੱਕ ਵਿਸ਼ਾਲ ਜਥਾ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬੱਸ ਰਾਹੀਂ ਰਵਾਨਾ ਹੋਇਆ।ਇਸ ਯਾਤਰੀ ਬੱਸ ਨੂੰ ਸ੍ਰੀ ਗੁਰਪ੍ਰੀਤ ਸਿੰਘ (ਸਰਪੰਚ, ਰਿਸ਼ੀ ਕਲੋਨੀ), ਬਲਾਕ ਪ੍ਰਧਾਨ ਤੇ ਸਰਪੰਚ ਕਰਮਜੀਤ ਸਿੰਘ (ਪਿੰਡ ਚੌਰਾ), ਲਾਭ ਸਿੰਘ (ਪੰਚ, ਰਿਸ਼ੀ ਕਲੋਨੀ), ਮਲਿੰਦਰ ਸਿੰਘ ਚੀਮਾ, ਪੰਚ ਸ਼ੇਰ ਸਿੰਘ, ਪੰਚ ਦਰਸ਼ਨ ਸਿੰਘ ਅਤੇ ਹੋਰ ਪ੍ਰਮੁੱਖ ਮੋਹਤਬਰ ਵਿਅਕਤੀਆਂ ਵੱਲੋਂ ਸਾਂਝੇ ਤੌਰ 'ਤੇ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ ਗਿਆ।ਇਸ ਸਬੰਧੀ ਗੱਲਬਾਤ ਕਰਦਿਆਂ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਲੋਕ-ਹਿੱਤੂ ਸੋਚ ਸਦਕਾ ਅੱਜ ਪੰਜਾਬ ਦੇ ਹਜ਼ਾਰਾਂ ਬਜ਼ੁਰਗਾਂ ਤੇ ਪਰਵਾਰਾਂ ਨੂੰ ਆਪਣੇ ਪਵਿੱਤਰ ਗੁਰਧਾਮਾਂ ਦੇ ਦਰਸ਼ਨ ਕਰਨ ਦਾ ਸੁਨਹਿਰੀ ਮੌਕਾ ਮਿਲ ਰਿਹਾ ਹੈ, ਜਿਸ ਦਾ ਸਾਰਾ ਖਰਚਾ ਪੰਜਾਬ ਸਰਕਾਰ ਵੱਲੋਂ ਖ਼ੁਦ ਕੀਤਾ ਜਾ ਰਿਹਾ ਹੈ।ਤੀਰਥ ਯਾਤਰਾ 'ਤੇ ਜਾਣ ਵਾਲੇ ਸ਼ਰਧਾਲੂਆਂ ਦੇ ਚਿਹਰਿਆਂ 'ਤੇ ਭਾਰੀ ਖ਼ੁਸ਼ੀ ਤੇ ਉਤਸ਼ਾਹ ਦੇਖਣ ਨੂੰ ਮਿਲਿਆ।ਪਿੰਡ ਚੌਰਾ ਤੇ ਰਿਸ਼ੀ ਕਲੋਨੀ ਨਿਵਾਸੀਆਂ ਨੇ ਇਸ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦਾ ਤਹਿ ਦਿਲੋਂ ਧੰਨਵਾਦ ਕੀਤਾ।

## ਮਾਵਾਂ-ਧੀਆਂ ਸਤਿਕਾਰ ਯੋਜਨਾ ਨੇ ਮਹਿਲਾਵਾਂ ਦੇ ਚਿਹਰਿਆਂ 'ਤੇ ਰੌਣਕ ਲਿਆਂਦੀ : ਮੰਨੂ ਸ਼ਰਮਾ



**ਧੂਰੀ (ਮੋਹਿਤ ਗਰਗ, ਮਨੋਹਰ ਸੱਗੂ, ਬਿੰਨੀ ਗਰਗ)**-ਆਮ ਆਦਮੀ ਪਾਰਟੀ ਦੇ ਹਲਕਾ ਧੂਰੀ ਤੋਂ ਮੀਡੀਆ ਕੋਆਰਡੀਨੇਟਰ ਮੰਨੂ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ 'ਮੁੱਖ ਮੰਤਰੀ ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਧੂਰੀ ਹਲਕੇ ਸਮੇਤ ਪੰਜਾਬ ਭਰ ਦੀਆਂ ਲੱਖਾਂ ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਪਹਿਲੀ ਕਿਸ਼ਤ ਦੀ ਰਕਮ ਸਿੱਧੀ ਟਰਾਂਸਫਰ ਹੋ ਚੁੱਕੀ ਹੈ।ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਯੋਗ ਮਹਿਲਾਵਾਂ ਨੂੰ 1,000 ਰੁਪਏ ਪ੍ਰਤੀ ਮਹੀਨਾ ਤੇ ਅਨੁਸੂਚਿਤ ਜਾਤੀ ਨਾਲ ਸਬੰਧਤ ਯੋਗ ਮਹਿਲਾਵਾਂ ਨੂੰ 1,500 ਰੁਪਏ ਪ੍ਰਤੀ ਮਹੀਨਾ ਸਤਿਕਾਰ ਰਾਸ਼ੀ ਦਿੱਤੀ ਜਾ ਰਹੀ ਹੈ।ਸ਼ੁਰੂਆਤ ਮੌਕੇ ਤਿੰਨ ਮਹੀਨਿਆਂ ਦੀ ਰਾਸ਼ੀ ਇਕੱਠੀ ਜਾਰੀ ਕੀਤੀ ਗਈ ਹੈ, ਜਿਸ ਨਾਲ ਮਹਿਲਾਵਾਂ ਦੇ ਚਿਹਰਿਆਂ 'ਤੇ ਖੁਸ਼ੀ ਤੇ ਆਤਮ-ਵਿਸ਼ਵਾਸ ਦੀ ਨਵੀਂ ਰੌਣਕ ਦੇਖਣ ਨੂੰ ਮਿਲ ਰਹੀ ਹੈ।ਮੰਨੂ ਸ਼ਰਮਾ ਨੇ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਲੋਕ ਭਲਾਈ ਨੂੰ ਸਮਰਪਤ ਹੈ ਤੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਇਤਿਹਾਸਕ ਫ਼ੈਸਲੇ ਲੈ ਰਹੀ ਹੈ। ਉਨ੍ਹਾਂ ਕਿਹਾ ਕਿ ਮਾਵਾਂ-ਧੀਆਂ ਸਤਿਕਾਰ ਯੋਜਨਾ ਪੰਜਾਬ ਦੀਆਂ ਮਹਿਲਾਵਾਂ ਦੀ ਆਰਥਿਕ ਮਜ਼ਬੂਤੀ ਨੂੰ ਨਵਾਂ ਆਧਾਰ ਪ੍ਰਦਾਨ ਕਰੇਗੀ ਤੇ ਉਨ੍ਹਾਂ ਦੇ ਸਨਮਾਨ ਨੂੰ ਹੋਰ ਮਜ਼ਬੂਤ ਕਰੇਗੀ।

## ਡਾਇਰੈਕਟਰ ਸਿਹਤ ਤੇ ਪਰਵਾਰ ਭਲਾਈ ਪੰਜਾਬ ਦੇ ਹੁਕਮਾਂ ਨੂੰ ਛਿੱਕੇ ਟੰਗਣ ਦਾ ਦੋਸ਼

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਵੀਰਵਾਰ ਨੂੰ ਤਾਲਮੇਲ ਕਮੇਟੀ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਜ਼ਿਲ੍ਹਾ ਫਿਰੋਜ਼ਪੁਰ ਵੱਲੋਂ ਸਿਵਲ ਹਸਪਤਾਲ ਫਿਰੋਜ਼ਪੁਰ ਵਿਖੇ ਸਿਵਲ ਸਰਜਨ ਫਿਰੋਜ਼ਪੁਰ ਖਿਲਾਫ ਰੋਸ ਰੈਲੀ ਕੀਤੀ ਗਈ ਜਿਸ ਵਿੱਚ ਵੱਡੀ ਗਿਣਤੀ ਵਿਚ ਮੁਲਾਜ਼ਮਾਂ ਨੇ ਸ਼ਮੂਲੀਅਤ ਕੀਤੀ। ਜ਼ਿਲ੍ਹਾ ਕਨਵੀਨਰ ਰਮਨ ਅੱਤਰੀ ਨੇ ਦੱਸਿਆ ਕਿ ਮੁਲਾਜ਼ਮਾਂ ਦੀਆਂ ਮੰਗਾਂ ਦਾ ਮੰਗ ਪੱਤਰ ਸਿਵਲ ਸਰਜਨ ਫਿਰੋਜ਼ਪੁਰ ਨੂੰ ਦਿੱਤਾ ਗਿਆ ਸੀ, ਪਰ ਉਨ੍ਹਾਂ ਮੰਗਾਂ ਦਾ ਅੱਜ ਤੱਕ ਕੋਈ ਨਿਪਟਾਰਾ ਨਹੀਂ ਕੀਤਾ ਗਿਆ। ਸਗੋਂ ਉਲਟਾ ਨਵ ਨਿਯੁਕਤ ਮਲਟੀਪਰਪਜ ਹੈਲਥ ਵਰਕਰਾਂ ਮੇਲ ਜਿਨ੍ਹਾਂ ਦੀ ਡਿਊਟੀ ਫ਼ੀਲਡ ਵਿੱਚ ਡੇਂਗੂ ਤੇ ਮਲੇਰੀਆ ਦੀ ਰੋਕਥਾਮ ਦੇ ਕੰਮਾਂ ਪ੍ਰਤੀ ਹੁੰਦੀ ਹੈ , ਉਨ੍ਹਾਂ ਦੀ ਡਿਊਟੀ ਜਨਮ ਮੌਤ ਬ੍ਰਾਂਚ ਫਿਰੋਜ਼ਪੁਰ ਵਿਖੇ ਲਗਾ ਦਿੱਤੀ ਗਈ ਹੈ, ਜਦੋਂ ਕਿ ਡਾਇਰੈਕਟਰ ਸਿਹਤ ਸੇਵਾਵਾਂ ਵੱਲੋਂ ਪੱਤਰ ਜਾਰੀ ਕੀਤਾ ਗਿਆ ਹੈ ਕਿ ਮਲਟੀਪਰਪਜ ਹੈਲਥ ਵਰਕਰਾਂ ਦੀ ਡਿਊਟੀ ਜਨਮ ਮੌਤ ਵਿੱਚ ਨਾ ਲਗਾਈ ਜਾਵੇ ਪਰ ਸਿਵਲ ਸਰਜਨ ਫਿਰੋਜ਼ਪੁਰ ਵੱਲੋਂ ਡਾਇਰੈਕਟਰ ਸਿਹਤ ਸੇਵਾਵਾਂ ਦੇ ਹੁਕਮਾਂ ਨੂੰ ਵੀ ਛਿੱਕੇ ਟੰਗ ਕੇ ਡਿਊਟੀਆਂ ਲਗਾਈਆਂ ਗਈਆਂ ਹਨ ਜਿਸ ਦੇ ਰੋਸ ਵਜੋਂ ਤਾਲਮੇਲ ਕਮੇਟੀ ਪੈਰਾ ਮੈਡੀਕਲ ਅਤੇ ਸਿਹਤ ਕਰਮਚਾਰੀ ਜ਼ਿਲ੍ਹਾ ਫਿਰੋਜ਼ਪੁਰ 6 ਜੁਲਾਈ ਨੂੰ ਸਵੇਰੇ 11 ਵਜੇ ਸਿਵਲ ਸਰਜਨ ਫਿਰੋਜ਼ਪੁਰ ਖਿਲਾਫ ਰੋਸ ਰੈਲੀ ਕਰਨ ਉਪਰੰਤ ਅਗਲੇ ਸੰਘਰਸ਼ ਦਾ ਐਲਾਨ ਕਰਨਗੇ। ਅੱਜ ਦੀ ਰੈਲੀ ਵਿਚ ਰਾਕੇਸ਼ ਗਿੱਲ,ਰਾਜ ਕੁਮਾਰ ਕੁੱਕੜ, ਰਵਿੰਦਰ ਸ਼ਰਮਾ, ਪੁਨੀਤ ਮਹਿਤਾ, ਅਰੁਣ ਕੁਮਾਰ, ਰਾਕੇਸ਼ ਕੰਬੋਜ, ਵਿਸ਼ਾਲ ਗੁਪਤਾ, ਗੁਰਦੀਪ ਸਿੰਘ, ਨਰੇਸ਼ ਗਰਗ, ਸੰਦੀਪ ਸਿੰਘ, ਸਤਯੁਗ ਸਿੰਘ, ਜਗਪ੍ਰੀਤ ਸਿੰਘ,ਸ਼ਿਵਾਨੀ ਸ਼ੁਕਲਾ, ਪਿੰਕੀ ਗਿੱਲ, ਆਦਿ ਆਗੂ ਹਾਜ਼ਰ ਸਨ

## ਨਲੀਨੀ 'ਚ ਲੋੜਵੰਦ ਪਰਵਾਰਾਂ ਨੂੰ 5-5 ਮਰਲੇ ਦੇ 192 ਪਲਾਟ ਦਿੱਤੇ

### ਆਮ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣਾ ਹੀ ਪੰਜਾਬ ਸਰਕਾਰ ਦਾ ਮੁੱਖ ਮਨੋਰਥ : ਰਾਏ



**ਫਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਆਮ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣਾ ਹੀ ਭਗਵੰਤ ਮਾਨ ਸਰਕਾਰ ਦਾ ਮੁੱਖ ਮਨੋਰਥ ਹੈ, ਜਿਸ ਦੇ ਲਈ ਆਮ ਲੋਕਾਂ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਦਾ ਯਤਨ ਕੀਤਾ ਜਾ ਰਿਹਾ ਹੈ।ਇਹ ਪ੍ਰਗਟਾਵਾ ਫਤਿਹਗੜ੍ਹ ਸਾਹਿਬ ਦੇ ਵਿਧਾਇਕ ਐਡਵੋਕੇਟ ਲਖਵੀਰ ਸਿੰਘ ਰਾਏ ਨੇ ਬਲਾਕ ਸਰਹਿੰਦ ਦੇ ਪਿੰਡ ਨਲੀਨੀ ਵਿਖੇ ਜ਼ਰੂਰਤਮੰਦ ਪਰਵਾਰਾਂ ਨੂੰ 5-5 ਮਰਲੇ ਦੇ 192 ਪਲਾਟਾਂ ਦੀ ਅਲਾਟਮੈਂਟ ਕਰਨ ਮੌਕੇ ਕੀਤਾ।ਉਨ੍ਹਾਂ ਕਿਹਾ ਕਿ ਲੋੜਵੰਦ ਪਰਵਾਰਾਂ ਨੂੰ ਸਹਾਇਤਾ ਵਜੋਂ ਪਲਾਟ ਮੁਹੱਈਆ ਕਰਵਾਉਣ ਦੀ ਰਾਜ ਸਰਕਾਰ ਦਾ ਇਕ ਅਹਿਮ ਉਪਰਾਲਾ ਹੈ, ਤਾਂ ਜੋ ਆਮ ਲੋਕਾਂ ਦਾ ਜੀਵਨ ਆਰਥਿਕ ਤੌਰ ਤੇ ਮਜ਼ਬੂਤ ਕੀਤਾ ਜਾ ਸਕੇ।ਇਸ ਮਹਿੰਗਾਈ ਦੇ ਯੁੱਗ ਵਿੱਚ ਘਰ ਦਾ ਖਰਚਾ ਚਲਾਉਣਾ ਵੀ ਮੁਸ਼ਕਲ ਹੈ, ਅਜਿਹੇ ਵਿੱਚ ਜੇਕਰ ਪੰਜਾਬ ਸਰਕਾਰ ਆਮ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਮੁਫ਼ਤ ਵਿੱਚ ਮੁਹੱਈਆ ਕਰਵਾ ਦੇਵੇ ਤਾਂ ਕਿਸੇ ਨੂੰ ਗਿਲਾ ਨਹੀਂ ਹੋਣਾ ਚਾਹੀਦਾ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਦਾ ਜੀਵਨ ਪੱਧਰ ਉੱਚਾ ਚੁੱਕਣ ਦੇ ਲਈ 300 ਯੂਨਿਟ ਬਿਜਲੀ ਪ੍ਰਤੀ ਮਹੀਨਾ ਮੁਫ਼ਤ ਦਿੱਤੀ ਜਾ ਰਹੀ ਹੈ, ਆਮ ਆਦਮੀ ਕਲੀਨਿਕ ਖੋਲ੍ਹ ਕੇ ਲੋਕਾਂ ਨੂੰ ਮੁਫ਼ਤ ਇਲਾਜ ਦੀ ਸੁਵਿਧਾ ਮੁਹੱਈਆ ਕਰਵਾਈ ਗਈ।ਸਰਕਾਰੀ ਸਕੂਲਾਂ ਦੀ ਹਾਲਤ ਸੁਧਾਰ ਕੇ ਸਿੱਖਿਆ ਨੀਤੀ ਨੂੰ ਮਜ਼ਬੂਤ ਕੀਤਾ ਗਿਆ।ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਔਰਤਾਂ ਨੂੰ 1000/1500 ਰੁਪਿਆ ਪ੍ਰਤੀ ਮਹੀਨਾ ਦੇਣ ਦਾ ਵਾਅਦਾ ਪੂਰਾ ਕੀਤਾ ਗਿਆ।ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਆਮ ਲੋਕਾਂ ਦੀ ਸੇਵਾ ਦੇ ਵਿੱਚ ਹਮੇਸ਼ਾ ਹਾਜ਼ਰ ਰਹੀ ਹੈ।ਸੂਬੇ ਨੂੰ ਰੰਗਲਾ ਪੰਜਾਬ ਬਣਾਉਣ ਦੇ ਲਈ ਪੰਜਾਬ ਸਰਕਾਰ ਨਿਰੰਤਰ ਯਤਨਸ਼ੀਲ ਹੈ।ਆਉਣ ਵਾਲੇ ਸਮੇਂ ਦੇ ਵਿੱਚ ਵਿਕਾਸ ਕਾਰਜ ਨਿਰੰਤਰ ਜਾਰੀ ਰਹਿਣਗੇ।ਇਸ ਮੌਕੇ ਬੀਡੀਪੀਓ ਸਰਹਿੰਦ ਦੀਪਸ਼ਿਖਾ ਗਰਗ, ਜੇ ਈ ਗਗਨਦੀਪ ਸਿੰਘ, ਪੰਚਾਇਤ ਸਕੱਤਰ ਤਜਿੰਦਰ ਸਿੰਘ, ਮੈਂਬਰ ਜ਼ਿਲ੍ਹਾ ਪ੍ਰੀਸ਼ਦ ਬਲਜਿੰਦਰ ਸਿੰਘ, ਬਲਾਕ ਸੰਮਤੀ ਮੈਂਬਰ ਮਨਪ੍ਰੀਤ ਸਿੰਘ, ਸ਼ਿੰਗਾਰਾ ਸਿੰਘ ਸਾਬਕਾ ਸਰਪੰਚ, ਸਰਪੰਚ ਹਰਪ੍ਰੀਤ ਕੌਰ, ਸ਼ਮਸ਼ੇਰ ਸਿੰਘ, ਕੁਲਵਿੰਦਰ ਸਿੰਘ, ਹਰਕੇਸ਼ ਸਿੰਘ, ਜਸਵੰਤ ਕੌਰ, ਅਮਰੀਕ ਕੌਰ ਸਰਬਜੀਤ (ਸਾਰੇ ਪੰਚ) ਤੇ ਸਮੂਹ ਨਗਰ ਨਿਵਾਸੀ ਆਦਿ ਹਾਜ਼ਰ ਸਨ।

## ਜਿੰਦਲ ਪਰਵਾਰ ਨੂੰ ਸਦਮਾ, ਮਾਤਾ ਰੇਸ਼ਮਾ ਦੇਵੀ ਦਾ ਦੇਹਾਂਤ



**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਜਿੰਦਲ ਪਰਵਾਰ ਨੂੰ ਉਸ ਵੇਲੇ ਭਾਰੀ ਸਦਮਾ ਲੱਗਾ, ਜਦੋਂ ਦਰਸ਼ਨ ਜਿੰਦਲ ਪੱਤਰਕਾਰ ਤੇ ਰਾਮ ਨਾਥ ਜਿੰਦਲ ਦੀ ਵੱਡੀ ਭਰਜਾਈ ਤੇ ਕਰਨਵੀਰ ਜਿੰਦਲ (ਮੈਨੇਜਰ ਐਕਸਿਸ ਬੈਂਕ) ਦੇ ਸਤਿਕਾਰਯੋਗ ਮਾਤਾ ਰੇਸ਼ਮਾ ਦੇਵੀ ਪਤਨੀ ਸਵ: ਨੰਦ ਕਿਸ਼ੋਰ ਪਿਛਲੇ ਦਿਨੀਂ ਪ੍ਰਭੂ ਚਰਨਾਂ ਵਿੱਚ ਜਾ ਵਿਰਾਜੇ।ਇਸ ਦੁੱਖ ਦੀ ਘੜੀ ਵਿੱਚ ਪੱਤਰਕਾਰ ਭਾਈਚਾਰੇ ਤੋਂ ਇਲਾਵਾ ਇਲਾਕੇ ਦੀਆਂ ਸਮਾਜਿਕ, ਧਾਰਮਿਕ, ਵਪਾਰਕ ਤੇ ਰਾਜਨੀਤਕ ਪਾਰਟੀਆਂ ਵੱਲੋਂ ਸੋਗ ਪ੍ਰਗਟ ਕੀਤਾ ਗਿਆ ਹੈ, ਜਿਨ੍ਹਾਂ ਵਿੱਚ ਵਿਧਾਇਕ ਬਲਕਾਰ ਸਿੰਘ ਸਿੱਧੂ, ਸਾਬਕਾ ਕੈਬਨਿਟ ਮੰਤਰੀ ਸਿਕੰਦਰ ਸਿੰਘ ਮਲੂਕਾ, ਸਾਬਕਾ ਕੈਬਨਿਟ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ, ਮਾਰਕਫੈੱਡ ਪੰਜਾਬ ਦੇ ਚੇਅਰਮੈਨ ਇੰਦਰਜੀਤ ਸਿੰਘ ਮਾਨ, ਸਮਾਜ ਸੇਵੀ ਮਨਜੀਤ ਸਿੰਘ ਬਿੱਟੀ, ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਮਲੂਕਾ, ਕਾਂਗਰਸੀ ਨੇਤਾ ਜਸ਼ਨਦੀਪ ਸਿੰਘ ਚਹਿਲ, ਅਕਾਲੀ ਨੇਤਾ ਹਰਿੰਦਰ ਹਿੰਦਾ ਮਹਿਰਾਜ, ਕਾਂਗਰਸੀ ਨੇਤਾ ਐਡਵੋਕੇਟ ਜੱਸ ਬੱਜੋਆਣਾ, ਭਾਜਪਾ ਆਗੂ ਡਾਕਟਰ ਅਮਰਜੀਤ ਸ਼ਰਮਾ, ਉੱਘੇ ਸਮਾਜ ਸੇਵੀ ਜੱਸੀ ਬਾਬਾ, ਸਹਾਰਾ ਸਮਾਜ ਸੇਵਾ ਦੇ ਪ੍ਰਧਾਨ ਸੰਦੀਪ ਵਰਮਾ, ਰਜਨੀਸ਼ ਕਰਕਰਾ, ਗੁਰਤੇਜ ਸਿੰਘ ਪ੍ਰਧਾਨ ਬਹਾਮਣ ਸਭਾ, ਪੁਨਰਜੋਤੀ ਆਈ ਡੋਨੇਸ਼ਨ ਸੋਸਾਇਟੀ ਦੇ ਰਾਕੇਸ਼ ਤਾਇਲ, ਰਾਹੁਲ ਸਿੱਧੂ ਮਹਿਰਾਜ, ਹੈਪੀ ਬਾਂਸਲ ਕੌਂਸਲਰ, ਰਵੀ ਸਿੰਗਲਾ (ਭੂਚੋ ਕਾਲਾ), ਸੂਰਜ ਰਜੋਰਾ ਐੱਮ ਸੀ, ਸਤਪਾਲ ਗਰਗ ਪ੍ਰਧਾਨ ਅਕਾਲੀ ਦਲ, ਜਨ ਕਲਿਆਣ ਸਭਾ ਪ੍ਰਧਾਨ ਸੀਤਾ ਰਾਮ ਦੀਪਕ, ਰਕੇਸ਼ ਸਹਾਰਾ, ਅਜੀਤਪਾਲ ਸਿੰਘ ਟੈਨੀ ਜੌੜਾ, ਸਮੂਹ ਕਾਵੜ ਸੰਘ ਦੇ ਪ੍ਰਧਾਨ ਨੀਰਜ ਚੌਧਰੀ, ਸਰਪੰਚ ਬੂਟਾ ਸਿੰਘ ਸਧਾਨਾ, ਗੁਰਭਜਨ ਸਿੰਘ ਢਿੱਲੋਂ, ਰਵਿੰਦਰ ਸਿੰਘ ਨਿੱਕਾ ਕੌਂਸਲਰ, ਰਾਜੂ ਬਾਹੀਆ ਆਦਿ ਸ਼ਾਮਲ ਹਨ।ਸਵਰਗਵਾਸੀ ਰੇਸ਼ਮਾ ਦੇਵੀ ਦੀ ਆਤਮਿਕ ਸ਼ਾਂਤੀ ਲਈ ਰੱਖੇ ਗਏ ਸ਼੍ਰੀ ਗਰੁੜ ਪੁਰਾਣ ਜੀ ਦੇ ਪਾਠ ਭੋਗ 9 ਜੁਲਾਈ ਨੂੰ ਦੁਪਹਿਰ 12:30 ਵਜੇ ਤੋਂ 1 ਵਜੇ ਦੌਰਾਨ ਬ੍ਰਾਹਮਣ ਸਭਾ ਰਾਮਪੁਰਾ ਫੂਲ ਵਿਖੇ ਪਵੇਗਾ।

## ਵਿੱਦਿਆ ਸਾਗਰ ਪ੍ਰਧਾਨ ਤੇ ਪ੍ਰਦੀਪ ਗਰਗ ਸਕੱਤਰ ਚੁਣੇ



**ਭੀਖੀ (ਧਰਮਵੀਰ ਸ਼ਰਮਾ)**-ਰੋਟਰੀ ਕਲੱਬ ਮਾਨਸਾ ਗ੍ਰੇਟਰ ਦੀ ਸਾਲ 2026-27 ਲਈ ਨਵੀਂ ਕਮੇਟੀ ਦਾ ਗਠਨ ਕੀਤਾ ਗਿਆ, ਜਿਸ ਦੌਰਾਨ ਸਰਵਸੰਮਤੀ ਨਾਲ ਵਿੱਦਿਆ ਸਾਗਰ ਨੂੰ ਕਲੱਬ ਦਾ ਪ੍ਰਧਾਨ ਚੁਣਿਆ ਗਿਆ।

ਇਸ ਤੋਂ ਇਲਾਵਾ ਪ੍ਰਦੀਪ ਗਰਗ ਸਕੱਤਰ ਤੇ ਗਗਨ ਬਾਂਸਲ ਕੈਸ਼ੀਅਰ ਚੁਣੇ ਗਏ। ਇਸ ਮੌਕੇ ਨਵ-ਨਿਯੁਕਤ ਅਹੁਦੇਦਾਰਾਂ ਨੇ ਕਲੱਬ ਦੇ ਮੈਂਬਰਾਂ ਦਾ ਧੰਨਵਾਦ ਕਰਦਿਆਂ ਭਰੋਸਾ ਦਿਵਾਇਆ ਕਿ ਉਹ ਆਪਣੀ ਜ਼ਿੰਮੇਵਾਰੀ ਪੂਰੀ ਲਗਨ, ਮਿਹਨਤ ਤੇ ਪੂਰੀ ਤਨਦੇਹੀ ਨਾਲ ਨਿਭਾਉਣਗੇ। ਇਸ ਮੌਕੇ ਹਾਜ਼ਰ ਕਲੱਬ ਮੈਂਬਰਾਂ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੱਤੀ ਤੇ ਆਪਣਾ ਪੂਰਾ ਸਹਿਯੋਗ ਦੇਣ ਦਾ ਭਰੋਸਾ ਦਿੱਤਾ।

## 6 ਦੇ ਸੂਬਾ ਪੱਧਰੀ ਪ੍ਰੋਗਰਾਮ 'ਚ ਭਰਵੀਂ ਸ਼ਮੂਲੀਅਤ ਕੀਤੀ ਜਾਵੇਗੀ : ਆਗੂ



**ਮਹਿਲ ਕਲਾਂ (ਪ੍ਰਦੀਪ ਸਿੰਘ ਲੋਹਗੜ੍ਹ)**-ਪੈਨਸ਼ਨਰਜ਼ ਵੈੱਲਫੇਅਰ ਐਸੋਸੀਏਸ਼ਨ ਮਹਿਲ ਕਲਾਂ ਦੀ ਇਕੱਤਰਤਾ ਪ੍ਰਧਾਨ ਦਰਸ਼ਨ ਸਿੰਘ ਪੰਡੋਰੀ ਦੀ ਅਗਵਾਈ ਹੇਠ ਮਹਿਲ ਕਲਾਂ ਵਿਖੇ ਹੋਈ।ਇਸ ਮੌਕੇ ਸਮੂਹ ਪੈਨਸ਼ਨਰਾਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ 'ਤੇ ਚਰਚਾ ਕਰਦਿਆਂ ਸੂਬਾ ਸਰਕਾਰ ਤੋਂ ਇਨ੍ਹਾਂ ਦਾ ਤੁਰੰਤ ਹੱਲ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ।ਇਸ ਮੌਕੇ ਸਰਬਸੰਮਤੀ ਨਾਲ ਮਤਾ ਪਾਸ ਕਰਦਿਆਂ ਪੰਜਾਬ ਸਰਕਾਰ ਤੋਂ ਪੈਨਸ਼ਨਰਾਂ ਦੀਆਂ ਬਕਾਇਆ ਡੀ ਏ, ਡੀ ਆਰ ਦੀਆਂ ਕਿਸ਼ਤਾਂ ਤੁਰੰਤ ਜਾਰੀ ਕਰਨ, 18 ਫੀਸਦੀ ਡੀ ਏ, ਡੀ ਆਰ ਦਾ ਲਾਭ ਦੇਣ ਤੇ ਪੈਨਸ਼ਨਰਾਂ ਦੇ ਹੋਰ ਬਕਾਇਆ ਵਿੱਤੀ ਹੱਕਾਂ ਦਾ ਨਿਪਟਾਰਾ ਕਰਨ ਦੀ ਮੰਗ ਕੀਤੀ ਗਈ।ਇਸ ਦੇ ਨਾਲ ਹੀ ਪੁਰਾਣੀ ਪੈਨਸ਼ਨ ਸਕੀਮ ਨੂੰ ਲਾਗੂ ਕਰਨ ਦੀ ਵੀ ਪੁਰਜ਼ੋਰ ਮੰਗ ਉਠਾਈ ਗਈ।ਫ਼ੈਸਲਾ ਲਿਆ ਗਿਆ ਕਿ 6 ਜੁਲਾਈ ਨੂੰ ਬਰਨਾਲਾ ਵਿਖੇ ਹੋਣ ਵਾਲੇ ਪੰਜਾਬ ਪੱਧਰੀ ਪੈਨਸ਼ਨਰਜ਼ ਪ੍ਰੋਗਰਾਮ 'ਚ ਮਹਿਲ ਕਲਾਂ ਇਕਾਈ ਵੱਲੋਂ ਵੱਡੀ ਗਿਣਤੀ 'ਚ ਸ਼ਮੂਲੀਅਤ ਕਰਕੇ ਪੈਨਸ਼ਨਰਾਂ ਦੀਆਂ ਹੱਕੀ ਮੰਗਾਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ ਜਾਵੇਗਾ।ਆਗੂਆਂ ਨੇ ਸਮੂਹ ਪੈਨਸ਼ਨਰਾਂ ਨੂੰ ਅਪੀਲ ਕੀਤੀ ਕਿ ਉਹ ਵੱਡੀ ਗਿਣਤੀ 'ਚ ਸ਼ਾਮਲ ਹੋ ਕੇ ਪ੍ਰੋਗਰਾਮ ਨੂੰ ਸਫਲ ਬਣਾਉਣ। ਇਸ ਮੌਕੇ ਜਨਰਲ ਸਕੱਤਰ ਸੁਰਿੰਦਰ ਕੁਮਾਰ, ਖ਼ਜ਼ਾਨਚੀ ਪਵਨ ਕੁਮਾਰ, ਬਲਜੀਤ ਸਿੰਘ ਛਾਪਾ ਨੇ ਕਿਹਾ ਕਿ ਰਾਜ ਸਰਕਾਰ ਵੱਲੋਂ ਪੈਨਸ਼ਨਰਾਂ ਦੀਆਂ ਜਾਇਜ਼ ਮੰਗਾਂ ਨੂੰ ਲੰਮੇ ਸਮੇਂ ਤੋਂ ਅੱਖੋਂ ਉਹਲੇ ਕੀਤਾ ਜਾ ਰਿਹਾ ਹੈ, ਜਿਸ ਕਰਕੇ ਪੈਨਸ਼ਨਰ ਵਰਗ 'ਚ ਭਾਰੀ ਨਿਰਾਸ਼ਤਾ ਪਾਈ ਜਾ ਰਹੀ ਹੈ।ਆਗੂਆਂ ਨੇ ਸਪੱਸ਼ਟ ਕਿਹਾ ਕਿ ਜੇਕਰ ਸਰਕਾਰ ਨੇ ਹੱਕੀ ਮੰਗਾਂ ਦਾ ਹੱਲ ਛੇਤੀ ਨਾ ਕੀਤਾ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ। ਇਸ ਮੌਕੇ ਆਗੂ ਨਿਰਪਾਲ ਸਿੰਘ ਜਲਾਲਦੀਵਾਲ, ਇੰਦਰਜੀਤ ਸਿੰਘ ਕੁਤਬਾ, ਹਰਬੰਸ ਸਿੰਘ ਮਹਿਲ ਕਲਾਂ, ਅਮਰਜੀਤ ਸਿੰਘ ਮਹਿਲ ਖੁਰਦ, ਅਜਮੇਰ ਸਿੰਘ ਕਾਲਸਾਂ, ਬਖ਼ਤੌਰ ਸਿੰਘ, ਰਾਜ ਕੁਮਾਰ ਨਿਹਾਲੂਵਾਲ, ਹਾਕਮ ਸਿੰਘ, ਜੋਗਾ ਸਿੰਘ, ਪੂਰਨ ਸਿੰਘ, ਭੋਲਾ ਸਿੰਘ, ਬਲਦੇਵ ਸਿੰਘ ਅੱਜਲਾ, ਨਰਿੰਦਰ ਸਿੰਘ, ਸੁਖਮਿੰਦਰ ਸਿੰਘ ਗਿੱਲ ਆਦਿ ਹਾਜ਼ਰ ਸਨ।

## ਡਾ. ਗੁਰਬਿੰਦਰ ਕੌਰ ਨੇ ਐੱਸ ਐੱਮ ਓ ਦਾ ਅਹੁਦਾ ਸੰਭਾਲਿਆ



**ਹਠੂਰ (ਲਵਲੀ ਕੁਮਾਰ)**-ਲੁਧਿਆਣੇ ਜ਼ਿਲ੍ਹੇ ਦੇ ਬਰਨਾਲਾ ਵਾਲੇ ਬਾਰਡਰ 'ਤੇ ਦਿਹਾਤੀ ਸੀ.ਐੱਚ.ਸੀ. ਹਠੂਰ ਵਿਖੇ ਡਾ. ਗੁਰਬਿੰਦਰ ਕੌਰ ਐੱਸ.ਐੱਮ.ਓ. ਬਣ ਕੇ ਆਏ।ਚਾਰ ਦਰਜਨ ਦੇ ਕਰੀਬ ਪੇਂਡੂ ਖਿੱਤੇ ਦੇ ਲੋਕਾਂ ਨੂੰ ਉੱਚ ਦਰਜੇ ਦੀਆਂ ਸਿਹਤ ਸਹੂਲਤਾਂ ਪ੍ਰਦਾਨ ਕਰ ਰਹੀ ਸੀ.ਐੱਚ.ਸੀ. ਹਠੂਰ 'ਚ ਪੁੱਜਣ 'ਤੇ ਡਾ. ਗੁਰਬਿੰਦਰ ਕੌਰ ਐੱਸ.ਐੱਮ.ਓ. ਦਾ ਹਸਪਤਾਲ ਦੇ ਸੀਨੀਅਰ ਨਰਸਿੰਗ ਸਿਸਟਰ ਗੁਰਵਿੰਦਰ ਕੌਰ ਢਿੱਲੋਂ, ਚੀਫ ਫਾਰਮਾਸਿਸਟ ਪਰਮਜੀਤ ਕੌਰ, ਐੱਸ ਐੱਨ ਵੀਰਪਾਲ ਕੌਰ ਨੇ ਬੁੱਕੇ ਭੇਟ ਕਰਕੇ ਸਵਾਗਤ ਕੀਤਾ ਤੇ ਜੀ ਆਇਆਂ ਨੂੰ ਆਖਿਆ।ਸਵਾਗਤੀ ਰਸਮਾਂ ਉਪਰੰਤ ਡਾ. ਗੁਰਬਿੰਦਰ ਕੌਰ ਨੇ ਲੋਕਾਂ ਨੂੰ ਚੰਗੀਆਂ ਸਿਹਤ ਸਹੂਲਤਾਂ ਪ੍ਰਦਾਨ ਕਰਨ ਲਈ ਸਮੁੱਚੇ ਸਟਾਫ ਤੋਂ ਸਹਿਯੋਗ ਦੀ ਮੰਗ ਕੀਤੀ।ਉਨ੍ਹਾਂ ਆਖਿਆ ਕਿ ਉਨ੍ਹਾਂ ਦੀ ਹਰ ਸੰਭਵ ਕੋਸ਼ਿਸ਼ ਰਹੇਗੀ ਕਿ ਹਠੂਰ ਹਸਪਤਾਲ ਦਾ ਸਿਹਤ ਵਿਭਾਗ ਦਾ ਸਰਕਾਰ ਦੀਆਂ ਨਜ਼ਰਾਂ 'ਚ ਉੱਚਾ ਮੁਕਾਮ ਹੋਵੇ।ਲੋਕਾਂ ਨੂੰ ਹਸਪਤਾਲ 'ਚ ਹਰ ਸਹੂਲਤ ਮਿਲੇ, ਸਰਕਾਰ ਵੱਲੋਂ ਜਾਰੀ ਮੁਫ਼ਤ ਸਿਹਤ ਸਹੂਲਤਾਂ ਦਾ ਇਲਾਕੇ ਦੇ ਲੋਕ ਲਾਹਾ ਲੈ ਸਕਣ।ਇਸ ਮੌਕੇ ਐੱਸ.ਐੱਮ.ਓ. ਡਾ. ਗੁਰਬਿੰਦਰ ਕੌਰ ਦਾ ਸਵਾਗਤ ਤੇ ਸਨਮਾਨ ਕਰਨ ਸਮੇਂ ਹੈਲਥ ਇੰਸਪੈਕਟਰ ਪ੍ਰਕਾਸ਼ ਸਿੰਘ ਬੀਹਲਾ, ਗੁਰਬਖ਼ਸ਼ ਸਿੰਘ, ਰੋਹਿਤ ਕੁਮਾਰ, ਭੁਪਿੰਦਰ ਸਿੰਘ ਹਠੂਰ, ਅਮਨਦੀਪ ਸਿੰਘ ਹੈਲਥ ਇੰਸਪੈਕਟਰ, ਤੇਜਿੰਦਰ ਸਿੰਘ ਮਾਣੂੰਕੇ, ਹਰਮਿੰਦਰ ਸਿੰਘ, ਕੁਲਦੀਪ ਸਿੰਘ ਓਟ ਕੌਂਸਲਰ, ਹੈਲਥ ਇੰਸਪੈਕਟਰ ਸਵਰਨ ਸਿੰਘ ਡੱਲਾ, ਕਮਲਜੀਤ ਕੌਰ ਮਾਣੂੰਕੇ, ਜਸਵਿੰਦਰ ਕੌਰ ਮੱਲ੍ਹਾ, ਲਵਪ੍ਰੀਤ ਕੌਰ, ਲਵਜੀਤ ਕੌਰ ਆਦਿ ਹਾਜ਼ਰ ਸਨ।

## ਮਰਹੂਮ ਭਗਵਾਨ ਦਾਸ ਅਰੋੜਾ ਦੀ ਯਾਦ ਨੂੰ ਸਮਰਪਤ ਵਿਕਸਿਤ ਪਾਰਕ ਲੋਕ ਅਰਪਿਤ

### ਲੋਕ ਸੇਵਾ ਤੇ ਵਿਕਾਸ ਪ੍ਰਤੀ ਮਰਹੂਮ ਭਗਵਾਨ ਦਾਸ ਅਰੋੜਾ ਦਾ ਯੋਗਦਾਨ ਸਦਾ ਯਾਦ ਰਹੇਗਾ : ਅਮਨ ਅਰੋੜਾ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)**

ਪੰਜਾਬ ਦੇ ਸਾਬਕਾ ਕੈਬਨਿਟ ਮੰਤਰੀ ਮਰਹੂਮ ਭਗਵਾਨ ਦਾਸ ਅਰੋੜਾ ਦੀ 26ਵੀਂ ਬਰਸੀ ਮੌਕੇ ਉਨ੍ਹਾਂ ਦੀ ਯਾਦ ਨੂੰ ਸਦੀਵੀ ਬਣਾਉਣ ਦੇ ਉਦੇਸ਼ ਨਾਲ ਤਿਆਰ ਕੀਤੇ ਗਏ ਕਰੀਬ 80 ਲੱਖ ਰੁਪਏ ਦੀ ਲਾਗਤ ਵਾਲੇ ਵਿਸ਼ਾਲ ਤੇ ਆਧੁਨਿਕ ਪਾਰਕ ਨੂੰ ਪੰਜਾਬ ਦੇ ਕੈਬਨਿਟ ਮੰਤਰੀ ਸ੍ਰੀ ਅਮਨ ਅਰੋੜਾ ਵੱਲੋਂ ਲੋਕ ਅਰਪਿਤ ਕੀਤਾ ਗਿਆ।

ਸਮਾਗਮ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਅਮਨ ਅਰੋੜਾ ਨੇ ਕਿਹਾ ਕਿ ਮਰਹੂਮ ਭਗਵਾਨ ਦਾਸ ਅਰੋੜਾ ਨੇ ਆਪਣੇ ਰਾਜਨੀਤਕ ਜੀਵਨ ਦੌਰਾਨ ਲੋਕਾਂ ਦੀ ਭਲਾਈ ਤੇ ਇਲਾਕੇ ਦੇ ਵਿਕਾਸ ਲਈ ਅਹਿਮ ਯੋਗਦਾਨ ਪਾਇਆ।ਉਨ੍ਹਾਂ ਕਿਹਾ ਕਿ ਉਨ੍ਹਾਂ ਦੀ ਸਾਦਗੀ, ਲੋਕਾਂ ਨਾਲ ਜੁੜਾਅ ਤੇ ਨਿਸ਼ਕਾਮ ਸੇਵਾ ਦੀ ਭਾਵਨਾ ਅੱਜ ਵੀ ਲੋਕਾਂ ਲਈ ਪ੍ਰੇਰਨਾ ਦਾ ਸਰੋਤ ਹੈ।ਸ੍ਰੀ ਭਗਵਾਨ ਦਾਸ ਅਰੋੜਾ ਦੀ ਸ਼ਖ਼ਸੀਅਤ ਦੀ ਖੁਸ਼ਬੂ ਅੱਜ ਵੀ ਸਮਾਜ ਵਿੱਚ ਫੈਲੀ ਹੋਈ ਹੈ।ਉਨ੍ਹਾਂ ਕਿਹਾ ਕਿ ਇਹ ਪਾਰਕ ਸਿਰਫ਼ ਇੱਕ ਢਾਂਚਾ ਨਹੀਂ, ਸਗੋਂ ਭਗਵਾਨ ਦਾਸ ਅਰੋੜਾ ਦੇ ਸੰਘਰਸ਼ਮਈ ਤੇ ਲੋਕ-ਹਿਤੈਸ਼ੀ ਜੀਵਨ ਦੀ ਯਾਦਗਾਰ ਵਜੋਂ ਕੰਮ ਕਰੇਗਾ।ਉਨ੍ਹਾਂ ਕਿਹਾ ਕਿ ਇਹ ਪਾਰਕ ਇਲਾਕਾ ਵਾਸੀਆਂ ਲਈ ਇੱਕ ਹਰਿਆਲੀ ਭਰਿਆ ਸੁੰਦਰ ਸਥਾਨ ਸਾਬਿਤ ਹੋਵੇਗਾ, ਜਿੱਥੇ ਲੋਕ ਸਵੇਰੇ-ਸ਼ਾਮ ਸੈਰ ਕਰਨ ਦੇ ਨਾਲ-ਨਾਲ ਆਪਣਾ ਕੀਮਤੀ ਸਮਾਂ ਵੀ ਬਿਤਾਅ ਸਕਣਗੇ।ਪਾਰਕ ਵਿੱਚ ਬੱਚਿਆਂ ਲਈ ਖੇਡਣ ਦੀਆਂ ਵਿਸ਼ੇਸ਼ ਸਹੂਲਤਾਂ, ਬਜ਼ੁਰਗਾਂ ਲਈ ਬੈਠਣ ਦੀ ਸੁਵਿਧਾ, ਸੁੰਦਰ ਪੈਦਲ ਮਾਰਗ, ਬਾਗਬਾਨੀ ਤੇ ਹੋਰ ਆਧੁਨਿਕ ਵਿਕਾਸੀ ਕੰਮ ਕੀਤੇ ਗਏ ਹਨ।ਕੈਬਨਿਟ ਮੰਤਰੀ ਨੇ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਦੀਆਂ ਬੁਨਿਆਦੀ ਲੋੜਾਂ ਤੇ ਸ਼ਹਿਰੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ।ਉਨ੍ਹਾਂ ਕਿਹਾ ਕਿ ਸੂਬੇ ਵਿੱਚ ਹਰਿਆਵਲੀ ਵਧਾਉਣ, ਜਨਤਕ ਸਥਾਨਾਂ ਨੂੰ ਸੁਧਾਰਨ ਤੇ ਲੋਕਾਂ ਲਈ ਬਿਹਤਰ ਜੀਵਨ ਮਾਹੌਲ ਪ੍ਰਦਾਨ ਕਰਨ ਲਈ ਅਜਿਹੇ ਉਪਰਾਲੇ ਅੱਗੇ ਵੀ ਜਾਰੀ ਰਹਿਣਗੇ।

## ਚੇਅਰਮੈਨ ਭੁੱਚਰ ਨੇ ਲੋਕਾਂ ਦੀਆਂ ਸੁਣੀਆਂ ਸਮੱਸਿਆਵਾਂ

**ਮਾਨਸਾ (ਆਤਮਾ ਸਿੰਘ ਪਮਾਰ)**

ਆਮ ਲੋਕਾਂ ਦੀਆਂ ਮੁਸ਼ਕਲਾਂ ਨੂੰ ਜ਼ਮੀਨੀ ਪੱਧਰ 'ਤੇ ਸੁਣਨ ਤੇ ਉਨ੍ਹਾਂ ਦਾ ਤੁਰੰਤ ਨਿਪਟਾਰਾ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਯੋਜਨਾ ਕਮੇਟੀ ਦੇ ਚੇਅਰਮੈਨ ਗੁਰਪ੍ਰੀਤ ਸਿੰਘ ਭੁੱਚਰ ਵੱਲੋਂ ਆਪਣੇ ਦਫਤਰ 'ਚ ਵਿਸ਼ੇਸ਼ ਮੀਟਿੰਗ ਕੀਤੀ ਗਈ।ਮੀਟਿੰਗ ਦੌਰਾਨ ਵੱਡੀ ਗਿਣਤੀ 'ਚ ਪਹੁੰਚੇ ਲੋਕਾਂ ਨੇ ਚੇਅਰਮੈਨ ਨੂੰ ਆਪਣੀਆਂ ਰੋਜ਼ਮਰ੍ਹਾ ਦੀਆਂ ਤੇ ਵਿਕਾਸ ਕਾਰਜਾਂ ਨਾਲ ਸਬੰਧਤ ਸਮੱਸਿਆਵਾਂ ਤੋਂ ਜਾਣੂ ਕਰਵਾਇਆ।ਇਸ ਮੌਕੇ ਭੁੱਚਰ ਨੇ ਨਾਗਰਿਕਾਂ ਨੂੰ ਦਰਪੇਸ਼ ਸਮੱਸਿਆਵਾਂ ਸੁਣੀਆਂ ਤੇ ਸਬੰਧਤ ਵਿਭਾਗਾਂ ਰਾਹੀਂ ਢੁਕਵੇਂ ਹੱਲ ਦਾ ਭਰੋਸਾ ਵੀ ਦਿੱਤਾ।ਉਨ੍ਹਾਂ ਲੋਕਾਂ ਨੂੰ ਵਿਸ਼ਵਾਸ ਦਵਾਇਆ ਕਿ ਉਨ੍ਹਾਂ ਦੀਆਂ ਸਾਰੀਆਂ ਜਾਇਜ਼ ਮੰਗਾਂ ਤੇ ਸਮੱਸਿਆਵਾਂ ਨੂੰ ਤਰਜੀਹੀ ਅਧਾਰ 'ਤੇ ਹੱਲ ਕੀਤਾ ਜਾਵੇਗਾ। ਚੇਅਰਮੈਨ ਭੁੱਚਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਮੁੱਖ ਮਕਸਦ, ਪ੍ਰਸ਼ਾਸਨ ਨੂੰ ਲੋਕਾਂ ਦੇ ਬੂਹੇ ਤੱਕ ਲੈ ਕੇ ਜਾਣਾ ਹੈ।

## ਮਾਲੇਰਕੋਟਲਾ ਪ੍ਰਸ਼ਾਸਨ ਵੱਲੋਂ ਸਕੂਲੀ ਬੱਸਾਂ ਦੀ ਚੈਕਿੰਗ



**ਮਾਲੇਰਕੋਟਲਾ (ਅਸਗਰ ਪਰਿਹਾਰ)**-ਬੱਚਿਆਂ ਦੀ ਸੁਰੱਖਿਆ ਨੂੰ ਯਕੀਨੀ ਬਣਾਉਣ ਲਈ ਜ਼ਿਲ੍ਹਾ ਪ੍ਰਸ਼ਾਸਨ ਮਾਲੇਰਕੋਟਲਾ ਵੱਲੋਂ ਇੱਕ ਵਿਸ਼ੇਸ਼ ਮੁਹਿੰਮ ਚਲਾਈ ਗਈ।ਵਧੀਕ ਡਿਪਟੀ ਕਮਿਸ਼ਨਰ ਰਾਜਦੀਪ ਸਿੰਘ ਬਰਾੜ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਸੰਧੂ ਦੀ ਅਗਵਾਈ ਵਿੱਚ ਵੱਖ-ਵੱਖ ਸਕੂਲਾਂ ਦੀਆਂ ਬੱਸਾਂ ਦੀ ਬਾਰੀਕੀ ਨਾਲ ਚੈਕਿੰਗ ਕੀਤੀ ਗਈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਹਰਪ੍ਰੀਤ ਕੌਰ ਸੰਧੂ ਅਤੇ ਏ.ਆਰ.ਟੀ.ਓ. ਸ਼ਹਿਨਾਜ਼ ਪ੍ਰਵੀਨ ਨੇ ਦੱਸਿਆ ਕਿ ਸਕੂਲੀ ਵਾਹਨਾਂ ਵਿੱਚ ਨਿਰਧਾਰਤ ਸੁਰੱਖਿਆ ਮਾਪਦੰਡਾਂ ਦੀ ਪਾਲਣਾ ਕਰਨਾ ਬਹੁਤ ਜ਼ਰੂਰੀ ਹੈ, ਕਿਉਂਕਿ ਬੱਚਿਆਂ ਦੀ ਜਾਨ ਨਾਲ ਕੋਈ ਸਮਝੌਤਾ ਨਹੀਂ ਕੀਤਾ ਜਾ ਸਕਦਾ। ਚੈਕਿੰਗ ਦੌਰਾਨ ਬੱਸਾਂ ਦੇ ਦਸਤਾਵੇਜ਼ਾਂ, ਫ਼ਰਸਟ ਏਡ ਬਾਕਸ, ਅੱਗ ਬੁਝਾਊ ਯੰਤਰ, ਸੀ.ਸੀ.ਟੀ.ਵੀ. ਕੈਮਰੇ, ਐਮਰਜੈਂਸੀ ਦਰਵਾਜ਼ੇ ਅਤੇ ਸਪੀਡ ਗਵਰਨਰ ਆਦਿ ਸੁਰੱਖਿਆ ਪ੍ਰਬੰਧਾਂ ਦੀ ਜਾਂਚ ਕੀਤੀ ਗਈ। ਅਧਿਕਾਰੀਆਂ ਨੇ ਦੱਸਿਆ ਕਿ ਜਿਨ੍ਹਾਂ ਸਕੂਲੀ ਬੱਸਾਂ ਵਿੱਚ ਸੁਰੱਖਿਆ ਨਿਯਮਾਂ ਦੀ ਉਲੰਘਣਾ ਜਾਂ ਕਮੀਆਂ ਪਾਈਆਂ ਗਈਆਂ ਹਨ, ਉਨ੍ਹਾਂ ਸਕੂਲ ਪ੍ਰਬੰਧਕਾਂ ਨੂੰ ਨੋਟਿਸ ਜਾਰੀ ਕਰਕੇ 15 ਦਿਨਾਂ ਦੇ ਅੰਦਰ-ਅੰਦਰ ਇਹ ਕਮੀਆਂ ਦੂਰ ਕਰਨ ਦੇ ਸਖ਼ਤ ਨਿਰਦੇਸ਼ ਦਿੱਤੇ ਗਏ ਹਨ।ਉਨ੍ਹਾਂ ਸਪੱਸ਼ਟ ਕੀਤਾ ਕਿ ਭਵਿੱਖ ਵਿੱਚ ਵੀ ਅਜਿਹੀਆਂ ਚੈਕਿੰਗ ਮੁਹਿੰਮਾਂ ਨਿਰੰਤਰ ਜਾਰੀ ਰਹਿਣਗੀਆਂ। ਉਨ੍ਹਾਂ ਸਕੂਲ ਪ੍ਰਬੰਧਕਾਂ ਨੂੰ ਅਪੀਲ ਕੀਤੀ ਕਿ ਉਹ ਵਿਦਿਆਰਥੀਆਂ ਦੀ ਸੁਰੱਖਿਅਤ ਆਵਾਜਾਈ ਲਈ ਆਪਣੀ ਜ਼ਿੰਮੇਵਾਰੀ ਤਨਦੇਹੀ ਨਾਲ ਨਿਭਾਉਣ।ਇਸ ਮੌਕੇ ਟ੍ਰੈਫਿਕ ਇੰਚਾਰਜ ਏ.ਐੱਸ.ਆਈ ਹਰਭਜਨ ਸਿੰਘ ਟ੍ਰੈਫਿਕ ਪੁਲਿਸ ਵਿਭਾਗ, ਲੀਗਲ ਅਫ਼ਸਰ ਬਬੀਤਾ ਕੁਮਾਰੀ, ਆਊਟਰੀਚ ਵਰਕਰ ਕਰਮਵੀਰ ਕੌਰ, ਸੋਸ਼ਲ ਵਰਕਰ ਗੁਰਜੰਟ ਸਿੰਘ ਅਤੇ ਮੀਡੀਆ ਸਹਾਇਕ ਪ੍ਰਗਟ ਸਿੰਘ ਹਾਜ਼ਰ ਸਨ।

## ਪੰਜਾਬ ਸਰਕਾਰ ਖੇਤੀਬਾੜੀ ਫੀਡਰਾਂ ਨੂੰ ਵਾਧੂ ਬਿਜਲੀ ਸਪਲਾਈ ਦੇ ਰਹੀ ਹੈ : ਪਾਵਰਕਾਮ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਤੇ ਪੰਜਾਬ ਦੇ ਬਿਜਲੀ ਮੰਤਰੀ ਤਰੁਨਪ੍ਰੀਤ ਸਿੰਘ ਸੌਂਦ ਦੇ ਨਿਰਦੇਸ਼ਾਂ 'ਤੇ ਕਾਰਵਾਈ ਕਰਦਿਆਂ ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਲਿਮਟਿਡ ਨੇ ਕਿਸਾਨਾਂ ਨੂੰ ਰੋਜ਼ਾਨਾ ਵਾਅਦਾ ਕੀਤੇ 8 ਘੰਟਿਆਂ ਤੋਂ ਵੀ ਵੱਧ ਬਿਜਲੀ ਸਪਲਾਈ ਵਿੱਚ ਮਹੱਤਵਪੂਰਨ ਵਾਧਾ ਕੀਤਾ ਹੈ।ਪੀ.ਐੱਸ.ਪੀ.ਸੀ.ਐੱਲ. ਦੇ ਸੀ.ਐੱਮ.ਡੀ. ਡਾ: ਬਸੰਤ ਗਰਗ ਨੇ ਦੱਸਿਆ ਕਿ ਸੂਬੇ ਵਿੱਚ ਬਿਜਲੀ ਦੀ ਸਥਿਤੀ ਪੂਰੀ ਤਰ੍ਹਾਂ ਆਮ ਹੈ ਤੇ ਪਿਛਲੇ 24 ਘੰਟਿਆਂ ਦੌਰਾਨ ਪੰਜਾਬ ਭਰ ਦੇ ਖੇਤੀਬਾੜੀ ਫੀਡਰਾਂ ਨੂੰ 20 ਘੰਟਿਆਂ ਤੱਕ ਬਿਜਲੀ ਸਪਲਾਈ ਮਿਲੀ ਹੈ।ਉਨ੍ਹਾਂ ਸਪੱਸ਼ਟ ਕੀਤਾ ਕਿ 27 ਤੋਂ 30 ਜੂਨ ਦਰਮਿਆਨ ਸੂਬੇ ਵਿੱਚ ਕੁਝ ਦਿਨਾਂ ਲਈ ਬਿਜਲੀ ਦੀ ਆਰਜ਼ੀ ਕਮੀ ਆਈ ਸੀ, ਜਿਸ ਦੌਰਾਨ ਕੁਝ ਖੇਤੀਬਾੜੀ ਫੀਡਰਾਂ ਨੂੰ ਨਿਰਧਾਰਤ 8 ਘੰਟਿਆਂ ਦੀ ਬਜਾਏ ਸਿਰਫ਼ 6-7 ਘੰਟੇ ਹੀ ਸਪਲਾਈ ਮਿਲੀ।ਸਿਰਫ਼ 1-2 ਘੰਟੇ ਦੀ ਇਹ ਰੁਕਾਵਟ ਭਿਆਨਕ ਗਰਮੀ ਦੌਰਾਨ ਬਿਜਲੀ ਦੀ ਰਿਕਾਰਡ ਮੰਗ (ਜਿਸ ਕਾਰਨ ਐਕਸਚੇਂਜ ਤੇ ਬਿਜਲੀ ਉਪਲਬਧ ਨਹੀਂ ਸੀ) ਅਤੇ ਥਰਮਲ ਪਾਵਰ ਪਲਾਂਟਾਂ ਦੇ ਠੇਕਾ ਮੁਲਾਜ਼ਮਾਂ ਦੀ ਹੜਤਾਲ ਦੇ ਇੱਕੋ ਸਮੇਂ ਪਏ ਪ੍ਰਭਾਵ ਕਾਰਨ ਹੋਈ ਸੀ, ਜਿਸ ਨਾਲ ਬਿਜਲੀ ਉਤਪਾਦਨ ਪ੍ਰਭਾਵਿਤ ਹੋਇਆ ਸੀ।ਇਨ੍ਹਾਂ ਅਸਧਾਰਨ ਹਾਲਾਤਾਂ ਦੇ ਬਾਵਜੂਦ, ਪੀ.ਐੱਸ.ਪੀ.ਸੀ.ਐੱਲ. ਨੇ 6-7 ਘੰਟੇ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਦਿਨ-ਰਾਤ ਕੰਮ ਕੀਤਾ।ਹੁਣ ਹੜਤਾਲ ਵਾਪਸ ਲੈਣ ਤੇ ਥਰਮਲ ਜਨਰੇਟਿੰਗ ਯੂਨਿਟਾਂ ਦੇ ਮੁੜ ਚਾਲੂ ਹੋਣ ਨਾਲ, ਸੂਬੇ ਭਰ ਵਿੱਚ ਬਿਜਲੀ ਦੀ ਆਮ ਸਪਲਾਈ ਪੂਰੀ ਤਰ੍ਹਾਂ ਬਹਾਲ ਕਰ ਦਿੱਤੀ ਗਈ ਹੈ।ਸੀ.ਐੱਮ.ਡੀ. ਨੇ ਦੱਸਿਆ ਕਿ ਮੁੱਖ ਮੰਤਰੀ ਦੇ ਨਿਰਦੇਸ਼ਾਂ 'ਤੇ ਪੀ.ਐੱਸ.ਪੀ.ਸੀ.ਐੱਲ. ਨੇ ਅਸਥਾਈ ਕਮੀ ਦੀ ਪੂਰੀ ਭਰਪਾਈ ਕਰਨ ਲਈ ਪ੍ਰਭਾਵਿਤ ਖੇਤੀਬਾੜੀ ਫੀਡਰਾਂ ਨੂੰ ਵਾਧੂ ਬਿਜਲੀ ਦੇਣੀ ਸ਼ੁਰੂ ਕਰ ਦਿੱਤੀ ਹੈ।ਉਨ੍ਹਾਂ ਦੁਹਰਾਇਆ ਕਿ ਸਰਕਾਰ ਨੇ ਸਪੱਸ਼ਟ ਫੈਸਲਾ ਲਿਆ ਹੈ ਕਿ ਕਿਸੇ ਦੇ ਵੀ ਕਾਬੂ ਤੋਂ ਬਾਹਰ ਵਾਲੀ ਅਸਧਾਰਨ ਸਥਿਤੀ ਦਾ ਬੋਝ ਕਿਸਾਨਾਂ 'ਤੇ ਨਹੀਂ ਪੈਣ ਦਿੱਤਾ ਜਾਵੇਗਾ।ਉਨ੍ਹਾਂ ਕਿਹਾ ਕਿ ਪੀ.ਐੱਸ.ਪੀ.ਸੀ.ਐੱਲ. ਨੇ ਚੱਲ ਰਹੇ ਝੋਨੇ ਦੇ ਸੀਜ਼ਨ ਦੌਰਾਨ ਭਰੋਸੇਯੋਗ ਬਿਜਲੀ ਸਪਲਾਈ ਯਕੀਨੀ ਬਣਾਉਣ ਲਈ ਵਿਸ਼ੇਸ਼ ਸੰਚਾਲਨ ਪ੍ਰਬੰਧ ਕੀਤੇ ਹਨ।ਕਿਸਾਨ ਭਾਈਚਾਰੇ ਪ੍ਰਤੀ ਆਪਣੀ ਵਚਨਬੱਧਤਾ ਨੂੰ ਦੁਹਰਾਉਂਦੇ ਹੋਏ ਪੰਜਾਬ ਸਰਕਾਰ ਨੇ ਕਿਹਾ ਕਿ ਕਿਸਾਨਾਂ ਦੇ ਹਿੱਤਾਂ ਦੀ ਰਾਖੀ ਕਰਨਾ ਉਸ ਦੀ ਸਭ ਤੋਂ ਵੱਡੀ ਤਰਜੀਹ ਹੈ।

## ਖੰਨਾ ਪੁਲਸ ਦਾ ਐਕਸ਼ਨ ਮੋਡ : 150 ਗੈਰ-ਕਾਨੂੰਨੀ ਬੁਲੇਟ ਸਾਈਲੈਂਸਰਾਂ 'ਤੇ ਚੱਲਿਆ ਬੁਲਡੋਜ਼ਰ, ਪਟਾਕਿਆਂ ਦੀ ਆਵਾਜ਼ 'ਤੇ ਲੱਗੇਗੀ ਪੂਰੀ ਰੋਕ

**ਖੰਨਾ (ਸੁਖਵਿੰਦਰ ਸਿੰਘ ਭਾਦਲਾ)**

ਪੁਲਸ ਜ਼ਿਲ੍ਹਾ ਖੰਨਾ ਨੇ ਗੈਰ-ਕਾਨੂੰਨੀ ਸਾਈਲੈਂਸਰ ਲਗਾ ਕੇ ਬੁਲੇਟ ਮੋਟਰਸਾਈਕਲਾਂ ਤੋਂ ਪਟਾਕਿਆਂ ਦੀ ਆਵਾਜ਼ ਕੱਢਣ ਵਾਲਿਆਂ ਖ਼ਿਲਾਫ਼ ਵੱਡੀ ਮੁਹਿੰਮ ਚਲਾਉਂਦਿਆਂ ਇੱਕ ਹਫ਼ਤੇ ਦੌਰਾਨ ਕਰੀਬ 150 ਗੈਰ-ਕਾਨੂੰਨੀ ਸਾਈਲੈਂਸਰ ਜ਼ਬਤ ਕਰਕੇ ਅਮਲੋਹ ਚੌਕ ਵਿੱਚ ਜਨਤਕ ਤੌਰ 'ਤੇ ਬੁਲਡੋਜ਼ਰ ਹੇਠ ਨਸ਼ਟ ਕਰ ਦਿੱਤੇ। ਇਸ ਕਾਰਵਾਈ ਨਾਲ ਖੰਨਾ ਪੁਲਸ ਨੇ ਸਪੱਸ਼ਟ ਸੰਦੇਸ਼ ਦਿੱਤਾ ਹੈ ਕਿ ਕਾਨੂੰਨ ਦੀ ਉਲੰਘਣਾ ਕਰਨ ਵਾਲਿਆਂ ਨੂੰ ਕਿਸੇ ਵੀ ਹਾਲਤ ਵਿੱਚ ਬਖ਼ਸ਼ਿਆ ਨਹੀਂ ਜਾਵੇਗਾ।

ਸੀਨੀਅਰ ਪੁਲਸ ਕਪਤਾਨ ਡਾ. ਦਰਪਣ ਆਹਲੂਵਾਲੀਆ (ਆਈ.ਪੀ.ਐੱਸ.) ਦੀ ਅਗਵਾਈ ਹੇਠ ਚਲਾਈ ਗਈ ਇਸ ਵਿਸ਼ੇਸ਼ ਮੁਹਿੰਮ ਦੌਰਾਨ ਜ਼ਿਲ੍ਹੇ ਭਰ ਵਿੱਚ ਸੈਂਕੜੇ ਵਾਹਨਾਂ ਦੇ ਚਲਾਨ ਵੀ ਕੀਤੇ ਗਏ। ਐੱਸ.ਐੱਸ.ਪੀ. ਨੇ ਦੱਸਿਆ ਕਿ ਪੁਲਸ ਨੂੰ ਲਗਾਤਾਰ ਸ਼ਿਕਾਇਤਾਂ ਮਿਲ ਰਹੀਆਂ ਸਨ ਕਿ ਕੁਝ ਨੌਜਵਾਨ ਬੁਲੇਟ ਮੋਟਰਸਾਈਕਲਾਂ 'ਤੇ ਗੈਰ-ਕਾਨੂੰਨੀ ਸਾਈਲੈਂਸਰ ਲਗਾ ਕੇ ਉੱਚੀ ਆਵਾਜ਼ ਨਾਲ ਪਟਾਕੇ ਮਾਰਦੇ ਹਨ, ਜਿਸ ਕਾਰਨ ਆਮ ਲੋਕਾਂ, ਖ਼ਾਸ ਕਰਕੇ ਔਰਤਾਂ, ਬਜ਼ੁਰਗਾਂ, ਦਿਲ ਦੇ ਮਰੀਜ਼ਾਂ, ਛੋਟੇ ਬੱਚਿਆਂ ਤੇ ਵਿਦਿਆਰਥੀਆਂ ਨੂੰ ਭਾਰੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ।ਉਨ੍ਹਾਂ ਕਿਹਾ ਕਿ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਗੰਭੀਰਤਾ ਨਾਲ ਲੈਂਦਿਆਂ ਟ੍ਰੈਫਿਕ ਪੁਲਸ ਨੂੰ ਵਿਸ਼ੇਸ਼ ਮੁਹਿੰਮ ਚਲਾਉਣ ਦੇ ਨਿਰਦੇਸ਼ ਦਿੱਤੇ ਗਏ ਸਨ, ਜਿਸ ਦੇ ਨਤੀਜੇ ਵਜੋਂ ਵੱਡੀ ਗਿਣਤੀ ਵਿੱਚ ਗੈਰ-ਕਾਨੂੰਨੀ ਸਾਈਲੈਂਸਰ ਜ਼ਬਤ ਕੀਤੇ ਗਏ।ਅੱਜ ਇਨ੍ਹਾਂ ਸਾਈਲੈਂਸਰਾਂ ਨੂੰ ਜਨਤਕ ਤੌਰ 'ਤੇ ਨਸ਼ਟ ਕਰਕੇ ਲੋਕਾਂ ਨੂੰ ਇਹ ਸੰਦੇਸ਼ ਦਿੱਤਾ ਗਿਆ ਕਿ ਅਜਿਹੀਆਂ ਗੈਰ-ਕਾਨੂੰਨੀ ਹਰਕਤਾਂ ਕਿਸੇ ਵੀ ਕੀਮਤ 'ਤੇ ਬਰਦਾਸ਼ਤ ਨਹੀਂ ਕੀਤੀਆਂ ਜਾਣਗੀਆਂ।ਡਾ. ਦਰਪਣ ਆਹਲੂਵਾਲੀਆ ਨੇ ਕਿਹਾ ਕਿ ਇਹ ਮੁਹਿੰਮ ਇੱਥੇ ਹੀ ਨਹੀਂ ਰੁਕੇਗੀ।ਅਗਲੇ ਪੜਾਅ ਵਿੱਚ ਉਨ੍ਹਾਂ ਵਰਕਸ਼ਾਪਾਂ, ਗੈਰਾਜਾਂ ਤੇ ਮਕੈਨਿਕਾਂ ਖ਼ਿਲਾਫ਼ ਵੀ ਸਖ਼ਤ ਕਾਰਵਾਈ ਕੀਤੀ ਜਾਵੇਗੀ ਜੋ ਗੈਰ-ਕਾਨੂੰਨੀ ਸਾਈਲੈਂਸਰ ਲਗਾਉਣ ਜਾਂ ਵਾਹਨਾਂ ਦੀ ਗੈਰ-ਕਾਨੂੰਨੀ ਮੋਡੀਫਿਕੇਸ਼ਨ ਕਰਨ ਵਿੱਚ ਸ਼ਾਮਲ ਹਨ। ਅਜਿਹੇ ਲੋਕਾਂ ਖ਼ਿਲਾਫ਼ ਕਾਨੂੰਨੀ ਕਾਰਵਾਈ ਦੇ ਨਾਲ ਮੁਕੱਦਮੇ ਵੀ ਦਰਜ ਕੀਤੇ ਜਾਣਗੇ।ਐੱਸ.ਐੱਸ.ਪੀ. ਨੇ ਮਾਪਿਆਂ ਨੂੰ ਵੀ ਅਪੀਲ ਕੀਤੀ ਕਿ ਉਹ ਆਪਣੇ ਬੱਚਿਆਂ ਨੂੰ ਟ੍ਰੈਫਿਕ ਨਿਯਮਾਂ ਦੀ ਪਾਲਣਾ ਕਰਨ ਲਈ ਪ੍ਰੇਰਿਤ ਕਰਨ ਤੇ ਉਨ੍ਹਾਂ ਨੂੰ ਗੈਰ-ਕਾਨੂੰਨੀ ਸਾਈਲੈਂਸਰ ਲਗਾ ਕੇ ਪਟਾਕੇ ਮਾਰਨ ਵਰਗੀਆਂ ਹਰਕਤਾਂ ਤੋਂ ਦੂਰ ਰੱਖਣ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਕੋਈ ਨਾਬਾਲਗ ਅਜਿਹੀ ਉਲੰਘਣਾ ਕਰਦਾ ਮਿਲਿਆ ਤਾਂ ਕਾਨੂੰਨ ਅਨੁਸਾਰ ਉਸ ਦੇ ਮਾਪਿਆਂ ਖ਼ਿਲਾਫ਼ ਵੀ ਕਾਰਵਾਈ ਹੋ ਸਕਦੀ ਹੈ।ਸ਼ਹਿਰ ਵਾਸੀਆਂ ਨੇ ਖੰਨਾ ਪੁਲਸ ਦੀ ਇਸ ਕਾਰਵਾਈ ਦਾ ਸਵਾਗਤ ਕਰਦਿਆਂ ਕਿਹਾ ਕਿ ਗੈਰ-ਕਾਨੂੰਨੀ ਸਾਈਲੈਂਸਰਾਂ ਦੀ ਉੱਚੀ ਆਵਾਜ਼ ਕਾਰਨ ਲੋਕ ਲੰਬੇ ਸਮੇਂ ਤੋਂ ਪ੍ਰੇਸ਼ਾਨ ਸਨ ਤੇ ਪੁਲਸ ਦੀ ਇਹ ਪਹਿਲ ਸਮੇਂ ਦੀ ਲੋੜ ਸੀ।ਉਨ੍ਹਾਂ ਆਸ ਪ੍ਰਗਟਾਈ ਕਿ ਇਸ ਨਾਲ ਨੌਜਵਾਨਾਂ ਵਿੱਚ ਟ੍ਰੈਫਿਕ ਨਿਯਮਾਂ ਦੀ ਪਾਲਣਾ ਪ੍ਰਤੀ ਜਾਗਰੂਕਤਾ ਵਧੇਗੀ ਤੇ ਆਵਾਜ਼ ਪ੍ਰਦੂਸ਼ਣ 'ਤੇ ਵੀ ਰੋਕ ਲੱਗੇਗੀ।ਇਸ ਮੌਕੇ ਡੀ.ਐੱਸ.ਪੀ. ਟ੍ਰੈਫਿਕ ਕਰਮਵੀਰ ਸਿੰਘ ਤੂਰ, ਟ੍ਰੈਫਿਕ ਇੰਚਾਰਜ ਕੁਲਜੀਤ ਸਿੰਘ ਤੇ ਟ੍ਰੈਫਿਕ ਪੁਲਸ ਦੇ ਹੋਰ ਅਧਿਕਾਰੀ ਵੀ ਹਾਜ਼ਰ ਸਨ।

## ਕੇਂਦਰ ਸਰਕਾਰ ਡੀਜ਼ਲ ਤੇ ਪੈਟਰੋਲ ਕੀਮਤਾਂ 'ਚ ਵਾਧਾ ਵਾਪਸ ਲਵੇ : ਸੁਰਜੀਤ ਥਿੰਦ



**ਦੇਵੀਗੜ੍ਹ/ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਟਰੱਕ ਯੂਨੀਅਨ ਦੇਵੀਗੜ੍ਹ ਦੇ ਚੇਅਰਮੈਨ ਸੁਰਜੀਤ ਸਿੰਘ ਥਿੰਦ ਨੇ ਪ੍ਰੈੱਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਕੇਂਦਰ ਸਰਕਾਰ ਵੱਲੋਂ ਪਿਛਲੇ ਸਮੇਂ ਡੀਜ਼ਲ ਤੇ ਪੈਟਰੋਲ ਦੀਆਂ ਕੀਮਤਾਂ 'ਚ ਜੋ ਵਾਧਾ ਕੀਤਾ ਗਿਆ ਸੀ, ਉਸ ਨੂੰ ਕੇਂਦਰ ਸਰਕਾਰ ਵਾਪਸ ਲਵੇ। ਉਨ੍ਹਾਂ ਕਿਹਾ ਕਿ ਈਰਾਨ ਅਮਰੀਕਾ ਜੰਗ ਕਾਰਨ ਤੇਲ ਦੀਆਂ ਕੀਮਤਾਂ ਵਿੱਚ ਵਾਧਾ ਕੀਤਾ ਗਿਆ ਸੀ, ਪ੍ਰੰਤੂ ਹੁਣ ਇਨ੍ਹਾਂ ਦੇਸ਼ਾਂ ਦੀ ਲੜਾਈ ਬੰਦ ਹੋਣ ਕਾਰਨ ਤੇਲ ਦੀਆਂ ਕੀਮਤਾਂ ਵਿਸ਼ਵ ਪੱਧਰ 'ਤੇ ਘਟ ਗਈਆਂ ਹਨ, ਜਿਸ ਦਾ ਸਿੱਧਾ ਫ਼ਾਇਦਾ ਤੇਲ ਕੰਪਨੀਆਂ ਨੂੰ ਹੋ ਰਿਹਾ ਹੈ ਤੇ ਇਹ ਤੇਲ ਦੀਆਂ ਕੀਮਤਾਂ ਵਿੱਚ ਗਿਰਾਵਟ ਆਉਣ ਦੇ ਬਾਵਜੂਦ ਦੇਸ਼ ਵਾਸੀਆਂ ਨੂੰ ਮਹਿਗੇ ਭਾਅ ਵੇਚ ਕੇ ਮੁਨਾਫ਼ਾ ਕਮਾ ਰਹੀਆਂ ਹਨ। ਥਿੰਦ ਨੇ ਕਿਹਾ ਕਿ ਪੰਜਾਬ 'ਚ ਝੋਨੇ ਦੀ ਲਵਾਈ ਦਾ ਜ਼ੋਰ ਪੈ ਗਿਆ ਹੈ ਤੇ ਸਰਕਾਰ ਵੱਲੋਂ ਤੇਲ ਦੇ ਰੇਟ ਨਾ ਘਟਾਉਣ ਕਾਰਨ ਟਰੱਕ ਆਪ੍ਰੇਟਰਾਂ ਤੇ ਕਿਸਾਨਾਂ ਨੂੰ ਭਾਰੀ ਵਿੱਤੀ ਨੁਕਸਾਨ ਉਠਾਉਣਾ ਪੈ ਰਿਹਾ ਹੈ। ਥਿੰਦ ਨੇ ਕਿਹਾ ਕਿ ਨੇਪਾਲ ਸਮੇਤ ਜਿਹੜੇ ਹੋਰ ਦੇਸ਼ ਭਾਰਤ ਤੋਂ ਡੀਜ਼ਲ ਤੇ ਪੈਟਰੋਲ ਲੈਂਦੇ ਹਨ, ਉਨ੍ਹਾਂ ਦੇਸ਼ਾਂ 'ਚ ਭਾਰਤ ਨਾਲੋਂ ਤਕਰੀਬਨ ਅੱਧੇ ਮੁੱਲ 'ਤੇ ਆਪਣੇ ਦੇਸ਼ ਦੀ ਜਨਤਾ ਨੂੰ ਡੀਜ਼ਲ ਤੇ ਪੈਟਰੋਲ ਦੇ ਰਹੇ ਹਨ।ਉਨ੍ਹਾਂ ਕਿਹਾ ਕਿ ਜੇਕਰ ਛੋਟੇ-ਛੋਟੇ ਦੇਸ਼ ਘੱਟ ਕੀਮਤ 'ਤੇ ਤੇਲ ਦੇ ਸਕਦੇ ਹਨ ਤਾਂ ਭਾਰਤ ਕਿਉਂ ਨਹੀਂ ਦੇ ਸਕਦਾ।ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦੀ ਸਰਕਾਰ ਵਪਾਰੀ ਦਾ ਪੱਖ ਪੂਰਦੀ ਹੈ, ਇਸ ਨਾਲ ਵੀ ਕਿਸਾਨਾਂ ਦੀ ਜੇਬ ਉੱਪਰ ਡੂੰਘਾ ਅਸਰ ਪਿਆ ਹੈ।


**ITC LIMITED, FOODS DIVISION**
**Plot Nos A-1-A& A-1-B, MUIP, Jhalthikriwal, Kapurthala 144601 (Punjab)**
Enduring Value
Invites Expression of interest for buying process waste &scrap materials mentioned below from Biscuits,Atta, Snacks & Noodles and Beveragesunits.

Non-Plastic waste: -
1. Biscuits Dough 2. Biscuits Dust 3. Meal Waste 4. Maida Waste (Floor Sweep) 5. Crushed Collette – Fried 6. Crushed Collette – Unfried 7. Steamed Dough Noodles 8. Crushed waste of noodles 9. Carton Waste 10. Paper/Paper Core Scrap 11.M.S. Open Top Empty Barrels with lid and ring 200-300 Kg Cap. 12.Skimmed Oil waste from fat trap/drainage 13.Wooden Waste 14.Aluminium waste 15.MS Waste 16.SS Waste 17.Waste Oily & Burnt Noodles 18.De Oiled Crushed noodles 19.Scrap of Galvanized Iron (GI) 20.Scrap Puff Panels 21.Scrap of Roofing Sheets 22. Wet Sludge mechanical separator 23. Wheat bran 24. Emery bran 25. Gunny bags 26. Broken wheat 27. Sweeping Atta 28. Dust (Mitti, Bhusa, Barik Kaladana) 29. Protein Dairy (Dairy products) 30. Waste Chunk bites 31. Waste Almond 32. Waste Dehydrated products 33. Waste Juice power/Concentrate 34. Waste chemicalfood ingredients etc.
Plastic waste: -
1. Plastic Core Scrap2. Meal Bag 50 Kg Cap 3.Empty bag HDPE bag 50kg Capacity (Maida, SMP etc) 4.Other HDPE bags / 25 KG Capacity 5.Empty Sugar bag HDPE 50Kg6. Poly Scrap Clean 7. Waste Plastic Sleeve 8.Laminate Waste Shredded 9.Plastic Can 5 kg to 65 Kg Capacity 10.Plastic Barrels/Drum11.PET Bottle waste/Shredded Pet Bottle Scrap 12. Misc Garbage mixed poly Scrap13. Shrinkfilm 14. Laminate Waste Slitted 15. Torn HDPE Bags15. PET preform waste 16. Slitting laminate

Note:
1. Expression of interests (EOI) are invited from the parties holding valid approvals from Punjab State Pollution Control Board, approvals and registration under PF, ESI, GST and other applicable Laws. EOI should be addressed to Unit Finance Manager, ITC Limited, Foods Division, Plot Nos A-1-A & A-1-B, MUIP, Jhalthikriwal, Kapurthala 144601 (Punjab).
2. Shortlisted parties shall be allowed for participating in the E-auction bidding process for waste sale contract. The parties shall be communicated bank details through E-mail for deposit of Earnest money deposit of Rs 5 lakhs into ITC Limited Bank A/c before start of E-auction (For Non-Plastic waste) and for Plastic waste Earnest money deposit of Rs 2 Lakhs. EMD is to be submitted latest by 12thJuly 2026 along with a copy of PAN Card, GST Registration certificate and valid approvals mentioned above. The earnest money shall be refunded or adjusted with security deposit post finalisation of contract. Earnest money deposit shall be forfeited in case the selected party fails to enter into waste sale contract post E-auction. Company reserves the right to discard any of the EOI without assigning any reason.
3. Detailed list of scrap items along with quantities and detailed terms & conditions will be shared during the site visit or through E-mail by our action partner.
4. Selected customer shall deploy tractor and trollies for movement of scrap from units to central scrap yard, Grinder, Slitting and crushing machines for process wastes & laminates, manpower for Segregation of mixed material and loading of Scrap materials. Scrapitems can be inspected on all working days from 6thJuly 2026 to 11thJuly2026 between10 AM to 05 PM at the factory.



**ਉੱਤਰ ਰੇਲਵੇ**

**ਵਿਸ਼ਾ: ਸਿਗਨਲ ਅਤੇ ਟੇਲੀਕਾਮ ਵਿਭਾਗ, ਫਿਰੋਜਪੁਰ ਮੰਡਲ ਉਤਰ ਰੇਲਵੇ ਵਿਚ ਰਿਟਾਇਰ ਕਰਮਚਾਰੀਆਂ ਨੂੰ ਮੁੜ ਨਿਯੁਕਤੀ ਦੇ ਸਬੰਧ ਵਿਚ।**

**ਸੰਦਰਭ: ਰੇਲਵੇ ਬੋਰਡ ਆਰਬੀਈ ਨੰਬਰ 96/2024 ਅਤੇ 55/2025**

ਉਪਰ ਦਿਤੇ ਵਿਸ਼ੇ ਅਤੇ ਸੰਦਰਭ ਦੇ ਅਨੁਸਾਰ ਇਹ ਫੈਸਲਾ ਲਿਆ ਗਿਆ ਹੈ ਕਿ ਸਿਗਨਲ ਅਤੇ ਟੇਲੀਕਾਮ ਵਿਭਾਗ, ਫਿਰੋਜ਼ਪੁਰ ਮੰਡਲ ਉਤਰ ਰੇਲਵੇ ਵਿਚ ਮਾਸਿਕ ਮਿਹਨਤਾਨਾ ਦੇ ਆਧਾਰ ਉਤੇ ਰਿਟਾਇਰ ਕਰਮਚਾਰੀਆਂ ਨੂੰ ਮੁੜ ਨਿਯੁਕਤੀ ਦੇ ਦੁਆਰਾ ਵਖ-ਵਖ ਪਦਾਂ ਨੂੰ ਭਰਿਆ ਜਾਣਾ ਹੈ। ਕਲਾਸ (ਕੈਟੇਗਰੀ) ਅਤੇ ਖਾਲੀ ਅਹੁਦਿਆਂ ਦਾ ਵੇਰਵਾ ਹੇਠਾਂ ਅਨੁਸਾਰ ਹੈ:-

| ਲੜੀ ਨੰ. | ਵਿਭਾਗ | ਕਲਾਸ | ਲੇਵਲ | ਅਸਾਮੀ |
|---|---|---|---|---|
| 1. | ਸਿਗਨਲ | ਸਿਗਨਲ ਮੇਂਟੇਨਰ-। | ਲੇਵਲ-05 | 12 |
| 2. | ਸਿਗਨਲ ਅਤੇ ਟੇਲੀਕਾਮ | ਸਹਾਇਕ/ S&T | ਲੇਵਲ-01 | 08 |
| ਕੁਲ ਖਾਲੀ ਅਸਾਮੀ-ਵੀਹ (20) | | | | |

ਮੁੜ ਨਿਯੁਕਤੀ ਦੀਆਂ ਸ਼ਰਤਾਂ ਹੇਠਾਂ ਅਨੁਸਾਰ ਹਨ:-

1. ਉਕਤ ਅਸਾਮੀਆਂ ਦੇ ਲਈ ਸਿਰਫ ਉਹੀ ਕਰਮਚਾਰੀ ਦਰਖਾਸਤ ਕਰਨ ਦੇ ਯੋਗ ਹਨ, ਜੋ ਸਾਧਾਰਨ ਰੂਪ ਨਾਲ ਸਿਗਨਲ-। ਜਾਂ ਸਹਾਇਕ/ ਸਿਗਨਲ ਅਤੇ ਟੇਲੀਕਾਮ ਅਹੁਦੇ ਤੋਂ ਰਿਟਾਇਰ ਹੋਏ ਹੋਣ।
2. ਮੁੜ ਨਿਯੁਕਤੀ ਅਸਲ ਵਿਚ 65 ਸਾਲ ਦੀ ਉਮਰ ਤਕ ਜਾਂ ਆਰ.ਆਰ.ਬੀ./ਆਰ.ਆਰ. ਸੀ./ ਵਿਭਾਗੀ ਚੋਣਾਂ ਦੇ ਮਾਧਿਅਮ ਨਾਲ ਰੈਗੂਲਰ ਰੂਪ ਨਾਲ ਚੁਣੇ ਉਮੀਦਵਾਰਾਂ ਦੁਆਰਾ, ਜੋ ਵੀ ਪਹਿਲਾ ਹੋਣ ਭਰੀ ਜਾਣਗੀਆਂ।
3. ਸਾਰੇ ਰਿਟਾਇਰ ਰੇਲ ਕਰਮਚਾਰੀ, ਜਿਨ੍ਹਾਂ ਨੇ ਅਧਿਸੂਚਨਾ ਦੀ ਅੰਤਮ ਮਿਤੀ ਹੋਣ ਤਕ 64 ਸਾਲ 6 ਮਹੀਨੇ ਦੀ ਉਮਰ ਪੂਰੀ ਨਾ ਕੀਤੀ ਹੋਵੇ, (ਇਹ ਯਕੀਨੀ ਕਰਨ ਕਿ ਮੁੜ ਨਿਯੁਕਤੀ ਦੇ ਬਾਅਦ 6 ਮਹੀਨੇ ਦੀ ਸੇਵਾ ਬਾਕੀ ਹੋਵੇ)। ਮੁੜ ਨਿਯੁਕਤੀ ਦੇ ਉਦੇਸ਼ ਦੇ ਲਈ ਯੋਗ ਹਨ।
4. ਮੁੜ ਨਿਯੁਕਤੀ ਰਿਟਾਇਰ ਰੇਲਵੇ ਕਰਮਚਾਰੀਆਂ ਨੂੰ ਇਕ ਮਹੀਨੇ ਦੇ ਨੋਟਿਸ ਦੇਣ ਦੇ ਬਾਅਦ ਉਨ੍ਹਾਂ ਦੀਆਂ ਸੇਵਾਵਾਂ ਨੂੰ ਸਮਾਪਤ ਕੀਤਾ ਜਾ ਸਕਦਾ ਹੈ।
5. ਕਰਮਚਾਰੀ ਜਿਨ੍ਹਾਂ ਨੇ ਅਨੁਸ਼ਾਸਨ ਅਤੇ ਅਪੀਲ ਨਿਯਮਾਂ (D&AR) ਦੀ ਕਾਰਵਾਈ ਨਾਲ ਜਾਂ ਸਮੀਖਿਆ (ਰਿਵਿਊ) ਰਿਮੂਵ ਕੀਤਾ ਗਿਆ ਹੈ, ਡਿਸਮਿਸ ਕੀਤਾ ਗਿਆ ਹੈ ਜਾਂ ਜਰੂਰੀ ਤੌਰ ਤੇ ਰਿਟਾਇਰ ਕੀਤਾ ਗਿਆ ਹੈ ਅਤੇ ਐਸੇ ਕਰਮਚਾਰੀ ਜਿਨ੍ਹਾਂ ਨੇ ਸਵੈ ਇਛੁਕ ਰਿਟਾਇਰਮੈਂਟ ਲਈ ਹੈ, ਮੁੜ ਨਿਯੁਕਤੀ ਦੇ ਲਈ ਯੋਗ ਨਹੀਂ ਹਨ।
6. ਰਿਟਾਇਰ ਰੇਲਵੇ ਕਰਮਚਾਰੀਆਂ ਦਾ ਮਾਸਿਕ ਮਿਹਨਤਾਨਾ ਮੁੜ ਨਿਯੁਕਤੀ ਦੇ ਬਾਅਦ ਆਰਬੀਆਈ ਨੰਬਰ 96/2024 ਦੇ ਅਨੁਸਾਰ ਤੈਅ ਕੀਤਾ ਜਾਵੇਗਾ।
7. ਕਰਮਚਾਰੀ ਜਿਸ ਨੂੰ ਮੁੜ ਨਿਯੁਕਤੀ ਕੀਤਾ ਜਾਏਗਾ, ਉਹ ਮੁੜ ਨਿਯੁਕਤੀ ਦੀਆਂ ਸਾਰੀਆਂ ਸ਼ਰਤਾਂ ਅਤੇ ਨਿਯਮਾਂ ਨੂੰ ਮੰਨਣ ਦੇ ਸਬੰਧ ਵਿਚ ਇਕ ਕਰਾਰ (DEED) ਕਰੇਗਾ।
8. ਮੁੜ ਨਿਯੁਕਤੀ ਉਸ ਡਾਕਟਰੀ ਸਵਾਸਥ ਤੇ ਆਧਾਰਿਤ ਹੋਵੇਗੀ ਜਿਸ ਨੂੰ ਕੇਟੇਗਰੀ (ਸ਼੍ਰੇਣੀ) ਵਿਚ ਕਰਮਚਾਰੀਆਂ ਨੂੰ ਮੁੜ ਨਿਯੁਕਤੀ ਕੀਤਾ ਜਾ ਰਿਹਾ ਹੈ।
9. ਜਿਸ ਰਿਟਾਇਰ ਕਰਮਚਾਰੀ ਦੀ ਮੁੜ ਨਿਯੁਕਤੀ ਕੀਤੀ ਜਾਵੇਗੀ, ਉਹ ਵਿਜੀਲੈਂਸ ਅਤੇ ਅਨੁਸ਼ਾਸਨ ਅਤੇ ਅਪੀਲ ਨਿਯਮ ਦੇ ਪ੍ਰਕਰਨਾਂ ਤੋਂ ਮੁਕਤ ਹੋਵੇ।
10. ਦਰਖਾਸਤ ਦੀ ਉਪਯੁਕਤਾ/ਸਮਰਥਾ ਉਨ੍ਹਾਂ ਦੀ ਮੁੜ ਨਿਯੁਕਤੀ ਤੋਂ ਪਹਿਲਾਂ ਵਿਨਿਰਨੀਤ ਕੀਤੀ ਜਾਵੇਗੀ।
11. ਮੁੜ ਨਿਯੁਕਤ ਕਰਮਚਾਰੀ ਦੇ ਡਿਊਟੀ ਘੰਟੇ ਸਮਰਥ ਪ੍ਰਾਧਿਕਾਰੀ ਦੁਆਰਾ ਪਦ ਦੀ ਕੰਮ ਹਲਾਤਾਂ ਦੇ ਅਨੁਸਾਰ ਤੈਅ ਕੀਤੇ ਜਾਣਗੇ।
12. ਦਰਖਾਸਤਕਾਰ ਨੂੰ ਆਪਣੇ ਦਰਖਾਸਤ ਦੇ ਨਾਲ ਹੇਠਾਂ ਲਿਖਤ ਦਸਤਾਵੇਜਾਂ ਦੀਆਂ ਕਾਪੀਆਂ ਨਥੀ ਕਰਨੀਆਂ ਹੋਣਗੀਆਂ:- (ਕ) ਸੇਵਾ ਪ੍ਰਮਾਣ ਪੱਤਰ (ਖ) ਪੇਂਸ਼ਨ ਪਹਿਚਾਨ-ਪੱਤਰ (ਗ)ਪੇਂਸ਼ਨ ਭੁਗਤਾਨ ਆਦੇਸ਼ (PPO) (ਘ) ਬੈਂਕ ਪਾਸਬੁਕ (ਪਹਿਲਾ ਪੇਜ) (ਙ) ਪਾਸਪੋਰਟ ਸਾਈਜ ਕਲਰ ਫੋਟੋ (03 ਕਾਪੀ ਇੰਟਰਵਿਊ ਦੇ ਸਮੇਂ ਉਤੇ)
13. ਰਿਟਾਇਰ ਰੇਲਵੇ ਕਰਮਚਾਰੀ 08.07.2026 ਤਕ ਨਥੀ ਫਾਰਮੈਟ ਵਿਚ ਮੁੜ ਨਿਯੁਕਤੀ ਲਈ ਦਰਖਾਸਤ ਕਰ ਸਕਦੇ ਹਨ। (ਜਿਸ ਸ਼੍ਰੇਣੀ ਵਿਚ ਕਰਮਚਾਰੀ ਰਿਟਾਇਰ ਹੋਏ ਹਨ) ਅਤੇ ਮੰਡਲ ਦਫਤਰ ਫਿਰੋਜਪੁਰ ਦੀ ਕਾਰਮਿਕ ਬ੍ਰਾਂਚ ਦੇ ਸਿੰਗਲ ਵਿੰਡੋ ਦੇ ਮਾਧਿਅਮ ਨਾਲ ਮਿਤੀ 08.07.2026 ਤਕ ਜਮ੍ਹਾ ਕਰਵਾ ਸਕਦੇ ਹਨ। ਰਿਟਾਇਰ ਬਿਨੈਕਾਰ ਨੂੰ ਲਿਫਾਫੇ ਉਤੇ **"ਰਿਟਾਇਰ ਸਿਗਨਲ ਮੇਂਟੇਨਰ-। ਜਾਂ ਸਹਾਇਕ / ਸਿਗਨਲ ਅਤੇ ਟੇਲੀਕਾਮ ਦੇ ਪਦਾਂ ਤੇ ਮੁੜ ਨਿਯੁਕਤੀ ਦੇ ਲਈ ਦਰਖਾਸਤ"** ਲਿਖਿਆ ਹੋਣਾ ਚਾਹੀਦਾ।
14. ਇਹ ਸਕੀਮ ਆਗਾਮੀ ਆਦੇਸ਼ਾਂ ਤਕ ਵੈਲਿਡ ਹੈ।
15. ਰਿਟਾਇਰ ਸਿਗਨਲ ਮੇਂਟੇਨਰ-। ਜਾਂ ਸਹਾਇਕ / ਸਿਗਨਲ ਅਤੇ ਟੇਲੀਕਾਮ ਦਾ ਰਿਟਾਇਰਮੈਂਟ ਤੋਂ ਪਿਛਲੇ 05 ਸਾਲਾਂ ਵਿਚ ਕੋਈ ਸਜਾ ਦੇਅ ਨਾ ਹੋਵੇ। ਅਧਿਸੂਚਨਾ ਨੂੰ ਨੋਟਿਸ ਬੋਰਡ ਤੇ ਪ੍ਰਦਰਸ਼ਿਤ ਕਰਕੇ ਅਤੇ ਰਿਟਾਇਰ ਰੇਲ ਕਰਮਚਾਰੀਆਂ ਵਿਚ ਇਸ ਦਾ ਵਿਆਪਕ ਪ੍ਰਚਾਰ ਕੀਤਾ ਜਾਏਗਾ।

**ਪੱਤਰ ਨੰਬਰ: 294-ਈ/34/ਐਸਐਂਡਟੀ / ਰੀਏਂਗੇਜਮੇਂਟ/ਪੀ-3**
**ਮਿਤੀ 09.06.2026**
2272/2026
ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

# ਦਲਿਤ ਤੇ ਪਛੜੇ ਵਰਗਾਂ ਦਾ ਰਾਖਵਾਂਕਰਨ ਵਿਰੋਧੀ ਨੀਤੀਆਂ ਨੂੰ ਬਸਪਾ ਬਰਦਾਸ਼ਤ ਨਹੀਂ ਕਰੇਗੀ : ਕਰੀਮਪੁਰੀ

**ਹੁਸ਼ਿਆਰਪੁਰ (ਓ ਪੀ ਰਾਣਾ, ਬਲਵੀਰ ਸਿੰਘ ਸੈਣੀ)**- ਬਹੁਜਨ ਸਮਾਜ ਪਾਰਟੀ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਦੀ ਅਗਵਾਈ ਹੇਠ ਪੰਜਾਬ ਸਰਕਾਰ ਦੀ ਰਾਖਵਾਂਕਰਨ ਵਿਰੋਧੀ ਨੀਤੀਆਂ ਦੇ ਵਿਰੋਧ ਵਿੱਚ ਡਿਪਟੀ ਕਮਿਸ਼ਨਰ ਦਫਤਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਅਤੇ ਡਿਪਟੀ ਕਮਿਸ਼ਨਰ ਰਾਹੀਂ ਪੰਜਾਬ ਦੇ ਰਾਜਪਾਲ ਨੂੰ ਇੱਕ ਮੰਗ ਪੱਤਰ ਵੀ ਭੇਜਿਆ। ਬਹੁਜਨ ਸਮਾਜ ਪਾਰਟੀ ਨੇ ਸੂਬਾ ਸਰਕਾਰ ਦੀ ਸਿਖਿਆ ਭਰਤੀ ਡਾਇਰੈਕਟੋਰੇਟ ਵਲੋਂ ਵੱਖ ਵੱਖ ਵਿਸ਼ਿਆਂ ਦੇ ਲੈਕਚਰਾਰਾਂ ਦੀ ਭਰਤੀ ਵਿੱਚ ਸੰਵਿਧਾਨਕ ਪ੍ਰਬੰਧ, ਰਿਜ਼ਰਵੇਸ਼ਨ ਨੀਤੀ ਦੀ ਉਲੰਘਣਾ ਦੀ ਨਿੰਦਿਆ ਕੀਤੀ । ਬਸਪਾ ਪੰਜਾਬ ਦੇ ਪ੍ਰਧਾਨ ਡਾ. ਅਵਤਾਰ ਸਿੰਘ ਕਰੀਮਪੁਰੀ ਨੇ ਸੰਬੋਧਨ ਕਰਦਿਆਂ ਕਿਹਾ ਕਿ ਮੌਜੂਦਾ ਸਰਕਾਰ ਦਲਿਤਾਂ ਅਤੇ ਪਛੜੇ ਵਰਗਾਂ ਦੇ ਸੰਵਿਧਾਨਕ ਹੱਕਾਂ ਨੂੰ ਖ਼ਤਮ ਕਰਨਾ ਚਾਹੁੰਦੀ ਹੈ, ਪਰ ਬਸਪਾ ਅਜਿਹਾ ਹਰਗਿਜ਼ ਨਹੀਂ ਹੋਣ ਦੇਵੇਗੀ। ਉਨ੍ਹਾਂ ਅੱਗੇ ਕਿਹਾ ਕਿ ਇਹ ਕੋਈ ਪਹਿਲਾ ਮਾਮਲਾ ਨਹੀਂ ਹੈ, ਇਸ ਤੋਂ ਪਹਿਲਾਂ ਵੀ ਐਡਵੋਕੇਟ ਜਨਰਲ ਦੀਆਂ ਭਰਤੀਆਂ ਵਿੱਚ ਸਰਕਾਰ ਵੱਲੋਂ ਦਲਿਤਾਂ ਲਈ ਕੋਈ ਰਾਖਵਾਂਕਰਨ ਨਹੀਂ ਰੱਖਿਆ ਗਿਆ ਸੀ, ਜਿਸ ਨੂੰ ਬਸਪਾ ਅਤੇ ਹੋਰ ਜਥੇਬੰਦੀਆਂ ਦੇ ਭਾਰੀ ਵਿਰੋਧ ਤੋਂ ਬਾਅਦ ਸਰਕਾਰ ਨੂੰ ਦੇਣਾ ਪਿਆ ਸੀ। ਇਸੇ ਤਰ੍ਹਾਂ ਵੈਟਰਨਰੀ ਅਫ਼ਸਰਾਂ ਦੀ ਭਰਤੀ ਵਿੱਚ ਵੀ ਰਾਖਵਾਂਕਰਨ ਗਾਇਬ ਕੀਤਾ ਗਿਆ ਸੀ। ਉਨ੍ਹਾਂ ਚਿੰਤਾ ਪ੍ਰਗਟਾਈ ਕਿ ਸਰਕਾਰੀ ਵਿਦਿਅਕ ਅਦਾਰਿਆਂ ਵਿੱਚ ਗੈਸਟ ਫੈਕਲਟੀ ਅਤੇ ਕੰਟਰੈਕਟ ਟੀਚਿੰਗ ਪੋਸਟਾਂ ਵਿੱਚ ਵੀ ਕੋਈ ਰਾਖਵਾਂਕਰਨ ਨਹੀਂ ਦਿੱਤਾ ਜਾ ਰਿਹਾ, ਜਿਸ ਕਾਰਨ ਇਨ੍ਹਾਂ ਵਰਗਾਂ ਦੇ ਯੋਗ ਉਮੀਦਵਾਰ ਪਹਿਲਾਂ ਹੀ ਵਿਦਿਅਕ ਅਦਾਰਿਆਂ ਤੋਂ ਬਾਹਰ ਕੀਤੇ ਜਾ ਰਹੇ ਹਨ।ਡਾ. ਕਰੀਮਪੁਰੀ ਨੇ ਪੰਜਾਬ ਦੇ ਰਾਜਪਾਲ ਨੂੰ ਮੰਗ ਪੱਤਰ ਰਾਹੀਂ ਅਪੀਲ ਕੀਤੀ ਕਿ ਮੌਜੂਦਾ ਵਿਗਿਆਪਨਾਂ ਨੂੰ ਤੁਰੰਤ ਪ੍ਰਭਾਵ ਨਾਲ ਰੱਦ ਕਰਾਇਆ ਜਾਵੇ ਜਾਂ ਇਨਾਂ ਤੇ ਰੋਕ ਲਗਾਈ ਜਾਵੇ,ਪੰਜਾਬ ਅੰਦਰ ਰਿਜ਼ਰਵੇਸ਼ਨ ਨੀਤੀ ਦੀ ਸਖਤੀ ਨਾਲ ਪਾਲਣਾ ਕਰਨ ਲਈ ਰੋਸਟਰ ਪੁਆਇੰਟਾਂ ਦੀ ਮੁੜ ਗਣਨਾ ਕਰਵਾਈ ਜਾਵੇ, ਅਨੁਸੂਚਿਤ ਜਾਤੀ ਅਤੇ ਪਛੜੀਆਂ ਸ਼੍ਰੇਣੀਆਂ ਦੇ ਉਮੀਦਵਾਰਾਂ ਲਈ ਨਿਯਮਾਂ ਅਨੁਸਾਰ ਸੀਟਾਂ ਰਾਖਵੀਆਂ ਰੱਖ ਕੇ ਨਵੇਂ ਸੋਧੇ ਹੋਏ ਭਰਤੀ ਵਿਗਿਆਪਨ ਜਾਰੀ ਕਰਾਏ ਜਾਣ ਅਤੇ ਅਜਿਹੇ ਗੈਰ ਸੰਵਿਧਾਨਕ ਫੈਂਸਲੇ ਲੈਣ ਵਾਲੇ ਅਧਿਕਾਰੀਆਂ ਖਿਲਾਫ ਸਖਤ ਕਾਰਵਾਈ ਕੀਤੀ ਜਾਵੇ। ਡਾ. ਕਰੀਮਪੁਰੀ ਨੇ ਕਿਹਾ ਕਿ ਜੇਕਰ ਇਨਾਂ ਅਸਾਮੀਆਂ ਲਈ ਰਾਖਵਾਂਕਰਨ ਤੁਰੰਤ ਬਹਾਲ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਹੋਰ ਵੱਡੇ ਪੱਧਰ 'ਤੇ ਸੰਘਰਸ਼ ਵਿੱਢਿਆ ਜਾਵੇਗਾ। ਇਸ ਮੌਕੇ ਬਸਪਾ ਪੰਜਾਬ ਦੇ ਜਨਰਲ ਸਕੱਤਰ ਠੇਕੇਦਾਰ ਭਗਵਾਨ ਦਾਸ ਸਿੱਧੂ, ਜੋਨ ਇੰਚਾਰਜ ਪੰਜਾਬ ਗੁਰਨਾਮ ਚੌਧਰੀ, ਮਨਿੰਦਰ ਸ਼ੇਰਪੁਰੀ ਸਕੱਤਰ ਪੰਜਾਬ, ਸੁਖਦੇਵ ਬਿੱਟਾ ਸਕੱਤਰ ਪੰਜਾਬ, ਦਲਜੀਤ ਰਾਏ ਜ਼ਿਲ੍ਹਾ ਪ੍ਰਧਾਨ, ਸੋਮ ਨਾਥ ਬੈਂਸ, ਐਡਵੋਕੇਟ ਪਲਵਿੰਦਰ ਮਾਨਾ, ਮਦਨ ਸਿੰਘ ਬੈਂਸ, ਜਗਮੋਹਣ ਸੱਜਣਾਂ, ਤੀਰਥ ਸਿੰਘ ਬੈਂਸ, ਬਲਵਿੰਦਰ ਬਿੱਟੂ, ਹਰਜੀਤ ਲਾਡੀ, ਠੇਕੇਦਾਰ ਸ਼ਾਮ ਕੁਮਾਰ ਗੋਨੀ ਸੈਣੀ, ਸੂਬੇਦਾਰ ਹਰਭਜਨ ਸਿੰਘ, ਬਖਸ਼ੀਸ਼ ਭੀਮ, ਇੰਜੀ ਸਤਪਾਲ ਭਾਰਦਵਾਜ, ਇੰਜੀ ਇੰਦਰ ਜੀਤ ਤੇ ਭਾਰੀ ਗਿਣਤੀ ਵਿੱਚ ਬਸਪਾ ਵਰਕਰ ਹਾਜ਼ਰ ਸਨ।



# ਐੱਚ ਐੱਮ ਵੀ ਨੇ ਕਲਾ, ਵਿਗਿਆਨ, ਕਾਮਰਸ ਤੇ ਫੈਸ਼ਨ ਟੈਕਨੋਲੋਜੀ 'ਚ ਹਾਸਲ ਕੀਤਾ ਪਹਿਲਾ ਸਥਾਨ

**ਜਲੰਧਰ (ਸ਼ੈਲੀ ਐਲਬਰਟ)**- ਹੰਸਰਾਜ ਮਹਿਲਾ ਮਹਾ ਵਿਦਿਆਲਾ ਜਲੰਧਰ ਨੇ ਇੱਕ ਵਾਰ ਫਿਰ ਉੱਚ ਸਿੱਖਿਆ ਦੇ ਖੇਤਰ ਵਿੱਚ ਆਪਣੀ ਅਗਵਾਈ ਸਾਬਤ ਕਰਦਿਆਂ ਪ੍ਰਤਿਸ਼ਠਿਤ ਦਿ ਵੀਕ ਬੈਸਟ ਕਾਲਜ ਰੈਂਕਿੰਗਜ਼ 2026 ਵਿੱਚ ਕਲਾ, ਵਿਗਿਆਨ, ਕਾਮਰਸ ਅਤੇ ਫੈਸ਼ਨ ਟੈਕਨੋਲੋਜੀ ਸ਼੍ਰੇਣੀਆਂ ਵਿੱਚ ਪੰਜਾਬ ਭਰ ਵਿੱਚ ਪਹਿਲਾ ਸਥਾਨ ਪ੍ਰਾਪਤ ਕੀਤਾ ਹੈ। ਇਹ ਵਿਸ਼ੇਸ਼ ਉਪਲਬਧੀ ਐੱਚ ਐੱਮ ਵੀ ਦੀ ਅਕਾਦਮਿਕ ਉੱਤਮਤਾ, ਨਵੀਨਤਾ ਅਤੇ ਸੰਸਥਾਗਤ ਸ਼ਾਨਦਾਰਤਾ ਦੀ ਸਦੀਵੀ ਵਿਰਾਸਤ ਨੂੰ ਮੁੜ ਸਾਬਤ ਕਰਦੀ ਹੈ ਅਤੇ ਇਸ ਨੂੰ ਭਾਰਤ ਦੀਆਂ ਮਹਿਲਾ ਸਿੱਖਿਆ ਲਈ ਸਮਰਪਿਤ ਪ੍ਰਮੁੱਖ ਸੰਸਥਾਵਾਂ ਵਿੱਚ ਹੋਰ ਮਜ਼ਬੂਤ ਸਥਾਨ ਦਿਵਾਉਂਦੀ ਹੈ। ਵਿਦਿਆਰਥੀ-ਕੇਂਦਰਿਤ ਸਿੱਖਿਆ ਪ੍ਰਣਾਲੀ, ਆਧੁਨਿਕ ਬੁਨਿਆਦੀ ਢਾਂਚੇ, ਨਵੀਨ ਅਧਿਆਪਨ ਪੱਧਤੀਆਂ ਅਤੇ ਜੀਵੰਤ ਅਕਾਦਮਿਕ ਮਾਹੌਲ ਨਾਲ ਐਚਐਮਵੀ ਲਗਾਤਾਰ ਅਜਿਹੀਆਂ ਆਤਮਵਿਸ਼ਵਾਸੀ, ਸਮਾਜਿਕ ਤੌਰ 'ਤੇ ਜ਼ਿੰਮੇਵਾਰ ਅਤੇ ਵਿਸ਼ਵ ਪੱਧਰ 'ਤੇ ਸਮਰੱਥ ਵਿਦਿਆਰਥਣਾਂ ਤਿਆਰ ਕਰ ਰਿਹਾ ਹੈ ਜੋ ਭਵਿੱਖ ਦੀ ਅਗਵਾਈ ਕਰਨ ਲਈ ਪੂਰੀ ਤਰ੍ਹਾਂ ਤਿਆਰ ਹਨ। ਇਸ ਸ਼ਾਨਦਾਰ ਪ੍ਰਾਪਤੀ 'ਤੇ ਖ਼ੁਸ਼ੀ ਪ੍ਰਗਟ ਕਰਦਿਆਂ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਸਮੂਹ ਐੱਚ ਐੱਮ ਵੀ ਪਰਿਵਾਰ ਨੂੰ ਵਧਾਈ ਦਿੱਤੀ ਅਤੇ ਕਿਹਾ ਕਿ ਇਹ ਸਨਮਾਨ ਸੰਸਥਾ ਦੇ ਪ੍ਰਬੰਧਨ, ਅਧਿਆਪਕਾਂ, ਕਰਮਚਾਰੀਆਂ ਅਤੇ ਵਿਦਿਆਰਥਣਾਂ ਦੀ ਸਾਂਝੀ ਮਿਹਨਤ, ਸਮਰਪਣ ਅਤੇ ਵਚਨਬੱਧਤਾ ਦਾ ਨਤੀਜਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਵਿੱਚ ਲਗਾਤਾਰ ਪਹਿਲਾ ਸਥਾਨ ਬਰਕਰਾਰ ਰੱਖਣਾ ਸੰਸਥਾ ਦੀ ਅਕਾਦਮਿਕ ਗੁਣਵੱਤਾ, ਨਵੀਨਤਾ, ਮੁੱਲ-ਆਧਾਰਿਤ ਸਿੱਖਿਆ ਅਤੇ ਵਿਦਿਆਰਥੀ ਵਿਕਾਸ ਪ੍ਰਤੀ ਅਟੱਲ ਵਚਨਬੱਧਤਾ ਨੂੰ ਦਰਸਾਉਂਦਾ ਹੈ।



# ਬੇਗਮਪੁਰਾ ਟਾਈਗਰ ਫੋਰਸ ਨੇ ਸਿੱਖਿਆ ਮੰਤਰੀ ਦੇ ਅਸਤੀਫ਼ੇ ਦੀ ਕੀਤੀ ਮੰਗ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਬੇਗਮਪੁਰਾ ਟਾਈਗਰ ਫੋਰਸ ਦੇ ਪੰਜਾਬ ਪ੍ਰਧਾਨ ਬੀਰਪਾਲ ਠਰੋਲੀ, ਜ਼ਿਲ੍ਹਾ ਪ੍ਰਧਾਨ ਹੈਪੀ ਫਤਿਹਗੜ੍ਹ ਅਤੇ ਬਲਾਕ ਪ੍ਰਧਾਨ ਬੰਟੀ ਹਰਿਆਣਾ ਦੀ ਅਗਵਾਈ ਵਿੱਚ ਨੀਟ ਸਕੈਮ ਅਤੇ ਪੇਪਰ ਲੀਕ ਦੇ ਮਾਮਲੇ ਨੂੰ ਲੈ ਕੇ ਕੇਂਦਰ ਸਰਕਾਰ 'ਤੇ ਤਿੱਖਾ ਨਿਸ਼ਾਨਾ ਸਾਧਿਆ ਗਿਆ । ਉਨ੍ਹਾਂ ਆਖਿਆ ਕਿ ਰਾਸ਼ਟਰੀ ਪ੍ਰੀਖਿਆ ਪ੍ਰਣਾਲੀ ਪੂਰੀ ਤਰ੍ਹਾਂ ਢਹਿ-ਢੇਰੀ ਹੋ ਚੁੱਕੀ ਹੈ ਅਤੇ ਰਾਸ਼ਟਰੀ ਪ੍ਰੀਖਿਆ ਏਜੰਸੀ ਐਨ ਟੀ ਏ ਆਪਣੀ ਮੂਲ ਜ਼ਿੰਮੇਵਾਰੀ ਨਿਭਾਉਣ ਵਿੱਚ ਨਾਕਾਮ ਸਿੱਧ ਹੋਈ ਹੈ, ਜਿਸ ਕਾਰਨ ਨੀਟ-ਯੂਜੀ ਅਤੇ ਯੂ ਜੀ ਸੀ-ਨੈੱਟ ਵਰਗੀਆਂ ਵਕਾਰੀ ਪ੍ਰੀਖਿਆਵਾਂ ਲੀਕ ਅਤੇ ਰੱਦ ਹੋ ਰਹੀਆਂ ਹਨ। ਜਥੇਬੰਦੀ ਦੇ ਆਗੂਆਂ ਨੇ ਮੰਗ ਕੀਤੀ ਕਿ ਕੇਂਦਰੀ ਸਿੱਖਿਆ ਮੰਤਰੀ ਧਰਮਿੰਦਰ ਪ੍ਰਧਾਨ ਤੁਰੰਤ ਆਪਣੇ ਅਹੁਦੇ ਤੋਂ ਅਸਤੀਫ਼ਾ ਦੇਣ ਅਤੇ ਪੇਪਰ ਲੀਕ ਮਾਫੀਆ ਨਾਲ ਉਨ੍ਹਾਂ ਦੇ ਸੰਭਾਵੀ ਸਬੰਧਾਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾਵੇ। ਉਨ੍ਹਾਂ ਕਿਹਾ ਕਿ ਹੁਣ ਦੇਸ਼ ਦੇ ਭਵਿੱਖ ਨਾਲ ਕੋਈ ਹੋਰ ਖਿਲਵਾੜ ਬਰਦਾਸ਼ਤ ਨਹੀਂ ਕੀਤਾ ਜਾਵੇਗਾ ਅਤੇ ਸਿੱਖਿਆ ਪ੍ਰਣਾਲੀ ਵਿੱਚ ਵਿਆਪਕ ਸੁਧਾਰ ਕੀਤੇ ਜਾਣੇ ਚਾਹੀਦੇ ਹਨ। ਉਹਨਾਂ ਕਿਹਾ ਕਿ ਹਰ ਸਾਲ ਪ੍ਰੀਖਿਆਵਾਂ ਅਤੇ ਭਰਤੀ ਲਈ ਇੱਕ ਨਿਰਧਾਰਤ ਸਾਲਾਨਾ ਕੈਲੰਡਰ ਲਾਗੂ ਹੋਣਾ ਚਾਹੀਦਾ ਹੈ, ਜਿਸ ਵਿੱਚ ਪ੍ਰੀਖਿਆਵਾਂ, ਨਤੀਜਿਆਂ ਅਤੇ ਨਿਯੁਕਤੀਆਂ ਦੀ ਸਮਾਂ-ਸੀਮਾ ਪਹਿਲਾਂ ਹੀ ਤੈਅ ਹੋਵੇ। ਬੇਗਮਪੁਰਾ ਟਾਈਗਰ ਫੋਰਸ ਦੇ ਆਗੂਆਂ ਨੇ ਅੰਕੜੇ ਸਾਂਝੇ ਕਰਦਿਆਂ ਦੱਸਿਆ ਕਿ ਸਿਰਫ਼ ਨੀਟ ਪ੍ਰੀਖਿਆ ਲਈ ਹੀ 22 ਲੱਖ ਤੋਂ ਵੱਧ ਪਰਿਵਾਰ ਮਿਲ ਕੇ ਹਰ ਸਾਲ ਲਗਭਗ 1.32 ਲੱਖ ਕਰੋੜ ਰੁਪਏ ਖਰਚ ਕਰ ਰਹੇ ਹਨ, ਜਦੋਂ ਕਿ ਸਾਡੇ ਪੂਰੇ ਦੇਸ਼ ਦਾ ਸਾਲਾਨਾ ਸਿੱਖਿਆ ਬਜਟ 1.40 ਲੱਖ ਕਰੋੜ ਰੁਪਏ ਹੈ।

ਯਾਨੀ ਜਿੰਨਾ ਪੈਸਾ ਸਰਕਾਰ ਸਿੱਖਿਆ 'ਤੇ ਖਰਚਦੀ ਹੈ, ਉਨਾ ਪੈਸਾ ਮਾਪੇ ਅਤੇ ਬੱਚੇ ਸਿਰਫ਼ ਨੀਟ ਦੀ ਤਿਆਰੀ 'ਤੇ ਲਗਾ ਰਹੇ ਹਨ।

ਉਨ੍ਹਾਂ ਖੁਲਾਸਾ ਕੀਤਾ ਕਿ ਅਜਿਹੀਆਂ ਪ੍ਰੀਖਿਆਵਾਂ ਵਿੱਚ ਰੋਜ਼ਗਾਰ ਦੀ ਗਰੰਟੀ ਦੀ ਗੱਲ ਕੀਤੀ ਜਾਂਦੀ ਹੈ, ਪਰ ਸੱਚਾਈ ਇਹ ਹੈ ਕਿ ਹਰ 1,000 ਵਿਦਿਆਰਥੀਆਂ ਵਿੱਚੋਂ ਮੁਸ਼ਕਿਲ ਨਾਲ 12 ਨੂੰ ਹੀ ਸਥਾਈ ਨੌਕਰੀ ਮਿਲਦੀ ਹੈ, ਇੱਥੋਂ ਤੱਕ ਕਿ ਆਈ ਆਈ ਟੀ ਦੇ 80% ਗ੍ਰੈਜੂਏਟਾਂ ਨੂੰ ਵੀ ਰੋਜ਼ਗਾਰ ਲਈ ਸੰਘਰਸ਼ ਕਰਨਾ ਪੈ ਰਿਹਾ ਹੈ।ਇਸ ਮੌਕੇ ਹੋਰਨਾਂ ਤੋ ਇਲਾਵਾ ਅਮਨਦੀਪ ਕੌਂਡਲ,ਰਾਹੁਲ ਕਲੋਤਾ, ਰੋਹਿਤ ਬੱਧਣ, ਅਤੇ ਰਾਮ ਮੂਰਤੀ ਆਦਿ ਹਾਜ਼ਰ ਸਨ।



# ਦਰਬਾਰ ਹਜ਼ਰਤ ਸਾਈਂ ਫੱਜੇਸ਼ਾਹ ਦਾ ਸਾਲਾਨਾ ਜੋੜ ਮੇਲਾ ਸ਼ਰਧਾ ਤੇ ਧੂਮਧਾਮ ਨਾਲ ਮਨਾਇਆ

**ਅਲਾਵਲਪੁਰ (ਮਦਨ ਬੰਗੜ)**- ਦਰਬਾਰ ਹਜ਼ਰਤ ਸਾਈਂ ਫੱਜੇਸ਼ਾਹ ਜੀ ਅਤੇ ਬਾਬਾ ਇੱਛਾਧਾਰੀ ਸ਼ਿਵ ਮੰਦਰ, ਸਿਕੰਦਰਪੁਰ ਵਿਖੇ 24ਵਾਂ ਸਾਲਾਨਾ ਜੋੜ ਮੇਲਾ ਗੱਦੀਨਸ਼ੀਨ ਗੁਰਪਿੰਦਰ ਸਿੰਘ ਸੂਸ ਦੀ ਅਗਵਾਈ ਹੇਠ ਸਮੂਹ ਇਲਾਕਾ ਨਿਵਾਸੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਸ਼ਰਧਾ, ਆਸਥਾ ਅਤੇ ਧੂਮਧਾਮ ਨਾਲ ਸੰਪੰਨ ਹੋਇਆ। ਦੋ ਰੋਜ਼ਾ ਚੱਲੇ ਇਸ ਧਾਰਮਿਕ ਸਮਾਗਮ ਵਿੱਚ ਪੰਜਾਬ ਦੇ ਵੱਖ-ਵੱਖ ਇਲਾਕਿਆਂ ਤੋਂ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰ ਕੇ ਦਰਬਾਰ ਵਿੱਚ ਮੱਥਾ ਟੇਕਿਆ ਅਤੇ ਸਰਬੱਤ ਦੇ ਭਲੇ ਦੀ ਅਰਦਾਸ ਕੀਤੀ।ਮੇਲੇ ਦੇ ਪਹਿਲੇ ਦਿਨ ਨਿਸ਼ਾਨ ਸਾਹਿਬ ਅਤੇ ਚਿਰਾਗਾਂ ਦੀਆਂ ਰਸਮਾਂ ਸ਼ਰਧਾ ਨਾਲ ਅਦਾ ਕੀਤੀਆਂ ਗਈਆਂ। ਇਸ ਉਪਰੰਤ ਨਕਾਲ ਪਾਰਟੀਆਂ ਅਤੇ ਕਵਾਲਾਂ ਵੱਲੋਂ ਸੂਫ਼ੀਆਨਾ ਕਲਾਮ ਅਤੇ ਮਨੋਰੰਜਕ ਪੇਸ਼ਕਾਰੀਆਂ ਪੇਸ਼ ਕੀਤੀਆਂ ਗਈਆਂ ।ਦੂਜੇ ਦਿਨ ਚਾਦਰ ਚੜ੍ਹਾਉਣ ਦੀ ਰਸਮ ਉਪਰੰਤ ਵਿਸ਼ਾਲ ਧਾਰਮਿਕ ਅਤੇ ਸੱਭਿਆਚਾਰਕ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਪ੍ਰਸਿੱਧ ਗਾਇਕ ਕੰਠ ਕਲੇਰ ਨੇ ਆਪਣੇ ਨਵੇਂ ਅਤੇ ਸਦਾਬਹਾਰ ਗੀਤਾਂ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨਾਲ ਸਮਾਗਮ ਨੂੰ ਚਾਰ ਚੰਨ ਲਾ ਦਿੱਤੇ। ਇਸ ਤੋਂ ਇਲਾਵਾ ਕੁਲਵਿੰਦਰ ਕਿੰਦਾ, ਅਰਜਨ ਲਾਡਲਾ, ਆਸ਼ੀਸ਼ ਕੌਰ, ਆਬਾਦ ਸ਼ੌਕਤ ਅਲੀ ਕਵਾਲ ਅਤੇ ਈਸ਼ਾ ਨਕਾਲ ਪਾਰਟੀ ਨੇ ਵੀ ਆਪਣੀਆਂ ਬਿਹਤਰੀਨ ਪੇਸ਼ਕਾਰੀਆਂ ਨਾਲ ਸੰਗਤ ਦਾ ਭਰਪੂਰ ਮਨੋਰੰਜਨ ਕੀਤਾ। ਮੇਲੇ ਦੌਰਾਨ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਨੇ ਸ਼ਮੂਲੀਅਤ ਕੀਤੀ । ਇਸ ਮੌਕੇ ਬਾਬਾ ਦਿਲਬਾਗ ਸਿੰਘ ਧੋਗੜੀ ਅਤੇ ਦੀਪਕਾ ਮਾਈ ਅਲਾਵਲਪੁਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਅਤੁੱਟ ਗੁਰੂ ਦਾ ਲੰਗਰ ਵਰਤਾਇਆ ਗਿਆ ਤੇ ਠੰਢੇ ਮਿੱਠੇ ਜਲ ਦੀਆਂ ਛਬੀਲਾਂ ਵੀ ਲਗਾਈਆਂ ਗਈਆਂ । ਮੇਲੇ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਵਿੱਚ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਦਲਵੀਰ ਸਿੰਘ, ਰੋਹਿਤ ਕੁਮਾਰ, ਜੈ ਕਪੂਰ, ਡਾ. ਰਕੇਸ਼ ਧੋਗੜੀ, ਬਲਵਿੰਦਰ ਸਿੰਘ, ਲਵ, ਆਕਾਸ਼, ਸੋਢੀ, ਸੁੱਖਾ, ਸੁਰਜੀਤ ਕੋਟ, ਗਗਨ, ਚਮਨ, ਰਿਸ਼ੀ ਕਪੂਰ, ਅਵਤਾਰ ਸਿੰਘ, ਸੰਦੀਪ ਕਲੇਰ, ਸ਼ੇਰਾ, ਜੋਤੀ, ਇਕਬਾਲ ਸਿੰਘ ਚੀਮਾ ਅਤੇ ਗੁਰਪਿੰਦਰ ਚੀਮਾ ਸਮੇਤ ਸਮੂਹ ਸੇਵਾਦਾਰਾਂ ਨੇ ਤਨ-ਮਨ ਨਾਲ ਆਪਣੀਆਂ ਸੇਵਾਵਾਂ ਨਿਭਾਈਆਂ। ਇਸ ਤੋਂ ਇਲਾਵਾ ਮੇਲੇ ਦੀਆਂ ਤਿਆਰੀਆਂ ਅਤੇ ਪ੍ਰਬੰਧਾਂ ਵਿੱਚ ਅਵਤਾਰ ਸਿੰਘ (ਤਾਰੀ ਸੂਸ) ਵੱਲੋਂ ਵਿਸ਼ੇਸ਼ ਸਹਿਯੋਗ ਦਿੱਤਾ ਗਿਆ।ਸਮਾਗਮ ਦੇ ਅੰਤ ਵਿੱਚ ਪ੍ਰਬੰਧਕ ਕਮੇਟੀ ਵੱਲੋਂ ਮੇਲੇ ਵਿੱਚ ਸ਼ਮੂਲੀਅਤ ਕਰਨ ਵਾਲੀਆਂ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਦੇ ਨਾਲ-ਨਾਲ ਵੱਖ-ਵੱਖ ਕਲਾਕਾਰਾਂ ਨੂੰ ਸਿਰੋਪਾਓ ਭੇਟ ਕਰਕੇ ਸਨਮਾਨਤ ਕੀਤਾ ਗਿਆ। ਗੱਦੀ ਨਸ਼ੀਨ ਗੁਰਪਿੰਦਰ ਸਿੰਘ ਸੂਸ ਨੇ ਸਮੂਹ ਸੇਵਾਦਾਰਾਂ, ਇਲਾਕਾ ਨਿਵਾਸੀਆਂ, ਐਨ ਆਰ ਆਈਜ਼, ਸੰਗਤਾਂ ਅਤੇ ਕਲਾਕਾਰਾਂ ਦਾ ਧੰਨਵਾਦ ਪ੍ਰਗਟ ਕਰਦਿਆਂ ਕਿਹਾ ਕਿ ਅਜਿਹੇ ਧਾਰਮਿਕ ਸਮਾਗਮ ਆਪਸੀ ਭਾਈਚਾਰੇ, ਸਾਂਝ ਅਤੇ ਮਨੁੱਖਤਾ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਦੇ ਹਨ।



# ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਵਿਖੇ ਦਾਖ਼ਲਿਆਂ ਲਈ ਭਾਰੀ ਉਤਸ਼ਾਹ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)**- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਬੰਧ ਅਧੀਨ ਚੱਲ ਰਹੇ ਬੱਬਰ ਅਕਾਲੀ ਮੈਮੋਰੀਅਲ ਖ਼ਾਲਸਾ ਕਾਲਜ ਗੜ੍ਹਸ਼ੰਕਰ ਨਵੇਂ ਵਿੱਦਿਅਕ ਸੈਸ਼ਨ 2026-27 ਲਈ ਚੱਲ ਰਹੀ ਦਾਖ਼ਲਾ ਮੁਹਿੰਮ ਨੂੰ ਵਿਦਿਆਰਥੀਆਂ ਅਤੇ ਮਾਪਿਆਂ ਦਾ ਭਰਵਾਂ ਹੁੰਗਾਰਾ ਮਿਲ ਰਿਹਾ ਹੈ । ਕਾਲਜ ਦੇ ਪ੍ਰਿੰਸੀਪਲ ਡਾ. ਅਮਨਦੀਪ ਹੀਰਾ ਨੇ ਜਾਣਕਾਰੀ ਸਾਂਝੀ ਕਰਦਿਆਂ ਕਿਹਾ ਕਿ ਇਲਾਕੇ ਦੀ ਇਸ ਪ੍ਰਮੁੱਖ ਵਿੱਦਿਅਕ ਸੰਸਥਾ ਵਿਚ 10+1 ਅਤੇ 10+2 ਵਿਚ ਆਰਟਸ, ਸਾਇੰਸ ਅਤੇ ਕਾਮਰਸ, ਅੰਡਰ ਗ੍ਰੈਜੂਏਟ ਕੋਰਸਾਂ ਵਿਚ ਬੀ.ਏ., ਬੀ.ਐੱਸ.ਸੀ. (ਮੈਡੀਕਲ/ਨਾਨ ਮੈਡੀਕਲ), ਬੀ. ਕਾਮ, ਬੀ.ਸੀ.ਏ., ਚਾਰ ਸਾਲਾ ਇੰਟੈਗ੍ਰੇਟਿਡ ਕੋਰਸ ਬੀ.ਏ. ਬੀ.ਐੱਡ ਅਤੇ ਬੀ.ਐੱਸ.ਸੀ. ਬੀ.ਐੱਡ. ਅਤੇ ਪੋਸਟ ਗ੍ਰੈਜੂਏਟ ਕੋਰਸਾਂ ਐੱਮ.ਏ. ਹਿਸਟਰੀ, ਐੱਮ.ਐੱਸ.ਸੀ. ਮੈਥੇਮੈਟਿਕਸ, ਐੱਮ.ਐੱਸ.ਸੀ. ਕਮਿਸਟਰੀ, ਐੱਮ.ਕਾਮ. ਅਤੇ ਪੀ.ਜੀ.ਡੀ.ਸੀ.ਏ. ਵਿਚ ਦਾਖ਼ਲਾ ਸ਼ੁਰੂ ਹੋ ਚੁੱਕਾ ਹੈ ਜਿਸ ਵਿਚ ਵਿਦਿਆਰਥੀਆਂ ਵਲੋਂ ਭਾਰੀ ਉਤਸ਼ਾਹ ਦਿਖਾਇਆ ਜਾ ਰਿਹਾ ਹੈ । ਪ੍ਰਿੰਸੀਪਲ ਡਾ. ਹੀਰਾ ਨੇ ਇਕ ਅਹਿਮ ਜਾਣਕਾਰੀ ਦਿੰਦਿਆ ਦੱਸਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਅਤੇ ਸਕੱਤਰ ਵਿੱਦਿਆ ਇੰਜੀ. ਸੁਖਮਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਟੈਗੋਰ ਆਈ.ਏ.ਐੱਸ. ਅਕੈਡਮੀ ਦੇ ਸਹਿਯੋਗ ਨਾਲ ਵਿਦਿਆਰਥੀਆਂ ਲਈ ਇਕ ਉਪਰਾਲਾ ਆਰੰਭਿਆ ਗਿਆ ਹੈ ਜਿਸ ਵਿਚ ਗ੍ਰੈਜੂਏਸ਼ਨ ਦੇ ਪਹਿਲੇ ਸਾਲ ਤੋਂ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਮੁਫ਼ਤ ਤਿਆਰੀ ਕਰਵਾਈ ਜਾਵੇਗੀ ਤਾਂ ਜੋ ਵਿਦਿਆਰਥੀ ਤੀਜੇ ਸਾਲ ਤੱਕ ਮੁਕਾਬਲੇ ਦੀਆਂ ਪ੍ਰੀਖਿਆਵਾਂ ਲਈ ਤਿਆਰ ਹੋ ਸਕਣ । ਇਸ ਤੋਂ ਇਲਾਵਾ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਯੋਗ ਸਿੱਖ ਵਿਦਿਆਰਥੀਆਂ ਨੂੰ ਨਿਸ਼ਚੈ ਅਕੈਡਮੀ ਚੰਡੀਗੜ੍ਹ ਵਿਖੇ ਸਿਵਿਲ ਸਰਵਿਸਿਜ਼ ਲਈ ਅਤੇ ਨਿਸ਼ਚੈ ਅਕੈਡਮੀ ਪਟਿਆਲਾ ਵਿਖੇ ਜੁਡੀਸ਼ੀਅਲ ਪ੍ਰੀਖਿਆਵਾਂ ਲਈ ਮੁਫ਼ਤ ਤਿਆਰੀ ਕਰਵਾਈ ਜਾਂਦੀ ਹੈ ।ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵਲੋਂ ਆਪਣੇ ਪ੍ਰਬੰਧ ਅਧੀਨ ਆਉਂਦੇ ਕਾਲਜੀਏਟ ਸਕੂਲਾਂ ਵਿਚ ਐੱਨ.ਡੀ.ਏ. ਦੀ ਮੁਫ਼ਤ ਕੋਚਿੰਗ ਵੀ ਦਿੱਤੀ ਜਾ ਰਹੀ ਹੈ । ਪ੍ਰਿੰਸੀਪਲ ਡਾ. ਹੀਰਾ ਨੇ ਐਡਵੋਕੇਟ ਹਰਜਿੰਦਰ ਸਿੰਘ ਧਾਮੀ ਪ੍ਰਧਾਨ ਸ਼੍ਰੋਮਣੀ ਕਮੇਟੀ ਅਤੇ ਇੰਜੀ. ਸੁਖਮਿੰਦਰ ਸਿੰਘ ਸਕੱਤਰ ਵਿੱਦਿਆ ਦਾ ਧੰਨਵਾਦ ਕਰਦਿਆਂ ਕਿਹਾ ਕਿ ਇਹ ਉਪਰਾਲੇ ਪੰਜਾਬ ਦੇ ਵਿਦਿਆਰਥੀਆਂ ਲਈ ਸੁਨਹਿਰੀ ਮੌਕਾ ਸਾਬਤ ਹੋ ਰਿਹਾ ਹੈ । ਪ੍ਰਿੰਸੀਪਲ ਡਾ. ਹੀਰਾ ਨੇ ਕਾਲਜ ਵਿਚ ਦਾਖ਼ਲੇ ਲਈ ਵਿਦਿਆਰਥੀਆਂ ਨੂੰ ਸੱਦਾ ਦਿੰਦੇ ਹੋਏ ਸ਼੍ਰੋਮਣੀ ਕਮੇਟੀ ਦੇ ਇਨ੍ਹਾਂ ਉਪਰਾਲਿਆਂ ਦਾ ਵੱਧ ਤੋਂ ਵੱਧ ਲਾਭ ਉਠਾਉਣ ਲਈ ਪ੍ਰੇਰਿਤ ਕੀਤਾ ।



## ਐੱਸ ਆਈ ਆਰ ਨੂੰ ਆਸਾਨ ਬਣਾਉਣ ਲਈ 30 ਸਤੰਬਰ ਤੱਕ ਕਈ ਨਾਗਰਿਕ ਸੇਵਾਵਾਂ ਦੀ ਫੀਸ ਮੁਆਫ਼

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ, ਓ ਪੀ ਰਾਣਾ)** ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਇੰਟੈਂਸਿਵ ਰਿਵੀਜ਼ਨ (ਐੱਸ ਆਈ ਆਰ) ਮੁਹਿੰਮ ਨੂੰ ਨਾਗਰਿਕਾਂ ਲਈ ਸੁਚਾਰੂ ਤੇ ਸੁਵਿਧਾਜਨਕ ਬਣਾਉਣ ਦੇ ਉਦੇਸ਼ ਨਾਲ 30 ਸਤੰਬਰ, 2026 ਤੱਕ ਕਈ ਮਹੱਤਵਪੂਰਨ ਨਾਗਰਿਕ ਸੇਵਾਵਾਂ 'ਤੇ ਸਰਕਾਰੀ ਫੀਸਾਂ ਅਤੇ ਸੁਵਿਧਾ ਖਰਚਿਆਂ ਨੂੰ ਮੁਆਫ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਡਿਪਟੀ ਕਮਿਸ਼ਨਰ ਨੇ ਦੱਸਿਆ ਕਿ ਸਪੈਸ਼ਲ ਇੰਟੈਂਸਿਵ ਰਿਵੀਜ਼ਨ ਪ੍ਰਕਿਰਿਆ ਦੌਰਾਨ ਵੱਡੀ ਗਿਣਤੀ ਵਿੱਚ ਨਾਗਰਿਕਾਂ ਨੂੰ ਵੱਖ-ਵੱਖ ਤਰ੍ਹਾਂ ਦੇ ਦਸਤਾਵੇਜ਼ ਸਬੰਧਤ ਅਧਿਕਾਰੀਆਂ ਕੋਲ ਜਮ੍ਹਾਂ ਕਰਵਾਉਣ ਦੀ ਲੋੜ ਪੈ ਰਹੀ ਹੈ। ਇਸ ਨੂੰ ਧਿਆਨ ਵਿੱਚ ਰੱਖਦਿਆਂ ਰਾਜ ਸਰਕਾਰ ਨੇ ਤਿੰਨ ਮਹੀਨਿਆਂ ਦੀ ਮਿਆਦ ਲਈ ਕਈ ਜ਼ਰੂਰੀ ਸੇਵਾਵਾਂ ਮੁਫ਼ਤ ਉਪਲਬੱਧ ਕਰਵਾਉਣ ਦਾ ਫੈਸਲਾ ਕੀਤਾ ਹੈ, ਤਾਂ ਜੋ ਨਾਗਰਿਕਾਂ ਨੂੰ ਕਿਸੇ ਵੀ ਤਰ੍ਹਾਂ ਦੀ ਆਰਥਿਕ ਜਾਂ ਪ੍ਰਸ਼ਾਸਨਿਕ ਦਿੱਕਤ ਦਾ ਸਾਹਮਣਾ ਨਾ ਕਰਨਾ ਪਵੇ। ਉਨ੍ਹਾਂ ਦੱਸਿਆ ਕਿ ਜਿਨ੍ਹਾਂ ਸੇਵਾਵਾਂ 'ਤੇ ਇਹ ਛੋਟ ਲਾਗੂ ਹੋਵੇਗੀ, ਉਨ੍ਹਾਂ ਵਿੱਚ ਜਾਤੀ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਜਨਮ ਸਰਟੀਫਿਕੇਟ ਨਾਲ ਸਬੰਧਤ ਸੇਵਾਵਾਂ ਅਤੇ ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਡੁਪਲੀਕੇਟ ਸਰਟੀਫਿਕੇਟ ਜਾਰੀ ਕਰਨ ਵਰਗੀਆਂ ਮਹੱਤਵਪੂਰਨ ਸੇਵਾਵਾਂ ਸ਼ਾਮਲ ਹਨ। ਇਨ੍ਹਾਂ ਸੇਵਾਵਾਂ ਦਾ ਲਾਭ ਨਾਗਰਿਕ 30 ਸਤੰਬਰ, 2026 ਤੱਕ ਲੈ ਸਕਣਗੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਇਹ ਸਹੂਲਤ ਸੇਵਾ ਕੇਂਦਰਾਂ, ਘਰ ਦੇ ਨੇੜੇ ਉਪਲਬੱਧ ਨਾਗਰਿਕ ਸੇਵਾਵਾਂ ਅਤੇ ਆਨਲਾਈਨ ਨਾਗਰਿਕ ਸੇਵਾ ਪੋਰਟਲ ਰਾਹੀਂ ਉਪਲਬੱਧ ਕਰਵਾਈ ਜਾਵੇਗੀ, ਜਿਸ ਨਾਲ ਲੋਕਾਂ ਨੂੰ ਆਪਣੇ ਦਸਤਾਵੇਜ਼ ਸਮੇਂ ਸਿਰ ਅਤੇ ਬਿਨਾਂ ਕਿਸੇ ਵਾਧੂ ਫੀਸ ਦੇ ਪ੍ਰਾਪਤ ਕਰਨ ਵਿੱਚ ਸੁਵਿਧਾ ਹੋਵੇਗੀ।



## ਵਿਧਾਇਕ ਕੁਲਵੰਤ ਸਿੰਘ ਵੱਲੋਂ ਵਿਕਾਸ ਕਾਰਜਾਂ ਲਈ ਗ੍ਰਾਂਟ ਦਾ ਐਲਾਨ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਹਲਕਾ ਐੱਸ ਏ ਐੱਸ ਨਗਰ (ਮੋਹਾਲੀ) ਦੇ ਵਿਧਾਇਕ ਕੁਲਵੰਤ ਸਿੰਘ ਨੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਪਿੰਡ ਮਾਣਕ ਮਾਜਰਾ, ਬੈਰੋਪੁਰ ਅਤੇ ਭਾਗੋ ਮਾਜਰਾ ਦਾ ਦੌਰਾ ਕਰਕੇ ਪਿੰਡ ਵਾਸੀਆਂ ਦੀਆਂ ਸਮੱਸਿਆਵਾਂ ਸੁਣੀਆਂ ਅਤੇ ਵਿਕਾਸ ਕਾਰਜਾਂ ਲਈ ਕਈ ਗ੍ਰਾਂਟਾਂ ਦਾ ਐਲਾਨ ਕੀਤਾ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਦੱਸਿਆ ਕਿ ਪਿੰਡ ਮਾਣਕ ਮਾਜਰਾ ਵਿੱਚ ਅਨੁਸੂਚਿਤ ਜਾਤੀ ਧਰਮਸ਼ਾਲਾ ਦੇ ਲੈਂਟਰ ਲਈ 5 ਲੱਖ ਰੁਪਏ, ਜਨਰਲ ਧਰਮਸ਼ਾਲਾ ਦੀ ਮੁਰੰਮਤ ਅਤੇ ਪੇਵਰ ਵਾਕ ਲਈ 5 ਲੱਖ ਰੁਪਏ, ਗਲੀਆਂ-ਨਾਲੀਆਂ ਲਈ 2 ਲੱਖ ਰੁਪਏ, ਤਿੰਨ ਓਪਨ ਜਿਮ, ਲੋੜਵੰਦ ਪਰਿਵਾਰਾਂ ਲਈ 2 ਲੱਖ ਰੁਪਏ, ਖੇਡ ਗਰਾਊਂਡ ਦੀ ਉਸਾਰੀ ਲਈ 30 ਲੱਖ ਰੁਪਏ ਅਤੇ ਪੰਚਾਇਤੀ ਜ਼ਮੀਨ ਦੀ ਸਿੰਚਾਈ ਲਈ ਪਾਈਪਲਾਈਨ ਵਿਛਾਉਣ 'ਤੇ 4 ਲੱਖ ਰੁਪਏ ਖਰਚ ਕੀਤੇ ਗਏ ਹਨ।ਪਿੰਡ ਬੈਰੋਪੁਰ ਲਈ ਗਲੀਆਂ-ਨਾਲੀਆਂ ਅਤੇ ਸਟਰੀਟ ਲਾਈਟਾਂ ਦੇ ਕੰਮ ਵਾਸਤੇ 7 ਲੱਖ ਰੁਪਏ ਜਾਰੀ ਕੀਤੇ ਜਾਣਗੇ, ਜਦਕਿ ਡਸਟਬਿਨ ਅਤੇ ਕਨਵੈਕਸ ਮਿਰਰ ਲਗਾਉਣ ਲਈ 2 ਲੱਖ ਰੁਪਏ ਖਰਚ ਕੀਤੇ ਜਾ ਰਹੇ ਹਨ।ਪਿੰਡ ਭਾਗੋ ਮਾਜਰਾ ਵਿੱਚ ਲਾਇਬ੍ਰੇਰੀ ਲਈ 23.60 ਲੱਖ ਰੁਪਏ, ਸਟਰੀਟ ਲਾਈਟਾਂ ਲਈ 4 ਲੱਖ ਰੁਪਏ, ਵਾਟਰ ਟੈਂਕਰ ਲਈ 3 ਲੱਖ ਰੁਪਏ, ਕਮਿਊਨਿਟੀ ਸੈਂਟਰ ਲਈ 1 ਲੱਖ ਰੁਪਏ ਅਤੇ 25 ਲੱਖ ਰੁਪਏ ਦੀ ਲਾਗਤ ਨਾਲ ਖੇਡ ਗਰਾਊਂਡ ਦਾ ਨਿਰਮਾਣ ਕਰਵਾਇਆ ਜਾ ਰਿਹਾ ਹੈ। ਇਸ ਤੋਂ ਇਲਾਵਾ ਪੰਜ ਲੋੜਵੰਦ ਪਰਿਵਾਰਾਂ ਲਈ ਮਕਾਨ ਵੀ ਬਣਾਏ ਜਾਣਗੇ।



# ਰੈਜ਼ੀਡੈਂਟ ਵੈੱਲਫੇਅਰ ਕਮੇਟੀ ਦਾ ਵਫਦ ਸਮੱਸਿਆਵਾਂ ਨੂੰ ਲੈ ਕੇ ਮੇਅਰ ਨੂੰ ਮਿਲਿਆ

**ਚੰਡੀਗੜ੍ਹ (ਸੁਰਜੀਤ ਸੁਮਨ)**- ਰੈਜ਼ੀਡੈਂਟ ਵੈਲਫੇਅਰ ਅਤੇ ਡਿਵੈਲਪਮੈਂਟ ਕਮੇਟੀ ਸੈਕਟਰ 78 ਦਾ ਇੱਕ ਵਫਦ ਕਮੇਟੀ ਦੇ ਮੁੱਖ ਸਲਾਹਕਾਰ ਮੇਜਰ ਸਿੰਘ ਦੀ ਅਗਵਾਈ ਹੇਠ ਸੈਕਟਰ ਨਿਵਾਸੀਆਂ ਦੀਆਂ ਗੰਭੀਰ ਸਮੱਸਿਆਵਾਂ ਨੂੰ ਲੈ ਕੇ ਨਿਗਮ ਦੇ ਮੇਅਰ ਸਰਬਜੀਤ ਸਿੰਘ ਨੂੰ ਮਿਲਿਆ। ਵਫਦ ਵਿੱਚ ਕੌਂਸਲਰ ਕਮਲਜੀਤ ਕੌਰ ਉਚੇਚੇ ਤੌਰ 'ਤੇ ਸ਼ਾਮਲ ਹੋਏ। ਵਫ਼ਦ ਨੇ ਸਮੱਸਿਆਵਾਂ ਸਬੰਧੀ ਮੰਗ ਪੱਤਰ ਰਾਹੀਂ ਜ਼ੋਰਦਾਰ ਮੰਗ ਕੀਤੀ ਕਿ ਸੈਕਟਰ 78 ਦੇ ਨਿਵਾਸੀਆਂ ਨੂੰ ਪਾਣੀ ਦੀ ਬਹੁਤ ਜ਼ਿਆਦਾ ਕਿੱਲਤ ਆ ਰਹੀ ਹੈ, ਕਿਉਂਕਿ ਕਈ ਪਾਸੇ ਰੇਤ ਵਾਲਾ ਤੇ ਗੰਦਾ ਪਾਣੀ ਆ ਰਿਹਾ ਹੈ। ਉਨ੍ਹਾਂ ਕਿਹਾ ਕਿ ਗਮਾਡਾ ਵੱਲੋਂ 77 ਸੈਕਟਰ ਵਿੱਚ ਵਾਟਰ ਵਰਕਸ ਉਸਾਰਿਆ ਗਿਆ ਹੈ, ਜਿਸ ਤੋਂ ਸੈਕਟਰ 78 ਦੇ ਨਿਵਾਸੀਆਂ ਲਈ ਵੀ ਨਹਿਰੀ ਪਾਣੀ ਦੀ ਸਪਲਾਈ ਸ਼ੁਰੂ ਕਰਵਾਈ ਜਾਵੇ। ਇਸੇ ਤਰ੍ਹਾਂ ਬਰਸਾਤੀ ਪਾਣੀ ਦੀ ਨਿਕਾਸੀ ਲਈ ਹੋਰ ਰੋਡ ਗਲੀਆਂ ਬਣਾਈਆਂ ਜਾਣ। ਸ਼ਹੀਦ ਭਗਤ ਸਿੰਘ ਪਾਰਕ ਨੰਬਰ 17 ਦੇ ਪਾਰਕ ਲਾਈਟਾਂ ਦੇ ਮਫ਼ ਟੁੱਟ ਭੱਜ ਗਏ ਹਨ ਤੇ ਬਿਜਲੀ ਦੀਆਂ ਤਾਰਾਂ ਨੰਗੀਆਂ ਹੋ ਗਈਆਂ ਹਨ। ਇਹ ਮਫ ਦੁਬਾਰਾ ਬਣਾਏ ਜਾਣ ਤਾਂ ਕਿ ਜਾਨੀ ਨੁਕਸਾਨ ਤੋਂ ਬਚਾਅ ਹੋ ਸਕੇ। ਉਨ੍ਹਾਂ ਹੋਰ ਮੰਗਾਂ ਬਾਰੇ ਕਿਹਾ ਕਿ ਸੈਕਟਰ ਦੇ ਵੱਡੇ ਪਾਰਕ ਨੰਬਰ 5, 16 ਅਤੇ 17 ਵਿੱਚ ਤਿੰਨ ਤਿੰਨ ਫਲੱਡ ਲਾਈਟਸ ਲਗਾਈਆਂ ਜਾਣ। ਇਸ ਮੌਕੇ ਮੇਅਰ ਸਰਬਜੀਤ ਸਿੰਘ ਨੇ ਵਫ਼ਦ ਨੂੰ ਬਹੁਤ ਧਿਆਨ ਨਾਲ ਸੁਣਿਆ ਗਿਆ ਅਤੇ ਸੈਕਟਰ ਦੀਆਂ ਸਮੱਸਿਆਵਾਂ ਦਾ ਜਲਦੀ ਹੀ ਉਚਿਤ ਕਾਰਵਾਈ ਕਰਨ ਦਾ ਭਰੋਸਾ ਦਿੱਤਾ।

ਸੈਕਟਰ ਨਿਵਾਸੀਆਂ ਦੇ ਵਫ਼ਦ ਵਿੱਚ ਸ਼ਾਮਿਲ ਮੇਜਰ ਸਿੰਘ, ਕੌਂਸਲਰ ਕਮਲਜੀਤ ਕੌਰ, ਜਗਦੀਪ ਸਿੰਘ ਮਾਵੀ, ਜਸਵਿੰਦਰ ਸਿੰਘ, ਗੁਰਨਾਮ ਸਿੰਘ, ਦਰਸ਼ਨ ਸਿੰਘ, ਸੁਰਿੰਦਰ ਸਿੰਘ ਕੰਗ, ਜਗਦੀਸ਼ ਸਿੰਘ ਗਿੱਲ, ਪ੍ਰੇਮ ਸਿੰਘ, ਕੁਲਦੀਪ ਸਿੰਘ ਭਿੰਡਰ, ਹਰਸੰਗਤ ਸਿੰਘ, ਨਰੇਸ਼ ਕੁਮਾਰ, ਜਰਨੈਲ ਸਿੰਘ, ਵਰਿੰਦਰ ਸਿੰਘ, ਕਮਲਪ੍ਰੀਤ ਸੈਣੀ ਆਦਿ ਨੇ ਮੇਅਰ ਸਰਬਜੀਤ ਸਿੰਘ ਦਾ ਧੰਨਵਾਦ ਕੀਤਾ।



# ਲਾਇਨਜ਼ ਕਲੱਬ ਨੇ ਕੌਮੀ ਡਾਕਟਰ ਦਿਵਸ ਮਨਾਇਆ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਸਮਾਜ ਸੇਵਾ ਦੇ ਖੇਤਰ 'ਚ ਮੋਹਰੀ ਸੈਵਨ ਸਟਾਰ ਲਾਇਨਜ਼ ਕਲੱਬ ਫਗਵਾੜਾ ਪ੍ਰਾਈਡ ਵਲੋਂ ਰਾਸ਼ਟਰੀ ਡਾਕਟਰ ਦਿਵਸ ਦੇ ਸਬੰਧ 'ਚ ਜੀ.ਬੀ. ਹਸਪਤਾਲ ਦੇ ਐਮ.ਡੀ. ਡਾ. ਜੀ.ਬੀ. ਸਿੰਘ ਨੂੰ ਸਨਮਾਨਤ ਕਰਨ ਲਈ ਇੱਕ ਸੰਖੇਪ ਸਮਾਗਮ ਕਲੱਬ ਦੇ ਚਾਰਟਰ ਪ੍ਰਧਾਨ ਅਤੇ ਲਾਇਨਜ਼ ਇੰਟਰਨੈਸ਼ਨਲ 321-ਡੀ ਦੇ ਡਿਸਟ੍ਰਿਕਟ ਚੇਅਰਮੈਨ (ਯੂਥ) ਲਾਇਨ ਗੁਰਦੀਪ ਸਿੰਘ ਕੰਗ ਐਮ.ਜੇ.ਐਫ. ਦੀ ਅਗਵਾਈ ਹੇਠ ਜੀ.ਬੀ. ਹਸਪਤਾਲ ਵਿਖੇ ਕਰਵਾਇਆ ਗਿਆ। ਇਸ ਦੌਰਾਨ ਡਾ. ਜੀ.ਬੀ. ਸਿੰਘ ਨੂੰ ਮੈਡੀਕਲ ਦੇ ਖੇਤਰ 'ਚ ਉਨ੍ਹਾਂ ਦੀਆਂ ਸ਼ਾਨਦਾਰ ਸੇਵਾਵਾਂ ਲਈ ਸਨਮਾਨ ਚਿੰਨ੍ਹ ਦੇ ਕੇ ਸਨਮਾਨਤ ਕੀਤਾ ਗਿਆ। ਹਸਪਤਾਲ ਦੇ ਸਮੂਹ ਸਟਾਫ ਨੂੰ ਰਾਸ਼ਟਰੀ ਡਾਕਟਰ ਦਿਵਸ ਦੀਆਂ ਸ਼ੁੱਭਕਾਮਨਾਵਾਂ ਦਿੰਦੇ ਹੋਏ ਲਾਇਨ ਗੁਰਦੀਪ ਸਿੰਘ ਕੰਗ ਨੇ ਕਿਹਾ ਕਿ ਡਾ. ਜੀ.ਬੀ. ਸਿੰਘ ਦਾ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਹੈ। ਉਹ ਇੱਕ ਤਜਰਬੇਕਾਰ ਡਾਕਟਰ ਹੋਣ ਦੇ ਨਾਲ ਹੀ ਨਰਸਿੰਗ ਇੰਸਟੀਚਿਊਟ ਰਾਹੀਂ ਮਹਿਲਾਵਾਂ ਨੂੰ ਰੁਜ਼ਗਾਰ ਦੇ ਯੋਗ ਵੀ ਬਣਾ ਰਹੇ ਹਨ, ਜੋ ਕਿ ਬਹੁਤ ਹੀ ਸ਼ਲਾਘਾਯੋਗ ਉਪਰਾਲਾ ਹੈ। ਉਹਨਾਂ ਕਿਹਾ ਕਿ ਜੀ.ਬੀ. ਹਸਪਤਾਲ ਦੀ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਵਿਸ਼ੇਸ਼ ਪਹਿਚਾਣ ਹੈ। ਉਹਨਾਂ ਕਿਹਾ ਕਿ ਇਹ ਦਿਨ ਸਾਨੂੰ ਸਿਹਤ ਸੇਵਾਵਾਂ ਦੇ ਖੇਤਰ ਵਿੱਚ ਡਾਕਟਰਾਂ ਦੇ ਸਮਰਪਣ, ਸੇਵਾ ਅਤੇ ਸਿਹਤਮੰਦ ਜੀਵਨ 'ਚ ਉਹਨਾਂ ਦੇ ਵਡਮੁੱਲੇ ਯੋਗਦਾਨ ਦੀ ਯਾਦ ਦਿਵਾਉਂਦਾ ਹੈ। ਡਾ. ਜੀ.ਬੀ. ਸਿੰਘ ਨੇ ਲਾਇਨ ਗੁਰਦੀਪ ਸਿੰਘ ਕੰਗ ਅਤੇ ਕਲੱਬ ਦੇ ਸਮੂਹ ਮੈਂਬਰਾਂ ਦਾ ਤਹਿ ਦਿਲੋਂ ਧੰਨਵਾਦ ਕਰਦਿਆਂ ਕਿਹਾ ਕਿ ਰਾਸ਼ਟਰੀ ਡਾਕਟਰ ਦਿਵਸ ਮੌਕੇ ਡਾਕਟਰਾਂ ਦੁਆਰਾ ਨਿਭਾਈ ਜਾਣ ਵਾਲੀ ਸੇਵਾ ਨੂੰ ਸਤਿਕਾਰ ਦੇਣਾ ਸਿਰਫ ਇੱਕ ਹੌਸਲਾ ਅਫਜ਼ਾਈ ਹੀ ਨਹੀਂ ਸਗੋਂ ਡਿਊਟੀ ਨੂੰ ਹੋਰ ਤਨਦੇਹੀ ਦੇ ਨਾਲ ਨਿਭਾਉਣ ਦੀ ਪ੍ਰੇਰਨਾ ਵੀ ਹੈ। ਡਾ. ਜੀ.ਬੀ. ਸਿੰਘ ਨੇ ਕਿਹਾ ਕਿ ਉਨ੍ਹਾਂ ਨੇ ਹਮੇਸ਼ਾ ਆਪਣੇ ਫਰਜ਼ ਨੂੰ ਤਨਦੇਹੀ ਦੇ ਨਾਲ ਨਿਭਾਇਆ ਹੈ। ਇਸ ਮੌਕੇ ਲਾਇਨਜ਼ ਕਲੱਬ ਫਗਵਾੜਾ ਪ੍ਰਾਈਡ ਦੇ ਚਾਰਟਰ ਸਕੱਤਰ ਲਾਇਨ ਸੰਜੀਵ ਲਾਂਬਾ, ਚਾਰਟਰ ਖਜ਼ਾਨਚੀ ਲਾਇਨ ਸਤਵਿੰਦਰ ਸਿੰਘ ਭਮਰਾ ਅਤੇ ਚਾਰਟਰ ਪੀ.ਆਰ.ਓ. ਲਾਈਨ ਵਰੁਣ ਵਧਵਾ ਤੋਂ ਇਲਾਵਾ ਲਾਇਨ ਗੁਰਚਰਨ ਸਿੰਘ ਚੰਨੀ, ਲਾਇਨ ਵਿਨੇ ਕੁਮਾਰ ਬਿੱਟੂ, ਲਾਇਨ ਨਿਖਿਲ ਵਧਵਾ, ਲਾਇਨ ਪੰਕਜ ਚੱਢਾ, ਲਾਇਨ ਆਸ਼ੂ ਕਰਵਲ, ਲਾਇਨ ਤਰੁਣ ਕੁਮਾਰ, ਲਾਇਨ ਸ਼ਾਮ ਸੁੰਦਰ ਅਰੋੜਾ, ਲਾਇਨ ਵਿਜੇ ਕੁਮਾਰ, ਲਾਇਨ ਵਿਪਨ ਸ਼ਰਮਾ, ਲਾਇਨ ਮਾਧਵ ਲੂਥਰਾ, ਲਾਇਨ ਵਿਜੇ ਕੁਮਾਰ ਲੂਥਰਾ ਆਦਿ ਹਾਜ਼ਰ ਸਨ।




## ਵਧੀਕ ਡਿਪਟੀ ਕਮਿਸ਼ਨਰ ਨੇ ਪੋਲਿੰਗ ਬੂਥਾਂ ਦੀ ਰੈਸ਼ਨਲਾਈਜ਼ੇਸ਼ਨ ਦੇ ਕੰਮ ਦਾ ਲਿਆ ਜਾਇਜ਼ਾ

**ਬਲਾਚੌਰ (ਜਸਵਿੰਦਰ ਬੈਂਸ)**- ਵਧੀਕ ਜ਼ਿਲ੍ਹਾ ਚੋਣ ਅਫ਼ਸਰ-ਕਮ-ਵਧੀਕ ਡਿਪਟੀ ਕਮਿਸ਼ਨਰ (ਜ) ਸੰਜੀਵ ਸ਼ਰਮਾ ਨੇ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ, ਲੰਗੜੋਆ ਅਤੇ ਨਗਰ ਕੌਂਸਲ ਦਫਤਰ ਨਵਾਂਸ਼ਹਿਰ ਦਾ ਦੌਰਾ ਕਰਕੇ ਪੋਲਿੰਗ ਬੂਥਾਂ ਦੀ ਰੈਸ਼ਨਲਾਈਜ਼ੇਸ਼ਨ ਸਬੰਧੀ ਚੱਲ ਰਹੇ ਕੰਮਾਂ ਦਾ ਮੌਕੇ 'ਤੇ ਜਾਇਜ਼ਾ ਲਿਆ। ਇਸ ਦੌਰਾਨ ਉਨ੍ਹਾਂ ਬੂਥ ਨੰਬਰ 109 ਦੀ ਬੀ ਐੱਲ ਓ ਬਲਵਿੰਦਰ ਕੌਰ ਅਤੇ ਬੂਥ ਨੰਬਰ 110 ਦੇ ਬੀ ਐੱਲ ਓ ਦਲਜੀਤ ਸਿੰਘ ਨਾਲ ਸਮੀਖਿਆ ਮੀਟਿੰਗ ਕੀਤੀ।ਸ਼ਰਮਾ ਨੇ ਬੀ ਐੱਲ ਓਜ਼ ਨੂੰ ਹਦਾਇਤ ਕੀਤੀ ਕਿ ਭਾਰਤ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਨੁਸਾਰ ਪੋਲਿੰਗ ਬੂਥਾਂ ਦੀ ਰੈਸ਼ਨਲਾਈਜ਼ੇਸ਼ਨ ਦੇ ਸਮੁੱਚੇ ਕੰਮ ਨੂੰ ਹਰੇਕ ਵੇਰਵੇ ਦੀ ਮੌਕੇ 'ਤੇ ਤਸਦੀਕ ਕਰਕੇ ਹੀ ਜਾਣਕਾਰੀ ਦਰਜ ਕਰਨ। ਉਨ੍ਹਾਂ ਕਿਹਾ ਕਿ ਰੈਸ਼ਨਲਾਈਜ਼ੇਸ਼ਨ ਦਾ ਮੁੱਖ ਉਦੇਸ਼ ਵੋਟਰਾਂ ਨੂੰ ਵਧੇਰੇ ਸੁਵਿਧਾਜਨਕ, ਪਹੁੰਚਯੋਗ ਤੇ ਬਿਹਤਰ ਵੋਟਿੰਗ ਸਹੂਲਤਾਂ ਪ੍ਰਦਾਨ ਕਰਨਾ ਹੈ। ਇਸ ਲਈ ਹਰੇਕ ਬੀ ਐੱਲ ਓ ਆਪਣੇ ਖੇਤਰ ਦਾ ਮੌਕੇ 'ਤੇ ਸਰਵੇਖਣ ਕਰਕੇ ਪੋਲਿੰਗ ਬੂਥਾਂ ਦੀ ਸਥਿਤੀ, ਇਮਾਰਤਾਂ ਦੀ ਉਪਲੱਬਧਤਾ, ਵੋਟਰਾਂ ਦੀ ਗਿਣਤੀ, ਦੂਰੀ ਅਤੇ ਹੋਰ ਨਿਰਧਾਰਿਤ ਮਾਪਦੰਡਾਂ ਦੇ ਆਧਾਰ 'ਤੇ ਤੱਥਾਂ-ਅਧਾਰਿਤ ਜਾਣਕਾਰੀ ਨਿਰਧਾਰਿਤ ਪ੍ਰੋਫਾਰਮੇ ਵਿੱਚ ਦਰਜ ਕਰੇ। ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸੇ ਵੀ ਤਰ੍ਹਾਂ ਦੀ ਲਾਪਰਵਾਹੀ ਜਾਂ ਗਲਤ ਜਾਣਕਾਰੀ ਲਈ ਕੋਈ ਗੁੰਜਾਇਸ਼ ਨਹੀਂ ਹੋਣੀ ਚਾਹੀਦੀ।



# ਗੁਰੂ ਨਾਨਕ ਮਿਸ਼ਨ ਹਸਪਤਾਲ ਵਿਖੇ ਗੁਰਦਿਆਂ, ਪੱਥਰੀ ਤੇ ਪਿਸ਼ਾਬ ਦੇ ਰੋਗਾਂ ਦਾ ਮਿਆਰੀ ਇਲਾਜ

**ਬੰਗਾ (ਅਵਤਾਰ ਕਲੇਰ)**- ਗੁਰੂ ਨਾਨਕ ਮਿਸ਼ਨ ਹਸਪਤਾਲ ਢਾਹਾਂ ਕਲੇਰਾਂ ਵਿਖੇ ਇਲਾਕੇ ਦੇ ਲੋੜਵੰਦ ਮਰੀਜ਼ਾਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਸਥਾਪਿਤ ਯੂਰੋਲੋਜੀ ਵਿਭਾਗ ਵਿੱਚ ਮਰੀਜ਼ਾਂ ਨੂੰ ਆਧੁਨਿਕ ਤਕਨੀਕ ਅਤੇ ਤਜ਼ਰਬੇਕਾਰ ਮਾਹਿਰ ਡਾਕਟਰ ਦੀ ਦੇਖ-ਰੇਖ ਹੇਠ ਉਹਨਾਂ ਦੀ ਮੈਡੀਕਲ ਟੀਮ ਵੱਲੋਂ ਗੁਰਦਿਆਂ ਦੀਆਂ ਬਿਮਾਰੀਆਂ, ਪੱਥਰੀਆਂ ਅਤੇ ਪਿਸ਼ਾਬ ਨਾਲ ਸੰਬੰਧਿਤ ਰੋਗਾਂ ਦੇ ਮਿਆਰੀ ਇਲਾਜ ਅਤੇ ਅਪਰੇਸ਼ਨਾਂ ਦੀਆਂ ਵਿਸ਼ੇਸ਼ ਮੈਡੀਕਲ ਸੇਵਾਵਾਂ ਮੁਹੱਈਆ ਕਰਵਾਈਆਂ ਜਾ ਰਹੀਆਂ ਹਨ ।

ਹਸਪਤਾਲ ਪ੍ਰਬੰਧਕ ਕੁਲਵਿੰਦਰ ਸਿੰਘ ਪ੍ਰਧਾਨ ਗੁਰੂ ਨਾਨਕ ਮਿਸ਼ਨ ਮੈਡੀਕਲ ਐਂਡ ਐਜੂਕੇਸ਼ਨਲ ਟਰੱਸਟ ਢਾਹਾਂ ਕਲੇਰਾਂ ਨੇ ਦੱਸਿਆ ਕਿ ਯੂਰੋਲੋਜੀ ਵਿਭਾਗ ਵਿੱਚ ਸੀਨੀਅਰ ਯੂਰੋਲੋਜਿਸਟ ਡਾ. ਅਮਿਤ ਸੰਧੂ (ਐੱਮ ਐੱਸ, ਐੱਮ ਸੀ ਐੱਚ) ਆਪਣੀਆਂ ਸੇਵਾਵਾਂ ਨਿਭਾ ਰਹੇ ਹਨ। ਉਨ੍ਹਾਂ ਕਿਹਾ ਕਿ ਗੁਰੂ ਨਾਨਕ ਮਿਸ਼ਨ ਹਸਪਤਾਲ, ਢਾਹਾਂ ਕਲੇਰਾਂ ਦਾ ਉਦੇਸ਼ ਮਰੀਜ਼ਾਂ ਨੂੰ ਕਿਫ਼ਾਇਤੀ ਦਰਾਂ 'ਤੇ ਉੱਚ ਪੱਧਰੀ ਅਤੇ ਆਧੁਨਿਕ ਮੈਡੀਕਲ ਸੇਵਾਵਾਂ ਪ੍ਰਦਾਨ ਕਰਨਾ ਹੈ।

ਹਸਪਤਾਲ ਦੇ ਸੁਪਰ ਸਪੈਸ਼ਲਿਸਟ ਸੀਨੀਅਰ ਯੂਰੋਲੋਜਿਸਟ ਡਾ. ਅਮਿਤ ਸੰਧੂ ਨੇ ਜਾਣਕਾਰੀ ਦਿੰਦੇ ਦੱਸਿਆ ਕਿ ਹਸਪਤਾਲ ਵਿੱਚ ਗੁਰਦਿਆਂ ਦੀ ਪੱਥਰੀ, ਗੁਰਦਿਆਂ ਦੀਆਂ ਵੱਖ-ਵੱਖ ਬਿਮਾਰੀਆਂ, ਪ੍ਰੋਸਟੇਟ (ਗਦੂਦਾਂ) ਦੀਆਂ ਸਮੱਸਿਆਵਾਂ, ਪਿਸ਼ਾਬ ਦੀਆਂ ਬਿਮਾਰੀਆਂ, ਮਰਦਾਨਾ ਕਮਜ਼ੋਰੀ, ਪਿਸ਼ਾਬ ਦੀ ਥੈਲੀ (ਬਲੈਡਰ) ਦੇ ਕੈਂਸਰ ਅਤੇ ਪੇਟ ਦੇ ਹੇਠਲੇ ਹਿੱਸੇ ਜਾਂ ਵੱਖੀ ਵਿੱਚ ਹੋਣ ਵਾਲੇ ਦਰਦ ਨਾਲ ਸੰਬੰਧਿਤ ਰੋਗਾਂ ਦੀ ਜਾਂਚ ਅਤੇ ਆਧੁਨਿਕ ਤਕਨੀਕ ਨਾਲ ਇਲਾਜ ਦੀ ਸੁਵਿਧਾ ਉਪਲਬਧ ਹੈ।



# ਸੰਘਵਾਲ 'ਚ ਪੀਰ ਮੂਜਾ ਗਾਜੀ ਸ਼ਾਹ ਦਾ ਮੇਲਾ ਮਨਾਇਆ

**ਕਿਸ਼ਨਗੜ੍ਹ (ਸੁਖਜੀਤ ਕੁਮਾਰ)**- ਨਜ਼ਦੀਕੀ ਪਿੰਡ ਸੰਘਵਾਲ ਵਿਖੇ ਪੀਰ ਮੂਜਾ ਗਾਜੀ ਸ਼ਾਹ ਦਾ 35ਵਾਂ ਸਲਾਨਾ ਦੋ ਰੋਜ਼ਾ ਮੇਲਾ ਸਮੂਹ ਨਗਰ ਨਿਵਾਸੀਆਂ ਤੇ ਗ੍ਰਾਮ ਪੰਚਾਇਤ ਦੇ ਸਹਿਯੋਗ ਨਾਲ ਸ਼ਰਧਾ ਪੂਰਵਕ ਮਨਾਇਆ ਗਿਆ। ਮੇਲੇ ਦੇ ਪਹਿਲੇ ਦਿਨ ਬੁੱਧਵਾਰ ਰਾਤ ਨੂੰ ਸੂਫੀਆਨਾ ਕਵਾਲ ਕੁਲਦੀਪ ਰੂਹਾਨੀ ਅਤੇ ਪਾਰਟੀ ਵੱਲੋਂ ਕਵਾਲੀਆਂ ਪੇਸ਼ ਕੀਤੀਆਂ ਗਈਆਂ। ਮੇਲੇ ਦੇ ਦੂਸਰੇ ਦਿਨ ਵੀਰਵਾਰ ਨੂੰ ਸਵੇਰੇ ਮੇਲੇ ਦੀ ਸ਼ੁਰੂਆਤ ਪਿੰਡ ਦੇ ਬਜ਼ੁਰਗ ਦਾਸ ਰਾਮ ਤੇ ਪ੍ਰਬੰਧਕਾਂ ਵੱਲੋਂ ਰੀਬਨ ਕੱਟ ਕੇ ਕੀਤੀ ਗਈ। ਇਸ ਉਪਰੰਤ ਪ੍ਰਬੰਧਕਾਂ ਅਤੇ ਸਮੂਹ ਸੰਗਤ ਦੇ ਸਹਿਯੋਗ ਨਾਲ ਚਾਦਰ ਚੜ੍ਹਾਉਣ ਅਤੇ ਝੰਡੇ ਦੀ ਝੰਡਾ ਚੜ੍ਹਾਉਣ ਉਪਰੰਤ ਮੇਲੇ ਦੀ ਸ਼ੁਰੂਆਤ ਪ੍ਰਸਿੱਧ ਕਵਾਲਾਂ ਵੱਲੋਂ ਸੂਫੀਆਨਾ ਮਹਿਫਲ ਸਜਾਈ ਗਈ। ਉਪਰੰਤ ਪ੍ਰਸਿੱਧ ਪੰਜਾਬੀ ਗਾਇਕ ਦਲਵਿੰਦਰ ਦਿਆਲਪੁਰੀ ਨੇ ਧਾਰਮਿਕ ਅਤੇ ਸੂਫੀਆਨਾ ਗਾਇਕੀ ਰਾਹੀਂ ਸਰੋਤਿਆਂ ਦਾ ਭਰਪੂਰ ਮਨੋਰੰਜਨ ਕੀਤਾ। ਇਸ ਉਪਰੰਤ ਗਾਇਕ ਜਸਵਿੰਦਰ ਗੁਲਾਮ ਅਤੇ ਹੋਰ ਕਲਾਕਾਰਾਂ ਵਲੋਂ ਪੀਰਾਂ ਦੀ ਮਹਿਮਾ ਦਾ ਗੁਣਗਾਣ ਕੀਤਾ ਗਿਆ। ਭੰਗੜਾ ਗਰੁੱਪ ਵੱਲੋਂ ਸੱਭਿਆਚਾਰਕ ਗਾਣਿਆਂ 'ਤੇ ਭੰਗੜਾ ਪਾਇਆ ਗਿਆ। ਇਸ ਮੌਕੇ ਠੰਢੇ ਮਿੱਠੇ ਜਲ ਦੀ ਛਬੀਲ, ਕੋਲਡ ਡਰਿੰਕਸ ਅਤੇ ਆਈਸਕ੍ਰੀਮ ਦਾ ਵਿਸ਼ੇਸ਼ ਪ੍ਰਬੰਧ ਸੀ। ਇਸ ਮੌਕੇ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਾਬਕਾ ਸਰਪੰਚ ਬਲਵੀਰ ਸਿੰਘ, ਗੁਰਮੀਤ ਰਾਮ, ਸਰਪੰਚ ਪ੍ਰਵੀਨ ਕੁਮਾਰੀ, ਜਗਦੀਸ਼ ਕੌਰ, ਜਸਵਿੰਦਰ ਕੌਰ, ਪਰਮਜੀਤ ਕੌਰ, ਜਗਦੀਸ਼ ਸਿੰਘ, ਜਸਵੀਰ ਸਿੰਘ, ਹਰਜਿੰਦਰ ਸਿੰਘ (ਸਾਰੇ ਪੰਚ), ਮਨਜੀਤ ਸਿੰਘ (ਟੀ ਐਮ ਸੀ) ਅਮਰਜੀਤ ਸਿੰਘ, ਪਵਨਦੀਪ ਸਾਬੀ, ਦਾਤਾਰ ਸਿੰਘ ਕਨੇਡਾ, ਨੰਬਰਦਾਰ ਜੋਰਾਵਰ ਸਿੰਘ, ਸਾਬਕਾ ਸਰਪੰਚ ਭਾਗ ਰਾਮ, ਅਮਰੀਕ ਸਿੰਘ ਬੱਧਣ, ਉਂਕਾਰ ਸਿੰਘ, ਅਭਿਸ਼ੇਕ ਕੁਮਾਰ, ਰਾਕੇਸ਼ ਕੁਮਾਰ, ਅਭਿਜੀਤ ਨਵਪ੍ਰੀਤ ਪਾਲ, ਹਰੀ ਰਾਮ ਨਿੱਕਾ, ਨੰਬਰਦਾਰ ਇੰਦਰਜੀਤ ਸਿੰਘ ਬਿੱਲੂ, ਸੱਤਪਾਲ, ਟਿੰਬਰੀ ਬਾਬਾ ਆਦਿ ਹਾਜ਼ਰ ਸਨ। ਸਟੇਜ ਸਟੇਜ ਸਕੱਤਰ ਦੀ ਭੂਮਿਕਾ ਓਂਕਾਰ ਸਿੰਘ ਬੱਧਣ ਵੱਲੋਂ ਬਾਖੂਬੀ ਨਿਭਾਈ ਗਈ। ਲੰਗਰ ਦੇ ਵਿਸ਼ੇਸ਼ ਪ੍ਰਬੰਧ ਸਨ।



# ਰੌਜ਼ਾ ਸ਼ਰੀਫ਼ ਮੰਢਾਲੀ ਵਿਖੇ ਸਾਲਾਨਾ ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ

**ਬੰਗਾ (ਅਵਤਾਰ ਕਲੇਰ)**- ਦਰਬਾਰ ਸੱਯਦ ਉੱਲ ਸ਼ੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਰੌਜ਼ਾ ਸ਼ਰੀਫ਼ ਮੰਢਾਲੀ ਵਿਖੇ ਸਾਲਾਨਾ ਜੋੜ ਮੇਲਾ ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਦੀ ਰਹਿਨੁਮਾਈ ਹੇਠ ਮਨਾਇਆ ਜਾ ਰਿਹਾ ਹੈ।ਪੰਜ ਦਿਨਾਂ, ਦਿਨ-ਰਾਤ ਚੱਲਣ ਵਾਲੇ ਇਸ ਮੇਲੇ ਚ ਵੱਖ ਵੱਖ ਦਰਬਾਰਾਂ ਤੋਂ ਸਾਈਂ ਪੱਪਲ ਸ਼ਾਹ ਭਰੋਮਜਾਰਾ ਪ੍ਰਧਾਨ ਸੂਫ਼ੀਆਨਾ ਦਰਗਾਹ ਪ੍ਰਬੰਧਕ ਕਮੇਟੀ ਪੰਜਾਬ, ਸਾਈਂ ਫੱਕਰ ਸ਼ਾਹ ਦਾਦੂਵਾਲ, ਸਾਈਂ ਸੋਢੀ ਸ਼ਾਹ ਲਲਵਾਨ, ਸਾਈਂ ਜੀਤ ਸ਼ਾਹ ਰੁੜਕਾਂ ਕਲਾਂ, ਬੀਬੀ ਮਹਿੰਦਰ ਕੌਰ ਦਰਬਾਰ ਬਾਬਾ ਗੁਲਾਮੀ ਸ਼ਾਹ ਬੰਗਾ, ਸਾਈਂ ਮਨਜੀਤ ਸਾਬਰੀ ਲਿੱਧੜਾਂ, ਸਾਈਂ ਜਸਵੀਰ ਦਾਸ ਸਾਬਰੀ ਖਾਨਖਾਨਾ, ਸਾਈਂ ਲਖਵੀਰ ਸ਼ਾਹ ਕਾਦਰੀ ਕਟਾਰੀਆ, ਬਾਬਾ ਸਾਧੂ ਸ਼ਾਹ ਚਿਸ਼ਤੀ ਕਟਾਰੀਆ, ਬਾਬਾ ਸ਼ੰਭੂ ਫਿਲੌਰ ਆਦਿ ਸੰਤ ਮਹਾਂਪੁਰਸ਼ਾਂ ਨੇ ਸ਼ਿਰਕਤ ਕੀਤੀ। ਵੱਖ-ਵੱਖ ਰਾਜਨੀਤਿਕ ਪਾਰਟੀਆਂ ਦੇ ਆਗੂ ਦਰਬਾਰ ਤੇ ਨਤਮਸਤਕ ਹੋਏ।ਪੰਜਾਬ ਦੇ ਮਸ਼ਹੂਰ ਕਲਾਕਾਰਾਂ,ਕਵਾਲ ਅਤੇ ਨਕਾਲ ਪਾਰਟੀਆਂ ਨੇ ਸੰਗਤਾਂ ਨੂੰ ਨਿਹਾਲ ਕੀਤਾ। ਗੱਦੀ ਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ ਵਲੋਂ ਪਹੁੰਚੇ ਹੋਏ ਸੰਤ ਮਹਾਂਪੁਰਸ਼ਾਂ, ਰਾਜਨੀਤਿਕ ਆਗੂਆਂ, ਕਲਾਕਾਰਾਂ ਅਤੇ ਸੇਵਾਦਾਰਾਂ ਨੂੰ ਸਨਮਾਨਤ ਕੀਤਾ। ਸਟੇਜ ਸਕੱਤਰ ਦੀ ਭੂਮਿਕਾ ਨੂਰ ਮੁਹੰਮਦ ਅਤੇ ਆਸ਼ੂ ਚੋਪੜਾ ਨੇ ਬਾਖੂਬੀ ਨਿਭਾਈ। ਮੇਲਾ ਸ਼ਾਨੋ ਸ਼ੌਕਤ ਨਾਲ ਸਮਾਪਤ ਹੋਇਆ।

ਇਸ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ ਜੀ, ਬੀਬੀ ਸੀਤਾ ਦੇਵੀ, ਮੁਹੰਮਦ ਆਸ਼ਿਕ ਨੀਲਾ, ਮੀਰਾ ਸ਼ਰਮਾ ਸਰਪੰਚ ਮੰਢਾਲੀ, ਧਰਮਿੰਦਰ ਸਿੰਘ ਨੰਬਰਦਾਰ ਮੰਢਾਲੀ, ਕਮਲਜੀਤ ਕੌਰ ਸਾਬਕਾ ਸਰਪੰਚ, ਰੋਸ਼ਨ ਲਾਲ ਸਰਪੰਚ ਕੁਲਥਮ, ਬਲਜੀਤ ਸਿੰਘ ਸਾਬਕਾ ਸਰਪੰਚ ਕੁਲਥਮ, ਹੁਸਨ ਲਾਲ ਜੱਬੋਵਾਲ, ਰਜਿੰਦਰ ਸ਼ਰਮਾ,ਜਗਜੀਤ ਪੀਟਾ, ਸੋਹਣ ਲਾਲ ਜੱਬੋਵਾਲ, ਡਾ. ਸਤਨਾਮ ਸਿੰਘ ਪਰਸੋਵਾਲ, ਮਨੀ, ਗੱਗੀ, ਹਨੀ, ਜਗਤਾਰ ਸਿੰਘ ਸਾਬਕਾ ਐੱਸ ਪੀ, ਕੁਲਰਾਜ ਮੁਹੰਮਦ, ਚਰਨਜੀਤ ਰਾਏ, ਡਾ. ਮੋਹਣ ਲਾਲ ਬੱਧਣ, ਸੋਨੂੰ ਜੱਸੋਮਜਾਰਾ, ਡਾ. ਜਗਦੀਸ਼ ਮੁਹੰਮਦ, ਗੋਰਾ ਚੱਕਪ੍ਰੇਮਾ, ਪੱਪੀ ਅਨੀਹਰ, ਸਨੀ, ਬੰਟੀ, ਸੋਨੀ ਮੰਢਾਲੀ, ਚੰਨੀ ਖੋਥੜਾਂ ਆਦਿ ਹਾਜ਼ਰ ਸਨ।



# ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਵੱਲੋਂ ਦਾਨੀ ਸੱਜਣ ਸਨਮਾਨਤ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਜਥੇਦਾਰ ਅਕਾਲੀ ਬਾਬਾ ਫੂਲਾ ਸਿੰਘ ਜੀ, ਸਿੰਘ ਸਾਹਿਬ ਗਿਆਨੀ ਗੁਰਦਿਆਲ ਸਿੰਘ ਜੀ ਅਜਨੋਹਾ ਦਾ ਜੱਦੀ ਪਿੰਡ ਅਜਨੋਹਾ ਇਹਨਾਂ ਮਹਾਂਪੁਰਖਾਂ ਦੇ ਇਲਾਕੇ ਵਿੱਚ ਸਿਰਮੌਰ ਸੰਸਥਾ ਗਰੀਬ ਦਾ ਮੂੰਹ, ਗੁਰੂ ਦੀ ਗੋਲਕ ਸੰਸਥਾ ਰਜਿ. ਅਜਨੋਹਾ ਪਿਛਲੇ ਕਈ ਸਾਲਾਂ ਤੋਂ ਲੋਕ ਭਲਾਈ ਦੇ ਕਾਰਜ ਕਰ ਰਹੀ ਹੈ।

ਸੰਸਥਾ ਵਲੋਂ ਧੰਨ ਧੰਨ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਜੀ ਅਪਾਰ ਮਿਹਰ ਸਦਕਾ ਇਲਾਕਾ ਨਿਵਾਸੀ ਅਤੇ ਐਨ ਆਰ ਆਈ ਸੰਗਤਾਂ ਦੇ ਸਹਿਯੋਗ ਨਾਲ ਸੱਤਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਰਾਏ ਮਹਾਰਾਜ ਜੀ ਵੱਲੋਂ ਵਰਸਾਏ ਬਾਬਾ ਯੱਖ ਜੀ ਦੇ ਜੱਦੀ ਪਿੰਡ ਨਰੂੜ ਵਿਖੇ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਚਲਾਈ ਜਾ ਰਹੀ ਹੈ। ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ ਨੇ ਦੱਸਿਆ ਕਿ ਸੰਸਥਾ ਨੂੰ ਸਹਿਯੋਗ ਦੇਣ ਵਾਲੀਆਂ ਸੰਗਤਾਂ ਦਾ ਲਗਾਤਾਰ ਸਨਮਾਨ ਕੀਤਾ ਜਾ ਰਿਹਾ ਹੈ। ਮਨਜੀਤ ਸਿੰਘ ਖਾਲਸਾ ਜੀ (ਰਿਟਾਇਰ ਏਅਰਫੋਰਸ) ਸੰਸਥਾ ਨੂੰ ਲਗਾਤਾਰ ਤਨ,ਮਨ ਅਤੇ ਧਨ ਨਾਲ ਸਹਿਯੋਗ ਕਰ ਰਹੇ ਨੇ।

ਸੰਸਥਾ ਦੀ ਟੀਮ ਵਲੋਂ ਇਹਨਾਂ ਨੂੰ ਗੁਰੂ ਨਾਨਕ ਚੈਰੀਟੇਬਲ ਡਿਸਪੈਂਸਰੀ ਅਤੇ ਲੈਬੋਰਟਰੀ ਪਿੰਡ ਨਰੂੜ ਵਿਖੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਾਜ਼ਰ ਸੰਸਥਾ ਮੁਖੀ ਭਾਈ ਹਰਵਿੰਦਰ ਸਿੰਘ ਖਾਲਸਾ ਅਜਨੋਹਾ, ਮਨਜੀਤ ਸਿੰਘ ਖਾਲਸਾ ਰਿਟਾਇਰ ਏਅਰਫੋਰਸ, ਡਾਕਟਰ ਤਰਸੇਮ ਸਿੰਘ, ਓਕਾਰ ਸਿੰਘ ਖਾਲਸਾ ਨਰੂੜ, ਸੁਰਿੰਦਰ ਪਾਲ ਸਿੰਘ ਅਜਨੋਹਾ, ਪੱਤਰਕਾਰ ਸਤਵੰਤ ਸਿੰਘ ਨਰੂੜ, ਪ੍ਰੀਆ ਨਰੂੜ, ਸੁਮਨਪ੍ਰੀਤ ਰਹੱਲੀ, ਸਿਮਰਨ ਕੌਰ ਪੁਰਾਣੀ ਡਰੋਲੀ, ਸੰਦੀਪ ਕੌਰ ਪਾਸ਼ਟਾਂ, ਲਵਪ੍ਰੀਤ ਕੌਰ ਸਰਹਾਲਾ ਕਲਾਂ,ਮਨਦੀਪ ਕੌਰ ਦਿਹਾਣਾ ਅਤੇ ਰਾਜਦੀਪ ਕੌਰ ਪਾਸ਼ਟਾਂ ਆਦਿ ਹਾਜ਼ਰ ਸਨ।



# ਵਿਧਾਇਕ ਰੰਧਾਵਾ ਵੱਲੋਂ ਜੌਲਾ ਖੁਰਦ ਲਈ 17 ਲੱਖ ਰੁਪਏ ਦੀ ਗ੍ਰਾਂਟ ਦਾ ਐਲਾਨ

**ਲਾਲੜੂ (ਵਿਨੈ ਕੁਮਾਰ ਜੈਨ)**- ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਲੋਕ ਮਿਲਣੀ ਪ੍ਰੋਗਰਾਮ ਤਹਿਤ ਪਿੰਡ ਜੌਲਾ ਕਲਾਂ, ਜੌਲਾ ਖੁਰਦ ਅਤੇ ਮਲਕਪੁਰ ਦਾ ਦੌਰਾ ਕਰਕੇ ਪਿੰਡ ਵਾਸੀਆਂ ਨਾਲ ਰੂ-ਬ-ਰੂ ਮੁਲਾਕਾਤ ਕੀਤੀ। ਇਸ ਦੌਰਾਨ ਉਨ੍ਹਾਂ ਨੇ ਲੋਕਾਂ ਦੀਆਂ ਸਮੱਸਿਆਵਾਂ ਸੁਣੀਆਂ, ਸਬੰਧਤ ਅਧਿਕਾਰੀਆਂ ਨੂੰ ਮੌਕੇ 'ਤੇ ਹੀ ਨਿਪਟਾਰੇ ਲਈ ਨਿਰਦੇਸ਼ ਦਿੱਤੇ ਅਤੇ ਕਰੋੜਾਂ ਰੁਪਏ ਦੇ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਦਾ ਭਰੋਸਾ ਦਿੱਤਾ। ਪਿੰਡ ਜੌਲਾ ਕਲਾਂ ਵਿਖੇ ਵਿਧਾਇਕ ਰੰਧਾਵਾ ਨੇ 26.86 ਲੱਖ ਰੁਪਏ ਦੀ ਲਾਗਤ ਨਾਲ ਗੰਦੇ ਪਾਣੀ ਦੀ ਨਿਕਾਸੀ ਲਈ ਪਾਈਪ ਲਾਈਨ ਅਤੇ ਓਪਨ ਜਿਮ ਦਾ ਉਦਘਾਟਨ ਕਰਕੇ ਲੋਕ ਅਰਪਣ ਕੀਤਾ। ਉਨ੍ਹਾਂ ਕਿਹਾ ਕਿ ਪਿੰਡਾਂ ਵਿੱਚ ਬੁਨਿਆਦੀ ਸਹੂਲਤਾਂ ਦਾ ਵਿਸਥਾਰ ਅਤੇ ਲੋਕਾਂ ਦੇ ਜੀਵਨ ਪੱਧਰ ਨੂੰ ਬਿਹਤਰ ਬਣਾਉਣਾ ਪੰਜਾਬ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ।ਇਸ ਉਪਰੰਤ ਪਿੰਡ ਜੌਲਾ ਖੁਰਦ ਵਿਖੇ ਲੋਕ ਮਿਲਣੀ ਦੌਰਾਨ ਪਿੰਡ ਵਾਸੀਆਂ ਦੀਆਂ ਮੰਗਾਂ ਸੁਣਨ ਤੋਂ ਬਾਅਦ ਗਲੀਆਂ-ਨਾਲੀਆਂ ਅਤੇ ਗੰਦੇ ਪਾਣੀ ਦੀ ਨਿਕਾਸੀ ਲਈ 17 ਲੱਖ ਰੁਪਏ ਦੀ ਗ੍ਰਾਂਟ ਦਾ ਐਲਾਨ ਕੀਤਾ ਗਿਆ।

ਇਸ ਮੌਕੇ ਪਿੰਡ ਨੂੰ ਲੰਬੇ ਸਮੇਂ ਬਾਅਦ 24 ਘੰਟੇ ਬਿਜਲੀ ਸਪਲਾਈ ਵਾਲੀ ਲਾਈਨ ਨਾਲ ਜੋੜੇ ਜਾਣ ਨੂੰ ਵੀ ਇਲਾਕੇ ਲਈ ਮਹੱਤਵਪੂਰਨ ਪ੍ਰਾਪਤੀ ਕਰਾਰ ਦਿੱਤਾ ਗਿਆ।

ਪਿੰਡ ਮਲਕਪੁਰ ਵਿਖੇ ਵਿਧਾਇਕ ਨੇ 44 ਲੱਖ ਰੁਪਏ ਦੀ ਲਾਗਤ ਨਾਲ ਮੁਕੰਮਲ ਹੋਏ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ। ਇਨ੍ਹਾਂ ਵਿੱਚ 25 ਲੱਖ ਰੁਪਏ ਦੀ ਪਾਈਪ ਲਾਈਨ, 15 ਲੱਖ ਰੁਪਏ ਦੀਆਂ ਗਲੀਆਂ-ਨਾਲੀਆਂ ਅਤੇ 4 ਲੱਖ ਰੁਪਏ ਦੀ ਲਾਗਤ ਨਾਲ ਸ਼ਮਸ਼ਾਨਘਾਟ ਦੇ ਵਿਕਾਸ ਕਾਰਜ ਸ਼ਾਮਲ ਹਨ।

ਇਸ ਮੌਕੇ ਜੌਲਾ ਕਲਾਂ ਦੇ ਸਰਪੰਚ ਦਲਵਿੰਦਰ ਸਿੰਘ, ਜੌਲਾ ਖੁਰਦ ਦੀ ਸਰਪੰਚ ਅਮਰਜੀਤ ਕੌਰ, ਸਤਵੀਰ ਸਿੰਘ ਚੇਨੀ, ਮਲਕਪੁਰ ਦੇ ਸਰਪੰਚ ਅਮਨਜੀਤ ਸਿੰਘ, ਨਿਰਮੈਲ ਸਿੰਘ, ਪੰਚਾਇਤ ਮੈਂਬਰ, ਸਬੰਧਤ ਵਿਭਾਗਾਂ ਦੇ ਅਧਿਕਾਰੀ ਅਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।



# ਪੀਰ ਬਾਬਾ ਝੰਗੀ ਸ਼ਾਹ ਦੀ ਯਾਦ 'ਚ ਸਾਲਾਨਾ ਜੋੜ ਮੇਲਾ ਕਰਵਾਇਆ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਮੁੱਖਲਿਆਣਾ ਵਿਖੇ ਦਰਬਾਰ ਪੀਰ ਬਾਬਾ ਝੰਗੀ ਸ਼ਾਹ ਦੀ ਮਜ਼ਾਰ ਤੇ ਸਮੂਹ ਨਗਰ ਨਿਵਾਸੀ ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਪੀਰ ਬਾਬਾ ਝੰਗੀ ਸ਼ਾਹ ਦੀ ਯਾਦ ਵਿੱਚ ਸਲਾਨਾ ਜੋੜ ਮੇਲਾ ਡੇਰੇ ਦੇ ਮੁੱਖ ਸੇਵਾਦਾਰ ਸਾਈਂ ਸੋਨੂੰ ਸ਼ਾਹ ਮੁੱਖਲਿਆਣਾ ਦੀ ਅਗਵਾਈ ਹੇਠ ਧੂਮਧਾਮ ਨਾਲ ਕਰਵਾਇਆ ਗਿਆ। ਇਸ ਮੌਕੇ ਸਾਈਂ ਸੋਨੂੰ ਸ਼ਾਹ ਮੁੱਖਲਿਆਣਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਲਾਨਾ ਜੋੜ ਮੇਲਾ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਉਨ੍ਹਾਂ ਦੱਸਿਆ ਕਿ ਸਲਾਨਾ ਜੋੜ ਮੇਲੇ ਮੌਕੇ ਪੰਜਾਬ ਦੇ ਨਾਮਵਰ ਕਲਾਕਾਰਾਂ ਪੁੱਜ ਕੇ ਹਾਜ਼ਰੀ ਭਰੀ ਜਿਸ ਵਿਚ ਬੱਬੂ ਸਟਾਰ ਭੰਗੜਾ ਗਰੁੱਪ ਰਹੱਲੀ, ਸੋਨੂ ਮੋਨੂੰ ਨਕਾਲ ਪਾਰਟੀ ਫਗਵਾੜਾ, ਖੈਰੜ ਅੱਛਰਵਾਲ ਨਕਾਲ ਪਾਰਟੀ, ਤੱਤਾ ਜੈਲਦਾਰ ਤਾਜੋਵਾਲ ਆਦਿ ਕਲਾਕਾਰ ਪੀਰਾਂ ਦੀ ਮਹਿਫ਼ਲ ਸਜਾਈ ਗਈ। ਇਸ ਮੌਕੇ ਸਾਲਾਨਾ ਜੋੜ ਮੇਲੇ ਦੌਰਾਨ ਮੁੱਖ ਮਹਿਮਾਨ ਡਾਕਟਰ ਇਸ਼ਾਕ ਕੁਮਾਰ ਹਲਕਾ ਵਿਧਾਇਕ ਚੱਬੇਵਾਲ ਨੇ ਵਿਸ਼ੇਸ਼ ਤੌਰ ਤੇ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਸਾਲਾਨਾ ਜੋੜ ਮੇਲੇ ਦੌਰਾਨ ਸਾਈਂ ਕਮਲਜੀਤ ਕੁਮਾਰੀ ਮੇਹਟੀਆਣਾ, ਸਾਈਂ ਸੋਨੂੰ ਸ਼ਾਹ ਲੁਧਿਆਣਾ, ਸਾਈਂ ਮਹਿੰਦਰ ਪਾਲ ਭੇੜੂਆ, ਬਾਬਾ ਮੋਤਾ ਸਿੰਘ ਮਸਤਾਨਾ ਮੇਹਟੀਆਣਾ, ਬਾਬਾ ਸੁੱਖਾ ਸ਼ਾਹ ਰੂਪੋਵਾਲ, ਡਾਕਟਰ ਮਹਿੰਦਰ ਪਾਲ ਮੇਹਟੀਆਣਾ, ਸਾਈਂ ਸਤਨਾਮ ਸ਼ਾਹ ਭੁੰਗਰਨੀ, ਸਾਈਂ ਅਵਤਾਰ ਸ਼ਾਹ ਕਾਦਰੀ ਭੁੰਗਰਨੀ ਆਦਿ ਫੱਕਰ ਫਕੀਰਾ ਨੇ ਪੁੱਜ ਕੇ ਹਾਜ਼ਰੀ ਭਰੀ।ਇਸ ਮੌਕੇ ਸਾਲਾਨਾ ਜੋੜ ਮੇਲੇ ਦੌਰਾਨ ਪ੍ਰਬੰਧਕਾਂ ਆਏ ਹੋਏ ਫੱਕਰ ਫਕੀਰ, ਪ੍ਰਮੁੱਖ ਸਖਸ਼ੀਅਤਾਂ ਅਤੇ ਸਹਿਯੋਗੀਆਂ ਨੂੰ ਸਿਰਪਾਓ ਦੇ ਕੇ ਸਨਮਾਨਤ ਕੀਤਾ ਗਿਆ। ਸਾਲਾਨਾ ਜੋੜ ਮੇਲੇ ਮੌਕੇ ਸਾਈਂ ਸੋਨੂੰ ਸ਼ਾਹ ਮੁੱਖਲਿਆਣਾ ਨੇ ਮੇਲੇ ਵਿੱਚ ਸਹਿਯੋਗ ਦੇਣ ਤੇ ਸਮੂਹ ਸੰਗਤਾਂ ਦਾ ਧੰਨਵਾਦ ਕੀਤਾ। ਸਾਲਾਨਾ ਜੋੜ ਮੇਲੇ ਮੌਕੇ ਸਾਈਂ ਸੋਨੂੰ ਸ਼ਾਹ ਮੁੱਖਲਿਆਣਾ, ਰੇਸ਼ਮ ਸਿੰਘ, ਅਭਿਨਾਸ਼, ਵਿਨੋਦ, ਅਸ਼ੋਕ, ਜੀਤਾ, ਅੰਮ੍ਰਿਤ, ਜੈਪਾਲ ਇਟਲੀ, ਛੋਟੂ ਅਮਰੀਕਾ, ਹਰਪ੍ਰੀਤ ਸਿੰਘ ਹੈਪੀ ਸਾਬਕਾ ਪੰਚ, ਰਮਨ ਕੁਮਾਰ ਪੰਚ, ਹਰੀ ਸਿੰਘ ਪੰਚ, ਬੰਟੀ, ਪ੍ਰੀਤ, ਮਨੀ, ਚੀਤਾ, ਪੰਮ ਤੋਂ ਇਲਾਵਾ ਵੱਡੀ ਗਿਣਤੀ ਵਿਚ ਸੰਗਤਾਂ ਹਾਜ਼ਰ ਸਨ। ਸਾਲਾਨਾ ਜੋੜ ਮੇਲੇ ਦੌਰਾਨ ਰੇਸ਼ਮ ਸਿੰਘ ਮੁੱਖਲਿਆਣਾ ਨੇ ਸਟੇਜ ਸਕੱਤਰ ਦੀ ਨਿਯੁਕਤੀ ਨਿਭਾਈ ਗਈ।ਛਬੀਲ , ਚਾਹ ਪਕੌੜੇ ਅਤੇ ਦਾਤਾ ਜੀ ਦੇ ਲੰਗਰ ਅਤੁੱਟ ਵਰਤਾਏ ਗਏ। ਇਸ ਪ੍ਰੋਗਰਾਮ ਦੀ ਜਾਣਕਾਰੀ ਰੇਸ਼ਮ ਸਿੰਘ ਮੁੱਖਲਿਆਣਾ ਨੇ ਪ੍ਰੈੱਸ ਨੂੰ ਦਿੱਤੀ।



# ਡਿਪਟੀ ਸਪੀਕਰ ਵੱਲੋਂ ਗੰਦੇ ਨਾਲੇ ਦੀ ਸਫ਼ਾਈ ਦਾ ਕੰਮ ਸ਼ੁਰੂ ਕਰਵਾ ਲੋਕਾਂ ਨੂੰ ਦਿੱਤੀ ਰਾਹਤ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਨਿਭਾਉਂਦੇ ਹੋਏ ਤੇ ਹਲਕੇ ਦੇ ਸਰਵਪੱਖੀ ਵਿਕਾਸ ਨੂੰ ਆਪਣੀ ਪਹਿਲ ਬਣਾਉਂਦਿਆਂ ਪੰਜਾਬ ਵਿਧਾਨ ਸਭਾ ਦੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਗੜ੍ਹਸ਼ੰਕਰ ਦੇ ਵਾਰਡ ਨੰਬਰ 1 ਵਿੱਚ ਲੰਬੇ ਸਮੇਂ ਤੋਂ ਬੰਦ ਪਏ ਗੰਦੇ ਨਾਲੇ ਦੀ ਸਫ਼ਾਈ ਦੇ ਕੰਮ ਦੀ ਸ਼ੁਰੂਆਤ ਕਰਵਾਈ। ਇਸ ਮਹੱਤਵਪੂਰਨ ਕਦਮ ਨਾਲ ਇਲਾਕਾ ਵਾਸੀਆਂ ਨੂੰ ਗੰਦੇ ਪਾਣੀ ਦੀ ਨਿਕਾਸੀ, ਬਦਬੂ ਅਤੇ ਮੱਛਰਾਂ ਦੀ ਸਮੱਸਿਆ ਤੋਂ ਵੱਡੀ ਰਾਹਤ ਮਿਲਣ ਦੀ ਉਮੀਦ ਹੈ। ਇਸ ਮੌਕੇ ਡਿਪਟੀ ਸਪੀਕਰ ਜੈ ਕ੍ਰਿਸ਼ਨ ਸਿੰਘ ਰੌੜੀ ਨੇ ਕਿਹਾ ਕਿ ਲੋਕਾਂ ਦੀਆਂ ਸਮੱਸਿਆਵਾਂ ਦਾ ਤੁਰੰਤ ਹੱਲ ਕਰਨਾ ਉਨ੍ਹਾਂ ਦੀ ਪਹਿਲੀ ਤਰਜੀਹ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਮੁੱਖ ਮੰਤਰੀ ਦੀ ਅਗਵਾਈ ਹੇਠ ਹਰ ਸ਼ਹਿਰ ਅਤੇ ਪਿੰਡ ਵਿੱਚ ਸਾਫ਼-ਸੁਥਰਾ, ਸਿਹਤਮੰਦ ਅਤੇ ਸੁਵਿਧਾਜਨਕ ਵਾਤਾਵਰਨ ਮੁਹੱਈਆ ਕਰਵਾਉਣ ਲਈ ਪੂਰੀ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਜਿੱਥੇ ਵੀ ਲੋਕਾਂ ਨੂੰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਕੋਈ ਸਮੱਸਿਆ ਆਉਂਦੀ ਹੈ, ਉਸ ਦਾ ਹੱਲ ਪਹਿਲ ਦੇ ਆਧਾਰ 'ਤੇ ਯਕੀਨੀ ਬਣਾਇਆ ਜਾ ਰਿਹਾ ਹੈ। ਉਨ੍ਹਾਂ ਦੱਸਿਆ ਕਿ ਲੰਬੇ ਸਮੇਂ ਤੋਂ ਨਾਲੇ ਵਿੱਚ ਜੰਮੀ ਗਾਦ ਅਤੇ ਕੂੜੇ-ਕਰਕਟ ਕਾਰਨ ਲੋਕਾਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਸੀ। ਉਨ੍ਹਾਂ ਦੇ ਧਿਆਨ ਵਿੱਚ ਮਾਮਲਾ ਆਉਂਦੇ ਹੀ ਤੁਰੰਤ ਕਾਰਵਾਈ ਕਰਦਿਆਂ ਸਫ਼ਾਈ ਦਾ ਕੰਮ ਸ਼ੁਰੂ ਕਰਵਾਇਆ ਗਿਆ, ਤਾਂ ਜੋ ਬਰਸਾਤ ਦੇ ਮੌਸਮ ਦੌਰਾਨ ਪਾਣੀ ਦੀ ਨਿਕਾਸੀ ਸੁਚਾਰੂ ਰਹੇ, ਜਲ ਭਰਾਅ ਦੀ ਸਮੱਸਿਆ ਤੋਂ ਛੁਟਕਾਰਾ ਮਿਲੇ ਅਤੇ ਗੰਦਗੀ ਕਾਰਨ ਫੈਲਣ ਵਾਲੀਆਂ ਬਿਮਾਰੀਆਂ ਨੂੰ ਰੋਕਿਆ ਜਾ ਸਕੇ। ਡਿਪਟੀ ਸਪੀਕਰ ਸ. ਜੈ ਕ੍ਰਿਸ਼ਨ ਸਿੰਘ ਰੌੜੀ ਨੇ ਸੰਬੰਧਿਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਸਫ਼ਾਈ ਦਾ ਕੰਮ ਉੱਚ ਗੁਣਵੱਤਾ ਨਾਲ ਅਤੇ ਨਿਰਧਾਰਿਤ ਸਮੇਂ ਅੰਦਰ ਮੁਕੰਮਲ ਕੀਤਾ ਜਾਵੇ, ਤਾਂ ਜੋ ਲੋਕਾਂ ਨੂੰ ਜਲਦੀ ਤੋਂ ਜਲਦੀ ਇਸ ਦਾ ਲਾਭ ਮਿਲ ਸਕੇ।

# ਵਿਦਿਆਰਥੀਆਂ ਨੂੰ ਸਮਾਜ ਸੇਵਾ ਲਈ ਪ੍ਰੇਰਿਤ ਕਰਨਾ ਸ਼ਲਾਘਾਯੋਗ ਉਪਰਾਲਾ : ਡਾ. ਅਜੈ ਬੱਗਾ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)** ਵਿਦਿਆਰਥੀ ਵਰਗ ਨੂੰ ਵਿਦਿਆ ਪ੍ਰਾਪਤ ਕਰਨ ਦੇ ਨਾਲ ਨਾਲ ਸਮਾਜਿਕ ਭਲਾਈ ਦੇ ਕਾਰਜਾਂ ਨਾਲ ਜੁੜਨ ਆਪਣੇ ਆਸ ਪਾਸ ਦੇ ਸਮਾਜ ਅਤੇ ਇਲਾਕੇ ਦੀਆਂ ਸਮੱਸਿਆਂਵਾਂ ਨੂੰ ਸਮਝਣ ਅਤੇ ਉਨ੍ਹਾਂ ਦੇ ਹੱਲ ਲਈ ਲੋਕਾਂ ਨਾਲ ਵਿਚਾਰ ਵਟਾਂਦਰੇ ਕਰਨ, ਗਰੀਬ ਪਰਵਾਰਾਂ ਦੀ ਮਦਦ ਕਰਨ ਉਨ੍ਹਾਂ ਨੂੰ ਵਿਦਿਆ ਪ੍ਰਾਪਤ ਕਰਨ ਲਈ ਉਤਸ਼ਾਹਿਤ ਕਰਨ, ਸਮਾਜ ਵਿਚ ਖ਼ੂਨ ਦਾਨ, ਨੇਤਰ ਦਾਨ ਅਤੇ ਅੰਗ ਦਾਨ ਦੀ ਮਹੱਤਤਾ ਸਬੰਧੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਸਰਕਾਰੀ ਕਾਲਜ ਹੁਸ਼ਿਆਰਪੁਰ ਵੱਲੋਂ ਉਘੀ ਸਮਾਜ ਸੇਵੀ ਸੰਸਥਾ ਨੇਤਰ ਦਾਨ ਐਸੋਸੀਏਸ਼ਨ ਹੁਸ਼ਿਆਰਪੁਰ ਨਾਲ ਵਿਸ਼ੇਸ਼ ਪਰੋਗਰਾਮ ਉਲੀਕੇ ਗਏ ਹਨ। ਇਸ ਮੁਹਿਮ ਤਹਿਤ ਵਿਦਿਆਰਥੀਆਂ ਦੀ ਵਿਸ਼ੇਸ਼ ਟੀਮ ਵੱਲੋਂ ਉੱਘੀ ਸਮਾਜ ਭਲਾਈ ਸੰਸਥਾ ਰਾਮ ਚਰਿਤ ਮਾਨਸ ਪ੍ਰਚਾਰ ਮੰਡਲ ਵਿਖੇ ਪਹੁੰਚੀ। ਇਸ ਮੌਕੇ ਤੇ ਉੱਘੇ ਸਮਾਜ ਸੇਵਕ ਅਤੇ ਸੇਵਾ ਮੁਕਤ ਸਿਵਲ ਸਰਜਨ ਡਾਕਟਰ ਅਜੈ ਬੱਗਾ ਵਿਦਿਆਰਥੀਆਂ ਨਾਲ ਗੱਲਬਾਤ ਕਰਦੇ ਹੋਏ ਕਿਹਾ ਕਿ ਵਿਦਿਆਰਥੀਆਂ ਦਾ ਮੁੱਖ ਟੀਚਾ ਵਿਦਿਆ ਪ੍ਰਾਪਤ ਕਰਕੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨਾ ਹੈ ਅਤੇ ਪੜ੍ਹਾਈ ਦੌਰਾਨ ਸਮਾਜ ਭਲਾਈ ਕਾਰਜਾਂ ਸਬੰਧੀ ਜਾਗਰੂਕਤਾ ਪੈਦਾ ਕਰਨਾ ਜਿੰਦਗੀ ਨੂੰ ਹੋਰ ਵੀ ਬਿਹਤਰ ਬਣਾਉਣ ਲਈ ਸਹਾਈ ਸਿੱਧ ਹੋਵੇਗਾ।ਇਸ ਮੌਕੇ ਤੇ ਰਾਮ ਚਰਿਤ ਮਾਨਸ ਪ੍ਰਚਾਰ ਮੰਡਲ ਦੇ ਚੇਅਰਮੈਨ ਹਰੀਸ਼ ਸੈਣੀ, ਨੇਤਰ ਦਾਨ ਐਸੋਸੀਏਸ਼ਨ ਦੇ ਸਰਪ੍ਰਸਤ ਪ੍ਰੋਫੈਸਰ ਬਹਾਦਰ ਸਿੰਘ ਸੁਨੇਤ, ਉਪ ਪ੍ਰਧਾਨ ਗੁਰਪ੍ਰੀਤ ਸਿੰਘ, ਪ੍ਰੇਮ ਸੈਣੀ, ਜਤਿੰਦਰ ਕੌਰ, ਸੰਤਸ਼ ਸੈਣੀ, ਹਰਵਿੰਦਰ ਕੌਰ, ਲਖਵਿੰਦਰ ਕੌਰ ਡਿੰਪੀ ਅਤੇ ਕੁਮ ਕੁਮ ਸੂਦ ਨੇ ਤਵਿਦਿਆਰਥੀਆਂ ਵੱਲੋਂ ਸਮਾਜ ਸੇਵੀ ਕਾਰਜਾਂ ਵਿੱਚ ਭਾਰੀ ਉਤਸ਼ਾਹ ਅਤੇ ਵਿਖਾਈ ਜਾ ਰਹੀ ਦਿਲਚਸਪੀ ਨੂੰ ਦੇਖਦਿਆਂ ਸਰਕਾਰੀ ਕਾਲਜ ਦੇ ਪ੍ਰਿੰਸੀਪਲ ਅਤੇ ਸਮੂਹ ਸਟਾਫ ਦਾ ਧੰਨਵਾਦ ਕੀਤਾ ।

# ਸਫਾਈ ਕਰਮਚਾਰੀ ਆਪਣੇ ਹੱਕਾਂ ਲਈ ਸੰਘਰਸ਼ ਕਰਨ ਲਈ ਮਜਬੂਰ : ਅਵਿਨਾਸ਼ ਚੰਦਰ



**ਜਲੰਧਰ (ਸ਼ੈਲੀ ਐਲਬਰਟ)**- ਪੰਜਾਬ ਸਰਕਾਰ ਦੇ ਸਾਬਕਾ ਮੁੱਖ ਸੰਸਦੀ ਸਕੱਤਰ ਅਤੇ ਕਰਤਾਰਪੁਰ ਤੇ ਫਿਲੌਰ ਤੋਂ ਸਾਬਕਾ ਵਿਧਾਇਕ ਅਵਿਨਾਸ਼ ਚੰਦਰ ਨੇ ਨਵੀਂ ਦਿੱਲੀ ਵਿਖੇ ਭਾਰਤ ਸਰਕਾਰ ਦੇ ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਦੇ ਦਫ਼ਤਰ ਵਿੱਚ ਕਮਿਸ਼ਨ ਦੇ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ ਨਾਲ ਮੁਲਾਕਾਤ ਕਰਕੇ ਪੰਜਾਬ ਦੇ ਸਫਾਈ ਕਰਮਚਾਰੀਆਂ ਨਾਲ ਸੰਬੰਧਿਤ ਗੰਭੀਰ ਮੁੱਦਿਆਂ ਅਤੇ ਸਮੱਸਿਆਵਾਂ ਨੂੰ ਵਿਸਥਾਰ ਨਾਲ ਰੱਖਿਆ।ਅਵਿਨਾਸ਼ ਚੰਦਰ ਨੇ ਦੱਸਿਆ ਕਿ ਪੰਜਾਬ ਦੀਆਂ 13 ਨਗਰ ਨਿਗਮਾਂ, 76 ਨਗਰ ਕੌਂਸਲਾਂ ਅਤੇ 21 ਨਗਰ ਪੰਚਾਇਤਾਂ ਸਮੇਤ ਕੁੱਲ 110 ਸ਼ਹਿਰੀ ਸਥਾਨਕ ਸੰਸਥਾਵਾਂ ਵਿੱਚ ਕੰਮ ਕਰ ਰਹੇ ਹਜ਼ਾਰਾਂ ਸਫਾਈ ਕਰਮਚਾਰੀ ਅੱਜ ਵੀ ਠੇਕੇਦਾਰੀ ਅਤੇ ਆਊਟਸੋਰਸਿੰਗ ਪ੍ਰਣਾਲੀ ਕਾਰਨ ਮੁਸ਼ਕਲ ਹਾਲਾਤਾਂ ਵਿੱਚ ਕੰਮ ਕਰ ਰਹੇ ਹਨ। ਉਨ੍ਹਾਂ ਕਿਹਾ ਕਿ ਕਈ ਥਾਵਾਂ 'ਤੇ ਕਰਮਚਾਰੀਆਂ ਨੂੰ ਸਮੇਂ ਸਿਰ ਤਨਖਾਹ ਨਹੀਂ ਮਿਲ ਰਹੀ, ਈ ਪੀ ਐੱਫ ਅਤੇ ਈ ਐੱਸ ਆਈ ਵਰਗੀਆਂ ਕਾਨੂੰਨੀ ਸਹੂਲਤਾਂ ਦੇ ਲਾਗੂ ਹੋਣ ਬਾਰੇ ਸ਼ਿਕਾਇਤਾਂ ਹਨ, ਸਾਲਾਂ ਦੀ ਸੇਵਾ ਦੇ ਬਾਵਜੂਦ ਨਿਯਮਤ ਨਹੀਂ ਕੀਤਾ ਗਿਆ ਅਤੇ ਸਫਾਈ ਕਰਮਚਾਰੀਆਂ ਨੂੰ ਸੁਰੱਖਿਆ ਉਪਕਰਨ, ਆਧੁਨਿਕ ਮਸ਼ੀਨਾਂ, ਵਰਦੀਆਂ ਅਤੇ ਹੋਰ ਲੋੜੀਂਦੀਆਂ ਸਹੂਲਤਾਂ ਵੀ ਪ੍ਰਯਾਪਤ ਤੌਰ 'ਤੇ ਉਪਲਬਧ ਨਹੀਂ ਕਰਵਾਈਆਂ ਜਾ ਰਹੀਆਂ। ਅਵਿਨਾਸ਼ ਚੰਦਰ ਨੇ ਮੰਗ ਕੀਤੀ ਕਿ ਠੇਕਾ ਅਤੇ ਆਊਟਸੋਰਸਿੰਗ ਪ੍ਰਣਾਲੀ ਦੀ ਸਮੀਖਿਆ ਕਰਕੇ ਕਰਮਚਾਰੀਆਂ ਨੂੰ ਰਾਹਤ ਦਿੱਤੀ ਜਾਵੇ, ਸਮੇਂ ਸਿਰ ਤਨਖਾਹ ਯਕੀਨੀ ਬਣਾਈ ਜਾਵੇ, ਖਾਲੀ ਅਸਾਮੀਆਂ 'ਤੇ ਨਿਯਮਤ ਭਰਤੀ ਕੀਤੀ ਜਾਵੇ, ਈ ਪੀ ਐੱਫ ਅਤੇ ਈ ਐੱਸ ਆਈ ਦਾ ਪੂਰਾ ਲਾਭ ਦਿੱਤਾ ਜਾਵੇ, ਸਾਰੇ ਯੋਗ ਕਰਮਚਾਰੀਆਂ ਨੂੰ ਬੀਮਾ ਯੋਜਨਾਵਾਂ ਦਾ ਲਾਭ ਮਿਲੇ, ਸੁਰੱਖਿਆ ਉਪਕਰਨ ਮੁਹੱਈਆ ਕਰਵਾਏ ਜਾਣ ਅਤੇ ਸਫਾਈ ਕਰਮਚਾਰੀਆਂ ਦੇ ਸਨਮਾਨ ਅਤੇ ਨੌਕਰੀ ਦੀ ਸੁਰੱਖਿਆ ਦੀ ਗਾਰੰਟੀ ਦਿੱਤੀ ਜਾਵੇ। ਰਾਸ਼ਟਰੀ ਸਫਾਈ ਕਰਮਚਾਰੀ ਕਮਿਸ਼ਨ ਦੇ ਵਾਈਸ ਚੇਅਰਮੈਨ ਹਰਦੀਪ ਸਿੰਘ ਗਿੱਲ ਨੇ ਪ੍ਰਤੀਨਿਧ ਮੰਡਲ ਵੱਲੋਂ ਉਠਾਏ ਗਏ ਮੁੱਦਿਆਂ ਨੂੰ ਗੰਭੀਰਤਾ ਨਾਲ ਸੁਣਿਆ ਅਤੇ ਕਿਹਾ ਕਿ ਸਫਾਈ ਕਰਮਚਾਰੀਆਂ ਦੇ ਹੱਕਾਂ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਕਬੂਲ ਨਹੀਂ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਕਮਿਸ਼ਨ ਨੂੰ ਪ੍ਰਾਪਤ ਸ਼ਿਕਾਇਤਾਂ ਦੀ ਜਾਂਚ ਕੀਤੀ ਜਾਵੇਗੀ ਅਤੇ ਲੋੜ ਪੈਣ 'ਤੇ ਸੰਬੰਧਿਤ ਅਧਿਕਾਰੀਆਂ ਅਤੇ ਪੰਜਾਬ ਸਰਕਾਰ ਤੋਂ ਰਿਪੋਰਟ ਤਲਬ ਕਰਕੇ ਯੋਗ ਕਾਰਵਾਈ ਕੀਤੀ ਜਾਵੇਗੀ। ਹਰਦੀਪ ਸਿੰਘ ਗਿੱਲ ਨੇ ਕਿਹਾ ਕਿ ਸਫਾਈ ਕਰਮਚਾਰੀ ਦੇਸ਼ ਦੀ ਸਫਾਈ ਪ੍ਰਣਾਲੀ ਦੀ ਰੀੜ੍ਹ ਦੀ ਹੱਡੀ ਹਨ।

# ਲੋਕ ਰਾਜ ਅੰਦਰ ਆਰਥਿਕ ਤੌਰ 'ਤੇ ਕਮਜ਼ੋਰ ਵਰਗ ਦੀ ਮਦਦ ਕਰਨਾ ਅਤੀ ਜ਼ਰੂਰੀ : ਕਰਨ ਸਿੰਘ ਰਾਣਾ




**ਬਲਾਚੌਰ /ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਕੇਂਦਰ ਸਰਕਾਰ ਅਤੇ ਪੰਜਾਬ ਸਰਕਾਰ ਲੋਕ ਪੱਖੀ ਨੀਤੀਆਂ ਬਣਾਉਣ ਵਿੱਚ ਪੂਰੀ ਤਰ੍ਹਾਂ ਅਸਫਲ ਰਹੀਆਂ ਹਨ। ਦੇਸ਼ ਆਤਮ ਨਿਰਭਰ ਬਣਿਆ ਅਤੇ ਨਾ ਹੀ ਪੰਜਾਬ ਆਪਣੇ ਪੈਰਾਂ 'ਤੇ ਖੜ੍ਹ ਸਕਿਆ। ਇਨ੍ਹਾਂ ਵਿਚਾਰਾਂ ਦਾ ਪ੍ਰਗਟਾਵਾ ਸਾਥੀ ਕਰਨ ਸਿੰਘ ਰਾਣਾ ਜਨਰਲ ਸਕੱਤਰ ਸਾਂਝਾ ਕਿਸਾਨ ਮਜ਼ਦੂਰ ਮੋਰਚਾ ਸੰਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ ਨੇ ਇੱਥੇ ਆਗੂਆਂ ਦੀ ਮੀਟਿੰਗ ਨੂੰ ਸੰਬੋਧਨ ਕਰਦੇ ਹੋਏ ਕੀਤਾ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਕਰਨ ਦੀ ਕੋਈ ਕੋਸ਼ਿਸ਼ ਨਹੀਂ ਹੋ ਰਹੀ। ਉਦਯੋਗ ਅਤੇ ਖੇਤੀਬਾੜੀ ਨੂੰ ਪ੍ਰਫੁਲਤ ਅਤੇ ਮਜ਼ਬੂਤ ਬਣਾਉਣ ਲਈ ਕੋਈ ਠੋਸ ਨੀਤੀ ਸਰਕਾਰ ਦੇ ਏਜੰਡੇ 'ਤੇ ਨਹੀਂ । ਵਿਰੋਧੀ ਧਿਰਾਂ ਕੋਲ ਵੀ ਪੰਜਾਬ ਦੀ ਤਰੱਕੀ ਅਤੇ ਖੁਸ਼ਹਾਲੀ ਲਈ ਕੋਈ ਠੋਸ ਯੋਜਨਾ ਨਹੀਂ ਹੈ। ਸਰਕਾਰੀ ਵਿੱਦਿਆ, ਸਿਹਤ ਸੇਵਾਵਾਂ ਅਤੇ ਜਵਾਬ ਦੇ ਪ੍ਰਸ਼ਾਸਨ ਦਮ ਤੋੜ ਰਹੇ ਹਨ। ਭ੍ਰਿਸ਼ਟਾਚਾਰ, ਮਾਰੂ ਨਸ਼ੇ, ਗੈਂਗਸਟਰਵਾਦ ਅਤੇ ਹਰ ਖੇਤਰ ਦਾ ਮਾਫੀਆ ਪੰਜਾਬ ਨੂੰ ਘੁਣ ਵਾਂਗ ਖਾ ਰਹੇ ਹਨ। ਪੰਜਾਬ ਨੂੰ ਬਚਾਉਣ ਲਈ ਰਾਜਨੀਤਕ ਧਿਰਾਂ ਕੋਲ ਕੋਈ ਰੋਡ ਮੈਪ ਨਹੀਂ ।ਸਾਥੀ ਰਾਣਾ ਨੇ ਕਿਹਾ ਕਿ ਲੋਕ ਰਾਜ ਵਿੱਚ ਆਰਥਿਕ ਤੌਰ 'ਤੇ ਕਮਜ਼ੋਰ ਲੋਕਾਂ ਦੀ ਮਦਦ ਕਰਨਾ ਅਤੀ ਜ਼ਰੂਰੀ ਹੈ ਤਾਂ ਕਿ ਕਮਜ਼ੋਰ ਵਰਗ ਦਾ ਮਾਨ ਸਨਮਾਨ ਬਹਾਲ ਰਹੇ। ਪਰ ਵੋਟਾਂ ਖਾਤਰ ਹਰੇਕ ਨੂੰ ਲੋੜਵੰਦ ਬਣਾਉਣਾ ਖਤਰਨਾਕ ਹੋਵੇਗਾ। ਅਜਿਹਾ ਕਰਨ ਨਾਲ ਪੰਜਾਬ ਦਾ ਵਿਕਾਸ ਰੁਕ ਜਾਵੇਗਾ ਅਤੇ ਚੜ੍ਹੇ ਕਰਜ਼ੇ ਦੀ ਪੰਡ ਨੂੰ ਲਾਹੁਣ ਲਈ ਲੋਕਾਂ ਤੇ ਭਾਰੀ ਟੈਕਸ ਲੱਗੇਗਾ।

ਭਾਵੇਂ ਮੁਫਤ ਸਹੂਲਤਾਂ ਵੰਡਣ ਦਾ ਕੰਮ ਅਕਾਲੀ ਬੀਜੇਪੀ ਸਰਕਾਰ ਵੱਲੋਂ ਸ਼ੁਰੂ ਕੀਤਾ ਗਿਆ ਸੀ ਪਰ ਇਹ ਅੱਜ ਵੀ ਸਾਰੇ ਲੋਕਾਂ ਨੂੰ ਲੋੜ ਬੰਦ ਬਣਾ ਕੇ ਜਾਰੀ ਹੈ। ਇਤਿਹਾਸ ਗਵਾਹ ਹੈ ਕਿ ਮੁਫਤ ਦੀਆਂ ਸਕੀਮਾਂ ਅਤੇ ਨਗਦ ਸਹਾਇਤਾ ਨੇ ਬੈਨਜੂਏਲਾ ਅਤੇ ਸ੍ਰੀ ਲੰਕਾ ਨੂੰ ਕੰਗਾਲ ਬਣਾਇਆ। ਇਹਨਾਂ ਤੋਂ ਸਬਕ ਲੈਂਦੇ ਹੋਏ ਪੰਜਾਬ ਸਰਕਾਰ ਸਿਰਫ ਲੋੜਵੰਦਾਂ ਲਈ ਆਰਥਿਕ ਮਦਦ ਕਰੇ ਪਰ ਵੋਟਾਂ ਲਈ ਹਰ ਕਿਸੇ ਨੂੰ ਲੋੜ ਬੰਦ ਬਣਾਉਣਾ ਖਤਰਨਾਕ ਹੋਵੇਗਾ।ਪੰਜਾਬ ਲਈ ਉਦਯੋਗਾਂ ਵਿੱਚ ਵਾਧਾ ਕਰਨਾ ਅਤੀ ਜ਼ਰੂਰੀ ਹੈ ਤਾਂ ਹੀ ਲੋਕਾਂ ਨੂੰ ਰੋਜ਼ਗਾਰ ਮਿਲ ਸਕਦਾ ਹੈ। ਇਸੇ ਤਰ੍ਹਾਂ ਮਨਰੇਗਾ ਵਿੱਚ ਲੋਕਾਂ ਲਈ ਰੋਜ਼ਗਾਰ ਦਾ ਬੰਦੋਬਸਤ ਕਰਨਾ ਪਵੇਗਾ। ਪੰਜਾਬ ਕੋਲ ਮਿਹਨਤੀ ਲੋਕ ਅਤੇ ਖੇਤੀਬਾੜੀ ਦਾ ਧੰਦਾ ਹੈ, ਇਸ ਨੂੰ ਬਚਾਉਣ ਲਈ ਸਰਕਾਰੀ ਨਿਵੇਸ਼ ਵਿੱਚ ਵਾਧਾ ਕਰਨਾ ਪਵੇਗਾ। ਉਨਾਂ ਪੰਜਾਬ ਹਿਤੈਸ਼ੀ ਲੋਕਾਂ, ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਉਹ ਸਾਰੇ ਮਤਭੇਦ ਭੁਲਾ ਕੇ ਪੰਜਾਬ ਨੂੰ ਬਚਾਉਣ ਦਾ ਕਾਰਜ ਅਤੇ ਸੰਘਰਸ਼ ਨੂੰ ਹੋਰ ਵਿਸ਼ਾਲ ਅਤੇ ਤਿੱਖਾ ਕਰਨ। ਉਨਾਂ ਸਮੂਹ ਪੰਜਾਬੀਆਂ ਨੂੰ ਵੀ ਅਪੀਲ ਕੀਤੀ ਕਿ ਜਨ ਅੰਦੋਲਨ ਦੇ ਹਿੱਸੇਦਾਰ ਬਣ ਕੇ ਪੰਜਾਬ ਦੀ ਖੁਸ਼ਹਾਲੀ ਲਈ ਯਤਨ ਤੇਜ਼ ਕੀਤੇ ਜਾਣ। ਇਸ ਮੌਕੇ ਕਰਨੈਲ ਸਿੰਘ ਭੱਲਾ, ਹਰਪਾਲ ਸਿੰਘ ਮੱਕੋਵਾਲ, ਮੋਹਨ ਕੈਂਥ ਅਤੇ ਮਨੋਹਰ ਲਾਲ ਟੌਂਸਾ ਨੇ ਵੀ ਆਪਣੇ ਵਿਚਾਰ ਪੇਸ਼ ਕੀਤੇ।

# ਐੱਸ ਆਈ ਆਰ ਨੂੰ ਸੁਖਾਲਾ ਬਣਾਉਣ ਲਈ ਪ੍ਰਮੁੱਖ ਨਾਗਰਿਕ ਸੇਵਾਵਾਂ ਦੀਆਂ ਸਰਕਾਰੀ ਫ਼ੀਸਾਂ ਮੁਆਫ਼

**ਚੰਡੀਗੜ੍ਹ (ਗੁਰਜੀਤ ਬਿੱਲਾ)**- ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ ਆਈ ਆਰ) ਪ੍ਰਕਿਰਿਆ ਨੂੰ ਹੋਰ ਸੁਖਾਲਾ ਬਣਾਉਣ ਅਤੇ ਨਾਗਰਿਕਾਂ ਲਈ ਬਿਨਾਂ ਕਿਸੇ ਵਿੱਤੀ ਬੋਝ ਦੇ ਲੋੜੀਂਦੇ ਦਸਤਾਵੇਜ਼ ਪ੍ਰਾਪਤ ਕਰਨ ਨੂੰ ਯਕੀਨੀ ਬਣਾਉਣ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਪੰਜਾਬ ਕੈਬਨਿਟ ਵੱਲੋਂ 1 ਜੁਲਾਈ ਤੋਂ 30 ਸਤੰਬਰ 2026 ਤੱਕ ਕਈ ਪ੍ਰਮੁੱਖ ਨਾਗਰਿਕ ਸੇਵਾਵਾਂ ਲਈ ਸਰਕਾਰੀ ਫ਼ੀਸਾਂ ਅਤੇ ਸਹੂਲਤ ਖ਼ਰਚੇ ਮੁਆਫ਼ ਕਰਨ ਨੂੰ ਪ੍ਰਵਾਨਗੀ ਦੇ ਦਿੱਤੀ ਹੈ। ਇਸ ਸਬੰਧੀ ਫ਼ੈਸਲਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਪ੍ਰਧਾਨਗੀ ਹੇਠ ਹੋਈ ਕੈਬਨਿਟ ਮੀਟਿੰਗ ਦੌਰਾਨ ਲਿਆ ਗਿਆ।ਇਸ ਸਬੰਧੀ ਵੇਰਵੇ ਸਾਂਝੇ ਕਰਦਿਆਂ ਮੁੱਖ ਮੰਤਰੀ ਦਫ਼ਤਰ ਨੇ ਦੱਸਿਆ ਕਿ ਕੈਬਨਿਟ ਨੇ ਵੋਟਰ ਸੂਚੀਆਂ ਦੀ ਚੱਲ ਰਹੀ ਵਿਸ਼ੇਸ਼ ਗਹਿਰੀ ਸੁਧਾਈ (ਐੱਸ ਆਈ ਆਰ) ਦੀ ਸਹੂਲਤ ਲਈ ਤਿੰਨ ਮਹੀਨਿਆਂ ਦੀ ਮਿਆਦ ਵਾਸਤੇ ਕਈ ਪ੍ਰਮੁੱਖ ਨਾਗਰਿਕ ਸੇਵਾਵਾਂ ਦੀਆਂ ਸਰਕਾਰੀ ਫ਼ੀਸਾਂ ਅਤੇ ਫੈਸਿਲੀਟੇਸ਼ਨ ਚਾਰਜਿਜ਼ ਮੁਆਫ਼ ਕਰਨ ਨੂੰ ਮਨਜ਼ੂਰੀ ਦੇ ਦਿੱਤੀ ਹੈ। ਇਸ ਤਹਿਤ ਜਿਨ੍ਹਾਂ ਜ਼ਰੂਰੀ ਨਾਗਰਿਕ ਸੇਵਾਵਾਂ ਵਿੱਚ ਛੋਟ ਦਿੱਤੀ ਜਾਵੇਗੀ, ਉਹਨਾਂ ਵਿੱਚ ਜਾਤੀ ਸਰਟੀਫਿਕੇਟ, ਰਿਹਾਇਸ਼ ਸਰਟੀਫਿਕੇਟ, ਜਨਮ ਸਰਟੀਫਿਕੇਟ, ਦਸਵੀਂ ਅਤੇ ਬਾਰ੍ਹਵੀਂ ਜਮਾਤ ਦੇ ਡੁਪਲੀਕੇਟ ਸਰਟੀਫਿਕੇਟ ਜਾਰੀ ਕਰਨਾ ਆਦਿ ਸੇਵਾਵਾਂ ਸ਼ਾਮਲ ਹਨ। ਇਹ ਲਾਭ 1 ਜੁਲਾਈ ਤੋਂ 30 ਸਤੰਬਰ, 2026 ਤੱਕ ਸੇਵਾ ਕੇਂਦਰਾਂ, ਘਰ ਦੇ ਨੇੜੇ ਅਤੇ ਆਨਲਾਈਨ ਨਾਗਰਿਕ ਸੇਵਾਵਾਂ ਪੋਰਟਲ ਰਾਹੀਂ ਪ੍ਰਦਾਨ ਕੀਤੀਆਂ ਜਾਣ ਵਾਲੀਆਂ ਸੇਵਾਵਾਂ ਲਈ ਉਪਲਬਧ ਹੋਵੇਗਾ। ਸੰਬੰਧਿਤ ਪ੍ਰਸ਼ਾਸਕੀ ਵਿਭਾਗਾਂ ਨੂੰ ਫੈਸਲਾ ਲਾਗੂ ਕਰਨ ਲਈ ਸਾਰੀਆਂ ਜ਼ਰੂਰੀ ਸੂਚਨਾਵਾਂ, ਨਿਰਦੇਸ਼ ਅਤੇ ਸੰਚਾਲਨ ਦਿਸ਼ਾ-ਨਿਰਦੇਸ਼ ਜਾਰੀ ਕਰਨ ਲਈ ਅਧਿਕਾਰਤ ਕੀਤਾ ਗਿਆ ਹੈ। ਗੁੱਡ ਗਵਰਨੈਂਸ ਅਤੇ ਸੂਚਨਾ ਤਕਨਾਲੋਜੀ ਵਿਭਾਗ ਨੂੰ ਹੋਰ ਸਬੰਧਤ ਵਿਭਾਗਾਂ ਦੇ ਨਾਲ, ਪ੍ਰਸਤਾਵ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕਰਨ ਲਈ ਲੋੜੀਂਦੀਆਂ ਸਾਰੀਆਂ ਕਾਰਵਾਈਆਂ ਕਰਨ ਲਈ ਵੀ ਅਧਿਕਾਰਤ ਕੀਤਾ ਗਿਆ ਹੈ। ਇਹਨਾਂ ਤਿੰਨ ਮਹੀਨਿਆਂ ਦੌਰਾਨ ਸਰਕਾਰੀ ਫੀਸਾਂ ਅਤੇ ਸਹੂਲਤ ਖ਼ਰਚਿਆਂ ਦੀ ਛੋਟ ਦੀ ਲਾਗਤ ਪੰਜਾਬ ਸਰਕਾਰ ਵੱਲੋਂ ਚੁੱਕੀ ਜਾਵੇਗੀ।

## ਸੀ ਪੀ ਜਲੰਧਰ ਬਣੇ ਸੁਰਜੀਤ ਹਾਕੀ ਸੁਸਾਇਟੀ ਦੇ ਸਰਪ੍ਰਸਤ



**ਜਲੰਧਰ (ਸੁਰਿੰਦਰ ਕੁਮਾਰ)** ਜਲੰਧਰ ਦੇ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨੂੰ ਸੁਰਜੀਤ ਹਾਕੀ ਸੁਸਾਇਟੀ ਦਾ ਸਰਪ੍ਰਸਤ ਨਿਯੁਕਤ ਕੀਤਾ ਗਿਆ ਹੈ।ਸੁਰਜੀਤ ਹਾਕੀ ਸੁਸਾਇਟੀ ਦੇ ਸੰਵਿਧਾਨ ਮੁਤਾਬਕ ਜਲੰਧਰ ਦੇ ਪੁਲਸ ਕਮਿਸ਼ਨਰ ਨੂੰ ਸੁਸਾਇਟੀ ਦਾ ਸਰਪ੍ਰਸਤ ਥਾਪਣ ਦਾ ਪ੍ਰੋਵਿਜਨ ਕੀਤਾ ਹੋਇਆ ਹੈ। ਸੁਸਾਇਟੀ ਦੇ ਐੱਲ ਆਰ ਨਈਅਰ ਤੇ ਲਖਵਿੰਦਰ ਪਾਲ ਸਿੰਘ ਖਹਿਰਾ (ਵਰਕਿੰਗ ਪ੍ਰਧਾਨ), ਇਕਬਾਲ ਸਿੰਘ ਸੰਧੂ (ਸੀ ਈ ਓ), ਸੁਰਿੰਦਰ ਸਿੰਘ ਭਾਪਾ (ਜਨਰਲ ਸਕੱਤਰ), ਨਰਿੰਦਰ ਪਾਲ।ਸਿੰਘ ਜੱਜ (ਮੀਤ ਪ੍ਰਧਾਨ) ਅਤੇ ਰਣਬੀਰ ਸਿੰਘ ਟੁੱਟ (ਸਕੱਤਰ) ਨੇ ਜਲੰਧਰ ਦੇ ਪੁਲਸ ਕਮਿਸ਼ਨਰ ਸਤਿੰਦਰ ਸਿੰਘ ਨੂੰ ਮਿਲਕੇ ਸਰਪ੍ਰਸਤ ਨਿਯੁਕਤੀ ਦਾ ਪੱਤਰ ਸੌਂਪਦੇ ਹੋਏ ਉਹਨਾਂ ਨੂੰ ਸੁਰਜੀਤ ਹਾਕੀ ਸੁਸਾਇਟੀ ਦੀਆਂ ਉਪਲਬਧੀਆਂ ਬਾਰੇ ਜਾਣਕਾਰੀ ਦੇਣ ਤੋਂ ਇਲਾਵਾ ਅਕਤੂਬਰ ਮਹੀਨੇ ਵਿੱਚ ਹੋਣ ਵਾਲੇ 43ਵੇਂ ਇੰਡੀਅਨ ਆਇਲ ਸੁਰਜੀਤ ਹਾਕੀ ਟੂਰਨਾਮੈਂਟ ਦੀ ਤਿਆਰੀਆਂ ਬਾਰੇ ਜਾਣਕਾਰੀ ਦਿੱਤੀ ।ਇਸ ਮੌਕੇ ਪੁਲਸ ਕਮਿਸ਼ਨਰ, ਜਲੰਧਰ ਸਤਿੰਦਰ ਸਿੰਘ ਨੇ ਸੁਰਜੀਤ ਹਾਕੀ ਸੁਸਾਇਟੀ ਦੀ ਸਰਪ੍ਰਸਤੀ ਪ੍ਰਵਾਨ ਕਰਦੇ ਹੋਏ ਕਿਹਾ ਕਿ ਸੁਰਜੀਤ ਹਾਕੀ ਸੁਸਾਇਟੀ ਦੇਸ਼ ਦੀ ਇੱਕ ਨਾਮੀ ਹਾਕੀ ਸੰਸਥਾ ਹੈ ਜਿਸ ਦਾ ਹਾਕੀ ਦੇ ਖੇਤਰ ਵਿਚ ਹਮੇਸ਼ਾ ਅਹਿਮ ਯੋਗਦਾਨ ਰਿਹਾ ਹੈ । ਉਹਨਾਂ ਅੱਗੇ ਕਿਹਾ ਕਿ ਸੁਸਾਇਟੀ ਵੱਲੋਂ ਜੋ ਸੁਰਜੀਤ ਹਾਕੀ ਅਕੈਡਮੀ ਦੀ ਸ਼ੁਰੂਆਤ ਕੀਤੀ ਗਈ ਹੈ, ਵਿੱਚ 4 ਸਾਲ ਤੋਂ ਲੈ ਕੇ 18 ਸਾਲ ਤਕ ਉਮਰ ਤਕ ਦੇ 125 ਤੋਂ ਵੱਧ ਖਿਡਾਰੀਆਂ ਦੀ ਸ਼ਮੂਲੀਅਤ ਦੇਖਦੇ ਹੋਏ, ਜਿਸ ਢੰਗ ਨਾਲ ਖਿਡਾਰੀਆਂ ਨੂੰ ਓਲੰਪੀਅਨ, ਦਰੋਣਾਚਾਰੀਆ ਐਵਾਰਡੀ ਅਤੇ ਤਜ਼ਰਬੇਕਾਰ ਕੋਚਾਂ ਰਾਹੀਂ ਟ੍ਰੇਨਿੰਗ ਦਿੱਤੀ ਜਾ ਰਹੀ ਹੈ, ਅਵੱਸ਼ ਹੀ ਇਸ ਦੇ ਭਵਿੱਖ ਵਿਚ ਚੰਗੇ ਨਤੀਜੇ ਨਿਕਲਣਗੇ। ਪੁਲਸ ਕਮਿਸ਼ਨਰ ਨੇ ਸੁਸਾਇਟੀ ਮੈਂਬਰਾਂ ਨੂੰ ਸੁਸਾਇਟੀ ਤੇ ਹਾਕੀ ਦੀ ਖੇਡ ਦੀ ਤਰੱਕੀ ਲਈ ਹਰ ਸੰਭਵ ਸਹਾਇਤਾ ਦੇਣ ਦਾ ਯਕੀਨ ਦਿਵਾਇਆ । ਇਸ ਮੌਕੇ ਉਪਰ ਜਲੰਧਰ ਦੇ ਡੀ ਸੀ ਪੀ ਮਨਪ੍ਰੀਤ ਸਿੰਘ ਨੂੰ ਵੀ ਵਿਸ਼ੇਸ਼ ਤੌਰ ਤੇ ਸਨਮਾਨਤ ਕੀਤਾ ਗਿਆ ।

## ਐੱਮ ਵਾੱਕ ਸਮੈਸਟਰ 9 ਦੀਆਂ ਵਿਦਿਆਰਥਣਾਂ ਨੇ ਐੱਚ ਐੱਮ ਵੀ ਦਾ ਨਾਂਅ ਕੀਤਾ ਰੌਸ਼ਨ



**ਜਲੰਧਰ (ਸ਼ੈਲੀ ਐਲਬਰਟ)**- ਹੰਸਰਾਜ ਮਿਹਲਾ ਮਹਾਵਿਦਆਲਿਆ ਜਲੰਧਰ ਦੀਆਂ ਐਮ ਵਾੱਕ (ਮੈਂਟਲ ਹੈਲਥ ਐਂਡ ਕਾਊਂਸਿਲੰਗ) ਸਮੈਸਟਰ-9 ਦੀਆਂ ਵਿਦਆਰਥਣਾਂ ਨੇ ਯੂਨੀਵਰਿਸਟੀ ਪ੍ਰੀਖਿਆਵਾਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਦੇ ਹੋਏ ਸੰਸਥਾ ਦਾ ਨਾਂ ਰੌਸ਼ਨ ਕੀਤਾ। ਰਿਤਕਾ, ਸਿਮਰਨ ਅਤੇ ਮਿਹਕ ਨੇ 8.40 ਐੱਸ ਜੀ ਪੀ ਏ ਪ੍ਰਾਪਤ ਕਰਕੇ ਉਲੇਖਣਯੋਗ ਸਫਲਤਾ ਹਾਸਲ ਕੀਤੀ। ਤਨੁਦੀਪ ਕੌਰ ਧਵਨ ਨੇ 8.10 ਐੱਸ ਜੀ ਪੀ ਏ ਤੇ ਰਿਸ਼ਮ ਬਿਹਲ ਨੇ 7.70 ਐੱਸ ਜੀ ਪੀ ਏ ਪ੍ਰਾਪਤ ਕੀਤੀ। ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਵਿਦਿਆਰਥਣਾਂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੰਦਿਆਂ ਉਨ੍ਹਾਂ ਦੀ ਮਿਹਨਤ, ਲਗਨ ਅਤੇ ਸਮਰਪਣ ਦੀ ਭਰਪੂਰ ਸ਼ਲਾਘਾ ਕੀਤੀ। ਉਨ੍ਹਾਂ ਕਿਹਾ ਕਿ ਅਜਿਹੀਆਂ ਉਪਲਬਧੀਆਂ ਸੰਸਥਾ ਦੀ ਗੁਣਵੱਤਾਪੂਰਨ ਸਿੱਖਿਆਅਤੇ ਸਰਵਪੱਖੀ ਵਿਕਾਸ ਪ੍ਰਤੀ ਵਚਨਬੱਧਤਾ ਨੂੰ ਦਰਸਾਉਂਦੀਆਂ ਹਨ। ਡਾ. ਖੋਸਲਾ ਨੇ ਡਾ. ਅਸ਼ਮੀਨ ਕੌਰ ਅਤੇ ਵਿਭਾਗ ਦੇ ਅਧਿਆਪਕਾਂ ਪ੍ਰਿਆ ਤੇ ਨੰਦਿਤਾ ਦੇ ਨਿਰੰਤਰ ਮਾਰਗਦਰਸ਼ਨ ਅਤੇ ਪ੍ਰੇਰਨਾ ਦੀ ਵੀ ਸਰਾਹਨਾ ਕੀਤੀ, ਜਿਨਾਂ ਦੇ ਯਤਨਾਂ ਨੇ ਵਿਦਆਰਥਣਾਂ ਦੀ ਇਸ ਸਫਲਤਾ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਈ। ਉਨ੍ਹਾਂ ਵਿਦਿਆਰਥਣਾਂ ਦੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਵੀ ਦਿੱਤੀਆਂ।

# ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਫਾਰਮ ਭਰੇ



**ਜਲੰਧਰ (ਲਖਵਿੰਦਰ ਸਿੰਘ ਆਧੀ)**- ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਮਲ ਲੋਚ ਅਤੇ ਕੈਬਨਿਟ ਮੰਤਰੀ ਮਹਿੰਦਰ ਭਗਤ ਦੇ ਦਿਸ਼ਾ-ਨਿਰਦੇਸ਼ਾਂ ਹੇਠ ਬਸਤੀ ਦਾਨਿਸ਼ਮੰਦ ਵਾਰਡ ਨੰਬਰ 53 ਵਿਖੇ ਪੰਜਾਬ ਸਰਕਾਰ ਦੀ ਮਾਵਾਂ ਧੀਆਂ ਸਤਿਕਾਰ ਯੋਜਨਾ ਤਹਿਤ ਫਾਰਮ ਭਰੇ ਗਏ। ਇਸ ਸਬੰਧੀ ਆਮ ਆਦਮੀ ਪਾਰਟੀ ਦੇ ਸੀਨੀਅਰ ਆਗੂ ਕਮਲ ਲੋਚ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਸਰਕਾਰ ਦਾ ਮਕਸਦ ਹਰ ਮਾਂ-ਧੀ ਨੂੰ ਸਨਮਾਨ ਦੇਣਾ ਹੈ। ਉਨ੍ਹਾਂ ਨੇ ਦੱਸਿਆ ਕਿ ਜਲੰਧਰ ਵੈਸਟ ਵਿੱਚ ਹੁਣ ਤੱਕ ਤਕਰੀਬਨ 10,000 ਦੇ ਕਰੀਬ ਫਾਰਮ ਆਨਲਾਈਨ ਕੀਤੇ ਜਾ ਚੁੱਕੇ ਹਨ ਅਤੇ 10,000 ਦੇ ਕਰੀਬ ਲੋਕ ਇਸ ਯੋਜਨਾ ਦਾ ਲਾਭ ਲੈ ਚੁੱਕੇ ਹਨ।ਜਨਰਲ ਵਰਗ ਦੀਆਂ ਭੈਣਾਂ 3,000 ਰੁਪਏ।ਐਸ.ਸੀ. ਵਰਗ ਦੀਆਂ ਭੈਣਾਂ 4,500 ਰੁਪਏ। ਬਸਤੀ ਦਾਨਿਸ਼ਮੰਦਾਂ (ਵਾਰਡ ਨੰਬਰ 53) ਦੇ ਲਾਭਪਾਤਰੀਆਂ ਦੇ ਖਾਤਿਆਂ ਵਿੱਚ 1 ਜੁਲਾਈ ਅਤੇ 2 ਜੁਲਾਈ ਨੂੰ ਸਫਲਤਾਪੂਰਵਕ ਰਾਸ਼ੀ ਜਮ੍ਹਾਂ ਕਰ ਦਿੱਤੀ ਗਈ ਹੈ। ਉਨ੍ਹਾਂ ਦੱਸਿਆ ਕਿ ਵਿਰੋਧੀ ਪਾਰਟੀਆਂ ਵੱਲੋਂ ਇਸ ਯੋਜਨਾ ਨੂੰ ਲੈ ਕੇ ਜੋ ਸ਼ੰਕੇ ਜਾਂ ਦੁਸ਼ਪ੍ਰਚਾਰ ਕੀਤਾ ਜਾ ਰਿਹਾ ਸੀ, ਲਾਭਪਾਤਰੀਆਂ ਦੇ ਖਾਤਿਆਂ ਵਿੱਚ ਪੈਸੇ ਆਉਣ ਨਾਲ ਉਹ ਸਾਰੇ ਸਵਾਲ ਅਤੇ ਇਲਜ਼ਾਮ ਬੇਬੁਨਿਆਦ ਸਾਬਿਤ ਹੋਏ ਹਨ। ਇਹ ਇੱਕ ਵੱਡੀ ਰਾਹਤ ਅਤੇ ਖੁਸ਼ੀ ਦੀ ਗੱਲ ਹੈ ਕਿ ਸਰਕਾਰ ਵੱਲੋਂ ਕੀਤੇ ਗਏ ਵਾਅਦੇ ਨੂੰ ਅਮਲੀ ਜਾਮਾ ਪਹਿਨਾਇਆ ਗਿਆ ਹੈ।

# ਹਥਿਆਰਬੰਦ ਨੌਜਵਾਨਾਂ ਵੱਲੋਂ ਹੰਗਾਮਾ, ਸ਼ੋਰੂਮ 'ਤੇ ਕਬਜ਼ਾ ਕਰਨ ਦੀ ਕੋਸ਼ਿਸ਼



**ਡੇਰਾਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਦੇ ਪੁਰਾਣੇ ਸ਼ਹਿਰ ਦੀ ਮੀਰਾ ਮੱਲੀ ਵਿੱਚ ਰਾਮਲੀਲਾ ਗਰਾਊਂਡ ਦੇ ਨੇੜੇ ਕਰੀਬ ਦੋ ਦਰਜਨ ਨੌਜਵਾਨਾਂ ਵੱਲੋਂ ਇੱਕ ਵਿਵਾਦਿਤ ਸ਼ੋਰੂਮ 'ਤੇ ਕਬਜ਼ਾ ਕਰਨ ਲਈ ਦਹਿਸ਼ਤ ਦਾ ਨੰਗਾ ਨਾਚ ਖੇਡਿਆ ਗਿਆ। ਮੂੰਹ ਢੱਕੇ ਹੋਏ ਅਤੇ ਤਲਵਾਰਾਂ ਤੇ ਹੋਰ ਮਾਰੂ ਹਥਿਆਰਾਂ ਨਾਲ ਲੈਸ ਨੌਜਵਾਨਾਂ ਨੇ ਕਟਰ ਨਾਲ ਸ਼ੋਰੂਮ ਦਾ ਤਾਲਾ ਕੱਟਿਆ। ਇਸ ਤੋਂ ਬਾਅਦ ਇੱਕ ਟ੍ਰੈਕਟਰ ਦੀ ਮਦਦ ਨਾਲ ਸ਼ੋਰੂਮ ਦੇ ਕਥਿਤ ਮਾਲਕ ਦੀਆਂ ਅੰਦਰ ਖੜ੍ਹੀਆਂ ਆਟੋਮੈਟਿਕ ਫਾਰਚੂਨਰ ਅਤੇ ਮਰਸਡੀਜ਼ ਕਾਰਾਂ ਨੂੰ ਟੋਚਨ ਪਾ ਕੇ ਬਾਹਰ ਕੱਢਦੇ ਹੋਏ ਬੁਰੀ ਤਰ੍ਹਾਂ ਨੁਕਸਾਨ ਪਹੁੰਚਾਇਆ।ਪੁਲਸ ਨੇ ਵਾਹਨ ਅਤੇ ਸ਼ੋਰੂਮ ਦੇ ਮਾਲਕ ਵੱਲੋਂ ਦਿੱਤੀ ਸ਼ਿਕਾਇਤ ਅਤੇ ਨਾਲ ਨੱਥੀ ਕੀਤੀ ਗਈ ਸੀ ਸੀ ਟੀ ਵੀ ਫੁਟੇਜ, ਤਸਵੀਰਾਂ ਤੇ ਹੋਰ ਦਸਤਾਵੇਜ਼ਾਂ ਦੇ ਅਧਾਰ 'ਤੇ ਜਾਂਚ ਸ਼ੁਰੂ ਕਰ ਦਿੱਤੀ ਹੈ। ਹਾਲਾਂਕਿ ਅੰਦਰ ਤੀਜੀ ਗੱਡੀ ਪੋਰਸ਼ ਵੀ ਖੜ੍ਹੀ ਸੀ, ਪਰ ਉਸ ਨੂੰ ਨੁਕਸਾਨ ਨਹੀਂ ਪਹੁੰਚਾਇਆ ਗਿਆ। ਜਾਂਦੇ ਸਮੇਂ ਹਮਲਾਵਰ ਆਪਣਾ ਟ੍ਰੈਕਟਰ ਸ਼ੋਰੂਮ ਦੇ ਅੰਦਰ ਖੜ੍ਹਾ ਕਰਕੇ ਸ਼ਟਰ 'ਤੇ ਆਪਣਾ ਤਾਲਾ ਲਗਾ ਗਏ। ਜਬਰਨ ਗੱਡੀਆਂ ਨੂੰ ਟੋਚਨ ਕਰਕੇ ਬਾਹਰ ਕੱਢਣ ਅਤੇ ਮਾਰੂ ਹਥਿਆਰ ਲਹਿਰਾਉਣ ਕਾਰਨ ਆਸ-ਪਾਸ ਦੇ ਇਲਾਕੇ ਵਿੱਚ ਦਹਿਸ਼ਤ ਦਾ ਮਾਹੌਲ ਹੈ। ਹਾਲਾਂਕਿ, ਬਾਅਦ ਵਿੱਚ ਇਕੱਠੇ ਹੋਏ ਲੋਕਾਂ ਦੀ ਮਦਦ ਨਾਲ ਸ਼ੋਰੂਮ ਮਾਲਕ ਨੇ ਨਾ ਸਿਰਫ਼ ਦੁਬਾਰਾ ਸ਼ੋਰੂਮ ਨੂੰ ਆਪਣਾ ਤਾਲਾ ਲਗਾਇਆ, ਸਗੋਂ ਉੱਥੇ ਕਥਿਤ ਕਬਜ਼ਾਧਾਰੀਆਂ ਦਾ ਖੜ੍ਹਾ ਟ੍ਰੈਕਟਰ ਵੀ ਬਾਹਰ ਕੱਢ ਦਿੱਤਾ। ਥਾਣਾ ਮੁਖੀ ਸੁਮਿਤ ਮੋਰ ਨੇ ਮੌਕੇ ਦਾ ਦੌਰਾ ਕੀਤਾ। ਉਨ੍ਹਾਂ ਦੱਸਿਆ ਕਿ ਸ਼ੋਰੂਮ ਨੂੰ ਲੈ ਕੇ ਦੋਵਾਂ ਧਿਰਾਂ ਵਿਚਾਲੇ ਪ੍ਰਾਪਰਟੀ ਦਾ ਵਿਵਾਦ ਹੈ, ਜਿਸ ਕਾਰਨ ਇਸ ਕਾਰਵਾਈ ਨੂੰ ਅੰਜਾਮ ਦਿੱਤਾ ਗਿਆ ਹੈ। ਉਨ੍ਹਾਂ ਨੇ ਸ਼ਿਕਾਇਤਕਰਤਾ ਨੂੰ ਆਪਣੇ ਪੂਰੇ ਦਸਤਾਵੇਜ਼ਾਂ ਸਮੇਤ ਬੁਲਾਇਆ ਹੈ। ਦੂਜੀ ਧਿਰ ਵੱਲੋਂ ਅਮਨ-ਕਾਨੂੰਨ ਭੰਗ ਕਰਨ, ਮਾਰੂ ਹਥਿਆਰਾਂ ਦਾ ਪ੍ਰਦਰਸ਼ਨ ਕਰਨ ਅਤੇ ਵਾਹਨਾਂ ਦੀ ਤੋੜਫੋੜ ਕਰਨ ਦੇ ਮਾਮਲੇ ਵਿੱਚ ਵੱਖਰੇ ਤੌਰ 'ਤੇ ਕਾਰਵਾਈ ਕੀਤੀ ਜਾ ਰਹੀ ਹੈ।

# ਡਾ. ਮਨਮੋਹਨ ਸਿੰਘ ਐਸ ਐਮ ਓ ਵਧੀਆ ਸੇਵਾਵਾਂ ਲਈ ਸਨਮਾਨਤ



**ਦਸੂਹਾ (ਭਾਵਰ)**- ਇਹ ਸਨਮਾਨ ਸਰਕਾਰ ਵੱਲੋਂ ਅਤੇ ਫਿਰ ਜ਼ਿਲ੍ਹਾ ਲੈਵਲ ਕਮੇਟੀ ਵੱਲੋਂ ਫਰੀ ਸਟੇਟ ਦੀ ਸੀਨੀਅਰ ਅਫ਼ਸਰਾਂ ਦੀ ਕਮੇਟੀ ਵੱਲੋਂ ਘੋਖਣ ਉਪਰੰਤ ਡਾਕਟਰ ਮਨਮੋਹਨ ਸਿੰਘ ਨੂੰ ਆਪਣੇ ਕਾਰਜਕਾਲ ਵਿੱਚ ਮਰੀਜ਼ਾਂ ਨੂੰ ਸਿਹਤ ਸਹੂਲਤਾਂ ਅਤੇ ਫਿਰ ਸਿਹਤ ਸਹੂਲਤਾਂ ਵਿੱਚ ਸੁਧਾਰ ਕਰਨਾ ਅਤੇ ਸਿਵਲ ਅਫਸਰ ਦਸੂਹਾ ਨੂੰ ਕਾਇਆ ਕਲਪ ਵਿੱਚ ਪੰਜਾਬ ਵਿੱਚੋਂ ਪਹਿਲਾ ਸਥਾਨ ਦਿਵਾਉਣਾ, ਸਟੈਮੀ ਪ੍ਰੋਜੈਕਟ ਵਿੱਚ ਪੰਜਾਬ ਵਿੱਚ ਪਹਿਲਾ ਸਥਾਨ ਲਿਆਉਣਾ ਅਤੇ ਆਯੂਸ਼ਮਾਨ ਭਾਰਤ ਸੇਵਾਵਾਂ ਵਿੱਚ ਇੱਕ ਵਿਸ਼ੇਸ਼ ਅਵਾਰਡ ਪ੍ਰਾਪਤ ਕਰਨਾ ਅਤੇ ਸਿਵਲ ਹਸਪਤਾਲ ਦਸੂਹਾ ਨੂੰ ਛੋਟੀਆਂ ਛੋਟੀਆਂ ਤਬਦੀਲੀਆਂ ਕਰਕੇ ਇਸ ਹਸਪਤਾਲ ਨੂੰ ਇੱਕ ਪ੍ਰਾਈਵੇਟ ਹਸਪਤਾਲ ਵਰਗੀ ਦਿੱਖ ਦੇਣੀ ਇਹਨਾਂ ਕੰਮਾਂ ਕਰਕੇ ਪੰਜਾਬ ਸਰਕਾਰ ਵੱਲੋਂ ਸੀਨੀਅਰ ਮੈਡੀਕਲ ਅਫ਼ਸਰ ਨੂੰ ਸਟੇਟ ਲੈਵਲ ਐਵਾਰਡ ਦਿੱਤਾ ਗਿਆ। ਇਸ ਪ੍ਰਾਪਤੀ ਲਈ ਦਸੂਹਾ ਵਿਧਾਇਕ ਕਰਮਵੀਰ ਸਿੰਘ ਘੁੰਮਣ ਤੇ ਉਨ੍ਹਾਂ ਦੇ ਪਿਤਾ ਜਗਮੋਹਨ ਸਿੰਘ ਬੱਬੂ ਘੁੰਮਣ ਅਤੇ ਸਿਵਲ ਸਰਜਨ ਹੁਸ਼ਿਆਰਪੁਰ ਡਾ. ਮੰਦੀਪ ਕਮਲ, ਡਿਪਟੀ ਕਮਿਸ਼ਨਰ ਹੁਸ਼ਿਆਰਪੁਰ ਅਸ਼ਿਕਾ ਜੈਨ, ਜਗਦੀਸ਼ ਸਿੰਘ, ਡਾ. ਮਨਮੋਹਨ ਸਿੰਘ ਦੇ ਪਿਤਾ, ਜਗਦੀਪ ਸਿੰਘ ਮੁੱਖ ਸੇਵਾਦਾਰ ਗੁਰਦੁਆਰਾ ਬਾਬਾ ਬੁੱਢਾ ਸਾਹਿਬ ਜੀ ਹਰਿਆਣਾ ਅਤੇ ਸਮੂਹ ਕਰਮਚਾਰੀਆਂ ਅਧਿਕਾਰੀਆਂ ਨੇ ਖੁਸ਼ੀ ਪ੍ਰਗਟ ਕੀਤੀ ਅਤੇ ਵਧਾਈ ਦਿੱਤੀ।

## ਆਸ਼ਾ ਵਰਕਰ ਯੂਨੀਅਨ ਸੀਟੂ ਵੱਲੋਂ ਐੱਸ ਐੱਮ ਓ ਨਾਲ ਮੀਟਿੰਗ



**ਮਾਹਿਲਪੁਰ (ਸਫ਼ਰੀ)**- ਆਸ਼ਾ ਵਰਕਰ ਯੂਨੀਅਨ ਸੀਟੂ ਦਾ ਵਫਦ ਮਹਿੰਦਰ ਕੁਮਾਰ ਬੱਢੋਆਣ ਜ਼ਿਲ੍ਹਾ ਪ੍ਰਧਾਨ, ਜੋਗਿੰਦਰ ਕੌਰ ਪ੍ਰਧਾਨ ਆਸਾ ਵਰਕਰ, ਬਿੰਦਰਪਾਲ ਕੌਰ ਸਕੱਤਰ ਸੱਤਿਆ ਦੇਵੀ ਬਲਵਿੰਦਰ ਕੌਰ, ਸੁਨੀਤਾ, ਦਲਜੀਤ ਕੌਰ ਦੀ ਹਾਜ਼ਰੀ ਵਿਚ ਉਪਕਾਰ ਸਿੰਘ ਸੀਨੀਅਰ ਮੈਡੀਕਲ ਅਫਸਰ ਨੂੰ ਮਿਲਿਆ।ਜਿਸ ਵਿਚ ਆਸ਼ਾ ਵਰਕਰਾਂ ਦੇ ਲੰਮੇ ਸਮੇਂ ਤੋਂ ਰੁਕੇ ਹੋਏ ਪੈਸੇ ਜਿਸ ਵਿਚ ਟੀ ਬੀ ਸਰਵੇ, ਟੀ ਬੀ ਦਵਾਈ ਖਾ ਚੁੱਕੇ ਕਲੀਅਰ ਕੇਸਾਂ ਦਾ ਬਕਾਇਆ, ਮਹੀਨਾਵਾਰ ਮੀਟਿੰਗ ਦੇ ਨਵੰਬਰ, ਦਸੰਬਰ ਤੇ ਅਪ੍ਰੈਲ 2026 ਦੇ ਬਕਾਇਆ, ਫੈਮਿਲੀ ਪਲੈਨਿੰਗ ਕੇਸਾਂ ਦਾ ਬਕਾਇਆ, ਟ੍ਰੇਨਿੰਗ ਸਮੇ ਕੋਈ ਟੀ ਏ ਨਹੀਂ ਦਿੱਤਾ ਜਾਦਾ। ਲੰਮਾ ਸਮਾਂ ਵਿਚਾਰਾਂ ਹੋਈਆਂ ਤੇ ਕਿਹਾ ਕਿ ਸਮੇਂ ਸਿਰ ਹਰ ਮਹੀਨੇ ਮਹੀਨਾਵਾਰ ਮੀਟਿੰਗ ਕਰਾਉਣੀ ਤੇ ਜਥੇਬੰਦੀ ਨਾਲ ਹਰ ਤਿੰਨ ਮਹੀਨੇ ਬਾਅਦ ਮੀਟਿੰਗ ਕਰਨੀ ਯਕੀਨੀ ਬਣਾਈ ਜਾਵੇ । ਸਾਰੇ ਵਿਚਾਰਾਂ ਨੂੰ ਧਿਆਨ ਨਾਲ ਸੁਣਿਆ ਤੇ ਇਕ ਹਫਤੇ ਦੇ ਅੰਦਰ ਅੰਦਰ ਹੱਲ ਕਰਾਉਂਣ ਦਾ ਐਸ ਐਮ ਓ ਵੱਲੋਂ ਭਰੋਸਾ ਦਿੱਤਾ ਗਿਆ ਜਿਸ ਦਾ ਜਥੇਬੰਦੀ ਵੱਲੋ ਧੰਨਵਾਦ ਵੀ ਕੀਤਾ ਗਿਆ ਤੇ ਹੋਰ ਆਸ਼ਾ ਵਰਕਰਾਂ ਜਗੀਰ ਕੌਰ, ਸੁਦੇਸ਼, ਰੇਨੂੰ ਬਾਲਾ, ਕਮਲਜੀਤ ਕੌਰ ਨੇ ਆਪਣੇ ਵਿਚਾਰ ਸਾਝੇ ਕੀਤੇ।

# ਬੀ ਐੱਲ ਓਜ਼ ਤੋਂ ਸੁਤੰਤਰ ਤੇ ਦਬਾਅ ਰਹਿਤ ਕੰਮ ਕਰਵਾਇਆ ਜਾਵੇ : ਜੀ ਟੀ ਯੂ



**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਗੌਰਮਿੰਟ ਟੀਚਰਜ਼ ਯੂਨੀਅਨ ਪੰਜਾਬ ਜ਼ਿਲ੍ਹਾ ਹੁਸ਼ਿਆਰਪੁਰ ਦੇ ਪ੍ਰਧਾਨ ਪ੍ਰਿਤਪਾਲ ਸਿੰਘ ਚੌਟਾਲਾ ਅਤੇ ਜ਼ਿਲ੍ਹਾ ਜਨਰਲ ਸਕੱਤਰ ਜਸਵੀਰ ਤਲਵਾੜਾ ਨੇ ਇੱਕ ਪ੍ਰੈਸ ਬਿਆਨ ਜਾਰੀ ਕਰਦਿਆਂ ਕਿਹਾ ਕਿ ਪੰਜਾਬ ਇਲੈਕਸ਼ਨ ਕਮਿਸ਼ਨ ਨੂੰ ਐੱਸ ਆਈ ਆਰ ਤਹਿਤ ਚੱਲ ਰਹੇ ਕੰਮ ਵਿੱਚ ਜਲਦਬਾਜ਼ੀ ਤੋਂ ਗੁਰੇਜ਼ ਕਰਨਾ ਚਾਹੀਦਾ ਹੈ ਅਤੇ ਆਪਣੀ ਅਫ਼ਸਰਸ਼ਾਹੀ ਨੂੰ ਦਬਾਅ ਵਿੱਚ ਜਲਦ ਕੰਮ ਕਰਵਾਉਣ ਅਤੇ ਨਾਮਣਾ ਖੱਟਣ ਦੇ ਤਰੀਕੇ ਤੋਂ ਪਰਹੇਜ਼ ਕਰਨ ਲਈ ਕਹਿਣਾ ਚਾਹੀਦਾ ਹੈ, ਕਿਉਂਕਿ ਐੱਸ ਆਈ ਆਰ ਵਿੱਚ ਲੱਗਿਆ ਅਮਲਾ ਜਿਸ ਵਿੱਚ ਬੀ. ਐੱਲ. ਓਜ਼. ਮੁੱਖ ਧੁਰਾ ਹਨ ਅਤੇ ਜੋ ਕਿ ਸਾਲਾਂ ਤੋਂ ਚੋਣ ਪਰਕਿਰਿਆ ਦਾ ਹਿੱਸਾ ਹਨ ਅਤੇ ਇਸ ਕੰਮ ਵਿੱਚ ਵਧੀਆ ਤਜ਼ਰਬਾ ਰੱਖਦੇ ਹਨ ਨੂੰ ਦਬਾਅ ਰਹਿਤ ਕੰਮ ਕਰਨ ਦੇਣ ਦਾ ਮਾਹੌਲ ਦੇਣਾ ਚਾਹੀਦਾ ਹੈ। ਯੂਨੀਅਨ ਨੇਤਾਵਾਂ ਨੇ ਕਿਹਾ ਕਿ ਕੁੱਝ ਅਫ਼ਸਰਸ਼ਾਹੀ ਸਮੇਂ ਤੋਂ ਪਹਿਲਾਂ ਕੰਮ ਕਰਵਾ ਕੇ ਨਾਮਣਾ ਖੱਟਣ ਦੇ ਚੱਕਰ ਵਿੱਚ ਬੀ. ਐੱਲ.ਓਜ਼. ਤੇ ਦਬਾਅ ਪਾ ਕੇ ਇਲੈਕਸ਼ਨ ਕਮਿਸ਼ਨ ਪੰਜਾਬ ਦੀ ਤੈਅ ਸਮੇਂ ਸੀਮਾ ਤੋਂ ਪਹਿਲਾਂ ਕੰਮ ਕਰਵਾਉਣਾ ਚਾਹੁੰਦੀ ਹੈ, ਜਦ ਕਿ ਚੋਣ ਕਮਿਸ਼ਨ ਪੰਜਾਬ ਵੱਲੋਂ ਪ੍ਰੀ-ਡਰਾਫਟ ਸੂਚੀ ਤਿਆਰ ਕਰਨ ਲਈ ਬੀ ਐੱਲ ਓਜ਼. ਨੂੰ 24 ਜੁਲਾਈ ਤੱਕ ਦਾ ਸਮਾਂ ਦਿੱਤਾ ਪਰ ਕੁੱਝ ਅਫ਼ਸਰਸ਼ਾਹੀ ਚੋਣ ਕਮਿਸ਼ਨ ਪੰਜਾਬ ਦੀ ਤੈਅ ਸੀਮਾ ਨੂੰ ਛਿੱਕੇ ਟੰਗਦੇ ਹੋਏ ਆਪਣੇ ਪੱਧਰ ਤੇ ਬੀ. ਐੱਲ. ਓਜ਼ ਨੂੰ ਇਸ ਤੈਅ ਸਮੇਂ ਸੀਮਾ ਤੋਂ 10 ਦਿਨ ਪਹਿਲਾਂ ਹੀ ਕੰਮ ਪੂਰਾ ਕਰਨ ਲਈ ਅਨੈਤਿਕ ਢੰਗ ਨਾਲ ਦਬਾਅ ਬਣਾ ਰਹੀ ਹੈ,ਜਿਸ ਦਾ ਗੌਰਮਿੰਟ ਟੀਚਰਜ਼ ਯੂਨੀਅਨ ਤਿੱਖਾ ਵਿਰੋਧ ਕਰਦੀ ਹੈ ਅਤੇ ਪੰਜਾਬ ਇਲੈਕਸ਼ਨ ਕਮਿਸ਼ਨ ਤੋਂ ਮੰਗ ਕਰਦੀ ਹੈ ਕਿ ਐੱਸ ਆਈ ਆਰ ਪਰਕਿਰਿਆ ਵਿੱਚ ਜ਼ਮੀਨੀ ਪੱਧਰ ਤੇ ਲੱਗੇ ਅਮਲੇ ਨੂੰ ਦਬਾਅ ਰਹਿਤ ਅਤੇ ਸੁਤੰਤਰ ਕੰਮ ਕਰਨ ਦੇਣ ਲਈ ਉਚਿਤ ਮਾਹੌਲ ਦੇਣਾ ਚਾਹੀਦਾ ਹੈ ਤਾਂ ਜੋ ਇਸ ਪਰਿਕਰਿਆ ਨੂੰ ਸਮੇਂ ਰਹਿੰਦੇ ਪੂਰਾ ਕੀਤਾ ਜਾ ਸਕੇ।ਇਸ ਮੌਕੇ ਹੋਰਨਾਂ ਤੋਂ ਇਲਾਵਾ ਸੰਜੀਵ ਧੂਤ, ਰਜਤ ਮਹਾਜਨ, ਅਮਰ ਸਿੰਘ, ਵਿਕਾਸ ਸ਼ਰਮਾ, ਸੁਨੀਲ ਸ਼ਰਮਾ, ਵਰਿੰਦਰ ਵਿੱਕੀ, ਨਰਿੰਦਰ ਅਜਨੋਹਾ, ਪ੍ਰਿੰਸ ਪਲਿਆਲ ਗੜ੍ਹਦੀਵਾਲ, ਪਰਮਜੀਤ ਕਾਤਿਬ, ਜਸਵਿੰਦਰ ਬੁੱਲ੍ਹੋਵਾਲ, ਸਚਿਨ ਕੁਮਾਰ, ਮਨਜੀਤ ਸਿੰਘ, ਜਸਵੰਤ ਸਿੰਘ, ਪਰਸ ਰਾਮ, ਬਲਵਿੰਦਰ ਟਾਂਕ, ਸਤੀਸ਼ ਕੁਮਾਰ, ਰਾਜ ਕੁਮਾਰ, ਨਰਿੰਦਰ ਮੰਗਲ, ਰਾਜੇਸ਼ ਅਰੋੜਾ, ਜਸਵੀਰ ਬੋਦਲ, ਉਮੇਸ਼ ਕੁਮਾਰ, ਅਮਰਜੀਤ ਸਿੰਘ, ਪਵਨ ਕੁਮਾਰ ,ਚਮਨ ਲਾਲ, ਰਜਿੰਦਰ ਕੁਮਾਰ, ਰਣਵੀਰ ਸਿੰਘ,ਸ਼ਾਮ ਸੁੰਦਰ, ਅਸ਼ਵਨੀ ਰਾਣਾ, ਸਰਬਜੀਤ ਸਿੰਘ, ਨਰੇਸ਼ ਮਿੱਡਾ, ਬ੍ਰਿਜ ਮੋਹਨ, ਪਰਮਜੀਤ ਸਿੰਘ, ਅਨਿਲ ਕੁਮਾਰ, ਸਰਜੀਵਨ ਕੁਮਾਰ, ਰਾਜਦੀਪ ਸਿੰਘ ਨੌਸ਼ਿਹਰਾ, ਮੁਕੇਸ਼ ਕੁਮਾਰ, ਜਤਿੰਦਰ ਸਿੰਘ, ਬਲਜਿੰਦਰ ਸਿੰਘ, ਦਵਿੰਦਰ ਮੂਣਕ ਆਦਿ ਹਾਜ਼ਰ ਸਨ।

# ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸੇਵਾ ਸੁਸਾਇਟੀ ਨੇ ਗੁਰਮਤਿ ਸਮਾਗਮ ਕਰਵਾਇਆ



**ਜੇਜੋਂ ਦੋਆਬਾ (ਨਿਰਮਲ ਸਿੰਘ ਮੁੱਗੋਵਾਲ)**- ਜਥੇਦਾਰ ਹਰਬੰਸ ਸਿੰਘ ਸਰਹਾਲਾ ਖੁਰਦ ਦੀ ਸਰਪ੍ਰਸਤੀ ਹੇਠ ਚੱਲ ਰਹੀ ਸਾਹਿਬਜ਼ਾਦਾ ਬਾਬਾ ਅਜੀਤ ਸਿੰਘ ਸੇਵਾ ਸੋਸਾਇਟੀ ਇਲਾਕਾ ਮਾਹਿਲਪੁਰ ਵੱਲੋਂ ਗੁਰਦੁਆਰਾ ਗੁਰੂ ਰਵਿਦਾਸ ਸਿੰਘ ਸਭਾ ਸਰਹਾਲਾ ਕਲਾਂ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਸਹਿਯੋਗ ਨਾਲ ਭਾਈ ਮਨਜੀਤ ਸਿੰਘ ਮੁੱਖ ਸੇਵਾਦਾਰ ਦੀ ਅਗਵਾਈ ਹੇਠ ਗੁਰਮਤਿ ਸਮਾਗਮ ਕਰਵਾਇਆ ਗਿਆ। ਜਿਸ ਵਿੱਚ 1 ਜੂਨ ਤੋਂ 27 ਜੂਨ ਤੱਕ ਬੱਚਿਆਂ ਦਾ ਗੁਰਮਤਿ ਕੈਂਪ ਲਗਾਇਆ ਗਿਆ। ਜਿਸ ਵਿੱਚ ਵੱਖ-ਵੱਖ ਗੁਰਮਤਿ ਵਿਸ਼ਿਆਂ ਸਬੰਧੀ ਬੱਚਿਆਂ ਨੂੰ ਜਾਗਰੂਕ ਕੀਤਾ ਗਿਆ। ਕੈਂਪ ਵਿੱਚ 30 ਬੱਚਿਆਂ ਨੇ ਭਾਗ ਲਿਆ। ਗੁਰਮਤਿ ਸਮਾਗਮ ਦੌਰਾਨ ਭਾਈ ਬਲਵੀਰ ਸਿੰਘ ਮਨੋਲੀਆਂ ਦੇ ਜਥੇ ਨੇ ਸੰਗਤਾਂ ਨੂੰ ਗੁਰਬਾਣੀ ਕੀਰਤਨ ਰਾਹੀਂ ਨਿਹਾਲ ਕੀਤਾ, ਉਪਰੰਤ ਭਾਈ ਸਰਤਾਜ ਸਿੰਘ ਗੜ੍ਹਦੀਵਾਲਾ ਨੇ ਸਤਿਗੁਰੂ ਕਬੀਰ ਮਹਾਰਾਜ ਦੇ ਪ੍ਰਕਾਸ਼ ਪੁਰਬ ਦੇ ਸਬੰਧ ਵਿੱਚ ਸਤਿਗੁਰੂ ਕਬੀਰ ਮਹਾਰਾਜ ਦੀ ਵਿਚਾਰਧਾਰਾ ਦੀ ਸਾਂਝ ਪਾਈ। ਸਤਿਗੁਰੂ ਕਬੀਰ ਮਹਾਰਾਜ ਦੇ ਸਲੋਕਾਂ ਦੀ ਵਿਆਖਿਆ ਕਰਦੇ ਹੋਏ ਲੋਕਾਂ ਨੂੰ ਪਖੰਡਵਾਦ ਤੋਂ ਉੱਪਰ ਉੱਠ ਕੇ ਗੁਰਬਾਣੀ ਅਨੁਸਾਰ ਆਪਣਾ ਜੀਵਨ ਢਾਲਣ ਲਈ ਪ੍ਰੇਰਨਾ ਦਿੱਤੀ। ਅੰਤ ਵਿੱਚ ਗੁਰਮਤਿ ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਨੂੰ ਮੋਮੈਂਟੋ ਅਤੇ ਮੈਡਲਾਂ ਨਾਲ ਸਨਮਾਨਤ ਕੀਤਾ ਗਿਆ। ਇਸ ਮੌਕੇ ਮੁੱਖ ਸੇਵਾਦਾਰ ਮਨਜੀਤ ਸਿੰਘ, ਗੁਰਨਾਮ ਸਿੰਘ, ਗੁਰਦਿਆਲ ਸਿੰਘ, ਜਸਵਿੰਦਰ ਸਿੰਘ, ਸੁਖਦੇਵ ਸਿੰਘ, ਭਾਈ ਕੁਲਵੰਤ ਸਿੰਘ, ਮਨਜੀਤ ਸਿੰਘ, ਰੁਪਿੰਦਰ ਦੇਵ, ਸੁਰਿੰਦਰ ਕੌਰ,ਮਨਜੀਤ ਕੌਰ, ਮੋਹਨ ਸਿੰਘ ਸਰਪੰਚ, ਜਸਵਿੰਦਰ ਸਿੰਘ ਲੰਬੜਦਾਰ, ਦਲਜੀਤ ਸਿੰਘ, ਗੁਰਬਚਨ ਸਿੰਘ, ਮਨਜੀਤ ਸਿੰਘ, ਹੌਲਦਾਰ ਮਨਜਿੰਦਰ ਸਿੰਘ, ਸਿਮਰਨਜੀਤ ਸਿੰਘ, ਕੁਲਦੀਪ ਸਿੰਘ, ਜਸਵਿੰਦਰ ਸਿੰਘ, ਕਰਨਵੀਰ ਸਿੰਘ, ਗੋਬਿੰਦ ਸਿੰਘ ਤੋਂ ਇਲਾਵਾ ਭਾਈ ਕੁਲਵੰਤ ਸਿੰਘ ਪ੍ਰਧਾਨ ਗੁਰਦੁਆਰਾ ਟਾਹਲੀ ਸਾਹਿਬ ਗੋਂਦਪੁਰ, ਦਵਿੰਦਰ ਸਿੰਘ ਲੰਬੜਦਾਰ, ਸੋਹਣ ਸਿੰਘ ਦਾਦੂਵਾਲ, ਤਰਸੇਮ ਲਾਲ ਦਾਦੂਵਾਲ, ਅਤੇ ਹੋਰ ਸੰਗਤਾਂ ਹਾਜ਼ਰ ਸਨ। ਗੁਰੂ ਕਾ ਲੰਗਰ ਅਤੁੱਟ ਵਰਤਾਇਆ ਗਿਆ।

## ਵੋਟਰ ਸੂਚੀਆਂ ਦੀ ਸੁਧਾਈ ਸੰਬੰਧੀ ਦਿੱਤੀ ਜਾਣਕਾਰੀ



**ਆਦਮਪੁਰ (ਪਰਮਜੀਤ ਸਿੰਘ)**- ਚੋਣ ਕਮਿਸ਼ਨ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਸਬ ਡਵੀਜਨ ਆਦਮਪੁਰ ਦੀ ਸਵੀਪ ਟੀਮ ਵੱਲੋਂ ਐੱਸ ਡੀ ਐੱਮ ਲਾਲ ਵਿਸ਼ਵਾਸ਼ ਤੇ ਪ੍ਰਿੰਸੀਪਲ ਰਾਮ ਆਸਰਾ ਦੀ ਅਗਵਾਈ ਵਿਚ ਸਕੂਲ ਆਫ ਐਮੀਨੈਂਸ ਆਦਮਪੁਰ ਵਿਖੇ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ (ਐੱਸ ਆਈ ਆਰ) ਸੰਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਨੋਡਲ ਅਫਸਰ ਲੈਕਚਰਾਰ ਗੁਰਿੰਦਰ ਸਿੰਘ ਨੇ ਦੱਸਿਆ ਕਿ ਪੰਜਾਬ ਵਿੱਚ ਵੋਟਰ ਸੂਚੀਆਂ ਦੀ ਵਿਸ਼ੇਸ਼ ਸੁਧਾਈ ਦਾ ਕੰਮ ਸ਼ੁਰੂ ਹੋ ਚੁੱਕਾ ਹੈ ਅਤੇ ਇਸ ਕੰਮ ਲਈ ਵਿਧਾਨ ਸਭਾ ਹਲਕਾ 038 ਆਦਮਪੁਰ ਦੇ ਵੱਖ ਵੱਖ ਬੀ ਐੱਲ ਓਜ ਵੱਲੋਂ ਘਰੋਂ ਘਰ ਜਾ ਕੇ ਗਣਨਾ ਫਾਰਮ ਵੰਡਣ ਤੇ ਭਰੇ ਗਣਨਾ ਫਾਰਮ ਇੱਕਠੇ ਕਰਨ ਦੀ ਡਿਊਟੀ ਕੀਤੀ ਜਾ ਰਹੀ ਹੈ । ਇਸ ਤੋਂ ਬਾਅਦ ਫਾਰਮਾਂ ਦੀ ਡਿਜੀਟਾਈਜੇਸ਼ਨ ਕੀਤੀ ਜਾਵੇਗੀ।ਇਸ ਮੌਕੇ ਅਸਿਸਟੈਂਟ ਨੋਡਲ ਅਫਸਰਾਂ ਕਮਲਜੀਤ ਥਿੰਦ, ਮਾ. ਮਨਜੋਤ ਸਿੰਘ, ਲੈਕਚਰਾਰ ਕੁਲਵੀਰ ਸਿੰਘ, ਲੈਕਚਰਾਰ ਬਲਜੀਤ ਕੌਰ, ਲੈਕਚਰਾਰ ਬੋਨੀ ਸਹੋਤਾ ਨੇ ਆਦਮਪੁਰ ਹਲਕੇ ਦੇ ਵੋਟਰਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਇਲਾਕੇ ਦੇ ਬੀ ਐੱਲ ਓ ਨਾਲ ਪੂਰਨ ਸਹਿਯੋਗ ਕਰਨ ਤਾਂ ਜੋ ਸਹੀ ਵੋਟਰ ਲਿਸਟਾਂ ਤਿਆਰ ਹੋ ਸਕਣ।

# ਸਾਲਾਨਾ ਜੋੜ ਮੇਲਾ ਕਰਵਾਇਆ



**ਮਹਿਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਪਿੰਡ ਮੋਨਾ ਕਲਾਂ ਵਿਖੇ ਦਰਬਾਰ ਸਾਈਂ ਜੋਤ ਅਲੀ ਸ਼ਾਹ ਜੀ ਚਿਸ਼ਤੀ ਦੇ ਅਸਥਾਨ ਤੇ ਸਮੂਹ ਨਗਰ ਨਿਵਾਸੀ, ਗ੍ਰਾਮ ਪੰਚਾਇਤ, ਪ੍ਰਵਾਸੀ ਭਾਰਤੀਆਂ ਅਤੇ ਇਲਾਕੇ ਦੇ ਸਹਿਯੋਗ ਨਾਲ ਡੇਰੇ ਦੇ ਮੁੱਖ ਸੇਵਾਦਾਰ ਗੱਦੀ ਨਸ਼ੀਨ ਸਾਈਂ ਦੀਸੇ ਸ਼ਾਹ ਦੀ ਅਗਵਾਈ ਹੇਠ ਸਾਲਾਨਾ ਜੋੜ ਮੇਲਾ ਧੂਮਧਾਮ ਨਾਲ ਕਰਵਾਇਆ ਗਿਆ। ਇਸ ਮੌਕੇ ਮੁੱਖ ਸੇਵਾਦਾਰ ਸਾਈਂ ਰੰਗੀਂ ਸ਼ਾਹ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਚਿਰਾਗ, ਚਾਦਰ ਅਤੇ ਝੰਡੇ ਦੀ ਰਸਮ ਸੰਗਤਾਂ ਵੱਲੋਂ ਅਦਾ ਕੀਤੀ ਗਈ। ਉਪਰੰਤ ਸ਼ਾਮ ਨੂੰ ਪ੍ਰੇਮ ਪ੍ਰਨਾਮ ਪਾਰਟੀ, ਲਾਡੀ ਨਕਾਲ ਐਂਡ ਪਾਰਟੀ ਭਬਿਆਣਾ ਪੀਰਾਂ ਦੀ ਮਹਿਫ਼ਲ ਸਜਾਈ ਗਈ। ਇਸ ਮੌਕੇ ਡੇਰੇ ਦੇ ਗੱਦੀ ਨਸ਼ੀਨ ਸਾਈਂ ਦੀਸੇ ਸ਼ਾਹ ਮੋਨਾ ਕਲਾਂ ਨੇ ਦੱਸਿਆ ਕਿ ਸਾਲਾਨਾ ਜੋੜ ਮੇਲੇ ਮੌਕੇ ਮੁਨਫਰ ਅਲੀ ਕਵਾਲ ਪਾਰਟੀ, ਰਾਜ ਕੁਮਾਰ ਨਕਾਲ ਐਂਡ ਪਾਰਟੀ ਪੰਡੋਰੀ ਬੀਬੀ ਆਦਿ ਪੀਰਾ ਦੇ ਗੁਣਗਾਨ ਕੀਤੇ ਗਏ।ਸਾਲਾਨਾ ਜੋੜ ਮੇਲੇ ਦੌਰਾਨ ਸਾਈ ਦੀਸੇ ਸ਼ਾਹ ਮੋਨਾ ਕਲਾਂ, ਸਾਈਂ ਜੋਗਿੰਦਰ ਸ਼ਾਹ ਮੋਨਾ ਕਲਾਂ, ਸਾਈਂ ਫੌਜੀ ਸ਼ਾਹ ਬੱਡਲਾ, ਸਾਈਂ ਨਰਿੰਦਰ ਪਾਲ ਭਲੇਠੂ ਰਾਜਪੁਰ ਭਾਈਆਂ, ਸਾਈਂ ਸਲੀਮ ਸ਼ਾਹ ਫੁਗਲਾਣਾ, ਸਾਈਂ ਜਸਵੀਰ ਸਿੰਘ ਬੱਡਲਾ ਖੁਰਦ, ਸਾਈਂ ਨਿਰਮਲ ਸਿੰਘ ਢਾਹੇ ਵਾਲੇ, ਅਵਤਾਰ ਸਿੰਘ ਮਿੱਠੂ, ਸਾਈਂ ਗੋਨੀ ਸ਼ਾਹ ਫੁਗਲਾਣਾ, ਬੀਬੀ ਰਤਨ ਕੌਰ ਹਰਮੋਇਆ, ਸਾਈਂ ਲਾਡੀ ਸ਼ਾਹ ਬੱਡਲਾ, ਸਾਈਂ ਸੋਨੂੰ ਸ਼ਾਹ ਬਟਾਲਾ, ਸਾਈਂ ਗੋਪੇ ਸ਼ਾਹ ਮੋਨਾ ਕਲਾਂ, ਸਾਈਂ ਸੁਰਿੰਦਰ ਸ਼ਾਹ ਲੁਟੇਰਾ ਕਲਾਂ ਤੋਂ ਇਲਾਵਾ ਹੋਰ ਵੱਖ ਵੱਖ ਦਰਬਾਰਾ ਤੋਂ ਫੱਕਰ ਫ਼ਕੀਰ ਪੁੱਜ ਕੇ ਹਾਜ਼ਰੀ ਭਰੀ। ਇਸ ਮੌਕੇ ਸਾਈਂ ਦੀਸੇ ਸ਼ਾਹ ਮੋਨਾ ਕਲਾਂ ਨੇ ਸਮੂਹ ਫੱਕਰ ਫਕੀਰਾ ਤੇ ਸਹਿਯੋਗੀਆਂ ਦਾ ਧੰਨਵਾਦ ਕੀਤਾ।ਇਸ ਮੌਕੇ ਸਾਲਾਨਾ ਜੋੜ ਮੇਲੇ ਮੌਕੇ ਸਾਈਂ ਦੀਸੇ ਸ਼ਾਹ ਜੀ, ਬੀਬੀ ਨਰਿੰਦਰ ਕੌਰ, ਸਾਈਂ ਰੰਗੀਂ ਸ਼ਾਹ, ਭਜਨ ਕੌਰ, ਕੁਲਦੀਪ ਸਿੰਘ ਮਾਣਕ ਮੋਨਾ ਕਲਾਂ, ਮਾਸਟਰ ਸੁਖਜਿੰਦਰ ਸਿੰਘ, ਸੁਰਿੰਦਰ ਸਿੰਘ ਫੌਜੀ, ਲਾਡੀ ਮੋਨਾ ਕਲਾਂ, ਜਸਵੀਰ ਕੌਰ, ਬਲਵਿੰਦਰ ਕੌਰ, ਦਲਜੀਤ ਕੌਰ, ਰਮਨ, ਪਰਮਜੀਤ ਸਿੰਘ, ਰੇਖਾ ਰਾਣੀ, ਵਾਸ਼ਿਕਾ, ਰਾਜਵੀਰ ਸਿੰਘ, ਮਨਜੀਤ ਕੌਰ, ਰੇਖਾ ਰਾਣੀ ਸੁਭਮ, ਰੀਆ, ਸ਼ੀਆ, ਅਮਨਦੀਪ ਸਿੰਘ, ਤਰਨਜੀਤ ਸਿੰਘ, ਹਰਜਿੰਦਰ ਸਿੰਘ, ਪੰਮਾ, ਗੁਰਫਹਤਿ, ਪ੍ਰਗੀਆ, ਮਨੀ ਹੀਰਾ, ਅਮਨ, ਵੀਨੂ, ਵਰਿੰਦਰ ਸਿੰਘ, ਗੁਰਵਿੰਦਰ ਕੌਰ, ਬੰਧਨਾਂ, ਗੁਰਪ੍ਰੀਤ ਸਿੰਘ, ਜਸਵਿੰਦਰ ਸਿੰਘ, ਬਲਵਿੰਦਰ ਸਿੰਘ, ਸੁਖਵਿੰਦਰ ਸਿੰਘ, ਅਮਨਦੀਪ ਕੌਰ, ਨੈਤਿਕਾ, ਕੁਲਵੰਤ ਕੌਰ ਆਦਿ ਹਾਜ਼ਰ ਸਨ।

# ਵਿਰਕ ਭੈਣਾਂ ਨੇ ਅਮਰੀਕਾ ਵਿੱਚ ਉੱਚ ਸਿੱਖਿਆ ਪ੍ਰਾਪਤ ਕਰਕੇ ਵਧਾਇਆ ਗੁਰੂ ਨਗਰੀ ਦਾ ਮਾਣ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੀਆਂ ਧੀਆਂ ਜੋਬਨਪ੍ਰੀਤ ਕੌਰ ਵਿਰਕ ਅਤੇ ਹਰਲੀਨ ਕੌਰ ਵਿਰਕ ਨੇ ਅਮਰੀਕਾ ਵਿੱਚ ਉੱਚ ਸਿੱਖਿਆ ਪ੍ਰਾਪਤ ਕਰਕੇ ਇਲਾਕੇ ਦਾ ਮਾਣ ਵਧਾਇਆ ਹੈ। ਦੋਵੇਂ ਧੀਆਂ ਨੇ ਕੈਲੀਫੋਰਨੀਆ (ਅਮਰੀਕਾ) ਸਥਿਤ ਵੈਸਟਕਲਿਫ ਯੂਨੀਵਰਸਿਟੀ, ਇਰਵਿਨ ਤੋਂ ਸੂਚਨਾ ਤਕਨਾਲੋਜੀ ਅਤੇ ਸਾਈਬਰ ਸੁਰੱਖਿਆ ਵਿਸ਼ੇ ਵਿੱਚ ਮਾਸਟਰ ਡਿਗਰੀ ਹਾਸਲ ਕੀਤੀ ਹੈ। ਇਸ ਦੇ ਨਾਲ ਹੀ ਦੋਵੇਂ ਵਿਦਿਆਰਥਣਾਂ ਨੇ ਯੂਨੀਵਰਸਿਟੀ ਦੀ ਮੈਰਿਟ ਸੂਚੀ ਵਿੱਚ ਵੀ ਆਪਣਾ ਸਥਾਨ ਬਣਾਇਆ ਹੈ। ਜੋਬਨਪ੍ਰੀਤ ਕੌਰ ਵਿਰਕ ਅਤੇ ਹਰਲੀਨ ਕੌਰ ਵਿਰਕ ਠੇਕੇਦਾਰ ਕੁਲਵੰਤ ਸਿੰਘ ਵਿਰਕ ਅਤੇ ਕੁਲਵਿੰਦਰ ਕੌਰ ਵਿਰਕ, ਜ਼ਿਲ੍ਹਾ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ ਦੀਆਂ ਧੀਆਂ ਹਨ।ਇਸ ਮੌਕੇ ਕੁਲਵਿੰਦਰ ਕੌਰ ਨੇ ਕਿਹਾ ਕਿ ਉਨ੍ਹਾਂ ਲਈ ਇਹ ਬਹੁਤ ਮਾਣ ਵਾਲਾ ਪਲ ਹੈ। ਉਨ੍ਹਾਂ ਕਿਹਾ ਕਿ ਧੀਆਂ ਦੀ ਇਸ ਸ਼ਾਨਦਾਰ ਪ੍ਰਾਪਤੀ ਲਈ ਉਹ ਅਕਾਲ ਪੁਰਖ ਦਾ ਸ਼ੁਕਰਾਨਾ ਕਰਦੇ ਹਨ। ਇਸ ਮਾਣਮੱਤੀ ਪ੍ਰਾਪਤੀ 'ਤੇ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਮੁੱਖ ਬੁਲਾਰੇ ਅਤੇ ਸਾਬਕਾ ਕੈਬਨਿਟ ਮੰਤਰੀ ਡਾਕਟਰ ਦਲਜੀਤ ਸਿੰਘ ਚੀਮਾ, ਹਲਕੇ ਦੇ ਸ਼੍ਰੋਮਣੀ ਕਮੇਟੀ ਮੈਂਬਰ ਭਾਈ ਅਮਰਜੀਤ ਸਿੰਘ ਚਾਵਲਾ, ਐਗਜ਼ੈਕਟਿਵ ਕਮੇਟੀ ਮੈਂਬਰ ਦਲਜੀਤ ਸਿੰਘ ਭਿੰਡਰ, ਭਾਈ ਚਰਨਜੀਤ ਸਿੰਘ ਪ੍ਰਿੰਸੀਪਲ ਸਿੱਖ ਮਿਸ਼ਨਰੀ ਕਾਲਜ,ਜਥੇਦਾਰ ਸੰਤੋਖ ਸਿੰਘ, ਮਾਤਾ ਗੁਰਚਰਨ ਕੌਰ, ਪ੍ਰਿੰਸੀਪਲ ਡਾਕਟਰ ਜਸਬੀਰ ਸਿੰਘ, ਮੈਨੇਜਰ ਮਲਕੀਤ ਸਿੰਘ, ਮੈਨੇਜਰ ਗੁਰਦੀਪ ਸਿੰਘ ਕੰਗ,ਦਵਿੰਦਰ ਸਿੰਘ ਢਿੱਲੋਂ ਹਲਕਾ ਪ੍ਰਧਾਨ ਯੂਥ ਵਿੰਗ, ਰਾਣਾ ਜੀ ਹਲਕਾ ਪ੍ਰਧਾਨ ਏਪੀਐਸ, ਸੰਦੀਪ ਸਿੰਘ ਕਲੋਤਾ,ਤਲਵਿੰਦਰ ਸਿੰਘ ਬੁੱਟਰ, ਤੇਜਿੰਦਰ ਕੌਰ, ਮਨਜੀਤ ਕੌਰ, ਸੁਰਿੰਦਰ ਕੌਰ, ਪਲਵਿੰਦਰ ਕੌਰ, ਰਣਜੀਤ ਕੌਰ (ਕੀਰਤਪੁਰ ਸਾਹਿਬ), ਪ੍ਰੀਤਮ ਕੌਰ (ਭਿਉਰਾ, ਰੂਪਨਗਰ), ਜਸਵਿੰਦਰ ਕੌਰ ਸੱਗੂ, ਕੁਲਦੀਪ ਕੌਰ ਕੰਗ (ਕੌਂਸਲਰ ਮੁਹਾਲੀ), ਬੀਬੀ ਭੁਪਿੰਦਰ ਕੌਰ, ਪ੍ਰਿੰਸੀਪਲ ਸੁਰਿੰਦਰ ਸਿੰਘ ਦੀ ਧਰਮਪਤਨੀ ਤੇ ਗੁਰਮੀਤ ਸਿੰਘ ਅਖੰਡ ਕੀਰਤਨ ਏ ਪੀ ਐੱਸ ਸਮੇਤ ਅਨੇਕਾਂ ਆਗੂਆਂ ਅਤੇ ਸ਼ਹਿਰ ਵਾਸੀਆਂ ਨੇ ਵਿਰਕ ਪਰਵਾਰ ਨੂੰ ਵਧਾਈ ਦਿੰਦਿਆਂ ਦੋਵੇਂ ਧੀਆਂ ਦੇ ਉੱਜਵਲ ਭਵਿੱਖ ਲਈ ਸ਼ੁਭ ਕਾਮਨਾਵਾਂ ਦਿੱਤੀਆਂ।

## ਨੰਬਰਦਾਰਾਂ ਨੂੰ 10 ਹਜ਼ਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇ : ਪੰਜਾਬ ਨੰਬਰਦਾਰ ਯੂਨੀਅਨ



**ਫਿਲੌਰ (ਨਿਰਮਲ)**- ਪੰਜਾਬ ਨੰਬਰਦਾਰ ਯੂਨੀਅਨ ਤਹਿਸੀਲ ਫਿਲੌਰ ਦੇ ਪ੍ਰਧਾਨ ਸੁਖਦੇਵ ਸਿੰਘ ਔਜਲਾ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਹੈ ਕਿ ਪੰਜਾਬ ਦੇ ਸਮੂਹ ਨੰਬਰਦਾਰਾਂ ਨੂੰ ਵੀ ਸਰਪੰਚਾਂ ਵਾਂਗ 10 ਹਜਾਰ ਰੁਪਏ ਪ੍ਰਤੀ ਮਹੀਨਾ ਤਨਖਾਹ ਦਿੱਤੀ ਜਾਵੇ। ਉਨ੍ਹਾਂ ਕਿਹਾ ਕਿ ਅਸੀਂ ਦਿਨ ਰਾਤ ਇਲਾਕਾ ਨਿਵਾਸੀਆਂ ਦੀ ਸੇਵਾ ਕਰ ਰਹੇ ਹਾਂ। ਪੰਜਾਬ ਦੇ ਸਮੂਹ ਨੰਬਰਦਾਰ 10,000 ਤਨਖਾਹ ਲੈਣ ਦੇ ਹੱਕਦਾਰ ਹਨ। ਇਸ ਮੌਕੇ ਤੇ ਸਰਵ ਤਿਲਕ ਰਾਜ, ਕੁਲਦੀਪ ਕੁਮਾਰ, ਮਨਪ੍ਰੀਤ, ਜਗਤਾਰ ਸਿੰਘ, ਜਸਵਿੰਦਰ ਕੁਮਾਰ, ਤਾਰਾ ਚੰਦ, ਜਸਪਾਲ ਅਤੇ ਹੋਰ ਹਾਜ਼ਰ ਸਨ।



ਰੌਜ਼ਾ ਸ਼ਰੀਫ਼ ਮੰਢਾਲੀ ਮੇਲੇ 'ਤੇ ਗੱਦੀਨਸ਼ੀਨ ਸਾਈਂ ਉਮਰੇ ਸ਼ਾਹ ਕਾਦਰੀ, ਡਾ. ਸੁਖਵਿੰਦਰ ਕੁਮਾਰ ਸੁੱਖੀ ਵਿਧਾਇਕ ਬੰਗਾ, ਡਾ. ਨਛੱਤਰ ਪਾਲ ਵਿਧਾਇਕ ਨਵਾਂਸ਼ਹਿਰ ਨੂੰ ਸਨਮਾਨਤ ਕਰਦੇ ਹੋਏ। (ਫੋਟੋ ਅਤੇ ਵੇਰਵਾ : ਅਵਤਾਰ ਕਲੇਰ ਬੰਗਾ)

## ਮੈਨੀਫੈਸਟੋ ਕਮੇਟੀ ਦਾ ਚੇਅਰਮੈਨ ਬਣਾਏ ਜਾਣ 'ਤੇ ਡਾ. ਅਮਰ ਸਿੰਘ ਵੱਲੋਂ ਹਾਈ ਕਮਾਂਡ ਦਾ ਧੰਨਵਾਦ



**ਰਾਏਕੋਟ (ਸੰਤੋਖ ਗਿੱਲ/ਇਕਬਾਲ ਸਿੰਘ)**-ਸ੍ਰੀ ਫ਼ਤਿਹਗੜ੍ਹ ਸਾਹਿਬ ਤੋਂ ਲੋਕ ਸਭਾ ਮੈਂਬਰ ਡਾ. ਅਮਰ ਸਿੰਘ ਨੇ ਅਗਾਮੀ ਵਿਧਾਨ ਸਭਾ ਚੋਣਾਂ ਲਈ ਪਾਰਟੀ ਦੀ ਕੇਂਦਰੀ ਲੀਡਰਸ਼ਿਪ ਵੱਲੋਂ ਪੰਜਾਬ ਪ੍ਰਦੇਸ਼ ਕਾਂਗਰਸ ਦੀ ਨਵੀਂ ਟੀਮ ਵਿੱਚ ਉਨ੍ਹਾਂ ਨੂੰ ਮੈਨੀਫੈਸਟੋ ਕਮੇਟੀ ਦਾ ਚੇਅਰਮੈਨ ਨਿਯੁਕਤ ਕਰਨ ਲਈ ਕਾਂਗਰਸ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ ਦਾ ਦਿਲੋਂ ਧੰਨਵਾਦ ਕੀਤਾ ਹੈ।ਕੁੱਲ ਹਿੰਦ ਕਾਂਗਰਸ ਦੇ ਪ੍ਰਧਾਨ ਮਲਿਕ ਅਰਜੁਨ ਖੜਗੇ, ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਸੋਨੀਆ ਗਾਂਧੀ, ਪ੍ਰਿਅੰਕਾ ਗਾਂਧੀ ਤੇ ਜਨਰਲ ਸਕੱਤਰ ਕੇ ਸੀ ਵੇਣੂਗੋਪਾਲ ਦਾ ਧੰਨਵਾਦ ਕਰਦਿਆਂ ਡਾ. ਅਮਰ ਸਿੰਘ ਨੇ ਕਿਹਾ ਕਿ ਪਾਰਟੀ ਵੱਲੋਂ ਸੌਂਪੀ ਜ਼ਿੰਮੇਵਾਰੀ ਨੂੰ ਪੂਰੀ ਤਨਦੇਹੀ, ਇਮਾਨਦਾਰੀ ਤੇ ਸਮਰਪਣ ਭਾਵਨਾ ਨਾਲ ਨਿਭਾਉਣਗੇ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਦੀਆਂ ਉਮੀਦਾਂ, ਕਿਸਾਨਾਂ, ਮਜ਼ਦੂਰਾਂ, ਨੌਜਵਾਨਾਂ, ਔਰਤਾਂ, ਮੁਲਾਜ਼ਮਾਂ, ਵਪਾਰੀਆਂ ਤੇ ਸਮਾਜ ਦੇ ਹਰ ਵਰਗ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਦਿਆਂ ਪੰਜਾਬ ਦੇ ਬਿਹਤਰ ਭਵਿੱਖ ਲਈ ਸ਼ਾਨਦਾਰ ਦ੍ਰਿਸ਼ਟੀ ਦਸਤਾਵੇਜ਼ ਤਿਆਰ ਕੀਤਾ ਜਾਵੇਗਾ, ਜਿਹੜਾ ਪੰਜਾਬ ਦੇ ਸਰਵਪੱਖੀ ਵਿਕਾਸ ਤੇ ਲੋਕ ਭਲਾਈ ਲਈ ਮਜ਼ਬੂਤ ਮਾਰਗ ਦਰਸ਼ਕ ਸਾਬਿਤ ਹੋਵੇਗਾ।ਉਨ੍ਹਾਂ ਵਿਸ਼ਵਾਸ ਪ੍ਰਗਟਾਇਆ ਕਿ ਪਾਰਟੀ ਦੀ ਸਮੁੱਚੀ ਲੀਡਰਸ਼ਿਪ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉੱਤਰੇਗੀ ਅਤੇ ਸੂਬੇ ਨੂੰ ਮੁੜ ਤਰੱਕੀ ਤੇ ਖ਼ੁਸ਼ਹਾਲੀ ਦੇ ਰਾਹ 'ਤੇ ਲੈ ਕੇ ਜਾਵੇਗੀ।

## ਅਧਿਆਪਕ ਦਲ ਪੰਜਾਬ ਨੇ ਮੀਟਿੰਗ 'ਚ ਮੁਲਾਜ਼ਮਾਂ ਦੇ ਭਖਦੇ ਮਸਲੇ ਵਿਚਾਰੇ



**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਅਧਿਆਪਕ ਦਲ ਪੰਜਾਬ ਜ਼ਿਲ੍ਹਾ ਮੋਗਾ ਦੀ ਵਿਸ਼ੇਸ਼ ਮੀਟਿੰਗ ਵਿੱਚ ਪੰਜਾਬ ਸਰਕਾਰ ਤੋਂ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਫੈਸਲੇ ਅਨੁਸਾਰ ਤੁਰੰਤ ਡੀ ਏ ਦੇਣ, ਛੇਵੇਂ ਪੇ ਕਮਿਸ਼ਨ ਦਾ ਬਕਾਇਆ ਤੁਰੰਤ ਜਾਰੀ ਕਰਨ, ਪੁਰਾਣੀ ਪੈਨਸ਼ਨ ਬਹਾਲ ਕਰਨ, ਜੁਲਾਈ 2020 ਤੋਂ ਬਾਅਦ ਭਰਤੀ ਮੁਲਾਜ਼ਮਾਂ 'ਤੇ ਛੇਵਾਂ ਪੇ ਕਮਿਸ਼ਨ ਲਾਗੂ ਕਰਨ, ਸਾਰੇ ਤਰ੍ਹਾਂ ਦੇ ਕੱਚੇ ਮੁਲਾਜ਼ਮ ਪੱਕੇ ਕਰਨ, ਅਧਿਆਪਕਾਂ ਤੋਂ ਗੈਰ ਵਿੱਦਿਅਕ ਕੰਮ ਲੈਣੇ ਬੰਦ ਕਰਨ ਦੀ ਮੰਗ ਕੀਤੀ ਗਈ। ਮੀਟਿੰਗ ਵਿੱਚ ਪੰਜਾਬ ਮੁਲਾਜ਼ਮ ਅਤੇ ਪੈਨਸ਼ਨਰਜ਼ ਫਰੰਟ ਅਤੇ ਪੰਜਾਬ ਮੁਲਾਜ਼ਮ ਮੰਚ ਦੇ ਉਲੀਕੇ ਗਏ ਸੰਘਰਸ਼ ਦੇ ਅਨੁਸਾਰ 11 ਜੁਲਾਈ ਨੂੰ ਮੋਗਾ ਵਿਖੇ ਅਤੇ 17 ਜੁਲਾਈ ਨੂੰ ਮੁਹਾਲੀ ਵਿਖੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਦੀ ਕੀਤੀ ਜਾ ਰਹੀ ਸਾਂਝੀ ਲਾਮਿਸਾਲ ਰੋਸ ਰੈਲੀ ਵਿੱਚ ਸ਼ਾਮਲ ਹੋਣ ਲਈ ਜਥੇਬੰਦੀ ਵੱਲੋਂ ਜ਼ਿਲ੍ਹੇ ਦੇ ਵੱਖ ਬਲਾਕਾਂ ਵਿੱਚ ਆਗੂਆਂ ਦੀਆਂ ਡਿਊਟੀਆਂ ਲਗਾਈਆਂ ਗਈਆਂ ਅਤੇ ਵੱਧ ਤੋਂ ਵੱਧ ਅਧਿਆਪਕ ਵਰਗ ਨੂੰ ਇਸ ਰੈਲੀ ਵਿੱਚ ਸ਼ਾਮਲ ਹੋਣ ਦੀ ਅਪੀਲ ਕੀਤੀ ਗਈ।ਇਸ ਮੌਕੇ ਵਿਸ਼ੇਸ਼ ਤੌਰ 'ਤੇ ਹਰਜੰਟ ਸਿੰਘ ਬੌਡੇ ਸੂਬਾ ਸਕੱਤਰ ਜਨਰਲ, ਗੁਰਜੀਤ ਸਿੰਘ ਮਾਛੀਕੇ, ਬਲਬੀਰ ਸਿੰਘ ਬੀੜ ਰਾਊਕੇ, ਜਤਿੰਦਰਪਾਲ ਸਿੰਘ ਖੋਸਾ, ਪ੍ਰਧਾਨ ਕੁਲਵਿੰਦਰ ਸਿੰਘ ਖਾਲਸਾ, ਤਜਿੰਦਰ ਸਿੰਘ ਰੌਂਤਾ, ਕਿਰਨਦੀਪ ਸਿੰਘ ਬਿਲਾਸਪੁਰ, ਸੁਖਦਰਸ਼ਨ ਸਿੰਘ ਨੰਗਲ,ਚਰਨ ਸਿੰਘ ਠੱਠੀ ਭਾਈ, ਕੁਲਦੀਪ ਸਿੰਘ ਰੌਲੀ, ਇੰਦਰਜੀਤ ਸਿੰਘ ਲੁਹਾਰਾ, ਬਲਵਿੰਦਰਪਾਲ ਸਿੰਘ, ਕਰਮਜੀਤ ਸਿੰਘ ਦੀਨਾ ਸਾਹਿਬ, ਜਗਸੀਰ ਸਿੰਘ ਬੌਡੇ, ਰਾਜਵਰਿੰਦਰ ਸਿੰਘ ਸੈਦੋਕੇ, ਗੁਰਚਰਨ ਸਿੰਘ, ਸੰਦੀਪ ਸਿੰਘ, ਅਮਰਿੰਦਰ ਸਿੰਘ ਲੁਹਾਰਾ, ਜਗਜੀਤ ਸਿੰਘ ਜੌੜਾ, ਸੁਖਬੀਰ ਸਿੰਘ ਮਾਛੀਕੇ, ਰੂਪ ਸਿੰਘ ਕੁੱਸਾ, ਹਰਪ੍ਰੀਤ ਸਿੰਘ ਧੂੜਕੋਟ, ਜਸਵਿੰਦਰ ਸਿੰਘ ਗਰਚਾ, ਹਰਪ੍ਰੀਤ ਸਿੰਘ ਰਣਸੀਂਹ, ਬਲਜੀਤ ਸਿੰਘ ਅਟਵਾਲ, ਸੁਖਰਾਜ ਸਿੰਘ ਆਦਿ ਅਧਿਆਪਕ ਦਲ ਦੇ ਆਗੂ ਹਾਜ਼ਰ ਸਨ।

## ਖੇਤੀ ਮਸ਼ੀਨਰੀ/ਸੰਦਾਂ ਦੇ ਕੱਢੇ ਗਏ ਡਰਾਅ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰਪਾਲ, ਪੂਜਾ)**-ਸੀ.ਆਰ.ਐਮ, ਸਮੈਮ ਅਤੇ ਸੀ.ਡੀ.ਪੀ ਸਕੀਮ ਸਾਲ 2026-27 ਅਧੀਨ ਝੋਨੇ ਦੀ ਪਰਾਲੀ ਦੇ ਪ੍ਰਬੰਧਨ ਲਈ ਕਿਸਾਨਾਂ ਵੱਲੋਂ ਖੇਤੀਬਾੜੀ ਵਿਭਾਗ ਪਾਸ ਖੇਤੀ ਮਸ਼ੀਨਰੀ ਉਪਦਾਨ 'ਤੇ ਲੈਣ ਲਈ ਆਨਲਾਈਨ ਦਰਖਾਸਤਾਂ ਅਪਲਾਈ ਕੀਤੀਆਂ ਗਈਆਂ ਸਨ।ਇਹਨਾਂ ਅਪਲਾਈ ਹੋਈਆਂ ਦਰਖਾਸਤਾਂ ਦਾ ਕੰਪਿਊਟਰਾਈਜ਼ਡ ਸਿਸਟਮ ਰਾਂਹੀ ਡੀ.ਐਲ.ਈ.ਸੀ. ਦੇ ਚੇਅਰਮੈਨ-ਕਮ-ਡਿਪਟੀ ਕਮਿਸ਼ਨਰ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਡੈਵੀ ਗੋਇਲ ਵਧੀਕ ਡਿਪਟੀ ਕਮਿਸ਼ਨਰ (ਆਰ.ਡੀ) ਸ੍ਰੀ ਮੁਕਤਸਰ ਸਾਹਿਬ ਦੀ ਪ੍ਰਧਾਨਗੀ ਹੇਠ ਸਮੂਹ ਕਮੇਟੀ ਮੈਂਬਰਾਂ ਦੀ ਮੌਜੂਦਗੀ ਵਿੱਚ ਕੰਪਿਊਟਰਾਈਜ਼ਡ ਰੈਂਡੋਮਾਈਜੇਸ਼ਨ ਸਿਸਟਮ ਰਾਹੀ ਪਾਰਦਰਸ਼ੀ ਢੰਗ ਨਾਲ ਡਰਾਅ ਕੱਢਿਆ ਗਿਆ ਅਤੇ ਮੌਕੇ 'ਤੇ ਵੀਡਿਓਗ੍ਰਾਫੀ ਵੀ ਕਰਵਾਈ ਗਈ।ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਨੇ ਕਿਸਾਨਾ ਨੂੰ ਸੁਝਾਅ ਦਿੱਤੇ ਕਿ ਇਹਨਾ ਮਸ਼ੀਨਾਂ ਦੀ ਵੱਧ ਤੋਂ ਵੱਧ ਵਰਤੋਂ ਕੀਤੀ ਜਾਵੇ ਅਤੇ ਮਸ਼ੀਨਾਂ ਕਿਰਾਏ 'ਤੇ ਵੀ ਮੁੱਹਇਆ ਕਰਵਾਈਆਂ ਜਾਣ ਤਾਂ ਜੋ ਜਿੱਥੇ ਉਹਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ, ਉਥੇ ਅੱਗ ਲੱਗਣ ਦੀ ਘਟਨਾਵਾਂ ਨੂੰ ਠੱਲ ਪਾਈ ਜਾ ਸਕੇਗੀ ਅਤੇ ਵਾਤਾਵਰਨ ਨੂੰ ਦੂਸ਼ਿਤ ਹੋਣ ਤੋਂ ਬਚਾਇਆ ਜਾ ਸਕੇਗਾ।ਇਸ ਮੌਕੇ ਮੁੱਖ ਖੇਤੀਬਾੜੀ ਅਫਸਰ ਜਿਲਾ ਸ੍ਰੀ ਮੁਕਤਸਰ ਸਾਹਿਬ ਵੱਲੋਂ ਕਿਸਾਨਾਂ ਨੂੰ ਦੱਸਿਆ ਗਿਆ ਕਿ ਐਗਰੀ ਮਸ਼ੀਨਰੀ ਪੋਰਟਲ ਰਾਹੀ ਕਿਸਾਨਾ ਨੂੰ ਸੈਕਸ਼ਨ ਪੱਤਰ ਜਾਰੀ ਕਰ ਦਿੱਤੇ ਜਾਣਗੇ ਅਤੇ ਨਾਲ ਹੀ ਅਪੀਲ ਕੀਤੀ ਗਈ ਗਈ ਕਿ ਸ਼ੈਕਸ਼ਨ ਮਸ਼ੀਨਾ ਦੀ ਖਰੀਦ ਜਲਦ ਤੋਂ ਜਲਦ ਕਰ ਲਈ ਜਾਵੇ।

## ਸਰਕਾਰੀ ਸਕੀਮਾਂ ਦਾ ਲਾਭ ਹਰ ਵਰਗ ਤੱਕ ਪੁਚਾਇਆ ਜਾਵੇ : ਸਰਬਜੀਤ ਸਿੰਘ ਖ਼ਾਲਸਾ



**ਫ਼ਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਜ਼ਿਲ੍ਹਾ ਵਿਕਾਸ ਤਾਲਮੇਲ ਅਤੇ ਮੋਨੀਟਰਿੰਗ ਕਮੇਟੀ (ਦਿਸ਼ਾ) ਦੀ ਮੀਟਿੰਗ ਮੈਂਬਰ ਲੋਕ ਸਭਾ ਸਰਬਜੀਤ ਸਿੰਘ ਖਾਲਸਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਕੇਂਦਰ ਤੇ ਰਾਜ ਸਰਕਾਰ ਦੀਆਂ ਵੱਖ-ਵੱਖ ਲੋਕ ਭਲਾਈ ਸਕੀਮਾਂ/ਯੋਜਨਾਵਾਂ, ਵਿਕਾਸ ਕਾਰਜਾਂ ਦੀ ਸਮੀਖਿਆ ਕੀਤੀ ਗਈ ਤੇ ਪ੍ਰਾਪਤ ਕੀਤੇ ਟੀਚਿਆਂ ਬਾਰੇ ਵੀ ਵਿਸਥਾਰ ਚਰਚਾ ਹੋਈ।ਸਰਬਜੀਤ ਸਿੰਘ ਖਾਲਸਾ ਨੇ ਮਗਨਰੇਗਾ ਤਹਿਤ ਜ਼ਿਲ੍ਹੇ ਵਿੱਚ ਚੱਲ ਰਹੇ ਵਿਕਾਸ ਕਾਰਜਾਂ, ਦੀਨ ਦਿਆਲ ਅਨਤੋਦਿਆ ਯੋਜਨਾ, ਪ੍ਰਧਾਨ ਮੰਤਰੀ ਕੌਸ਼ਲ ਵਿਕਾਸ ਯੋਜਨਾ, ਦੀਨ ਦਿਆਲ ਉਪਾਧਿਆਏ ਗ੍ਰਾਮੀਣ ਕੌਸ਼ਲ ਯੋਜਨਾ, ਪ੍ਰਧਾਨ ਮੰਤਰੀ ਗ੍ਰਾਮ ਸੜਕ ਯੋਜਨਾ, ਇੰਦਰਾ ਗਾਂਧੀ ਰਾਸ਼ਟਰੀ ਬੁਢਾਪਾ ਪੈਨਸ਼ਨ ਸਕੀਮ, ਪ੍ਰਧਾਨ ਮੰਤਰੀ ਆਵਾਸ ਯੋਜਨਾ, ਸਵੱਛ ਭਾਰਤ ਮਿਸ਼ਨ,ਸਵੱਛ ਭਾਰਤ ਮਿਸ਼ਨ ਗ੍ਰਾਮੀਣ, ਜਲ ਜੀਵਨ ਮਿਸ਼ਨ, ਪੀ.ਐਮ.ਕੇ.ਐਸ.ਵਾਈ, ਮਿਡ ਡੇ ਮੀਲ ਸਕੀਮ, ਪ੍ਰਧਾਨ ਮੰਤਰੀ ਉਜਵਲਾ ਯੋਜਨਾ, ਪ੍ਰਧਾਨ ਮੰਤਰੀ ਕ੍ਰਿਸ਼ੀ ਸਿੰਚਾਈ ਯੋਜਨਾ, ਨੈਸ਼ਨਲ ਹੈਲਥ ਮਿਸ਼ਨ, ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ, ਸਮੱਗਰਾ ਸਿੱਖਿਆ ਅਭਿਆਨ, ਐਮ.ਪੀ.ਲੈਂਡ ਸਕੀਮ ਆਦਿ ਦੀ ਵਿਸਥਾਰ ਸਹਿਤ ਜਾਣਕਾਰੀ ਹਾਸਲ ਕੀਤੀ ਤੇ ਅਧਿਕਾਰੀਆਂ ਨੂੰ ਕਿਹਾ ਕਿ ਅਜੇ ਵੀ ਬਹੁਤ ਸਾਰੇ ਲੋਕਾਂ ਨੂੰ ਇਨ੍ਹਾਂ ਸਕੀਮਾਂ ਦਾ ਲਾਭ ਨਹੀਂ ਮਿਲ ਰਿਹਾ ਤੇ ਆਉਣ ਵਾਲੇ ਸਮੇਂ ਵਿੱਚ ਇਨ੍ਹਾਂ ਵਿਕਾਸ ਸਕੀਮਾਂ ਦਾ ਹਰ ਇਕ ਨਾਗਰਿਕ ਅਤੇ ਲੋੜਵੰਦ ਨੂੰ ਲਾਭ ਯਕੀਨੀ ਬਣਾਇਆ ਜਾਵੇ।ਉਨ੍ਹਾਂ ਕਿਹਾ ਕਿ ਕੇਂਦਰ ਅਤੇ ਰਾਜ ਸਰਕਾਰ ਦੀਆਂ ਹਰ ਯੋਜਨਾਵਾਂ ਦਾ ਸਹੀ ਲੋਕਾਂ ਤੱਕ ਲਾਭ ਦਿੱਤਾ ਜਾਵੇ ਤੇ ਵੱਧ ਤੋਂ ਵੱਧ ਲੋਕਾਂ ਨੂੰ ਇਸ ਦੀ ਜਾਣਕਾਰੀ ਦਿੱਤੀ ਜਾਵੇ।ਵਧੀਕ ਡਿਪਟੀ ਕਮਿਸ਼ਨਰ ਸ੍ਰੀ ਸੰਦੀਪ ਮਲਹੋਤਰਾ ਨੇ ਕਿਹਾ ਕਿ ਜ਼ਿਲ੍ਹਾ ਪ੍ਰਸ਼ਾਸਨ ਵੱਲੋਂ ਕੇਂਦਰ ਤੇ ਰਾਜ ਸਰਕਾਰ ਦੀਆਂ ਯੋਜਨਾਵਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਅਤੇ ਇਸ ਦਾ ਲਾਭ ਹਰੇਕ ਲੋੜਵੰਦ ਤੱਕ ਪੁਚਾਉਣਾ ਯਕੀਨੀ ਬਣਾਇਆ ਜਾਵੇਗਾ।

## ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਗੁਰਮਤਿ ਸਮਾਗਮ ਕਰਾਇਆ



**ਮਹਿਲ ਕਲਾਂ (ਬਲਵਿੰਦਰ ਵਜੀਦਕੇ, ਪ੍ਰਦੀਪ ਲੋਹਗੜ੍ਹ)**-ਗੁਰੂ ਹਰਿਗੋਬਿੰਦ ਸਾਹਿਬ ਦੇ ਪ੍ਰਕਾਸ਼ ਪੁਰਬ ਨੂੰ ਸਮਰਪਤ ਮਹਾਨ ਗੁਰਮਤਿ ਸਮਾਗਮ ਇਤਿਹਾਸਕ ਗੁਰਦੁਆਰਾ ਸਾਹਿਬ ਛੇਵੀਂ ਪਾਤਸ਼ਾਹੀ ਵਿਖੇ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਅਗਵਾਈ ਹੇਠ ਦੋਵੇਂ ਗ੍ਰਾਮ ਪੰਚਾਇਤਾਂ, ਯੂਥ ਕਲੱਬਾਂ, ਸਮੂਹ ਸੰਗਤਾਂ ਦੇ ਸਹਿਯੋਗ ਨਾਲ ਕਰਾਇਆ ਗਿਆ।ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਪਰੰਤ ਹੋਏ ਧਾਰਮਿਕ ਸਮਾਗਮ ਸਮੇ ਕਵੀਸ਼ਰ ਉਜਾਗਰ ਸਿੰਘ ਲੋਪੋ, ਕਵੀਸ਼ਰ ਕੁਲਵੰਤ ਸਿੰਘ ਮਾਨੂੰਕੇ ਦੇ ਜਥਿਆਂ ਨੇ ਗੁਰਇਤਿਹਾਸ ਸੁਣਾਇਆ।ਪ੍ਰਸਿੱਧ ਰਾਗੀ ਭਾਈ ਜਗਸੀਰ ਸਿੰਘ ਖ਼ਾਲਸਾ, ਜੱਸਾ ਸਿੰਘ ਆਹਲੂਵਾਲੀਆ ਗੁਰਮਤਿ ਸੰਗੀਤ ਵਿਦਿਆਲਾ ਕਾਲਾਮਾਲਾ ਸਾਹਿਬ ਦੇ ਰਾਗੀ ਜਥਿਆਂ ਨੇ ਮਨੋਹਰ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕੀਤਾ।ਧਾਰਮਿਕ ਸ਼ਖ਼ਸੀਅਤਾਂ ਬਾਬਾ ਜੀਵਨ ਸਿੰਘ ਬਗੀਚੀ ਵਾਲਿਆਂ ਨੇ ਮੀਰੀ-ਪੀਰੀ ਦੇ ਮਾਲਕ ਛੇਵੇਂ ਪਾਤਸ਼ਾਹ ਸ੍ਰੀ ਗੁਰੂ ਹਰਿਗੋਬਿੰਦ ਸਾਹਿਬ ਜੀ ਦੇ ਜੀਵਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਸਮੂਹ ਸੰਗਤਾਂ ਨੂੰ ਗੁਰੂ ਸਾਹਿਬਾਨ ਦੇ ਦਰਸਾਏ ਮਾਰਗ ਉੱਪਰ ਚੱਲਣ, ਪਰਵਾਰਾਂ ਸਮੇਤ ਅੰਮ੍ਰਿਤਪਾਨ ਕਰਕੇ ਬਾਣੀ ਬਾਣੇ ਦੇ ਧਾਰਨੀ ਬਨਣ ਲਈ ਪ੍ਰੇਰਿਤ ਕੀਤਾ। ਸੀਨੀ: ਕਾਂਗਰਸ ਆਗੂ ਗੁਰਮੇਲ ਸਿੰਘ ਮੌੜ, ਜਸਮੇਲ ਸਿੰਘ ਡੇਅਰੀਵਾਲਾ, ਡਾ. ਅਮਰਜੀਤ ਸਿੰਘ, ਜਥੇ. ਸੁਖਵਿੰਦਰ ਸਿੰਘ ਸੁੱਖਾ ਨੇ ਇਸ ਉੱਦਮ ਲਈ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਸਮੂਹ ਸੰਗਤਾਂ ਨੂੰ ਛੇਵੇਂ ਪਾਤਸ਼ਾਹ ਦੇ ਪ੍ਰਕਾਸ਼ ਪੁਰਬ ਦੀ ਵਧਾਈ ਦਿਤੀ।ਲੋਕਲ ਗੁਰਦੁਆਰਾ ਕਮੇਟੀ ਪ੍ਰਧਾਨ ਬਾਬਾ ਸ਼ੇਰ ਸਿੰਘ ਖ਼ਾਲਸਾ ਦੀ ਅਗਵਾਈ ਹੇਠ ਕਮੇਟੀ ਵੱਲੋਂ ਬਾਬਾ ਜੀਵਨ ਸਿੰਘ ਬਗੀਚੀ ਵਾਲਿਆਂ ਸਮੇਤ ਰਾਗੀ, ਕਥਾ ਵਾਚਕ, ਕਵੀਸ਼ਰ ਜਥਿਆਂ, ਵੱਖ-ਵੱਖ ਸ਼ਖ਼ਸੀਅਤਾਂ ਦਾ ਵਿਸ਼ੇਸ਼ ਸਨਮਾਨ ਕੀਤਾ ਗਿਆ।

## ਨਾਇਬ ਤਹਿਸੀਲਦਾਰ ਦਾ ਰੀਡਰ 6000 ਰੁਪਏ ਰਿਸ਼ਵਤ ਲੈਂਦਾ ਰੰਗੇ ਹੱਥੀਂ ਕਾਬੂ



**ਸਮਾਣਾ/ਪਟਿਆਲਾ (ਇਕਬਾਲ ਸਿੰਘ ਬੱਲ/ਰਾਜਿੰਦਰ ਸਿੰਘ ਥਿੰਦ)**-ਪੰਜਾਬ ਵਿਜੀਲੈਂਸ ਬਿਊਰੋ ਨੇ ਰਾਜ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਚੱਲ ਰਹੀ ਮੁਹਿੰਮ ਦੌਰਾਨ ਸਮਾਣਾ ਜ਼ਿਲ੍ਹਾ ਪਟਿਆਲਾ ਦੇ ਨਾਇਬ ਤਹਿਸੀਲਦਾਰ ਦੇ ਰੀਡਰ ਸੰਜੀਵ ਸੱਭਰਵਾਲ ਨੂੰ 6,000 ਰੁਪਏ ਰਿਸ਼ਵਤ ਲੈਂਦੇ ਰੰਗੇ ਹੱਥੀਂ ਕਾਬੂ ਕੀਤਾ ਹੈ।ਇਹ ਜਾਣਕਾਰੀ ਸਾਂਝੀ ਕਰਦਿਆਂ ਰਾਜ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਕਿਹਾ ਕਿ ਉਕਤ ਦੋਸ਼ੀ ਨੂੰ ਪਿੰਡ ਢੈਂਥਲ ਤਹਿਸੀਲ ਸਮਾਣਾ ਜ਼ਿਲ੍ਹਾ ਪਟਿਆਲਾ ਦੇ ਇੱਕ ਨਿਵਾਸੀ ਵੱਲੋਂ ਦਰਜ ਕਰਵਾਈ ਸ਼ਿਕਾਇਤ ਦੇ ਆਧਾਰ 'ਤੇ ਗ੍ਰਿਫ਼ਤਾਰ ਕੀਤਾ ਗਿਆ ਹੈ।ਬੁਲਾਰੇ ਨੇ ਦੱਸਿਆ ਕਿ ਸ਼ਿਕਾਇਤਕਰਤਾ ਦੇ ਭਰਾ ਨੇ ਆਪਣੇ ਪੁੱਤਰ ਨੂੰ ਵਿਦੇਸ਼ ਭੇਜਣ ਲਈ ਜਨ ਸਮਾਲ ਫਾਈਨਾਂਸ ਬੈਂਕ ਪਟਿਆਲਾ ਤੋਂ 11 ਲੱਖ ਰੁਪਏ ਦਾ ਕਰਜ਼ਾ ਲਿਆ ਸੀ, ਜਿਸ ਵਿੱਚ ਉਸ ਦਾ ਘਰ ਜ਼ਮਾਨਤ ਵਜੋਂ ਗਿਰਵੀ ਰੱਖਿਆ ਗਿਆ ਸੀ।ਇਹ ਕਰਜ਼ਾ 14,000 ਰੁਪਏ ਦੀਆਂ ਮਹੀਨਾਵਾਰ ਕਿਸ਼ਤਾਂ ਵਿੱਚ ਵਾਪਸ ਕੀਤਾ ਜਾ ਰਿਹਾ ਸੀ, ਪਰ ਪਿਛਲੇ ਦੋ ਸਾਲਾਂ ਤੋਂ ਇਨ੍ਹਾਂ ਕਿਸ਼ਤਾਂ ਦਾ ਭੁਗਤਾਨ ਨਾ ਕਰਨ ਕਾਰਨ, ਐੱਸ. ਏ. ਆਰ. ਐੱਫ. ਏ. ਐੱਸ. ਆਈ. ਐਕਟ 2002 ਦੀ ਧਾਰਾ 14 ਤਹਿਤ ਕਾਰਵਾਈ ਸ਼ੁਰੂ ਕੀਤੀ ਗਈ ਸੀ ਅਤੇ ਜੋ ਇਸ ਸਮੇਂ ਨਾਇਬ ਤਹਿਸੀਲਦਾਰ-ਕਮ-ਕਾਰਜਕਾਰੀ ਮੈਜਿਸਟ੍ਰੇਟ ਸਮਾਣਾ ਦੇ ਦਫ਼ਤਰ ਵਿੱਚ ਚੱਲ ਰਹੀ ਹੈ।ਨਤੀਜੇ ਵਜੋਂ, ਗਿਰਵੀ ਰੱਖੀ ਜਾਇਦਾਦ ਦਾ ਕਬਜ਼ਾ ਲੈਣ ਦੇ ਆਦੇਸ਼ ਜਾਰੀ ਕੀਤੇ ਗਏ ਹਨ।ਬੁਲਾਰੇ ਨੇ ਕਿਹਾ ਕਿ ਜਦੋਂ ਸ਼ਿਕਾਇਤਕਰਤਾ ਸਮਾਣਾ ਵਿੱਚ ਨਾਇਬ ਤਹਿਸੀਲਦਾਰ ਦੇ ਦਫ਼ਤਰ ਗਿਆ, ਤਾਂ ਉਹ ਮੁਲਜ਼ਮ ਰੀਡਰ, ਸੰਜੀਵ ਸੱਭਰਵਾਲ ਨੂੰ ਮਿਲਿਆ। ਮੁਲਜ਼ਮ ਰੀਡਰ ਨੇ ਕੇਸ ਦੀ ਕਾਰਵਾਈ ਵਿੱਚ ਦੇਰੀ ਕਰਨ ਲਈ 25,000 ਦੀ ਰਿਸ਼ਵਤ ਦੀ ਮੰਗ ਕੀਤੀ। ਗੱਲਬਾਤ ਤੋਂ ਬਾਅਦ, ਮੁਲਜ਼ਮ 6,000 ਰੁਪਏ ਦੀ ਸ਼ੁਰੂਆਤੀ ਕਿਸ਼ਤ ਸਵੀਕਾਰ ਕਰਨ ਲਈ ਸਹਿਮਤ ਹੋ ਗਿਆ। ਸ਼ਿਕਾਇਤਕਰਤਾ ਨੂੰ 06.07.2026 ਤੋਂ ਬਾਅਦ ਬਾਕੀ ਬਚੀ ਰਕਮ ਦਾ ਭੁਗਤਾਨ ਕਰਨ ਲਈ ਕਿਹਾ ਗਿਆ।ਗੈਰ-ਕਾਨੂੰਨੀ ਰਿਸ਼ਵਤ ਦਾ ਭੁਗਤਾਨ ਕਰਨ ਲਈ ਤਿਆਰ ਨਾ ਹੋਣ ਕਰਕੇ, ਸ਼ਿਕਾਇਤਕਰਤਾ ਨੇ ਵੀ ਬੀ ਰੇਂਜ ਪਟਿਆਲਾ ਨਾਲ ਸੰਪਰਕ ਕੀਤਾ।ਉਸ ਦੀ ਸ਼ਿਕਾਇਤ 'ਤੇ ਕਾਰਵਾਈ ਕਰਦੇ ਹੋਏ ਵਿਜੀਲੈਂਸ ਟੀਮ ਨੇ ਦੋਸ਼ੀ ਰੀਡਰ ਨੂੰ ਦੋ ਸਰਕਾਰੀ ਗਵਾਹਾਂ ਦੀ ਮੌਜੂਦਗੀ ਵਿੱਚ ਸ਼ਿਕਾਇਤਕਰਤਾ ਤੋਂ 6,000/- ਰੁਪਏ ਦੀ ਰਿਸ਼ਵਤ ਲੈਂਦੇ ਹੋਏ ਰੰਗੇ ਹੱਥੀਂ ਗ੍ਰਿਫ਼ਤਾਰ ਕਰ ਲਿਆ ।ਇਸ ਸਬੰਧ ਵਿੱਚ ਮੁਲਜ਼ਮ ਵਿਰੁੱਧ ਭ੍ਰਿਸ਼ਟਾਚਾਰ ਰੋਕੂ ਕਾਨੂੰਨ ਤਹਿਤ ਵਿਜੀਲੈਂਸ ਬਿਊਰੋ ਦੇ ਥਾਣਾ ਪਟਿਆਲਾ ਵਿਖੇ ਮਾਮਲਾ ਦਰਜ ਕੀਤਾ ਗਿਆ ਹੈ ਤੇ ਇਸ ਮਾਮਲੇ ਦੀ ਅਗਲੇਰੀ ਜਾਂਚ ਜਾਰੀ ਹੈ।

## ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਵਿਖੇ ਵੈਬੀਨਾਰ ਭਲਕੇ

**ਰਾਜਪੁਰਾ (ਰਮੇਸ਼ ਕਟਾਰੀਆ)**-ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਰਾਜਪੁਰਾ ਨੇੜੇ ਚੰਡੀਗੜ੍ਹ ਵਿਖੇ 5 ਜੁਲਾਈ ਨੂੰ ਆਪਣੇ ਵਿਦਿਆਰਥੀ ਇੰਡਕਸ਼ਨ ਪ੍ਰੋਗਰਾਮ ਦੇ ਹਿੱਸੇ ਵਜੋਂ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ 'ਯੂਨੀਵਰਸਲ ਹਿਊਮਨ ਵੈਲਯੂਜ਼ (ਯੂਐਚਵੀ)' 'ਤੇ ਏਆਈਸੀਟੀਈ-ਮੈਂਡੇਟਿਡ ਓਰੀਐਂਟੇਸ਼ਨ ਵੈਬੀਨਾਰ ਦਾ ਆਯੋਜਨ ਕੀਤਾ ਜਾ ਰਿਹਾ ਹੈ।ਇਹ ਸੈਸ਼ਨ ਪ੍ਰੋ. ਮੁਨਸ਼ੀ ਯਾਦਵ, ਰੀਜਨਲ ਕੋਆਰਡੀਨੇਟਰ (ਐਨ ਡਬਲਯੂ ਆਰ), ਆਲ ਇੰਡੀਆ ਕੌਂਸਲ ਆਫ਼ ਟੈਕਨੀਕਲ ਐਜੂਕੇਸ਼ਨ (ਏਆਈਸੀਟੀਈ) ਨਵੀਂ ਦਿੱਲੀ ਦੁਆਰਾ ਯੂਨੀਵਰਸਲ ਹਿਊਮਨ ਵੈਲਯੂਜ਼ ਲਈ ਕੀਤਾ ਜਾਵੇਗਾ।ਡਾ. ਅੰਸ਼ੂ ਕਟਾਰੀਆ ਚੇਅਰਮੈਨ ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਪ੍ਰਧਾਨਗੀ ਕਰਨਗੇ।ਡਾ. ਕਟਾਰੀਆ ਨੇ ਕਿਹਾ ਕਿ ਸੰਸਥਾ ਵਿਦਿਆਰਥੀਆਂ ਨੂੰ ਸਫਲ ਕਰੀਅਰ ਤੇ ਅਰਥਪੂਰਨ ਜੀਵਨ ਲਈ ਤਿਆਰ ਕਰਨ ਲਈ ਨਿਯਮਿਤ ਤੌਰ 'ਤੇ ਮਾਹਰ ਲੈਕਚਰ, ਵਰਕਸ਼ਾਪਾਂ, ਸੈਮੀਨਾਰ, ਓਰੀਐਂਟੇਸ਼ਨ ਪ੍ਰੋਗਰਾਮ ਤੇ ਉਦਯੋਗਿਕ ਗੱਲਬਾਤ ਦਾ ਆਯੋਜਨ ਕਰਦੀ ਹੈ।ਇਹ ਸੈਸ਼ਨ ਇੰਜੀਨੀਅਰਿੰਗ, ਕਾਨੂੰਨ, ਫਾਰਮੇਸੀ, ਨਰਸਿੰਗ, ਪੈਰਾ ਮੈਡੀਕਲ ਸਾਇੰਸਜ਼, ਫਿਜ਼ੀਓਥੈਰੇਪੀ, ਮੈਨੇਜਮੈਂਟ (ਐੱਮਬੀਏ/ਬੀਬੀਏ), ਬੀਸੀਏ, ਬੈਚਲਰ ਆਫ਼ ਐਜੂਕੇਸ਼ਨ (ਬੀ.ਐੱਡ) ਤੇ ਹੋਰ ਪੇਸ਼ੇਵਰ ਪ੍ਰੋਗਰਾਮਾਂ ਵਿੱਚ ਦਾਖਲ ਹੋਏ, ਸਾਰੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਲਈ ਲਾਜ਼ਮੀ ਹੋਵੇਗਾ।

## ਰੱਖੜੀ ਦੇ ਤਿਉਹਾਰ 'ਤੇ ਭੈਣਾਂ ਲਈ ਛੁੱਟੀਆਂ ਵਾਲੇ ਦਿਨ ਵੀ ਖੁੱਲ੍ਹੇ ਰਹਿਣਗੇ ਡਾਕਖਾਨੇ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰੱਖੜੀ ਦੇ ਪਵਿੱਤਰ ਤਿਉਹਾਰ ਦੇ ਮੱਦੇਨਜ਼ਰ ਭੈਣਾਂ ਦੀ ਸਹੂਲਤ ਲਈ ਇਕ ਅਹਿਮ ਫੈਸਲਾ ਲਿਆ ਗਿਆ ਹੈ। ਰੱਖੜੀ ਦੇ ਤਿਉਹਾਰ ਨੂੰ ਧਿਆਨ ਵਿਚ ਰੱਖਦਿਆ ਫਿਰੋਜ਼ਪੁਰ ਡਾਕ ਮੰਡਲ ਦੇ ਅਧੀਨ ਆਉਂਦੇ ਕੁਝ ਚੁਣੇ ਹੋਏ ਪੋਸਟ ਆਫਿਸ ਹੁਣ ਐਤਵਾਰ ਅਤੇ ਹੋਰ ਸਰਕਾਰੀ ਛੁੱਟੀਆਂ ਵਾਲੇ ਦਿਨਾਂ ਵਿਚ ਵੀ ਖੁੱਲ੍ਹੇ ਰਹਿਣਗੇ। ਫਿਰੋਜ਼ਪੁਰ ਡਾਕ ਮੰਡਲ ਦੇ ਸੁਪਰਡੈਂਟ ਆਫ ਪੋਸਟ ਆਫਿਸ ਰਵੀ ਕੁਮਾਰ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ 15 ਜੁਲਾਈ ਤੋਂ 28 ਅਗਸਤ ਤੱਕ, ਰੱਖੜੀ ਦੇ ਤਿਉਹਾਰ ਦੇ ਸਬੰਧ ਵਿਚ ਸਾਰੇ ਐਤਵਾਰਾਂ ਅਤੇ ਸਰਕਾਰੀ ਛੁੱਟੀਆਂ ਵਾਲੇ ਦਿਨਾਂ ਵਿੱਚ ਕੁਝ ਵਿਸ਼ੇਸ਼ ਪੋਸਟ ਆਫਿਸਾਂ ਦੇ ਡਾਕ ਬੁਕਿੰਗ ਕਾਊਂਟਰ ਸਵੇਰੇ 9 ਵਜੇ ਤੋਂ ਸ਼ਾਮ 4.30 ਵਜੇ ਤੱਕ ਕੰਮ ਕਰਨਗੇ। ਇਸ ਵਿਸ਼ੇਸ਼ ਪ੍ਰਬੰਧ ਤਹਿਤ ਫਿਰੋਜ਼ਪੁਰ ਪ੍ਰਧਾਨ ਡਾਕ ਘਰ, ਫਿਰੋਜ਼ਪੁਰ ਸ਼ਹਿਰ ਉਪ ਡਾਕ ਘਰ, ਜ਼ੀਰਾ ਉੱਪ ਡਾਕ ਘਰ, ਜਲਾਲਾਬਾਦ (ਪੱਛਮ) ਉੱਪ ਡਾਕ ਘਰ, ਫਾਜ਼ਿਲਕਾ ਉੱਪ ਡਾਕ ਘਰ ਅਤੇ ਅਬੋਹਰ ਉਪ ਡਾਕ ਘਰ ਸ਼ਾਮਲ ਹਨ।

## ਕਿਡਜ਼ੀ ਪ੍ਰੀ ਸਕੂਲ 'ਚ ਨੰਨ੍ਹੇ-ਮੁੰਨੇ ਬੱਚਿਆਂ ਦਾ ਨਿੱਘਾ ਸਵਾਗਤ




**ਬਾਘਾ ਪੁਰਾਣਾ (ਮਨੀ ਸਿੰਗਲਾ)** ਗਰਮੀਆਂ ਦੀਆਂ ਛੁੱਟੀਆਂ ਤੋਂ ਬਾਅਦ ਕਿਡਜ਼ੀ ਪ੍ਰੀਸਕੂਲ ਵਿੱਚ ਨਵੇਂ ਅਕਾਦਮਿਕ ਸੈਸ਼ਨ ਦੀ ਸ਼ੁਰੂਆਤ ਬਹੁਤ ਹੀ ਉਤਸ਼ਾਹ ਤੇ ਖੁਸ਼ੀ ਦੇ ਮਾਹੌਲ ਵਿੱਚ ਹੋਈ।ਸਕੂਲ ਪਹੁੰਚਣ 'ਤੇ ਨੰਨ੍ਹੇ-ਮੁੰਨ੍ਹੇ ਬੱਚਿਆਂ ਦਾ ਰੰਗ-ਬਿਰੰਗੀ ਸਜਾਵਟ, ਗੁਬਾਰਿਆਂ ਤੇ ਮੁਸਕਰਾਉਂਦੇ ਅਧਿਆਪਕਾਂ ਵੱਲੋਂ ਨਿੱਘਾ ਸਵਾਗਤ ਕੀਤਾ ਗਿਆ।ਬੱਚਿਆਂ ਦੇ ਚਿਹਰਿਆਂ 'ਤੇ ਖੁਸ਼ੀ ਤੇ ਉਤਸ਼ਾਹ ਸਾਫ਼ ਝਲਕ ਰਿਹਾ ਸੀ।ਸਕੂਲ ਵਿੱਚ ਪਹਿਲੇ ਦਿਨ ਨੂੰ ਯਾਦਗਾਰ ਬਣਾਉਣ ਲਈ ਕਈ ਮਨੋਰੰਜਕ ਤੇ ਸਿੱਖਣ-ਸਬੰਧੀ ਗਤੀਵਿਧੀਆਂ ਕਰਾਈਆਂ ਗਈਆਂ। ਬੱਚਿਆਂ ਨੇ ਡਾਂਸ, ਮਿਊਜ਼ਿਕ, ਐਕਸ਼ਨ ਰਾਈਮਜ਼, ਖੇਡਾਂ, ਆਰਟ ਐਂਡ ਕਰਾਫਟ ਤੇ ਮਜ਼ੇਦਾਰ ਐਕਟੀਵਿਟੀਆਂ ਵਿੱਚ ਪੂਰੇ ਜੋਸ਼ ਨਾਲ ਭਾਗ ਲਿਆ।ਉਨ੍ਹਾਂ ਆਪਣੇ ਅਧਿਆਪਕਾਂ ਅਤੇ ਦੋਸਤਾਂ ਨਾਲ ਗਰਮੀਆਂ ਦੀਆਂ ਛੁੱਟੀਆਂ ਦੇ ਅਨੁਭਵ ਵੀ ਸਾਂਝੇ ਕੀਤੇ, ਜਿਸ ਨਾਲ ਪੂਰੇ ਸਕੂਲ ਦਾ ਮਾਹੌਲ ਖ਼ੁਸ਼ੀ ਤੇ ਹਾਸੇ ਨਾਲ ਭਰ ਗਿਆ।ਕਿਡਜ਼ੀ ਦੇ ਹੈੱਡ ਅਤੇ ਡਾਇਰੈਕਟਰ ਮੈਡਮ ਸੁਧਾ ਮਹਿਤਾ ਜੀ ਨੇ ਦੱਸਿਆ ਕਿ ਕਿਡਜ਼ੀ ਪ੍ਰੀ ਸਕੂਲ ਵਿੱਚ ਬੱਚਿਆਂ ਦੀ ਸਿੱਖਿਆ ਦੇ ਨਾਲ-ਨਾਲ ਉਨ੍ਹਾਂ ਦੇ ਸਮਾਜਿਕ, ਭਾਵਨਾਤਮਕ ਤੇ ਰਚਨਾਤਮਕ ਵਿਕਾਸ ਤੇ ਵੀ ਵਿਸ਼ੇਸ਼ ਧਿਆਨ ਦਿੱਤਾ ਜਾਂਦਾ ਹੈ। ਖੇਡ-ਖੇਡ ਵਿੱਚ ਸਿੱਖਣ ਦੀ ਵਿਧੀ ਰਾਹੀਂ ਬੱਚਿਆਂ ਵਿੱਚ ਆਤਮ-ਵਿਸ਼ਵਾਸ, ਸਿਰਜਣਾਤਮਕਤਾ ਅਤੇ ਨਵੇਂ ਵਿਚਾਰਾਂ ਨੂੰ ਵਿਕਸਤ ਕਰਨ ਦਾ ਲਗਾਤਾਰ ਯਤਨ ਕੀਤਾ ਜਾਂਦਾ ਹੈ।ਸਕੂਲ ਦੀ ਪ੍ਰਿੰਸੀਪਲ ਤੇ ਡਾਇਰੈਕਟਰ ਸੰਦੀਪ ਮਹਿਤਾ ਨੇ ਕਿਹਾ ਕਿ ਨਵੇਂ ਸੈਸ਼ਨ ਦੀ ਸ਼ੁਰੂਆਤ ਹਰ ਬੱਚੇ ਲਈ ਨਵੀਆਂ ਉਮੀਦਾਂ, ਨਵੇਂ ਟੀਚਿਆਂ ਤੇ ਨਵੀਆਂ ਸਫ਼ਲਤਾਵਾਂ ਦੀ ਸ਼ੁਰੂਆਤ ਹੈ।ਉਨ੍ਹਾਂ ਨੇ ਸਾਰੇ ਮਾਪਿਆਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਦੇ ਸਹਿਯੋਗ ਨਾਲ ਹੀ ਬੱਚਿਆਂ ਨੂੰ ਵਧੀਆ ਸਿੱਖਿਆ ਅਤੇ ਸੁੰਦਰ ਸੰਸਕਾਰ ਪ੍ਰਦਾਨ ਕੀਤੇ ਜਾ ਸਕਦੇ ਹਨ।ਸੈਂਟਰ ਹੈੱਡ ਮੈਡਮ ਪਰਮਿੰਦਰ ਕੌਰ ਵੱਲੋਂ ਸਾਰੇ ਬੱਚਿਆਂ ਨੂੰ ਨਵੇਂ ਅਕਾਦਮਿਕ ਸੈਸ਼ਨ ਲਈ ਦਿਲੋਂ ਸ਼ੁਭਕਾਮਨਾਵਾਂ ਦਿੱਤੀਆਂ ਗਈਆਂ।ਮਾਊਂਟ ਇੰਟਰਨੈਸ਼ਨਲ ਸਕੂਲ ਦੇ ਹੈੱਡ ਮੈਡਮ ਖੁਸ਼ਪ੍ਰੀਤ ਕੌਰ ਨੇ ਬੱਚਿਆਂ ਨੂੰ ਸੰਬੋਧਨ ਕਰਦੇ ਕਿਹਾ ਕਿ ਉਹ ਹਰ ਦਿਨ ਨਵਾਂ ਕੁਝ ਸਿੱਖਣ ਦੀ ਕੋਸ਼ਿਸ਼ ਕਰਨ, ਆਪਣੇ ਅਧਿਆਪਕਾਂ ਦਾ ਸਤਿਕਾਰ ਕਰਨ ਅਤੇ ਆਪਣੇ ਦੋਸਤਾਂ ਨਾਲ ਮਿਲਜੁਲ ਕੇ ਰਹਿਣ।

## ਕੱਟਾਂ ਨੇ ਸਰਪਲੱਸ ਬਿਜਲੀ ਦੇ ਦਾਅਵਿਆਂ ਦੀ ਪੋਲ ਖੋਲ੍ਹੀ : ਕਲੇਰ, ਗਰੇਵਾਲ

**ਜਗਰਾਉਂ (ਨਛੱਤਰ ਸੰਧੂ)**-ਪੰਜਾਬ ਵਿੱਚ ਪਿਛਲੇ ਕੁਝ ਦਿਨਾਂ ਤੋਂ ਵਧ ਰਹੇ ਬਿਜਲੀ ਕੱਟਾਂ ਨੇ ਸੂਬਾ ਸਰਕਾਰ ਵੱਲੋਂ ਕੀਤੇ ਜਾਂਦੇ ਸਰਪਲੱਸ ਬਿਜਲੀ ਦੇ ਦਾਅਵਿਆਂ 'ਤੇ ਗੰਭੀਰ ਸਵਾਲ ਖੜ੍ਹੇ ਕਰ ਦਿੱਤੇ ਹਨ।ਇਸ ਸਬੰਧੀ ਸ਼੍ਰੋਮਣੀ ਅਕਾਲੀ ਦਲ ਦੇ ਕੋਰ ਕਮੇਟੀ ਮੈਂਬਰ ਐੱਸ. ਆਰ. ਕਲੇਰ ਤੇ ਸ਼੍ਰੋਮਣੀ ਕਮੇਟੀ ਮੈਂਬਰ ਗੁਰਚਰਨ ਸਿੰਘ ਗਰੇਵਾਲ ਨੇ ਜਾਰੀ ਬਿਆਨ ਵਿੱਚ ਕਿਹਾ ਕਿ ਪੰਜਾਬ ਸਰਕਾਰ ਇੱਕ ਪਾਸੇ ਲੋਕਾਂ ਨੂੰ 24 ਘੰਟੇ ਬਿਜਲੀ ਦੇਣ ਦੇ ਵੱਡੇ-ਵੱਡੇ ਦਾਅਵੇ ਕਰ ਰਹੀ ਹੈ, ਜਦਕਿ ਜ਼ਮੀਨੀ ਹਕੀਕਤ ਇਹ ਹੈ ਕਿ ਪਿੰਡਾਂ ਤੇ ਸ਼ਹਿਰਾਂ ਵਿੱਚ ਲੰਬੇ ਸਮੇਂ ਦੇ ਬਿਜਲੀ ਕੱਟਾਂ ਨੇ ਲੋਕਾਂ ਦਾ ਜੀਵਨ ਬੇਹੱਦ ਪ੍ਰਭਾਵਿਤ ਕੀਤਾ ਹੋਇਆ ਹੈ।ਉਨ੍ਹਾਂ ਕਿਹਾ ਕਿ ਇਸ ਵੇਲੇ ਪੰਜਾਬ ਵਿੱਚ ਝੋਨੇ ਦਾ ਸੀਜ਼ਨ ਸਿਖਰ 'ਤੇ ਹੈ ਤੇ ਖੇਤੀ ਮਾਹਰਾਂ ਅਨੁਸਾਰ ਇੱਕ ਏਕੜ ਝੋਨੇ ਦੀ ਫਸਲ ਲਈ ਸ਼ੁਰੂਆਤੀ ਦਿਨਾਂ ਵਿੱਚ ਰੋਜ਼ਾਨਾ ਲਗਭਗ 25 ਤੋਂ 30 ਹਜ਼ਾਰ ਲੀਟਰ ਪਾਣੀ ਦੀ ਲੋੜ ਹੁੰਦੀ ਹੈ, ਜਿਸ ਲਈ ਕਿਸਾਨ ਪੂਰੀ ਤਰ੍ਹਾਂ ਟਿਊਬਵੈੱਲਾਂ ਤੇ ਨਿਰੰਤਰ ਬਿਜਲੀ ਸਪਲਾਈ 'ਤੇ ਨਿਰਭਰ ਹਨ, ਪਰ ਮੌਜੂਦਾ ਹਾਲਾਤਾਂ ਵਿੱਚ ਕਈ ਖੇਤਰਾਂ ਵਿੱਚ ਕਿਸਾਨਾਂ ਨੂੰ ਨਿਰਧਾਰਤ 8 ਘੰਟਿਆਂ ਦੀ ਬਜਾਏ ਕੇਵਲ 3 ਤੋਂ 4 ਘੰਟੇ ਹੀ ਬਿਜਲੀ ਮਿਲ ਰਹੀ ਹੈ, ਜਿਸ ਕਾਰਨ ਝੋਨੇ ਦੀ ਲੁਆਈ ਤੇ ਸਿੰਚਾਈ ਬੁਰੀ ਤਰ੍ਹਾਂ ਪ੍ਰਭਾਵਿਤ ਹੋ ਰਹੀ ਹੈ।ਉਨ੍ਹਾਂ ਦੋਸ਼ ਲਾਇਆ ਕਿ ਸਰਕਾਰ ਬਿਜਲੀ ਪ੍ਰਬੰਧਨ ਵਿੱਚ ਪੂਰੀ ਤਰ੍ਹਾਂ ਨਾਕਾਮ ਰਹੀ ਹੈ ਤੇ ਲੋਕਾਂ ਨੂੰ ਗੁੰਮਰਾਹ ਕਰਨ ਲਈ ਸਰਪਲੱਸ ਬਿਜਲੀ ਵਰਗੇ ਨਾਅਰੇ ਲਾਏ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਸਿਰਫ ਕਿਸਾਨ ਹੀ ਨਹੀਂ, ਸਗੋਂ ਘਰੇਲੂ ਖਪਤਕਾਰ ਵੀ ਲਗਾਤਾਰ ਬਿਜਲੀ ਕੱਟਾਂ ਕਾਰਨ ਬੇਹੱਦ ਪ੍ਰੇਸ਼ਾਨ ਹਨ।

ਤਪਦੀ ਗਰਮੀ ਦੇ ਇਸ ਮੌਸਮ ਵਿੱਚ ਘੰਟਿਆਂ ਬਿਜਲੀ ਬੰਦ ਰਹਿਣ ਕਾਰਨ ਬੱਚਿਆਂ, ਬਜ਼ੁਰਗਾਂ ਤੇ ਬਿਮਾਰ ਲੋਕਾਂ ਨੂੰ ਸਭ ਤੋਂ ਵੱਧ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਸ਼ਹਿਰੀ ਖੇਤਰਾਂ ਵਿੱਚ ਵੀ ਬਿਜਲੀ ਦੀ ਅਣਐਲਾਨੇ ਕੱਟਾਂ ਕਾਰਨ ਰੋਜ਼ਾਨਾ ਦੇ ਕੰਮਕਾਜ ਪ੍ਰਭਾਵਿਤ ਹੋ ਰਹੇ ਹਨ।ਆਗੂਆਂ ਨੇ ਸਰਕਾਰ ਨੂੰ ਤਾੜਨਾ ਕੀਤੀ ਕਿ ਤੁਰੰਤ ਬਿਜਲੀ ਸਪਲਾਈ ਪ੍ਰਣਾਲੀ ਨੂੰ ਦਰੁਸਤ ਕੀਤਾ ਜਾਵੇ, ਜੇਕਰ ਸਰਕਾਰ ਨੇ ਨਿਰੰਤਰ ਬਿਜਲੀ ਦੇਣ ਵੱਲ ਉਚੇਚਾ ਧਿਆਨ ਨਾ ਦਿੱਤਾ ਤਾਂ ਸ਼੍ਰੋਮਣੀ ਅਕਾਲੀ ਦਲ ਜਨਤਕ ਲਾਮਬੰਦੀ ਕਰੇਗਾ।

## ਸਿੱਖਾਂ ਨੂੰ ਹੈਲਮਟ ਤੋਂ ਛੋਟ ਦੇਣ ਵਾਲੀ ਪਟੀਸ਼ਨ ਰੱਦ ਕਰਕੇ ਸਿੱਖ ਕੌਮ ਨਾਲ ਕੀਤਾ ਧ੍ਰੋਹ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਮੁੰਬਈ ਹਾਈਕੋਰਟ ਨੇ ਦੋਪਹੀਆ ਵਾਹਨ ਚਲਾਉਂਦੇ ਸਮੇਂ ਪੱਗ ਬੰਨ੍ਹਣ ਵਾਲੇ ਸਿੱਖ ਮਰਦਾਂ ਨੂੰ ਹੈਲਮਟ ਤੋਂ ਛੋਟ ਦੇਣ ਸੰਬੰਧੀ ਇਕ ਆਈ ਪਟੀਸ਼ਨ ਉਤੇ ਗੌਰ ਕਰਦੇ ਹੋਏ ਜੋ ਇਸ ਨੂੰ ਰੱਦ ਕਰਨ ਦੇ ਹੁਕਮ ਕੀਤੇ ਹਨ, ਇਹ ਸਿੱਖ ਕੌਮ ਤੇ ਸਿੱਖ ਧਰਮ ਦੇ ਨਿਵਾਸੀਆਂ ਜਿਨ੍ਹਾਂ ਨੂੰ ਬਤੌਰ ਧਾਰਮਿਕ ਮਾਣ-ਸਨਮਾਨ ਦੇ ਚਿੰਨ੍ਹ ਦੇ ਤੌਰ ਸਿੱਖ ਕੌਮ ਦੇ ਜਨਮ ਤੋਂ ਹੀ ਦਸਤਾਰਾਂ ਸਜਾਉਂਦੇ ਆ ਰਹੇ ਹਨ, ਉਨ੍ਹਾਂ ਨੂੰ ਹੈਲਮਟ ਤੋਂ ਛੋਟ ਦੇਣ ਸੰਬੰਧੀ ਪਾਈ ਗਈ ਪਟੀਸ਼ਨ ਦਾ ਨਿਪਟਾਰਾ ਕਰਦੇ ਹੋਏ ਫੈਸਲਾ ਕੀਤਾ ਹੈ, ਇਹ ਸਿੱਖ ਕੌਮ ਤੇ ਸਿੱਖ ਧਰਮ ਦੀ ਦਸਤਾਰ ਉਤੇ ਇਕ ਕੋਝਾ ਹਮਲਾ ਹੈ, ਕਿਉਂਕਿ ਸਿੱਖ ਕਦੀ ਵੀ ਟੋਪੀ ਜਾਂ ਹੈਲਮਟ ਨਹੀਂ ਪਹਿਨਦੇ, ਸਗੋਂ ਉਹ ਸਦਾ ਹੀ ਆਪਣੇ ਸਿਰ ਉਤੇ ਦਸਤਾਰਾਂ ਸਜਾਉਂਦੇ ਹਨ, ਜੋ ਉਨ੍ਹਾਂ ਦੀ ਸਿੱਖ ਜਨਮ ਦੇ ਸਮੇ ਤੋਂ ਹੀ ਰਵਾਇਤ ਚੱਲਦੀ ਆ ਰਹੀ ਹੈ।ਇਸ ਲਈ ਇਸ ਫੈਸਲੇ ਨੂੰ ਕਦਾਚਿਤ ਸਹੀ ਜਾਂ ਸਿੱਖ ਕੌਮ ਦੀਆਂ ਭਾਵਨਾਵਾਂ ਦੀ ਤਰਜਮਾਨੀ ਕਰਨ ਵਾਲਾ ਨਹੀਂ ਕਿਹਾ ਜਾ ਸਕਦਾ, ਸਗੋਂ ਸਿੱਖਾਂ ਦੇ ਮਨਾਂ ਤੇ ਆਤਮਾਵਾਂ ਨੂੰ ਠੇਸ ਪੁਚਾਉਣ ਵਾਲੀਆਂ ਕਾਰਵਾਈਆਂ ਹਨ, ਜਿਸ ਉਤੇ ਮੁੰਬਈ ਹਾਈਕੋਰਟ ਦੇ ਨਾਗਪੁਰ ਬੈਂਚ ਦੇ ਜਸਟਿਸ ਉਰਮਿਲਾ ਜੋਸ਼ੀ, ਫਾਲਕੇ ਅਤੇ ਨਿਵੇਦਿਤਾ ਮਹਿਤਾ ਨੂੰ ਫਿਰ ਤੋਂ ਗੌਰ ਕਰਦੇ ਹੋਏ ਸਿੱਖ ਕੌਮ ਦੇ ਮਾਣ-ਸਨਮਾਨ ਨੂੰ ਮੁੱਖ ਰੱਖਦੇ ਹੋਏ ਪੁਨਰ ਵਿਚਾਰ ਕਰਨ ਦੀ ਸਖਤ ਲੋੜ ਹੈ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਨਾਗਪੁਰ ਹਾਈਕੋਰਟ ਬੈਂਚ ਦੇ ਉਪਰੋਕਤ ਜਸਟਿਸ ਵੱਲੋਂ 2 ਪਹੀਆ ਵਾਹਨ ਚਲਾਉਂਦੇ ਸਮੇਂ ਸਿੱਖਾਂ ਨੂੰ ਹੈਲਮਟ ਤੋਂ ਛੋਟ ਨਾ ਦੇਣ ਦੇ ਕੀਤੇ ਗਏ ਫੈਸਲੇ ਦਾ ਵਿਰੋਧ ਕਰਦੇ ਹੋਏ ਤੇ ਇਸ ਉਤੇ ਮੁੜ ਵਿਚਾਰ ਕਰਨ ਦੀ ਗੱਲ ਕਰਦੇ ਹੋਏ ਪ੍ਰਗਟ ਕੀਤੇ।

## ਹਰਪ੍ਰੀਤ ਸਿੰਘ ਜੱਗੀ ਪੁਲਸ ਅਬਜ਼ਰਬਰ ਨਿਯੁਕਤ

**ਫਾਜ਼ਿਲਕਾ (ਨਿਸ਼ਾ ਸ਼ਰਮਾ, ਜੀਤ ਕੁਮਾਰ)**-ਰਾਜ ਚੋਣ ਕਮਿਸ਼ਨ ਪੰਜਾਬ ਵੱਲੋਂ ਜਲਾਲਾਬਾਦ (ਫਾਜ਼ਿਲਕਾ) ਨਗਰ ਕੌਂਸਲ ਚੋਣਾਂ-2026 ਨੂੰ ਮੁੱਖ ਰੱਖਦੇ ਹੋਏ ਸ੍ਰ. ਹਰਪ੍ਰੀਤ ਸਿੰਘ ਜੱਗੀ ਆਈ ਪੀ ਐੱਸ, ਡਿਪਟੀ ਇੰਸਪੈਕਟਰ ਜਨਰਲ ਆਫ਼ ਪੁਲਸ, ਆਰਥਕ ਅਪਰਾਧ ਸ਼ਾਖਾ, ਵਿਜੀਲੈਂਸ ਬਿਊਰੋ ਪੰਜਾਬ ਨੂੰ ਪੁਲਸ ਅਬਜ਼ਰਵਰ ਫਿਰੋਜ਼ਪੁਰ/ਫਾਜ਼ਿਲਕਾ ਰੇਂਜ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦਾ ਹੈੱਡਕੁਆਟਰ ਜ਼ਿਲ੍ਹਾ ਫਿਰੋਜ਼ਪੁਰ ਰਹੇਗਾ।ਉਨ੍ਹਾਂ ਦਾ ਕੰਟੈਕਟ ਨੰਬਰ 98144-32144 ਹੈ ਤੇ ਈ ਮੇਲ ਆਈ ਡੀ: Harpreet.singhADD@punjabpolice.gov.in ਹੈ। ਉਨ੍ਹਾਂ ਜ਼ਿਲ੍ਹੇ ਦੇ ਸਾਰੇ ਵੋਟਰਾਂ ਨੂੰ ਬਿਨਾਂ ਕਿਸੇ ਡਰ, ਭੈਅ ਤੇ ਲਾਲਚ ਦੇ ਆਪਣੇ ਵੋਟ ਦੇ ਅਧਿਕਾਰ ਦੀ ਵਰਤੋਂ ਕਰਨ ਦੀ ਅਪੀਲ ਕੀਤੀ।



## ਪੀ ਏ ਯੂ-ਕ੍ਰਿਸ਼ੀ ਵਿਗਿਆਨ ਕੇਂਦਰ ਸੰਗਰੂਰ ਵੱਲੋਂ 'ਖੇਤ ਬਚਾਓ ਅਭਿਆਨ' ਤਹਿਤ ਸਰਪੰਚ ਕਾਨਫਰੰਸ



**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਖੇਤੀਬਾੜੀ ਯੂਨੀਵਰਸਿਟੀ ਦੇ ਕ੍ਰਿਸ਼ੀ ਵਿਗਿਆਨ ਕੇਂਦਰ, ਸੰਗਰੂਰ ਵੱਲੋਂ 'ਖੇਤ ਬਚਾਓ ਅਭਿਆਨ' ਤਹਿਤ ਕੇ.ਵੀ.ਕੇ., ਸੰਗਰੂਰ ਵਿਖੇ ਗ੍ਰਾਮ ਪੰਚਾਇਤਾਂ ਦੇ ਨੁਮਾਇੰਦਿਆਂ ਅਤੇ ਅਗਾਂਹ ਵਧੂ ਕਿਸਾਨਾਂ ਲਈ ਇੱਕ ਵਿਸ਼ੇਸ਼ ਕਾਨਫਰੰਸ ਕੀਤੀ ਗਈ।ਡਾ. ਮਨਦੀਪ ਸਿੰਘ, ਇੰਚਾਰਜ, ਪੀ.ਏ.ਯੂ-ਕੇ.ਵੀ.ਕੇ., ਸੰਗਰੂਰ ਦੀ ਅਗਵਾਈ ਹੇਠ ਕਰਵਾਏ ਇਸ ਸਮਾਗਮ ਦਾ ਮਕਸਦ ਪਿੰਡਾਂ ਵਿੱਚ ਲੋਕਾਂ ਦੇ ਚੁਣੇ ਹੋਏ ਪ੍ਰਤੀਨਿਧੀਆਂ ਅਤੇ ਅਗਾਂਹ ਵਧੂ ਕਿਸਾਨਾਂ ਨੂੰ ਮਿੱਟੀ ਸਿਹਤ ਪ੍ਰਬੰਧਨ ਅਤੇ ਆਧੁਨਿਕ ਖੇਤੀ ਤਕਨੀਕਾਂ ਪ੍ਰਤੀ ਜਾਗਰੂਕ ਕਰਨਾ ਸੀ।ਭਾਗੀਦਾਰਾਂ ਨੂੰ ਸੰਬੋਧਨ ਕਰਦਿਆਂ ਡਾ. ਮਨਦੀਪ ਸਿੰਘ ਨੇ 'ਖੇਤ ਬਚਾਓ ਅਭਿਆਨ' ਦੇ ਉਦੇਸ਼ਾਂ ਅਤੇ ਵਿਗਿਆਨਕ ਪੋਸ਼ਕ ਤੱਤ ਪ੍ਰਬੰਧਨ ਵਿੱਚ ਇਸ ਦੀ ਮਹੱਤਤਾ ਬਾਰੇ ਦੱਸਿਆ।ਉਨ੍ਹਾਂ ਕਿਸਾਨਾਂ ਨੂੰ ਮਿੱਟੀ ਪਰਖ ਰਿਪੋਰਟ ਦੇ ਆਧਾਰ 'ਤੇ ਹੀ ਖਾਦਾਂ ਪਾਉਣ ਅਤੇ ਲੰਬੇ ਸਮੇਂ ਲਈ ਮਿੱਟੀ ਦੀ ਉਪਜਾਊ ਸ਼ਕਤੀ ਬਣਾਈ ਰੱਖਣ ਲਈ ਰਸਾਇਣਕ ਅਤੇ ਜੈਵਿਕ ਖਾਦਾਂ ਦੀ ਮਿਲਵੀਂ ਵਰਤੋਂ ਅਪਣਾਉਣ ਦੀ ਅਪੀਲ ਕੀਤੀ।ਡਾ. ਰੁਕਿੰਦਰਪ੍ਰੀਤ ਸਿੰਘ, ਸਹਾਇਕ ਪ੍ਰੋਫੈਸਰ, ਫਸਲ ਵਿਗਿਆਨ ਨੇ ਮਿੱਟੀ ਅਤੇ ਪਾਣੀ ਦੀ ਜਾਂਚ ਦੀ ਮਹੱਤਤਾ 'ਤੇ ਜ਼ੋਰ ਦਿੱਤਾ। ਉਨ੍ਹਾਂ ਮਿੱਟੀ ਅਤੇ ਸਿੰਚਾਈ ਵਾਲੇ ਪਾਣੀ ਦੇ ਨਮੂਨੇ ਲੈਣ ਦਾ ਵਿਗਿਆਨਕ ਤਰੀਕਿਆਂ ਬਾਰੇ ਜਾਣਕਾਰੀ ਦਿੱਤੀ ਅਤੇ ਕਿਸਾਨਾਂ ਨੂੰ ਝੋਨੇ ਦੀ ਫਸਲ ਵਿੱਚ ਫਾਸਫੋਰਸ ਖਾਦਾਂ ਮਿੱਟੀ ਪਰਖ ਸਿਫਾਰਸ਼ਾਂ ਅਨੁਸਾਰ ਹੀ ਪਾਉਣ ਬਾਰੇ ਸੁਝਾਅ ਦਿੱਤੇ, ਤਾਂ ਜੋ ਝਾੜ 'ਤੇ ਅਸਰ ਪਾਏ ਬਿਨਾਂ ਖੇਤੀ ਲਾਗਤ ਘਟਾਈ ਜਾ ਸਕੇ।ਡਾ. ਸੁਨੀਲ ਕੁਮਾਰ, ਸਹਾਇਕ ਪ੍ਰੋਫੈਸਰ, ਫਾਰਮ ਮਸ਼ੀਨਰੀ ਨੇ ਮਿੱਟੀ ਦੀ ਸਿਹਤ ਸੁਧਾਰਨ ਅਤੇ ਵਾਤਾਵਰਨ ਦੀ ਰੱਖਿਆ ਲਈ ਫਸਲਾਂ ਦੀ ਰਹਿੰਦ-ਖੂੰਹਦ ਦੀ ਖੇਤ ਵਿੱਚ ਹੀ ਸੰਭਾਲ 'ਤੇ ਜ਼ੋਰ ਦਿੱਤਾ। ਕੇ.ਵੀ.ਕੇ ਮਾਹਿਰ ਡਾ. ਰਵਿੰਦਰ ਕੌਰ ਨੇ ਬਾਗਬਾਨੀ ਫਸਲਾਂ ਵਿੱਚ ਪੋਸ਼ਕ ਤੱਤਾਂ ਦੇ ਪ੍ਰਬੰਧਨ ਅਤੇ ਘਰੇਲੂ ਪੱਧਰ 'ਤੇ ਪੌਸ਼ਟਿਕ ਬਗੀਚੀ ਸਥਾਪਤ ਕਰਨ ਬਾਰੇ ਵਿਹਾਰਕ ਜਾਣਕਾਰੀ ਦਿੱਤੀ।

ਕਾਨਫਰੰਸ ਵਿੱਚ ਪਿੰਡ ਤੁੰਗਾਂ ਦੇ ਸਰਪੰਚ ਸ. ਧਰਮਪਾਲ ਸਿੰਘ, ਕੁਲਾਰ ਖੁਰਦ ਦੇ ਸਰਪੰਚ ਸ. ਹਰਿੰਦਰ ਸਿੰਘ, ਕਨੋਈ ਦੇ ਸਰਪੰਚ ਸ. ਦੀਪ ਸਿੰਘ ਅਤੇ ਖੇੜੀ ਦੇ ਸਰਪੰਚ ਸ. ਧਨਵੰਤ ਸਿੰਘ ਨੇ ਭਾਗ ਲਿਆ।ਇਸ ਤੋਂ ਇਲਾਵਾ ਪੰਚ ਸ. ਸੁਰਜੀਤ ਸਿੰਘ, ਸ. ਪਾਲਾ ਸਿੰਘ, ਸ. ਅਮਰਦੀਪ ਸਿੰਘ, ਸ. ਸਤਿਗੁਰ ਸਿੰਘ ਅਤੇ ਨੇੜਲੇ ਪਿੰਡਾਂ ਦੇ ਅਗਾਂਹ ਵਧੂ ਨੌਜਵਾਨ ਕਿਸਾਨ ਸ. ਬੇਅੰਤ ਸਿੰਘ, ਸ. ਕੇਵਲ ਸਿੰਘ, ਸ. ਪ੍ਰੀਤਇੰਦਰ ਸਿੰਘ ਅਤੇ ਸ. ਬਲਵਿੰਦਰ ਸਿੰਘ ਵੀ ਸ਼ਾਮਲ ਹੋਏ।

## ਸਿਮਰਨ ਨਿਊਰੋਸਪਾਈਨ ਐਂਡ ਈ ਐਨ ਟੀ ਹਸਪਤਾਲ ਨੇ ਸਰਜਰੀ ਕਰਕੇ ਰਚਿਆ ਇਤਿਹਾਸ



**ਬਠਿੰਡਾ (ਪਰਵਿੰਦਰ ਜੀਤ ਸਿੰਘ)** ਸਿਮਰਨ ਨਿਊਰੋਸਪਾਈਨ ਐਂਡ ਈ ਐਨ ਟੀ ਹਸਪਤਾਲ, ਬਠਿੰਡਾ ਨੇ ਸੁਣਨ ਸਮਰੱਥਾ ਨਾਲਸੰਬੰਧਿਤ ਇਲਾਜ ਦੇ ਖੇਤਰ ਵਿੱਚ ਇੱਕ ਇਤਿਹਾਸਕ ਉਪਲਬਧੀ ਹਾਸਲ ਕਰਦੇ ਹੋਏ ਪਹਿਲੀ ਸਰਜਰੀ ਸਫ਼ਲਤਾ-ਪੂਰਵਕ ਕੀਤੀ ਹੈ।ਇਸ ਉਪਲਬਧੀ ਨਾਲ ਹਸਪਤਾਲ ਮਾਲਵਾ ਖੇਤਰ ਦਾ ਪਹਿਲਾ ਨਿੱਜੀ ਸਿਹਤ ਸੰਸਥਾਨ ਬਣ ਗਿਆ ਹੈ, ਜੋ ਇਹ ਅਤਿ-ਆਧੁਨਿਕ ਕੋਕਲੀਅਰ ਇੰਪਲਾਂਟ ਤਕਨਾਲੋਜੀ ਮੁਹੱਈਆ ਕਰਾ ਰਿਹਾ ਹੈ, ਜਿਸ ਨਾਲ ਵਿਸ਼ਵ ਪੱਧਰੀ ਸੁਣਨ ਸਮਰੱਥਾ ਬਹਾਲ ਕਰਨ ਵਾਲਾ ਇਲਾਜ ਹੁਣ ਮਰੀਜ਼ਾਂ ਤੇ ਉਨ੍ਹਾਂ ਦੇ ਪਰਵਾਰਾਂ ਦੇ ਹੋਰ ਨੇੜੇ ਪਹੁੰਚ ਗਿਆ ਹੈ। ਇਹ ਜੀਵਨ ਬਦਲ ਦੇਣ ਵਾਲੀ ਸਰਜਰੀ ਡਾ. ਗ੍ਰੇਸ, ਕਨਸਲਟੈਂਟ ਈ ਐਨ ਟੀ ਸਰਜਨ ਅਤੇ ਕੋਕਲੀਅਰ ਇੰਪਲਾਂਟ ਵਿਸ਼ੇਸ਼ ਗਿਆ ਵੱਲੋਂ ਸਫਲਤਾਪੂਰਵਕ ਕੀਤੀ ਗਈ।ਡਾ. ਗ੍ਰੇਸ ਹੁਣ ਤੱਕ 56 ਤੋਂ ਵੱਧ ਕੋਕਲੀਅਰ ਇੰਪਲਾਂਟ ਸਰਜਰੀਆਂ ਸਫਲਤਾਪੂਰਵਕ ਕਰ ਚੁੱਕੀਆਂ ਹਨ।ਉਨ੍ਹਾਂ ਦੀ ਮੁਹਾਰਤ ਦੇ ਸਦਕਾ ਗੰਭੀਰ ਸੁਣਨ ਸਮਰੱਥਾ ਘਾਟ ਵਾਲੇ ਬੱਚਿਆਂ ਨੂੰ ਹੁਣਆਪਣੇ ਹੀ ਖੇਤਰ ਵਿੱਚ ਉੱਚ ਪੱਧਰੀ ਇਲਾਜ ਮਿਲ ਰਿਹਾ ਹੈ, ਜਿਸ ਨਾਲ ਪਰਵਾਰਾਂ ਨੂੰਵਿਸ਼ੇਸ਼ ਇਲਾਜ ਲਈ ਵੱਡੇ ਸ਼ਹਿਰਾਂ ਦਾ ਰੁਖ ਨਹੀਂ ਕਰਨਾ ਪੈਂਦਾ।ਡਾ. ਗ੍ਰੇਸ ਨੇ ਕਿਹਾ ਕਿ ਕੋਕਲੀਅਰ ਇੰਪਲਾਂਟ ਸਿਰਫ਼ ਸੁਣਨ ਵਾਲਾ ਯੰਤਰ ਨਹੀਂ, ਸਗੋਂ ਇਹ ਇੱਕ ਬੱਚੇ ਦੇ ਭਵਿੱਖ ਨੂੰ ਬਦਲਣ ਦਾ ਮੌਕਾ ਹੈ।ਛੋਟੀ ਉਮਰ ਵਿੱਚ ਸੁਣਨ ਦੀ ਸਮਰੱਥਾ ਬਹਾਲ ਹੋਣਨਾਲ ਬੱਚੇ ਬੋਲਣਾ ਸਿੱਖਦੇ ਹਨ, ਆਤਮ-ਵਿਸ਼ਵਾਸ ਨਾਲ ਸੰਚਾਰ ਕਰਦੇ ਹਨ, ਆਮਸਕੂਲਾਂ ਵਿੱਚ ਪੜ੍ਹ ਸਕਦੇ ਹਨ ਤੇ ਇੱਕ ਸੁਤੰਤਰ ਅਤੇ ਸੰਪੂਰਨ ਜੀਵਨ ਜੀ ਸਕਦੇ ਹਨ।ਸਭ ਤੋਂ ਵਧੀਆ ਸੁਣਨ, ਬੋਲਣ ਅਤੇ ਭਾਸ਼ਾ ਵਿਕਾਸ ਲਈ ਜਲਦੀ ਪਛਾਣ ਅਤੇ ਸਮੇਂ ਸਿਰਕੋਕਲੀਅਰ ਇੰਪਲਾਂਟ ਕਰਾਉਣਾ ਬਹੁਤ ਮਹੱਤਵਪੂਰਨ ਹੈ।ਡਾ ਗ੍ਰੇਸ ਨੇ ਦੱਸਿਆ ਕੀ ਸਫਲ ਸ਼ੁਰੂਆਤ ਨਾਲ ਸਿਮਰਨ ਨਿਊਰੋਸਪਾਈਨ ਐਂਡ ਈ ਐਨ ਟੀ ਹਸਪਤਾਲ ਨੇ ਖੇਤਰ ਵਿੱਚਅਧੁਨਿਕ ਸੁਣਨ ਸਮਰੱਥਾ ਬਹਾਲ ਕਰਨ ਵਾਲੇ ਇਲਾਜ ਦੇ ਪ੍ਰਮੁੱਖ ਕੇਂਦਰ ਵਜੋਂ ਆਪਣੀ ਪਛਾਣ ਹੋਰ ਮਜ਼ਬੂਤ ਕੀਤੀ ਹੈ। ਹਸਪਤਾਲ ਇੱਕ ਹੀ ਛੱਤ ਹੇਠਾਂ ਅੰਤਰਰਾਸ਼ਟਰੀ ਪੱਧਰਦੀ ਤਕਨਾਲੋਜੀ ਤੇ ਮਾਹਿਰ ਡਾਕਟਰੀ ਸੇਵਾਵਾਂ ਉਪਲਬਧ ਕਰਵਾ ਰਿਹਾ ਹੈ।

ਇਹ ਉਪਲਬਧੀ ਪੰਜਾਬ ਭਰ ਦੇ ਪਰਿਵਾਰਾਂ ਲਈ ਉੱਚ ਪੱਧਰੀ ਸੁਣਨ ਸੰਬੰਧੀ ਇਲਾਜ ਨੂੰ ਆਸਾਨੀ ਨਾਲ ਉਪਲਬਧ ਕਰਾਉਣ ਪ੍ਰਤੀ ਹਸਪਤਾਲ ਦੀ ਲਗਾਤਾਰ ਵਚਨਬੱਧਤਾ ਨੂੰ ਦਰਸਾਉਂਦੀ ਹੈ।ਇਸ ਰਾਹੀਂ ਬੱਚਿਆਂ ਨੂੰ ਪਹਿਲੀ ਵਾਰ ਅਵਾਜ਼ਾਂ ਸੁਣਨ, ਬੋਲਣਾ ਸਿੱਖਣ ਤੇ ਇੱਕ ਹੋਰ ਰੌਸ਼ਨ, ਆਤਮਨਿਰਭਰ ਤੇ ਬਿਹਤਰ ਭਵਿੱਖ ਵੱਲ ਅੱਗੇ ਵਧਣ ਦਾ ਮੌਕਾ ਮਿਲ ਰਿਹਾ ਹੈ।

## ਵਿਧਾਇਕ ਸਵਨਾ ਨੇ ਜ਼ਰੂਰਤਮੰਦ ਪਰਵਾਰਾਂ ਨੂੰ ਵੰਡੀਆਂ ਰਾਸ਼ਨ ਕਿੱਟਾਂ

**ਫਾਜ਼ਿਲਕਾ (ਨਿਸ਼ਾ ਸ਼ਰਮਾ)**-ਫਾਜ਼ਿਲਕਾ ਦੇ ਵਿਧਾਇਕ ਸ੍ਰੀ ਨਰਿੰਦਰਪਾਲ ਸਿੰਘ ਸਵਨਾ ਵੱਲੋਂ ਪਿੰਡ ਮੁਹੰਮਦ ਅਮੀਰਾ ਤੇ ਮੁਹੰਮਦ ਪੀਰਾ ਵਿਖੇ ਜ਼ਰੂਰਤਮੰਦ ਪਰਵਾਰਾਂ ਨੂੰ ਰਾਸ਼ਨ ਕਿੱਟਾਂ ਦੀ ਵੰਡ ਕੀਤੀ ਗਈ।ਇਸ ਮੌਕੇ ਸੰਬੋਧਨ ਕਰਦਿਆਂ ਵਿਧਾਇਕ ਸਵਨਾ ਨੇ ਦੱਸਿਆ ਕਿ ਸਾਰੇ ਯੋਗ ਪਰਿਵਾਰਾਂ ਤੱਕ ਪੌਸ਼ਟਿਕ ਭੋਜਨ ਯਕੀਨੀ ਪਹੁੰਚਾਉਣ ਲਈ ਮੁੱਖ ਮੰਤਰੀ ਪੰਜਾਬ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਪੂਰੇ ਪੰਜਾਬ 'ਚ ਰਾਸ਼ਨ ਕਿੱਟਾਂ ਲਗਾਤਾਰ ਵੰਡੀਆਂ ਜਾ ਰਹੀਆਂ ਹਨ।ਉਨ੍ਹਾਂ ਕਿਹਾ ਕਿ ਇਨ੍ਹਾਂ ਰਾਸ਼ਨ ਕਿੱਟਾਂ ਵਿੱਚ ਜ਼ਰੂਰਤਮੰਦ ਪਰਵਾਰਾਂ ਦੀ ਰੋਜ਼ਾਨਾ ਰਸੋਈ ਦੀ ਵਰਤੋਂ ਵਾਲੀਆਂ ਮਿਆਰੀ ਵਸਤੂਆਂ ਸ਼ਾਮਲ ਹਨ, ਜਿਵੇਂ ਕਿ ਦਾਲ, ਚੀਨੀ, ਨਮਕ, ਹਲਦੀ ਤੇ ਸਰ੍ਹੋਂ ਦਾ ਤੇਲ ਸ਼ਾਮਲ ਹੈ।ਇਸ ਮੌਕੇ ਰਾਸ਼ਨ ਕਿੱਟਾਂ ਹਾਸਲ ਕਰਨ ਵਾਲੇ ਲਾਭਪਾਤਰੀਆਂ ਨੇ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦਾ ਧੰਨਵਾਦ ਕੀਤਾ।ਉਨ੍ਹਾਂ ਖੁਸ਼ੀ ਪ੍ਰਗਟ ਕਰਦਿਆਂ ਕਿਹਾ ਕਿ ਸਰਕਾਰ ਵੱਲੋਂ ਮਿਲਣ ਵਾਲੀਆਂ ਇਹ ਸਹੂਲਤਾਂ ਬਿਨਾਂ ਕਿਸੇ ਪੱਖਪਾਤ ਦੇ ਬਿਲਕੁਲ ਸਹੀ ਸਮੇਂ ਤੇ ਸਿੱਧੇ ਲੋੜਵੰਦਾਂ ਤੱਕ ਪਹੁੰਚ ਰਹੀਆਂ ਹਨ, ਜਿਸ ਨਾਲ ਆਮ ਲੋਕਾਂ ਨੂੰ ਵੱਡੀ ਆਰਥਿਕ ਰਾਹਤ ਮਿਲੀ ਹੈ।

## ਰਾਜ ਪੱਧਰੀ ਆਨਲਾਈਨ ਕਵਿਤਾ ਵਾਚਣ ਮੁਕਾਬਲੇ ਦੇ ਨਤੀਜੇ ਐਲਾਨੇ, ਸੁਧਾਰ ਦੀ ਜਸ਼ਨਦੀਪ ਕੌਰ ਰਹੀ ਅੱਵਲ



**ਰਾਏਕੋਟ (ਸੰਤੋਖ ਗਿੱਲ)**-ਗੁਰੂ ਹਰਗੋਬਿੰਦ ਖ਼ਾਲਸਾ ਕਾਲਜ ਆਫ਼ ਐਜੂਕੇਸ਼ਨ ਗੁਰੂਸਰ ਸੁਧਾਰ ਵੱਲੋਂ ਡਾਇਰੈਕਟਰ ਉਚੇਰੀ ਸਿੱਖਿਆ ਵਿਭਾਗ ਦੇ ਸਹਿਯੋਗ ਨਾਲ ਪੰਜਾਬੀ ਦੇ ਮਹਾਨ ਕਵੀ ਸ਼ਿਵ ਕੁਮਾਰ ਬਟਾਲਵੀ ਦੇ ਜਨਮ ਦਿਵਸ ਨੂੰ ਸਮਰਪਤ ਪੰਜਾਬ ਭਰ ਦੇ ਕਾਲਜਾਂ ਦੇ ਵਿਦਿਆਰਥੀਆਂ ਲਈ ਰਾਜ ਪੱਧਰੀ ਆਨਲਾਈਨ ਕਵਿਤਾ ਵਾਚਣ ਮੁਕਾਬਲਾ ਕਰਵਾਇਆ ਗਿਆ।ਨੌਜਵਾਨ ਪੀੜ੍ਹੀ ਵਿੱਚ ਪੰਜਾਬੀ ਭਾਸ਼ਾ, ਸਾਹਿਤ ਤੇ ਕਾਵਿ ਪ੍ਰਤੀ ਰੁਚੀ ਪੈਦਾ ਕਰਨ, ਪੰਜਾਬੀ ਦੇ ਮਹਾਨ ਸਾਹਿਤਕਾਰਾਂ ਦੀਆਂ ਰਚਨਾਵਾਂ ਨਾਲ ਜੋੜਨ ਤੇ ਉਨ੍ਹਾਂ ਦੀ ਸਿਰਜਨਾਤਮਕ ਤੇ ਕਲਾਤਮਕ ਅਭਿਵਿਅਕਤੀ ਨੂੰ ਉਤਸ਼ਾਹਤ ਕਰਨ ਦੇ ਉਦੇਸ਼ ਨਾਲ ਕਰਵਾਏ ਇਨ੍ਹਾਂ ਮੁਕਾਬਲਿਆਂ ਵਿੱਚ ਵੱਖ-ਵੱਖ ਕਾਲਜਾਂ ਦੇ ਵਿਦਿਆਰਥੀਆਂ ਨੇ ਬਹੁਤ ਹੀ ਉਤਸ਼ਾਹ ਤੇ ਸਮਰਪਣ ਭਾਵਨਾ ਨਾਲ ਭਾਗ ਲਿਆ।ਵੀਡੀਓ ਪੇਸ਼ਕਾਰੀਆਂ ਦਾ ਨਿਰਣਾਇਕ ਮੰਡਲ ਵੱਲੋਂ ਸਾਹਿਤਕ ਸਮਝ, ਸ਼ੁੱਧ ਉਚਾਰਨ, ਭਾਵ-ਅਭਿਵਿਅਕਤੀ, ਮੰਚ ਪੇਸ਼ਕਾਰੀ ਤੇ ਸਮੁੱਚੇ ਪ੍ਰਭਾਵ ਦੇ ਆਧਾਰ 'ਤੇ ਨਿਰਪੱਖ ਤੇ ਗੁਣਵੱਤਾ ਦਾ ਮੁਲਾਂਕਣ ਕੀਤਾ ਗਿਆ।ਇਸ ਸੰਸਥਾ ਦੀ ਬੀ. ਐੱਡ ਦੀ ਵਿਦਿਆਰਥਣ ਜਸ਼ਨਦੀਪ ਕੌਰ ਨੇ ਪਹਿਲਾ, ਗੋਬਿੰਦ ਨੈਸ਼ਨਲ ਕਾਲਜ ਨਾਰੰਗਵਾਲ ਦੀ ਬੀ ਏ ਦੀ ਵਿਦਿਆਰਥਣ ਮਮਤਾ ਬੇਗਮ ਨੇ ਦੂਜਾ ਤੇ ਡੀ.ਏ.ਵੀ. ਕਾਲਜ ਆਫ਼ ਐਜੂਕੇਸ਼ਨ ਹੁਸ਼ਿਆਰਪੁਰ ਦੀ ਬੀ ਐੱਡ ਦੀ ਵਿਦਿਆਰਥਣ ਖ਼ੁਸ਼ੀ ਨੇ ਤੀਜਾ ਸਥਾਨ ਪ੍ਰਾਪਤ ਕੀਤਾ।ਇਸੇ ਸੰਸਥਾ ਦੀ ਬੀ. ਐੱਡ ਦੀ ਵਿਦਿਆਰਥਣ ਰੁਪਿੰਦਰ ਕੌਰ ਨੂੰ ਪ੍ਰਭਾਵਸ਼ਾਲੀ ਪੇਸ਼ਕਾਰੀ ਲਈ ਉਤਸ਼ਾਹ ਵਧਾਊ ਵਿਸ਼ੇਸ਼ ਇਨਾਮ ਨਾਲ ਸਨਮਾਨਤ ਕੀਤਾ ਗਿਆ।ਕਾਲਜ ਦੇ ਪ੍ਰਿੰਸੀਪਲ ਡਾ. ਪ੍ਰਗਟ ਸਿੰਘ ਗਰਚਾ ਸਮੇਤ ਕਾਲਜ ਦੀ ਪ੍ਰਬੰਧਕੀ ਕੌਂਸਲ ਦੇ ਪ੍ਰਧਾਨ ਮਨਜੀਤ ਸਿੰਘ ਗਿੱਲ ਤੇ ਸਕੱਤਰ ਡਾ. ਐੱਸ. ਐੱਸ. ਥਿੰਦ ਨੇ ਜੇਤੂ ਤੇ ਭਾਗੀਦਾਰ ਵਿਦਿਆਰਥਣਾਂ ਨੂੰ ਵਧਾਈ ਦਿੱਤੀ।

## ਕਾਂਗਰਸ ਦੇ ਨਵੇਂ ਅਹੁਦੇਦਾਰਾਂ ਨੂੰ ਵਧਾਈ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਯੂਥ ਕਾਂਗਰਸ ਦੀਆਂ ਹਾਲ ਹੀ ਵਿੱਚ ਹੋਈਆਂ ਚੋਣਾਂ ਵਿੱਚ ਵੱਖ-ਵੱਖ ਅਹੁਦਿਆਂ 'ਤੇ ਚੁਣੇ ਗਏ ਆਗੂਆਂ ਦਾ ਅੱਜ ਹਲਕਾ ਸਨੌਰ ਦੇ ਸੀਨੀਅਰ ਕਾਂਗਰਸੀ ਆਗੂ ਹਰਿਦਰਪਾਲ ਸਿੰਘ ਹੈਰੀ ਮਾਨ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨ ਕੀਤਾ ਗਿਆ।ਸਨਮਾਨਤ ਹੋਣ ਵਾਲਿਆਂ ਵਿੱਚ ਸਰਬਪ੍ਰੀਤ ਸਿੰਘ ਘਲੋੜੀ (ਸਟੇਟ ਜਨਰਲ ਸਕੱਤਰ), ਪਰਨਵ ਗੋਇਲ (ਮੀਤ ਪ੍ਰਧਾਨ, ਜ਼ਿਲ੍ਹਾ ਪਟਿਆਲਾ ਦਿਹਾਤੀ), ਅਮਨ ਥਿੰਦ (ਵਾਈਸ ਪ੍ਰਧਾਨ, ਹਲਕਾ ਸਨੌਰ), ਗੁਰਪ੍ਰੀਤ ਸਿੰਘ (ਪ੍ਰਧਾਨ, ਬਲਾਕ ਸਨੌਰ), ਜਸ਼ਨਦੀਪ ਸਿੰਘ (ਜ਼ਿਲ੍ਹਾ ਸਕੱਤਰ), ਜਿੰਮੀ ਸ਼ਰਮਾ (ਸਕੱਤਰ, ਸਨੌਰ) ਤੇ ਗੁਰਮੁਖ ਸਿੰਘ (ਸਕੱਤਰ, ਸਨੌਰ) ਸ਼ਾਮਲ ਸਨ।ਸਰਬਪ੍ਰੀਤ ਸਿੰਘ ਘਲੋੜੀ ਨੇ ਕਿਹਾ ਕਿ ਯੂਥ ਕਾਂਗਰਸ ਦੀ ਨਵੀਂ ਟੀਮ ਪਾਰਟੀ ਦੀਆਂ ਨੀਤੀਆਂ ਨੂੰ ਘਰ-ਘਰ ਤੱਕ ਪੁਚਾਉਣ ਅਤੇ ਨੌਜਵਾਨਾਂ ਨੂੰ ਪਾਰਟੀ ਨਾਲ ਜੋੜਨ ਲਈ ਪੂਰੀ ਤਨਦੇਹੀ ਨਾਲ ਕੰਮ ਕਰੇਗੀ।ਉਨ੍ਹਾਂ ਕਿਹਾ ਕਿ ਨੌਜਵਾਨਾਂ ਦੀ ਭਾਗੀਦਾਰੀ ਨਾਲ ਕਾਂਗਰਸ ਨੂੰ ਹੋਰ ਮਜ਼ਬੂਤੀ ਮਿਲੇਗੀ ਤੇ ਆਉਣ ਵਾਲੀਆਂ ਚੋਣਾਂ ਵਿੱਚ ਪਾਰਟੀ ਨੂੰ ਵੱਡੀ ਸਫਲਤਾ ਹਾਸਲ ਹੋਵੇਗੀ।ਸੀਨੀਅਰ ਆਗੂ ਹਰਿਦਰਪਾਲ ਸਿੰਘ ਹੈਰੀ ਮਾਨ ਨੇ ਨਵ-ਨਿਯੁਕਤ ਅਹੁਦੇਦਾਰਾਂ ਨੂੰ ਵਧਾਈ ਦਿੰਦਿਆਂ ਕਿਹਾ ਕਿ ਪਾਰਟੀ ਨੇ ਨੌਜਵਾਨਾਂ ਨੂੰ ਅਹਿਮ ਜ਼ਿੰਮੇਵਾਰੀਆਂ ਸੌਂਪ ਕੇ ਉਨ੍ਹਾਂ 'ਤੇ ਭਰੋਸਾ ਜਤਾਇਆ ਹੈ।

## ਗਤਕਾ ਵਿਦਿਆਰਥੀਆਂ ਦੀ ਫ਼ੀਸ 4.20 ਲੱਖ ਦਾ ਚੈੱਕ ਭੇਟ



**ਸ੍ਰੀ ਫ਼ਤਿਹਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸ੍ਰੀ ਗੁਰੂ ਗ੍ਰੰਥ ਸਾਹਿਬ ਵਰਲਡ ਯੂਨੀਵਰਸਿਟੀ ਦੇ ਸਰੀਰਕ ਸਿੱਖਿਆ ਤੇ ਖੇਡ ਟੈਕਨੋਲੋਜੀ ਵਿਭਾਗ ਵੱਲੋਂ ਸਾਲ 2019 ਤੋਂ ਇੱਕ ਸਾਲਾ ਡਿਪਲੋਮਾ ਇਨ ਗੱਤਕਾ ਕੋਰਸ ਸਫ਼ਲਤਾਪੂਰਵਕ ਚਲਾਇਆ ਜਾ ਰਿਹਾ ਹੈ।ਇਸ ਕੋਰਸ ਦੀ ਫੀਸ ਦਾ ਪੂਰਾ ਖਰਚਾ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਉਠਾਇਆ ਜਾਂਦਾ ਹੈ, ਜਿਸ ਨਾਲ ਨੌਜਵਾਨਾਂ ਨੂੰ ਸਿੱਖ ਮਾਰਸ਼ਲ ਆਰਟ ਗੱਤਕੇ ਦੀ ਸਿਖਲਾਈ ਪ੍ਰਾਪਤ ਕਰਨ ਦਾ ਵਿਲੱਖਣ ਮੌਕਾ ਮਿਲ ਰਿਹਾ ਹੈ।ਪਿਛਲੇ ਛੇ ਸਾਲਾਂ ਦੌਰਾਨ ਯੂਨੀਵਰਸਿਟੀ ਦੀ ਗੱਤਕਾ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਖ਼ਾਲਸਾ ਖੇਡਾਂ ਵਿੱਚ ਪਹਿਲਾ ਸਥਾਨ ਹਾਸਲ ਕੀਤਾ ਹੈ।ਇਸ ਤੋਂ ਇਲਾਵਾ ਆਲ ਇੰਡੀਆ ਇੰਟਰ ਯੂਨੀਵਰਸਿਟੀ ਗੱਤਕਾ ਚੈਂਪੀਅਨਸ਼ਿਪ ਵਿੱਚ ਵੀ ਟੀਮ ਨੇ ਓਵਰਆਲ ਪਹਿਲਾ ਤੇ ਦੂਜਾ ਸਥਾਨ ਪ੍ਰਾਪਤ ਕਰਕੇ ਯੂਨੀਵਰਸਿਟੀ ਦਾ ਨਾਂਅ ਰੌਸ਼ਨ ਕੀਤਾ ਹੈ। ਸਨੀ ਓਬਰਾਏ ਸਕਾਲਰਸ਼ਿਪ ਸਕੀਮ ਤਹਿਤ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ 14 ਵਿਦਿਆਰਥੀਆਂ ਦੀ ਫੀਸ ਲਈ 4,20,000 ਰੁਪਏ ਦਾ ਚੈੱਕ ਯੂਨੀਵਰਸਿਟੀ ਨੂੰ ਭੇਟ ਕੀਤਾ ਗਿਆ।ਟਰੱਸਟ ਦੇ ਮੈਨੇਜਿੰਗ ਡਾਇਰੈਕਟਰ ਡਾ. ਐੱਸ.ਪੀ. ਸਿੰਘ ਓਬਰਾਏ ਦੀ ਯੋਗ ਅਗਵਾਈ ਹੇਠ ਡਾ. ਇੰਦਰਜੀਤ ਕੌਰ ਗਿੱਲ, ਡਾਇਰੈਕਟਰ ਐਜੂਕੇਸ਼ਨ, ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਇਹ ਚੈੱਕ ਯੂਨੀਵਰਸਿਟੀ ਦੇ ਵਾਈਸ-ਚਾਂਸਲਰ ਪ੍ਰੋ. (ਡਾ.) ਪ੍ਰਿਤਪਾਲ ਸਿੰਘ ਤੇ ਡੀਨ ਅਕਾਦਮਿਕ ਮਾਮਲੇ ਪ੍ਰੋ. (ਡਾ.) ਸੁਖਵਿੰਦਰ ਸਿੰਘ ਬਿਲਿੰਗ ਨੂੰ ਸੌਂਪਿਆ।ਇਸ ਮੌਕੇ ਡਾ. ਭੁਪਿੰਦਰ ਸਿੰਘ ਘੁੰਮਣ, ਪ੍ਰੋਫੈਸਰ ਆਫ਼ ਐਮੀਨੈਂਸ, ਸਰੀਰਕ ਸਿੱਖਿਆ ਤੇ ਖੇਡ ਟੈਕਨੋਲੋਜੀ ਵਿਭਾਗ, ਡਾ. ਹਰਦੇਵ ਸਿੰਘ, ਮੁਖੀ ਧਰਮ ਅਧਿਐਨ ਵਿਭਾਗ, ਅਸਿਸਟੈਂਟ ਪ੍ਰੋਫੈਸਰ ਗੁਰਵਿੰਦਰ ਸਿੰਘ ਸੋਢੀ, ਤਲਵਿੰਦਰ ਸਿੰਘ, ਗੱਤਕਾ ਕੋਚ ਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

## 'ਚੇਤਨਾ' ਪਹਿਲ ਤਹਿਤ ਵਿਦਿਆਰਥੀਆਂ ਨੂੰ ਕਰਵਾਇਆ ਪ੍ਰਸ਼ਾਸਨਿਕ ਕੰਮਕਾਜ ਨਾਲ ਰੂ-ਬ-ਰੂ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਡਿਪਟੀ ਕਮਿਸ਼ਨਰ ਪਟਿਆਲਾ ਡਾ. ਹਿਮਾਂਸ਼ੂ ਅਗਰਵਾਲ ਵੱਲੋਂ ਵਿਦਿਆਰਥੀਆਂ ਨੂੰ ਸਰਕਾਰੀ ਕਾਰਜਪ੍ਰਣਾਲੀ, ਪੰਜਾਬ ਸਰਕਾਰ ਦੀ ਲੋਕ ਨੀਤੀਆਂ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀਆਂ ਗਤੀਵਿਧੀਆਂ ਬਾਰੇ ਨੇੜਿਓਂ ਜਾਣੂ ਕਰਵਾਉਣ ਦੇ ਉਦੇਸ਼ ਨਾਲ ਸ਼ੁਰੂ ਕੀਤੀ ਗਈ ਨਿਵੇਕਲੀ ਪਹਿਲ 'ਚੇਤਨਾ' ਤਹਿਤ ਵੀਰਵਾਰ ਨੂੰ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਪਟਿਆਲਾ ਵਿਖੇ ਸਕੂਲ ਆਫ ਐਮੀਨੈਂਸ ਫੀਲਖਾਨਾ ਦੇ ਵਿਦਿਆਰਥੀਆਂ ਲਈ ਵਿਸ਼ੇਸ਼ ਵਿਦਿਅਕ ਦੌਰੇ ਦਾ ਆਯੋਜਨ ਕੀਤਾ ਗਿਆ।ਡੀ ਸੀ ਨੇ ਦੱਸਿਆ ਕਿ ਇਸ ਉਪਰਾਲੇ ਅਧੀਨ ਹਰ ਮਹੀਨੇ ਵੀਰਵਾਰ ਨੂੰ ਵਿਦਿਆਰਥੀਆਂ ਨੂੰ ਜਿਲ੍ਹਾ ਪ੍ਰਬੰਧਕੀ ਕੰਪਲੈਕਸ ਦੇ ਵੱਖ-ਵੱਖ ਵਿਭਾਗਾਂ ਦਾ ਦੌਰਾ ਕਰਵਾਇਆ ਜਾਵੇਗਾ, ਤਾਂ ਜੋ ਉਹ ਪ੍ਰਸ਼ਾਸਨਿਕ ਪ੍ਰਣਾਲੀ ਨੂੰ ਵਿਹਾਰਕ ਤੌਰ 'ਤੇ ਸਮਝ ਸਕਣ ਅਤੇ ਨਾਗਰਿਕ ਸੇਵਾਵਾਂ ਬਾਰੇ ਜਾਣਕਾਰੀ ਪ੍ਰਾਪਤ ਕਰ ਸਕਣ। ਸਕੂਲ ਆਫ ਐਮੀਨੈਂਸ ਫੀਲਖਾਨਾ ਦੇ ਗਿਆਰਵੀਂ ਜਮਾਤ ਦੇ 30 ਵਿਦਿਆਰਥੀਆਂ, ਜਿਨ੍ਹਾਂ ਵਿੱਚ 15 ਲੜਕੀਆਂ ਅਤੇ 15 ਲੜਕੇ ਸ਼ਾਮਲ ਸਨ, ਨੇ ਭਾਗ ਲਿਆ। ਜਿਨ੍ਹਾਂ ਨੂੰ ਜ਼ਿਲ੍ਹਾ ਸਿੱਖਿਆ ਅਫ਼ਸਰ ਸ੍ਰੀਮਤੀ ਸ਼ਾਲੂ ਮਹਿਰਾ, ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਡਾ. ਰਵਿੰਦਰ ਪਾਲ ਸਿੰਘ ਸ਼ਰਮਾ, ਨੋਡਲ ਅਧਿਕਾਰੀ ਜਗਮੀਤ ਸਿੰਘ (ਹੈੱਡਮਾਸਟਰ, ਸਰਕਾਰੀ ਹਾਈ ਸਕੂਲ ਅਰਨੇਟੂ) ਅਤੇ ਸਕੂਲ ਦੇ ਪ੍ਰਿੰਸੀਪਲ ਸ਼੍ਰੀ ਰਜਨੀਸ਼ ਗੁਪਤਾ ਦੀ ਅਗਵਾਈ ਅਤੇ ਦੇਖ-ਰੇਖ ਹੇਠ ਵੱਖ-ਵੱਖ ਦਫ਼ਤਰਾਂ ਦਾ ਦੌਰਾ ਕਰਵਾਇਆ ਗਿਆ।

## ਰਾਸ਼ਟਰੀ ਸੀ ਏ ਦਿਵਸ ਮੌਕੇ ਤਿੰਨ ਚਾਰਟਰਡ ਅਕਾਊਂਟੈਂਟ ਸਨਮਾਨਤ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)**-ਰਾਸ਼ਟਰੀ ਚਾਰਟਰਡ ਅਕਾਊਂਟੈਂਟ ਦਿਵਸ ਦੇ ਮੌਕੇ 'ਤੇ ਸਵਦੇਸ਼ੀ ਜਾਗਰਣ ਮੰਚ ਵੱਲੋਂ ਸਰਹੱਦੀ ਜ਼ਿਲ੍ਹੇ ਦੇ ਤਿੰਨ ਪ੍ਰਸਿੱਧ ਚਾਰਟਰਡ ਅਕਾਊਂਟੈਂਟਾਂ ਨੂੰ ਉਨ੍ਹਾਂ ਦੀਆਂ ਸ਼ਾਨਦਾਰ ਪੇਸ਼ੇਵਰ ਅਤੇ ਸਮਾਜਿਕ ਸੇਵਾਵਾਂ ਲਈ ਸਨਮਾਨਿਤ ਕੀਤਾ ਗਿਆ। ਇਸ ਸਮਾਗਮ ਵਿੱਚ ਸਵਦੇਸ਼ੀ ਜਾਗਰਣ ਮੰਚ ਦੇ ਪੰਜਾਬ, ਹਿਮਾਚਲ ਪ੍ਰਦੇਸ਼ ਅਤੇ ਜੰਮੂ-ਕਸ਼ਮੀਰ ਦੇ ਸੰਗਠਨ ਮੰਤਰੀ ਵਿਨਯ ਕੁਮਾਰ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਸਵਦੇਸ਼ੀ ਜਾਗਰਣ ਮੰਚ ਦੇ ਪ੍ਰਾਂਤੀ ਪ੍ਰਚਾਰ ਪ੍ਰਮੁੱਖ ਅਰੁਣ ਬੇਰੀ ਨੇ ਦੱਸਿਆ ਕਿ ਸ਼ਹਿਰ ਦੀ ਆਰਥਿਕ ਤਰੱਕੀ ਵਿੱਚ ਪਿਛਲੇ 37 ਸਾਲਾਂ ਤੋਂ ਅਹਿਮ ਯੋਗਦਾਨ ਪਾਉਣ ਵਾਲੇ ਸੀਨੀਅਰ ਚਾਰਟਰਡ ਅਕਾਊਂਟੈਂਟ ਵਰਿੰਦਰ ਮੋਹਨ ਸਿੰਘਲ ਨੂੰ ਉਨ੍ਹਾਂ ਦੀਆਂ ਬੇਮਿਸਾਲ ਪੇਸ਼ੇਵਰ ਸੇਵਾਵਾਂ ਲਈ 'ਐਕਸੀਲੈਂਸ ਇਨ ਪ੍ਰੋਫੈਸ਼ਨਲ ਪ੍ਰੈਕਟਿਸ ਐਵਾਰਡ' ਨਾਲ ਸਨਮਾਨਿਤ ਕੀਤਾ ਗਿਆ। ਇਸੇ ਤਰ੍ਹਾਂ ਸਮਾਜ ਅਤੇ ਆਪਣੇ ਪੇਸ਼ੇ ਦੇ ਖੇਤਰ ਵਿੱਚ 26 ਸਾਲਾਂ ਤੋਂ ਵਿਸ਼ੇਸ਼ ਯੋਗਦਾਨ ਪਾਉਣ ਵਾਲੇ ਸੀ ਏ ਗਗਨਦੀਪ ਸਿੰਘਲ ਨੂੰ 'ਐਕਸੀਲੈਂਸ ਇਨ ਸੋਸ਼ਲ ਐਂਡ ਕਮਿਊਨਿਟੀ ਸਰਵਿਸ ਐਵਾਰਡ', ਜਦ ਕਿ ਨੌਜਵਾਨ ਚਾਰਟਰਡ ਅਕਾਊਂਟੈਂਟ ਸੀ ਏ ਵੰਸ਼ਮ ਸਿੰਘਲ ਨੂੰ ਉਨ੍ਹਾਂ ਦੀਆਂ ਉਪਲਬਧੀਆਂ ਲਈ 'ਯੰਗ ਅਚੀਵਰ ਚਾਰਟਰਡ ਅਕਾਊਂਟੈਂਟ ਐਵਾਰਡ' ਨਾਲ ਸਨਮਾਨਿਤ ਕੀਤਾ ਗਿਆ।

## ਡੀ ਸੀ ਵੱਲੋਂ ਹੜ੍ਹ ਰੋਕੂ ਪ੍ਰਬੰਧਾਂ ਦਾ ਜਾਇਜ਼ਾ



**ਮੋਗਾ (ਇਕਬਾਲ ਸਿੰਘ ਖਹਿਰਾ)**-ਅਗਾਮੀ ਮੌਨਸੂਨ ਸੀਜ਼ਨ ਦੌਰਾਨ ਜ਼ਿਲ੍ਹਾ ਮੋਗਾ ਨੂੰ ਹੜ੍ਹ ਵਰਗੀ ਸਥਿਤੀ ਤੋਂ ਬਚਾਉਣ ਲਈ ਕੀਤੇ ਜਾ ਰਹੇ ਯਤਨਾਂ ਦੀ ਵੀਰਵਾਰ ਨੂੰ ਡਿਪਟੀ ਕਮਿਸ਼ਨਰ ਸਾਗਰ ਸੇਤੀਆ ਵੱਲੋਂ ਸਮੀਖਿਆ ਕੀਤੀ ਗਈ।ਪ੍ਰਭਾਵਿਤ ਹੋਣ ਵਾਲੇ ਸੰਭਾਵੀ ਖੇਤਰਾਂ, ਖਾਸ ਕਰਕੇ ਮੋਗਾ ਸ਼ਹਿਰ ਤੇ ਧਰਮਕੋਟ ਤਹਿਸੀਲ, ਨੂੰ ਹੜ੍ਹ ਤੋਂ ਬਚਾਉਣ ਲਈ ਅੰਤਰ ਜ਼ਿਲ੍ਹਾ ਯੋਜਨਾ ਤਿਆਰ ਕੀਤੀ ਗਈ ਹੈ।ਇਸ ਬਾਰੇ ਡੀ ਸੀ ਨੇ ਸਬੰਧਤ ਵਿਭਾਗਾਂ ਨਾਲ ਵਿਸ਼ੇਸ਼ ਮੀਟਿੰਗ ਬੁਲਾਈ।ਡਿਪਟੀ ਕਮਿਸ਼ਨਰ ਨੇ ਕਿਹਾ ਕਿ ਜ਼ਿਲ੍ਹਾ ਮੋਗਾ ਅਧੀਨ ਪੈਂਦੇ ਸਤਲੁਜ ਦੇ ਬੰਨ੍ਹਾਂ ਨੂੰ ਮਜ਼ਬੂਤ ਕਰਨ ਦਾ ਕੰਮ ਤੇਜ਼ੀ ਨਾਲ ਮੁਕੰਮਲ ਕੀਤਾ ਜਾਵੇ।ਉਨ੍ਹਾਂ ਅਧਿਕਾਰੀਆਂ ਨੂੰ ਲਗਾਤਾਰ ਧੁੱਸੀ ਬੰਨ੍ਹ ਦੀ ਨਿਗਰਾਨੀ ਕਰਨ ਦੇ ਹੁਕਮ ਦਿੱਤੇ ਗਏ ਤਾਂ ਜੋ ਬਰਸਾਤੀ ਸੀਜ਼ਨ ਦੌਰਾਨ ਕਿਸੇ ਤਰ੍ਹਾਂ ਦਾ ਨੁਕਸਾਨ ਨਾ ਹੋਵੇ।ਇਸ ਤੋਂ ਇਲਾਵਾ ਉਨ੍ਹਾਂ ਜ਼ਿਲ੍ਹਾ ਪੱਧਰੀ ਕੰਟਰੋਲ ਰੂਮ ਵੀ ਸਥਾਪਿਤ ਕਰਨ ਦੇ ਨਿਰਦੇਸ਼ ਜਾਰੀ ਕੀਤੇ।ਡਿਪਟੀ ਕਮਿਸ਼ਨਰ ਨੇ ਇਹ ਵੀ ਕਿਹਾ ਕਿ ਨਗਰ ਨਿਗਮ ਡਰੇਨ ਉੱਪਰ ਬਣੀਆਂ ਪੁਲੀਆਂ ਨੂੰ ਉੱਚੀਆਂ ਕਰਨ ਲਈ ਵੀ ਪ੍ਰਾਜੈਕਟ ਉਲੀਕੇ ਹਨ ਤਾਂ ਜੋ ਬਰਸਾਤੀ ਮੌਸਮ ਦੌਰਾਨ ਪੁਲੀਆਂ ਹੇਠ ਬੂਟੀ ਫਸਣ ਕਾਰਨ ਪੁਲੀਆਂ ਬੰਦ ਹੋਣ ਦੀ ਸਮੱਸਿਆ ਨੂੰ ਦੂਰ ਕੀਤਾ ਜਾ ਸਕੇ।

## ਸ਼ੂਗਰ ਮਿੱਲ ਪਨਿਆੜ ਦੀ ਰਿਟਾਇਰਡ ਕਰਮਚਾਰੀ ਯੂਨੀਅਨ ਵੱਲੋਂ ਬਕਾਇਆਂ ਦੀ ਮੰਗ



ਧਾਰੀਵਾਲ (ਮਨਦੀਪ ਵਿੱਕੀ)-ਸ਼ੂਗਰ ਮਿੱਲ ਪਨਿਆੜ ਗੁਰਦਾਸਪੁਰ ਦੇ ਰਿਟਾਇਰਡ ਕਰਮਚਾਰੀ ਯੂਨੀਅਨ ਦੀ ਮੀਟਿੰਗ ਅਸ਼ਵਨੀ ਕੁਮਾਰ ਲੱਖਣ ਕਲਾਂ ਅਤੇ ਚੇਅਰਮੈਨ ਮਨਜਿੰਦਰ ਸਿੰਘ ਪਾਹੜਾ ਦੀ ਪ੍ਰਧਾਨਗੀ ਹੇਠ ਹੋਈ ਜਿਸ ਵਿਚ ਰਿਟਾਇਰ ਕਰਮਚਾਰੀਆਂ ਦਾ 1 ਜਨਵਰੀ 2016 ਤੋਂ ਲੈ ਕੇ 30 ਜੂਨ 2021 ਤੱਕ ਦਾ ਏਰੀਅਰ ਲੈਣ ਬਾਰੇ ਵਿਚਾਰ ਵਟਾਂਦਰਾ ਕੀਤਾ ਗਿਆ।10 ਮਈ 2026 ਨੂੰ ਹੋਈ ਮੀਟਿੰਗ ਵਿੱਚ ਜਨਰਲ ਮੈਨੇਜਰ ਸ਼ੂਗਰ ਮਿੱਲ ਪਨਿਆੜ ਗੁਰਦਾਸਪੁਰ ਨੇ ਵਿਸ਼ਵਾਸ ਦਿਵਾਇਆ ਸੀ ਕਿ ਤਨਖਾਹ ਕਮਿਸ਼ਨ ਦੇ ਏਰੀਅਰ ਦਾ ਬਕਾਇਆ ਕਰਮਚਾਰੀਆਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾ ਕਰਵਾ ਦਿੱਤਾ ਜਾਵੇਗਾ ਪਰ ਰਿਟਾਇਰਡ ਕਰਮਚਾਰੀਆਂ ਦੇ ਬੈਂਕ ਖਾਤਿਆਂ ਵਿਚ ਅਜੇ ਤੱਕ ਪੈਸੇ ਨਹੀਂ ਆਏ।ਸਥਿਤੀ ਜਿਉਂ ਦੀ ਤਿਉਂ ਬਣੀ ਹੋਈ ਹੈ।ਪਿਛਲੀ ਮੀਟਿੰਗ ਵਿੱਚ ਜਨਰਲ ਮੈਨੇਜਰ ਸ਼ੂਗਰ ਮਿੱਲ ਪਨਿਆੜ ਗੁਰਦਾਸਪੁਰ ਨੂੰ ਪੂਰੀ ਜਾਣਕਾਰੀ ਦਿੱਤੀ ਗਈ ਸੀ ਅਤੇ ਜਨਰਲ ਮੈਨੇਜਰ ਸ਼ੂਗਰ ਮਿੱਲ ਪਨਿਆੜ ਨੇ ਯਕੀਨ ਦਿਵਾਇਆ ਕਿ ਪਿਛਲਾ ਸਾਰਾ ਬਕਾਇਆ ਕਰਮਚਾਰੀਆਂ ਦੇ ਬੈਂਕ ਖਾਤਿਆਂ ਵਿੱਚ ਜਮ੍ਹਾ ਕਰਵਾ ਦਿੱਤਾ ਜਾਵੇਗਾ ਪਰ ਅਜੇ ਤੱਕ ਕੋਈ ਕਾਰਵਾਈ ਨਹੀਂ ਕੀਤੀ ਗਈ।ਮੀਟਿੰਗ ਵਿੱਚ ਜਨਰਲ ਮੈਨੇਜਰ ਨੇ ਫਿਰ ਵਿਸ਼ਵਾਸ ਦਿਵਾਇਆ ਕਿ 12 ਜੁਲਾਈ ਤੱਕ ਕਰਮਚਾਰੀਆਂ ਦੀਆਂ ਸਾਰੀਆਂ ਫਾਇਲਾਂ ਦਾ ਆਡਿਟ ਕਰਨ ਉਪਰੰਤ ਕਰਮਚਾਰੀਆਂ ਦੇ ਬੈਂਕ ਖਾਤਿਆਂ ਵਿਚ ਬਕਾਇਆ ਜਮ੍ਹਾ ਕਰਵਾ ਦਿੱਤਾ ਜਾਵੇਗਾ।ਇਸ ਸਬੰਧੀ ਰੀਟਾਇਰਡ ਕਰਮਚਾਰੀ ਯੂਨੀਅਨ ਨੇ ਚਿਤਾਵਨੀ ਦਿੰਦਿਆਂ ਕਿਹਾ ਕਿ ਜੇ 20 ਜੁਲਾਈ ਤੱਕ ਕੋਈ ਕਾਰਵਾਈ ਨਾ ਹੋਈ ਤਾਂ ਰਿਟਾਇਰਡ ਕਰਮਚਾਰੀ ਅਣਮਿੱਥੇ ਸਮੇਂ ਲਈ ਧਰਨਾ ਲਾਉਣ ਲਈ ਮਜਬੂਰ ਹੋਣਗੇ।ਮੀਟਿੰਗ ਵਿੱਚ ਅਸ਼ਵਨੀ ਕੁਮਾਰ ਲੱਖਣ ਕਲਾਂ, ਮਨਜਿੰਦਰ ਸਿੰਘ ਪਾਹੜਾ, ਅਸ਼ੋਕ ਕੁਮਾਰ, ਅਮਰਜੀਤ ਸਿੰਘ, ਪਰਸ ਰਾਮ ਕਲਾਨੌਰ, ਸੁਖਦੇਵ ਸਿੰਘ ਦਬੁਰਜੀ, ਗੁਰਪਿੰਦਰ ਸਿੰਘ, ਸਾਧਾ ਸਿੰਘ, ਬੋਧ ਸਿੰਘ ਅਨੂਪ ਸਿੰਘ, ਰਾਕੇਸ਼ ਕੁਮਾਰ ਠਾਣੇ ਵਾਲ, ਸੁਖਜਿੰਦਰ ਸਿੰਘ, ਗੁਰਿੰਦਰ ਪਾਲ, ਕੁਲਦੀਪ ਸਿੰਘ ਅਤੇ ਰਾਮ ਕਿਸ਼ਨ ਅਤੇ ਹੋਰ ਬਹੁਤ ਸਾਰੇ ਰਿਟਾਇਰਡ ਕਰਮਚਾਰੀ ਹਾਜ਼ਰ ਸਨ।

## ਜਰਮਨ ਗਏ ਨੌਜਵਾਨ ਦੀ ਝੀਲ 'ਚ ਡੁੱਬਣ ਨਾਲ ਮੌਤ



**ਬਿਆਸ (ਪਰਮਜੀਤ ਸਿੰਘ ਰੱਖੜਾ)**-ਬਿਆਸ ਨੇੜੇ ਪਿੰਡ ਬੁੱਢਾ ਥੇਹ ਦੇ ਨੌਜਵਾਨ ਹਰਸ਼ਪ੍ਰੀਤ ਸਿੰਘ ਉਮਰ 17 ਸਾਲ ਦੀ ਜਰਮਨ 'ਚ ਝੀਲ 'ਚ ਡੁੱਬ ਕੇ ਮੌਤ ਹੋ ਗਈ।ਪਰਿਵਾਰ ਦਾ ਰੋ-ਰੋ ਕੇ ਬੁਰਾ ਹਾਲ ਹੈ।ਪਿੰਡ ਵਿੱਚ ਸੋਗ ਦੀ ਲਹਿਰ ਬਣੀ ਹੋਈ ਹੈ।ਜਾਣਕਾਰੀ ਦੌਰਾਨ ਹਰਸ਼ਪ੍ਰੀਤ ਦੇ ਚਾਚਾ ਹਰਦੀਪ ਸਿੰਘ ਨੇ ਦੱਸਿਆ ਕਿ ਡੇਢ ਸਾਲ ਪਹਿਲੋਂ ਹਰਸ਼ਪ੍ਰੀਤ ਸਿੰਘ ਆਪਣੇ ਪਿਤਾ ਕੁਲਦੀਪ ਸਿੰਘ ਕੋਲ ਪੁਰਤਗਾਲ ਗਿਆ ਸੀ।ਕੁਲਦੀਪ ਸਿੰਘ ਪਹਿਲਾਂ ਤੋਂ ਹੀ ਪੁਰਤਗਾਲ ਵਿੱਚ ਪੱਕੇ ਤੌਰ 'ਤੇ ਰਹਿ ਰਿਹਾ ਹੈ।ਹਰਸ਼ਪ੍ਰੀਤ ਕੁਝ ਦਿਨ ਪਹਿਲਾਂ ਪੁਰਤਗਾਲ ਤੋਂ ਜਰਮਨ ਘੁੰਮਣ ਲਈ ਗਿਆ ਸੀ, ਜਿੱਥੇ ਉਹ ਆਪਣੇ ਦੋਸਤਾਂ ਨਾਲ ਝੀਲ 'ਤੇ ਗਿਆ। ਨਹਾਉਣ ਸਮੇਂ ਅਚਾਨਕ ਉਸਦੀ ਡੁੱਬਣ ਨਾਲ ਮੌਤ ਹੋ ਗਈ।ਮ੍ਰਿਤਕ ਦੇ ਦੋਸਤਾਂ ਵੱਲੋਂ ਤੁਰੰਤ ਇਹ ਖਬਰ ਉਸਦੇ ਪਿਤਾ ਨੂੰ ਦਿੱਤੀ ਗਈ।ਘਰ ਪਰਿਵਾਰ, ਰਿਸ਼ਤੇਦਾਰਾਂ ਵੱਲੋਂ ਸਰਕਾਰ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਹਰਸ਼ਪ੍ਰੀਤ ਸਿੰਘ ਦੀ ਮ੍ਰਿਤਕ ਦੇਹ ਨੂੰ ਵਾਪਸ ਭਾਰਤ ਲਿਆਉਣ ਵਿੱਚ ਮਦਦ ਕੀਤੀ ਜਾਵੇ।ਮ੍ਰਿਤਕ ਨੌਜਵਾਨ ਆਪਣੇ ਪਿੱਛੇ ਮਾਤਾ, ਪਿਤਾ ਅਤੇ ਇੱਕ ਭੈਣ ਨੂੰ ਰੋਂਦੇ ਕੁਰਲਾਉਂਦੇ ਛੱਡ ਗਿਆ।

## ਨੋਟੀਫਿਕੇਸ਼ਨ ਜਾਰੀ ਕਰਨ ਦੀ ਮੰਗ ਨੂੰ ਲੈ ਕੇ ਆਊਟਸੋਰਸ ਬਿਜਲੀ ਕਾਮਿਆਂ ਵੱਲੋਂ ਰੋਸ ਪ੍ਰਦਰਸ਼ਨ



ਪਠਾਨਕੋਟ (ਦਵਿੰਦਰ ਸਿੰਘ)-ਸ਼ਾਹਪੁਰ ਕੰਡੀ ਵਿੱਚ ਪਾਵਰਕਾਮ ਦੇ ਡਿਪਟੀ ਚੀਫ਼ ਇੰਜੀਨੀਅਰ ਦਫ਼ਤਰ ਦੇ ਬਾਹਰ ਆਊਟਸੋਰਸ ਮੁਲਾਜ਼ਮ ਤਾਲਮੇਲ ਕਮੇਟੀ ਦੇ ਸੱਦੇ ਅਨੁਸਾਰ ਸ਼ੁੱਕਰਵਾਰ ਨੂੰ ਦੂਜੇ ਦਿਨ ਵੀ ਆਊਟਸੋਰਸ ਕਰਮਚਾਰੀਆਂ ਨੇ ਆਪਣੀਆਂ ਸੇਵਾਵਾਂ ਨੂੰ ਪਾਵਰਕਾਮ ਦੇ ਅਧੀਨ ਕਰਨ ਸਬੰਧੀ ਨੋਟੀਫਿਕੇਸ਼ਨ ਜਾਰੀ ਕਰਨ ਦੀ ਮੰਗ ਨੂੰ ਲੈ ਕੇ ਸੰਗਠਨ ਦੇ ਸੂਬਾ ਮਹਾਂਸਚਿਵ ਹਰਜੀਤ ਸਿੰਘ ਟਡਵਾਲ ਦੀ ਅਗਵਾਈ ਹੇਠ ਵਿਸ਼ਾਲ ਰੋਸ ਪ੍ਰਦਰਸ਼ਨ ਕੀਤਾ ਅਤੇ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਰੋਸ ਪ੍ਰਦਰਸ਼ਨ ਵਿੱਚ ਹਰਜੀਤ ਸਿੰਘ ਟਡਵਾਲ, ਸਰਕਲ ਪ੍ਰਧਾਨ ਪੰਕਜ ਪਠਾਨੀਆ, ਖ਼ਜ਼ਾਨਚੀ ਮੁਨੀਸ਼ ਕੁਮਾਰ, ਦੇਵਿੰਦਰ ਸਿੰਘ, ਯੋਗੇਸ਼, ਮੁਕੇਸ਼ ਚੰਦਰ, ਰਵਿੰਦਰ, ਵਿਕਾਸ, ਸਤਨਾਮ ਸਿੰਘ, ਭਾਗ ਸਿੰਘ, ਤਾਰਾ ਚੰਦ ਅਤੇ ਹੋਰ ਕਰਮਚਾਰੀਆਂ ਨੇ ਪਾਵਰਕਾਮ ਪ੍ਰਬੰਧਨ ਤੇ ਦੋਸ਼ ਲਗਾਇਆ ਕਿ ਉਨ੍ਹਾਂ ਦੀਆਂ ਮੰਨੀਆਂ ਹੋਈਆਂ ਮੰਗਾਂ ਨੂੰ ਲਗਾਤਾਰ ਨਜ਼ਰਅੰਦਾਜ਼ ਕਰਕੇ ਕਰਮਚਾਰੀਆਂ ਨੂੰ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ, ਜਿਸ ਕਾਰਨ ਕਰਮਚਾਰੀਆਂ ਵਿੱਚ ਭਾਰੀ ਰੋਸ ਪਾਇਆ ਜਾ ਰਿਹਾ ਹੈ।ਪ੍ਰਦਰਸ਼ਨਕਾਰੀਆਂ ਨੇ ਕਿਹਾ ਕਿ ਪਾਵਰਕਾਮ ਪ੍ਰਬੰਧਨ ਨੇ ਆਊਟਸੋਰਸ ਪ੍ਰਣਾਲੀ ਨੂੰ ਪਾਵਰਕਾਮ ਦੇ ਅਧੀਨ ਲਿਆਉਣ ਲਈ ਮਨਜ਼ੂਰੀ ਤਾਂ ਦੇ ਦਿੱਤੀ ਹੈ, ਪਰ ਇਸ ਸਬੰਧੀ ਅਜੇ ਤੱਕ ਕੋਈ ਨੋਟੀਫਿਕੇਸ਼ਨ ਜਾਰੀ ਨਹੀਂ ਕੀਤਾ ਗਿਆ। ਉਨ੍ਹਾਂ ਕਿਹਾ ਕਿ ਇਸ ਅਣਗਹਿਲੀ ਕਾਰਨ ਹੀ ਪਾਵਰਕਾਮ ਅਤੇ ਟਰਾਂਸਕੋ ਦੇ ਆਊਟਸੋਰਸ ਕਰਮਚਾਰੀ ਹੁਣ ਦਿਨ-ਰਾਤ ਹੜਤਾਲ ਕਰਨ ਲਈ ਮਜਬੂਰ ਹੋਣਗੇ।

ਉਨ੍ਹਾਂ ਪਾਵਰਕਾਮ ਪ੍ਰਬੰਧਨ ਨੂੰ ਚੇਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਜਲਦੀ ਹੀ ਪਾਵਰਕਾਮ ਅਤੇ ਟਰਾਂਸਕੋ ਦੇ ਅਧੀਨ ਕੰਮ ਕਰ ਰਹੇ ਆਊਟਸੋਰਸ ਕਰਮਚਾਰੀਆਂ ਦੇ ਹੱਕਾਂ ਸਬੰਧੀ ਨੋਟੀਫਿਕੇਸ਼ਨ ਜਾਰੀ ਨਾ ਕੀਤਾ ਗਿਆ ਤਾਂ ਉਹ ਆਪਣਾ ਸੰਘਰਸ਼ ਹੋਰ ਤੇਜ਼ ਕਰਨ ਤੋਂ ਪਿੱਛੇ ਨਹੀਂ ਹਟਣਗੇ।

## ਉਰਦੂ ਆਮੋਜ਼ ਸਿਖਲਾਈ ਕੋਰਸ 'ਚ ਦਾਖਲੇ ਲਈ ਸਮਾਂ 10 ਤੱਕ ਵਧਾਇਆ

ਪਠਾਨਕੋਟ, (ਦਵਿੰਦਰ ਸਿੰਘ)-ਪੰਜਾਬ ਸਰਕਾਰ ਅਤੇ ਭਾਸ਼ਾ ਵਿਭਾਗ ਪੰਜਾਬ, ਪਟਿਆਲਾ ਦੀ ਅਗਵਾਈ ਹੇਠ ਜ਼ਿਲ੍ਹਾ ਭਾਸ਼ਾ ਦਫ਼ਤਰ, ਪਠਾਨਕੋਟ ਵੱਲੋਂ ਚਲਾਏ ਜਾ ਰਹੇ ਉਰਦੂ ਆਮੋਜ਼ ਸਿਖਲਾਈ ਕੋਰਸ ਵਿੱਚ ਦਾਖਲੇ ਦੀ ਆਖਰੀ ਮਿਤੀ ਵਧਾ ਕੇ 10 ਜੁਲਾਈ ਕਰ ਦਿੱਤੀ ਗਈ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਭਾਸ਼ਾ ਦਫ਼ਤਰ, ਪਠਾਨਕੋਟ ਦੇ ਖੋਜ ਅਫ਼ਸਰ ਡਾ. ਰਾਜੇਸ਼ ਕੁਮਾਰ ਨੇ ਦੱਸਿਆ ਕਿ ਪੰਜਾਬ ਭਰ ਦੇ ਜ਼ਿਲ੍ਹਾ ਭਾਸ਼ਾ ਦਫ਼ਤਰਾਂ ਵਾਂਗ ਪਠਾਨਕੋਟ ਵਿਖੇ ਵੀ ਛੇ ਮਹੀਨੇ ਦਾ ਉਰਦੂ ਆਮੋਜ਼ ਕੋਰਸ ਕਰਵਾਇਆ ਜਾ ਰਿਹਾ ਹੈ।

ਇਸ ਕੋਰਸ ਦੀ ਕੁੱਲ ਫੀਸ ਕੇਵਲ 500 ਰੁਪਏ (ਪ੍ਰੀਖਿਆ ਫੀਸ ਸਮੇਤ) ਹੈ। ਉਨ੍ਹਾਂ ਦੱਸਿਆ ਕਿ ਕੋਰਸ ਪੂਰਾ ਹੋਣ ਉਪਰੰਤ ਭਾਸ਼ਾ ਵਿਭਾਗ ਪੰਜਾਬ ਵੱਲੋਂ ਪ੍ਰੀਖਿਆ ਲਈ ਜਾਂਦੀ ਹੈ ਅਤੇ ਸਫਲ ਸਿੱਖਿਆਰਥੀਆਂ ਨੂੰ ਵਿਭਾਗ ਵੱਲੋਂ ਸਰਟੀਫਿਕੇਟ ਪ੍ਰਦਾਨ ਕੀਤਾ ਜਾਂਦਾ ਹੈ।ਇਸ ਕੋਰਸ ਵਿੱਚ ਕਿਸੇ ਵੀ ਉਮਰ ਦਾ ਵਿਅਕਤੀ ਦਾਖਲਾ ਲੈ ਸਕਦਾ ਹੈ।

ਉਨ੍ਹਾਂ ਦੱਸਿਆ ਕਿ ਜੁਲਾਈ-ਦਸੰਬਰ 2026 ਦਾ ਸੈਸ਼ਨ 1 ਜੁਲਾਈ ਤੋਂ ਸ਼ੁਰੂ ਹੋ ਚੁੱਕਾ ਹੈ ਅਤੇ ਕਲਾਸਾਂ ਦਾ ਸਮਾਂ ਸ਼ਾਮ 5:00 ਤੋਂ 6:00 ਵਜੇ ਤੱਕ ਹੈ।ਵਿਦਿਆਰਥੀਆਂ ਦੀ ਸਹੂਲਤ ਨੂੰ ਧਿਆਨ ਵਿੱਚ ਰੱਖਦਿਆਂ ਦਾਖਲੇ ਦੀ ਮਿਤੀ ਵਧਾ ਕੇ ਹੁਣ 10 ਜੁਲਾਈ ਕਰ ਦਿੱਤੀ ਗਈ ਹੈ।ਚਾਹਵਾਨ ਵਿਅਕਤੀ ਕਿਸੇ ਵੀ ਕੰਮਕਾਜ ਵਾਲੇ ਦਿਨ ਕਮਰਾ ਨੰਬਰ 306/ਏ, ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਮਲਿਕਪੁਰ ਵਿਖੇ ਪਹੁੰਚ ਕੇ ਆਪਣਾ ਦਾਖਲਾ ਫਾਰਮ ਜਮ੍ਹਾਂ ਕਰਵਾ ਸਕਦੇ ਹਨ। ਵਧੇਰੇ ਜਾਣਕਾਰੀ ਲਈ ਮੋਬਾਈਲ ਨੰਬਰ 99147-48974 ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਬੱਸ ਰਵਾਨਾ



**ਫਤਿਹਗੜ੍ਹ ਸਾਹਿਬ (ਜਸਦੇਵ ਮਾਨ)**-ਹਲਕਾ ਫ਼ਤਿਹਗੜ੍ਹ ਚੂੜੀਆਂ ਦੇ ਪਿੰਡ ਮਾਨ ਸੈਂਡਵਾਲ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਵੱਲੋਂ ਬੱਸ ਨੂੰ ਰਵਾਨਾ ਕੀਤਾ ਗਿਆ।ਇਸ ਮੌਕੇ ਪਿੰਡ ਦੇ ਸਰਪੰਚ ਜਸਪਾਲ ਸਿੰਘ ਮਾਨ ਨੇ ਸ਼ਰਧਾਲੂਆਂ ਨੂੰ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਮਾਨ ਸਰਕਾਰ ਵੱਲੋਂ ਧਾਰਮਿਕ ਯਾਤਰਾਵਾਂ ਲਈ ਕੀਤੇ ਜਾ ਰਹੇ ਇਸ ਉਪਰਾਲੇ ਦੀ ਸ਼ਲਾਘਾ ਕੀਤੀ।ਇਸ ਮੌਕੇ ਯਾਤਰਾ ਵਿੱਚ ਸ਼ਾਮਲ ਸ਼ਰਧਾਲੂਆਂ ਨੇ ਇਸ ਉਪਰਾਲੇ ਲਈ ਮਾਨ ਸਰਕਾਰ ਦਾ ਧੰਨਵਾਦ ਕੀਤਾ।ਹਲਕਾ ਇੰਚਾਰਜ ਬਲਬੀਰ ਸਿੰਘ ਪਨੂੰ ਨੇ ਕਿਹਾ ਕਿ ਮਾਨ ਸਰਕਾਰ ਲੋਕਾਂ ਦੀ ਸੇਵਾ, ਸਤਿਕਾਰ ਅਤੇ ਸੁੱਖ ਸੁਵਿਧਾਵਾਂ ਲਈ ਹਮੇਸ਼ਾ ਵਚਨਬੱਧ ਹੈ। ਇਸ ਮੌਕੇ ਹਰਪਾਲ ਸਿੰਘ, ਗੁਰਨਾਮ ਸਿੰਘ, ਬਖਸ਼ਿਸ਼ ਸਿੰਘ, ਰਜਵੰਤ ਕੌਰ, ਮਨਦੀਪ ਕੌਰ, ਨਾਨਕੀ, ਗਗਨਦੀਪ ਕੌਰ, ਸਰਬਜੀਤ ਕੌਰ, ਮੰਗਤਾ, ਅਮਰਜੀਤ ਕੌਰ ਆਦਿ ਹਾਜ਼ਰ ਸਨ।

## ਕੋਟਲਾ ਬਾਮਾ 'ਚ ਨਵੇਂ ਜਿਮ ਦਾ ਉਦਘਾਟਨ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**-ਮਾਨ ਸਰਕਾਰ ਦਾ ਟੀਚਾ ਪੰਜਾਬ ਦੇ ਨੌਜਵਾਨਾਂ ਨੂੰ ਤੰਦਰਸਤ, ਨਸ਼ਾ-ਮੁਕਤ ਅਤੇ ਖੇਡਾਂ ਨਾਲ ਜੋੜ ਕੇ ਉਨ੍ਹਾਂ ਲਈ ਸੁਨਹਿਰਾ ਭਵਿੱਖ ਸਿਰਜਣਾ ਹੈ।ਇਸੇ ਸੋਚ ਤਹਿਤ ਹਲਕਾ ਫਤਿਹਗੜ੍ਹ ਚੂੜੀਆਂ ਦੇ ਪਿੰਡ ਕੋਟਲਾ ਬਾਮਾ ਵਿਖੇ ਪਿੰਡ ਦੀਆਂ ਮਾਣਮੱਤੀਆਂ ਅਤੇ ਸਨਮਾਨਿਤ ਸ਼ਖ਼ਸੀਅਤਾਂ ਦੀ ਹਾਜ਼ਰੀ ਵਿੱਚ ਹਲਕਾ ਇੰਚਾਰਜ ਬਲਬੀਰ ਸਿੰਘ ਪੰਨੂ ਨੇ ਨਵੇਂ ਜਿਮ ਦਾ ਉਦਘਾਟਨ ਕੀਤਾ।ਇਹ ਜਿਮ ਨੌਜਵਾਨਾਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਨਾਉਣ ਅਤੇ ਖੇਡਾਂ ਵੱਲ ਪ੍ਰੇਰਿਤ ਕਰਨ ਵਿੱਚ ਅਹਿਮ ਭੂਮਿਕਾ ਨਿਭਾਏਗਾ।ਇਸ ਮੌਕੇ ਬਲਾਕ ਪ੍ਰਧਾਨ ਰਘਬੀਰ ਸਿੰਘ ਅਠਵਾਲ, ਹਲਕਾ ਸੰਗਠਨ ਇੰਚਾਰਜ ਗਗਨਦੀਪ ਸਿੰਘ ਪੰਨੂ, ਬਾਜ, ਸਤਨਾਮ ਸਿੰਘ, ਹਰਪਾਲ ਸਿੰਘ, ਕੁਲਵੰਤ ਸਿੰਘ, ਨਿਰਮਲ, ਰਾਜਬੀਰ, ਗੁਰਪਿੰਦਰ, ਹਰਜਿੰਦਰ ਸਿੰਘ, ਰਮਨਦੀਪ ਕੌਰ ਸਮੇਤ ਹੋਰ ਉੱਘੀਆਂ ਸ਼ਖਸੀਅਤਾਂ ਵੀ ਹਾਜ਼ਰ ਸਨ।

## ਬਾਬਾ ਸ਼ਹਿਨਸ਼ਾਹ ਪੀਰ ਦਾ 30ਵਾਂ ਸਾਲਾਨਾ ਭੰਡਾਰਾ 16 ਨੂੰ



**ਅਜਨਾਲਾ, (ਸੁਖਤਿੰਦਰ ਸਿੰਘ ਰਾਜੂ)**-ਸਥਾਨਕ ਸ਼ਹਿਰ ਅਜਨਾਲਾ ਦੇ ਮੇਨ ਚੌਕ ਵਿੱਚ ਸਥਿਤ ਦਰਬਾਰ ਬਾਬਾ ਸ਼ਹਿਨਸ਼ਾਹ ਪੀਰ ਜੀ ਦਾ 30ਵਾਂ ਸਾਲਾਨਾ ਭੰਡਾਰਾ 16 ਜੁਲਾਈ, 1 ਸਾਵਣ ਦਿਨ ਵੀਰਵਾਰ ਨੂੰ ਬੜੀ ਸ਼ਰਧਾ ਭਾਵਨਾ ਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ।ਇਹ ਜਾਣਕਾਰੀ ਦਰਬਾਰ ਦੇ ਮੁੱਖ ਸੇਵਾਦਾਰ ਬਾਬਾ ਬਿੱਲੂ ਸ਼ਾਹ ਅਜਨਾਲਾ ਨੇ ਸਾਂਝੀ ਕੀਤੀ।ਉਨ੍ਹਾਂ ਦੱਸਿਆ ਕਿ ਝੰਡੇ ਚਾਦਰ ਦੀ ਰਸਮ ਸੰਗਤ ਦੀ ਹਾਜ਼ਰੀ ਵਿੱਚ 12 ਵਜੇ ਹੋਵੇਗੀ।ਸਭ ਸੰਗਤਾਂ ਨੂੰ ਬੇਨਤੀ ਹੈ ਕਿ ਬਾਬਾ ਜੀ ਦੇ ਮੇਲੇ ਵਿੱਚ ਹਾਜ਼ਰੀ ਭਰੋ, ਅਸ਼ੀਰਵਾਦ ਪ੍ਰਾਪਤ ਕਰੋ ਤੇ ਮੇਲੇ ਦੀ ਰੌਣਕ ਨੂੰ ਵਧਾਉ।ਲੰਗਰ ਭੰਡਾਰਾ ਸਾਰਾ ਦਿਨ ਅਤੁੱਟ ਵਰਤਾਇਆ ਜਾਵੇਗਾ।

## ਹਰਪਾਲ ਸਿੰਘ ਗਿੱਲ ਨਮਿਤ ਪਾਠ ਦੇ ਭੋਗ 6 ਨੂੰ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੇਵਾ ਮੁਕਤ ਪੰਚਾਇਤ ਅਫਸਰ ਹਰਪਾਲ ਸਿੰਘ ਗਿੱਲ ਜਿਨ੍ਹਾਂ ਦਾ ਬੀਤੇ ਦਿਨੀਂ ਅਚਾਨਕ ਦੇਹਾਂਤ ਹੋ ਗਿਆ ਸੀ, ਦੇ ਦਿਹਾਂਤ 'ਤੇ ਸਮੁੱਚੇ ਇਲਾਕੇ ਨੇ ਦੁੱਖ ਪ੍ਰਗਟਾਇਆ ਹੈ। ਹਰਪਾਲ ਸਿੰਘ ਗਿੱਲ ਨਮਿਤ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਉਨ੍ਹਾਂ ਦੇ ਗ੍ਰਹਿ ਪਿੰਡ ਜੀਵਨ ਭੰਧੇਰ ਵਿਖੇ 6 ਜੁਲਾਈ ਦਿਨ ਸੋਮਵਾਰ ਨੂੰ ਪੈਣਗੇ। ਉਪਰੰਤ ਕੀਰਤਨ, ਅੰਤਿਮ ਅਰਦਾਸ ਅਤੇ ਸ਼ਰਧਾਂਜਲੀ ਸਮਾਰੋਹ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਮੱਤੇਵਾਲ (ਬੋਪਾਰਾਏ) ਅੰਮ੍ਰਿਤਸਰ ਮਹਿਤਾ ਰੋਡ ਵਿਖੇ ਦੁਪਹਿਰ 12 ਤੋਂ 2 ਵਜੇ ਤੱਕ ਹੋਵੇਗਾ ਜਿਸ ਵਿੱਚ ਵੱਖ-ਵੱਖ ਧਾਰਮਿਕ ਸਿਆਸੀ ਅਤੇ ਗੈਰ-ਸਿਆਸੀ ਆਗੂ ਹਰਪਾਲ ਸਿੰਘ ਗਿੱਲ ਨੂੰ ਸ਼ਰਧਾ ਦਾ ਦੇ ਫੁੱਲ ਭੇਟ ਕਰਨਗੇ ।

## ਮੋਟਰਸਾਈਕਲ ਸਵਾਰ ਦੀ ਸੜਕ ਹਾਦਸੇ 'ਚ ਮੌਤ

ਚੇਤਨਪੁਰਾ (ਸੁਖਵੰਤ ਚੇਤਨਪੁਰੀ)-ਇੱਕ ਦਰਦਨਾਕ ਸੜਕ ਹਾਦਸੇ ਦੌਰਾਨ 16 ਸਾਲਾ ਨੌਜਵਾਨ ਦੀ ਮੌਕੇ 'ਤੇ ਮੌਤ ਹੋ ਗਈ।ਨਵਜੋਤ ਸਿੰਘ (16) ਪੁੱਤਰ ਰਤਨ ਸਿੰਘ ਹਾਲ ਵਾਸੀ ਚੇਤਨਪੁਰਾ ਜੋ ਆਪਣੇ ਮੋਟਰਸਾਈਕਲ 'ਤੇ ਕੰਦੋਵਾਲੀ ਤੋਂ ਆਪਣੇ ਪਿੰਡ ਚੇਤਨਪੁਰਾ ਵੱਲ ਆ ਰਿਹਾ ਸੀ ਕਿ ਰਸਤੇ ਵਿੱਚ ਅਚਾਨਕ ਮੋਟਰਸਾਈਕਲ ਦਾ ਸੰਤੁਲਨ ਵਿਗੜ ਜਾਣ ਕਾਰਨ ਉਹ ਸਲਿਪ ਹੋ ਕੇ ਝੋਨੇ ਦੇ ਖੇਤ ਵਿੱਚ ਡਿੱਗ ਪਿਆ।ਨਵਜੋਤ ਸਿੰਘ ਦਾ ਸਿਰ ਸੜਕ ਕਿਨਾਰੇ ਝੋਨੇ ਦੇ ਖੇਤ ਵਿੱਚ ਖੁੱਭ ਗਿਆ, ਜਿਸ ਕਾਰਨ ਉਸ ਦੀ ਮੌਕੇ 'ਤੇ ਹੀ ਮੌਤ ਹੋ ਗਈ।ਜ਼ਿਕਰਯੋਗ ਹੈ ਕਿ ਨਵਜੋਤ ਸਿੰਘ ਦਾ ਪਰਿਵਾਰ ਮੁਕਤਸਰ ਜ਼ਿਲ੍ਹੇ ਨਾਲ ਸੰਬੰਧਿਤ ਹੈ, ਅਤੇ ਕੁਝ ਚਿਰ ਪਹਿਲਾਂ ਹੀ ਚੇਤਨਪੁਰਾ ਵਿਖੇ ਆ ਕੇ ਰਹਿਣ ਲੱਗਾ ਸੀ। ਘਟਨਾ ਦੀ ਸੂਚਨਾ ਮਿਲਦਿਆਂ ਹੀ ਇਲਾਕੇ ਵਿੱਚ ਸੋਗ ਦੀ ਲਹਿਰ ਦੌੜ ਗਈ।ਇਸ ਦੁਖਦਾਈ ਹਾਦਸੇ ਨਾਲ ਪਰਿਵਾਰ 'ਤੇ ਦੁੱਖਾਂ ਦਾ ਪਹਾੜ ਟੁੱਟ ਪਿਆ ਹੈ ਅਤੇ ਪੂਰੇ ਇਲਾਕੇ ਵਿੱਚ ਗਮ ਦਾ ਮਾਹੌਲ ਹੈ।

## ਐੱਚ ਵਨ 2026 'ਚ ਸਕੋਡਾ ਆਟੋ ਇੰਡੀਆ ਵੱਲੋਂ ਰਿਕਾਰਡ ਵਿਕਰੀ ਦਰਜ

ਜਲੰਧਰ-ਸਕੋਡਾ ਆਟੋ ਇੰਡੀਆ ਨੇ ਸਾਲ 2026 ਦੌਰਾਨ ਆਪਣੇ ਇਤਿਹਾਸ ਦੀ ਸਭ ਤੋਂ ਵੱਧ ਅੱਧੇ ਸਾਲ ਦੀ ਵਿਕਰੀ ਦਰਜ ਕੀਤੀ ਹੈ।ਕੰਪਨੀ ਨੇ ਇਸ ਮਿਆਦ ਵਿੱਚ 38,894 ਵਾਹਨਾਂ ਦੀ ਵਿਕਰੀ ਕੀਤੀ, ਜੋ ਪਿਛਲੇ ਸਾਲ ਦੀ ਇਸੇ ਮਿਆਦ ਨਾਲੋਂ 7.5 ਫੀਸਦੀ ਵੱਧ ਹੈ।ਲਗਾਤਾਰ ਦੂਜੇ ਸਾਲ ਕੰਪਨੀ ਨੇ ਰਿਕਾਰਡ ਅੱਧੇ ਸਾਲ ਦੀ ਵਿਕਰੀ ਹਾਸਲ ਕੀਤੀ ਹੈ।ਬ੍ਰਾਂਡ ਡਾਇਰੈਕਟਰ ਆਸ਼ੀਸ਼ ਗੁਪਤਾ ਨੇ ਕਿਹਾ ਕਿ ਇਹ ਸਫਲਤਾ ਗਾਹਕਾਂ ਦੇ ਵਧਦੇ ਭਰੋਸੇ ਦਾ ਨਤੀਜਾ ਹੈ।ਉਨ੍ਹਾਂ ਅਨੁਸਾਰ ਨਵੀ ਕੁਸ਼ਾਕ, ਅਪਡੇਟ ਕੀਤੀ ਕੋਡਿਆਕ, ਨਵੀਂ ਕੋਡਿਆਕ, ਕਾਇਲੈਕ ਅਤੇ ਸਲਾਵੀਆ ਨੂੰ ਗਾਹਕਾਂ ਵੱਲੋਂ ਚੰਗਾ ਹੁੰਗਾਰਾ ਮਿਲਿਆ ਹੈ।ਕੋਡਿਆਕ ਦੀ ਪਹਿਲੀ ਖੇਪ ਕੁਝ ਮਿੰਟਾਂ ਵਿੱਚ ਹੀ ਪੂਰੀ ਤਰ੍ਹਾਂ ਬੁੱਕ ਹੋ ਗਈ।ਕੰਪਨੀ ਨੇ ਦੇਸ਼ ਭਰ ਵਿੱਚ ਆਪਣੇ 340 ਤੋਂ ਵੱਧ ਟੱਚ ਪੁਆਇੰਟ ਬਣਾਏ ਹਨ ਅਤੇ ਸਕੋਡਾ ਐਕਸਪ੍ਰੈਸ ਕੇਅਰ ਸੇਵਾ ਵੀ ਸ਼ੁਰੂ ਕੀਤੀ ਹੈ, ਜਿਸ ਨਾਲ ਗਾਹਕਾਂ ਨੂੰ ਬਿਹਤਰ ਸੇਵਾ ਮਿਲੇਗੀ।ਮੋਟਰਸਪੋਰਟ ਖੇਤਰ ਵਿੱਚ ਵੀ ਕੰਪਨੀ ਨੇ ਇੰਡੀਆ ਬੁੱਕ ਆਫ਼ ਰਿਕਾਰਡਜ਼ ਅਤੇ ਏਸ਼ੀਆ ਬੁੱਕ ਆਫ਼ ਰਿਕਾਰਡਜ਼ ਵਿੱਚ ਆਪਣੀ ਥਾਂ ਬਣਾਈ ਹੈ।ਕੰਪਨੀ ਨੇ ਕਿਹਾ ਕਿ ਉਹ ਆਉਣ ਵਾਲੇ ਸਮੇਂ ਵਿੱਚ ਵੀ ਗਾਹਕ-ਕੇਂਦਰਿਤ ਸੇਵਾਵਾਂ ਅਤੇ ਨਵੇਂ ਉਤਪਾਦਾਂ ਰਾਹੀਂ ਵਿਕਾਸ ਦੀ ਰਫ਼ਤਾਰ ਜਾਰੀ ਰੱਖੇਗੀ।

## ਰੱਖੜੀਆਂ ਸਮੇਂ ਸਿਰ ਪਹੁੰਚਾਉਣ ਲਈ ਡਾਕ ਵਿਭਾਗ ਵੱਲੋਂ ਤਿਆਰੀਆਂ ਮੁਕੰਮਲ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-28 ਅਗਸਤ ਨੂੰ ਰੱਖੜੀ ਦੇ ਤਿਉਹਾਰ 'ਤੇ ਰਾਖੀਆਂ ਸਮੇਂ ਸਿਰ ਪਹੁੰਚਾਉਣ ਲਈ ਡਾਕ ਵਿਭਾਗ ਨੇ ਸਾਰੀਆਂ ਤਿਆਰੀਆਂ ਪੂਰੀਆਂ ਕਰ ਲਈਆਂ ਹਨ।ਇਸ ਸਬੰਧ ਵਿੱਚ ਸੱਤਿਅਮ ਤਿਵਾਰੀ, ਸੀਨੀਅਰ ਸੁਪਰਡੈਂਟ ਡਾਕਘਰ (ਆਈਪੀਓਐੱਸ), ਅੰਮ੍ਰਿਤਸਰ ਮੰਡਲ ਨੇ ਦੱਸਿਆ ਕਿ ਜਿਵੇਂ-ਜਿਵੇਂ ਰੱਖੜੀ ਦਾ ਤਿਓਹਾਰ ਨੇੜੇ ਆ ਰਿਹਾ ਹੈ, ਅੰਮ੍ਰਿਤਸਰ ਡਾਕ ਮੰਡਲ ਨੇ ਆਪਣੇ ਅਧੀਨ ਆਉਣ ਵਾਲੇ ਡਾਕਘਰਾਂ ਵਿੱਚ ਇੱਕ ਹੀ ਛੱਤ ਹੇਠ ਨਵੇਂ ਵਾਟਰ-ਪਰੂਫ ਰਾਖੀ-ਲਿਫਾਫਿਆਂ/ਬਾਕਸਾਂ ਦੀ ਵਿਕਰੀ, ਬੁਕਿੰਗ ਅਤੇ ਭੇਜਣ ਦੀ ਸਹੂਲਤ ਦੇਣ ਦਾ ਪ੍ਰਬੰਧ ਕੀਤਾ ਹੈ।

ਡਾਕਘਰਾਂ ਵਿੱਚ ਰਾਖੀ ਦੀ ਪੈਕਿੰਗ ਅਤੇ ਬੁਕਿੰਗ ਲਈ ਵਿਸ਼ੇਸ਼ ਕਾਊਂਟਰ ਸਥਾਪਿਤ ਕੀਤੇ ਗਏ ਹਨ ਤਾਂ ਜੋ ਸਾਰੇ ਗਾਹਕ ਭਾਰਤੀ ਡਾਕ ਵਿਭਾਗ ਦੀਆਂ ਤੇਜ਼ ਸੇਵਾਵਾਂ ਰਾਹੀਂ ਆਸਾਨੀ ਨਾਲ ਆਪਣੇ ਪਿਆਰਿਆਂ ਨੂੰ ਰਾਖੀ ਭੇਜ ਸਕਣ।

15 ਜੁਲਾਈ ਤੋਂ 28 ਅਗਸਤ 2026 ਤੱਕ ਅੰਮ੍ਰਿਤਸਰ ਡਾਕ ਮੰਡਲ ਦੇ ਪੰਜ (5) ਉਪ ਡਾਕਘਰਾਂ ਅਜਨਾਲਾ, ਜੰਡਿਆਲਾ ਗੁਰੂ, ਪੱਟੀ, ਗਾਂਧੀ ਬਾਜ਼ਾਰ ਅਤੇ ਮਜੀਠਾ ਉਪ ਡਾਕਘਰ ਅਤੇ ਅੰਮ੍ਰਿਤਸਰ ਤੇ ਤਰਨਤਾਰਨ ਮੁੱਖ ਡਾਕਘਰ ਵਿੱਚ ਇਸ ਸਾਲ ਐਤਵਾਰ/ਸਰਕਾਰੀ ਛੁੱਟੀ ਵਾਲੇ ਦਿਨ ਵੀ ਸਵੇਰੇ 9 ਵਜੇ ਤੋਂ 4:30 ਵਜੇ ਤੱਕ ਰਾਖੀ ਬੁਕਿੰਗ ਦੀ ਸਹੂਲਤ ਉਪਲਬਧ ਹੈ।ਗਾਹਕ ਰਾਖੀ ਬੁਕਿੰਗ ਦੇ ਨਾਲ-ਨਾਲ ਇਨ੍ਹਾਂ ਡਾਕਘਰਾਂ ਵਿੱਚ ਆਧਾਰ ਅੱਪਡੇਟ ਦੀ ਸਹੂਲਤ ਦਾ ਵੀ ਲਾਭ ਲੈ ਸਕਦੇ ਹਨ।

ਰਾਖੀ ਮੇਲ ਦੀ ਵਿਆਪਕ ਪ੍ਰਕਿਰਿਆ ਬਾਬਤ ਡਾਕਘਰਾਂ ਵਿੱਚ ਤਰਜੀਹ ਦਿੱਤੀ ਗਈ ਹੈ ਤਾਂ ਜੋ ਰਾਖੀ ਪੈਕੇਜ/ਲਿਫਾਫਿਆਂ ਦੀ ਜਲਦੀ ਡਲਿਵਰੀ ਯਕੀਨੀ ਬਣਾਈ ਜਾ ਸਕੇ।ਉਚਿਤ ਅਤੇ ਸਸਤੇ ਰੇਟਾਂ 'ਤੇ ਛੋਟੇ ਅਤੇ ਵੱਡੇ ਆਕਾਰ ਦੇ ਲਿਫਾਫਿਆਂ ਦੀ ਚੰਗੀ ਰੇਂਜ ਸਾਰੇ ਡਾਕਘਰਾਂ ਵਿੱਚ ਉਪਲਬਧ ਹੈ।

## ਬਾਬਾ ਗੁਰਭੇਜ ਸਿੰਘ ਖ਼ੁਜਾਲਾ ਵਾਲਿਆਂ ਨਾਲ ਦੁੱਖ ਦਾ ਇਜ਼ਹਾਰ



ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)-ਸੰਤ ਸਮਾਜ ਦੇ ਮੁੱਖ ਬੁਲਾਰੇ ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ ਵਾਲਿਆਂ ਦੀ ਮਾਤਾ ਸੁਰਜੀਤ ਕੌਰ ਆਪਣੇ ਸੁਆਸਾਂ ਦੀ ਪੂੰਜੀ ਨੂੰ ਪੂਰੇ ਕਰਦੇ ਹੋਏ ਗੁਰੂ ਸਾਹਿਬ ਦੇ ਚਰਨਾਂ ਵਿੱਚ ਜਾ ਬਿਰਾਜੇ ਸਨ।ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ ਅਤੇ ਸਮੂਹ ਪਰਿਵਾਰ ਨਾਲ ਦੁੱਖ ਸਾਂਝਾ ਕਰਨ ਲਈ ਗੁਰਦੁਆਰਾ ਗੁਰੂ ਕੀ ਬੇਰ ਸਾਹਿਬ ਬੋਪਾਰਾਏ ਵਾਲੇ ਦੇ ਮੁੱਖ ਸੇਵਾਦਾਰ ਸੰਤ ਬਾਬਾ ਸੱਜਣ ਸਿੰਘ ਅਤੇ ਬਾਬਾ ਸੁਖਵੰਤ ਸਿੰਘ ਚੰਨਣਕੇ ਨੇ ਦੁੱਖ ਸਾਂਝਾ ਕੀਤਾ।

ਇਸ ਮੌਕੇ ਮਾਤਾ ਦੇ ਵੱਡੇ ਸਪੁੱਤਰ ਸੰਤ ਬਾਬਾ ਗੁਰਭੇਜ ਸਿੰਘ ਖੁਜਾਲਾ ਨੇ ਦੱਸਿਆ ਕਿ ਮਾਤਾ ਤਕਰੀਬਨ 100 ਸਾਲ ਦੇ ਲੱਗਭਗ ਸਨ।ਉਹ ਸਿਮਰਨ ਬੰਦਗੀ ਅਤੇ ਆਏ ਸਾਧੂਆਂ ਸੰਤਾਂ ਦੀ ਸੇਵਾ ਕਰਨ ਵਾਲੀ ਪਵਿੱਤਰ ਰੂਹ ਸਨ।ਇਸ ਮੌਕੇ ਜਥੇਦਾਰ ਬਾਬਾ ਅਜੀਤ ਸਿੰਘ ਮੁੱਖੀ ਤਰਨਾ ਦਲ ਚੌਕ ਮਹਿਤਾ, ਜਥੇਦਾਰ ਬਾਬਾ ਬੋਹੜ ਸਿੰਘ, ਜਥੇਦਾਰ ਬਾਬਾ ਸੁਖਦੇਵ ਸਿੰਘ, ਸੰਤ ਬਾਬਾ ਗੁਰਦੀਪ ਸਿੰਘ ਖੁਜਾਲਾ, ਸੰਤ ਬਾਬਾ ਗੁਰਦੇਵ ਸਿੰਘ, ਸੰਤ ਬਾਬਾ ਗੁਰਦੀਦਾਰ ਸਿੰਘ ਭੂਰੀ ਵਾਲੇ, ਸੰਤ ਬਾਬਾ ਬਿਬੇਕ ਸਿੰਘ, ਸੰਤ ਬਾਬਾ ਸੁੱਖਾ ਸਿੰਘ, ਸੰਤ ਬਾਬਾ ਸਵਿੰਦਰ ਸਿੰਘ ਟਾਹਲੀ ਸਾਹਿਬ, ਸੰਤ ਬਾਬਾ ਗੁਰਦੀਪ ਸਿੰਘ, ਜਥੇਦਾਰ ਬਾਬਾ ਮੇਜਰ ਸਿੰਘ ਸੋਢੀ, ਸੰਤ ਬਾਬਾ ਮਲਕੀਤ ਸਿੰਘ ਖਾਲਸਾ ਜੱਬੋਵਾਲ, ਸੰਤ ਬਾਬਾ ਲਖਬੀਰ ਸਿੰਘ, ਸੰਤ ਬਾਬਾ ਭੁਪਿੰਦਰ ਗਿਰੀ ਡੇਅਰੀਵਾਲ, ਸੰਤ ਨਵਤੇਜ ਸਿੰਘ ਚੇਲੇਆਣਾ ਸਾਹਿਬ, ਗਿਆਨੀ ਭੁਪਿੰਦਰ ਸਿੰਘ ਗਦਲੀ, ਸੰਤ ਬਾਬਾ ਮਨਮੋਹਨ ਸਿੰਘ ਭੰਗਾਲੀ ਕਲਾਂ, ਗਿਆਨੀ ਤੇਜਬੀਰ ਸਿੰਘ ਭਲਾਈਪੁਰ, ਬਾਬਾ ਸੁਖਵੰਤ ਸਿੰਘ ਚੰਨਣਕੇ ਨੇ ਦੁੱਖ ਸਾਂਝਾ ਕੀਤਾ।

## ਐੱਸ ਆਈ ਆਰ ਸੰਬੰਧੀ ਜਾਗਰੂਕਤਾ ਸੈਮੀਨਾਰ 'ਚ ਰਜਿਸਟ੍ਰੇਸ਼ਨ ਜ਼ਰੂਰੀ ਕਰਵਾਉਣ ਦਾ ਸੱਦਾ



ਪਠਾਨਕੋਟ, (ਦਵਿੰਦਰ ਸਿੰਘ)-ਭਾਰਤ ਚੋਣ ਕਮਿਸ਼ਨ ਵੱਲੋਂ ਵੋਟਰ ਸੂਚੀਆਂ ਦੀ ਸ਼ੁੱਧਤਾ ਅਤੇ ਹਰ ਯੋਗ ਨਾਗਰਿਕ ਦੀ ਰਜਿਸਟ੍ਰੇਸ਼ਨ ਨੂੰ ਯਕੀਨੀ ਬਣਾਉਣ ਲਈ ਚਲਾਈ ਜਾ ਰਹੀ ਸਪੈਸ਼ਲ ਇੰਟੈਂਸਿਵ ਰਿਵੀਜ਼ਨ (ਐੱਸ. ਆਈ. ਆਰ.) ਮੁਹਿੰਮ ਤਹਿਤ ਜ਼ਿਲ੍ਹਾ ਚੋਣ ਅਧਿਕਾਰੀ-ਕਮ-ਡਿਪਟੀ ਕਮਿਸ਼ਨਰ ਪਠਾਨਕੋਟ ਡਾ. ਪੱਲਵੀ ਦੇ ਦਿਸ਼ਾ-ਨਿਰਦੇਸ਼ਾਂ ਅਤੇ ਜ਼ਿਲ੍ਹਾ ਸਵੀਪ ਨੋਡਲ ਅਧਿਕਾਰੀ-ਕਮ-ਜ਼ਿਲ੍ਹਾ ਭੂਮੀ ਰੱਖਿਆ ਅਧਿਕਾਰੀ ਗੁਰਪ੍ਰੀਤ ਸਿੰਘ ਦੀ ਯੋਗ ਅਗਵਾਈ ਹੇਠ ਪੀ. ਐੱਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਵਾਲ ਵਿਖੇ ਜ਼ਿਲ੍ਹਾ ਸਵੀਪ ਟੀਮ ਵੱਲੋਂ ਐੱਸ. ਆਈ. ਆਰ. ਸਬੰਧੀ ਇੱਕ ਪ੍ਰਭਾਵਸ਼ਾਲੀ ਜਾਗਰੂਕਤਾ ਸੈਮੀਨਾਰ ਕਰਵਾਇਆ ਗਿਆ।ਸੈਮੀਨਾਰ ਦੌਰਾਨ ਜ਼ਿਲ੍ਹਾ ਸਵੀਪ ਟੀਮ ਦੇ ਸਹਾਇਕ ਨੋਡਲ ਅਧਿਕਾਰੀ ਸੋਸ਼ਲ. ਮੀਡੀਆ ਹੈੱਡਮਾਸਟਰ ਰਵੀ ਕਾਂਤ ਅਤੇ ਸਹਾਇਕ ਨੋਡਲ ਅਫ਼ਸਰ ਸਵੀਪ ਟੀਮ ਤੇ ਜਾਗਰੂਕਤਾ ਸੈੱਲ ਹੈੱਡਮਾਸਟਰ ਸੰਜੀਵ ਕੁਮਾਰ ਨੇ ਵਿਦਿਆਰਥੀਆਂ ਅਤੇ ਅਧਿਆਪਕਾਂ ਨੂੰ ਐੱਸ. ਆਈ. ਆਰ. ਮੁਹਿੰਮ ਦੇ ਉਦੇਸ਼, ਵੋਟਰ ਸੂਚੀ ਵਿੱਚ ਨਾਮ ਦਰਜ ਕਰਵਾਉਣ, ਸੋਧ, ਤਬਦੀਲੀ ਅਤੇ ਲੋੜੀਂਦੇ ਦਸਤਾਵੇਜ਼ਾਂ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਕਿਹਾ ਕਿ ਸ਼ੁੱਧ ਅਤੇ ਅੱਪਡੇਟ ਵੋਟਰ ਸੂਚੀ ਇੱਕ ਮਜ਼ਬੂਤ ਲੋਕਤੰਤਰ ਦੀ ਨੀਂਹ ਹੈ ਅਤੇ ਹਰ ਯੋਗ ਨਾਗਰਿਕ ਦੀ ਜ਼ਿੰਮੇਵਾਰੀ ਬਣਦੀ ਹੈ ਕਿ ਉਹ ਸਮੇਂ ਸਿਰ ਆਪਣੀ ਵੋਟਰ ਰਜਿਸਟ੍ਰੇਸ਼ਨ ਕਰਵਾਏ।ਉਨ੍ਹਾਂ ਨੇ ਵਿਦਿਆਰਥੀਆਂ ਨੂੰ ਪ੍ਰੇਰਿਤ ਕੀਤਾ ਕਿ ਉਹ ਆਪਣੇ ਮਾਪਿਆਂ, ਪਰਿਵਾਰਕ ਮੈਂਬਰਾਂ ਅਤੇ ਆਸ-ਪਾਸ ਦੇ ਯੋਗ ਨਾਗਰਿਕਾਂ ਤੱਕ ਵੀ ਇਹ ਸੁਨੇਹਾ ਪਹੁੰਚਾਉਣ, ਤਾਂ ਜੋ ਕੋਈ ਵੀ ਯੋਗ ਵੋਟਰ ਆਪਣਾ ਵੋਟ ਦਾ ਅਧਿਕਾਰ ਪ੍ਰਾਪਤ ਕਰਨ ਤੋਂ ਵਾਂਝਾ ਨਾ ਰਹੇ।ਇਸ ਮੌਕੇ ਵਿਦਿਆਰਥੀਆਂ ਨੂੰ ਐੱਸ. ਆਈ. ਆਰ. ਸਬੰਧੀ ਜਾਗਰੂਕਤਾ ਪੈਂਫਲਿਟ ਵੰਡੇ ਗਏ ਅਤੇ ਵੋਟਰ ਰਜਿਸਟ੍ਰੇਸ਼ਨ ਪ੍ਰਕਿਰਿਆ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ।ਇਸ ਮੌਕੇ ਜ਼ਿਲ੍ਹਾ ਸਵੀਪ ਟੀਮ ਦੇ ਮੈਂਬਰ ਵਿਵੇਕ ਡੋਗਰਾ, ਹਰਸਿਮਰਨਜੀਤ ਸਿੰਘ, ਅਮਿਤ ਡੋਗਰਾ, ਪਵਨ ਕੁਮਾਰ, ਨਿਧੀ ਭਾਰਤੀ, ਸਕੂਲ ਇੰਚਾਰਜ ਨੀਰਾ ਗੁਪਤਾ, ਨੇਹਾ ਗੁਪਤਾ, ਰਾਕੇਸ਼ ਮਹਾਜਨ, ਸ਼ਿਖਾ ਕੁਮਾਰੀ, ਅਨੀਤਾ ਕੌਸ਼ਲ, ਅਰਚਨਾ ਸਮੇਤ ਸਮੂਹ ਅਧਿਆਪਕ ਵਰਗ ਅਤੇ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

## ਭਾਜਪਾ ਮਹਿਲਾ ਮੋਰਚਾ ਵੱਲੋਂ ਸੂਬਾ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ




ਛੇਹਰਟਾ, (ਮਨੋਜ ਕੁਮਾਰ) : ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਵੱਲੋਂ ਔਰਤਾਂ ਨੂੰ ਮਾਵਾਂ-ਧੀਆਂ ਸਤਿਕਾਰ ਯੋਜਨਾ ਤਹਿਤ ਪੂਰਾ ਲਾਭ ਨਹੀਂ ਦੇ ਕੇ ਸਿਰਫ਼ 3000 ਰੁਪਏ ਦੇ ਕੇ ਖਾਨਾ ਪੂਰਤੀ ਕੀਤੀ ਹੈ, ਜਦੋਂ ਕਿ ਉਨ੍ਹਾਂ ਦਾ ਸਕੀਮ ਦੇ ਐਲਾਨ ਤੋਂ ਹੁਣ ਤਕ 51000 ਰੁਪਏ ਸਰਕਾਰ ਵੱਲ ਬਣਦਾ ਸੀ। ਇਹ ਗੱਲ ਭਾਰਤੀ ਜਨਤਾ ਪਾਰਟੀ ਮਹਿਲਾ ਮੋਰਚਾ ਅੰਮ੍ਰਿਤਸਰ ਦੀ ਪ੍ਰਧਾਨ ਤੇ ਕੌਂਸਲਰ ਸ਼ਰੁਤੀ ਵਿੱਜ ਨੇ ਭਾਜਪਾ ਦਫ਼ਤਰ ਨੇੜੇ ਆਮ ਆਦਮੀ ਪਾਰਟੀ ਸਰਕਾਰ ਵਿਰੁੱਧ ਪ੍ਰਦਰਸ਼ਨ ਦੇ ਦੌਰਾਨ ਕਹੀ।

ਸ਼ਰੁਤੀ ਵਿੱਜ ਨੇ ਕਿਹਾ ਕਿ ਪੰਜਾਬ ਸਰਕਾਰ ਬਣਨ ਤੋਂ ਪਹਿਲਾਂ ਕਿਹਾ ਗਿਆ ਸੀ ਕਿ ਸਰਕਾਰ ਬਣਨ ਉਤੇ ਔਰਤਾਂ ਨੂੰ ਹਰ ਮਹੀਨੇ 1000 ਦਿੱਤਾ ਜਾਵੇਗਾ, ਪਰ ਸਾਢੇ ਚਾਰ ਸਾਲ ਬਾਅਦ ਸਿਰਫ਼ 3000 ਰੁਪਏ ਪਾ ਕੇ ਖਾਨਾਪੂਰਤੀ ਕੀਤੀ ਗਈ। ਉਨ੍ਹਾਂ ਕਿਹਾ ਕਿ ਹੁਣ ਤਕ ਜਿਨ੍ਹਾਂ ਔਰਤਾਂ ਨੂੰ ਲਾਭ ਮਿਲਿਆ ਹੈ, ਉਹ ਕਰੀਬ ਸਾਰੇ ਆਮ ਆਦਮੀ ਪਾਰਟੀ ਦੇ ਅਹੁਦੇਦਾਰਾਂ ਦੇ ਚਹੇਤੇ ਜਾਂ ਰਿਸ਼ਤੇਦਾਰ ਹਨ। ਸ਼ਰੁਤੀ ਵਿੱਜ ਨੇ ਕਿਹਾ ਕਿ ਜਿਸ ਤਰ੍ਹਾਂ ਪੰਜਾਬ ਦੀਆਂ ਔਰਤਾਂ ਨੇ ਆਮ ਆਦਮੀ ਪਾਰਟੀ ਦੇ ਬਹਕਾਵੇ ਵਿਚ ਆ ਕੇ ਉਨ੍ਹਾਂ ਨੂੰ ਵੋਟ ਪਾਇਆਂ ਸਨ ਪਰ ਹੁਣ ਔਰਤਾਂ ਇਨ੍ਹਾਂ ਦੇ ਝਾਂਸੇ ਵਿਚ ਆਉਣ ਵਾਲੀਆਂ ਨਹੀਂ।

ਇਸ ਮੌਕੇ ਭਾਜਪਾ ਮਹਿਲਾ ਮੋਰਚਾ ਅੰਮ੍ਰਿਤਸਰ ਦੀ ਜਨਰਲ ਸਕੱਤਰ ਡੋਲੀ ਭਾਟੀਆ, ਮੋਨਿਕਾ ਸ਼੍ਰੀਧਰ, ਮੰਡਲ ਪ੍ਰਧਾਨ ਨੂਰੀਨ ਮਹਾਜਨ, ਕੌਂਸਲਰ ਕ੍ਰਿਤੀ ਅਰੋੜਾ, ਰਿੰਪੀ ਰਾਜਪੂਤ, ਮਨਜੀਤ ਚੰਡੋਕ, ਰੇਨੂੰ ਗਿੱਲ, ਪ੍ਰਵੀਨ ਕੁਮਾਰੀ, ਸ਼ਸ਼ੀ ਬਜਾਜ, ਸੁਨੀਤਾ ਸ਼ਰਮਾ, ਨੀਰੂ ਖੰਨਾ ਆਦਿ ਮਹਿਲਾਵਾਂ ਮੌਜੂਦ ਸਨ।

## ਓਪੋ ਇੰਡੀਆ ਨੇ ਲਾਂਚ ਕੀਤੀ ਰੇਨੋ 16 ਸੀਰੀਜ਼

**ਲੁਧਿਆਣਾ** : ਓਪੋ ਇੰਡੀਆ ਨੇ ਭਾਰਤੀ ਬਾਜ਼ਾਰ ਵਿੱਚ ਆਪਣੀ ਨਵੀਂ ਰੇਨੋ 16 ਸੀਰੀਜ਼ ਲਾਂਚ ਕਰ ਦਿੱਤੀ ਹੈ।ਕੰਪਨੀ ਨੇ ਇਸ ਸੀਰੀਜ਼ ਤਹਿਤ ਰੇਨੋ 16 ਅਤੇ ਰੇਨੋ 16ਸੀ ਸਮਾਰਟਫੋਨ ਪੇਸ਼ ਕੀਤੇ ਹਨ, ਜੋ ਖ਼ਾਸ ਤੌਰ ਤੇ ਨੌਜਵਾਨ ਕੰਟੈਂਟ ਕ੍ਰੀਏਟਰਾਂ ਅਤੇ ਪ੍ਰੀਮੀਅਮ ਸਮਾਰਟਫੋਨ ਯੂਜ਼ਰਜ਼ ਨੂੰ ਧਿਆਨ ਵਿੱਚ ਰੱਖ ਕੇ ਤਿਆਰ ਕੀਤੇ ਗਏ ਹਨ।ਨਵੀਂ ਸੀਰੀਜ਼ ਵਿੱਚ 50 ਮੈਗਾਪਿਕਸਲ ਏਆਈ ਪੋਰਟਰੇਟ ਕੈਮਰਾ, 3.5 ਐਕਸ ਟੈਲੀਫੋਟੋ ਲੈਂਸ, 4ਕੇ 60 ਐੱਫਪੀਐੱਸ ਐੱਚਡੀਆਰ ਵੀਡੀਓ ਰਿਕਾਰਡਿੰਗ, ਏਆਈ ਰੀਮਿਕਸ ਕੋਲਾਜ, ਪੌਪ ਕੈਮ, ਪੌਪਆਉਟ 2.0 ਅਤੇ ਪਹਿਲੀ ਵਾਰ ਏਆਈ ਸਨੈਪ ਕੀ ਵਰਗੇ ਅਧੁਨਿਕ ਫੀਚਰ ਦਿੱਤੇ ਗਏ ਹਨ।ਰੇਨੋ 16 ਸੀਰੀਜ਼ ਦੀ ਕੀਮਤ 46,999 ਰੁਪਏ ਤੋਂ 67,999 ਰੁਪਏ ਤੱਕ ਰੱਖੀ ਗਈ ਹੈ। ਇਸ ਦੀ ਵਿਕਰੀ 9 ਜੁਲਾਈ ਤੋਂ ਅਮੇਜ਼ਾਨ, ਫਲਿਪਕਾਰਟ, ਓਪੋ ਈ-ਸਟੋਰ ਅਤੇ ਪ੍ਰਮੁੱਖ ਰਿਟੇਲ ਸਟੋਰਾਂ ਤੇ ਸ਼ੁਰੂ ਹੋਵੇਗੀ।ਓਪੋ ਇੰਡੀਆ ਦੇ ਹੈੱਡ, ਪੀਆਰ ਐਂਡ ਕਮਿਊਨੀਕੇਸ਼ਨਜ਼ ਗੋਲਡੀ ਪਟਨਾਇਕ ਨੇ ਦੱਸਿਆ ਕਿ ਅੱਜ ਦੀ ਪੀੜ੍ਹੀ ਲਈ ਸਮਾਰਟਫੋਨ ਸਿਰਫ ਇੱਕ ਡਿਵਾਇਸ ਨਹੀਂ, ਸਗੋਂ ਆਪਣੀ ਰਚਨਾਤਮਕਤਾ ਅਤੇ ਸ਼ਖ਼ਸੀਅਤ ਨੂੰ ਪ੍ਰਗਟ ਕਰਨ ਦਾ ਸਾਧਨ ਹੈ।ਰੇਨੋ 16 ਸੀਰੀਜ਼ ਵਿੱਚ ਅਸੀਂ ਹੁਣ ਤੱਕ ਦਾ ਸਭ ਤੋਂ ਇੰਟੈਲੀਜੈਂਟ ਕੈਮਰਾ ਅਨੁਭਵ ਅਤੇ ਉੱਨਤ ਏਆਈ ਤਕਨਾਲੋਜੀ ਦਿੱਤੀ ਹੈ, ਜਿਸ ਨਾਲ ਹਰ ਯੂਜ਼ਰ ਆਸਾਨੀ ਨਾਲ ਸ਼ਾਨਦਾਰ ਕੰਟੈਂਟ ਤਿਆਰ ਕਰ ਸਕੇਗਾ।

## ਸਿਹਤਮੰਦ ਪੰਜਾਬ ਦੇ ਸੁਪਨੇ ਨੂੰ ਸਾਕਾਰ ਕਰ ਰਹੀ ਸੀ ਐੱਮ ਦੀ ਯੋਗਸ਼ਾਲਾ: ਸੁਰੱਖਸ਼ਾ ਕੁਮਾਰੀ



ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਸਰਕਾਰ ਦੀ ਲੋਕ ਭਲਾਈ ਪਹਿਲ ਸੀ. ਐੱਮ. ਦੀ ਯੋਗਸ਼ਾਲਾ ਤਹਿਤ ਰਾਮਲੀਲਾ ਗਰਾਊਂਡ, ਸ਼ਾਹਪੁਰ ਕੰਡੀ ਵਿਖੇ ਹਰ ਰੋਜ਼ ਸਵੇਰੇ 6:15 ਵਜੇ ਤੋਂ 7:15 ਵਜੇ ਤੱਕ ਨਿਯਮਿਤ ਯੋਗ ਕਲਾਸ ਲਗਾਈ ਜਾ ਰਹੀ ਹੈ।ਇਸ ਯੋਗਸ਼ਾਲਾ ਵਿੱਚ ਇਲਾਕੇ ਦੇ ਵੱਡੀ ਗਿਣਤੀ ਵਿੱਚ ਮਹਿਲਾ ਅਤੇ ਪੁਰਸ਼ ਉਤਸ਼ਾਹ ਨਾਲ ਭਾਗ ਲੈ ਕੇ ਯੋਗ, ਪ੍ਰਾਣਾਯਾਮ ਅਤੇ ਧਿਆਨ ਦਾ ਅਭਿਆਸ ਕਰ ਰਹੇ ਹਨ ਅਤੇ ਤੰਦਰੁਸਤ ਜੀਵਨ ਵੱਲ ਅੱਗੇ ਵੱਧ ਰਹੇ ਹਨ।ਜ਼ਿਲ੍ਹਾ ਕੋਆਰਡੀਨੇਟਰ ਸੁਰਕਸ਼ਾ ਕੁਮਾਰੀ ਨੇ ਦੱਸਿਆ ਕਿ ਪਠਾਨਕੋਟ ਜ਼ਿਲ੍ਹੇ ਦੇ ਲਗਭਗ ਸਾਰੇ ਬਲਾਕਾਂ ਵਿੱਚ ਕੁੱਲ 432 ਯੋਗ ਕਲਾਸਾਂ ਨਿਯਮਿਤ ਤੌਰ 'ਤੇ ਚੱਲ ਰਹੀਆਂ ਹਨ, ਜਿਨ੍ਹਾਂ ਦਾ ਵੱਡੀ ਗਿਣਤੀ ਵਿੱਚ ਲੋਕ ਲਾਭ ਲੈ ਰਹੇ ਹਨ।ਉਨ੍ਹਾਂ ਕਿਹਾ ਕਿ ਇਹ ਪਹਿਲ ਲੋਕਾਂ ਨੂੰ ਸਿਹਤਮੰਦ ਜੀਵਨ ਸ਼ੈਲੀ ਅਪਣਾਉਣ ਲਈ ਪ੍ਰੇਰਿਤ ਕਰ ਰਹੀ ਹੈ ਅਤੇ ਰੰਗਲਾ ਪੰਜਾਬ-ਸਿਹਤਮੰਦ ਪੰਜਾਬ ਦੇ ਸੰਕਲਪ ਨੂੰ ਹਕੀਕਤ ਵਿੱਚ ਬਦਲਣ ਵੱਲ ਅਹਿਮ ਯੋਗਦਾਨ ਪਾ ਰਹੀ ਹੈ।ਯੋਗ ਕਲਾਸ ਵਿੱਚ ਸ਼ਾਮਲ ਭਾਗੀਦਾਰਾਂ ਨੇ ਦੱਸਿਆ ਕਿ ਨਿਯਮਿਤ ਯੋਗ ਅਭਿਆਸ ਨਾਲ ਉਨ੍ਹਾਂ ਦੀ ਸਰੀਰਕ ਤੰਦਰੁਸਤੀ ਵਿੱਚ ਸੁਧਾਰ ਆਇਆ ਹੈ, ਮਾਨਸਿਕ ਤਣਾਅ ਘਟਿਆ ਹੈ ਅਤੇ ਰੋਜ਼ਾਨਾ ਜੀਵਨ ਵਿੱਚ ਨਵੀਂ ਊਰਜਾ ਦਾ ਅਨੁਭਵ ਹੋ ਰਿਹਾ ਹੈ।ਇਸ ਮੌਕੇ ਭਾਗੀਦਾਰਾਂ ਨੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦਿਆਂ ਕਿਹਾ ਕਿ ਸੂਬਾ ਸਰਕਾਰ ਵੱਲੋਂ ਲੋਕਾਂ ਨੂੰ ਮੁਫ਼ਤ ਯੋਗ ਦੀ ਸਹੂਲਤ ਮੁਹੱਈਆ ਕਰਵਾਉਣਾ ਜਨ ਸਿਹਤ ਦੇ ਖੇਤਰ ਵਿੱਚ ਇੱਕ ਸ਼ਲਾਘਾਯੋਗ ਕਦਮ ਹੈ।ਉਨ੍ਹਾਂ ਇਸ ਲੋਕ-ਹਿਤੈਸ਼ੀ ਮੁਹਿੰਮ ਨੂੰ ਨਿਰੰਤਰ ਜਾਰੀ ਰੱਖਣ ਦੀ ਕਾਮਨਾ ਵੀ ਕੀਤੀ।

## ਬਜ਼ੁਰਗਾਂ ਤੇ ਲੋੜਵੰਦ ਨਾਗਰਿਕਾਂ ਦੀ ਸਮਾਜਿਕ ਸੁਰੱਖਿਆ ਨੂੰ ਮਜ਼ਬੂਤ ਕਰਨ ਲਈ 1,583 ਕਰੋੜ ਰੁਪਏ ਜਾਰੀ: ਜੀਵਨਜੋਤ ਕੌਰ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)**-ਪੰਜਾਬ ਭਰ ਦੇ ਹਜ਼ਾਰਾਂ ਬਜ਼ੁਰਗ ਨਾਗਰਿਕਾਂ ਅਤੇ ਲੋੜਵੰਦ ਪਰਿਵਾਰਾਂ ਲਈ ਸਮੇਂ ਸਿਰ ਮਿਲਣ ਵਾਲੀ ਸਮਾਜਿਕ ਸੁਰੱਖਿਆ ਸਹਾਇਤਾ ਸਿਰਫ਼ ਇੱਕ ਵਿੱਤੀ ਮਦਦ ਹੀ ਨਹੀਂ, ਸਗੋਂ ਉਨ੍ਹਾਂ ਦੇ ਮਾਣ-ਸਤਿਕਾਰ ਅਤੇ ਸੁਰੱਖਿਆ ਦਾ ਇੱਕ ਵੱਡਾ ਜ਼ਰੀਆ ਹੈ। ਇਸ ਵਚਨਬੱਧਤਾ ਤਹਿਤ ਪੰਜਾਬ ਦੇ ਸਮਾਜਿਕ ਸੁਰੱਖਿਆ, ਇਸਤਰੀ ਅਤੇ ਬਾਲ ਵਿਕਾਸ ਵਿਭਾਗ ਵੱਲੋਂ ਵਿੱਤੀ ਸਾਲ 2026-27 ਦੌਰਾਨ ਹੁਣ ਤੱਕ 1583 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਜਾ ਚੁੱਕੀ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਵਿਧਾਨ ਸਭਾ ਹਲਕਾ ਅੰਮ੍ਰਿਤਸਰ ਪੂਰਬੀ ਦੀ ਵਿਧਾਇਕਾ ਜੀਵਨਜੋਤ ਕੌਰ ਨੇ ਕਿਹਾ ਕਿ ਰਾਜ ਸਰਕਾਰ ਦੇ ਇਸ ਕਦਮ ਨਾਲ ਲੱਖਾਂ ਬਜ਼ੁਰਗਾਂ, ਵਿਧਵਾਵਾਂ, ਨਿਆਸਰਿਤ ਔਰਤਾਂ, ਅਨਾਥ ਬੱਚਿਆਂ ਅਤੇ ਦਿਵਿਆਂਗ ਵਿਅਕਤੀਆਂ ਨੂੰ ਵਿੱਤੀ ਸਹਾਇਤਾ ਵਜੋਂ ਸਿੱਧਾ ਲਾਭ ਮਿਲਿਆ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸੂਬਾ ਸਰਕਾਰ ਨੇ ਇਹ ਯਕੀਨੀ ਬਣਾ ਕੇ ਸਮਾਜਿਕ ਸੁਰੱਖਿਆ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਹੈ ਕਿ ਸਭ ਤੋਂ ਵੱਧ ਲੋੜਵੰਦ ਲੋਕਾਂ ਤੱਕ ਸਮੇਂ ਸਿਰ ਅਤੇ ਪੂਰੇ ਮਾਣ-ਸਤਿਕਾਰ ਨਾਲ ਮਦਦ ਪਹੁੰਚੇ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਲਈ ਸਮਾਜਿਕ ਸੁਰੱਖਿਆ ਸਿਰਫ਼ ਇੱਕ ਬਜਟ ਦੀ ਵਿਵਸਥਾ ਨਹੀਂ, ਬਲਕਿ ਲੋੜਵੰਦ ਵਰਗਾਂ ਪ੍ਰਤੀ ਇੱਕ ਪਵਿੱਤਰ ਵਚਨਬੱਧਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਨੇ ਚਾਲੂ ਮਾਲੀ ਸਾਲ ਦੌਰਾਨ ਸਮਾਜਿਕ ਸੁਰੱਖਿਆ ਅਤੇ ਭਲਾਈ ਸਕੀਮਾਂ ਲਈ 6,131.91 ਕਰੋੜ ਰੁਪਏ ਦਾ ਵੱਡਾ ਬਜਟ ਰੱਖਿਆ ਹੈ। ਇਹ ਇਤਿਹਾਸਕ ਬਜਟ ਵਿਵਸਥਾ ਸੂਬੇ ਦੇ ਲਗਭਗ 36 ਲੱਖ ਲਾਭਪਾਤਰੀਆਂ ਨੂੰ ਨਿਯਮਤ ਵਿੱਤੀ ਸਹਾਇਤਾ ਯਕੀਨੀ ਬਣਾ ਰਹੀ ਹੈ। ਉਨ੍ਹਾਂ ਦੱਸਿਆ ਕਿ ਬੁਢਾਪਾ ਪੈਨਸ਼ਨ ਲਈ 1,048 ਕਰੋੜ ਰੁਪਏ ਤੋਂ ਵੱਧ ਦੀ ਰਕਮ ਸਿੱਧੇ ਲਾਭਪਾਤਰੀਆਂ ਦੇ ਖਾਤਿਆਂ ਵਿੱਚ ਟ੍ਰਾਂਸਫਰ ਕੀਤੀ ਗਈ ਹੈ। ਇਸੇ ਤਰ੍ਹਾਂ ਵਿਧਵਾਵਾਂ, ਬੇਸਹਾਰਾ ਔਰਤਾਂ, ਅਨਾਥ ਤੇ ਆਸ਼ਰਿਤ ਬੱਚਿਆਂ ਅਤੇ ਦਿਵਿਆਂਗ ਵਿਅਕਤੀਆਂ ਦੇ ਫਾਇਦੇ ਲਈ ਚੱਲ ਰਹੀਆਂ ਹੋਰ ਸਮਾਜਿਕ ਸੁਰੱਖਿਆ ਸਕੀਮਾਂ ਤਹਿਤ 535 ਕਰੋੜ ਰੁਪਏ ਤੋਂ ਵੱਧ ਦੀ ਰਾਸ਼ੀ ਜਾਰੀ ਕੀਤੀ ਗਈ ਹੈ। ਇਹ ਕਦਮ ਇੱਕ ਸਮਾਜਿਕ ਤੌਰ 'ਤੇ ਸੁਰੱਖਿਅਤ ਅਤੇ ਖੁਸ਼ਹਾਲ ਪੰਜਾਬ ਸਿਰਜਣ ਦੇ ਸਰਕਾਰ ਦੇ ਸੰਕਲਪ ਨੂੰ ਹੋਰ ਮਜ਼ਬੂਤ ਕਰਦਾ ਹੈ।

## ਏ ਆਈ ਪਲੱਸ ਸਮਾਰਟਫੋਨਾਂ ਤੇ ਏ ਆਈ ਓ ਟੀ ਉਤਪਾਦਾਂ 'ਤੇ ਖਾਸ ਪੇਸ਼ਕਸ਼ਾਂ

ਅੰਮ੍ਰਿਤਸਰ-ਏਆਈ ਪਲੱਸ ਸਮਾਰਟਫੋਨ ਨੇ ਫਲਿਪਕਾਰਟ ਦੀ ਗੋਟ ਸੇਲ ਦੌਰਾਨ ਆਪਣੇ ਸਮਾਰਟਫੋਨਾਂ ਅਤੇ ਏਆਈਓਟੀ ਉਤਪਾਦਾਂ 'ਤੇ ਵਿਸ਼ੇਸ਼ ਪੇਸ਼ਕਸ਼ਾਂ ਦਾ ਐਲਾਨ ਕੀਤਾ ਹੈ।ਫਲਿਪਕਾਰਟ ਪਲੱਸ ਗਾਹਕਾਂ ਲਈ ਸੇਲ 3 ਜੁਲਾਈ ਤੋਂ ਸ਼ੁਰੂ ਹੋਵੇਗੀ, ਜਦਕਿ ਸਾਰੇ ਗਾਹਕਾਂ ਲਈ ਇਹ 4 ਜੁਲਾਈ ਤੋਂ ਉਪਲਬਧ ਹੋਵੇਗੀ।ਕੰਪਨੀ ਮੁਤਾਬਕ ਏਆਈ ਪਲੱਸ ਪਲਸ 2 ਸਮਾਰਟਫੋਨ ਨੂੰ 8,999 ਰੁਪਏ ਦੀ ਵਿਸ਼ੇਸ਼ ਕੀਮਤ ਤੇ ਪੇਸ਼ ਕੀਤਾ ਜਾ ਰਿਹਾ ਹੈ।ਇਸ ਸਮਾਰਟਫੋਨ ਵਿੱਚ 6.745 ਇੰਚ ਦਾ ਐੱਚਡੀ ਪਲੱਸ ਡਿਸਪਲੇ, 120 ਹਰਟਜ਼ ਰਿਫ੍ਰੈਸ਼ ਰੇਟ, ਯੂਨੀਸੋਕ ਟੀ7250 ਪ੍ਰੋਸੈਸਰ, 50 ਮੈਗਾਪਿਕਸਲ ਏਆਈ ਰੀਅਰ ਕੈਮਰਾ, 6000 ਐੱਮਏਐੱਚ ਬੈਟਰੀ ਅਤੇ ਐਂਡਰਾਇਡ 16 ਆਧਾਰਿਤ ਐੱਨਐਕਸਟੀਕਵਾਂਟਮ ਆਪਰੇਟਿੰਗ ਸਿਸਟਮ ਦਿੱਤਾ ਗਿਆ ਹੈ।ਏਆਈ ਪਲੱਸ ਸਮਾਰਟਫੋਨ ਦੇ ਮੁੱਖ ਕਾਰਜਕਾਰੀ ਅਧਿਕਾਰੀ ਅਤੇ ਐੱਨਐਕਸਟੀਕਵਾਂਟਮ ਸ਼ਿਫਟ ਟੈਕਨੋਲੋਜੀਜ਼ ਦੇ ਸੰਸਥਾਪਕ ਮਾਧਵ ਸ਼ੇਠ ਨੇ ਕਿਹਾ ਕਿ ਕੰਪਨੀ ਦਾ ਉਦੇਸ਼ ਵੱਧ ਤੋਂ ਵੱਧ ਗਾਹਕਾਂ ਤੱਕ ਆਪਣੇ ਸਮਾਰਟਫੋਨ ਅਤੇ ਆਪਸ ਵਿੱਚ ਜੁੜੇ ਉਪਕਰਨ ਪਹੁੰਚਾਉਣਾ ਹੈ।ਉਨ੍ਹਾਂ ਕਿਹਾ ਕਿ ਫਲਿਪਕਾਰਟ ਗੋਟ ਸੇਲ ਦੌਰਾਨ ਏਆਈ ਪਲੱਸ ਪਲਸ 2 ਦੇ ਨਾਲ-ਨਾਲ ਨੋਵਾ ਲੜੀ ਅਤੇ ਏਆਈਓਟੀ ਉਤਪਾਦਾਂ ਤੇ ਵੀ ਆਕਰਸ਼ਕ ਪੇਸ਼ਕਸ਼ਾਂ ਦਿੱਤੀਆਂ ਜਾ ਰਹੀਆਂ ਹਨ ਤਾਂ ਜੋ ਹਰ ਬਜਟ ਦੇ ਗਾਹਕਾਂ ਨੂੰ ਬਿਹਤਰ ਕਾਰਗੁਜ਼ਾਰੀ, ਸਾਫ਼ ਸਾਫਟਵੇਅਰ ਅਤੇ ਵਧੀਆ ਮੁੱਲ ਮਿਲ ਸਕੇ।ਸੇਲ ਦੌਰਾਨ ਨੋਵਾ ਲੜੀ, ਸਮਾਰਟ ਘੜੀਆਂ, ਈਅਰਬਡਜ਼ ਅਤੇ ਟੈਬਲੇਟਾਂ ਤੇ ਵੀ ਵਿਸ਼ੇਸ਼ ਪੇਸ਼ਕਸ਼ਾਂ ਉਪਲਬਧ ਰਹਿਣਗੀਆਂ।

## ਮਾਨ ਸਰਕਾਰ 15 ਅਗਸਤ ਤੋਂ ਦੇਵੇਗੀ ਸਰਪੰਚਾਂ ਨੂੰ 10,000 ਰੁਪਏ ਮਹੀਨਾਵਾਰ ਮਾਣਭੱਤਾ : ਚੇਅਰਮੈਨ ਸੰਧੂ



ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ, ਕੰਵਲਜੀਤ ਸਿੰਘ)-ਮਾਨ ਸਰਕਾਰ ਵੱਲੋਂ 15 ਅਗਸਤ ਤੋਂ ਸਰਪੰਚਾਂ ਨੂੰ 10,000 ਰੁਪਏ ਮਹੀਨਾਵਾਰ ਮਾਣਭੱਤਾ ਦੇਣ ਦੀ ਸ਼ੁਰੂਆਤ ਕੀਤੀ ਜਾ ਰਹੀ ਹੈ ਜੋ ਕਿ ਪੂਰੇ ਦੇਸ਼ ਵਿੱਚ ਆਪਣੇ ਆਪ ਵਿੱਚ ਇੱਕ ਨਿਵੇਕਲੀ ਯੋਜਨਾ ਹੋਵੇਗੀ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਜ਼ਿਲ੍ਹਾ ਯੋਜਨਾ ਕਮੇਟੀ ਅੰਮ੍ਰਿਤਸਰ ਦੇ ਚੇਅਰਮੈਨ ਅਤੇ ਆਮ ਆਦਮੀ ਪਾਰਟੀ ਦੇ ਅੰਮ੍ਰਿਤਸਰ ਦਿਹਾਤੀ ਦੇ ਪ੍ਰਧਾਨ ਗੁਰਪ੍ਰਤਾਪ ਸਿੰਘ ਸੰਧੂ ਨੇ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਬੀਤੇ ਦਿਨੀਂ 26 ਜੂਨ ਪਟਿਆਲਾ ਵਿਖੇ ਸਰਪੰਚ ਮਿਲਣੀ ਦੌਰਾਨ ਇਹ ਐਲਾਨ ਕੀਤਾ ਹੈ ਕਿ ਰਾਜ ਸਰਕਾਰ ਵੱਲੋਂ 15 ਅਗਸਤ ਤੋਂ ਸਾਰੇ ਸਰਪੰਚਾਂ ਨੂੰ 10,000 ਰੁਪਏ ਪ੍ਰਤੀ ਮਹੀਨਾ ਮਾਣਭੱਤਾ ਦਿੱਤਾ ਜਾਵੇਗਾ। ਉਨ੍ਹਾਂ ਕਿਹਾ ਕਿ ਇਸ ਤੋਂ ਪਹਿਲਾਂ ਪਿਛਲੀਆਂ ਸਰਕਾਰਾਂ ਨੇ ਸਰਪੰਚਾਂ ਨੂੰ 1,200 ਰੁਪਏ ਮਾਣਭੱਤਾ ਦੇਣ ਦਾ ਵਾਅਦਾ ਕੀਤਾ ਸੀ, ਪਰ ਉਹ ਫੈਸਲਾ ਕਦੇ ਅਮਲੀ ਰੂਪ ਵਿੱਚ ਸਾਹਮਣੇ ਨਹੀਂ ਆਇਆ ਅਤੇ ਸਰਪੰਚਾਂ ਨੂੰ ਆਪਣੇ ਹੱਕ ਲੈਣ ਲਈ ਦਰ-ਦਰ ਭਟਕਣਾ ਪੈਂਦਾ ਸੀ। ਉਨ੍ਹਾਂ ਕਿਹਾ ਕਿ ਮਾਨ ਹਾਲਾਂਕਿ ਮਾਨ ਸਰਕਾਰ ਨੇ ਸਰਪੰਚਾਂ ਨੂੰ 2,000 ਰੁਪਏ ਮਾਣਭੱਤਾ ਦੇਣਾ ਸ਼ੁਰੂ ਕੀਤਾ ਸੀ, ਜਿਸ ਨੂੰ ਹੁਣ ਵਧਾ ਕੇ 10,000 ਰੁਪਏ ਪ੍ਰਤੀ ਮਹੀਨਾ ਕੀਤਾ ਜਾਵੇਗਾ। ਉਨ੍ਹਾਂ ਕਿਹਾ ਕਿ ਪੰਚਾਇਤਾਂ ਨੂੰ ਲੋਕਤੰਤਰ ਦੀ ਨੀਂਹ ਵਜੋਂ ਜਾਣਿਆ ਜਾਂਦਾ ਹੈ ਕਿਉਂਕਿ ਪੰਚਾਇਤਾਂ ਕੋਲ ਅਥਾਹ ਸ਼ਕਤੀਆਂ ਹੁੰਦੀਆਂ ਹਨ ਅਤੇ ਇਨ੍ਹਾਂ ਦੇ ਫੈਸਲਿਆਂ ਨੂੰ ਪੂਰੇ ਪਿੰਡ ਵੱਲੋਂ ਸਤਿਕਾਰ ਨਾਲ ਮੰਨਿਆ ਜਾਂਦਾ ਹੈ। ਪਿੰਡ ਵਾਸੀਆਂ ਦੇ ਹਿੱਤਾਂ ਦੀ ਰਾਖੀ ਕਰਨਾ ਅਤੇ ਉਨ੍ਹਾਂ ਦੀਆਂ ਉਮੀਦਾਂ'ਤੇ ਖਰਾ ਉਤਰਨਾ ਹਰ ਸਰਪੰਚ ਦਾ ਨੈਤਿਕ ਫਰਜ਼ ਹੈ। ਉਨ੍ਹਾਂ ਕਿਹਾ ਕਿ ਸਾਡੇ ਦੇਸ਼ ਦੀ ਲਗਭਗ 70 ਫੀਸਦੀ ਆਬਾਦੀ ਪਿੰਡਾਂ ਵਿੱਚ ਰਹਿੰਦੀ ਹੈ, ਜਿਸ ਕਾਰਨ ਪੰਚਾਇਤੀ ਰਾਜ ਸੰਸਥਾਵਾਂ ਨੂੰ ਲੋਕਤੰਤਰ ਦਾ ਧੁਰਾ ਮੰਨਿਆ ਜਾਂਦਾ ਹੈ। ਉਨ੍ਹਾਂ ਕਿਹਾ ਕਿ ਇਹ ਸੰਸਥਾਵਾਂ ਸੂਬਾ ਸਰਕਾਰ ਦੀਆਂ ਲੋਕ-ਪੱਖੀ ਅਤੇ ਵਿਕਾਸ-ਮੁਖੀ ਸਕੀਮਾਂ ਦੇ ਲਾਭ ਜ਼ਮੀਨੀ ਪੱਧਰ ਤੱਕ ਪਹੁੰਚਾਉਣ ਲਈ ਅਹਿਮ ਜ਼ਰੀਏ ਵਜੋਂ ਕੰਮ ਕਰਦੀਆਂ ਹਨ। ਚੇਅਰਮੈਨ ਸੰਧੂ ਨੇ ਮਾਨ ਸਰਕਾਰ ਦੇ ਇਸ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ ਪੰਚਾਇਤੀ ਰਾਜ ਸੰਸਥਾ ਦੀ ਮਜ਼ਬੂਤੀ ਲਈ ਮਾਨ ਸਰਕਾਰ ਦਾ ਇਹ ਫੈਸਲਾ ਇਤਿਹਾਸਕ ਹੋ ਨਿਬੜੇਗਾ।

## ਪੰਜਾਬ ਵਿਧਾਨ ਸਭਾ ਦੀ ਸਰਕਾਰੀ ਅਨੁਮਾਨ ਕਮੇਟੀ ਨੇ ਡੈਮ ਪ੍ਰੋਜੈਕਟ ਸਬੰਧੀ ਕੀਤੀ ਮੀਟਿੰਗ



ਪਠਾਨਕੋਟ (ਦਵਿੰਦਰ ਸਿੰਘ)-ਪੰਜਾਬ ਵਿਧਾਨ ਸਭਾ ਦੀ ਸਰਕਾਰੀ ਅਨੁਮਾਨ ਕਮੇਟੀ ਨੇ ਰਣਜੀਤ ਸਾਗਰ ਡੈਮ ਪ੍ਰੋਜੈਕਟ ਦੇ ਕਮਿਊਨਿਟੀ ਸੈਂਟਰ ਵਿੱਚ ਪਹੁੰਚ ਕੇ ਡੈਮ ਅਧਿਕਾਰੀਆਂ ਨਾਲ ਮੀਟਿੰਗ ਕੀਤੀ।ਇਸ ਸਰਕਾਰੀ ਅਨੁਮਾਨ ਕਮੇਟੀ ਦੇ ਚੇਅਰਮੈਨ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ ਹਨ।ਉਨ੍ਹਾਂ ਦੇ ਨਾਲ ਵਿਧਾਇਕ ਰਾਣਾ ਗੁਰਜੀਤ ਸਿੰਘ, ਵਿਧਾਇਕ ਹਾਕਮ ਸਿੰਘ ਠੇਕੇਦਾਰ, ਵਿਧਾਇਕ ਜਗਦੀਪ ਕੰਬੋਜ ਗੋਲਡੀ, ਵਿਧਾਇਕ ਜੀਵਨ ਸਿੰਘ ਸੰਘੋਵਾਲ, ਵਿਧਾਇਕ ਲਾਭ ਸਿੰਘ ਉਗੋਕੇ, ਵਿਧਾਇਕ ਮਜਨਿੰਦਰ ਸਿੰਘ ਲਾਲਪੁਰਾ, ਵਿਧਾਇਕ ਡਾ. ਨਛੱਤਰ ਸਿੰਘ, ਵਿਧਾਇਕ ਰਜਨੀਸ਼ ਕੁਮਾਰ ਦਹਿਆ, ਵਿਧਾਇਕ ਰੁਪਿੰਦਰ ਸਿੰਘ ਡੰਗਵਾਂ, ਵਿਧਾਇਕ ਸੁਖਜਿੰਦਰ ਸਿੰਘ ਸੁੱਖੀ ਅਤੇ ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਨੰਦ ਸ਼ਾਮਲ ਸਨ।ਵਿਧਾਨ ਸਭਾ ਦੀ ਇਸ ਸਰਕਾਰੀ ਅਨੁਮਾਨ ਕਮੇਟੀ ਨੇ ਡੈਮ ਅਧਿਕਾਰੀਆਂ ਨਾਲ ਮੀਟਿੰਗ ਕਰਕੇ ਪੂਰੇ ਡੈਮ ਪ੍ਰੋਜੈਕਟ ਬਾਰੇ ਵਿਸਥਾਰਪੂਰਵਕ ਜਾਣਕਾਰੀ ਹਾਸਲ ਕੀਤੀ।ਡੈਮ ਪ੍ਰਸ਼ਾਸਨ ਦੇ ਮੁੱਖ ਇੰਜੀਨੀਅਰ ਵਿਜੈ ਗਰਗ, ਐਸ.ਈ. (ਪ੍ਰਸ਼ਾਸਨ) ਜਸਵੀਰਪਾਲ ਸਿੰਘ, ਐੱਸ.ਈ. ਜਗਦੀਸ਼ ਰਾਜ ਅਤੇ ਹੋਰ ਅਧਿਕਾਰੀਆਂ ਨੇ ਦੱਸਿਆ ਕਿ ਰਣਜੀਤ ਸਾਗਰ ਡੈਮ ਪ੍ਰੋਜੈਕਟ ਵਿੱਚ ਇਸ ਸਮੇਂ ਪਾਣੀ ਦਾ ਪੱਧਰ ਪੂਰੀ ਤਰ੍ਹਾਂ ਕੰਟਰੋਲ ਵਿੱਚ ਹੈ ਅਤੇ ਮੌਜੂਦਾ ਜਲ ਪੱਧਰ 503 ਮੀਟਰ ਹੈ, ਜਦਕਿ ਡੈਮ ਦੀ ਵੱਧ ਤੋਂ ਵੱਧ ਸਮਰੱਥਾ 527 ਮੀਟਰ ਤੱਕ ਪਾਣੀ ਸੰਭਾਲਣ ਦੀ ਹੈ।ਇਸ ਦੌਰਾਨ ਅਨੁਮਾਨ ਕਮੇਟੀ ਨੇ ਆਪਣੀ ਮੀਟਿੰਗ ਕਰਕੇ ਡੈਮ ਪ੍ਰੋਜੈਕਟ ਨਾਲ ਸਬੰਧਤ ਅਨੁਮਾਨਾਂ ਦੀ ਸਮੀਖਿਆ ਕੀਤੀ ਅਤੇ ਕਿਹਾ ਕਿ ਕਮੇਟੀ ਆਪਣੀ ਪੂਰੀ ਰਿਪੋਰਟ ਪੰਜਾਬ ਵਿਧਾਨ ਸਭਾ ਵਿੱਚ ਪੇਸ਼ ਕਰੇਗੀ।ਇਸ ਤੋਂ ਬਾਅਦ ਸਰਕਾਰੀ ਅਨੁਮਾਨ ਕਮੇਟੀ ਨੇ ਸ਼ਹੀਦ ਸਮਾਰਕ ਤੇ ਪਹੁੰਚ ਕੇ ਡੈਮ ਪ੍ਰੋਜੈਕਟ ਦੇ ਨਿਰਮਾਣ ਦੌਰਾਨ ਸ਼ਹੀਦ ਹੋਏ ਕਰਮਚਾਰੀਆਂ ਨੂੰ ਪੁਸ਼ਪ ਭੇਟ ਕਰਦੇ ਹੋਏ ਸ਼ਰਧਾਂਜਲੀ ਅਰਪਿਤ ਕੀਤੀ।ਇਸ ਮੌਕੇ ਸਰਕਾਰੀ ਅਨੁਮਾਨ ਕਮੇਟੀ ਦੇ ਸਭਾਪਤੀ ਵਿਧਾਇਕ ਮਨਜੀਤ ਸਿੰਘ ਬਿਲਾਸਪੁਰ, ਵਿਧਾਇਕ ਡਾ. ਨਛੱਤਰ ਸਿੰਘ, ਵਿਧਾਇਕ ਅੰਮ੍ਰਿਤਪਾਲ ਸਿੰਘ ਸੁਖਨੰਦ, ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ, ਮੁੱਖ ਇੰਜੀਨੀਅਰ ਵਿਜੈ ਗਰਗ, ਨਿਗਰਾਨ ਇੰਜੀਨੀਅਰ ਜਸਵੀਰਪਾਲ ਸਿੰਘ, ਐੱਸ. ਈ. ਜਗਦੀਸ਼ ਰਾਜ, ਐੱਸ. ਡੀ. ਐੱਮ. ਧਾਰ ਕਲਾਂ ਸ਼ੰਕਰ ਸ਼ਰਮਾ, ਡੀ. ਐੱਸ. ਪੀ. ਧਾਰ ਕਲਾਂ ਰਾਜੇਸ਼ ਕੱਕੜ, ਐਕਸੀਅਨ ਹੈੱਡਕੁਆਰਟਰ ਮੁਨੀਸ਼ ਕੁਮਾਰ ਅਤੇ ਹੋਰ ਅਧਿਕਾਰੀ ਹਾਜ਼ਰ ਸਨ।

## ਦੋ ਗੁਜਰਾਤੀ 62 ਲੱਖ ਨਗਦੀ ਸਮੇਤ ਗ੍ਰਿਫ਼ਤਾਰ



ਗੁਰਦਾਸਪੁਰ (ਜਨਕ ਮਹਾਜਨ)-ਸ਼ਹਿਰ ਵਿੱਚ ਕਾਨੂੰਨ ਵਿਵਸਥਾ ਬਣਾਏ ਰਖਣ ਲਈ ਜ਼ਿਲ੍ਹਾ ਗੁਰਦਾਸਪੁਰ ਪੁਲਸ ਵੱਲੋਂ ਵੱਖ-ਵੱਖ ਥਾਵਾਂ ਤੇ ਨਾਕੇਬੰਦੀ ਕਰਕੇ ਚੈਕਿੰਗ ਕੀਤੀ ਜਾ ਰਹੀ ਹੈ। ਅਜਿਹੀ ਹੀ ਇੱਕ ਵਿਸ਼ੇਸ਼ ਨਾਕੇਬੰਦੀ ਦੌਰਾਨ ਪੁਲਸ ਨੇ ਕਰੇਟਾ ਕਾਰ 'ਚ ਆ ਰਹੇ ਦੋ ਗੁਜਰਾਤੀ ਨੌਜਵਾਨਾਂ ਨੂੰ 62 ਲੱਖ ਰੁਪਏ ਦੀ ਨਗਦੀ ਸਮੇਤ ਗ੍ਰਿਫ਼ਤਾਰ ਕੀਤਾ ਹੈ।ਹੈਰਾਨੀ ਦੀ ਗੱਲ ਇਹ ਹੈ ਕਿ ਦੋਨੋਂ ਹੀ ਨੌਜਵਾਨ 20 ਸਾਲ ਤੋਂ ਘੱਟ ਉਮਰ ਦੇ ਹਨ।ਹੁਣ ਇਨ੍ਹਾਂ ਨੂੰ ਇਨਕਮ ਟੈਕਸ ਵਿਭਾਗ ਨੂੰ ਸੌਂਪ ਦਿੱਤਾ ਗਿਆ ਹੈ ਤੇ ਇਹ ਜਾਂਚ ਕੀਤੀ ਜਾ ਰਹੀ ਹੈ ਕਿ ਆਖਰ ਇੰਨੀ ਵੱਡੀ ਗਿਣਤੀ ਵਿੱਚ ਨਗਦੀ ਇਹ ਕਿੱਥੇ ਲੈ ਕੇ ਜਾ ਰਹੇ ਸੀ ਅਤੇ ਕਿੱਥੇ ਵਰਤੀ ਜਾਣੀ ਸੀ।

ਡੀਐੱਸਪੀ ਸ਼ਾਹਬਾਜ਼ ਸਿੰਘ ਨੇ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਦੋਵੇਂ ਨੌਜਵਾਨ ਅਹਿਮਦਾਬਾਦ ਦੇ ਰਹਿਣ ਵਾਲੇ ਹਨ ਅਤੇ 62 ਲੱਖ ਰੁਪਏ ਦੀ ਵੱਡੀ ਰਕਮ ਲੈ ਕੇ ਕਿਤੇ ਜਾ ਰਹੇ ਸਨ।ਇਨ੍ਹਾਂ ਦੋਵਾਂ ਨੂੰ ਗ੍ਰਿਫ਼ਤਾਰ ਕਰਕੇ ਇਨਕਮ ਟੈਕਸ ਵਿਭਾਗ ਦੇ ਹਵਾਲੇ ਕਰ ਦਿੱਤਾ ਗਿਆ ਹੈ ਅਤੇ ਵਿਭਾਗ ਇਨ੍ਹਾਂ ਤੋਂ ਪੁੱਛਗਿੱਛ ਕਰ ਰਿਹਾ ਹੈ।

## ਕੁਰਸੀ ਦੀ ਲੜਾਈ 'ਚ ਉਲਝੀ ਕਾਂਗਰਸ, ਮੁੱਦੇ ਗਾਇਬ : ਅਕਸ਼ੈ ਸ਼ਰਮਾ



ਛੇਹਰਟਾ, (ਮਨੋਜ ਕੁਮਾਰ) : ਅੰਮ੍ਰਿਤਸਰ ਉੱਤਰੀ ਵਿਧਾਨ ਸਭਾ ਹਲਕੇ ਤੋਂ ਭਾਜਪਾ ਆਗੂ ਅਕਸ਼ੈ ਸ਼ਰਮਾ ਨੇ ਪੰਜਾਬ ਕਾਂਗਰਸ 'ਤੇ ਤਿੱਖਾ ਨਿਸ਼ਾਨਾ ਸਾਧਦਿਆਂ ਕਿਹਾ ਕਿ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਦੇ ਨਿਵਾਸ 'ਤੇ ਹੋਈ ਮੀਟਿੰਗ ਨੇ ਪਾਰਟੀ ਦੀ ਅੰਦਰੂਨੀ ਗੁੱਟਬਾਜ਼ੀ ਨੂੰ ਬੇਨਕਾਬ ਕਰ ਦਿੱਤਾ ਹੈ। ਉਨ੍ਹਾਂ ਕਿਹਾ ਕਿ ਅਮਰਿੰਦਰ ਸਿੰਘ ਰਾਜਾ ਵੜਿੰਗ ਨੂੰ ਲਗਾਤਾਰ ਪੰਜਾਬ ਕਾਂਗਰਸ ਦਾ ਪ੍ਰਧਾਨ ਬਣਾਏ ਜਾਣ ਤੋਂ ਬਾਅਦ ਪਾਰਟੀ ਦੋ ਧੜਿਆਂ ਵਿਚ ਵੰਡੀ ਗਈ ਹੈ। ਅਕਸ਼ੈ ਸ਼ਰਮਾ ਨੇ ਕਿਹਾ ਕਿ ਇਕ ਪਾਸੇ ਕਾਂਗਰਸੀ ਆਗੂ ਪੰਜਾਬ ਵਿਚ ਸਰਕਾਰ ਬਣਾਉਣ ਦੇ ਦਾਅਵੇ ਕਰ ਰਹੇ ਹਨ, ਜਦਕਿ ਦੂਜੇ ਪਾਸੇ ਮੁੱਖ ਮੰਤਰੀ ਦੀ ਕੁਰਸੀ ਤੇ ਲੀਡਰਸ਼ਿਪ ਦੀ ਦੌੜ ਵਿਚ ਹੀ ਉਲਝੇ ਹੋਏ ਹਨ। ਉਨ੍ਹਾਂ ਕਿਹਾ ਕਿ ਇਸ ਪੂਰੀ ਖਿੱਚਤਾਣ ਦੌਰਾਨ ਪੰਜਾਬ ਦੇ ਅਸਲ ਮੁੱਦੇ ਤੇ ਲੋਕਾਂ ਦਾ ਏਜੰਡਾ ਪੂਰੀ ਤਰ੍ਹਾਂ ਗਾਇਬ ਹੋ ਗਿਆ ਹੈ। ਉਨ੍ਹਾਂ ਕਿਹਾ ਕਿ ਜੋ ਆਗੂ ਆਪਣੀ ਪਾਰਟੀ ਨੂੰ ਇਕਜੁੱਟ ਨਹੀਂ ਰੱਖ ਸਕਦੇ, ਉਹ ਪੰਜਾਬ ਨੂੰ ਕਿਵੇਂ ਸੰਭਾਲਣਗੇ? ਕਾਂਗਰਸ ਅੱਜ ਲੀਡਰਸ਼ਿਪ ਸੰਕਟ ਤੇ ਆਪਸੀ ਗੁੱਟਬਾਜ਼ੀ ਨਾਲ ਜੂਝ ਰਹੀ ਹੈ। ਅਕਸ਼ੈ ਸ਼ਰਮਾ ਨੇ ਅੱਗੇ ਕਿਹਾ ਕਿ ਪੰਜਾਬ ਦੀ ਜਨਤਾ ਵਿਕਾਸ, ਰੋਜ਼ਗਾਰ, ਕਾਨੂੰਨ-ਵਿਵਸਥਾ ਤੇ ਨਸ਼ਿਆਂ ਵਰਗੇ ਗੰਭੀਰ ਮੁੱਦਿਆਂ 'ਤੇ ਜਵਾਬ ਚਾਹੁੰਦੀ ਹੈ, ਪਰ ਕਾਂਗਰਸ ਇਨ੍ਹਾਂ ਮੁੱਦਿਆਂ ਦੀ ਬਜਾਏ ਆਪਣੀ ਅੰਦਰੂਨੀ ਰਾਜਨੀਤੀ ਵਿਚ ਹੀ ਉਲਝੀ ਹੋਈ ਹੈ। ਉਨ੍ਹਾਂ ਦਾਅਵਾ ਕੀਤਾ ਕਿ ਸੂਬੇ ਦੀ ਭਲਾਈ ਲਈ ਭਾਜਪਾ ਹੀ ਇਕੋ-ਇਕ ਬਦਲ ਹੈ ਤੇ 2027 ਦੀਆਂ ਵਿਧਾਨ ਸਭਾ ਚੋਣਾਂ ਵਿਚ ਲੋਕ ਭਾਜਪਾ ਦੇ ਹੱਕ ਵਿਚ ਫ਼ੈਸਲਾ ਕਰਕੇ ਪੰਜਾਬ ਨੂੰ ਮੁੜ ਤਰੱਕੀ ਦੀ ਰਾਹ 'ਤੇ ਲੈ ਜਾਣਗੇ।

## ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਵਰਕਿੰਗ ਪ੍ਰਧਾਨ ਬਣਨ 'ਤੇ ਡੈਨੀ ਬੰਡਾਲਾ ਗੁ. ਬਾਬਾ ਹੰਦਾਲ ਸਾਹਿਬ ਹੋਏ ਨਤਮਸਤਕ



ਜੰਡਿਆਲਾ ਗੁਰੂ (ਹਰਿੰਦਰ ਪਾਲ ਸਿੰਘ): ਕਾਂਗਰਸ ਹਾਈਕਮਾਂਡ ਵੱਲੋਂ ਪੰਜਾਬ ਵਿੱਚ ਜੋ ਨਵੀਂ ਟੀਮ ਬਣਾਈ ਗਈ ਹੈ ਉਹ ਸਾਰੀ ਇੱਕਮੁੱਠ ਹੋ ਕੇ ਆਉਣ ਵਾਲੀਆਂ 2027 ਵਿਧਾਨ ਸਭਾ ਚੋਣਾਂ ਵਿੱਚ ਭਾਰੀ ਬਹੁਮਤ ਹਾਸਲ ਕਰਕੇ ਕਾਂਗਰਸ ਸਰਕਾਰ ਦਾ ਗਠਨ ਕਰੇਗੀ । ਉਕਤ ਸ਼ਬਦਾਂ ਦਾ ਪ੍ਰਗਟਾਵਾ ਕਰਦੇ ਹੋਏ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਵਰਕਿੰਗ ਪ੍ਰਧਾਨ ਚੁਣੇ ਗਏ ਸੁਖਵਿੰਦਰ ਸਿੰਘ ਡੈਨੀ ਬੰਡਾਲਾ ਸਾਬਕਾ ਵਿਧਾਇਕ ਜੋ ਪਰਮਾਤਮਾ ਦਾ ਸ਼ੁਕਰਾਨਾ ਕਰਨ ਅਤੇ ਅਸ਼ੀਰਵਾਦ ਲੈਣ ਲਈ ਜੰਡਿਆਲਾ ਗੁਰੂ ਗੁਰਦੁਆਰਾ ਬਾਬਾ ਹੰਦਾਲ ਸਾਹਿਬ ਆਪਣੀ ਸਮੁੱਚੀ ਟੀਮ ਨਾਲ ਆਏ ਸੀ, ਨੇ ਕਿਹਾ ਕਿ ਪੰਜਾਬ ਕਾਂਗਰਸ ਨੂੰ ਸੰਗਠਨਾਤਮਕ ਤੌਰ 'ਤੇ ਹੋਰ ਮਜ਼ਬੂਤ ਕਰਨ ਲਈ ਮੇਰੇ 'ਤੇ ਭਰੋਸਾ ਜਤਾਉਂਦੇ ਹੋਏ ਮੈਨੂੰ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਵਰਕਿੰਗ ਪ੍ਰਧਾਨ ਦੀ ਅਹਿਮ ਜ਼ਿੰਮੇਵਾਰੀ ਸੌਂਪਣ ਲਈ ਮੈਂ ਕਾਂਗਰਸੀ ਸੰਸਦੀ ਦਲ ਦੇ ਚੇਅਰਪਰਸਨ ਸੋਨੀਆ ਗਾਂਧੀ, ਅਖਿਲ ਭਾਰਤੀ ਕਾਂਗਰਸ ਕਮੇਟੀ ਦੇ ਪ੍ਰਧਾਨ ਮਲਿੱਕਾਰਜੁਨ ਖੜਗੇ, ਲੋਕ ਸਭਾ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ, ਅਖਿਲ ਭਾਰਤੀ ਕਾਂਗਰਸ ਕਮੇਟੀ ਦੇ ਜਨਰਲ ਸਕੱਤਰ ਪ੍ਰਿਅੰਕਾ ਗਾਂਧੀ, ਰਾਸ਼ਟਰੀ ਸੰਗਠਨ ਜਨਰਲ ਸਕੱਤਰ ਕੇ. ਸੀ. ਵੇਣੂਗੋਪਾਲ ਅਤੇ ਪੰਜਾਬ ਮਾਮਲਿਆਂ ਦੇ ਇੰਚਾਰਜ ਭੂਪੇਸ਼ ਬਘੇਲ ਦਾ ਸ਼ੁਕਰਗੁਜ਼ਾਰ ਹਾਂ।ਮੈਂ ਸਮੁੱਚੀ ਹਾਈਕਮਾਨ ਨੂੰ ਵਿਸ਼ਵਾਸ ਦਿਵਾਉਂਦਾ ਹਾਂ ਕਿ ਪਾਰਟੀ ਦੀ ਵੱਡੀ ਜਿੱਤ ਲਈ ਹਰ ਪਿੰਡ, ਹਰ ਵਾਰਡ ਤੱਕ ਕਾਂਗਰਸ ਦੀ ਆਵਾਜ਼ ਬੁਲੰਦ ਕਰਾਂਗੇ ਅਤੇ 2027 ਵਿੱਚ ਬਹੁਮਤ ਨਾਲ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਾਵਾਂਗੇ।ਮੌਜੂਦਾ ਸਰਕਾਰ ਦੀ ਕਾਰਗੁਜ਼ਾਰੀ ਸਬੰਧੀ ਸਵਾਲ ਦਾ ਜਵਾਬ ਦਿੰਦੇ ਹੋਏ ਓਹਨਾਂ ਨੇ ਕਿਹਾ ਕਿ ਪੰਜਾਬ ਵਿੱਚ ਪੂਰੀ ਤਰ੍ਹਾਂ ਜੰਗਲ ਰਾਜ ਸਥਾਪਤ ਹੋ ਚੁੱਕਾ ਹੈ ।ਡੈਨੀ ਬੰਡਾਲਾ ਨੇ ਕਿਹਾ ਕਿ ਪੰਜਾਬ ਦੀ ਮੌਜੂਦਾ ਸਰਕਾਰ ਤੋਂ ਹਰ ਵਰਗ ਚਾਹੇ ਉਹ ਵਪਾਰੀ, ਮਜ਼ਦੂਰ, ਕਿਸਾਨ ਜਾਂ ਸਰਕਾਰੀ ਮੁਲਾਜ਼ਮ ਹਰ ਇਕ ਦੁਖੀ ਹੈ । ਗੁਰਦੁਆਰਾ ਸਾਹਿਬ ਮੱਥਾ ਟੇਕਣ ਦੌਰਾਨ ਉਨ੍ਹਾਂ ਦੇ ਨਾਲ ਹੋਰਨਾਂ ਤੋਂ ਇਲਾਵਾ ਜਤਿੰਦਰ ਸਿੰਘ ਨਾਟੀ ਸ਼ਹਿਰੀ ਪ੍ਰਧਾਨ, ਪ੍ਰਤਾਪ ਸਿੰਘ ਮਲਹੋਤਰਾ ਕੌਂਸਲਰ, ਚਰਨਜੀਤ ਸਿੰਘ ਟੀਟੋ, ਸੁਰਿੰਦਰ ਸੇਠ, ਐਡਵੋਕੇਟ ਅਮਿਤ ਅਰੋੜਾ, ਅਰਵਿੰਦਰ ਸਿੰਘ ਪਿੰਟੂ ਮਲਹੋਤਰਾ, ਹਰਦੇਵ ਸਿੰਘ ਰਿੰਕੂ, ਪਰਮਦੀਪ ਸਿੰਘ ਮਲਹੋਤਰਾ, ਇੰਦਰਜੀਤ ਮਹਿਤਾ, ਪਰਭਾਤ ਆਨੰਦ, ਸੁਖਜਿੰਦਰ ਸਿੰਘ ਗੋਲਡੀ, ਸੋਨੂੰ ਵਿਰਕ, ਨਿਰਮਲ ਸਿੰਘ, ਸੋਨੂੰ ਬਰਾੜ, ਰਾਜਦੀਪ ਸੈਣੀ, ਜੀਤ ਸਿੰਘ ਪੇਂਟਰ, ਧਰਮਬੀਰ ਸਿੰਘ, ਰਾਣਾ ਜੰਡ, ਇੰਦਰਜੀਤ, ਗੁਰਪਿੰਦਰ ਸਿੰਘ ਰੋਬਿਨ, ਮਹਿੰਦਰ ਸਿੰਘ ਕਾਲਾ, ਕਸ਼ਮੀਰੀ ਲਾਲ , ਗੁਰਦੇਵ ਸਿੰਘ ਮਲਹੋਤਰਾ, ਮਦਨ ਮੋਹਨ, ਲਖਵਿੰਦਰ ਸਿੰਘ ਬੰਡਾਲਾ, ਬੀਬੀ ਰਣਜੀਤ ਕੌਰ, ਪਰਮਜੀਤ ਕੌਰ ਆਦਿ ਮੌਜੂਦ ਸਨ

# 24 ਹਜ਼ਾਰ ਕਰਮਚਾਰੀਆਂ ਦੀ ਪ੍ਰੋਵੀਡੈਂਟ ਫੰਡ ਦੀ 114 ਕਰੋੜ ਦੀ ਰਕਮ ਜਾਰੀ : ਚੱਬੇਵਾਲ

**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਵੱਲੋਂ ਜੇ ਸੀ ਟੀ ਮਿੱਲ ਦੇ ਹਜ਼ਾਰਾਂ ਕਰਮਾਚਾਰੀਆਂ ਦੇ ਹੱਕਾਂ ਦੀ ਰਾਖੀ ਲਈ ਕੀਤੇ ਜਾ ਰਹੇ ਯਤਨ ਅੱਜ ਉਸ ਵੇਲੇ ਰੰਗ



ਲਿਆਏ ਜਦੋਂ ਮਿੱਲ ਦੇ 24 ਹਜ਼ਾਰ ਕਰਮਚਾਰੀਆਂ ਦੀ ਚਿਰੋਕਲੀ ਪ੍ਰੋਵੀਡੈਂਟ ਫੰਡ ਦੀ ਮੰਗ ਪੂਰੀ ਹੋਈ ਤੇ ਸਰਕਾਰ ਵੱਲੋਂ ਇਨ੍ਹਾਂ ਕਰਮਚਾਰੀਆਂ ਦੇ ਫੰਡ ਲਈ 114 ਕਰੋੜ ਰੁਪਏ ਜਾਰੀ ਕੀਤੇ ਗਏ। ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਕਿਹਾ ਕਿ ਸਥਾਨਕ ਜੇ ਸੀ ਟੀ ਮਿੱਲ ਅਤੇ ਇਸਦੀਆਂ ਇਕਾਈਆਂ ਦੇ ਕਰੀਬ 24 ਹਜ਼ਾਰ ਕਰਮਚਾਰੀਆਂ ਦਾ ਪ੍ਰੋਵੀਡੈਂਟ ਫੰਡ ਦਾ ਮਸਲਾ ਲੰਬੇ ਸਮੇਂ ਤੋਂ ਚੱਲਿਆ ਆ ਰਿਹਾ ਸੀ ਜੋ ਅੱਜ ਹੱਲ ਕਰ ਲਿਆ ਗਿਆ ਹੈ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਜਾਰੀ 114 ਕਰੋੜ ਰੁਪਏ ਜਲਦ ਹੀ ਲੋੜੀਂਦੀਆਂ ਵਿਭਾਗੀ ਪ੍ਰਕਿਰਿਆਵਾਂ ਪੂਰੀਆਂ ਹੋਣ ਤੋਂ ਬਾਅਦ ਇਹ ਰਕਮ ਕਰਮਚਾਰੀਆਂ ਦੇ ਬੈਂਕ ਖਾਤਿਆਂ ਵਿੱਚ ਭੇਜੀ ਜਾਵੇਗੀ। ਉਨ੍ਹਾਂ ਕਿਹਾ ਕਿ ਮਿੱਲ ਦੇ ਬੰਦ ਹੋਣ ਤੋਂ ਬਾਅਦ ਹਜ਼ਾਰਾਂ ਕਰਮਚਾਰੀ ਅਤੇ ਉਨ੍ਹਾਂ ਦੇ ਪਰਵਾਰ ਲਗਾਤਾਰ ਇਹ ਮੰਗ ਰੱਖ ਰਹੇ ਸਨ ਜਿਸ ਨੂੰ ਉਨ੍ਹਾਂ ਨੇ ਸਬੰਧਤ ਵਿਭਾਗਾਂ ਅਤੇ ਸਰਕਾਰ ਦੇ ਸਾਹਮਣੇ ਰੱਖ ਕੇ ਇਸ ਦਾ ਹੱਲ ਕਰਵਾ ਦਿੱਤਾ ਹੈ ਅਤੇ ਇਹ ਰਕਮ ਜਾਰੀ ਹੋ ਚੁੱਕੀ ਹੈ। ਲੋਕ ਸਭਾ ਮੈਂਬਰ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਹਰ ਵਰਗ ਦੇ ਹਿੱਤਾਂ ਦੀ ਰਾਖੀ ਲਈ ਪੂਰੀ ਵਚਨਬੱਧ ਹੈ ਅਤੇ ਕਿਸੇ ਦੇ ਹਿੱਤਾਂ ਦਾ ਨੁਕਸਾਨ ਨਹੀਂ ਹੋਣ ਦਿੱਤਾ ਜਾਵੇਗਾ। ਡਾ. ਚੱਬੇਵਾਲ ਨੇ ਕਿਹਾ ਕਿ ਫੰਡ ਦੀ ਰਕਮ ਜਾਰੀ ਹੋਣ ਬਾਰੇ ਪਤਾ ਲੱਗਦੇ ਹੀ ਕਰਮਚਾਰੀਆਂ ਅਤੇ ਉਨ੍ਹਾਂ ਦੇ ਪਰਵਾਰਾਂ ਵਿੱਚ ਖੁਸ਼ੀ ਦਾ ਮਾਹੌਲ ਹੈ। ਸੰਸਦ ਮੈਂਬਰ ਡਾ. ਰਾਜ ਨੇ ਕਿਹਾ ਕਿ ਇਸ ਰਕਮ ਵਿੱਚ 58 ਅਜਿਹੇ ਪੈਨਸ਼ਨਰ ਵੀ ਸ਼ਾਮਲ ਕੀਤੇ ਗਏ ਹਨ ਜਿਨ੍ਹਾਂ ਦੀ ਪੈਨਸ਼ਨ 3 ਲੱਖ ਰੁਪਏ ਤੋਂ ਵੱਧ ਹੈ ਅਤੇ ਹੁਣ ਉਨ੍ਹਾਂ ਨੂੰ ਹਰ ਮਹੀਨੇ ਨਿਯਮਿਤ ਪੈਨਸ਼ਨ ਮਿਲਦੀ ਰਹੇਗੀ। ਨਗਰ ਨਿਗਮ ਵਿੱਚ ਹੋਏ ਸਮਾਗਮ ਦੌਰਾਨ 10 ਕਰਮਚਾਰੀਆਂ ਨੂੰ ਪੈਨਸ਼ਨ ਦੇ ਚੈੱਕ ਸੌਂਪੇ ਗਏ।ਉਨ੍ਹਾਂ ਕਿਹਾ ਕਿ ਜੇ ਸੀ ਟੀ ਮਿੱਲ, ਜਿਸ ਨੂੰ ਨਵੇਂ ਮਾਲਕਾਂ ਨੇ ਖਰੀਦ ਲਿਆ ਹੈ, ਵੱਲੋਂ ਬਾਕੀ ਰਹਿੰਦੀ ਬਕਾਇਆ ਰਕਮ ਵੀ ਕਰਮਚਾਰੀਆਂ ਨੂੰ ਦਿੱਤੀ ਜਾਵੇਗੀ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ ਰਨਦੀਪ ਸਿੰਘ ਹੀਰ, ਐੱਸ ਪੀ ਮਾਧਵੀ ਸ਼ਰਮਾ, ਐੱਸ ਡੀ ਐੱਮ ਨਵਜੋਤ ਸ਼ਰਮਾ, ਕੋਰਟ ਅਫ਼ਸਰ (ਰੈਜ਼ੋਲਿਊਸ਼ਨ ਪ੍ਰੋਫੈਸ਼ਨਲ) ਉਮੇਸ਼ ਗਰਗ ਅਤੇ ਹੋਰ ਕਈ ਅਧਿਕਾਰੀ ਮੌਜੂਦ ਸਨ।

# ਸ਼ਾਨਦਾਰ ਕਾਰਗੁਜ਼ਾਰੀ ਕਰਨ ਵਾਲੇ ਡਾਕਟਰਾਂ ਦਾ ਸਨਮਾਨ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਮੈਡੀਕਲ ਪੇਸ਼ੇਵਰਾਂ ਦੀਆਂ ਅਣਥੱਕ ਸੇਵਾਵਾਂ ਨੂੰ ਮਾਨਤਾ ਦੇਣ ਲਈ ਅਹਿਮ ਕਦਮ ਚੁੱਕਦਿਆਂ ਸਿਹਤ ਅਤੇ ਪਰਿਵਾਰ ਭਲਾਈ ਮੰਤਰੀ ਡਾ. ਬਲਬੀਰ ਸਿੰਘ ਨੇ ਇੱਥੇ ਮਿਊਂਸੀਪਲ ਭਵਨ ਵਿਖੇ ਰਾਸ਼ਟਰੀ ਡਾਕਟਰ ਦਿਵਸ ਮਨਾਉਣ ਲਈ ਕਰਵਾਏ ਰਾਜ ਪੱਧਰੀ ਡਾਕਟਰ ਪੁਰਸਕਾਰ ਸਮਾਰੋਹ ਵਿੱਚ ਸਰਕਾਰੀ ਅਤੇ ਨਿੱਜੀ ਖੇਤਰ ਦੇ 59 ਡਾਕਟਰਾਂ ਨੂੰ ਉਹਨਾਂ ਦੀ ਸ਼ਾਨਦਾਰ ਕਾਰਗੁਜ਼ਾਰੀ ਲਈ ਸਨਮਾਨਤ ਕੀਤਾ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਆਪਣੀ ਕਿਸਮ ਦੀ ਇਹ ਨਵੇਕਲੀ ਨੀਤੀ ਵਧੀਆ ਕਰਗੁਜ਼ਾਰੀ ਵਾਲੇ ਡਾਕਟਰਾਂ ਨੂੰ ਸਨਮਾਨਿਤ ਕਰਨ ਦਾ ਸੁਹਿਰਦ ਉਪਰਾਲਾ ਹੈ । ਇਸ ਸੰਸਥਾਗਤ ਅਤੇ ਯੋਗਤਾ-ਅਧਾਰਤ ਨੀਤੀ ਤਹਿਤ ਸੂਬੇ ਦੇ ਸਿਹਤ ਵਿਭਾਗ, ਸਰਕਾਰੀ ਮੈਡੀਕਲ ਕਾਲਜਾਂ ਅਤੇ ਨਿੱਜੀ ਖੇਤਰ ਦੇ ਵਧੀਆ ਸੇਵਾਵਾਂ ਨਿਭਾਉਣ ਵਾਲੇ ਡਾਕਟਰਾਂ ਨੂੰ ਸਨਮਾਨ ਪੱਤਰ ਅਤੇ ਯਾਦਗਾਰੀ ਚਿੰਨ੍ਹ ਦਿੱਤੇ ਗਏ । ਸਾਰੇ ਡਾਕਟਰਾਂ ਨੂੰ ਡਾਕਟਰ ਦਿਵਸ 'ਤੇ ਵਧਾਈ ਦਿੰਦਿਆਂ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਪੰਜਾਬ ਇੰਸਟੀਚਿਊਟ ਆਫ਼ ਲਿਵਰ ਐਂਡ ਬਿਲੀਅਰੀ ਸਾਇੰਸਿਜ਼ (ਪੀ ਆਈ ਐੱਲ ਬੀ ਐੱਸ) ਦੇ ਡਾਇਰੈਕਟਰ ਡਾ. ਵੀਰੇਂਦਰ ਸਿੰਘ ਦਾ ਉਹਨਾਂ ਦੇ ਵੱਡਮੁਲੇ ਯੋਗਦਾਨ ਲਈ ਵਿਸ਼ੇਸ਼ ਤੌਰ 'ਤੇ ਜ਼ਿਕਰ ਕੀਤਾ।ਉਹਨਾਂ ਕਿਹਾ, 'ਜਿਸ ਇਮਾਰਤ ਨੂੰ ਅਸਲ ਵਿੱਚ ਇੱਕ ਕਮਿਊਨਿਟੀ ਹੈਲਥ ਸੈਂਟਰ ਲਈ ਬਣਾਇਆ ਗਿਆ ਸੀ, ਉਥੇ ਹੁਣ ਪੀ ਆਈ ਐੱਲ ਬੀ ਐੱਸ ਹੈ, ਜਿੱਥੇ ਪਹਿਲਾ ਲੀਵਰ ਟ੍ਰਾਂਸਪਲਾਂਟ ਸਫਲਤਾਪੂਰਵਕ ਕੀਤਾ ਗਿਆ ਹੈ'। ਉਨ੍ਹਾ ਇਹ ਵੀ ਕਿਹਾ ਕਿ ਇੰਸਟੀਚਿਊਟ ਵਿੱਚ ਬਹੁਤ ਜਲਦ ਗੁਰਦੇ ਟ੍ਰਾਂਸਪਲਾਂਟ ਕਰਨ ਦੀ ਸਹੂਲਤ ਵੀ ਸ਼ੁਰੂ ਹੋ ਰਹੀ ਹੈ । ਸਿਹਤ ਮੰਤਰੀ ਨੇ ਹੋਮੀ ਭਾਬਾ ਕੈਂਸਰ ਹਸਪਤਾਲ ਦੇ ਡਾਇਰੈਕਟਰ ਡਾ. ਆਸ਼ੀਸ਼ ਗੁਲੀਆ ਦੀ ਰਾਜ ਵਿੱਚ ਕੈਂਸਰ ਸਬੰਧੀ ਦੇਖਭਾਲ ਨੂੰ ਉੱਚ ਪੱਧਰ 'ਤੇ ਲਿਜਾਣ ਅਤੇ ਸ਼ੁਰੂਆਤੀ ਨਿਦਾਨ 'ਤੇ ਧਿਆਨ ਕੇਂਦਰਿਤ ਕਰਕੇ ਕੈਂਸਰ ਦੀ ਰੋਕਥਾਮ ਕਰਨ ਲਈ ਸ਼ਲਾਘਾ ਕੀਤੀ।ਡਾ. ਬਲਬੀਰ ਸਿੰਘ ਨੇ ਐਲਾਨ ਕੀਤਾ ਕਿ ਬਹੁਤ ਜਲਦੀ ਇਸੇ ਤਰਾਂ ਆਸ਼ਾ ਵਰਕਰਾਂ, ਪੈਰਾ -ਮੈਡੀਕਲ ਸਟਾਫ ਤੇ ਹੋਰ ਹੈਲਥ ਵਰਕਰਾਂ ਨੂੰ ਸਨਮਾਨਤ ਕਰਨ ਲਈ ਸੂਬਾ ਪੱਧਰੀ ਸਮਾਗਮ ਕਰਵਾਇਆ ਜਾਵੇਗਾ।




# ਵਾਰਡ ਨੰਬਰ 23 'ਚ 'ਆਪ' ਉਮੀਦਵਾਰ ਸ਼ੈਰੀ ਨੇ ਸਾਰੀਆਂ ਪਾਰਟੀਆਂ ਦੇ ਉਮੀਦਵਾਰਾਂ ਨੂੰ ਚੋਣ ਪ੍ਰਚਾਰ 'ਚ ਪਛਾੜਿਆ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਨਗਰ ਨਿਗਮ ਹੁਸ਼ਿਆਰਪੁਰ ਦੀਆਂ ਚੋਣਾਂ ਨੂੰ ਲੈ ਕੇ ਸਿਆਸੀ ਮਾਹੌਲ ਪੂਰੀ ਤਰ੍ਹਾਂ ਗਰਮਾ ਚੁੱਕਾ ਹੈ ਅਤੇ ਚੋਣ ਪ੍ਰਚਾਰ ਆਖਰੀ ਪੜਾਅ ਤੇ ਪਹੁੰਚ ਚੁੱਕਾ ਹੈ। ਇਸ ਵਾਰ ਵਾਰਡ ਨੰਬਰ 23 ਦੇ ਵੋਟਰਾਂ ਦਾ ਮੂਡ ਪੂਰੀ ਤਰ੍ਹਾਂ ਬਦਲਿਆ ਹੋਇਆ ਨਜ਼ਰ ਆ ਰਿਹਾ ਹੈ। ਵਾਰਡ ਵਾਸੀਆਂ ਵੱਲੋਂ ਆਮ ਆਦਮੀ ਪਾਰਟੀ ਦੀ ਉਮੀਦਵਾਰ ਸ਼ੈਰੀ ਨੂੰ ਭਰਵਾਂ ਸਹਿਯੋਗ ਅਤੇ ਹੁੰਗਾਰਾ ਦਿੱਤਾ ਜਾ ਰਿਹਾ ਹੈ।ਪਿਛਲੇ ਪੰਜ ਸਾਲਾਂ ਤੋਂ ਵਾਰਡ ਵਿੱਚ ਵਿਕਾਸ ਦੇ ਕੋਈ ਵੀ ਕੰਮ ਨਾ ਹੋਣ ਕਰਕੇ ਵਾਰਡ ਦੇ ਵੋਟਰਾਂ ਨੇ ਇਸ ਵਾਰ ਕਾਂਗਰਸ ਪਾਰਟੀ ਦੇ ਉਮੀਦਵਾਰ ਨੂੰ ਹਰਾਉਣ ਦਾ ਪੂਰਾ ਮਨ ਬਣਾ ਲਿਆ ਹੈ ਉਥੇ ਭਾਰਤੀ ਜਨਤਾ ਪਾਰਟੀ (ਭਾਜਪਾ), ਬਹੁਜਨ ਸਮਾਜ ਪਾਰਟੀ ਅਤੇ ਅਕਾਲੀ ਦਲ ਦੇ ਉਮੀਦਵਾਰਾਂ ਲਈ ਇਹ ਚੋਣ ਦੂਰ ਦੀ ਖੇਡ ਬਣ ਚੁੱਕੀ ਹੈ। ਵਾਰਡ ਵਿੱਚ ਆਮ ਆਦਮੀ ਪਾਰਟੀ ਦੀ ਉਮੀਦਵਾਰ ਦੇ ਪੱਖ ਵਿੱਚ ਬਦਲਾਅ ਦੀ ਲਹਿਰ ਸਾਫ਼ ਦੇਖਣ ਨੂੰ ਮਿਲ ਰਹੀ ਹੈ। ਇਸ ਵਾਰ ਵਾਰਡ ਨੰਬਰ 23 ਇਸਤਰੀਆਂ ਦੇ ਲਈ ਰਾਖਵਾਂ ਹੈ ਚੋਣ ਮੈਦਾਨ ਵਿੱਚ 5 ਔਰਤਾਂ ਦੇ ਆਉਣ ਨਾਲ ਮੁਕਾਬਲਾ ਬੇਹੱਦ ਦਿਲਚਸਪ ਹੋ ਗਿਆ ਸੀ। ਆਮ ਆਦਮੀ ਪਾਰਟੀ ਵੱਲੋਂ ਸ਼ੈਰੀ ਅਤੇ ਕਾਂਗਰਸ ਪਾਰਟੀ ਵੱਲੋਂ ਸਾਬਕਾ ਕੌਂਸਲਰ ਪਵਿੱਤਰਦੀਪ ਦੀ ਧਰਮ ਪਤਨੀ ਬਲਜੀਤ ਕੌਰ ਨੂੰ ਉਮੀਦਵਾਰ ਬਣਾਇਆ ਗਿਆ ਹੈ। ਵਾਰਡ ਵਾਸੀਆਂ ਦਾ ਕਹਿਣਾ ਹੈ ਕਿ ਪਵਿੱਤਰ ਦੀਪ ਸਿੰਘ ਲੁਬਾਣਾ ਸਾਬਕਾ ਕੌਂਸਲਰ ਵੱਲੋਂ ਪਿਛਲੇ ਪੰਜ ਸਾਲਾਂ ਦੌਰਾਨ ਵਾਰਡ ਵਿੱਚ ਕੋਈ ਵੀ ਵਿਕਾਸ ਦਾ ਕੰਮ ਨਹੀਂ ਕਰਵਾਇਆ ਗਿਆ। ਵਾਰਡ ਦੇ ਵੋਟਰਾਂ ਨਾਲ ਗੱਲਬਾਤ ਕਰਨ 'ਤੇ ਉਨ੍ਹਾਂ ਨੇ ਸਪੱਸ਼ਟ ਸ਼ਬਦਾਂ ਵਿੱਚ ਕਿਹਾ ਕਿ ਭਾਜਪਾ ਨੂੰ ਪੂਰੇ ਪੰਜਾਬ ਦੇ ਲੋਕਾਂ ਨੇ ਮੁੱਢੋਂ ਹੀ ਨਕਾਰਿਆ ਹੋਇਆ ਹੈ। ਕਿਸਾਨੀ ਅੰਦੋਲਨ ਅਤੇ ਪੰਜਾਬ ਵਿਰੋਧੀ ਨੀਤੀਆਂ ਕਾਰਨ ਲੋਕਾਂ ਦੇ ਮਨਾਂ ਵਿੱਚ ਭਾਜਪਾ ਪ੍ਰਤੀ ਭਾਰੀ ਰੋਸ ਹੈ। ਵੋਟਰਾਂ ਦਾ ਕਹਿਣਾ ਹੈ ਕਿ ਇਸ ਵਾਰ ਵਾਰਡ ਨੰਬਰ 26 ਵਿੱਚ ਕਾਂਗਰਸ, ਭਾਜਪਾ, ਬੀ ਐਸ ਪੀ ਅਤੇ ਅਕਾਲੀ ਦਲ ਦੇ ਉਮੀਦਵਾਰਾਂ ਦਾ ਕੋਈ ਸਿਆਸੀ ਆਧਾਰ ਨਹੀਂ ਰਹਿ ਗਿਆ ਹੈ। ਲੋਕ ਹੁਣ ਪੁਰਾਣੇ ਲਾਰਿਆਂ ਤੋਂ ਤੰਗ ਆ ਚੁੱਕੇ ਹਨ ਅਤੇ ਵਾਰਡ ਦੇ ਸਰਬਪੱਖੀ ਵਿਕਾਸ ਲਈ ਇੱਕ ਨਵੀਂ ਸੋਚ ਵਾਲਾ ਕੌਂਸਲਰ ਚੁਣਨਾ ਚਾਹੁੰਦੇ ਹਨ।

# ਪੰਜਾਬ ਦੇ ਸਰਬਪੱਖੀ ਵਿਕਾਸ ਲਈ ਫੰਡਾਂ ਦੀ ਕਮੀ ਨਹੀਂ ਆਉਣ ਦਿੱਤੀ ਜਾਵੇਗੀ : ਕੁਲਵੰਤ ਸਿੰਘ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਚਲਾਈਆਂ ਜਾ ਰਹੀਆਂ ਲੋਕ ਭਲਾਈ ਯੋਜਨਾਵਾਂ ਅਤੇ ਵਿਕਾਸ ਕਾਰਜਾਂ ਬਾਰੇ ਲੋਕਾਂ ਨੂੰ ਵਧੇਰੇ ਜਾਗਰੂਕ ਕਰਨ ਦੇ ਉਦੇਸ਼ ਨਾਲ ਵਿਧਾਨ ਸਭਾ ਹਲਕਾ ਮੋਹਾਲੀ ਸਮੇਤ ਸੂਬੇ ਭਰ ਵਿੱਚ 'ਲੋਕ ਮਿਲਣੀ' ਪ੍ਰੋਗਰਾਮ ਆਯੋਜਿਤ ਕੀਤੇ ਜਾ ਰਹੇ ਹਨ।ਇਸੇ ਲੜੀ ਤਹਿਤ ਵਿਧਾਇਕ ਮੋਹਾਲੀ ਕੁਲਵੰਤ ਸਿੰਘ ਨੇ ਪਿੰਡ ਕੈਲੋਂ, ਸੈਦਪੁਰ ਅਤੇ ਗਿੱਦੜਪੁਰ ਵਿਖੇ ਆਯੋਜਿਤ ਲੋਕ ਮਿਲਣੀ ਪ੍ਰੋਗਰਾਮਾਂ ਦੌਰਾਨ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਲੋਕਾਂ ਨਾਲ ਕੀਤੇ ਹਰ ਵਾਅਦੇ ਨੂੰ ਪੂਰਾ ਕਰਨ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਆਪਣੇ ਕਾਰਜਕਾਲ ਦੇ ਸ਼ੁਰੂ ਤੋਂ ਹੀ ਲੋਕ ਭਲਾਈ ਨੂੰ ਤਰਜੀਹ ਦਿੱਤੀ ਹੈ ਅਤੇ ਮਾਵਾਂ-ਧੀਆਂ ਸਤਿਕਾਰ ਯੋਜਨਾ ਸਮੇਤ ਸਰਕਾਰ ਦੀਆਂ ਗਾਰੰਟੀਆਂ ਨੂੰ ਅਮਲੀ ਰੂਪ ਦਿੱਤਾ ਜਾ ਰਿਹਾ ਹੈ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਦੇ ਸਰਬਪੱਖੀ ਵਿਕਾਸ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਵਿਕਾਸ ਕਾਰਜਾਂ ਲਈ ਫੰਡਾਂ ਦੀ ਕੋਈ ਘਾਟ ਨਹੀਂ ਆਉਣ ਦਿੱਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਪਿੰਡ ਕੈਲੋਂ ਵਿੱਚ ਅਨੁਸੂਚਿਤ ਜਾਤੀ ਨਾਲ ਸਬੰਧਤ ਧਰਮਸ਼ਾਲਾ ਲਈ 15 ਲੱਖ ਰੁਪਏ, ਪਛੜੀਆਂ ਸ਼੍ਰੇਣੀਆਂ ਦੀ ਧਰਮਸ਼ਾਲਾ ਲਈ 5 ਲੱਖ ਰੁਪਏ ਜਲਦੀ ਜਾਰੀ ਕੀਤੇ ਜਾਣਗੇ। ਇਸ ਤੋਂ ਇਲਾਵਾ ਚਾਰ ਲੋੜਵੰਦ ਪਰਿਵਾਰਾਂ ਦੇ ਮਕਾਨਾਂ ਲਈ 8 ਲੱਖ ਰੁਪਏ ਜਾਰੀ ਕੀਤੇ ਜਾ ਚੁੱਕੇ ਹਨ।



# ਬਿਜਲੀ ਕੱਟਾਂ ਤੋਂ ਲੋਕ ਹੋਏ ਪਰੇਸ਼ਾਨ : ਚੌਹਾਨ

**ਅੱਡਾ ਸਰਾਂ (ਜਸਵੀਰ ਕਾਜਲ)**- ਕਿਸਾਨਾਂ ਨੂੰ ਦਿਨ ਵੇਲੇ ਬਿਜਲੀ ਦੇਣ ਦੇ ਵੱਡੇ ਵੱਡੇ ਵਾਅਦੇ ਅਤੇ ਦਾਅਵੇ ਕਰਨ ਵਾਲੀ ਮੌਜੂਦਾ ਸਰਕਾਰ ਹਰ ਫਰੰਟ 'ਤੇ ਫੇਲ੍ਹ ਹੋਈ ਹੈ। ਇਨ੍ਹਾਂ ਸ਼ਬਦਾਂ ਪ੍ਰਗਟਾਵਾ ਜਸਵਿੰਦਰ ਸਿੰਘ ਚੌਹਾਨ ਵਾਰਸ ਪੰਜਾਬ ਦੇ ਸਰਕਲ ਪ੍ਰਧਾਨ (ਅੱਡਾ ਸਰਾਂ) ਜ਼ੋਨ ਕੰਧਾਲਾ ਜੱਟਾਂ ਨੇ ਕੀਤਾ।ਉਨ੍ਹਾਂ ਕਿਹਾ ਕਿ ਕੜਾਕੇ ਦੀ ਗਰਮੀ ਵਿਚ ਲੋਕਾਂ ਦਾ ਘਰੋਂ ਨਿਕਲਣਾ ਮੁਸ਼ਕਲ ਹੋਇਆ ਪਿਆ ਹੈ ਪਰ ਆਪ ਸਰਕਾਰ ਜਿਥੇ ਕਿਸਾਨਾਂ ਨੂੰ ਝੋਨੇ ਦੀ ਫਸਲ ਬੀਜਣ ਲਈ ਅੱਠ ਘੰਟੇ ਬਿਜਲੀ ਸਪਲਾਈ ਦੇਣ ਤੋਂ ਨਕਾਮ ਰਹੀ ਹੈ ਉਥੇ ਘਰੇਲੂ ਖਪਤਕਾਰਾਂ ਨੂੰ ਬਿਜਲੀ ਦੇ ਕੱਟਾਂ ਨੇ ਬੇਹਾਲ ਕੀਤਾ ਹੋਇਆ ਹੈ। ਉਨ੍ਹਾਂ ਕਿਹਾ ਸਰਕਾਰ ਨੂੰ ਲੋਕਾਂ ਅਤੇ ਕਿਸਾਨਾਂ ਦੇ ਹਿਤਾਂ ਦਾ ਖਿਆਲ ਰੱਖਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਬਿਜਲੀ ਦੀ ਸਪਲਾਈ ਨਿਰੰਤਰ ਹੋਵੇਗੀ ਤਦ ਹੀ ਝੋਨੇ ਦੀ ਫ਼ਸਲ ਹੋਵੇਗੀ। ਉਨ੍ਹਾਂ ਕਿਹਾ ਸਰਕਾਰ ਨੂੰ ਬਿਜਲੀ ਸੰਕਟ ਦੇ ਪੁਖਤਾ ਪ੍ਰਬੰਧ ਕਰਨੇ ਚਹੀਦੇ ਹਨ। ਇਸ ਮੌਕੇ, ਪਰਮਜੀਤ ਸਿੰਘ ਨੰਬਰਦਾਰ, ਜਤਿੰਦਰ ਸਿੰਘ, ਦਮਨਪ੍ਰੀਤ ਸਿੰਘ, ਸੁਖਜੀਤ ਸਿੰਘ, ਪਰਮਿੰਦਰ ਸਿੰਘ, ਸਤਪਾਲ ਸਿੰਘ, ਗੁਰਸ਼ਰਨ ਸਿੰਘ ਆਦਿ ਹਾਜ਼ਰ ਸਨ।



# ਮਾਨ ਸਰਕਾਰ ਦੇ ਇਤਿਹਾਸਕ ਫੈਸਲਿਆਂ ਸਦਕਾ 2027 'ਚ ਫਿਰ ਬਣੇਗੀ 'ਆਪ' ਦੀ ਸਰਕਾਰ : ਚੇਅਰਮੈਨ ਜਲਾਲਪੁਰ

**ਬਲਾਚੌਰ/ਪੋਜੇਵਾਲ (ਜਸਵਿੰਦਰ ਬੈਂਸ/ਰਾਮ ਲਾਲ)**- ਜ਼ਿਲ੍ਹਾ ਪਲੈਨਿੰਗ ਬੋਰਡ ਸ਼ਹੀਦ ਭਗਤ ਸਿੰਘ ਨਗਰ ਦੇ ਚੇਅਰਮੈਨ ਸਤਨਾਮ ਸਿੰਘ ਜਲਾਲਪੁਰ ਵੱਲੋਂ ਪਨਿਆਲੀ ਕਲਾਂ ਵਿਖੇ ਇੱਕ ਵਿਸ਼ਾਲ ਜਨਤਕ ਇਕੱਠ ਅਤੇ ਪਾਰਟੀ ਵਰਕਰਾਂ ਨਾਲ ਅਹਿਮ ਮੀਟਿੰਗ ਕੀਤੀ ਗਈ। ਇਸ ਦੌਰਾਨ ਉਨ੍ਹਾਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ ਵੱਲੋਂ ਹੁਣ ਤੱਕ ਲੋਕਾਂ ਨੂੰ ਦਿੱਤੀਆਂ ਗਈਆਂ ਬੇਮਿਸਾਲ ਸਹੂਲਤਾਂ ਅਤੇ ਇਲਾਕੇ ਦੇ ਵਿਕਾਸ ਕਾਰਜਾਂ ਦਾ ਵੇਰਵਾ ਸਾਂਝਾ ਕੀਤਾ।ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਜਲਾਲਪੁਰ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਉਹ ਇਤਿਹਾਸਕ ਅਤੇ ਅਧੂਰੇ ਕੰਮ ਪੂਰੇ ਕਰਕੇ ਦਿਖਾਏ ਹਨ, ਜੋ ਪਿਛਲੀਆਂ ਰਵਾਇਤੀ ਸਰਕਾਰਾਂ ਨੇ ਅੱਜ ਤੱਕ ਕਦੇ ਨਹੀਂ ਕੀਤੇ ਸਨ। ਉਨ੍ਹਾਂ ਦਾਅਵਾ ਕੀਤਾ ਕਿ 2027 ਦੀਆਂ ਵੋਟਾਂ ਵਿੱਚ ਆਮ ਆਦਮੀ ਪਾਰਟੀ ਭਾਰੀ ਬਹੁਮਤ ਨਾਲ ਜਿੱਤ ਪ੍ਰਾਪਤ ਕਰਕੇ ਦੂਜੀ ਵਾਰ ਆਪਣੀ ਸਰਕਾਰ ਬਣਾਵੇਗੀ। ਪਿੰਡਾਂ ਦੀ ਨੁਹਾਰ ਬਦਲਣ ਲਈ ਪੰਜਾਬ ਸਰਕਾਰ ਵੱਲੋਂ ਹਰੇਕ ਪਿੰਡ ਨੂੰ ਗ੍ਰਾਂਟਾਂ ਦਿੱਤੀਆਂ ਜਾ ਰਹੀਆਂ ਹਨ।

ਬੱਚਿਆਂ ਨੂੰ ਖੇਡਾਂ ਵੱਲ ਪ੍ਰੇਰਿਤ ਕਰਨ ਅਤੇ ਨਸ਼ਿਆਂ ਤੋਂ ਦੂਰ ਰੱਖਣ ਲਈ ਪਿੰਡਾਂ ਵਿੱਚ ਖੇਡ ਸਟੇਡੀਅਮ ਬਣਾਏ ਜਾ ਰਹੇ ਹਨ।

ਇਸ ਮੌਕੇ ਤੇ ਪਾਖਰ ਸਿੰਘ, ਸੋਹਣ ਸਿੰਘ ਪ੍ਰਧਾਨ, ਅਵਤਾਰ ਸਿੰਘ ਤਾਰੀ ਬਾਬਾ ਗੁਰਦੁਆਰਾ ਸਭਾ, ਜੁਝਾਰ ਸਿੰਘ, ਹਰਨੇਕ ਸਿੰਘ ਪੰਚ, ਬਬਰ ਜਾਗਰ ਸਿੰਘ, ਧਰਮ ਸਿੰਘ, ਨਾਜਰ ਸਿੰਘ ਕਲਬੀਰ ਸਿੰਘ, ਬਾਰਾ ਸਿੰਘ, ਹੈਪੀ, ਜਗਤਾਰ ਸਿੰਘ ਗੁਰਦੇਵ ਸਿੰਘ, ਹਰਪ੍ਰੀਤ ਸਿੰਘ,ਅਵਤਾਰ ਸਿੰਘ ਜੋਗ, ਸੋਹਣ ਸਿੰਘ, ਜਗਜੀਤ ਸਿੰਘ, ਨਿਰਮਲ ਸਿੰਘ, ਗੁਰਦੇਵ ਸਿੰਘ, ਕੁਲਬੀਰ ਸਿੰਘ, ਜੁਝਾਰ ਸਿੰਘ, ਹੈਪੀ, ਸਤਨਾਮ ਸਿੰਘ, ਜਗਤਾਰ ਸਿੰਘ, ਅਤੇ ਦਰਸ਼ਨ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਅਤੇ ਪਿੰਡ ਵਾਸੀ ਹਾਜ਼ਰ ਸਨ।



# ਲੈਕਚਰਾਰ ਭਰਤੀ 'ਚ ਰਾਖਵੀਆਂ ਅਸਾਮੀਆਂ ਖਾਲੀ ਛੱਡਣਾ ਰਾਖਵੇਂਕਰਨ 'ਤੇ ਸਿੱਧਾ ਹਮਲਾ : ਕਰਮਜੀਤ ਸਿੰਘ ਬਿੱਟੂ



**ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਕਾਂਗਰਸ ਐੱਸ ਸੀ ਸੈੱਲ ਪੰਜਾਬ ਦੇ ਸੂਬਾ ਕੋਆਰਡੀਨੇਟਰ ਕਰਮਜੀਤ ਸਿੰਘ ਬਿੱਟੂ ਨੇ ਪੰਜਾਬ ਸਰਕਾਰ ਵੱਲੋਂ ਲੈਕਚਰਾਰ ਭਰਤੀ ਦੌਰਾਨ ਅਨੁਸੂਚਿਤ ਜਾਤੀਆਂ (ਐੱਸ ਸੀ) ਲਈ ਰਾਖਵੀਆਂ ਅਸਾਮੀਆਂ ਨੂੰ ਕਈ ਵਿਸ਼ਿਆਂ ਵਿੱਚ ਖਾਲੀ ਛੱਡਣ ਦੇ ਮਾਮਲੇ ਨੂੰ ਗੰਭੀਰ ਦੱਸਦਿਆਂ ਇਸ ਦੀ ਸਖ਼ਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਉਨ੍ਹਾਂ ਕਿਹਾ ਕਿ ਭਰਤੀ ਦੇ ਜਾਰੀ ਕੀਤੇ ਗਏ ਅੰਕੜਿਆਂ ਅਨੁਸਾਰ ਬਾਇਓਲੋਜੀ, ਕਾਮਰਸ, ਇਤਿਹਾਸ, ਪੰਜਾਬੀ, ਭੂਗੋਲ, ਰਸਾਇਣ ਵਿਗਿਆਨ ਅਤੇ ਹੋਰ ਕਈ ਵਿਸ਼ਿਆਂ ਵਿੱਚ ਜਿੱਥੇ ਜਨਰਲ ਵਰਗ ਦੀਆਂ ਅਸਾਮੀਆਂ ਭਰੀਆਂ ਗਈਆਂ ਹਨ, ਉੱਥੇ ਐੱਸ ਸੀ ਵਰਗ ਲਈ ਰਾਖਵੀਆਂ ਅਸਾਮੀਆਂ ਜਾਂ ਤਾਂ ਬਿਲਕੁਲ ਨਹੀਂ ਭਰੀਆਂ ਗਈਆਂ ਜਾਂ ਨਾਮਾਤਰ ਰੱਖੀਆਂ ਗਈਆਂ ਹਨ। ਇਹ ਸਿਰਫ਼ ਭਰਤੀ ਪ੍ਰਕਿਰਿਆ ਵਿੱਚ ਲਾਪਰਵਾਹੀ ਨਹੀਂ, ਸਗੋਂ ਅਨੁਸੂਚਿਤ ਜਾਤੀਆਂ ਦੇ ਸੰਵਿਧਾਨਕ ਹੱਕਾਂ ਦੀ ਖੁੱਲ੍ਹੀ ਉਲੰਘਣਾ ਹੈ। ਕਰਮਜੀਤ ਸਿੰਘ ਬਿੱਟੂ ਨੇ ਕਿਹਾ ਕਿ ਰਾਖਵਾਂਕਰਨ ਭਾਰਤ ਦੇ ਸੰਵਿਧਾਨ ਦਾ ਅਟੁੱਟ ਹਿੱਸਾ ਹੈ ਅਤੇ ਇਹ ਡਾ. ਭੀਮ ਰਾਓ ਅੰਬੇਡਕਰ ਵੱਲੋਂ ਸਮਾਜਿਕ ਨਿਆਂ ਅਤੇ ਬਰਾਬਰੀ ਨੂੰ ਯਕੀਨੀ ਬਣਾਉਣ ਲਈ ਦਿੱਤਾ ਗਿਆ ਸੰਵਿਧਾਨਕ ਅਧਿਕਾਰ ਹੈ। ਇਸ ਨਾਲ ਕਿਸੇ ਵੀ ਤਰ੍ਹਾਂ ਦੀ ਛੇੜਛਾੜ ਜਾਂ ਇਸ ਨੂੰ ਕਮਜ਼ੋਰ ਕਰਨ ਦੀ ਕੋਸ਼ਿਸ਼ ਬਰਦਾਸ਼ਤ ਨਹੀਂ ਕੀਤੀ ਜਾ ਸਕਦੀ।

# ਸਟੇਟ ਬੈਂਕ ਨੇ ਸਥਾਪਨਾ ਦਿਵਸ ਮਨਾਇਆ

**ਨਕੋਦਰ (ਮਨਜੀਤ ਮਾਨ)**- ਸਟੇਟ ਬੈਂਕ ਆਫ ਇੰਡੀਆ ਦੀ ਪਿੰਡ ਚਿੱਟੀ ਦੀ ਬ੍ਰਾਂਚ ਨੇ ਆਪਣਾ 56ਵਾਂ ਸਥਾਪਨਾ ਦਿਵਸ ਬੜੇ ਉਤਸਾਹ ਨਾਲ ਮਨਾਇਆ। ਇਸ ਮੌਕੇ ਤੇ ਬੈਂਕ ਮੈਨੇਜਰ ਰਜਨੀ ਬਾਲਾ, ਉਪਿੰਦਰ ਸ਼ਰਮਾ, ਛੋਟੇ ਬੱਚੇ ਸੁਰਖ਼ਾਬ ਵੀਰ, ਕਿਰਨਦੀਪ ਤੇ ਸ਼੍ਰੋਮਣੀ ਪੰਜਾਬੀ ਬਾਲ ਸਾਹਿਤ ਲੇਖਕ ਮਾਸਟਰ ਆਤਮਾ ਸਿੰਘ ਚਿੱਟੀ ਤੋਂ ਕੇਕ ਕਟਵਾ ਕੇ ਬੈਂਕ ਦਾ ਸਥਾਪਨਾ ਦਿਵਸ ਵਿਜੇ ਕੁਮਾਰ, ਸੁਰਿੰਦਰ ਕੌਰ, ਗਨਮੈਨ ਸਤਨਾਮ ਸਿੰਘ, ਸੁਖਜਿੰਦਰ ਸਿੰਘ ਮਿਸਤਰੀ ਪਿਆਰਾ ਲਾਲ ਤੇ ਨਿਰਮਲ ਕੌਰ ਨੀਨਾ ਦੀ ਹਾਜ਼ਰੀ ਵਿੱਚ ਮਨਾਇਆ ਗਿਆ । ਬੈਂਕ ਦੀ ਮੈਨੇਜਰ ਰਜਨੀ ਬਾਲਾ ਨੇ ਹਾਜ਼ਰੀਨ ਦਾ ਧੰਨਵਾਦ ਕੀਤਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਬਲਵਿੰਦਰ ਕੌਰ, ਰੇਖਾ ਸ਼ਰਮਾ, ਮਨਜੀਤ ਸਿੰਘ ਚਿੱਟੀ, ਪਰਮਜੀਤ ਕੌਰ ਮਲਸੀਆ, ਹੈੱਡ ਟੀਚਰ ਰੇਨੂ ਬਾਲਾ, ਰੇਸ਼ਮ ਸਿੰਘ ਰੋਮੀ, ਕਿਰਨਦੀਪ ਆਦਿ ਨੇ ਸਾਰੇ ਸਮਾਗਮ ਵਿੱਚ ਹਾਜ਼ਰੀ ਭਰੀ ਮਾਸਟਰ ਆਤਮਾ ਸਿੰਘ ਚਿੱਟੀ ਨੂੰ ਸਟੇਟ ਬੈਂਕ ਦੀ ਨਵੇਂ ਸਾਲ 2026 ਦੀ ਡਾਇਰੀ ਦੇ ਕੇ ਸਨਮਾਨਤ ਕੀਤਾ।



# ਪ੍ਰੇਮ ਨਗਰ ਸੇਵਾ ਸੁਸਾਇਟੀ ਨੇ ਲਗਾਇਆ ਸਬਜ਼ੀਆਂ ਦਾ ਮਾਸਿਕ ਲੰਗਰ

**ਫਗਵਾੜਾ (ਜਸਵਿੰਦਰ ਢੱਡਾ)**- ਪ੍ਰੇਮ ਨਗਰ ਸੇਵਾ ਸੁਸਾਇਟੀ ਵੱਲੋਂ ਸਥਾਨਕ ਖੇੜਾ ਰੋਡ 'ਤੇ ਹਰੀਆਂ ਸਬਜ਼ੀਆਂ ਦਾ ਮਹੀਨਾਵਾਰ ਲੰਗਰ ਲਗਾਇਆ ਗਿਆ ਜਿਸ ਦੀ ਸ਼ੁਰੂਆਤ ਨਗਰ ਕੌਂਸਲ ਫਗਵਾੜਾ ਦੇ ਸਾਬਕਾ ਚੇਅਰਮੈਨ ਮਲਕੀਅਤ ਸਿੰਘ ਰਗਬੋਤਰਾ ਨੇ ਕਰਵਾਈ। ਉਹਨਾਂ ਨੇ ਸੁਸਾਇਟੀ ਦੇ ਉਪਰਾਲੇ ਦੀ ਸ਼ਲਾਘਾ ਕੀਤੀ ਅਤੇ ਕਿਹਾ ਕਿ ਹਰੀਆਂ ਸਬਜੀਆਂ ਨਾਲ ਸ਼ਰੀਰ ਨੂੰ ਪੌਸ਼ਟਿਕ ਤੱਤ ਮਿਲਦੇ ਹਨ ਅਤੇ ਕਈ ਰੋਗਾਂ ਤੋਂ ਬਚਾਅ ਰਹਿੰਦਾ ਹੈ। ਉਹਨਾਂ ਦੱਸਿਆ ਕਿ ਇਸ ਪ੍ਰੋਜੈਕਟ ਦਾ ਉਦੇਸ਼ ਰੋਜ਼ਾਨਾ ਦੀ ਰੁਟੀਨ ਵਿੱਚ ਹਰੀਆਂ ਸਬਜ਼ੀਆਂ ਦਾ ਸੇਵਨ ਕਰਨ ਲਈ ਪ੍ਰੇਰਿਤ ਕਰਨਾ ਹੈ। ਇਸ ਦੌਰਾਨ ਮੁਹੱਲਾ ਪ੍ਰੇਮ ਨਗਰ, ਮਾਸਟਰ ਸਾਧੂ ਰਾਮ ਨਗਰ, ਗੁਰੂ ਨਾਨਕ ਪੁਰਾ ਅਤੇ ਖੇੜਾ ਰੋਡ ਦੇ ਵਸਨੀਕਾਂ ਤੋਂ ਇਲਾਵਾ ਰਾਹਗੀਰਾਂ ਨੂੰ ਫਰੀ ਸਬਜ਼ੀਆਂ ਵੰਡੀਆਂ ਗਈਆਂ। ਇਸ ਦੌਰਾਨ ਸਮਾਜ ਸੇਵਕ ਮੋਹਨ ਲਾਲ ਤਨੇਜਾ ਨੇ ਭਰੋਸਾ ਦਿੱਤਾ ਕਿ ਇਹ ਉਪਰਾਲਾ ਅੱਗੇ ਵੀ ਜਾਰੀ ਰਹੇਗਾ। ਇਸ ਮੌਕੇ ਸੁਸਾਇਟੀ ਦੇ ਪ੍ਰਧਾਨ ਸੁਧੀਰ ਸ਼ਰਮਾ, ਸਕੱਤਰ ਸੁਰਿੰਦਰ ਪਾਲ, ਵੰਦਨਾ ਸ਼ਰਮਾ, ਸੁਧਾ ਬੇਦੀ, ਵਿਜੇ ਕੁਮਾਰ ਆਦਿ ਹਾਜ਼ਰ ਸਨ।



# ਡੇਰਾ ਦੁੱਧਾਧਾਰੀ ਵਿਖੇ ਸਲਾਨਾ ਭੰਡਾਰਾ ਸ਼ਰਧਾ ਨਾਲ ਮਨਾਇਆ

**ਆਦਮਪੁਰ (ਪਰਮਜੀਤ ਸਿੰਘ)**- ਧੰਨ - ਧੰਨ ਮਹੰਤ ਨਿਹਾਲ ਦਾਸ ਜੀ ਅਤੇ ਸਤਿਕਾਰਯੋਗ ਸੰਤੋਖ ਦਾਸ ਜੀ ਡੇਰਾ ਦੁੱਧਾਧਾਰੀ ਪਿੰਡ ਦੇਣੋਵਾਲ ਖੁਰਦ ਵਿਖੇ ਸਲਾਨਾ ਭੰਡਾਰਾ ਮੌਜੂਦਾ ਗੱਦੀ ਨਸ਼ੀਨ ਸੰਤ ਸੁਖਦੇਵ ਦਾਸ ਦੀ ਦੇਖ-ਰੇਖ ਹੇਠ ਬੜੀ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਗਿਆ। ਸਮਾਗਮ ਦੌਰਾਨ ਸਵੇਰੇ 8 ਵਜੇ ਨਿਸ਼ਾਨ ਸਾਹਿਬ ਦੀ ਰਸਮ ਅਦਾ ਕੀਤੀ ਗਈ ਅਤੇ 9 ਵਜੇ ਤੋਂ 3 ਵਜੇ ਤੱਕ ਕਵਾਲੀ ਮਹਿਫ਼ਲ ਮੌਕੇ ਪ੍ਰਸਿੱਧ ਕਲਾਕਾਰ ਸਰਦਾਰ ਅਲੀ ਵਲੋਂ ਆਪਣੀ ਹਾਜ਼ਰੀ ਭਰਦੇ ਹੋਏ ਸੰਗਤਾਂ ਨੂੰ ਰੂਹਾਨੀ ਕਲਾਮਾਂ ਨਾਲ ਨਿਹਾਲ ਕੀਤਾ ਗਿਆ।ਪੰਜਾਬ ਦੇ ਵੱਖ-ਵੱਖ ਸ਼ਹਿਰਾਂ ਤੋਂ ਸੰਤਾਂ ਮਹਾਪੁਰਸ਼ਾਂ ਇਸ ਮੇਲੇ ਵਿਚ ਪਹੁੰਚ ਕੇ ਮੇਲੇ ਦੀ ਸੋਭਾ ਨੂੰ ਚਾਰ ਚੰਨ ਲਾ ਦਿੱਤੇ। ਚਾਹ ਪਕੌੜੇ ਅਤੇ ਗੁਰੂ ਕਾ ਅਤੁੱਟ ਲੰਗਰ ਵਰਤਿਆ।



# ਅਭਿਵਿਅਕਤੀ ਸਾਹਿਤਕ ਸੰਸਥਾ ਦੀ ਇਕੱਤਰਤਾ ਅੱਜ

**ਚੰਡੀਗੜ੍ਹ (ਸੁਰਜੀਤ ਸੁਮਨ)**- ਅਭਿਵਿਅਕਤੀ ਸਾਹਿਤਕ ਸੰਸਥਾ, ਚੰਡੀਗੜ੍ਹ ਦੀ ਇੱਕਤਰਤਾ 4 ਜੁਲਾਈ ਨੂੰ ਦੁਪਹਿਰ 2.00 ਵਜੇ ਪੰਜਾਬ ਯੂਨੀਵਰਸਿਟੀ ਸਾਊਥ ਕੈਂਪਸ ਦੇ ਮਾਈਕਰੋਬਾਇਲੋਜੀ ਵਿਭਾਗ ਵਿਖੇ ਹੋਵੇਗੀ। ਇਸ ਸਬੰਧੀ ਸੰਸਥਾ ਦੇ ਸੰਯੋਜਕ ਤੇ ਸਾਹਿਤਕਾਰ ਵਿਜੈ ਕਪੂਰ ਨੇ ਦੱਸਿਆ ਕਿ ਇਸ ਗੋਸ਼ਠੀ ਦੀ ਪ੍ਰਧਾਨਗੀ ਡਾ. ਨਵੀਨ ਗੁਪਤਾ ਕਰਨਗੇ। ਉਨ੍ਹਾਂ ਦੱਸਿਆ ਕਿ ਇਸ ਗੋਸ਼ਠੀ ਵਿੱਚ ਟਰਾਈਸਿਟੀ ਦੇ ਚਰਚਿਤ ਤੇ ਉੱਭਰ ਰਹੇ ਕਵੀ, ਕਹਾਣੀਕਾਰ ਤੇ ਵਿਅੰਗਕਾਰ ਸ਼ਾਮਿਲ ਹੋ ਰਹੇ ਹਨ।



# ਨੋਟੀਫਾਈਡ ਏਰੀਆ 'ਚ ਬਿਨਾਂ ਮਨਜ਼ੂਰੀ ਟਿਊਬਵੈੱਲ ਤੇ ਸਬਮਰਸੀਬਲ ਪੰਪ ਲਗਾਉਣ 'ਤੇ ਪਾਬੰਦੀ

**ਬਲਾਚੌਰ (ਜਸਵਿੰਦਰ ਬੈਂਸ)** ਜ਼ਿਲ੍ਹਾ ਮੈਜਿਸਟ੍ਰੇਟ ਸ਼ਹੀਦ ਭਗਤ ਸਿੰਘ ਨਗਰ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰੱਕਸ਼ਾ ਸੰਹਿਤਾ, 2023 ਦੀ ਧਾਰਾ 163 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦਿਆਂ ਨੋਟੀਫਾਈਡ ਏਰੀਆ (ਬਲਾਕ ਔੜ ਅਤੇ ਬੰਗਾ) ਵਿਚ ਮਨਜ਼ੂਰੀ ਤੋਂ ਬਿਨਾਂ ਟਿਊਬਵੈੱਲ/ਸਬਮਰਸੀਬਲ ਪੰਪ ਲਗਾਉਣ 'ਤੇ ਪਾਬੰਦੀ ਲਗਾਉਣ ਦੇ ਹੁਕਮ ਜਾਰੀ ਕੀਤੇ ਹਨ। ਜਾਰੀ ਹੁਕਮਾਂ ਵਿਚ ਕਿਹਾ ਗਿਆ ਹੈ ਕਿ ਜੇਕਰ ਕਿਸੇ ਨੇ ਸੈਂਟਰਲ ਗਰਾਊਂਡ ਵਾਟਰ ਅਥਾਰਟੀ ਦੀਆਂ ਹਦਾਇਤਾਂ ਅਨੁਸਾਰ ਪ੍ਰਵਾਨਿਤ ਕੰਮਾਂ ਵਿਚੋਂ ਟਿਊਬਵੈੱਲ/ਸਬਮਰਸੀਬਲ ਲਗਾਉਣਾ ਹੈ, ਤਾਂ ਉਹ ਐੱਨ ਓ ਸੀ ਲਈ ਉਨ੍ਹਾਂ ਦੇ ਦਫ਼ਤਰ ਵਿਚ ਅਪਲਾਈ ਕਰ ਕੇ ਮਨਜ਼ੂਰੀ ਪ੍ਰਾਪਤ ਕਰੇਗਾ।ਅਣ-ਅਧਿਕਾਰਤ ਟਿਊਬਵੈੱਲ/ਸਬਮਰਸੀਬਲ ਦੀ ਜਾਂਚ ਕਰਨ ਲਈ ਪਿੰਡਾਂ ਵਿਚ ਸਬੰਧਤ ਬਲਾਕ ਵਿਕਾਸ ਤੇ ਪੰਚਾਇਤ ਅਫ਼ਸਰ ਅਤੇ ਸ਼ਹਿਰਾਂ ਵਿਚ ਸੰਬੰਧਤ ਕਾਰਜ ਸਾਧਕ ਅਫ਼ਸਰ, ਨਗਰ ਕੌਂਸਲ ਦੀ ਜਿੰਮੇਵਾਰੀ ਨਿਰਧਾਰਤ ਕੀਤੀ ਗਈ ਹੈ। ਇਹ ਹੁਕਮ ਲਾਗੂ ਕਰਵਾਉਣ ਲਈ ਸੀਨੀਅਰ ਪੁਲਿਸ ਕਪਤਾਨ ਸ਼ਹੀਦ ਭਗਤ ਸਿੰਘ ਨਗਰ, ਬਲਾਕ ਵਿਕਾਸ ਅਤੇ ਪੰਚਾਇਤ ਅਫ਼ਸਰ ਔੜ/ਬੰਗਾ ਅਤੇ ਕਾਰਜ ਸਾਧਕ ਅਫ਼ਸਰ ਨਗਰ ਕੌਂਸਲ ਬੰਗਾ ਜ਼ਿੰਮੇਵਾਰ ਹੋਣਗੇ। ਇਹ ਹੁਕਮ 5 ਜੁਲਾਈ ਤੋਂ 9 ਸਤੰਬਰ2026 ਤੱਕ ਲਾਗੂ ਰਹਿਣਗੇ।

# ਡਾ. ਨਰੇਸ਼ ਕੁਮਾਰ ਭੁੰਬਲਾ ਸਨਮਾਨਤ

**ਗੜ੍ਹਸ਼ੰਕਰ (ਫੂਲਾ ਸਿੰਘ ਬੀਰਮਪੁਰ)** ਵਰਲਡ ਹਿਊਮਨ ਰਾਈਟਸ ਪ੍ਰੋਟੈਕਸ਼ਨ ਕਮਿਸ਼ਨ ਦੇ ਨੈਸ਼ਨਲ ਪ੍ਰੈਜ਼ੀਡੈਂਟ ਡਾ. ਨਰੇਸ਼ ਕੁਮਾਰ ਭੁੰਬਲਾ (ਕੰਬਾਲਾ) ਨੇ ਇੱਕ ਵੱਡੀ ਅੰਤਰਰਾਸ਼ਟਰੀ ਉਪਲਬਧੀ ਹਾਸਲ ਕਰਕੇ ਪੂਰੇ ਇਲਾਕੇ ਅਤੇ ਦੇਸ਼ ਦਾ ਨਾਂਅ ਸੰਸਾਰ ਭਰ ਵਿੱਚ ਰੌਸ਼ਨ ਕੀਤਾ ਹੈ। ਮਨੁੱਖੀ ਅਧਿਕਾਰਾਂ ਦੀ ਰੱਖਿਆ ਅਤੇ ਸਮਾਜ ਸੇਵਾ ਦੇ ਖੇਤਰ ਵਿੱਚ ਵਡਮੁੱਲਾ ਯੋਗਦਾਨ ਪਾਉਣ ਬਦਲੇ ਉਨ੍ਹਾਂ ਦਾ ਨਾਮ ਵੱਕਾਰੀ ਯੂ.ਐਸ.ਏ. ਬੁੱਕ ਆਫ਼ ਵਰਲਡ ਰਿਕਾਰਡਜ਼ ਵਿੱਚ ਦਰਜ ਕਰਕੇ ਉਨ੍ਹਾਂ ਨੂੰ ਸਨਮਾਨਤ ਕੀਤਾ ਗਿਆ ਹੈ।

ਇਸ ਸ਼ਾਨਦਾਰ ਪ੍ਰਾਪਤੀ 'ਤੇ ਹੁਸ਼ਿਆਰਪੁਰ ਦੀ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਵੱਲੋਂ ਡਾ. ਨਰੇਸ਼ ਕੁਮਾਰ ਭੁੰਬਲਾ ਨੂੰ ਉਚੇਚੇ ਤੌਰ 'ਤੇ ਮੁਬਾਰਕਬਾਦ ਦਿੱਤੀ ਗਈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਡਾ. ਭੁੰਬਲਾ ਦੀ ਇਸ ਅੰਤਰਰਾਸ਼ਟਰੀ ਪ੍ਰਾਪਤੀ ਦੀ ਸ਼ਲਾਘਾ ਕੀਤੀ। ਮੁਲਾਕਾਤ ਦੌਰਾਨ ਡਾ. ਭੁੰਬਲਾ ਨੇ ਆਪਣਾ ਵਰਲਡ ਰਿਕਾਰਡ ਸਰਟੀਫਿਕੇਟ ਅਤੇ ਪ੍ਰਸਿੱਧ ਮੈਗਜ਼ੀਨ 'ਯੂ ਐੱਸ ਏ ਹੈਰਲਡ' ਦਾ ਉਹ ਵਿਸ਼ੇਸ਼ ਅੰਕ ਸਾਂਝਾ ਕੀਤਾ, ਜਿਸ ਦੇ ਮੁੱਖ ਪੰਨੇ ਤੇ ਉਨ੍ਹਾਂ ਨੂੰ ਸਥਾਨ ਦਿੱਤਾ ਗਿਆ ਹੈ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਅਜਿਹੀਆਂ ਅੰਤਰਰਾਸ਼ਟਰੀ ਪ੍ਰਾਪਤੀਆਂ ਹੋਰਨਾਂ ਲੋਕਾਂ ਤੇ ਨੌਜਵਾਨਾਂ ਲਈ ਵੀ ਮਾਨਵਤਾ ਦੀ ਸੇਵਾ ਕਰਨ ਵਾਸਤੇ ਇੱਕ ਵੱਡੀ ਪ੍ਰੇਰਨਾ ਸਰੋਤ ਬਣਦੀਆਂ ਹਨ। ਉਨ੍ਹਾਂ ਨੇ ਡਾ. ਭੁੰਬਲਾ ਦੇ ਸੁਨਹਿਰੀ ਅਤੇ ਉੱਜਵਲ ਭਵਿੱਖ ਲਈ ਸ਼ੁਭਕਾਮਨਾਵਾਂ ਭੇਟ ਕੀਤੀਆਂ। ਇਸ ਮੌਕੇ ਡਾ. ਨਰੇਸ਼ ਕੁਮਾਰ ਭੁੰਬਲਾ ਨੇ ਡਿਪਟੀ ਕਮਿਸ਼ਨਰ ਵੱਲੋਂ ਮਿਲੇ ਹੌਸਲਾ-ਅਫ਼ਜ਼ਾਈ ਅਤੇ ਸਨਮਾਨ ਲਈ ਤਹਿ ਦਿਲੋਂ ਧੰਨਵਾਦ ਪ੍ਰਗਟ ਕੀਤਾ।



# ਨੰਬਰਦਾਰ ਯੂਨੀਅਨ ਨੇ ਮੁੱਖ ਮੰਤਰੀ ਦੇ ਓ ਐਸ ਡੀ ਨੂੰ ਦਿੱਤਾ ਮੰਗ ਪੱਤਰ

**ਨਕੋਦਰ (ਮਨਜੀਤ ਮਾਨ)**- ਪੰਜਾਬ ਨੰਬਰਦਾਰ ਯੂਨੀਅਨ ਰਜਿ 643 ਦਾ ਵਫਦ ਸੂਬਾ ਪ੍ਰਧਾਨ ਗੁਰਪਾਲ ਸਿੰਘ ਸਮਰਾ ਦੇ ਦਿਸ਼ਾ ਨਿਰਦੇਸ਼ਾ ਤਹਿਤ ਸੂਬਾ ਕਾਰਜਕਾਰੀ ਪ੍ਰਧਾਨ ਗੁਰਦਰਸ਼ਨ ਸਿੰਘ ਗਲੌਲੀ ਦੀ ਅਗਵਾਈ ਹੇਠ ਪਹਿਲਾਂ ਚੰਡੀਗੜ੍ਹ ਵਿਖੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਕੋਠੀ ਪੁੱਜਾ ਜਿਥੇ ਓ ਐੱਸ ਡੀ ਬਰਾੜ ਨੂੰ ਮੰਗ ਪੱਤਰ ਦਿੱਤਾ ਤੇ ਬਾਅਦ ਵਿਚ ਮੁੱਖ ਮੰਤਰੀ ਦੇ ਸੰਗਰੂਰ ਵਿਖੇ ਹੋਣ ਦਾ ਪਤਾ ਲੱਗਣ ਤੇ ਵਫਦ ਸੰਗਰੂਰ ਪੁੱਜਾ ਜਿਥੇ ਓ ਐੱਸ ਡੀ ਸੁਖਬੀਰ ਸਿੰਘ ਨੇ ਵਿਸ਼ਵਾਸ਼ ਦਿਵਾਇਆ ਕਿ ਕੁਝ ਦਿਨਾਂ ਵਿਚ ਯੂਨੀਅਨ ਦੀ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੀਟਿੰਗ ਕਰਵਾਈ ਜਾਵੇਗੀ। ਇਸ ਮੌਕੇ ਵਿਧਾਇਕ ਨਰਿੰਦਰ ਕੌਰ ਭਰਾਜ ਵੀ ਉਨ੍ਹਾਂ ਨਾਲ ਹਾਜਰ ਸਨ। ਵਫਦ ਵਿਚ ਸੀਨੀਅਰ ਮੀਤ ਪ੍ਰਧਾਨ ਹਰਕੰਵਲ ਸਿੰਘ ਮੁੰਧ, ਰਸਪਾਲ ਸਿੰਘ ਰਾਮਪੁਰ ਸੂਬਾ ਸਕਤਰ ਜਨਰਲ, ਕਰਮਜੀਤ ਸਿੰਘ ਨਮੋਲ ਜਿਲ੍ਹਾ ਪ੍ਰਧਾਨ ਸੰਗਰੂਰ, ਸੁਰਜੀਤ ਸਿੰਘ ਹੇਅਰ ਤਹਿਸੀਲ ਪ੍ਰਧਾਨ ਨਕੋਦਰ, ਕ੍ਰਿਸਨ ਸਿੰਘ ਜਿਲ੍ਹਾ ਆਗੂ ਸੰਗਰੂਰ, ਭਰਭੂਰ ਸਿੰਘ ਜ਼ਿਲ੍ਹਾ ਆਗੂ ਸੰਗਰੂਰ ਸ਼ਾਮਲ ਸਨ। ਇਸ ਮੌਕੇ ਚੇਅਰਮੈਨ ਮਹਿੰਦਰ ਸਿੰਘ ਵੱਲੋਂ ਕੈਬਨਿਟ ਮੰਤਰੀ ਤਰਨਪ੍ਰੀਤ ਸਿੰਘ ਸੌਂਧ ਨਾਲ ਵੀ ਮੀਟਿੰਗ ਕਰਵਾਈ ਗਈ ਅਤੇ ਉਨ੍ਹਾਂ ਨੂੰ ਵੀ ਮੰਗ ਪੱਤਰ ਦਿੱਤਾ ਗਿਆ। ਉਨ੍ਹਾਂ ਵੀ ਭਰੋਸਾ ਦਿੱਤਾ ਕਿ ਨੰਬਰਦਾਰਾਂ ਦੀਆਂ ਮੰਗਾ ਜਲਦੀ ਲਾਗੂ ਕਰਵਾਈਆਂ ਜਾਣਗੀਆਂ ।



# ਹਵਾਲਾਤੀ ਕੋਲੋਂ 2 ਸਮਾਰਟਫੋਨ ਬਰਾਮਦ, ਸੀ ਆਰ ਪੀ ਐਫ ਦੇ ਹੈੱਡ ਕਾਂਸਟੇਬਲ 'ਤੇ ਪਹੁੰਚਾਉਣ ਦੇ ਦੋਸ਼

**ਕਪੂਰਥਲਾ (ਬਲਵਿੰਦਰ ਸਿੰਘ ਧਾਲੀਵਾਲ)**- ਪੰਜਾਬ ਦੀ ਮਾਡਰਨ ਜੇਲ੍ਹ ਕਪੂਰਥਲਾ ਵਿੱਚ ਸੁਰੱਖਿਆ ਪ੍ਰਬੰਧਾਂ 'ਤੇ ਗੰਭੀਰ ਸਵਾਲ ਖੜ੍ਹੇ ਕਰਨ ਵਾਲਾ ਮਾਮਲਾ ਸਾਹਮਣੇ ਆਇਆ ਹੈ। ਜੇਲ੍ਹ ਪ੍ਰਸ਼ਾਸਨ ਵੱਲੋਂ ਚਲਾਏ ਗਏ ਵਿਸ਼ੇਸ਼ ਸਰਚ ਆਪ੍ਰੇਸ਼ਨ ਦੌਰਾਨ ਇੱਕ ਹਵਾਲਾਤੀ ਕੋਲੋਂ ਦੋ ਸਮਾਰਟ ਮੋਬਾਈਲ ਫੋਨ ਬਰਾਮਦ ਹੋਏ ਹਨ। ਮੁਢਲੀ ਪੁੱਛਗਿੱਛ ਦੌਰਾਨ ਹਵਾਲਾਤੀ ਨੇ ਦਾਅਵਾ ਕੀਤਾ ਕਿ ਇਹ ਮੋਬਾਈਲ ਉਸ ਨੂੰ ਸੀ ਆਰ ਪੀ ਐਫ ਦੇ ਇੱਕ ਹੈੱਡ ਕਾਂਸਟੇਬਲ ਵੱਲੋਂ ਮੁਹੱਈਆ ਕਰਵਾਏ ਗਏ ਸਨ।ਮਾਮਲੇ ਦੀ ਪੁਸ਼ਟੀ ਕਰਦਿਆਂ ਜੇਲ੍ਹ ਦੇ ਸਹਾਇਕ ਸੁਪਰਡੈਂਟ ਕਿਰਪਾਲ ਸਿੰਘ ਨੇ ਦੱਸਿਆ ਕਿ ਆਰਮਜ਼ ਐਕਟ ਦੇ ਕੇਸ ਵਿੱਚ ਬੰਦ ਹਵਾਲਾਤੀ ਸਿਪਾਹੀਆ ਉਰਫ਼ ਸ਼ਾਹੀ ਉਰਫ਼ ਅਲੀ ਪੁੱਤਰ ਮੁਹੰਮਦ ਬਸ਼ੀਰ ਦੀ ਤਲਾਸ਼ੀ ਦੌਰਾਨ ਰੈੱਡਮੀ ਅਤੇ ਰੀਅਲਮੀ ਕੰਪਨੀ ਦੇ ਦੋ ਸਮਾਰਟਫੋਨ ਬਰਾਮਦ ਕੀਤੇ ਗਏ।ਮੁਢਲੀ ਪੁੱਛਗਿੱਛ ਦੌਰਾਨ ਹਵਾਲਾਤੀ ਨੇ ਦੋਸ਼ ਲਗਾਇਆ ਕਿ ਇਹ ਮੋਬਾਈਲ ਉਸ ਨੂੰ ਸੀ ਆਰ ਪੀ ਐਫ ਦੇ ਹੈੱਡ ਕਾਂਸਟੇਬਲ ਮੁਹੰਮਦ ਅਸ਼ਰਫ, ਵਾਸੀ ਕਠੂਆ, ਵੱਲੋਂ ਦਿੱਤੇ ਗਏ ਸਨ।ਹਵਾਲਾਤੀ ਦੇ ਬਿਆਨਾਂ ਅਤੇ ਬਰਾਮਦਗੀ ਦੇ ਆਧਾਰ 'ਤੇ ਪੰਜਾਬ ਪੁਲਸ ਨੇ ਥਾਣਾ ਕੋਤਵਾਲੀ ਕਪੂਰਥਲਾ ਵਿੱਚ ਹਵਾਲਾਤੀ ਅਤੇ ਸੰਬੰਧਤ ਸੀ ਆਰ ਪੀ ਐਫ ਹੈੱਡ ਕਾਂਸਟੇਬਲ ਖ਼ਿਲਾਫ਼ ਮਾਮਲਾ ਦਰਜ ਕਰਕੇ ਜਾਂਚ ਸ਼ੁਰੂ ਕਰ ਦਿੱਤੀ ਹੈ।ਜਾਂਚ ਏਜੰਸੀਆਂ ਹੁਣ ਇਸ ਗੱਲ ਦੀ ਤਹਿ ਤੱਕ ਪਹੁੰਚਣ ਦੀ ਕੋਸ਼ਿਸ਼ ਕਰ ਰਹੀਆਂ ਹਨ ਕਿ ਹਾਈ-ਸਕਿਉਰਿਟੀ ਜੇਲ੍ਹ ਦੇ ਅੰਦਰ ਦੋ ਸਮਾਰਟਫੋਨ ਕਿਵੇਂ ਪਹੁੰਚੇ।

ਇਸ ਦੇ ਨਾਲ ਹੀ ਇਹ ਵੀ ਜਾਂਚ ਕੀਤੀ ਜਾ ਰਹੀ ਹੈ ਕਿ ਕੀ ਇਸ ਮਾਮਲੇ ਵਿੱਚ ਕੋਈ ਹੋਰ ਜੇਲ੍ਹ ਕਰਮਚਾਰੀ, ਸੁਰੱਖਿਆ ਮੁਲਾਜ਼ਮ ਜਾਂ ਬਾਹਰੀ ਵਿਅਕਤੀ ਵੀ ਸ਼ਾਮਲ ਸੀ। ਜੇਕਰ ਜਾਂਚ ਦੌਰਾਨ ਦੋਸ਼ ਸਹੀ ਸਾਬਤ ਹੁੰਦੇ ਹਨ ਤਾਂ ਇਹ ਮਾਮਲਾ ਜੇਲ੍ਹ ਦੀ ਸੁਰੱਖਿਆ ਵਿੱਚ ਗੰਭੀਰ ਕੁਤਾਹੀ ਅਤੇ ਸੰਭਾਵਿਤ ਮਿਲੀਭੁਗਤ ਵੱਲ ਇਸ਼ਾਰਾ ਕਰੇਗਾ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਹਾਲੀ ਤੋਂ 68ਵੀਂ ਤੇ 69ਵੀਂ ਬੱਸ ਰਵਾਨਾ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਅੱਜ ਵਿਧਾਨ ਸਭਾ ਹਲਕਾ ਮੋਹਾਲੀ ਤੋਂ ਸ਼ਰਧਾਲੂਆਂ ਨੂੰ ਲੈ ਕੇ 68ਵੀਂ ਅਤੇ 69ਵੀਂ ਬੱਸ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਕੀਤੀ ਗਈ। ਵਿਧਾਇਕ ਕੁਲਵੰਤ ਸਿੰਘ ਦੀ ਅਗਵਾਈ ਹੇਠ ਮੋਹਾਲੀ ਨਗਰ ਨਿਗਮ ਦੇ ਮੇਅਰ ਸਰਬਜੀਤ ਸਿੰਘ ਸਮਾਣਾ ਨੇ ਬੱਸਾਂ ਨੂੰ ਹਰੀ ਝੰਡੀ ਦਿਖਾ ਕੇ ਰਵਾਨਾ ਕੀਤਾ। ਇਸ ਮੌਕੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੋਆਰਡੀਨੇਟਰ ਅਤੇ ਸਟੇਟ ਐਵਾਰਡੀ ਫੂਲਰਾਜ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਮੇਅਰ ਸਰਬਜੀਤ ਸਿੰਘ ਸਮਾਣਾ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਸੀਨੀਅਰ ਸਿਟੀਜ਼ਨਾਂ ਨੂੰ ਮੁਫ਼ਤ ਤੀਰਥ ਯਾਤਰਾ ਦੀ ਸਹੂਲਤ ਦੇ ਕੇ ਉਨ੍ਹਾਂ ਦੀਆਂ ਧਾਰਮਿਕ ਭਾਵਨਾਵਾਂ ਦਾ ਸਨਮਾਨ ਕੀਤਾ ਜਾ ਰਿਹਾ ਹੈ। ਉਨ੍ਹਾਂ ਕਿਹਾ ਕਿ ਇਸ ਯੋਜਨਾ ਤਹਿਤ ਸ਼ਰਧਾਲੂ ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਦੁਰਗਿਆਣਾ ਮੰਦਰ, ਰਾਮ ਤੀਰਥ ਵਾਲਮੀਕੀ ਮੰਦਰ, ਜਲ੍ਹਿਆਂਵਾਲਾ ਬਾਗ ਅਤੇ ਅਟਾਰੀ-ਵਾਘਾ ਸਰਹੱਦ ਦੇ ਦਰਸ਼ਨ ਕਰਨਗੇ।ਉਨ੍ਹਾਂ ਦੱਸਿਆ ਕਿ 68ਵੀਂ ਬੱਸ ਪਿੰਡ ਦੁਰਾਲੀ ਤੋਂ ਕਰਮਜੀਤ ਸਿੰਘ ਦੀ ਅਗਵਾਈ ਹੇਠ, ਜਦਕਿ 69ਵੀਂ ਬੱਸ ਸੈਕਟਰ-79 ਤੋਂ ਆਮ ਆਦਮੀ ਪਾਰਟੀ ਯੂਥ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਗੁਰਪ੍ਰੀਤ ਸਿੰਘ ਬੈਂਸ ਦੀ ਅਗਵਾਈ ਹੇਠ ਰਵਾਨਾ ਕੀਤੀ ਗਈ।ਮੇਅਰ ਨੇ ਕਿਹਾ ਕਿ ਹਲਕਾ ਕੋਆਰਡੀਨੇਟਰ ਫੂਲਰਾਜ ਸਿੰਘ ਵੱਲੋਂ ਯੋਜਨਾ ਅਧੀਨ ਸ਼ਰਧਾਲੂਆਂ ਦੀ ਰਜਿਸਟ੍ਰੇਸ਼ਨ ਅਤੇ ਤਾਲਮੇਲ ਦਾ ਕੰਮ ਸੁਚਾਰੂ ਢੰਗ ਨਾਲ ਕੀਤਾ ਜਾ ਰਿਹਾ ਹੈ, ਜਿਸ ਦੀ ਨਿਯਮਤ ਰਿਪੋਰਟ ਵਿਧਾਇਕ ਕੁਲਵੰਤ ਸਿੰਘ ਨੂੰ ਸੌਂਪੀ ਜਾਂਦੀ ਹੈ। ਉਨ੍ਹਾਂ ਕਿਹਾ ਕਿ ਸ਼ਰਧਾਲੂਆਂ ਨਾਲ ਮਿਲ ਕੇ ਉਨ੍ਹਾਂ ਦੀ ਯਾਤਰਾ ਪ੍ਰਤੀ ਉਤਸ਼ਾਹ ਅਤੇ ਸ਼ਰਧਾ ਨੂੰ ਵੇਖਣਾ ਬਹੁਤ ਹੀ ਪ੍ਰੇਰਨਾਦਾਇਕ ਅਨੁਭਵ ਰਿਹਾ।ਇਸ ਮੌਕੇ ਗੁਰਪ੍ਰੀਤ ਸਿੰਘ ਬੈਂਸ, ਭੁਪਿੰਦਰ ਸਿੰਘ ਜੋਹਲ, ਜਗਪਾਲ ਸਿੰਘ, ਬਲਵਿੰਦਰ ਸਿੰਘ, ਜਸਪ੍ਰੀਤ ਸਿੰਘ, ਜਸਵਿੰਦਰ ਸਿੰਘ, ਜਤਿੰਦਰ ਕਟਿਆਰ, ਸੁਖਦੇਵ ਸਿੰਘ, ਮਹਿਰ ਸਿੰਘ, ਜਸਬੀਰ ਸਿੰਘ, ਕੁਲਵਿੰਦਰ ਕੌਰ, ਸੰਤੋਸ਼ ਕੁਮਾਰੀ, ਹਰਦੀਪ ਕੌਰ, ਅਮਰਜੀਤ ਕੌਰ ਸਮੇਤ ਹੋਰ ਆਗੂ ਅਤੇ ਸ਼ਰਧਾਲੂ ਹਾਜ਼ਰ ਸਨ।



# ਡਾ. ਪਰਮਿੰਦਰਜੀਤ ਸਿੰਘ ਬਣੇ ਜ਼ਿਲ੍ਹਾ ਹਸਪਤਾਲ ਦੇ ਐੱਸ ਐੱਮ ਓ-1

**ਮੋਹਾਲੀ (ਗੁਰਜੀਤ ਬਿੱਲਾ)**- ਡਾ. ਪਰਮਿੰਦਰਜੀਤ ਸਿੰਘ ਨੇ ਜ਼ਿਲ੍ਹਾ ਹਸਪਤਾਲ ਮੋਹਾਲੀ ਦੇ ਸੀਨੀਅਰ ਮੈਡੀਕਲ ਅਫ਼ਸਰ-1 ਵਜੋਂ ਅਹੁਦਾ ਸੰਭਾਲ ਲਿਆ। ਇਸ ਵੇਲੇ ਉਹ ਇਸੇ ਹਸਪਤਾਲ ਵਿਚ ਸੀਨੀਅਰ ਮੈਡੀਕਲ ਅਫ਼ਸਰ- 2 ਵਜੋਂ ਸੇਵਾ ਨਿਭਾ ਰਹੇ ਸਨ। ਜ਼ਿਕਰਯੋਗ ਹੈ ਕਿ ਇਸ ਹਸਪਤਾਲ ਵਿਚ ਲੰਮਾ ਸਮਾਂ ਸੇਵਾਵਾਂ ਨਿਭਾਉਣ ਵਾਲੇ ਸੀਨੀਅਰ ਮੈਡੀਕਲ ਅਫ਼ਸਰ-1 ਡਾ. ਐੱਚ ਐੱਸ. ਚੀਮਾ ਪਿਛਲੇ ਮਹੀਨੇ ਸੇਵਾਮੁਕਤ ਹੋ ਗਏ ਸਨ। ਡਾ. ਪਰਮਿੰਦਰਜੀਤ ਸਿੰਘ ਇਸ ਹਸਪਤਾਲ ਵਿਚ ਕਾਫ਼ੀ ਸਮੇਂ ਤਕ ਬਤੌਰ ਮੈਡੀਕਲ ਅਫ਼ਸਰ ਸੇਵਾਵਾਂ ਨਿਭਾਉਂਦੇ ਰਹੇ ਹਨ। 1 ਅਪ੍ਰੈਲ 2024 ਨੂੰ ਉਨ੍ਹਾਂ ਦੀ ਤਰੱਕੀ ਐਸ.ਐਮ.ਓ. ਵਜੋਂ ਹੋਈ ਸੀ।



# ਨੈਸ਼ਨਲ ਹਾਈਵੇ ਹਰਿਆਵਲ ਯੋਜਨਾ ਮੁਹਿੰਮ ਦੀ ਪੌਦਾ ਲਗਾ ਕੇ ਕੀਤੀ ਸ਼ੁਰੂਆਤ

**ਡੇਰਾ ਬੱਸੀ (ਵਿਨੈ ਕੁਮਾਰ ਜੈਨ)**- ਡੇਰਾਬੱਸੀ ਹਲਕੇ ਵਿੱਚ ਗ੍ਰੀਨ ਕਵਰ (ਹਰਿਆਵਲ) ਵਧਾਉਣ ਲਈ ਵਣ ਵਿਭਾਗ ਨੇ ਇਸ ਵਾਰ ਵੱਖ-ਵੱਖ ਕਿਸਮਾਂ ਦੇ ਛਾਂਦਾਰ, ਫੁੱਲਦਾਰ ਅਤੇ ਫਲਦਾਰ ਪੌਦਿਆਂ ਦੇ 50 ਹਜ਼ਾਰ ਬੂਟੇ ਲਗਾਉਣ ਦਾ ਟੀਚਾ ਮਿਥਿਆ ਹੈ। ਨੈਸ਼ਨਲ ਹਾਈਵੇ ਹਰਿਆਵਲ ਯੋਜਨਾ ਅਤੇ ਗ੍ਰੀਨ ਪੰਜਾਬ ਮਿਸ਼ਨ ਤਹਿਤ ਇਸ ਮੁਹਿੰਮ ਦੀ ਸ਼ੁਰੂਆਤ ਡੇਰਾਬੱਸੀ ਵਿੱਚ ਵਣ ਰੇਂਜ ਅਫ਼ਸਰ ਜੈ ਸਿੰਘ ਨੇ ਪੌਦਾ ਲਗਾ ਕੇ ਕੀਤੀ। ਇਸ ਤੋਂ ਇਲਾਵਾ ਪਹਿਲੀ ਵਾਰ ਸੱਤ ਸਕੂਲਾਂ ਅਤੇ ਸੱਤ ਉਦਯੋਗਿਕ ਪਾਰਕਾਂ ਵਿੱਚ ਕੁੱਲ 14 ਨਾਨਕ ਬਗੀਚੀਆਂ ਲਗਾਉਣ ਦਾ ਟੀਚਾ ਵੱਖਰੇ ਤੌਰ 'ਤੇ ਰੱਖਿਆ ਗਿਆ ਹੈ। ਰੇਂਜਰ ਜੈ ਸਿੰਘ ਨੇ ਦੱਸਿਆ ਕਿ ਨੈਸ਼ਨਲ ਹਾਈਵੇ ਹਰਿਆਵਲ ਸਕੀਮ ਤਹਿਤ ਹਾਈਵੇਅ ਕਿਨਾਰੇ 10 ਹਜ਼ਾਰ ਬੂਟੇ ਲਗਾਏ ਜਾਣਗੇ। ਇਹ ਬੂਟੇ ਜ਼ੀਰਕਪੁਰ ਤੋਂ ਬਨੂੜ ਦੇ ਗਿਆਨ ਸਾਗਰ ਹਸਪਤਾਲ ਤੱਕ ਲਗਾਏ ਜਾਣਗੇ। ਇਸ ਤੋਂ ਇਲਾਵਾ 20 ਹਜ਼ਾਰ ਬੂਟੇ ਖਰੜ, ਬਨੂੜ ਅਤੇ ਤੇਪਲਾ ਰੋਡ ਕਿਨਾਰੇ ਖਾਲੀ ਥਾਵਾਂ 'ਤੇ ਲਗਾਏ ਜਾਣਗੇ। ਗ੍ਰੀਨ ਪੰਜਾਬ ਯੋਜਨਾ ਤਹਿਤ ਆਰਮੀ ਏਰੀਆ ਦੱਪਰ ਨੂੰ ਪਲਾਂਟੇਸ਼ਨ (ਪੌਦੇ ਲਗਾਉਣ) ਲਈ 15,000 ਬੂਟੇ ਮੁਫ਼ਤ ਮੁਹੱਈਆ ਕਰਵਾਏ ਗਏ ਹਨ। ਉਦਯੋਗਿਕ ਪਾਰਕਾਂ ਅਤੇ ਸਕੂਲਾਂ ਵਿੱਚ ਕੁੱਲ 14 ਨਾਨਕ ਬਗੀਚੀਆਂ ਵਿਕਸਿਤ ਕੀਤੀਆਂ ਜਾਣਗੀਆਂ। ਇਸ ਵਿੱਚ ਇੱਕ ਬੀਘਾ ਜ਼ਮੀਨ ਵਿੱਚ ਇੱਕ-ਇੱਕ ਮੀਟਰ ਦੇ ਫਾਸਲੇ 'ਤੇ ਸੰਘਣੀ ਛਾਂ ਵਾਲੇ 550 ਬੂਟੇ ਲਗਾ ਕੇ ਉਨ੍ਹਾਂ ਨੂੰ ਸੰਘਣੇ ਜੰਗਲਾਂ ਵਜੋਂ ਵਿਕਸਿਤ ਕੀਤਾ ਜਾਵੇਗਾ। ਪਲਾਂਟੇਸ਼ਨ ਲਈ ਵਣ ਵਿਭਾਗ ਕੋਲ ਅਰਜੁਨ, ਸੁਖਚੈਨ, ਚਕਰੇਸੀਆ, ਗੁਲਮੋਹਰ, ਵਰਮਾ ਡੇਕ, ਟਾਹਲੀ (ਸ਼ੀਸ਼ਮ), ਸਾਗਵਾਨ, ਆਸਟ੍ਰੇਲੀਅਨ ਕਿੱਕਰ, ਬੋਤਲ ਬੁਰਸ਼, ਜਾਮਣ ਅਤੇ ਅੰਬ ਦੇ ਰੁੱਖ ਸ਼ਾਮਲ ਹਨ। ਇਸ ਤੋਂ ਇਲਾਵਾ ਪਿੱਪਲ, ਬੋਹੜ ਅਤੇ ਨਿੰਮ ਦੇ ਪੌਦੇ ਇਕੱਠੇ ਲਗਾ ਕੇ ਇਨ੍ਹਾਂ ਰੁੱਖਾਂ ਦੀ ਤ੍ਰਿਵੇਣੀ ਵੀ ਵਿਕਸਿਤ ਕੀਤੀ ਜਾਵੇਗੀ।

ਰੇਂਜ ਅਫ਼ਸਰ ਨੇ ਦੱਸਿਆ ਕਿ ਨਿੱਜੀ ਅਦਾਰਿਆਂ ਨੂੰ ਬੂਟੇ ਦੇਣ ਦੇ ਰੇਟਾਂ ਵਿੱਚ ਭਾਰੀ ਕਟੌਤੀ ਕੀਤੀ ਗਈ ਹੈ। ਸਰਕਾਰੀ ਅਦਾਰਿਆਂ ਸਮੇਤ ਐੱਨ ਜੀ.ਓਜ਼ ਨੂੰ ਇਸ ਵਾਰ ਪਲਾਂਟੇਸ਼ਨ ਲਈ ਡੇਢ ਲੱਖ ਪੌਦੇ ਮੁਫ਼ਤ ਦਿੱਤੇ ਜਾਣਗੇ।



# ਨਵੇਂ ਪੁਲਸ ਕਮਿਸ਼ਨਰ ਨੂੰ ਮਿਲੇ 'ਦੀ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ' ਦੇ ਆਗੂ

**ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)**- ਦੀ ਵਰਕਿੰਗ ਰਿਪੋਰਟਰਜ਼ ਐਸੋਸੀਏਸ਼ਨ (ਰਜਿ.) ਪੰਜਾਬ ਇੰਡੀਆ ਦੀ ਜਲੰਧਰ ਇਕਾਈ ਵੱਲੋਂ ਜਲੰਧਰ ਦੇ ਨਵੇਂ ਨਿਯੁਕਤ ਪੁਲਿਸ ਕਮਿਸ਼ਨਰ ਸਤਿੰਦਰ ਸਿੰਘ ਨਾਲ ਸ਼ਿਸ਼ਟਾਚਾਰ ਮੁਲਾਕਾਤ ਕੀਤੀ ਗਈ। ਇਸ ਮੌਕੇ ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਫੁੱਲਾਂ ਦਾ ਗੁਲਦਸਤਾ ਭੇਂਟ ਕਰਕੇ ਉਨ੍ਹਾਂ ਦਾ ਨਿੱਘਾ ਸਵਾਗਤ ਕੀਤਾ ਅਤੇ ਨਵੀਂ ਜ਼ਿੰਮੇਵਾਰੀ ਸੰਭਾਲਣ 'ਤੇ ਵਧਾਈ ਦਿੱਤੀ।ਇਸ ਮੌਕੇ ਪੰਜਾਬ ਦੇ ਚੇਅਰਮੈਨ ਜਸਵਿੰਦਰ ਸਿੰਘ ਆਜ਼ਾਦ, ਸਰਪ੍ਰਸਤ ਕਰਮਵੀਰ ਸਿੰਘ, ਉਪ ਚੇਅਰਮੈਨ ਦਲਜੀਤ ਸਿੰਘ ਕਲਸੀ, ਜ਼ਿਲ੍ਹਾ ਪ੍ਰਧਾਨ ਦਲਵੀਰ ਸਿੰਘ ਕਲੋਈਆ ਅਤੇ ਜਨਰਲ ਸਕੱਤਰ ਸੰਜੀਵ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ।ਐਸੋਸੀਏਸ਼ਨ ਦੇ ਆਗੂਆਂ ਨੇ ਸਾਂਝੇ ਬਿਆਨ ਵਿੱਚ ਕਿਹਾ ਕਿ ਜਲੰਧਰ ਸ਼ਹਿਰ ਵਿੱਚ ਅਮਨ-ਸ਼ਾਂਤੀ ਅਤੇ ਕਾਨੂੰਨ-ਵਿਵਸਥਾ ਨੂੰ ਹੋਰ ਮਜ਼ਬੂਤ ਬਣਾਉਣ ਲਈ ਪੁਲਿਸ ਅਤੇ ਪੱਤਰਕਾਰ ਭਾਈਚਾਰੇ ਵਿਚਕਾਰ ਆਪਸੀ ਸਹਿਯੋਗ ਅਤੇ ਬਿਹਤਰ ਤਾਲਮੇਲ ਬਹੁਤ ਜ਼ਰੂਰੀ ਹੈ। ਉਨ੍ਹਾਂ ਪੁਲਿਸ ਕਮਿਸ਼ਨਰ ਨੂੰ ਅਪੀਲ ਕੀਤੀ ਕਿ ਪੱਤਰਕਾਰਾਂ ਨਾਲ ਸੁਚੱਜਾ ਅਤੇ ਸਹਿਯੋਗੀ ਰਵੱਈਆ ਬਣਾਈ ਰੱਖਿਆ ਜਾਵੇ, ਤਾਂ ਜੋ ਆਪਣੇ ਫਰਜ਼ ਨਿਭਾਉਣ ਦੌਰਾਨ ਕਿਸੇ ਵੀ ਪੱਤਰਕਾਰ ਨੂੰ ਕਿਸੇ ਤਰ੍ਹਾਂ ਦੀ ਮੁਸ਼ਕਲ ਜਾਂ ਵਿਤਕਰੇ ਦਾ ਸਾਹਮਣਾ ਨਾ ਕਰਨਾ ਪਵੇ। ਐਸੋਸੀਏਸ਼ਨ ਦੇ ਅਹੁਦੇਦਾਰਾਂ ਨੇ ਇਹ ਵੀ ਭਰੋਸਾ ਦਿਵਾਇਆ ਕਿ ਜਨਹਿੱਤ ਅਤੇ ਕਾਨੂੰਨ-ਵਿਵਸਥਾ ਨਾਲ ਜੁੜੇ ਹਰ ਮਾਮਲੇ ਵਿੱਚ ਜਿੱਥੇ ਵੀ ਪੁਲਿਸ ਪ੍ਰਸ਼ਾਸਨ ਨੂੰ ਪੱਤਰਕਾਰ ਭਾਈਚਾਰੇ ਦੇ ਸਹਿਯੋਗ ਦੀ ਲੋੜ ਹੋਵੇਗੀ, ਉੱਥੇ ਐਸੋਸੀਏਸ਼ਨ ਹਮੇਸ਼ਾ ਪੂਰਾ ਸਹਿਯੋਗ ਦੇਵੇਗੀ ਮੁਲਾਕਾਤ ਦੌਰਾਨ ਅਰੁਣ ਚੋਪੜਾ, ਜੋਗਰਾਜ ਸਿੰਘ ਦਿਓਲ, ਸੰਦੀਪ ਕੁਮਾਰ, ਲੱਕੀ ਬੈਂਸ, ਰਵੀ ਜੱਸਲ, ਲਵਪ੍ਰੀਤ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਪੱਤਰਕਾਰ ਹਾਜ਼ਰ ਸਨ।



# ਐਗਰੀਕਲਚਰਲ ਸੁਸਾਇਟੀ ਦੇ ਮੈਂਬਰਾਂ ਦੀ ਭਰਤੀ ਕਰਕੇ ਨਵੇਂ ਖਾਤੇ ਖੋਲ੍ਹੇ

**ਬੰਗਾ (ਅਵਤਾਰ ਕਲੇਰ)**- ਪਿੰਡ ਭਰੋਮਜਾਰਾ ਦੇ ਪੰਚਾਇਤ ਘਰ ਵਿਖੇ 'ਦੀ ਭਰੋਮਜਾਰਾ ਐਗਰੀਕਲਚਰਲ ਸੁਸਾਇਟੀ' ਦੇ ਨਵੇਂ ਮੈਂਬਰਾਂ ਦੀ ਭਰਤੀ ਕੀਤੀ ਗਈ। ਇਸ ਮੌਕੇ ਨਵੇਂ ਮੈਂਬਰਾਂ ਦੀ ਭਰਤੀ ਕਰਕੇ ਨਵੇਂ ਖਾਤੇ ਖੋਲਣ ਦੀ ਸ਼ੁਰੂਆਤ ਕੀਤੀ ਗਈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਗ੍ਰਾਮ ਪੰਚਾਇਤ ਪਿੰਡ ਭਰੋਮਜਾਰਾ ਦੇ ਸਰਪੰਚ ਸੁਰਿੰਦਰ ਪਾਲ ਸੁੰਡਾ ਨੇ ਦੱਸਿਆ ਕਿ 'ਦੀ ਭਰੋਮਜਾਰਾ ਐਗਰੀਕਲਚਰਲ ਸੋਸਾਇਟੀ ਭਰੋਮਜਾਰਾ' ਦੀ ਰਜਿਸਟਰੇਸ਼ਨ ਫਰਵਰੀ 2026 ਵਿੱਚ ਕੀਤੀ ਗਈ। ਸੁਸਾਇਟੀ ਦੇ ਹੁਣ ਨਵੇਂ ਮੈਂਬਰਾਂ ਦੀ ਭਰਤੀ ਕਰਕੇ ਨਵੇਂ ਖਾਤੇ ਖੋਲੇ ਜਾ ਰਹੇ ਹਨ। ਉਹਨਾਂ ਕਿਹਾ ਕਿ ਪਿੰਡ ਦਾ ਕੋਈ ਵੀ ਵਿਅਕਤੀ ਦੋ ਪਾਸਪੋਰਟ ਸਾਈਜ ਫੋਟੋਆਂ, ਆਪਣਾ ਆਧਾਰ ਕਾਰਡ, ਪੈਨ ਕਾਰਡ ਅਤੇ ਰਜਿਸਟਰੇਸ਼ਨ ਫੀਸ 510 ਰੁਪਏ ਦੇ ਕੇ ਆਪਣਾ ਨਵਾਂ ਖਾਤਾ ਖੁਲਵਾ ਸਕਦਾ ਹੈ। ਦੀ ਨਾਗਰਾ ਐਗਰੀਕਲਚਰਲ ਸੁਸਾਇਟੀ ਦੇ ਮੈਂਬਰ ਆਪਣਾ ਐੱਨ ਓ ਸੀ ਦੇ ਕੇ ਮੈਂਬਰਸ਼ਿਪ ਲੈ ਸਕਦੇ ਹਨ। ਉਹਨਾਂ ਦੱਸਿਆ ਕਿ ਥੋੜੇ ਸਮੇਂ ਵਿੱਚ ਹੀ ਮੈਂਬਰਸ਼ਿਪ ਦਾ ਕੋਟਾ ਪੂਰਾ ਕਰ ਲਿਆ ਜਾਵੇਗਾ। ਸਰਪੰਚ ਸੁਰਿੰਦਰ ਪਾਲ ਸੁੰਡਾ ਨੇ ਦੱਸਿਆ ਕਿ ਸੁਸਾਇਟੀ ਦੀਆਂ ਬਣੀਆਂ ਨਵੀਆਂ ਪਾਸ ਬੁੱਕਾਂ ਨੂੰ ਹਲਕਾ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਆਪਣੇ ਕਰ ਕਮਲਾਂ ਨਾਲ ਜਾਰੀ ਕਰਨਗੇ।

ਇਸ ਮੌਕੇ ਇੰਸਪੈਕਟਰ ਅਮਨਦੀਪ ਸਿੰਘ, ਸੈਕਟਰੀ ਸੁਜਾਤਾ, ਪਰਮਜੀਤ ਕੌਰ, ਪ੍ਰਦੀਪ ਸੁੰਡਾ, ਸਰਵਨ ਸਿੰਘ, ਕੁਲਵੰਤ ਸਿੰਘ ਰਿੰਕੂ ਅਤੇ ਸੁਰਜੀਤ ਕੌਰ ਆਸ਼ਾ ਵਰਕਰ ਵੀ ਹਾਜ਼ਰ ਸਨ।

